10-NOV-PAGE-1.-Advt-25.qxd 11/9/2025 9:39 PM Page 1

ਸੋਮਵਾਰ, 10 ਨਵੰਬਰ, 2025

25 ਕੱਤਕ { ਨਾਨਕਸ਼ਾਹੀ 557 / ਬਿਕਰਮੀ 2082

ਜਿਲਦ/VOL. : 74

ਅੰਕ/NO. : 160

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • MONDAY, 10 NOVEMBER, 2025 ਜਲੰਧਰ

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਮੋਦੀ ਤੇ ਸ਼ਾਹ ਵੋਟ ਚੋਰੀ ’ਚ ਓੜਕ ਫੜੇ ਜਾਣਗੇ : ਰਾਹੁਲ



**ਕਿਸ਼ਨਗੰਜ** : ਕਾਂਗਰਸ ਆਗੂ ਰਾਹੁਲ ਗਾਂਧੀ ਨੇ ਐਤਵਾਰ ਬਿਹਾਰ ਦੇ ਕਿਸ਼ਨਗੰਜ ਚੋਣ ਰੈਲੀ ਵਿੱਚ ਦਾਅਵਾ ਕੀਤਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਕਿਤੇ ਵੀ ਚਲੇ ਜਾਣ, ਅੰਤ ਵਿੱਚ ਉਹ ਵੋਟ ਚੋਰੀ ਵਿੱਚ ਸ਼ਾਮਲ ਹੋਣ ਦੇ ਦੋਸ਼ ਹੇਠ ਫੜੇ ਜਾਣਗੇ। ਜੇ ਮੋਦੀ ਸਰਕਾਰ ਵੋਟ ਚੋਰੀ ਕਰਨਾ ਬੰਦ ਕਰ ਦੇਵੇ ਤਾਂ ਬਿਹਾਰ ਵਿਚ ਸੌ ਫੀਸਦੀ ਇੰਡੀਆ ਗਠਜੋੜ ਦੀ ਸਰਕਾਰ ਬਣੇਗੀ। ਉਨ੍ਹਾ ਦੋਸ਼ ਲਾਇਆ ਕਿ ਮੋਦੀ, ਸ਼ਾਹ ਤੇ ਚੋਣ ਕਮਿਸ਼ਨ ਕੋਲ ਵੋਟ ਚੋਰੀ ਦੇ ਦੋਸ਼ਾਂ ਦਾ ਕੋਈ ਜਵਾਬ ਨਹੀਂ ਹੈ, ਕਿਉਂਕਿ ਲੋਕਾਂ ਨੂੰ ਸਚਾਈ ਪਤਾ ਲੱਗ ਚੁੱਕੀ ਹੈ। ਉਨ੍ਹਾ ਨਿਤੀਸ਼ ਕੁਮਾਰ ’ਤੇ ਵੀ ਦੋਸ਼ ਲਾਉਂਦਿਆਂ ਕਿਹਾ ਕਿ ਉਹ ਵੀ ਬਿਹਾਰ ਦੇ ਨੌਜਵਾਨਾਂ ਲਈ ਰੁਜ਼ਗਾਰ ਨਹੀਂ ਚਾਹੁੰਦੇ ਤੇ ਉਨ੍ਹਾਂ ਨੂੰ ਗੁੰਮਰਾਹ ਕਰ ਰਹੇ ਹਨ। ਉਨ੍ਹਾ ਕਿਹਾ ਕਿ ਭਾਜਪਾ ਤੇ ਆਰ ਐੱਸ ਐੱਸ ਦੇਸ਼ ਵਿਚ ਵੰਡੀਆਂ ਪਾ ਰਹੇ ਹਨ, ਜਦ ਕਿ ਇੰਡੀਆ ਗੱਠਜੋੜ ਦੇਸ਼ ਨੂੰ ਇਕਜੁੱਟ ਕਰ ਰਿਹਾ ਹੈ। ਉਨ੍ਹਾ ਕਿਹਾ ਕਿ ਭਾਜਪਾ ਤੇ ਆਰ ਐੱਸ ਐੱਸ ਦੇਸ਼ ਵਾਸੀਆਂ ਵਿਚ ਡਰ ਦਾ ਮਾਹੌਲ ਪੈਦਾ ਕਰਕੇ ਤੇ ਇਕ-ਦੂਜੇ ਖ਼ਿਲਾਫ਼ ਨਫਰਤ ਪੈਦਾ ਕਰਕੇ ਰਾਜਨੀਤਕ ਲਾਭ ਲੈਣਾ ਚਾਹੁੰਦੇ ਹਨ। ਉਹ ਚਾਹੁੰਦੇ ਹਨ ਕਿ ਲੋਕ ਆਪਸ ਵਿਚ ਲੜਾਈ ਕਰਨ ਤੇ ਉਹ ਸੱਤਾ ’ਤੇ ਕਾਬਜ਼ ਬਣੇ ਰਹਿਣ। ਰਾਹੁਲ ਨੇ ਅਮਿਤ ਸ਼ਾਹ ’ਤੇ ਨਿਸ਼ਾਨਾ ਸੇਧਦਿਆਂ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਬਿਹਾਰ ਆਉਂਦੇ ਹਨ ਤੇ ਕਹਿੰਦੇ ਹਨ ਕਿ ਬਿਹਾਰ ਵਿਚ ਉਦਯੋਗ ਲਗਾਉਣ ਲਈ ਜ਼ਮੀਨ ਨਹੀਂ ਹੈ, ਪਰ ਜਦੋਂ ਅਡਾਨੀ ਦੀ ਗੱਲ ਆਉਂਦੀ ਹੈ ਤਾਂ ਸਾਰੇ ਨਿਯਮਾਂ ਨੂੰ ਛਿੱਕੇ ਟੰਗ ਕੇ ਜ਼ਮੀਨ ਵੀ ਮੁਹੱਈਆ ਕਰਵਾ ਦਿੱਤੀ ਜਾਂਦੀ ਹੈ।

## ਪਾਕਿਸਤਾਨੀ ਫੌਜ ਮੁਖੀ ਬਣੇਗਾ ਹੋਰ ਸ਼ਕਤੀਸ਼ਾਲੀ

**ਇਸਲਾਮਾਬਾਦ** : ਪਾਕਿਸਤਾਨੀ ਸਰਕਾਰ ਨੇ ਸੈਨੇਟ ਵਿਚ 27ਵਾਂ ਸੰਵਿਧਾਨਕ ਸੋਧ ਬਿੱਲ ਪੇਸ਼ ਕੀਤਾ, ਜੋ ਦੇਸ਼ ਦੇ ਫ਼ੌਜੀ ਕਮਾਂਡ ਢਾਂਚੇ ਅਤੇ ਸੰਵਿਧਾਨਕ ਢਾਂਚੇ ਵਿਚ ਵੱਡੀਆਂ ਤਬਦੀਲੀਆਂ ਦਾ ਪ੍ਰਸਤਾਵ ਰੱਖਦਾ ਹੈ। ਸ਼ਨੀਵਾਰ ਨੂੰ ਪੇਸ਼ ਕੀਤਾ ਗਿਆ ਇਹ ਵਿਆਪਕ ਬਿੱਲ, ਚੇਅਰਮੈਨ, ਜੁਆਇੰਟ ਚੀਫ਼ਸ ਆਫ਼ ਸਟਾਫ਼ ਕਮੇਟੀ (ਸੀ ਜੇ ਸੀ ਐਸ ਸੀ) ਦੇ ਅਹੁਦੇ ਨੂੰ ਖ਼ਤਮ ਕਰਨ ਅਤੇ ਚੀਫ਼ ਆਫ਼ ਡਿਫੈਂਸ ਫੋਰਸਿਜ਼ (ਸੀ ਡੀ ਐੱਫ) ਦੇ ਨਵੇਂ ਅਹੁਦੇ ਦਾ ਪ੍ਰਸਤਾਵ ਰੱਖਦਾ ਹੈ, ਜਿਸ ਨਾਲ ਫ਼ੌਜ ਮੁਖੀ ਨੂੰ ਪਾਕਿਸਤਾਨ ਦੀਆਂ ਹਥਿਆਰਬੰਦ ਸੈਨਾਵਾਂ ਦੇ ਸਿਖਰ ’ਤੇ ਰੱਖਿਆ ਜਾਵੇਗਾ। ਪ੍ਰਸਤਾਵਿਤ ਸੋਧ ਪਾਕਿਸਤਾਨ ਦੇ ਸੰਵਿਧਾਨ ਦੇ ਅਨੁਛੇਦ 243 ਨੂੰ ਮੁੜ ਲਿਖਦੀ ਹੈ, ਜੋ ਹਥਿਆਰਬੰਦ ਸੈਨਾਵਾਂ ਦੇ ਨਿਯੰਤਰਣ ਅਤੇ ਕਮਾਂਡ ਨੂੰ ਨਿਯੰਤਰਿਤ ਕਰਦੀ ਹੈ। ਨਵੀਂ ਵਿਵਸਥਾ ਦੇ ਤਹਿਤ, ਪਾਕਿਸਤਾਨ ਦਾ ਚੀਫ਼ ਆਫ਼ ਆਰਮੀ ਸਟਾਫ (ਸੀ ਓ ਏ ਐਸ) ਇਕੋ ਸਮੇਂ ਰੱਖਿਆ ਬਲਾਂ ਦੇ ਮੁਖੀ ਵਜੋਂ ਵੀ ਸੇਵਾ ਨਿਭਾਏਗਾ, ਜਿਸ ਨਾਲ ਫ਼ੌਜ ਮੁਖੀ ਤਿੰਨੋਂ ਸੇਵਾਵਾਂ ਫ਼ੌਜ, ਜਲ ਸੈਨਾ ਅਤੇ ਹਵਾਈ ਸੈਨਾ ਦਾ ਸੰਵਿਧਾਨਕ ਤੌਰ ’ਤੇ ਮਾਨਤਾ ਪ੍ਰਾਪਤ ਮੁਖੀ ਬਣ ਜਾਵੇਗਾ।



## ਸ਼ਰਧਾਲੂਆਂ ਦੀਆਂ ਬੱਸਾਂ ਨੂੰ ਹਰੀ ਝੰਡੀ

**ਧੂਰੀ (ਮੋਹਿਤ ਗਰਗ, ਬਿੰਨੀ ਗਰਗ, ਮਨੋਹਰ ਸਿੰਘ ਸੱਗੂ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਤਵਾਰ ਨੂੰ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਅੰਮ੍ਰਿਤਸਰ ਵਿਖੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਲਈ ਸ਼ਰਧਾਲੂਆਂ ਨੂੰ ਲੈ ਕੇ ਜਾਣ ਵਾਲੀਆਂ ਬੱਸਾਂ ਦੇ ਪਹਿਲੇ ਬੈਚ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।ਸ਼ਰਧਾਲੂਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਯਾਤਰਾ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਹੈ। ਉਨ੍ਹਾਂ ਕਿਹਾ ਕਿ ਇਹ ਯੋਜਨਾ 29 ਅਕਤੂਬਰ, 2025 ਨੂੰ ਪਿੰਡ ਬਰੜਵਾਲ ਤੋਂ ਸ਼ੁਰੂ ਕੀਤੀ ਗਈ ਸੀ ਅਤੇ ਇਨ੍ਹਾਂ ਸ਼ਰਧਾਲੂਆਂ ਦੀ ਚੋਣ ਪਾਰਦਰਸ਼ੀ ਢੰਗ ਨਾਲ ਡਰਾਅ ਰਾਹੀਂ ਕੀਤੀ ਗਈ ਹੈ।

## ਰਾਜਾ ਵੜਿੰਗ ਬਾਰੇ ਮੇਰੀ ਭਵਿੱਖਬਾਣੀ ਸਹੀ ਨਿਕਲੀ : ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੰਜਾਬ ਕਾਂਗਰਸ ਪ੍ਰਧਾਨ ਰਾਜਾ ਵੜਿੰਗ ’ਤੇ ਉਨ੍ਹਾਂ ਦੇ ਵਾਰ-ਵਾਰ ਵਿਵਾਦਪੂਰਨ ਬਿਆਨਾਂ ਅਤੇ ਸ਼ਰਮਨਾਕ ਆਚਰਣ ਲਈ ਤਿੱਖਾ ਹਮਲਾ ਕੀਤਾ।

ਵੜਿੰਗ ’ਤੇ ਤੰਜ਼ ਕੱਸਦੇ ਹੋਏ ਮਾਨ ਨੇ ਕਿਹਾ, “ਮੇਰੇ 32 ਦੰਦ ਹਨ, ਅਤੇ ਕਈ ਵਾਰ ਮੇਰੇ ਸ਼ਬਦ ਸੱਚ ਹੋ ਜਾਂਦੇ ਹਨ। ਜਦੋਂ 2022 ਵਿੱਚ ਸਾਡੀ ਸਰਕਾਰ ਬਣੀ, ਤਾਂ ਇਹ ਕਾਂਗਰਸੀ ਆਗੂ ਲੋਕਾਂ ਦੇ ਫਤਵੇ ਨੂੰ ਹਜ਼ਮ ਨਹੀਂ ਕਰ ਸਕੇ ਅਤੇ ਸਾਡੇ ’ਤੇ ਬੇਬੁਨਿਆਦ ਦੋਸ਼ ਲਗਾਉਣੇ ਸ਼ੁਰੂ ਕਰ ਦਿੱਤੇ। ਫਿਰ ਵੀ ਮੈਂ ਕਿਹਾ, ਇਸ ਹਿਸਾਬ ਨਾਲ, ਉਹ 2026 ਤੱਕ ਪਾਗਲ ਹੋ ਜਾਣਗੇ। ਅੱਜ ਰਾਜਾ ਵੜਿੰਗ ਨੂੰ ਵੇਖਦਿਆਂ ਇਹ ਭਵਿੱਖਬਾਣੀ ਸਹੀ ਜਾਪਦੀ ਹੈ। ਕੋਈ ਵੀ ਠੀਕ ਦਿਮਾਗ ਵਾਲਾ ਵਿਅਕਤੀ ਉਸ ਤਰ੍ਹਾਂ ਨਹੀਂ ਕਰੇਗਾ, ਜਿਵੇਂ ਉਹ ਕਰ ਰਹੇ ਹਨ।”

ਮੁੱਖ ਮੰਤਰੀ ਨੇ ਕਿਹਾ ਕਿ ਰਾਜਾ ਵੜਿੰਗ ਵੱਲੋਂ ਸਿੱਖ ਕੱਕਾਰਾਂ ਅਤੇ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਦਾ ਮਜ਼ਾਕ ਉਡਾਉਣ ਦੀਆਂ ਹਾਲੀਆ ਕਾਰਵਾਈਆਂ ਨਾ ਸਿਰਫ਼ ਉਨ੍ਹਾਂ ਦੀ ਅਗਿਆਨਤਾ ਨੂੰ ਦਰਸਾਉਂਦੀਆਂ ਹਨ, ਸਗੋਂ ਕਾਂਗਰਸ ਪਾਰਟੀ ਦੇ ਅੰਦਰ ਡੂੰਘੀਆਂ ਜੜ੍ਹਾਂ ਵਾਲੀ ਸਿੱਖ ਵਿਰੋਧੀ ਮਾਨਸਿਕਤਾ ਨੂੰ ਵੀ ਦਰਸਾਉਂਦੀਆਂ ਹਨ। ਮਾਨ ਨੇ ਕਿਹਾ ਕਿ ਕਾਂਗਰਸ ਲੀਡਰਸ਼ਿਪ ਨੇ ਹਮੇਸ਼ਾ ਸਿੱਖ ਧਰਮ ਅਤੇ ਸਿੱਖ ਪਛਾਣ ਪ੍ਰਤੀ ਘ੍ਰਿਣਾ ਦਿਖਾਈ ਹੈ। ਉਨ੍ਹਾ ਦੀਆਂ ਕਾਰਵਾਈਆਂ ਲੱਖਾਂ ਲੋਕਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਂਦੀਆਂ ਰਹਿੰਦੀਆਂ ਹਨ, ਅਤੇ ਰਾਜਾ ਵੜਿੰਗ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਕਾਂਗਰਸ ਨੇ ਨਾ ਤਾਂ ਇਤਿਹਾਸ ਤੋਂ ਸਿੱਖਿਆ ਹੈ ਅਤੇ ਨਾ ਹੀ ਆਪਣੇ ਤਰੀਕੇ ਬਦਲੇ ਹਨ।

ਉਨ੍ਹਾ ਅੱਗੇ ਟਿੱਪਣੀ ਕੀਤੀ ਕਿ ਹੁਣ ਇਹ ਜਾਪਦਾ ਹੈ ਕਿ ਸਾਡੇ ਕੋਲ ਅੱਗੇ ਵਾਧੂ ਜ਼ਿੰਮੇਵਾਰੀਆਂ ਹਨ, ਸਾਨੂੰ ਅਜਿਹੇ ਨੇਤਾਵਾਂ ਲਈ ਸਰਕਾਰੀ ਮਾਨਸਿਕ ਹਸਪਤਾਲ ਬਣਾਉਣੇ ਪੈ ਸਕਦੇ ਹਨ, ਕਿਉਂਕਿ ਉਨ੍ਹਾਂ ਦੀ ਨਿਰਾਸ਼ਾ ਅਤੇ ਨਫ਼ਰਤ ਸਾਰੀਆਂ ਹੱਦਾਂ ਪਾਰ ਕਰ ਗਈ ਹੈ। ਰਚਨਾਤਮਕ ਰਾਜਨੀਤੀ ਕਰਨ ਦੀ ਬਜਾਏ, ਉਹ ਭਾਈਚਾਰਿਆਂ ਦਾ ਅਪਮਾਨ ਕਰ ਰਹੇ ਹਨ ਅਤੇ ਜ਼ਹਿਰ ਫੈਲਾ ਰਹੇ ਹਨ।

## ਮਿਜ਼ਾਈਲ ਨਿਸ਼ਾਨੇ ਤੋਂ ਖੁੰਝੀ

**ਜੈਪੁਰ** : ਰਾਜਸਥਾਨ ਦੇ ਜੈਸਲਮੇਰ ਜ਼ਿਲ੍ਹੇ ਦੇ ਪੋਖਰਨ ਫੀਲਡ ਫਾਇਰਿੰਗ ਰੇਂਜ ਵਿੱਚ ਨਿਯਮਤ ਰੱਖਿਆ ਸਿਖਲਾਈ ਅਭਿਆਸ ਦੌਰਾਨ ਮਿਜ਼ਾਈਲ ਦਾ ਇੱਕ ਹਿੱਸਾ ਰੇਂਜ ਸੀਮਾ ਤੋਂ ਬਾਹਰ ਪਿੰਡ ਦੇ ਨੇੜੇ ਡਿੱਗਾ। ਇਸ ਦੌਰਾਨ ਕਿਸੇ ਵੀ ਜਾਨੀ ਜਾਂ ਮਾਲੀ ਨੁਕਸਾਨ ਦੀ ਰਿਪੋਰਟ ਨਹੀਂ ਹੈ। ਰੱਖਿਆ ਸੂਤਰਾਂ ਮੁਤਾਬਕ ਇਹ ਘਟਨਾ ਉਦੋਂ ਵਾਪਰੀ, ਜਦੋਂ ਇੱਕ ਨਿਰਧਾਰਤ ਫੌਜੀ ਅਭਿਆਸ ਦੀ ਕੜੀ ਵਜੋਂ ਦਾਗੀ ਇੱਕ ਮਿਜ਼ਾਈਲ ਆਪਣੇ ਨਿਸ਼ਾਨੇ ਤੋਂ ਭਟਕ ਗਈ ਅਤੇ ਜੈਸਲਮੇਰ ਦੇ ਲਾਠੀ ਖੇਤਰ ਨੇੜੇ ਸਥਿਤ ਭਦਰੀਆ ਪਿੰਡ ਤੋਂ ਕਰੀਬ 500 ਮੀਟਰ ਦੀ ਦੂਰੀ ’ਤੇ ਜਾ ਡਿੱਗੀ। ਮਿਜ਼ਾਈਲ ਡਿੱਗਣ ਨਾਲ ਜ਼ੋਰਦਾਰ ਧਮਾਕਾ ਹੋਇਆ, ਜਿਸ ਦੀ ਆਵਾਜ਼ ਕਈ ਕਿਲੋਮੀਟਰ ਦੂਰ ਤੱਕ ਸੁਣਾਈ ਦਿੱਤੀ। ਇਸ ਨਾਲ ਨੇੜਲੇ ਪਿੰਡਾਂ ਦੇ ਵਸਨੀਕਾਂ ਵਿੱਚ ਦਹਿਸ਼ਤ ਫੈਲ ਗਈ। ਘਟਨਾ ਤੋਂ ਤੁਰੰਤ ਬਾਅਦ ਫੌਜ ਅਤੇ ਹਵਾਈ ਸੈਨਾ ਦੀਆਂ ਟੀਮਾਂ, ਸਥਾਨਕ ਪੁਲਸ ਨਾਲ ਮੌਕੇ ’ਤੇ ਪਹੁੰਚ ਗਈਆਂ ਅਤੇ ਇਲਾਕੇ ਨੂੰ ਘੇਰ ਲਿਆ।

## ਅਮਰੀਕਾ ਵਿਚ ‘ਤਾਲਾਬੰਦੀ’ ਕਾਰਨ 1000 ਤੋਂ ਵੱਧ ਉਡਾਣਾਂ ਰੱਦ

**ਵਾਸ਼ਿੰਗਟਨ** : ਅਮਰੀਕੀ ਹਵਾਬਾਜ਼ੀ ਕੰਪਨੀਆਂ ਨੇ ‘ਤਾਲਾਬੰਦੀ’ (ਸਰਕਾਰੀ ਕੰਮਕਾਜ ਲਈ ਫੰਡਾਂ ਦੀ ਕਮੀ) ਕਰਕੇ ਲਗਾਤਾਰ ਦੂਜੇ ਦਿਨ ਸ਼ਨਿੱਚਰਵਾਰ ਨੂੰ ਮੁੜ 1000 ਤੋਂ ਵੱਧ ਉਡਾਣਾਂ ਰੱਦ ਕਰ ਦਿੱਤੀਆਂ। ਸਮੀਖਿਅਕਾਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਇਸੇ ਤਰ੍ਹਾਂ ਉਡਾਣਾਂ ਰੱਦ ਹੁੰਦੀਆਂ ਰਹੀਆਂ ਤਾਂ ਇਸ ਦਾ ਵਿਆਪਕ ਅਸਰ ਹੋਵੇਗਾ। ਸ਼ਨਿੱਚਰਵਾਰ ਸਵੇਰੇ ਉੱਤਰੀ ਕੈਰੋਲੀਨਾ ਦਾ ਸ਼ਾਰਲਟ ਹਵਾਈ ਅੱਡਾ ਸਭ ਤੋਂ ਵੱਧ ਪ੍ਰਭਾਵਿਤ ਹੋਇਆ, ਜਿੱਥੇ ਦੁਪਹਿਰ ਤੱਕ 130 ਉਡਾਣਾਂ ਰੱਦ ਕਰ ਦਿੱਤੀਆਂ ਗਈਆਂ। ਨਿਊ ਜਰਸੀ ਦੇ ਅਟਲਾਂਟਾ, ਸ਼ਿਕਾਗੋ, ਡੈਨਵਰ ਅਤੇ ਨਿਊ ਜਰਸੀ ਦੇ ਨਿਊਯਾਰਕ ਹਵਾਈ ਅੱਡੇ ’ਤੇ ਵੀ ਰੁਕਾਵਟਾਂ ਵੇਖੀਆਂ ਗਈਆਂ। ਰਾਡਾਰ ਸੈਂਟਰਾਂ ਅਤੇ ਕੰਟਰੋਲ ਟਾਵਰਾਂ ’ਤੇ ਸਟਾਫ ਦੀ ਲਗਾਤਾਰ ਘਾਟ ਕਾਰਨ ਸ਼ਨਿੱਚਰਵਾਰ ਨੂੰ ਨਿਊਯਾਰਕ ਸ਼ਹਿਰ ਦੇ ਆਲੇ-ਦੁਆਲੇ ਕਈ ਪੂਰਬੀ ਤੱਟ ਹਵਾਈ ਅੱਡਿਆਂ ’ਤੇ ਉਡਾਣਾਂ ਰੱਦ ਕਰ ਦਿੱਤੀਆਂ ਗਈਆਂ ਜਾਂ ਦੇਰੀ ਨਾਲ ਉੱਡੀਆਂ। ਯੂ ਐੱਸ ਫੈਡਰਲ ਏਵੀਏਸ਼ਨ ਐਡਮਨਿਸਟਰੇਸ਼ਨ ਨੇ ‘ਸ਼ੱਟ ਡਾਊਨ’ ਦੇ ਵਿਚਕਾਰ ਦੇਸ਼ ਵਿਆਪੀ ਉਡਾਣਾਂ ਵਿੱਚ ਕਟੌਤੀ ਦਾ ਆਦੇਸ਼ ਦਿੱਤਾ ਹੈ। ਰੱਦ ਕੀਤੀਆਂ ਉਡਾਣਾਂ ਦੀ ਗਿਣਤੀ ਦੇਸ਼ ਭਰ ਵਿੱਚ ਕੁੱਲ ਉਡਾਣਾਂ ਦਾ ਇੱਕ ਛੋਟਾ ਜਿਹਾ ਹਿੱਸਾ ਹੈ, ਪਰ ਜੇਕਰ ਤਾਲਾਬੰਦੀ ਜਾਰੀ ਰਹੀ, ਤਾਂ ਆਉਣ ਵਾਲੇ ਦਿਨਾਂ ਵਿੱਚ ਇਨ੍ਹਾਂ ਦੀ ਗਿਣਤੀ ਵਧਣੀ ਤੈਅ ਹੈ। ਤਾਲਾਬੰਦੀ ਨੇ ਪਹਿਲਾਂ ਹੀ ਘਰੇਲੂ ਕਾਰਜਾਂ ਵਿੱਚ ਵਿਘਨ ਪਾਇਆ ਹੈ ਅਤੇ ਹੁਣ ਦੂਜੇ ਯੂਰਪੀ ਦੇਸ਼ਾਂ ਵਿੱਚ ਸਮੁੰਦਰ ਦੇ ਪਾਰ ਅਮਰੀਕੀ ਫੌਜੀ ਟਿਕਾਣਿਆਂ ’ਤੇ ਕੰਮ ਕਰਨ ਵਾਲੇ ਸਥਾਨਕ ਕਰਮਚਾਰੀ ਵੀ ਇਸ ਦਾ ਅਸਰ ਮਹਿਸੂਸ ਕਰ ਰਹੇ ਹਨ। ਯੂਰਪ ਵਿੱਚ ਵਿਦੇਸ਼ੀ ਟਿਕਾਣਿਆਂ ’ਤੇ ਕੰਮ ਕਰਨ ਵਾਲੇ ਹਜ਼ਾਰਾਂ ਲੋਕਾਂ ਨੂੰ ਲੱਗਭੱਗ ਛੇ ਹਫ਼ਤੇ ਪਹਿਲਾਂ ਤਾਲਾਬੰਦੀ ਹੋਣ ਤੋਂ ਬਾਅਦ ਉਨ੍ਹਾਂ ਦੀਆਂ ਤਨਖਾਹਾਂ ਨਹੀਂ ਮਿਲੀਆਂ ਹਨ। ਕੁਝ ਮਾਮਲਿਆਂ ਵਿੱਚ, ਜਿਨ੍ਹਾਂ ਦੇਸ਼ਾਂ ਵਿੱਚ ਅਮਰੀਕੀ ਫੌਜੀ ਅੱਡੇ ਸਥਿਤ ਹਨ, ਉਨ੍ਹਾਂ ਨੇ ਬਿੱਲਾਂ ਦਾ ਭੁਗਤਾਨ ਕੀਤਾ ਹੈ। ਉਨ੍ਹਾਂ ਨੂੰ ਉਮੀਦ ਹੈ ਕਿ ਅਮਰੀਕਾ ਆਖਰਕਾਰ ਇਸ ਦੀ ਭਰਪਾਈ ਕਰ ਦੇਵੇਗਾ। ਇਟਲੀ ਅਤੇ ਪੁਰਤਗਾਲ ਸਮੇਤ ਹੋਰ ਥਾਵਾਂ ’ਤੇ, ਲੋਕ ਬਿਨਾਂ ਤਨਖਾਹ ਦੇ ਕੰਮ ਕਰ ਰਹੇ ਹਨ।

## ਕੈਨੇਡਾ ’ਚ ਪਾਰਕਿੰਗ ’ਚ ਸ਼ਰਾਬ ਪੀਂਦੇ ਫੜੇ ਮੁੰਡਾ-ਕੁੜੀ

**ਵੈਨਕੂਵਰ** : ਸਥਾਨਕ ਪੁਲਸ ਨੇ ਰੁਟੀਨ ਚੈਕਿੰਗ ਦੌਰਾਨ ਮਾਲ ਦੀ ਪਾਰਕਿੰਗ ਵਿੱਚ ਕਾਰ ਲਗਾ ਕੇ ਸ਼ਰਾਬ ਪੀਂਦੇ ਅਤੇ ਭਰੀ ਹੋਈ ਨਾਜਾਇਜ਼ ਪਿਸਤੌਲ ਸਮੇਤ ਪੰਜਾਬ ਤੋਂ ਸਟੱਡੀ ਵੀਜ਼ੇ ’ਤੇ ਆਏ ਮੁੰਡੇ ਤੇ ਕੁੜੀ ਨੂੰ ਗ੍ਰਿਫ਼ਤਾਰ ਕੀਤਾ ਹੈ। ਦੋਹਾਂ ਦੀ ਪਛਾਣ ਜਗਦੀਪ ਸੀਹਰਾ (20) ਅਤੇ ਗੁਨੀਕ ਜਵੰਦਾ ਵਜੋਂ ਕੀਤੀ ਗਈ ਹੈ। ਪਤਾ ਲੱਗਾ ਹੈ ਕਿ ਬਰੈਂਪਟਨ ਦੇ ਰਹਿਣ ਵਾਲੇ ਦੋਵੇਂ ਦੋ ਕੁ ਸਾਲ ਪਹਿਲਾਂ ਸਟੱਡੀ ਵੀਜ਼ੇ ’ਤੇ ਕੈਨੇਡਾ ਆਏ ਸੀ। ਪੀਲ ਪੁਲਸ ਅਨੁਸਾਰ ਮੁੰਡੇ ਵਿਰੁੱਧ ਵੱਖ-ਵੱਖ ਸੱਤ ਦੋਸ਼ ਅਤੇ ਕੁੜੀ ਵਿਰੁੱਧ ਪੰਜ ਦੋਸ਼ ਆਇਦ ਕੀਤੇ ਗਏ ਹਨ। ਪੁਲਸ ਨੇ ਦੱਸਿਆ ਕਿ ਲੜਕਾ ਨਾਜਾਇਜ਼ ਬੰਦੂਕ ਮਾਮਲੇ ਵਿੱਚ ਪਹਿਲਾਂ ਹੀ ਜ਼ਮਾਨਤ ’ਤੇ ਸੀ ਅਤੇ ਅਦਾਲਤ ਵੱਲੋਂ ਉਸ ਉੱਤੇ ਅਸਲਾ ਤੇ ਸ਼ਰਾਬ ਤੋਂ ਦੂਰ ਰਹਿਣ ਦੀਆਂ ਜ਼ਮਾਨਤੀ ਸ਼ਰਤਾਂ ਆਇਦ ਸਨ, ਜਦ ਕਿ ਲੜਕੀ ਕੁਝ ਹੀ ਮਹੀਨੇ ਪਹਿਲਾਂ ਬਾਲਗ ਹੋਈ ਸੀ। ਪੁਲਸ ਬੁਲਾਰੇ ਨੇ ਦੱਸਿਆ ਕਿ ਉਨ੍ਹਾਂ ਕੋਲ ਸ਼ਿਕਾਇਤਾਂ ਸਨ ਕਿ ਬਰੈਮਲੀ ਸੈਂਟਰ ਮਾਲ ਦੀ ਪਾਰਕਿੰਗ ਵਿੱਚ ਗੈਰ ਸਮਾਜੀ ਅਨਸਰ ਗਲਤ ਹਰਕਤਾਂ ਕਰਦੇ ਹਨ। ਇਸੇ ਵਾਸਤੇ ਉੱਥੇ ਖੜ੍ਹੇ ਸ਼ੱਕੀ ਵਾਹਨਾਂ ਦੀ ਪੜਤਾਲ ਕੀਤੀ ਜਾ ਰਹੀ ਸੀ ਤਾਂ ਦੋਵਾਂ ਨੂੰ ਕਾਲੇ ਰੰਗ ਦੇ ਪਿੱਕ ਅੱਪ ਵਿੱਚ ਸ਼ਰਾਬ ਪੀਂਦੇ ਵੇਖਿਆ ਗਿਆ। ਤਲਾਸ਼ੀ ਦੌਰਾਨ ਕਾਰ ਵਿਚੋਂ ਭਰੀ ਹੋਈ ਨਾਜਾਇਜ਼ ਪਿਸਤੌਲ ਵੀ ਮਿਲੀ।

## ਸੜਕ ਹਾਦਸੇ ’ਚ ਤਿੰਨ ਦੀ ਮੌਤ ਤੇ 4 ਗੰਭੀਰ ਜ਼ਖ਼ਮੀ

**ਜੈਤੋ** : ਇੱਥੋਂ ਕਰੀਬ ਪੰਜ ਕਿਲੋਮੀਟਰ ਦੂਰ ਜੈਤੋ-ਬਠਿੰਡਾ ਮਾਰਗ ’ਤੇ ਸਥਿਤ ਪਿੰਡ ਚੰਦਭਾਨ ਨੇੜੇ ਵਾਪਰੇ ਸੜਕ ਹਾਦਸੇ ਦੌਰਾਨ ਕਾਰ ਸਵਾਰ ਦੋ ਮਹਿਲਾਵਾਂ ਅਤੇ ਇੱਕ 11 ਸਾਲਾ ਬੱਚੇ ਦੀ ਮੌਕੇ ’ਤੇ ਹੀ ਮੌਤ ਹੋ ਗਈ। ਜਾਣਕਾਰੀ ਮੁਤਾਬਿਕ ਹਾਦਸਾ ਦਿਨੇ ਕਰੀਬ 2 ਕੁ ਵਜੇ ਵਾਪਰਿਆ ਤੇ ਪਰਵਾਰ ਦੇ ਲੋਕ ਕਾਰ ਵਿਚ ਸਵਾਰ ਹੋ ਕੇ ਪਿੰਡ ਚੰਦਭਾਨ ਤੋਂ ਜੈਤੋ ‘ਬਰਾੜ ਪੈਲੇਸ’ ਵਿੱਚ ਇੱਕ ਵਿਆਹ ਦੀ ਰਸਮ ’ਚ ਸ਼ਾਮਲ ਹੋਣ ਆ ਰਹੇ ਸਨ। ਉਨ੍ਹਾਂ ਦੀ ਕਾਰ ਹਾਲੇ ਪਿੰਡ ਤੋਂ ਤਕਰੀਬਨ ਇੱਕ ਕਿਲੋਮੀਟਰ ਜੈਤੋ ਵੱਲ ਆਈ ਹੀ ਸੀ ਕਿ ਸੜਕ ਕਿਨਾਰੇ ਲੱਗੇ ਸਫ਼ੈਦੇ ਦੇ ਦਰੱਖ਼ਤਾਂ ਨਾਲ ਟਕਰਾਅ ਕੇ ਹਾਦਸਾਗ੍ਰਸਤ ਹੋ ਗਈ। ਹਾਦਸੇ ’ਚ ਤਿੰਨ ਜਣੇ ਮੌਕੇ ’ਤੇ ਹੀ ਮਾਰੇ ਗਏ, ਜਦ ਕਿ ਗੰਭੀਰ ਹਾਲਤ ’ਚ 4 ਜਣਿਆਂ ਨੂੰ ਮੌਕੇ ’ਤੇ ਪੁੱਜੀਆਂ ਜੈਤੋ ਦੇ ਸਮਾਜ ਸੇਵੀ ਸੰਗਠਨਾਂ ਦੀਆਂ ਐਂਬੂਲੈਂਸਾਂ ਰਾਹੀਂ ਇੱਥੇ ਸਿਵਲ ਹਸਪਤਾਲ ਲਿਆਂਦਾ ਗਿਆ। ਸਥਿਤੀ ਦੀ ਨਾਜ਼ੁਕਤਾ ਦੇ ਮੱਦੇਨਜ਼ਰ ਡਾਕਟਰਾਂ ਨੇ ਉਨ੍ਹਾਂ ਨੂੰ ਅੱਗੇ ਸਿਵਲ ਹਸਪਤਾਲ ਕੋਟਕਪੂਰਾ ਰੈਫ਼ਰ ਕਰ ਦਿੱਤਾ। ਹਾਦਸੇ ਦੀ ਵਜ੍ਹਾ ਬਾਰੇ ਹਾਲੇ ਪਤਾ ਨਹੀਂ ਲੱਗ ਸਕਿਆ।






10-NOV-PAGE-1.-Advt-25.qxd 11/9/2025 9:41 PM Page 2



## ਜ਼ਿਲ੍ਹਾ ਬਾਸਕਿਟਬਾਲ ਮੁਕਾਬਲਿਆਂ 'ਚ ਲੁਧਿਆਣਾ ਮੋਹਰੀ



**ਗਿੱਦੜਬਾਹਾ (ਜਸਵੰਤ ਗਿੱਲ ਛੌਂਤਆਣਾ)**-69ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਦੇ ਬਾਸਕਿਟਬਾਲ ਅੰਡਰ-19 ਲੜਕੀਆਂ ਦੇ ਮੁਕਾਬਲਿਆਂ ਦੀ ਸਮਾਪਤੀ ਬਾਬਾ ਗੰਗਾ ਰਾਮ ਬਾਸਕਿਟਬਾਲ ਸਟੇਡੀਅਮ ਗਿੱਦੜਬਾਹਾ ਵਿਖੇ ਹੋਈ।ਇਸ ਮੌਕੇ ਅਰੁਣ ਮੁੰਡਨ ਡੀ ਐੱਸ ਪੀ ਗਿੱਦੜਬਾਹਾ ਤੇ ਜ਼ਿਲ੍ਹਾ ਬਾਸਕਿਟਬਾਲ ਐਸੋਸੀਏਸ਼ਨ ਦੇ ਸਰਪ੍ਰਸਤ ਅਤੇ ਸਿੰਘ ਢਿੱਲੋਂ ਨੇ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਜੇਤੂ ਟੀਮਾਂ ਨੂੰ ਇਨਾਮ ਤਕਸੀਮ ਕੀਤੇ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਤਰਸੇਮ ਸਿੰਘ ਡੀਪੀਈ ਮੀਡੀਆ ਕੋਆਰਡੀਨੇਟਰ ਤੇ ਬਾਸਕਿਟਬਾਲ ਕੋਚ ਜਸਗੀਰ ਪੁਰੀ ਨੇ ਦੱਸਿਆ ਕਿ ਅੰਡਰ-19 ਸਾਲ ਉਮਰ ਵਰਗ ਦੇ ਲੜਕੀਆਂ ਦੇ ਇਨ੍ਹਾਂ ਤਿੰਨ ਰੋਜ਼ਾ ਮੁਕਾਬਲਿਆਂ ਵਿੱਚ ਕੁੱਲ 26 ਟੀਮਾਂ ਨੇ ਹਿੱਸਾ ਲਿਆ, ਜਿਨ੍ਹਾਂ ਵਿੱਚੋਂ ਲੁਧਿਆਣਾ ਵਿੰਗ ਨੇ ਪਹਿਲਾ, ਹੁਸ਼ਿਆਰਪੁਰ ਵਿੰਗ ਨੇ ਦੂਸਰਾ, ਸ੍ਰੀ ਮੁਕਤਸਰ ਸਾਹਿਬ ਨੇ ਤੀਜਾ ਤੇ ਮੋਹਾਲੀ ਨੇ ਚੌਥਾ ਸਥਾਨ ਹਾਸਲ ਕੀਤਾ।ਇਸ ਮੌਕੇ ਸੁਰਿੰਦਰ ਸਿੰਘ ਡੀ ਐੱਮ ਸਪੋਰਟਸ, ਦੀਪਕਾ ਰਾਣੀ ਐੱਸ ਐੱਚ ਓ ਗਿੱਦੜਬਾਹਾ, ਬਾਸਕਿਟਬਾਲ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਲਗਨਪ੍ਰੀਤ ਸਿੰਘ ਲਾਲੀ ਮਾਨ, ਲੈਕਚਰਾਰ ਰਾਜਵਿੰਦਰ ਸਿੰਘ, ਸੁਖਵਿੰਦਰ ਸਿੰਘ ਪੀਟੀਆਈ, ਰਮਨ ਸਿੰਘ, ਪਵਨ ਕੁਮਾਰ, ਮਨਿੰਦਰ ਚੋਪੜਾ, ਗੁਰਭੇਜ ਸਿੰਘ, ਹਰਚਰਨ ਸਿੰਘ, ਜਸਵਿੰਦਰ ਸਿੰਘ, ਸੁਖਰਾਜ ਸਿੰਘ, ਅਜੀਤ ਪਾਲ ਸਿੰਘ, ਮਨਿੰਦਰ ਸਿੰਘ, ਜੁਗਰਾਜ ਸਿੰਘ, ਮੈਡਮ ਬੇਅੰਤ ਕੌਰ, ਕੋਚ ਨਿਸ਼ਾ ਤੋਮਰ, ਮੈਡਮ ਮਧੂਪੁਰੀ, ਸੀਮਾ ਰਾਣੀ ਤੋਂ ਇਲਾਵਾ ਵੱਖ-ਵੱਖ ਸਕੂਲਾਂ ਤੋਂ ਪੀਟੀਆਈ, ਡੀਪੀਆਈ, ਲੈਕਚਰਾਰ ਤੇ ਟੀਮਾਂ ਦੇ ਇੰਚਾਰਜ ਹਾਜ਼ਰ ਸਨ।

## ਗੁਰਦੁਆਰਾ ਸਾਹਿਬ ਛੇਵੀਂ ਪਾਤਸ਼ਾਹੀ ਵੱਲੋਂ ਭਾਈ ਬਹਾਦਰ ਸਿੰਘ ਘਨੌਰੀ ਦਾ ਸਨਮਾਨ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਇਤਿਹਾਸਕ ਗੁਰਦੁਆਰਾ ਸਾਹਿਬ ਛੇਵੀਂ ਪਾਤਸ਼ਾਹੀ ਵਿਖੇ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਦੋ ਰੋਜ਼ਾ ਧਾਰਮਿਕ ਸਮਾਗਮ ਸਮੂਹ ਸੰਗਤਾਂ ਦੇ ਸਹਿਯੋਗ ਸਦਕਾ ਸ਼ਰਧਾ ਭਾਵਨਾ ਨਾਲ ਕਰਾਇਆ ਗਿਆ।ਇਸ ਮੌਕੇ ਭਾਈ ਬਹਾਦਰ ਸਿੰਘ ਘਨੌਰੀ ਨੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆ ਗੁਰੂ ਸਾਹਿਬਾਨ ਦੇ ਸੰਦੇਸ਼ ਅਨੁਸਾਰ ਵਹਿਮਾਂ ਭਰਮਾਂ ਦੇ ਚੱਕਰ 'ਚੋਂ ਨਿਕਲ ਕੇ ਸੰਗਤਾਂ ਨੂੰ ਕਿਰਤ ਕਰੋ, ਨਾਮ ਜਪੋ, ਵੰਡ ਛਕੋ ਦਾ ਸੰਦੇਸ਼, ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਬਣਾਉਣ ਦੀ ਅਪੀਲ ਕਰਦਿਆਂ ਨੌਜਵਾਨ ਪੀੜ੍ਹੀ ਨੂੰ ਸਮਾਜਿਕ ਅਲਾਮਤਾਂ ਦੇ ਖਾਤਮੇ ਲਈ ਇਕਜੁੱਟ ਹੋਣ ਦਾ ਸੱਦਾ ਦਿੱਤਾ। ਗੁਰਦੁਆਰਾ ਕਮੇਟੀ ਪ੍ਰਧਾਨ ਬਾਬਾ ਸ਼ੇਰ ਸਿੰਘ ਖ਼ਾਲਸਾ, ਕਰਨੈਲ ਸਿੰਘ ਢੈਪਈ, ਨੰਬਰਦਾਰ ਆਤਮਾ ਸਿੰਘ, ਰਣਜੀਤ ਸਿੰਘ ਬਿੱਟੂ, ਹਰੀ ਸਿੰਘ ਮੈਂਬਰ, ਭਾਈ ਨੱਥਾ ਸਿੰਘ ਦੀ ਅਗਵਾਈ ਹੇਠ ਭਾਈ ਬਹਾਦਰ ਸਿੰਘ ਘਨੌਰੀ ਨੂੰ ਸਨਮਾਨਤ ਕੀਤਾ ਗਿਆ।

## ਸਰਕਾਰੀ ਕੰਨਿਆ ਸਕੂਲ ਦੀਆਂ ਵਿਦਿਆਰਥਣਾਂ ਦਾ ਵਿੱਦਿਅਕ ਟੂਰ



**ਧੂਰੀ (ਮਨੋਹਰ ਸਿੰਘ ਸੱਗੂ)**-ਸਥਾਨਕ ਸਰਕਾਰੀ (ਕੰਨਿਆ) ਸੀਨੀਅਰ ਸੈਕੰਡਰੀ ਸਕੂਲ ਦੀਆਂ ਵਿਦਿਆਰਥਣਾਂ ਸ਼ਨੀਵਾਰ ਸ਼ਾਮ ਪ੍ਰਿੰਸੀਪਲ ਅਵਤਾਰ ਸਿੰਘ ਢਢੋਗਲ ਦੀ ਅਗਵਾਈ ਹੇਠ ਚਾਰ ਦਿਨਾ ਵਿੱਦਿਅਕ ਯਾਤਰਾ ਲਈ ਰਵਾਨਾ ਹੋਈਆਂ।ਪ੍ਰਿੰਸੀਪਲ ਅਵਤਾਰ ਸਿੰਘ ਢਢੋਗਲ ਦੀ ਅਗਵਾਈ ਤੇ ਟੂਰ ਇੰਚਾਰਜ ਮੈਡਮ ਸਰਬਜੀਤ ਕੌਰ, ਮੈਡਮ ਬਲਜੀਤ ਕੌਰ, ਮੈਡਮ ਸੁਖਵਿੰਦਰ ਕੌਰ ਤੇ ਅਜੇ ਕੁਮਾਰ ਦੀ ਦੇਖ-ਰੇਖ ਹੇਠ ਇਸ ਚਾਰ ਦਿਨਾ ਵਿੱਦਿਅਕ ਯਾਤਰਾ ਦੌਰਾਨ ਵਿਦਿਆਰਥਣਾਂ ਨੂੰ ਆਗਰਾ ਵਿਖੇ ਗੁਰਦੁਆਰਾ ਗੁਰੂ ਕੀ ਤਾਲ, ਮਥਰਾ, ਬ੍ਰਿੰਦਾਵਨ ਵਿਖੇ ਵੱਖ ਵੱਖ ਮੰਦਰਾਂ, ਦਿੱਲੀ ਵਿਖੇ ਗੁਰਦੁਆਰਾ ਰਕਾਬ ਗੰਜ ਤੇ ਗੁਰਦੁਆਰਾ ਸ਼ੀਸ਼ ਗੰਜ ਦੇ ਦਰਸ਼ਨ ਕਰਵਾਉਣ ਤੋਂ ਇਲਾਵਾ ਦਿੱਲੀ ਵਿਖੇ ਇੰਡੀਆ ਗੇਟ, ਲੋਟਿਸ ਟੈਂਪਲ, ਲਾਲ ਕਿਲ੍ਹਾ ਤੇ ਕੁਤਬ ਮੀਨਾਰ ਵਰਗੇ ਇਤਿਹਾਸਕ ਸਥਾਨਾਂ ਦੀ ਯਾਤਰਾ ਕਰਵਾਉਣ ਤੋਂ ਬਾਅਦ 12 ਨਵੰਬਰ ਨੂੰ ਤੜਕਸਾਰ ਧੂਰੀ ਵਾਪਸ ਪਰਤੇਗੀ।

## ਸਮਾਜ ਸੇਵਾ ਸੁਸਾਇਟੀ ਦੀਆਂ ਕੋਸ਼ਿਸ਼ਾਂ ਸਦਕਾ ਸੀ ਐੱਚ ਸੀ ਹਸਪਤਾਲ ਵਿਖੇ ਆਏ ਤਿੰਨ ਡਾਕਟਰ



**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਸਮਾਜ ਸੇਵਾ ਸੋਸਾਇਟੀ ਵੱਲੋਂ ਸੀ ਐੱਚ ਸੀ ਹਸਪਤਾਲ ਵਿਖੇ ਡਾਕਟਰਾਂ ਦੀ ਕਮੀ ਨੂੰ ਵੇਖਦਿਆਂ ਬੀਤੇ ਦਿਨੀਂ ਸਿਵਿਲ ਸਰਜਨ ਫਿਰੋਜ਼ਪੁਰ ਡਾਕਟਰ ਰਾਜਵਿੰਦਰ ਕੌਰ ਨੂੰ ਇੱਕ ਮੰਗ ਪੱਤਰ ਦਿੱਤਾ ਸੀ ਅਤੇ ਮੰਗ ਕੀਤੀ ਸੀ ਕਿ ਸੀ ਐੱਚ ਸੀ ਹਸਪਤਾਲ ਵਿਖੇ ਡਾਕਟਰਾਂ ਦੀ ਤਾਇਨਾਤੀ ਕੀਤੀ ਜਾਵੇ। ਸਿਵਲ ਸਰਜਨ ਫਿਰੋਜ਼ਪੁਰ ਨੇ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਸੀ ਕਿ ਜਲਦ ਹੀ ਸੀ ਐੱਚ ਸੀ ਹਸਪਤਾਲ ਗੁਰੂ ਹਰਸਹਾਏ ਵਿਖੇ ਡਾਕਟਰ ਤਾਇਨਾਤ ਕੀਤੇ ਜਾਣਗੇ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਸੋਸਾਇਟੀ ਦੇ ਪ੍ਰਧਾਨ ਮਦਨ ਮੋਹਨ ਕੰਧਾਰੀ, ਸੈਕਟਰੀ ਬੂੜ ਚੰਦ ਬਿੰਦਰਾ, ਚੇਅਰਮੈਨ ਵਿਜੇ ਮੋਂਗਾ, ਆਦਰਸ਼ ਪਾਲ ਧਵਨ, ਅਸ਼ੋਕ ਮੋਂਗਾ, ਸੰਦੀਪ ਮਦਾਨ, ਮਨੋਜ ਛਾਬੜਾ, ਹਰਪ੍ਰੀਤ ਸਿੰਘ ਸੋਢੀ, ਆਤਮਜੀਤ ਸਿੰਘ ਡੇਵਿਡ, ਰੋਸ਼ਨ ਲਾਲ ਮੋਂਗਾ, ਅਨਿਲ ਕੁੱਕੜ, ਬੌਬੀ ਨਰੂਲਾ ਨੇ ਦੱਸਿਆ ਕਿ ਉਨ੍ਹਾਂ ਨੂੰ ਸਿਵਿਲ ਸਰਜਨ ਦਫਤਰ ਦੇ ਸੁਪਰਡੈਂਟ ਪਰਮਵੀਰ ਸਿੰਘ ਮੋਂਗਾ ਨੇ ਦੱਸਿਆ ਕਿ ਕਮਿਊਨਿਟੀ ਹੈਲਥ ਸੈਂਟਰ ਗੁਰੂ ਹਰਸਹਾਏ ਵਿਖੇ ਤਿੰਨ ਡਾਕਟਰਾਂ ਦੀ ਤਾਇਨਾਤੀ ਕਰ ਦਿੱਤੀ ਗਈ ਹੈ। ਇਸ ਮੌਕੇ ਸਮਾਜ ਸੇਵਾ ਸੋਸਾਇਟੀ ਦੇ ਸਮੂਹ ਆਗੂਆਂ ਵੱਲੋਂ ਮੀਟਿੰਗ ਕਰਕੇ ਸਿਵਲ ਸਰਜਨ ਫਿਰੋਜ਼ਪੁਰ ਡਾਕਟਰ ਰਾਜਵਿੰਦਰ ਕੌਰ, ਸੁਪਰਡੈਂਟ ਪਰਮਵੀਰ ਸਿੰਘ ਮੋਂਗਾ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ।

## ਤਰਨਤਾਰਨ ਜ਼ਿਮਨੀ ਚੋਣ 'ਚ 'ਆਪ' ਦੀ ਜਿੱਤ ਪੱਕੀ : ਹਰਚੰਦ ਸਿੰਘ ਬਰਸਟ



**ਸਮਾਣਾ (ਇਕਬਾਲ ਸਿੰਘ ਬੱਲ)**-ਵਿਧਾਨ ਸਭਾ ਹਲਕਾ ਤਰਨਤਾਰਨ ਦੀ ਜ਼ਿਮਨੀ ਚੋਣ ਨੂੰ ਲੈ ਕੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਲੋਕਾਂ ਵਿੱਚ ਭਾਰੀ ਉਤਸ਼ਾਹ ਦੀ ਲਹਿਰ ਦਿਖ ਰਹੀ ਹੈ। ਇਸ ਸਬੰਧ ਵਿੱਚ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ੍ਰ. ਹਰਚੰਦ ਸਿੰਘ ਬਰਸਟ ਵੱਲੋਂ ਆਪ ਉਮੀਦਵਾਰ ਸ੍ਰ. ਹਰਮੀਤ ਸਿੰਘ ਸੰਧੂ ਦੇ ਹੱਕ ਵਿੱਚ ਟਾਂਗ ਸ਼ਤਰੀ ਮੁਹੱਲਾ ਵਿਖੇ ਜੋਸ਼ ਭਰੀ ਨੁੱਕੜ ਮੀਟਿੰਗ ਕੀਤੀ ਗਈ।ਇਸ ਮੌਕੇ ਬਰਸਟ ਨੇ ਲੋਕਾਂ ਨਾਲ ਖਾਸ ਮੁਲਾਕਾਤ ਕੀਤੀ ਤੇ ਪੰਜਾਬ ਸਰਕਾਰ ਦੇ ਲੋਕ ਪੱਖੀ ਕਾਰਜਾਂ ਤੇ ਉਪਲੱਬਧੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਪ੍ਰਤੀ ਤਰਨਤਾਰਨ ਦੇ ਲੋਕਾਂ ਦੇ ਪਿਆਰ ਤੇ ਉਤਸ਼ਾਹ ਤੋਂ ਸੱਪਸ਼ਟ ਹੈ ਕਿ ਤਰਨਤਾਰਨ ਜ਼ਿਮਨੀ ਚੋਣ ਵਿੱਚ ਆਪ ਦੀ ਜਿੱਤ ਪੱਕੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਪਣੇ ਸਾਢੇ ਤਿੰਨ ਸਾਲਾਂ ਦੇ ਕਾਰਜਕਾਲ ਦੌਰਾਨ ਹਰ ਖੇਤਰ ਵਿੱਚ ਮਿਸਾਲੀ ਕਾਰਜ ਕੀਤੇ ਗਏ ਹਨ।ਸਿਹਤ, ਸਿੱਖਿਆ, ਰੁਜ਼ਗਾਰ, ਖੇਡਾਂ ਸਮੇਤ ਹਰ ਖੇਤਰ ਵਿੱਚ ਲੋਕਾਂ ਨੂੰ ਬਿਹਤਰ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਅਕਾਲੀ ਦਲ ਤੇ ਕਾਂਗਰਸ 'ਤੇ ਤਿੱਖਾ ਹਮਲਾ ਕਰਦਿਆਂ ਸ੍ਰ. ਬਰਸਟ ਨੇ ਕਿਹਾ ਕਿ ਇਨ੍ਹਾਂ ਵੱਲੋਂ ਸੱਤਾ ਵਿੱਚ ਰਹਿੰਦਿਆਂ ਤਾਂ ਲੋਕਾਂ ਲਈ ਕੁਝ ਨਹੀਂ ਕੀਤਾ ਗਿਆ, ਸਿਰਫ਼ ਆਪਣੇ ਨਿੱਜੀ ਹਿੱਤਾਂ ਨੂੰ ਹੀ ਪੂਰਾ ਕਰਦੀਆਂ ਰਹੀਆਂ।ਹੁਣ ਜਦੋਂ ਲੋਕ ਇਨ੍ਹਾਂ ਦੇ ਅਸਲੀ ਚਿਹਰੇ ਪਹਿਚਾਣ ਚੁੱਕੇ ਹਨ, ਤਾਂ ਇਹ ਮੁੜ ਝੂਠੇ ਵਾਅਦਿਆਂ ਨਾਲ ਮੈਦਾਨ ਵਿੱਚ ਉੱਤਰ ਰਹੀਆਂ ਹਨ।ਉਨ੍ਹਾਂ ਕਿਹਾ ਕਿ ਅਕਾਲੀ ਦਲ ਹਮੇਸ਼ਾ ਪੰਥ ਦੇ ਨਾਮ 'ਤੇ ਲੋਕਾਂ ਨੂੰ ਗੁੰਮਰਾਹ ਕਰਦਾ ਆ ਰਿਹਾ ਹੈ।ਸੁਖਬੀਰ ਸਿੰਘ ਬਾਦਲ ਨੇ ਸੱਤਾ ਦਾ ਦੁਰਉਪਯੋਗ ਕਰਕੇ ਆਪਣੇ ਕਾਰੋਬਾਰ ਨੂੰ ਵਧਾਉਣ ਤੇ ਨਿੱਜੀ ਹਿੱਤਾਂ ਨੂੰ ਪੂਰਾ ਕਰਨ ਵੱਲ ਹੀ ਧਿਆਨ ਦਿੱਤਾ ਤੇ ਲੋਕਾਂ ਨੂੰ ਉਨ੍ਹਾਂ ਦੇ ਹਾਲ 'ਤੇ ਛੱਡ ਦਿੱਤਾ ਸੀ।ਦੂਜੇ ਪਾਸੇ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਲਗਾਤਾਰ ਪੰਜਾਬ ਨਾਲ ਵਿਤਕਰਾ ਕੀਤਾ ਜਾ ਰਿਹਾ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਮ ਆਦਮੀ ਪਾਰਟੀ ਦੇ ਉਮੀਦਵਾਰ ਸ੍ਰ. ਹਰਮੀਤ ਸਿੰਘ ਸੰਧੂ ਨੂੰ ਭਾਰੀ ਬਹੁਮੱਤ ਨਾਲ ਜਿਤਾਉਣ।

# ਬਿਜਲੀ ਮੁਲਾਜ਼ਮਾਂ, ਪੈਨਸ਼ਨਰਾਂ ਤੇ ਕਿਸਾਨਾਂ ਵੱਲੋਂ ਝੰਡਾ ਮਾਰਚ





**ਤਰਨ ਤਾਰਨ :** ਬਿਜਲੀ ਨਿਗਮ ਦੀਆਂ ਵੱਡੇ ਸ਼ਹਿਰਾਂ ਵਿੱਚ ਮੌਜੂਦ ਸੈਂਕੜੇ ਏਕੜ ਵਿੱਚ ਫੈਲੀਆਂ ਬਹੁਤ ਮਹਿੰਗੀਆਂ ਜਾਇਦਾਦਾਂ ਜੋ ਕਈ ਦਹਾਕੇ ਪਹਿਲਾਂ ਜ਼ਿਆਦਾਤਰ ਪੰਚਾਇਤਾਂ ਵੱਲੋਂ ਅਤੇ ਕੁੱਝ ਦਾਨੀ ਸੱਜਣਾਂ ਵੱਲੋਂ ਬਿਜਲੀ ਬੋਰਡ ਦੀ ਉਸਾਰੀ ਅਤੇ ਪਸਾਰੇ ਲਈ ਬਿਜਲੀ ਬੋਰਡ ਨੂੰ ਦਾਨ ਵਜੋਂ ਦਿੱਤੀਆਂ ਸਨ, ਨੂੰ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਆਪਣੀਆਂ ਰਾਜਸੀ ਲੋੜਾਂ ਲਈ ਵੇਚਣ ਦੀ ਮੰਦਭਾਗੀ ਤਜਵੀਜ਼ ਦੇ ਖਿਲਾਫ਼ ਅਤੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਬਿਜਲੀ ਸੋਧ ਬਿੱਲ 2025 ਦੇ ਪ੍ਰਸਤਾਵਤ ਖਰੜੇ ਵਿਰੁੱਧ ਅਦਾਰੇ ਦੇ ਮੁਲਾਜ਼ਮਾਂ ਅਤੇ ਪੈਨਸ਼ਨਰ ਜਥੇਬੰਦੀਆਂ ਦੇ ਸਾਂਝੇ ਸੰਗਠਨਾਂ, ਪੀ ਐੱਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰ, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ (ਰਜਿ: 24), ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ (ਸੰਬੰਧਤ ਏਟਕ), ਪੈਨਸ਼ਨਰ ਵੈੱਲਫੇਅਰ ਫੈਡਰੇਸ਼ਨ ਪਹਿਲਵਾਨ ਦੇ ਸੂਬਾ ਪੱਧਰੀ ਸੱਦੇ 'ਤੇ ਅਤੇ ਵੱਖ-ਵੱਖ ਕਿਸਾਨ, ਮਜ਼ਦੂਰ ਜਥੇਬੰਦੀਆਂ ਦੀ ਡਟਵੀਂ ਹਮਾਇਤ 'ਤੇ ਰਤਨ ਸਿੰਘ ਮਜਾਰੀ ਅਤੇ ਗੁਰਪ੍ਰੀਤ ਸਿੰਘ ਗੰਡੀਵਿੰਡ ਦੀ ਸਾਂਝੀ ਅਗਵਾਈ ਹੇਠ ਪੰਜਾਬ ਸਰਕਾਰ ਖਿਲਾਫ਼ ਐਤਵਾਰ ਸਥਾਨਕ ਬੱਸ ਸਟੈਂਡ ਵਿਖੇ ਵਿਸ਼ਾਲ ਰੋਸ ਧਰਨਾ ਦੇਣ ਉਪਰੰਤ ਪੰਜਾਬ ਅਤੇ ਕੇਂਦਰ ਸਰਕਾਰ ਦੇ ਮਨਸੂਬਿਆਂ ਵਿਰੁੱਧ ਸ਼ਹਿਰ ਵਿੱਚ ਰੋਹ ਭਰਪੂਰ ਰੋਸ ਮਾਰਚ ਕੀਤਾ ਗਿਆ । ਹਜ਼ਾਰਾਂ ਦੀ ਗਿਣਤੀ ਵਿੱਚ ਸੂਬਾ ਭਰ ਤੋਂ ਇਕੱਤਰ ਹੋਏ ਧਰਨਾਕਾਰੀਆਂ ਦੇ ਠਾਠਾਂ ਮਾਰਦੇ ਇਕੱਠ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਅਦਾਰੇ ਦੀਆਂ ਜਾਇਦਾਦਾਂ ਵੇਚਣ ਵਿਰੁੱਧ 16 ਅਕਤੂਬਰ ਤੋਂ 31 ਅਕਤੂਬਰ ਤੱਕ ਪਾਵਰਕਾਮ ਦੇ ਸਮੁੱਚੇ ਸਰਕਲਾਂ ਵਿੱਚ ਰੋਸ ਪ੍ਰਦਰਸ਼ਨ ਕਰਨ ਉਪਰੰਤ 2 ਨਵੰਬਰ ਨੂੰ ਬਿਜਲੀ ਮੰਤਰੀ ਖਿਲਾਫ਼ ਲੁਧਿਆਣੇ ਸੂਬਾ ਪੱਧਰ 'ਤੇ ਰੋਸ ਪ੍ਰਦਰਸ਼ਨ ਕਰਨ ਦੇ ਬਾਵਜੂਦ ਪੰਜਾਬ ਸਰਕਾਰ ਜਾਇਦਾਦਾਂ ਵੇਚਣ ਦੀ ਲੋਕ ਵਿਰੋਧੀ ਨੀਤੀ ਧੱਕੇ ਨਾਲ ਲਾਗੂ ਕਰ ਰਹੀ ਹੈ, ਜਿਸ ਦੇ ਖਿਲਾਫ ਅੱਜ ਸਥਾਨਕ ਸ਼ਹਿਰ ਵਿੱਚ ਜਿੱਥੇ 11 ਨਵੰਬਰ ਨੂੰ ਜ਼ਿਮਨੀ ਚੋਣ ਹੋਣ ਜਾ ਰਹੀ ਹੈ, ਦੇ ਲੋਕਾਂ ਨੂੰ ਪੰਜਾਬ ਸਰਕਾਰ ਦੇ ਇਸ ਲੋਕ ਵਿਰੋਧੀ ਤਾਨਾਸ਼ਾਹੀ ਵਾਲੇ ਫੈਸਲੇ ਖਿਲਾਫ਼ ਜਾਗਰੂਕ ਕਰਨ ਲਈ ਵੱਡਾ ਰੋਸ ਧਰਨਾ ਦੇਣ ਉਪਰੰਤ ਸ਼ਹਿਰ ਵਿੱਚ ਰੋਸ ਮਾਰਚ ਕਰਕੇ ਸਰਕਾਰ ਵਿਰੁੱਧ ਜ਼ੋਰਦਾਰ ਪਿੱਟ-ਸਿਆਪਾ ਕੀਤਾ ਜਾ ਰਿਹਾ ਹੈ।

ਇਸ ਮੌਕੇ ਮੁਲਾਜ਼ਮ/ਪੈਨਸ਼ਨਰ/ਕਿਸਾਨ ਅਤੇ ਮਜ਼ਦੂਰ ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਰੋਜ਼ਾਨਾ ਨਵੇਂ ਤੋਂ ਨਵਾਂ ਸ਼ਗੂਫਾ ਛੱਡ ਕੇ ਲੋਕਾਂ ਨੂੰ ਮੂਰਖ ਬਣਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਪਰ ਬਹੁਤ ਘਾਤਕ ਬਿਜਲੀ ਸੋਧ ਬਿੱਲ 2025 ਦੇ ਲੋਕ ਵਿਰੋਧੀ ਖਰੜੇ ਅਤੇ ਜਾਇਦਾਦਾਂ ਵੇਚਣ ਬਾਰੇ ਸਰਕਾਰ ਦਾ ਸਟੈਂਡ ਸਪੱਸ਼ਟ ਨਹੀਂ ਕਰ ਰਹੇ, ਜਦ ਕਿ ਕੇਂਦਰ ਦੀ ਮੋਦੀ ਸਰਕਾਰ ਦਾ ਇਹ ਖਰੜਾ ਰਾਜਾਂ ਦੇ ਅਧਿਕਾਰਾਂ ਉਪਰ ਸਿੱਧਾ ਹਮਲਾ ਹੈ, ਜੋ ਦੇਸ਼ ਦੇ ਸੰਘੀ ਢਾਂਚੇ ਨੂੰ ਅਤੇ ਸਮੁੱਚੇ ਦੇਸ਼ ਦੇ ਪਾਵਰ ਸੈਕਟਰ ਨੂੰ ਤਬਾਹ ਕਰ ਦੇਵੇਗਾ।ਆਗੂਆਂ ਨੇ ਕਿਹਾ ਕਿ ਪੰਜਾਬ ਅਤੇ ਕੇਂਦਰ ਸਰਕਾਰ ਪੂੰਜੀਪਤੀਆਂ ਦੇ ਦਬਾਅ ਹੇਠ ਬਿਜਲੀ ਸੋਧ ਬਿੱਲ 2025 ਦਾ ਖਰੜਾ ਪਾਸ ਕਰਕੇ ਬਿਜਲੀ ਅਦਾਰਿਆਂ ਦਾ ਸਿੱਧਾ ਕੰਟਰੋਲ ਵੱਡੇ ਕਾਰਪੋਰੇਟ ਘਰਾਣਿਆਂ ਨੂੰ ਦੇਣਾ ਚਾਹੁੰਦੀ ਹੈ। ਰੋਸ ਧਰਨੇ ਮੌਕੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਪੰਜਾਬੀ ਯੂਨੀਵਰਸਿਟੀ ਚੰਡੀਗੜ੍ਹ ਨੂੰ ਆਪਣੇ ਕੰਟਰੋਲ ਵਿੱਚ ਲੈਣ, ਬਿਜਲੀ ਸੋਧ ਬਿੱਲ 2025 ਦਾ ਖਰੜਾ ਅਤੇ ਬਿਜਲੀ ਨਿਗਮ ਦੀਆਂ ਜਾਇਦਾਦਾਂ ਵੇਚਣ ਖਿਲਾਫ਼ ਹੱਥ ਖੜੇ ਕਰਕੇ ਮਤਾ ਪਾਸ ਕੀਤਾ।ਇਸ ਮੌਕੇ ਆਗੂਆਂ ਨੇ ਕਿਹਾ ਕਿ ਇਸ ਬਿੱਲ ਦੇ ਲੋਕ ਵਿਰੋਧੀ ਖਰੜੇ ਨਾਲ ਬਿਜਲੀ ਵਰਗਾ ਮਹੱਤਵਪੂਰਨ ਅਦਾਰਾ ਪੂੰਜੀਪਤੀਆਂ ਦੇ ਹੱਥਾਂ ਵਿੱਚ ਜਾਣ ਨਾਲ ਆਉਣ ਵਾਲੇ ਸਮੇਂ ਵਿੱਚ ਆਮ ਲੋਕਾਂ ਅਤੇ ਕਿਸਾਨਾਂ ਨੂੰ ਮਿਲਦੀ ਕਰਾਸ ਸਬਸਿਡੀ ਖ਼ਤਮ ਹੋ ਜਾਵੇਗੀ, ਜਿਸ ਦੇ ਨਤੀਜੇ ਵਜੋਂ ਜਿੱਥੇ ਲੋਕਾਂ ਨੂੰ ਮਹਿੰਗੀ ਬਿਜਲੀ ਖ਼ਰੀਦਣ ਲਈ ਮਜਬੂਰ ਕਰ ਦਿੱਤਾ ਜਾਵੇਗਾ, ਉੱਥੇ ਮੁਲਾਜ਼ਮਾਂ ਦੀਆਂ ਨੌਕਰੀਆਂ ਖਤਰੇ ਵਿੱਚ ਪੈ ਜਾਣਗੀਆਂ ਅਤੇ ਅਦਾਰੇ ਵਿੱਚ ਹੋਣ ਵਾਲੀ ਸਾਰੀ ਨਵੀਂ ਭਰਤੀ ਆਉਟਸੋਰਸਿੰਗ ਰਾਹੀਂ ਕੀਤੇ ਜਾਣ ਦਾ ਰਾਹ ਪੱਧਰਾ ਹੋ ਜਾਵੇਗਾ।ਇਸ ਦੇ ਨਾਲ ਹੀ ਪੰਜਾਬ ਦੀ ਖੇਤੀ ਆਧਾਰਤ ਅਰਥਿਕਤਾ ਵੀ ਤਬਾਹ ਹੋ ਜਾਵੇਗੀ।ਇਸੇ ਤਰ੍ਹਾਂ ਅਦਾਰੇ ਦੀਆਂ ਜਾਇਦਾਦਾਂ ਵੇਚਣ ਦੀ ਘਾਤਕ ਨੀਤੀ ਵੀ ਪਾਵਰਕਾਮ ਅਦਾਰੇ ਦਾ ਭੋਗ ਪਾ ਦੇਵੇਗੀ। ਅੱਜ ਦੇ ਰੋਹ ਭਰਪੂਰ ਰੋਸ ਧਰਨੇ ਨੂੰ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਦੇ ਆਗੂਆਂ ਹਰਪਾਲ ਸਿੰਘ, ਗੁਰਵੇਲ ਸਿੰਘ ਬੱਲਪੁਰੀਆ, ਸਰਬਜੀਤ ਸਿੰਘ ਭਾਣਾ, ਗੁਰਭੇਜ ਸਿੰਘ ਢਿੱਲੋਂ, ਸਰਿੰਦਰਪਾਲ ਲਹੌਰੀਆ, ਬਲਜੀਤ ਸਿੰਘ ਮੋਦਲਾ, ਰਵੇਲ ਸਿੰਘ ਸਹਾਏਪੁਰ, ਦਵਿੰਦਰ ਸਿੰਘ ਪਿਸੌਰ, ਰਣਜੀਤ ਸਿੰਘ ਢਿੱਲੋਂ, ਜਸਬੀਰ ਸਿੰਘ ਆਂਡਲੂ, ਅਮਰੀਕ ਸਿੰਘ ਮਸੀਤਾਂ, ਬਾਬਾ ਅਮਰਜੀਤ ਸਿੰਘ, ਕੌਰ ਸਿੰਘ ਸੋਹੀ, ਦਲੀਪ ਕੁਮਾਰ, ਗੁਰਪਿਆਰ ਸਿੰਘ, ਪਵਨਪ੍ਰੀਤ ਸਿੰਘ, ਕਾਰਜਵਿੰਦਰ ਸਿੰਘ ਬੁੱਟਰ ਤੋਂ ਇਲਾਵਾ ਵੱਖ-ਵੱਖ ਕਿਸਾਨ ਅਤੇ ਮਜ਼ਦੂਰ ਜਥੇਬੰਦੀਆਂ ਦੇ ਆਗੂਆਂ ਕੁੱਲ ਹਿੰਦ ਕਿਸਾਨ ਸਭਾ 1936 ਦੇ ਸੂਬਾ ਵਰਕਿੰਗ ਪ੍ਰਧਾਨ ਮਹਾਂਬੀਰ ਸਿੰਘ ਗਿੱਲ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਨਛੱਤਰ ਸਿੰਘ ਮੁਗਲਚੱਕ, ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਦੇ ਸੂਬਾ ਆਗੂ ਹਰਜਿੰਦਰ ਸਿੰਘ ਸ਼ਕਰੀ, ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਦੇ ਸੂਬਾ ਸਕੱਤਰ ਰਤਨ ਸਿੰਘ ਢੰਡ, ਨਰੇਗਾ ਮਜ਼ਦੂਰ ਯੂਨੀਅਨ ਏਟਕ ਦੇ ਸੂਬਾ ਆਗੂ ਗੁਰਦਿਆਲ ਸਿੰਘ ਖਡੂਰ ਸਾਹਿਬ ਨੇ ਪੰਜਾਬ ਸਰਕਾਰ ਦੀ ਜਾਇਦਾਦਾਂ ਵੇਚਣ ਦੀ ਲੋਕ ਵਿਰੋਧੀ ਅਤੇ ਘਟੀਆ ਤਜਵੀਜ਼ ਦੀ ਜ਼ੋਰਦਾਰ ਨਿੰਦਾ ਕੀਤੀ ਅਤੇ ਅਹਿਦ ਕੀਤਾ ਕਿ ਸਾਂਝੇ ਸੰਘਰਸ਼ਾਂ ਰਾਹੀਂ ਅਦਾਰੇ ਦੀਆਂ ਜਾਇਦਾਦਾਂ ਵੇਚਣ ਅਤੇ ਬਿਜਲੀ ਸੋਧ ਬਿੱਲ 2025 ਦੇ ਖਰੜੇ ਦਾ ਡਟਵਾਂ ਵਿਰੋਧ ਕੀਤਾ ਜਾਵੇਗਾ।ਰੋਸ ਧਰਨੇ ਤੋਂ ਬਾਅਦ ਧਰਨਾਕਾਰੀਆਂ ਨੇ ਪੰਜਾਬ ਸਰਕਾਰ ਖਿਲਾਫ਼ ਰੋਹ ਭਰਪੂਰ ਨਾਅਰੇਬਾਜ਼ੀ ਕਰਦੇ ਹੋਏ ਸ਼ਹਿਰ ਦੇ ਬੋਹੜੀ ਚੌਂਕ ਤੱਕ ਝੰਡਾ ਮਾਰਚ ਕੀਤਾ। ਜਿੱਥੇ ਸ੍ਰੀ ਖੁਸ਼ਪਰੀਤ ਸਿੰਘ ਐੱਸ ਡੀ ਐੱਮ ਖਡੂਰ ਸਾਹਿਬ ਨੇ ਮੁੱਖ ਮੰਤਰੀ ਦੇ ਨਾਂਅ 'ਤੇ ਰੋਸ ਮਾਰਚ ਦੀ ਅਗਵਾਈ ਕਰਨ ਵਾਲੇ ਆਗੂਆਂ ਕੋਲੋਂ ਮੰਗ ਪ੍ਰਾਪਤ ਕਰਕੇ ਪੰਜਾਬ ਸਰਕਾਰ ਨੂੰ ਭੇਜਣ ਦਾ ਭਰੋਸਾ ਦਿੱਤਾ। ਅਖੀਰ 'ਤੇ ਆਗੂਆਂ ਨੇ ਸਰਕਾਰ ਦੇ ਨਾਂਹਪੱਖੀ ਰਵੱਈਏ ਖਿਲਾਫ਼ ਅਗਲੇ ਸੰਘਰਸ਼ਾਂ ਦੀ ਰੂਪ-ਰੇਖਾ ਉਲੀਕਣ ਲਈ ਲੁਧਿਆਣੇ ਸਭਨਾਂ ਸੰਘਰਸ਼ਸ਼ੀਲ ਜਥੇਬੰਦੀਆਂ ਦੀ ਅਗਲੇ ਦਿਨਾਂ ਵਿੱਚ ਸਾਂਝੀ ਮੀਟਿੰਗ ਕਰਨ ਦਾ ਐਲਾਨ ਕੀਤਾ।

### ਮਾਮਲਾ ਗੁਰਦੁਆਰਾ ਸਿੱਧਸਰ ਸਾਹਿਬ ਅਲੌਹਰਾਂ ਦੀ ਜਾਇਦਾਦ ਦਾ

# ਪੁਲਸ 'ਤੇ ਜੇਤੂ ਟਰੱਸਟ ਮੈਂਬਰਾਂ ਨਾਲ ਧੱਕੇਸ਼ਾਹੀ ਦਾ ਦੋਸ਼



**ਨਾਭਾ (ਵਰਿੰਦਰ ਵਰਮਾ)**-ਗੁਰਦੁਆਰਾ ਸਿੱਧਸਰ ਸਾਹਿਬ ਅਲੌਹਰਾਂ ਦਾ ਮਾਮਲਾ ਉਸ ਸਮੇਂ ਮੁੜ ਤੂਲ ਪਕੜਦਾ ਨਜ਼ਰ ਆਇਆ, ਜਦੋਂ ਮਾਮਲੇ 'ਚ ਮਾਣਯੋਗ ਅਦਾਲਤ ਨੇ ਮਾਮਲੇ ਦੀਆਂ ਧਿਰਾਂ ਵਿਚਕਾਰ ਚਲਦੇ ਦੀਵਾਨੀ ਮੁਕੱਦਮੇ ਦਾ ਨਿਪਟਾਰਾ ਕਰ ਦਿੱਤਾ।ਦੱਸਣਯੋਗ ਹੈ ਕਿ ਗੁਰੂਦੁਆਰਾ ਸਿੱਧਸਰ ਸਾਹਿਬ ਅਲੌਹਰਾਂ ਦੇ ਸੱਚਖੰਡ ਵਾਸੀ ਸ੍ਰੀਮਾਨ ਸੰਤ ਬਾਬਾ ਸੁਖਦੇਵ ਸਿੰਘ ਜੀ ਮਹਾਰਾਜ ਵੱਲੋਂ ਆਪਣੇ ਜੀਵਨ ਦੌਰਾਨ ਗੁਰੂਦੁਆਰਾ ਸਾਹਿਬ ਅਧੀਨ ਆਉਂਦੀ ਜਾਇਦਾਦ ਨਾਲ ਦੇਖ-ਰੇਖ ਅਤੇ ਪ੍ਰਬੰਧਾਂ ਸਬੰਧੀ ਸ੍ਰੀ ਗੁਰੂ ਨਾਨਕ ਦੇਵ ਜੀ ਚੈਰੀਟੇਬਲ ਟਰੱਸਟ ਦੀ ਸਥਾਪਨਾ ਕੀਤੀ ਗਈ ਸੀ, ਜਦਕਿ ਦੂਜੇ ਪਾਸੇ ਜਥੇਦਾਰ ਕਸ਼ਮੀਰਾ ਸਿੰਘ ਵੱਲੋਂ ਆਪਣੇ ਹੱਕ 'ਚ ਸੰਤਾਂ ਦੀ ਕੀਤੀ ਕਥਿਤ ਵਸੀਅਤ (ਜਿਸ ਨੂੰ ਸੰਤਾਂ ਨੇ ਆਪਣੇ ਜੀਵਨ ਕਾਲ ਦੌਰਾਨ ਹੀ ਸਮਾਪਤ ਕਰ ਦਿੱਤਾ ਸੀ) ਤਾਬੇ ਨਾਭਾ ਦੀ ਮਾਣਯੋਗ ਅਦਾਲਤ ਵਿਖੇ ਸਾਲ 2017 ਵਿੱਚ ਸੰਤ ਬਾਬਾ ਸੁਖਦੇਵ ਸਿੰਘ ਜੀ ਮਹਾਰਾਜ ਦੇ ਚਰਨ ਸੇਵਕ ਬਾਬਾ ਨਰਿੰਦਰ ਸਿੰਘ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਚੈਰੀਟੇਬਲ ਟਰੱਸਟ ਖਿਲਾਫ ਦੀਵਾਨੀ ਮੁਕੱਦਮਾ ਦਾਖਲ ਕਰ ਕੇ ਖੁਦ ਨੂੰ ਸੰਤ ਬਾਬਾ ਸੁਖਦੇਵ ਸਿੰਘ ਜੀ ਦਾ ਵਾਰਿਸ ਘੋਸ਼ਿਤ ਕਰਨ ਦੀ ਅਪੀਲ ਕੀਤੀ।ਦੋਨਾਂ ਧਿਰਾਂ ਵਿਚਕਾਰ ਲਗਭਗ ਅੱਠ ਸਾਲ ਲੰਮੀ ਚਲੀ ਅਦਾਲਤੀ ਪ੍ਰਕ੍ਰਿਆ ਬਾਅਦ ਅਦਾਲਤ ਨੇ ਜਥੇਦਾਰ ਕਸ਼ਮੀਰਾ ਸਿੰਘ ਦਾ ਮੁਕੱਦਮਾ ਖਾਰਜ ਕਰਦਿਆ ਸਾਲ 2019 ਵਿੱਚ ਤਤਕਾਲੀਨ ਐਸਡੀਐਮ ਕਾਲਾ ਰਾਮ ਕਾਂਸਲ ਵੱਲੋਂ ਗਠਿਤ ਜਥੇਦਾਰ ਕਸ਼ਮੀਰਾ ਸਿੰਘ ਸਿੰਘ ਦੀ ਅਗਵਾਈ ਹੇਠਲੀ ਕਮੇਟੀ ਨੂੰ ਗੈਰਕਾਨੂੰਨੀ ਕਰਾਰ ਦੇ ਦਿੱਤਾ ਤੇ ਟਰੱਸਟ ਨੂੰ ਗੁਰੂਦੁਆਰਾ ਸਾਹਿਬ ਦੀ ਜਾਇਦਾਦ, ਗੋਲਕਾਂ ਅਤੇ ਬੈਂਕ ਖਾਤਿਆਂ ਨੂੰ ਚਲਾਉਣ ਦਾ ਹੱਕਦਾਰ ਘੋਸ਼ਿਤ ਕਰ ਦਿੱਤਾ।ਮਾਮਲੇ 'ਚ ਅਦਾਲਤ ਦਾ ਫੈਸਲਾ ਆਉਣ ਬਾਅਦ ਜਦੋਂ ਟਰੱਸਟ ਵੱਲੋਂ ਗੁਰਦੁਆਰਾ ਸਾਹਿਬ ਦੀ ਦੇਖ-ਰੇਖ ਅਤੇ ਪ੍ਰਬੰਧਾਂ ਆਦਿ ਸੰਬੰਧੀ ਫੈਸਲੇ ਲੈਣੇ ਚਾਹੇ ਗਏ ਤਾਂ ਦੂਜੀ ਧਿਰ ਵਲੋਂ ਕਥਿਤ ਰੂਪ 'ਚ ਦਖਲਅੰਦਾਜ਼ੀ ਕੀਤੀ ਜਾ ਰਹੀ ਹੈ।ਬਾਬਾ ਨਰਿੰਦਰ ਸਿੰਘ ਅਤੇ ਟਰੱਸਟ ਮੈਂਬਰਾਂ ਨੇ ਦੋਸ਼ ਲਾਉਂਦਿਆਂ ਕਿਹਾ ਕਿ ਅਦਾਲਤ ਨੇ ਦੁੱਧ ਦਾ ਦੁੱਧ ਅਤੇ ਪਾਣੀ ਦਾ ਪਾਣੀ ਕਰਦਿਆ ਟਰੱਸਟ ਨੂੰ ਜੇਤੂ ਕਰਾਰ ਦਿੰਦਿਆ ਜਥੇਦਾਰ ਕਸ਼ਮੀਰਾ ਸਿੰਘ ਤੇ ਧਿਰ ਨੂੰ ਟਰੱਸਟ ਦੇ ਕੰਮਕਾਜ 'ਚ ਦਖਲ ਦੇਣ ਤੋਂ ਵਰਜ ਦਿੱਤਾ ਹੈ, ਜਦਕਿ ਮਾਮਲੇ 'ਚ ਜਥੇਦਾਰ ਕਸ਼ਮੀਰਾ ਸਿੰਘ ਤੇ ਧਿਰ ਨੇ ਅਦਾਲਤੀ ਹੁਕਮਾਂ ਦੀ ਪਾਲਣਾ ਤੋ ਮੁਨਕਰ ਹੋ ਟਰੱਸਟ ਦੇ ਰਾਹ 'ਚ ਲਗਾਤਾਰ ਅੜਿੱਕਾ ਪਾਉਣਾ ਬਰਕਰਾਰ ਰੱਖਿਆ ਹੈ।ਉਨ੍ਹਾਂ ਕਿਹਾ ਕਿ ਹੈਰਾਨੀਜਨਕ ਹੈ ਕਿ ਨਾਭਾ ਪੁਲਸ ਜੇਤੂ ਟਰੱਸਟ ਧਿਰ ਬਜਾਏ ਹਾਰੀ ਹੋਈ ਧਿਰ ਦਾ ਪੱਖ ਪੂਰਨ ਲਈ ਪੱਬਾਂ ਭਾਰ ਹੋਈ ਪਈ ਹੈ ਤੇ ਟਰੱਸਟ ਮੈਂਬਰਾਂ ਨੂੰ ਹੀ ਹਰ ਕੰਮ ਕਰਨ ਤੋਂ ਰੋਕਿਆ ਜਾ ਰਿਹਾ ਹੈ।

ਜਥੇਦਾਰ ਕਸ਼ਮੀਰਾ ਸਿੰਘ ਨੇ ਦਾਅਵਾ ਕੀਤਾ ਕਿ ਅਦਾਲਤ ਨੇ ਉਨ੍ਹਾਂ ਦੇ ਪੇਸ਼ ਕੀਤੇ ਸਬੂਤਾਂ ਨੂੰ ਅੱਖੋਂ ਪਰੋਖੇ ਕੀਤਾ ਹੈ, ਜਿਸ ਖਿਲਾਫ ਉਨ੍ਹਾ ਵੱਲੋਂ ਹੇਠਲੀ ਅਦਾਲਤ ਦੇ ਫੈਸਲੇ ਨੂੰ ਸੈਸ਼ਨ ਅਦਾਲਤ 'ਚ ਚੁਣੌਤੀ ਦਿੱਤੀ ਗਈ ਹੈ।

# ਪੰਜਾਬ ਸਰਕਾਰ ਨੇ ਵਪਾਰ ਲਈ ਸੂਬੇ 'ਚ ਸਾਜ਼ਗਾਰ ਮਾਹੌਲ ਪੈਦਾ ਕੀਤਾ : ਚੇਅਰਮੈਨ ਢਿੱਲੋਂ

### ਯੂਨੀਵਰਸਿਟੀ ਕਾਲਜ ਬੇਨੜਾ 'ਚ ਵਰਕਸ਼ਾਪ



**ਧੂਰੀ (ਮਨੋਹਰ ਸਿੰਘ ਸੱਗੂ, ਬਿੰਨੀ ਗਰਗ)**-ਯੂਨੀਵਰਸਿਟੀ ਕਾਲਜ ਬੇਨੜਾ (ਧੂਰੀ) ਵਿਖੇ ਸਟਾਰਟਅੱਪ ਪੰਜਾਬ ਦੇ ਸਹਿਯੋਗ ਨਾਲ 'ਨੌਜਵਾਨਾਂ ਲਈ ਉਦਮਤਾ ਤੇ ਵਪਾਰਕ ਕੰਮਾਂ ਦੀ ਸ਼ੁਰੂਆਤ ਦੇ ਮੌਕੇ' ਵਿਸ਼ੇ 'ਤੇ ਇੱਕ ਰੋਜ਼ਾ ਵਰਕਸ਼ਾਪ ਕਰਵਾਈ ਗਈ।ਇਸ ਪ੍ਰੋਗਰਾਮ ਵਿੱਚ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਮੁੱਖ ਮਹਿਮਾਨ ਤੇ ਸੰਯੁਕਤ ਡਾਇਰੈਕਟਰ, ਸੂਚਨਾ ਤਕਨਾਲੋਜੀ ਵਿਭਾਗ, ਪੰਜਾਬ ਸਰਕਾਰ ਦੀਪਇੰਦਰ ਢਿੱਲੋਂ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਇਸ ਮੌਕੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਦੁਨੀਆ ਦੇ ਬਿਹਤਰ ਉੱਦਮੀ ਸਖ਼ਤ ਮਿਹਨਤ ਕਰਕੇ ਆਪਣੀ ਮੰਜ਼ਿਲ 'ਤੇ ਪਹੁੰਚੇ ਹਨ।ਵਪਾਰਕ ਖੇਤਰ ਵਿੱਚ ਪੰਜਾਬ ਸਰਕਾਰ ਦੀਆਂ ਨੀਤੀਆਂ ਤੋਂ ਲਾਭ ਉਠਾਉਣ ਲਈ ਉਨ੍ਹਾਂ ਨੌਜਵਾਨਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਵਪਾਰ ਲਈ ਸਾਜ਼ਗਾਰ ਮਾਹੌਲ ਪੈਦਾ ਕੀਤਾ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਮੁੱਖ ਮੰਤਵ ਪੰਜਾਬ ਦਾ ਵਿਕਾਸ ਕਰਨਾ ਹੈ।ਸਿੱਖਿਆ ਦੇ ਖੇਤਰ ਦੇ ਨਾਲ ਨਾਲ ਉਨ੍ਹਾਂ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਭਾਗ ਲੈਣ ਲਈ ਵੀ ਪ੍ਰੇਰਿਤ ਕੀਤਾ।ਵਿਸ਼ੇਸ਼ ਮਹਿਮਾਨ ਦੀਪਇੰਦਰ ਢਿੱਲੋਂ ਨੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਤੇ ਪੰਜਾਬ ਸਰਕਾਰ ਦੀਆਂ ਵਪਾਰਕ ਕੰਮਾਂ ਨੂੰ ਸਹਾਇਤਾ ਲਈ ਬਣਾਈਆਂ ਨੀਤੀਆਂ ਬਾਰੇ ਜਾਣਕਾਰੀ ਦਿੱਤੀ।

ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਤੋਂ ਸਹਾਇਕ ਪ੍ਰੋਫ਼ੈਸਰ ਡਾ. ਵਿਕਾਸ ਦੀਪ ਨੇ ਬੁਲਾਰੇ ਵਜੋਂ ਉਦਮਤਾ ਤੇ ਵਪਾਰਕ ਕੰਮਾਂ ਦੇ ਅਰਥ ਦੱਸਦੇ ਹੋਏ ਪਾਲਸੀ ਬਾਜ਼ਾਰ, ਉਦਯੋਗ ਤੇ ਕੰਪਨੀਆਂ ਦੇ ਵੱਖ ਵੱਖ ਵਿਸ਼ਿਆਂ ਨੂੰ ਛੂਹਿਆ ਤੇ ਉਨ੍ਹਾਂ ਇਸ ਮੌਕੇ ਜਾਗਰੂਕਤਾ ਤੇ ਫ਼ੈਸਲੇ ਨੂੰ ਵਪਾਰਕ ਖੇਤਰ ਵਿੱਚ ਅਹਿਮੀਅਤ ਦਿੱਤੀ।ਦੂਸਰੇ ਬੁਲਾਰੇ ਸ੍ਰੀ ਅਭਿਸ਼ੇਕ ਸ਼ਰਮਾ ਨੇ ਬਿਜ਼ਨੈੱਸ ਤੇ ਮਾਰਕੀਟਿੰਗ ਦੇ ਨੁਕਤਿਆਂ ਬਾਰੇ ਬੋਲਦੇ ਹੋਏ ਕਿਹਾ ਕਿ ਵਪਾਰਕ ਖੇਤਰ ਵਿੱਚ ਲੋਕਾਂ ਦੀ ਭਾਵਨਾ ਨੂੰ ਦੇਖਦੇ ਹੋਏ ਬਦਲਾਅ ਜ਼ਰੂਰੀ ਹਨ ਤੇ ਮੂਲ ਸਮੱਸਿਆ ਨੂੰ ਪਹਿਚਾਣ ਕੇ ਵਪਾਰ ਦੀ ਸ਼ੁਰੂਆਤ ਕਰਨੀ ਚਾਹੀਦੀ ਹੈ।

ਤੀਸਰੇ ਬੁਲਾਰੇ ਮਨਦੀਪ ਕੌਰ ਟਾਂਗਰਾ ਨੇ ਆਪਣੇ ਪਿਛੋਕੜ ਬਾਰੇ ਦੱਸਦੇ ਹੋਏ ਕਿਹਾ ਕਦੇ ਵੀ ਆਪਣੇ ਆਪ ਨੂੰ ਸਿਖਰ ਨਹੀਂ ਸਮਝਣਾ ਚਾਹੀਦਾ।ਉਨ੍ਹਾਂ ਨੇ ਭਾਰਤੀ ਸਿੱਖਿਆ ਤੇ ਅਧਿਆਪਕਾਂ ਨੂੰ ਉੱਤਮ ਦੱਸਿਆ।ਵਰਕਸ਼ਾਪ ਵਿੱਚ ਕੁੱਲ 275 ਭਾਗੀਦਾਰ ਸ਼ਾਮਲ ਹੋਏ।ਅੰਤ ਵਿੱਚ ਸਮੂਹ ਮਹਿਮਾਨਾਂ ਦਾ ਰਸਮੀ ਤੌਰ 'ਤੇ ਧੰਨਵਾਦ ਡਾਇਰੈਕਟਰ ਕਾਂਸਟੀਚੂਐਂਟ ਕਾਲਜਾਂ ਡਾ. ਅਮਰ ਇੰਦਰ ਸਿੰਘ ਨੇ ਕੀਤਾ ਤੇ ਮਹਿਮਾਨਾਂ ਨੂੰ ਸਨਮਾਨਤ ਕੀਤਾ ਗਿਆ। ਕਾਲਜ ਪ੍ਰਿੰਸੀਪਲ ਨੇ ਸਮੂਹ ਮਹਿਮਾਨਾਂ ਦਾ ਰਸਮੀ ਜੀ ਆਇਆਂ ਨੂੰ ਕਿਹਾ।ਸਟੇਜ ਸੰਚਾਲਨ ਦੀ ਭੂਮਿਕਾ ਪ੍ਰੋ. ਰਜਿੰਦਰ ਸਿੰਘ ਤੇ ਡਾ. ਹਰਪ੍ਰੀਤ ਸਿੰਘ ਵੱਲੋਂ ਨਿਭਾਈ ਗਈ।

# ਬੋਹਲ ਦੀ ਰਾਖੀ ਬੱਕਰਾ, ਗੋਲਕ 'ਚੋਂ 20 ਲੱਖ ਡਾਲਰ ਦੀ ਲੁੱਟ

**ਵਿਨੀਪੈੱਗ :** ਵਿਨੀਪੈਗ ਦੇ ਗੁਰਦੁਆਰਾ ਕਲਗੀਧਰ ਦਰਬਾਰ ਵਿਚ 2011 ਤੋਂ 2024 ਤੱਕ ਗ੍ਰੰਥੀ ਸਿੰਘ ਵਜੋਂ ਸੇਵਾਵਾਂ ਨਿਭਾਉਣ ਵਾਲੇ ਸੁਖਵਿੰਦਰ ਸਿੰਘ ਨੇ ਇਕ ਹਜ਼ਾਰ ਡਾਲਰ ਪ੍ਰਤੀ ਮਹੀਨਾ ਤਨਖ਼ਾਹ ਹੋਣ ਦੇ ਬਾਵਜੂਦ 3. 32 ਲੱਖ ਡਾਲਰ ਮੁੱਲ ਵਾਲਾ ਘਰ ਬਗੈਰ ਕਰਜ਼ੇ ਤੋਂ ਖ਼ਰੀਦ ਲਿਆ। ਗੁਰਦੁਆਰਾ ਸਾਹਿਬ ਵਿਚ ਉਸ ਦੀ ਰਿਹਾਇਸ਼ ਵਾਲੇ ਕਮਰੇ ਵਿਚੋਂ 4.10 ਲੱਖ ਡਾਲਰ ਤੋਂ ਵੱਧ ਰਕਮ ਵੱਖਰੇ ਤੌਰ 'ਤੇ ਬਰਾਮਦ ਕੀਤੀ ਗਈ। ਇਸ ਗ੍ਰੰਥੀ ਸਿੰਘ ਵੱਲੋਂ ਗੁਰਦੁਆਰਾ ਸਾਹਿਬ ਦੀ ਗੋਲਕ ਵਿੱਚੋਂ 20 ਲੱਖ ਡਾਲਰ ਲੁੱਟਣ ਦਾ ਕਥਿਤ ਮਾਮਲਾ ਸਾਹਮਣੇ ਆਇਆ ਹੈ ਅਤੇ ਅਦਾਲਤ ਵੱਲੋਂ ਬੇਹਿਸਾਬੀ ਜਾਇਦਾਦ ਦਾ ਹਿਸਾਬ-ਕਿਤਾਬ ਪੇਸ਼ ਕਰਨ ਦੇ ਹੁਕਮ ਦਿੱਤੇ ਗਏ ਹਨ। ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦੱਸਿਆ ਕਿ ਫਰਵਰੀ 2024 ਵਿਚ ਸੁਖਵਿੰਦਰ ਸਿੰਘ ਦੀ ਤਨਖ਼ਾਹ ਇਕ ਹਜ਼ਾਰ ਡਾਲਰ ਪ੍ਰਤੀ ਮਹੀਨਾ ਤੋਂ ਵਧਾ ਕੇ 1500 ਡਾਲਰ ਮਹੀਨਾ ਕੀਤੀ ਗਈ। ਸੀਮਤ ਤਨਖ਼ਾਹ ਦੇ ਬਾਵਜੂਦ ਲੱਖਾਂ ਡਾਲਰ ਦੀ ਬਰਾਮਦਗੀ ਬਾਰੇ ਅਦਾਲਤ ਨੇ ਸਪੱਸ਼ਟੀਕਰਨ ਮੰਗਿਆ ਤਾਂ ਸੁਖਵਿੰਦਰ ਸਿੰਘ ਦੇ ਵਕੀਲ ਸਟੀਵਨ ਬਰੇਨ ਵੱਲੋਂ ਮੋਹਲਤ ਦੀ ਮੰਗ ਕੀਤੀ ਗਈ ਪਰ ਰਾਹਤ ਨਾ ਮਿਲ ਸਕੀ।

ਮੈਨੀਟੋਬਾ ਕੋਰਟ ਆਫ਼ ਕਿੰਗਜ਼ ਬੈਂਚ ਦੀ ਜਸਟਿਸ ਸਾਰਾ ਇਨੈਸ ਨੇ ਕਿਹਾ ਕਿ ਅਪਰਾਧਿਕ ਮਾਮਲੇ ਦੀ ਸੁਣਵਾਈ ਦੌਰਾਨ ਸੁਖਵਿੰਦਰ ਸਿੰਘ ਨੂੰ ਚੁੱਪ ਰਹਿਣ ਦਾ ਹੱਕ ਹੈ ਪਰ ਸਿਵਲ ਕਾਰਵਾਈ ਦੌਰਾਨ ਇਹ ਹੱਕ ਨਹੀਂ ਮਿਲਦਾ ਅਤੇ ਜਾਇਦਾਦ ਦਾ ਹਿਸਾਬ-ਕਿਤਾਬ ਦੇਣਾ ਹੀ ਪਵੇਗਾ। ਦੱਸ ਦੇਈਏ ਕਿ ਸੁਖਵਿੰਦਰ ਸਿੰਘ ਵਿਰੁੱਧ ਅਪਰਾਧਿਕ ਮੁਕੱਦਮਾ ਫਰਵਰੀ ਵਿਚ ਸ਼ੁਰੂ ਹੋਣਾ ਹੈ। ਰਿਪੋਰਟ ਮੁਤਾਬਕ ਸੁਖਵਿੰਦਰ ਸਿੰਘ ਉੱਤੇ ਸ਼ੱਕ ਹੋਣ ਮਗਰੋਂ ਪ੍ਰਬੰਧਕ ਕਮੇਟੀ ਵੱਲੋਂ ਸੀ.ਸੀ.ਟੀ.ਵੀ. ਕੈਮਰਾ ਲਗਵਾਇਆ ਗਿਆ, ਜੋ ਪਹਿਲੀ ਵਾਰ 18 ਮਿੰਟ ਬੰਦ ਰਿਹਾ, ਜਿਸ ਤੋਂ ਯਕੀਨ ਹੋ ਗਿਆ ਕਿ ਗੋਲਕ ਵਿੱਚੋਂ ਨਕਦੀ ਕੱਢੀ ਗਈ। ਅਦਾਲਤ ਵਿਚ ਲੱਗੇ ਦੋਸ਼ਾਂ ਮੁਤਾਬਕ ਦੂਜੇ ਕੈਮਰੇ ਦੀ ਫੁਟੇਜ ਵਿੱਚ ਸਿੰਘ ਨੂੰ ਗੁਰੂ ਘਰ ਦੇ ਗੋਲਕ ਵਿੱਚੋਂ ਨਕਦੀ ਕੱਢਦੇ ਹੋਏ ਵੇਖਿਆ ਗਿਆ। ਕੈਮਰੇ ਵਿਚ ਸੁਖਵਿੰਦਰ ਸਿੰਘ ਸਾਫ਼ ਤੌਰ 'ਤੇ ਗੋਲਕ ਵਿਚੋਂ ਨਕਦੀ ਕੱਢਦਿਆਂ ਨਜ਼ਰ ਆ ਰਿਹਾ ਹੈ। ਮੁਕੱਦਮੇ ਵਿੱਚ ਦੋਸ਼ ਲਗਾਇਆ ਗਿਆ ਹੈ ਕਿ ਪੈਸੇ, ਜਿਸ ਵਿੱਚ ਮੁੱਖ ਤੌਰ 'ਤੇ 100, 50 ਅਤੇ 20 ਡਾਲਰਾਂ ਦੇ ਨੋਟ ਸਨ, ਬੈੱਡ-ਸ਼ੀਟਾਂ ਵਿੱਚ ਲਪੇਟੇ ਹੋਏ ਪਲਾਸਟਿਕ ਦੇ ਡੱਬਿਆਂ ਵਿੱਚ ਛੁਪਾਏ ਗਏ ਸਨ। ਮੁਕੱਦਮੇ ਵਿੱਚ ਕਿਹਾ ਗਿਆ ਹੈ ਕਿ ਹੋਰ ਜਾਂਚ ਵਿੱਚ ਗੁਰਦੁਆਰੇ ਵਿੱਚ ਸਿੰਘ ਦੇ ਰਹਿਣ ਵਾਲੇ ਕਮਰੇ ਵਿਚੋਂ 410,000 ਡਾਲਰ ਤੋਂ ਵੱਧ ਨਕਦੀ ਮਿਲੀ। ਕਲਗੀਧਰ ਸੰਸਥਾ ਵੱਲੋਂ ਪੁਲਸ ਨੂੰ ਇਸ ਦੀ ਰਿਪੋਰਟ ਕਰਨ ਤੋਂ ਬਾਅਦ ਪੈਸੇ ਜ਼ਬਤ ਕਰ ਲਏ ਗਏ ਸਨ ਤੇ ਗ੍ਰੰਥੀ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਸੀ।

## ਜਬਰ-ਜ਼ਨਾਹ ਤੋਂ ਬਾਅਦ ਹੱਤਿਆ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**-ਨੇੜਲੇ ਪਿੰਡ ਮਨਸੂਹਾ ਖੁਰਦ ਵਿਖੇ ਪ੍ਰਵਾਸੀ ਔਰਤ ਨਾਲ ਜਬਰ ਜ਼ਿਨਾਹ ਕਰਨ ਤੋਂ ਬਾਅਦ ਉਸ ਦੀ ਹੱਤਿਆ ਕਰ ਦਿੱਤੀ ਗਈ। ਬੇਲਾ ਪੁਲਸ ਥਾਣੇ ਵਿੱਚ ਦਰਜ ਐੱਫ ਆਈ ਆਰ ਅਨੁਸਾਰ ਖੈਰਾਬਾਦ ਦੇ ਸਿਰਾਜ ਅਹਿਮਦ ਨੂਰੀ ਨੇ ਦੱਸਿਆ ਕਿ ਉਸਦੇ ਭਰਾ ਮਹਿਰਾਜ ਅਹਿਮਦ ਦੀ ਪਤਨੀ ਸ਼ਾਕਰਾ ਬਾਨੂ (46) ਮਨਸੂਹਾ ਖੁਰਦ ਵਿਖੇ ਇੱਕ ਸ਼ੈਲਰ ਵਿੱਚ ਕੰਮ ਕਰਦੀ ਸੀ।ਸ਼ਨਿੱਚਰਵਾਰ ਸ਼ਾਮ ਜਦੋਂ ਉਹ ਘਰ ਨਾ ਪਰਤੀ ਤਾਂ ਭਾਲ ਕਰਨ 'ਤੇ ਮਨਸੂਹਾ ਤੋਂ ਰੋਪੜ ਨੂੰ ਜਾਣ ਵਾਲੇ ਕੱਚੇ ਰਸਤੇ 'ਤੇ ਚੱਪਲਾਂ ਅਤੇ ਸ਼ਰਾਬ ਦੀਆਂ ਖਾਲੀ ਬੋਤਲਾਂ ਪਈਆਂ ਮਿਲੀਆਂ। ਥੋੜ੍ਹਾ ਅੱਗੇ ਸ਼ਾਕਰਾ ਬਾਨੂ ਦੀ ਲਾਸ਼ ਅੱਧਨੰਗੀ ਹਾਲਤ ਵਿੱਚ ਮਿਲੀ। ਪੁਲਸ ਨੇ ਅਣਪਛਾਤੇ ਵਿਅਕਤੀਆਂ ਵਿਰੁੱਧ ਬੀ ਐੱਨ ਐੱਸ ਦੀਆਂ ਧਾਰਾਵਾਂ 103 ਅਤੇ 64 ਅਧੀਨ ਮੁਕੱਦਮਾ ਦਰਜ ਕਰਕੇ ਇੱਕ ਸ਼ੱਕੀ ਵਿਅਕਤੀ ਨੂੰ ਗ੍ਰਿਫਤਾਰ ਕਰਕੇ ਹੋਰਨਾਂ ਦੋਸ਼ੀਆਂ ਨੂੰ ਜਲਦ ਗ੍ਰਿਫਤਾਰ ਕਰਨ ਦਾ ਦਾਅਵਾ ਕੀਤਾ ਹੈ।

## ਅੱਜ-ਨਾਮਾ

ਲੁਧਿਆਣੇ ਬਾਰੇ ਪੰਜਾਬ ਦੇ ਲੋਕ ਜਾਣਨ,
ਕਾਰੋਬਾਰ ਦਾ ਕੇਂਦਰ ਆ ਸ਼ਹਿਰ ਮੀਆਂ।
ਲੱਖਾਂ ਲੋਕਾਂ ਨੂੰ ਦਿੰਦਾ ਰੁਜ਼ਗਾਰ ਸੁਣਿਆ,
ਧਮਕਾਂ ਪੈਂਦੀਆਂ ਈ ਅੱਠੇ ਪਹਿਰ ਮੀਆਂ।
ਸਿਖਰਾਂ ਤੀਕ ਪਰਦੂਸ਼ਣ ਵੀ ਬਹੁਤ ਓਥੇ,
ਹਵਾ-ਪਾਣੀ ਦੇ ਵਿੱਚ ਆ ਜ਼ਹਿਰ ਮੀਆਂ।
ਟੈਕਸ ਚੋਰੀ ਦੀ ਅੱਜ ਆ ਖਬਰ ਪਹੁੰਚੀ,
ਕਾਰੋਬਾਰ ਦੀ ਤਹਿ ਵਿੱਚ ਕਹਿਰ ਮੀਆਂ।
ਕਰੋੜਾਂ, ਅਰਬਾਂ ਦੀ ਰਹੀ ਨਾ ਗੱਲ ਜਾਪੇ,
ਖਰਬਾਂ ਤੀਕ ਵੀ ਗੱਲ ਨਹੀਂ ਰਹੀ ਮੀਆਂ।
ਵਹਿਣ ਘਪਲਿਆਂ ਦਾ ਜਿੱਦਾਂ ਵਹੀ ਜਾਂਦਾ,
ਜਾਂਦੀ ਬਾਤ ਨਹੀਂ ਖੁੱਲ੍ਹੀ ਹੈ ਕਹੀ ਮੀਆਂ।

-ਤੀਸ ਮਾਰ ਖਾਂ

## ਬੀ ਕੇ ਯੂ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੀ ਮੀਟਿੰਗ



**ਦਿੜ੍ਹਬਾ (ਜਸਵੀਰ ਲਾਡੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਲਾਕ ਦਿੜ੍ਹਬਾ ਦੀ ਮੀਟਿੰਗ ਬਲਾਕ ਪ੍ਰਧਾਨ ਭਰਭੂਰ ਸਿੰਘ ਮੌੜਾਂ ਤੇ ਬਲਾਕ ਪ੍ਰੈੱਸ ਸਕੱਤਰ ਚਰਨਜੀਤ ਸਿੰਘ ਘਨੌੜ ਸੰਤਪੁਰਾ ਦੀ ਅਗਵਾਈ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਬਲਾਕ ਪ੍ਰਧਾਨ ਭਰਭੂਰ ਸਿੰਘ ਮੌੜਾਂ ਨੇ ਕਿਹਾ ਕਿ ਹਾੜ੍ਹੀ ਦੇ ਫੰਡਾਂ ਦਾ ਹਿਸਾਬ ਕਿਤਾਬ ਕੀਤਾ ਗਿਆ ਤੇ ਸਾਉਣੀ ਦੇ ਫੰਡ ਇਕੱਠਾ ਕਰਨ ਲਈ ਪਿੰਡ ਇਕਾਈਆਂ ਨੂੰ ਨਵੀਆਂ ਰਸੀਦ ਬੁੱਕਾਂ ਦਿੱਤੀਆਂ ਗਈਆਂ। ਮੀਟਿੰਗ ਨੂੰ ਸੰਬੋਧਨ ਕਰਦਿਆਂ ਬਲਾਕ ਆਗੂ ਹਰਜੀਤ ਸਿੰਘ ਮਹਿਲਾ ਨੇ ਦੱਸਿਆ ਕਿ ਬੀਤੇ ਦਿਨੀਂ ਮਾਝੇ ਤੇ ਦੁਆਬੇ ਏਰੀਏ ਅੰਦਰ ਹੜ੍ਹਾਂ ਨੇ ਵੱਡੀ ਪੱਧਰ ਉੱਤੇ ਤਬਾਹੀ ਮਚਾਈ ਹੈ, ਹੜ੍ਹਾਂ ਨਾਲ ਬਹੁਤ ਵੱਡਾ ਜਾਨੀ-ਮਾਲੀ ਨੁਕਸਾਨ ਹੋਇਆ ਹੈ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਤਰਫੋਂ ਹੜ੍ਹ ਪੀੜਤ ਲੋਕਾਂ ਦੀ ਹਰ ਸੰਭਵ ਮਦਦ ਕੀਤੀ ਜਾ ਰਹੀ ਹੈ, ਪੂਰੇ ਪੰਜਾਬ ਅੰਦਰ ਕਣਕ ਦੀ ਬਜਾਈ ਦਾ ਜ਼ੋਰ ਚੱਲ ਰਿਹਾ ਹੈ, ਹਰ ਇੱਕ ਕਿਸਾਨ ਆਪਣੀ ਕਣਕ ਸਮੇਂ ਸਿਰ ਬੀਜਣਾ ਚਾਹੁੰਦਾ ਹੈ, ਪਰ ਮੌਕੇ ਦੀਆਂ ਸਰਕਾਰਾਂ ਕਿਸਾਨਾਂ ਨੂੰ ਤੰਗ ਪ੍ਰੇਸ਼ਾਨ ਕਰ ਰਹੀ ਹੈ, ਛੋਟੇ ਕਿਸਾਨਾਂ ਨੂੰ ਕਣਕ ਬੀਜਣ ਵਾਸਤੇ ਬਹੁਤ ਮੁਸ਼ਕਲ ਆ ਰਹੀ ਹੈ ਕਿਉਂਕਿ ਉਨ੍ਹਾਂ ਕੋਲ ਵੱਡੇ ਸਾਧਨ ਨਹੀਂ ਹਨ, ਪਰ ਦੂਜੇ ਪਾਸੇ ਸਰਕਾਰ ਕਿਸਾਨਾਂ ਦੇ ਉੱਪਰ ਪਰਾਲ਼ੀ ਦਾ ਬਹਾਨਾ ਬਣਾ ਕੇ ਪਰਚੇ ਪਾ ਰਹੀ ਹੈ। ਪਿਛਲੇ ਦਿਨੀਂ ਪਿੰਡ ਲੱਡੀ ਵਿਖੇ ਪੁਲਸ ਦੇ ਉੱਚ ਅਧਿਕਾਰੀ ਡੀ ਐੱਸ ਪੀ ਆਰ ਸੁਖਦੇਵ ਸਿੰਘ ਵੱਲੋਂ ਕਿਸਾਨਾਂ ਨੂੰ ਭੱਦੀ ਸ਼ਬਦਾਵਲੀ ਬੋਲੀ ਗਈ ਤੇ ਧਮਕੀਆਂ ਵੀ ਦਿੱਤੀਆਂ ਗਈਆਂ, ਅਸੀਂ ਉਸ ਦੀ ਪੁਰਜ਼ੋਰ ਨਿੰਦਾ ਕਰਦੇ ਹਾਂ ਅਤੇ ਉਸ ਦੇ ਹੈਂਕੜਬਾਜ਼ ਰਵੱਈਏ ਖਿਲਾਫ 10 ਨਵੰਬਰ ਨੂੰ ਡਿਪਟੀ ਕਮਿਸ਼ਨਰ ਦੇ ਦਫ਼ਤਰ ਅੱਗੇ ਰੋਸ ਪ੍ਰਦਰਸ਼ਨ ਕਰਦੇ ਹੋਏ ਧਰਨਾ ਦਿੱਤਾ ਜਾਵੇਗਾ। ਇਸ ਮੀਟਿੰਗ 'ਚ ਮਿਸ਼ਰਾ ਸਿੰਘ ਨਿਹਾਲਗੜ੍ਹ, ਜੋਗਿੰਦਰ ਸਿੰਘ ਖੇੜੀ, ਜਸਵੰਤ ਸਿੰਘ ਸਮੂੰਰਾਂ, ਹਰਬੰਸ ਸਿੰਘ ਦਿੜ੍ਹਬਾ, ਜਗਜੀਤ ਸਿੰਘ ਮਹਿਲਾਂ, ਕੁਲਦੀਪ ਸਿੰਘ ਮਹਿਲਾਂ, ਮੇਜ਼ਰ ਸਿੰਘ ਕੌਹਰੀਆਂ ਤੋਂ ਇਲਾਵਾ ਪਿੰਡ ਇਕਾਈਆਂ ਦੇ ਪ੍ਰਧਾਨ, ਜਨਰਲ ਸਕੱਤਰ, ਖਜ਼ਾਨਚੀ ਆਦਿ ਹਾਜ਼ਰ ਸਨ।

## ਬਰੌਂਡਵੇ ਪਬਲਿਕ ਸਕੂਲ ਵੱਲੋਂ ਪਿੰਗਲਵਾੜੇ ਨੂੰ ਇੱਕ ਲੱਖ 23 ਹਜ਼ਾਰ ਨਕਦੀ ਤੇ ਸਾਮਾਨ ਦਾਨ




**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਬਰੌਂਡਵੇ ਪਬਲਿਕ ਸਕੂਲ ਮਨਾਲ (ਬਰਨਾਲਾ) ਨੇ ਗੁਰੂ ਨਾਨਕ ਦੇਵ ਜੀ ਦੇ ਅਵਤਾਰ ਪੁਰਬ ਨੂੰ ਸਮਰਪਤ ਸੇਵਾ ਭਾਵਨਾ ਅਤੇ ਮਨੁੱਖਤਾ ਨਾਲ ਜੁੜਨ ਦੀ ਸਹੀ ਉਦਾਹਰਨ ਪੇਸ਼ ਕਰਦਿਆਂ ਪਿੰਗਲਵਾੜਾ ਚੈਰੀਟੇਬਲ ਟਰੱਸਟ ਸੰਗਰੂਰ ਬਰਾਂਚ ਲਈ ਕੱਪੜੇ, ਰਾਸ਼ਨ, ਸਟੇਸ਼ਨਰੀ ਤੇ ਨਕਦ ਰਾਸ਼ੀ ਦਾਨ ਕੀਤੀ।ਸਕੂਲ ਵੱਲੋਂ ਇਹ ਅਭਿਆਨ 'ਦਾਨ ਦੀ ਸੰਸਕਾਰ-ਸਹਿਯੋਗ ਦੀ ਤਾਕਤ' ਨਾਂਅ ਹੇਠ ਚਲਾਇਆ ਗਿਆ, ਜਿਸ ਵਿੱਚ ਨਰਸਰੀ ਤੋਂ ਬਾਰ੍ਹਵੀਂ ਸ਼੍ਰੇਣੀ ਤੱਕ ਦੇ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਹਿੱਸਾ ਪਾਇਆ।ਵਿਦਿਆਰਥੀਆਂ ਦੇ ਮਾਪਿਆਂ ਦੇ ਭਰਪੂਰ ਸਹਿਯੋਗ ਸਦਕਾ ਭਾਰੀ ਮਾਤਰਾ 'ਚ ਕੱਪੜੇ, ਰਾਸ਼ਨ, ਜੁੱਤੇ ਤੇ ਸਟੇਸ਼ਨਰੀ ਦੇ ਸਮਾਨ ਦੇ ਨਾਲ਼ ਨਾਲ਼ 1 ਲੱਖ 23 ਹਜ਼ਾਰ ਰੁਪਏ ਦੀ ਨਕਦ ਰਾਸ਼ੀ ਪਿੰਗਲਵਾੜਾ ਬ੍ਰਾਂਚ ਸੰਗਰੂਰ ਦੇ ਪ੍ਰਬੰਧਕਾਂ ਨੂੰ ਸੌਂਪੀ ਗਈ।ਪ੍ਰਬੰਧਕਾਂ ਨੇ ਸਕੂਲ ਚੇਅਰਮੈਨ ਰਣਜੀਤ ਸਿੰਘ ਚੀਮਾ, ਪ੍ਰਿੰਸੀਪਲ ਮੁਹੰਮਦ ਆਰਿਫ਼ ਸੈਫ਼ੀ, ਡਾਇਰੈਕਟਰ ਮੈਡਮ ਸ੍ਰੀਮਤੀ ਨਵਰੀਤ ਕੌਰ ਚੀਮਾ, ਸਮੂਹ ਸਟਾਫ਼ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਇਹ ਯੋਗਦਾਨ ਨਾ ਸਿਰਫ਼ ਇੱਕ ਸਹਾਇਤਾ ਹੈ, ਸਗੋਂ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਵੀ ਹੈ, ਜੋ ਨਵੀਂ ਪੀੜ੍ਹੀ ਨੂੰ ਸੰਵੇਦਨਸ਼ੀਲ ਬਣਾਉਂਦੀ ਹੈ।ਸਕੂਲ ਪ੍ਰਿੰਸੀਪਲ ਮੁਹੰਮਦ ਆਰਿਫ ਸੈਫ਼ੀ ਨੇ ਕਿਹਾ ਕਿ ਸਾਡਾ ਉਦੇਸ਼ ਸਿਰਫ਼ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਹੀ ਦੇਣਾ ਨਹੀਂ, ਸਗੋਂ ਬੱਚਿਆਂ ਨੂੰ ਮਨੁੱਖਤਾ ਨਾਲ ਜੋੜ ਕੇ ਉਹਨਾਂ ਨੂੰ ਸਮਾਜ ਦੇ ਇੱਕ ਜ਼ਿੰਮੇਵਾਰ ਨਾਗਰਿਕ ਵੀ ਬਣਾਉਣਾ ਹੈ।

## ਨੌਲੱਖਾ 'ਚ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਸ਼ਤਾਬਦੀ ਮਨਾਈ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਨੌਵੇਂ ਪਾਤਸ਼ਾਹ ਗੁਰੂ ਤੇਗ ਬਹਾਦਰ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਪਿੰਡ ਨੌਲੱਖਾ ਵਿਖੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਸਦਕਾ ਹਿੰਦ ਦੀ ਚਾਦਰ ਗੁਰੂ ਤੇਗ ਬਹਾਦਰ ਜੀ ਦੀ 350ਵੀਂ ਸ਼ਤਾਬਦੀ ਮਨਾਈ ਗਈ, ਜਿੱਥੇ ਰਾਗੀ ਸਿੰਘਾਂ ਵੱਲੋਂ ਗੁਰਬਾਣੀ ਜਸ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਗਿਆ, ਉਥੇ ਬੁੱਧੀਜੀਵੀ ਬੁਲਾਰਿਆਂ ਨੇ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਸਬੰਧੀ ਚਾਨਣਾ ਪਾਇਆ।ਵਿਧਾਇਕ ਲਖਬੀਰ ਸਿੰਘ ਰਾਏ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਉਨ੍ਹਾਂ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਕੀਤਾ ਗਿਆ ਉਪਰਾਲਾ ਬਹੁਤ ਸ਼ਲਾਘਾਯੋਗ ਹੈ।ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਗੁਰੂ ਤੇਗ ਬਹਾਦਰ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਨੂੰ ਸੂਬੇ ਭਰ ਦੇ ਵਿੱਚ ਉਤਸ਼ਾਹ ਦੇ ਨਾਲ ਮਨਾਇਆ ਜਾ ਰਿਹਾ ਹੈ, ਜਿੱਥੇ ਗੁਰੂ ਜੀ ਦੇ ਜੀਵਨ ਉੱਪਰ ਲਾਈਟ ਐਂਡ ਸਾਊਂਡ ਪ੍ਰੋਗਰਾਮ ਕੀਤੇ ਜਾ ਰਹੇ ਹਨ, ਉਥੇ ਵੱਖ-ਵੱਖ ਥਾਂਵਾਂ ਉੱਤੇ ਜਿੱਥੇ ਜਿੱਥੇ ਗੁਰੂ ਸਾਹਿਬ ਜੀ ਦੀ ਚਰਨ ਛੋਹ ਹੈ ਉੱਥੇ ਕੀਰਤਨ ਦਰਬਾਰ ਕਰਵਾ ਕੇ ਸੰਗਤਾਂ ਨੂੰ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ।ਇੱਥੇ ਹੀ ਬੱਸ ਨਹੀਂ ਪੰਜਾਬ ਸਰਕਾਰ ਵੱਲੋਂ 23, 24 ਤੇ 25 ਨਵੰਬਰ ਨੂੰ ਆਨੰਦਪੁਰ ਸਾਹਿਬ ਵਿਖੇ ਸੂਬਾ ਪੱਧਰੀ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਗਿਆ ਹੈ, ਜੋ ਆਪਣੇ ਆਪ ਦੇ ਵਿੱਚ ਵਿਲੱਖਣ ਹੋਣਗੇ।ਪਿੰਡ ਨੌਲੱਖਾ ਦੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵੱਲੋਂ ਰਾਗੀ ਸਿੰਘਾਂ ਸਮੇਤ ਆਏ ਮਹਿਮਾਨਾਂ ਨੂੰ ਸਿਰੋਪਾਓ ਭੇਟ ਕੀਤੇ ਗਏ।

## 'ਜਨ, ਗਨ, ਮਨ' ਦੇ 150 ਸਾਲ ਪੂਰੇ ਹੋਣ 'ਤੇ ਸਮਾਗਮ ਕਰਾਇਆ



**ਅਜੀਤਵਾਲ (ਨਛੱਤਰ ਸੰਧੂ)**-ਹੋਲੀ ਹਾਰਟ ਸਕੂਲ ਅਜੀਤਵਾਲ ਵੱਲੋਂ ਦੇਸ਼ ਦੇ ਰਾਸ਼ਟਰੀ ਗੀਤ 'ਜਨ ਗਣ ਮਨ' ਦੇ 150 ਸਾਲ ਪੂਰੇ ਹੋਣ ਦੇ ਸਬੰਧ ਵਿੱਚ ਸ਼ਾਨਦਾਰ ਸਮਾਰੋਹ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਚੇਅਰਮੈਨ ਸ਼੍ਰੀ ਸੁਭਾਸ਼ ਪਲਤਾ, ਪ੍ਰਿੰਸਿਪਲ ਮੈਡਮ, ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਜੋਸ਼ ਤੇ ਦੇਸ਼ਭਕਤੀ ਨਾਲ ਭਰਪੂਰ ਹਿੱਸਾ ਲਿਆ।ਸਮਾਰੋਹ ਦੀ ਸ਼ੁਰੂਆਤ ਰਾਸ਼ਟਰੀ ਗੀਤ ਦੇ ਗਾਇਨ ਨਾਲ ਹੋਈ।ਵਿਦਿਆਰਥੀਆਂ ਵੱਲੋਂ ਮਹਾਨ ਕਵੀ ਰਬਿੰਦਰਨਾਥ ਟੈਗੋਰ ਜੀ ਦੇ ਜੀਵਨ ਤੇ ਉਨ੍ਹਾਂ ਵੱਲੋਂ ਰਚੇ ਗੀਤ ਦੇ ਇਤਿਹਾਸ ਬਾਰੇ ਜਾਣਕਾਰੀ ਪੇਸ਼ ਕੀਤੀ ਗਈ।ਬੱਚਿਆਂ ਨੇ ਦੇਸ਼-ਪ੍ਰੇਮ ਨਾਲ ਭਰੇ ਗੀਤ, ਕਵਿਤਾਵਾਂ ਤੇ ਭਾਸ਼ਣਾਂ ਰਾਹੀਂ ਦਰਸ਼ਕਾਂ ਦਾ ਮਨ ਮੋਹ ਲਿਆ। ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਨੇ ਕਿਹਾ ਕਿ ਜਨ-ਗਨ-ਮਨ ਸਾਡੀ ਏਕਤਾ, ਭਾਈਚਾਰੇ ਤੇ ਅਖੰਡਤਾ ਦਾ ਪ੍ਰਤੀਕ ਹੈ।ਇਸ ਤਰ੍ਹਾਂ ਦੇ ਸਮਾਰੋਹ ਵਿਦਿਆਰਥੀਆਂ 'ਚ ਰਾਸ਼ਟਰੀ ਗਰਵ ਤੇ ਚੇਤਨਾ ਜਗਾਉਂਦੇ ਹਨ।ਸਮਾਰੋਹ ਦੇ ਅੰਤ 'ਤੇ ਸਾਰੇ ਹਾਜ਼ਰ ਵਿਅਕਤੀਆਂ ਨੇ ਖੜੇ ਹੋ ਕੇ ਰਾਸ਼ਟਰੀ ਗੀਤ ਗਾ ਕੇ ਦੇਸ਼ ਪ੍ਰਤੀ ਆਪਣੀ ਸ਼ਰਧਾ ਪ੍ਰਗਟਾਈ।ਸਮਾਗਮ ਦਾ ਸਮਾਪਨ ਵਾਹ-ਵਾਹ ਤੇ ਤਾੜੀਆਂ ਦੀ ਗੂੰਜ ਨਾਲ ਹੋਇਆ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ :** 0181-5097300, **ਸਮਾਚਾਰ ਵਿਭਾਗ :** 0181-5097310, **ਈ-ਮੇਲ : nawanzamana@gmail.com * Web : www.nawanzamana.in**

CMYK

10 Nov Page 3.qxd 11/9/2025 10:22 PM Page 1



# ਸ਼੍ਰੋਮਣੀ ਅਕਾਲੀ ਦਲ ਵੱਲੋਂ ਪ੍ਰਿੰ. ਰੰਧਾਵਾ ਦੇ ਹੱਕ 'ਚ ਵਿਸ਼ਾਲ ਚੋਣ ਰੈਲੀ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)-** ਵਿਧਾਨ ਸਭਾ ਹਲਕਾ ਤਰਨਤਾਰਨ ਤੋਂ ਜ਼ਿਮਨੀ ਚੋਣ ਲਈ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਪ੍ਰਿੰ. ਸੁਖਵਿੰਦਰ ਕੌਰ ਰੰਧਾਵਾ ਦੇ ਹੱਕ ਵਿੱਚ ਝਬਾਲ ਵਿਖੇ ਕਰਵਾਈ ਗਈ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ



ਸ਼੍ਰੋਮਣੀ ਅਕਾਲੀ ਦਲ ਦੀ ਜਿੱਤ ਹੁੰਦੀ ਵੇਖ ਕੇ ਬੁਖਲਾਹਟ ਵਿੱਚ ਆਈ ਆਪ ਸਰਕਾਰ ਨੇ ਅਕਾਲੀ ਆਗੂਆਂ ਨੂੰ ਚੋਣ ਤੋਂ ਪਹਿਲਾਂ ਘਰਾਂ ਵਿੱਚੋਂ ਚੁੱਕਣਾ ਸ਼ੁਰੂ ਕਰ ਦਿੱਤਾ ਹੈ ਜਿਸ ਦਾ ਜਵਾਬ ਹਲਕੇ ਦੇ ਲੋਕ 11 ਨਵੰਬਰ ਨੂੰ ਦੇਣਗੇ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸਾਥੀਆਂ ਸਮੇਤ ਸ਼ਾਮਲ ਹੋਏ ਮਰਹੂਮ ਪ੍ਰੇਮ ਸਿੰਘ ਲਾਲਪੁਰਾ ਦੇ ਸਪੁੱਤਰ ਦਲਜੀਤ ਸਿੰਘ ਲਾਲਪੁਰਾ ਨੂੰ ਸੁਖਬੀਰ ਸਿੰਘ ਬਾਦਲ ਵੱਲੋਂ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪ੍ਰਿੰ. ਸੁਖਵਿੰਦਰ ਸਿੰਘ ਰੰਧਾਵਾ, ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਦਲਜੀਤ ਸਿੰਘ ਚੀਮਾ, ਗੁਲਜ਼ਾਰ ਸਿੰਘ ਰਣੀਕੇ, ਸਿਕੰਦਰ ਸਿੰਘ ਮਲੂਕਾ, ਕੰਚਨਪ੍ਰੀਤ ਕੌਰ, ਸਰਪੰਚ ਮਨਜੀਤ ਕੌਰ, ਗੌਰਵਦੀਪ ਸਿੰਘ ਵਲਟੋਹਾ, ਰਵਿੰਦਰ ਸਿੰਘ ਬ੍ਰਹਮਪੁਰਾ, ਸ਼੍ਰੋਮਣੀ ਕਮੇਟੀ ਮੈਂਬਰ ਗੁਰਬਚਨ ਸਿੰਘ ਕਰਮੂੰਵਾਲ, ਪ੍ਰਧਾਨ ਅਰਵਿੰਦਰਪਾਲ ਸਿੰਘ ਪੱਖੋਕੇ, ਇਕਬਾਲ ਸਿੰਘ ਸੰਧੂ, ਸਰਪੰਚ ਵਰਿੰਦਰਜੀਤ ਸਿੰਘ ਹੀਰਾਪੁਰ, ਸਰਪੰਚ ਮਨਜਿੰਦਰ ਸਿੰਘ ਐਮਾ, ਚੇਅਰਮੈਨ ਹਰਵੰਤ ਸਿੰਘ ਝਬਾਲ, ਪਰਮਜੀਤ ਸਿੰਘ ਗੰਗੋਬੂਹਾ, ਸਤਨਾਮ ਸਿੰਘ ਝਾਂਡ ਜਗਤਾਰ ਸਿੰਘ ਜੱਗਾ, ਚੇਅਰਮੈਨ ਕੁਲਵੰਤ ਸਿੰਘ ਝਬਾਲ, ਗੁਰਵਿੰਦਰ ਸਿੰਘ ਝਬਾਲ, ਹਰਦਿਆਲ ਸਿੰਘ ਝਬਾਲ, ਗੁਰਿੰਦਰ ਸਿੰਘ ਬਾਬਾ ਲੰਗਾਹ, ਸਾਬਕਾ ਸਰਪੰਚ ਬਲਵਿੰਦਰ ਸਿੰਘ ਬਾਬਾ ਲੰਗਾਹ, ਬਲਜੀਤ ਸਿੰਘ ਪੰਨੂ, ਬਾਬਾ ਚਰਨਜੀਤ ਸਿੰਘ, ਮਾਨਵ ਬੱਬੇ, ਸਰਪੰਚ ਗੁਰਜੀਤ ਸਿੰਘ ਗੰਡੀਵਿੰਡ, ਅਮਰਜੀਤ ਸਿੰਘ ਭਲਾਈਪੁਰ, ਸੁਰਜੀਤ ਸਿੰਘ ਗੜ੍ਹੀ ਸ਼ਮਸ਼ੇਰ ਆਦਿ ਆਦਿ ਹਾਜ਼ਰ ਸਨ।

# ਜਾਪਾਨ ਦੇ ਪੰਜਾਬੀ ਸਾਹਿਤਕਾਰ ਪਰਮਿੰਦਰ ਸੋਢੀ ਵਿਦਿਆਰਥੀਆਂ ਦੇ ਰੂ-ਬ-ਰੂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਖ਼ਾਲਸਾ ਕਾਲਜ, ਵਿਦਿਆਰਥੀਆਂ ਦੀ ਸੰਸਥਾ ਨਾਦ ਪ੍ਰਗਾਸੁ ਵੱਲੋਂ ਹਰ ਮਹੀਨੇ ਆਯੋਜਿਤ ਕੀਤੇ ਜਾਂਦੇ ਸਮਾਗਮ 'ਸਿਰਜਣ ਪ੍ਰਕਿਰਿਆ' ਵਿੱਚ ਇਸ ਵਾਰ ਜਾਪਾਨ ਤੋਂ ਆਏ ਪ੍ਰਸਿੱਧ ਪੰਜਾਬੀ ਸਾਹਿਤਕਾਰ ਪਰਮਿੰਦਰ ਸੋਢੀ ਨੂੰ ਵਿਦਿਆਰਥੀਆਂ ਦੇ ਰੂ-ਬ-ਰੂ ਕਰਵਾਇਆ ਗਿਆ। ਜ਼ਿਕਰਯੋਗ ਹੈ ਕਿ ਪਰਮਿੰਦਰ ਸੋਢੀ ਪੰਜਾਬੀ ਕਾਵਿ ਅਤੇ ਵਾਰਤਕ ਸਾਹਿਤ ਦੇ ਨਾਲ ਹੀ ਅਨੁਵਾਦ ਅਤੇ ਕੋਸ਼ ਸੰਪਾਦਕ ਵਜੋਂ ਵੀ ਨਿਰੰਤਰ ਕਾਰਜਸ਼ੀਲ ਹਨ।ਸਿਰਜਣ ਪ੍ਰਕਿਰਿਆ ਦੇ ਇਸ ਇਕੱਤੀਵੇਂ ਸਮਾਗਮ ਦੌਰਾਨ ਪਰਮਿੰਦਰ ਸੋਢੀ ਨੇ ਆਪਣੇ ਭਾਸ਼ਣ ਦੀ ਸ਼ੁਰੂਆਤ ਉਨ੍ਹਾਂ ਸਿਮ੍ਰਤੀਆਂ ਤੋਂ ਕੀਤੀ, ਜਿਨ੍ਹਾਂ ਦੀ ਉਨ੍ਹਾਂ ਦੀ ਕਾਵਿਕ-ਚੇਤਨਾ ਤੇ ਅਮਿਟ ਛਾਪ ਰਹੀ।ਉਨ੍ਹਾਂ ਕਿਹਾ ਕਿ ਕਾਵਿਕ ਮਨ ਵਿੱਚ ਵਿਚਾਰ ਨਾਲੋਂ ਅਨੁਭਵ ਦੀ ਪ੍ਰਮੁੱਖਤਾ ਹੋਣੀ ਚਾਹੀਦੀ ਹੈ।ਆਪਣੀਆਂ ਸਾਹਿਤਕ ਵਿਧਾਵਾਂ ਨੂੰ ਪੇਸ਼ ਕਰਦਿਆਂ, ਉਨ੍ਹਾਂ ਜਾਪਾਨੀ ਕਾਵਿ ਸਿਨਫ਼ ਹਾਇਕੂ ਦੀ ਵਿਸ਼ੇਸ਼ਤਾ ਅਤੇ ਕਿਵੇਂ ਉਨ੍ਹਾਂ ਰਾਹੀਂ ਪੰਜਾਬੀ ਵਿੱਚ ਇਸ ਸਿਨਫ਼ ਦੀ ਸ਼ੁਰੂਆਤ ਹੋਈ, ਬਾਬਤ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ।ਸਮਕਾਲੀ ਪੰਜਾਬੀ ਨਾਇਕਤਵ ਵਿਚਲੇ ਸ਼ੋਰੀਲੇ ਅੰਸ਼ਾਂ ਦੀ ਭਰਮਾਰ ਬਾਰੇ ਚਿੰਤਾ ਵਿਅਕਤ ਕਰਦਿਆਂ, ਉਨ੍ਹਾਂ ਕਿਹਾ ਕਿ ਸਾਨੂੰ ਨਾਇਕਤਵ ਉਸਾਰੀ ਵਿਚ ਚੁੱਪ ਦੇ ਰਾਗ ਵੱਲ ਮੁੜਨ ਦੀ ਲੋੜ ਹੈ। ਸਿਰਜਣ ਪ੍ਰਕਿਰਿਆ ਦੇ ਦੂਜੇ ਪੜਾਅ ਵਿੱਚ ਹਰ ਵਾਰ ਦੀ ਤਰ੍ਹਾਂ ਯੁਵਾ ਕਵੀ ਦਰਬਾਰ ਵੀ ਕਰਵਾਇਆ ਗਿਆ ਜਿਸ ਵਿੱਚ ਵਿਸ਼ਾਲ, ਸ਼ਾਇਰਪ੍ਰੀਤ, ਚਰਨਜੀਤ, ਸਾਹਿਲ



ਛਾਬੜਾ ਅਤੇ ਨੀਰਜ ਕੁਮਾਰ ਆਦਿ ਕਵੀਆਂ ਨੇ ਆਪਣੀਆਂ ਕਵਿਤਾਵਾਂ ਸੁਣਾਈਆਂ।ਇਸ ਸਮਾਗਮ ਵਿੱਚ ਖ਼ਾਲਸਾ ਕਾਲਜ ਫਾਰ ਵਿਮਨ ਦੇ ਸਾਬਕਾ ਪ੍ਰਿੰਸੀਪਲ ਡਾ. ਸੁਖਬੀਰ ਕੌਰ ਮਾਹਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਇਸ ਸਮਾਗਮ ਦੀ ਸਫ਼ਲਤਾ ਦਾ ਸਿਹਰਾ ਖੋਜਾਰਥੀਆਂ ਅਤੇ ਸੋਢੀ ਵਿਚਕਾਰ ਹੋਈ ਵਿਚਾਰ-ਚਰਚਾ ਨੂੰ ਦਿਤਾ, ਉਨ੍ਹਾਂ ਕਿਹਾ ਕਿ ਸੋਢੀ ਭਾਵੇਂ ਜਾਪਾਨ ਰਹਿੰਦੇ ਹਨ, ਪਰ ਉਨ੍ਹਾਂ ਦਾ ਅਵਿਚੇਤਨ ਆਪਣੀ ਮੂਲ ਭੂ-ਚੇਤਨਾ ਅਤੇ ਵਿਸ਼ੇਸ਼ ਕਰਕੇ ਸਿੱਖ ਅਨੁਭਵ ਨੂੰ ਪ੍ਰਣਾਇਆ ਹੋਇਆ ਹੈ।ਅੰਤ ਵਿੱਚ ਪ੍ਰੋ. ਜਗਜੀਤ ਸਿੰਘ ਨੇ ਧੰਨਵਾਦੀ ਸ਼ਬਦ ਬੋਲਦਿਆਂ ਕਿਹਾ ਕਿ ਸਾਨੂੰ ਸੋਢੀ ਹੋਰਾਂ ਦੇ ਅਨੁਭਵ ਅਤੇ ਵਿਚਾਰਾਂ ਤੋਂ ਇਸ ਗੱਲ ਦੀ ਸਮਝ ਮਿਲਦੀ ਹੈ ਕਿ ਸਿਰਜਕ ਕੋਲ 'ਸਿਰਜਣਾਤਮਕ ਨਾਂਹ' ਹੋਣੀ ਚਾਹੀਦੀ ਹੈ।ਪਰ ਇਸ ਚੇਤਨਾ ਦਾ ਅਸਲ ਹਾਸਿਲ ਗੁਰੂ ਨੂੰ ਅਨੁਭਵ ਕਰਨ ਵਿੱਚ ਪਿਆ ਹੈ।ਸਮਾਗਮ ਦੇ ਅਖੀਰ ਵਿੱਚ ਪਰਮਿੰਦਰ ਸੋਢੀ ਨੂੰ ਸੰਸਥਾ ਵੱਲੋਂ ਸਨਮਾਨਿਤ ਕੀਤਾ ਗਿਆ।ਇਸ ਸਮਾਗਮ ਵਿੱਚ ਪ੍ਰੋ. ਗੁਰਬਖਸ਼ ਸਿੰਘ, ਡਾ. ਵਿਕਾਸ ਜੋਸ਼ੀ, ਵਿਸ਼ਾਲ, ਗੁਰਚੇਤਨ ਸਿੰਘ, ਜਰਨੈਲ ਸਿੰਘ, ਮਨਮੋਹਨ ਸਿੰਘ, ਗੁਰਵਿੰਦਰ ਸਿੰਘ ਆਦਿ ਵੀ ਹਾਜ਼ਰ ਸਨ।ਸਮਾਗਮ ਦੌਰਾਨ ਮੰਚ ਸੰਚਾਲਕ ਦੀ ਭੂਮਿਕਾ ਲਖਵੀਰ ਸਿੰਘ ਦੁਆਰਾ ਨਿਭਾਈ ਗਈ।

**● ਪੰਜਾਬੀ ਨਾਇਕ ਸਿਰਜਣਾ ਨੂੰ ਸ਼ੋਰੀਲੇ ਨਾਲੋਂ ਚੁੱਪ ਰਾਗ ਦੇ ਅੰਸ਼ਾਂ ਵੱਲ ਮੁੜਨ ਦੀ ਲੋੜ : ਪਰਮਿੰਦਰ ਸੋਢੀ**

# ਫ੍ਰੀਡਮ ਫਾਈਟਰ ਪਰਿਵਾਰਾਂ ਵੱਲੋਂ 'ਆਪ' ਉਮੀਦਵਾਰ ਹਰਮੀਤ ਸੰਧੂ ਨੂੰ ਸਮਰਥਨ



**ਤਰਨਤਾਰਨ (ਪ੍ਰਿਤਪਾਲ ਸਿੰਘ)-** ਤਰਨਤਾਰਨ ਵਿਧਾਨ ਸਭਾ ਜ਼ਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ (ਆਪ) ਨੂੰ ਉਸ ਸਮੇਂ ਵੱਡੀ ਮਜ਼ਬੂਤੀ ਮਿਲੀ ਜਦੋਂ ਹਲਕੇ ਦੇ ਫ੍ਰੀਡਮ ਫਾਈਟਰ ਪਰਿਵਾਰਾਂ ਨੇ ਪਾਰਟੀ ਉਮੀਦਵਾਰ ਹਰਮੀਤ ਸਿੰਘ ਸੰਧੂ ਨੂੰ ਆਪਣਾ ਪੂਰਨ ਸਮਰਥਨ ਦੇਣ ਦਾ ਐਲਾਨ ਕੀਤਾ।ਆਪ ਆਗੂਆਂ ਜਸਬੀਰ ਸਿੰਘ ਸੁਰ ਸਿੰਘ ਅਤੇ ਭੁਪਿੰਦਰ ਸਿੰਘ ਬਿੱਟੂ ਦੇ ਨਾਲ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਇਹ ਜਾਣਕਾਰੀ ਦਿੱਤੀ।ਉਨ੍ਹਾਂ ਦੱਸਿਆ ਕਿ ਫ੍ਰੀਡਮ ਫਾਈਟਰ ਪਰਿਵਾਰਾਂ ਦੇ ਵਫ਼ਦ ਨੇ ਆਪਣੀਆਂ ਮੰਗਾਂ ਸਬੰਧੀ ਮੰਗ ਪੱਤਰ ਵੀ ਸੌਂਪਿਆ ਅਤੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੁਲਾਕਾਤ ਦਾ ਸਮਾਂ ਮੰਗਿਆ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਜਲਦ ਹੀ ਮੁੱਖ ਮੰਤਰੀ ਵੱਲੋਂ ਇਨ੍ਹਾਂ ਪਰਿਵਾਰਾਂ ਦੇ ਮੁਖੀਆਂ ਨਾਲ ਚੰਡੀਗੜ੍ਹ ਵਿਖੇ ਮੁਲਾਕਾਤ ਕੀਤੀ ਜਾਵੇਗੀ।ਇਸ ਮੌਕੇ ਕੁਲਦੀਪ ਸਿੰਘ ਬਿੱਟੂ, ਸਤਨਾਮ ਸਿੰਘ, ਲਖਵਿੰਦਰ ਸਿੰਘ ਪ੍ਰਧਾਨ ਮੰਨਣ, ਸਰਦਾਰ ਗੁਰਜੰਟ ਸਿੰਘ, ਬਲਜੀਤ ਸਿੰਘ ਅਤੇ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਸਨ।ਮੰਤਰੀ ਮੁੰਡੀਆਂ ਨੇ ਇਨ੍ਹਾਂ ਪਰਿਵਾਰਾਂ ਦਾ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾ ਉਨ੍ਹਾਂ ਦੇ ਨਾਲ ਖੜ੍ਹੀ ਹੈ।

# ਈਟੀਓ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਸਵਾਲਾਂ ਦੇ ਜਵਾਬ ਦੇਣ ਤੋਂ ਭੱਜੇ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-** ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦੀ ਤਰਸਿੱਕਾ ਫੇਰੀ ਦੌਰਾਨ ਲੋਕ-ਮੁੱਦਿਆਂ ਦੇ ਸਵਾਲਾਂ ਦੇ ਜਵਾਬ ਦੇਣ ਤੋਂ ਭੱਜਣ ਅਤੇ ਫੜ੍ਹ-ਚੱਕਰ ਹੋਣ



ਦੀ ਗੱਲ ਸਾਹਮਣੇ ਆਈ ਹੈ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਕਲੇਰ ਬਾਲਾ, ਜ਼ਿਲ੍ਹਾ ਆਗੂ ਸੁਖਦੇਵ ਸਿੰਘ ਚਾਟੀਵਿੰਡ, ਜ਼ੋਨ ਤਰਸਿੱਕਾ ਪ੍ਰਧਾਨ ਰਣਜੀਤ ਸਿੰਘ ਚਾਟੀਵਿੰਡ ਦੀ ਅਗਵਾਈ ਵਿੱਚ ਜ਼ੋਨ ਤਰਸਿੱਕਾ ਇਕਾਈ ਨੇ ਉਨ੍ਹਾਂ ਨੂੰ ਸਵਾਲ ਕਰਨ ਜਾਣ ਦੀ ਕੋਸ਼ਿਸ਼ ਕੀਤੀ, ਪਰ ਪੁਲਸ ਪ੍ਰਸ਼ਾਸਨ ਦੀ ਵੱਡੀ ਮਦਦ ਨਾਲ ਮੰਤਰੀ ਮੌਕੇ ਤੋਂ ਦੂਰ ਹੋ ਗਏ।ਕੇਐੱਮਐੱਸਸੀ ਦੇ ਆਗੂਆਂ ਨੇ ਸਪੱਸ਼ਟ ਕੀਤਾ ਹੈ ਕਿ ਉਨ੍ਹਾਂ ਦੇ ਸਵਾਲ ਸਿਰਫ਼ ਆਮ ਮੁੱਦੇ ਨਹੀਂ, ਸਗੋਂ ਲੋਕਾਂ ਦੀਆਂ ਗੰਭੀਰ ਸਮੱਸਿਆਵਾਂ ਨਾਲ ਸਬੰਧਤ ਹਨ, ਜਿਨ੍ਹਾਂ ਦੇ ਜਵਾਬ ਦੇਣ ਤੋਂ ਈਟੀਓ ਪੂਰੀ ਤਰ੍ਹਾਂ ਟਾਲਾ ਵੱਟ ਗਏ।ਇਲਾਕੇ ਦਾ ਸਭ ਤੋਂ ਵੱਡਾ ਸਵਾਲ ਤਾਂ ਇਹ ਸੀ ਕਿ ਬਲਾਕ ਤਰਸਿੱਕਾ ਨੂੰ ਭੰਗ ਕਰਕੇ ਆਮ ਜਨਤਾ ਨਾਲ ਧੋਖਾ ਕਿਉਂ ਕੀਤਾ ਗਿਆ ਅਤੇ ਮੰਤਰੀ ਇਸ ਅਹਿਮ ਮੁੱਦੇ 'ਤੇ ਚੁੱਪ ਬੈਠਦਾ ਕਿਉਂ ਨਹੀਂ? ਕਿਸਾਨ ਆਗੂਆਂ ਨੇ ਦੱਸਿਆ ਕਿ ਪਹਿਲਾਂ ਗੱਲ ਅੱਡਾ ਬੱਸ ਸਟੈਂਡ ਤਰਸਿੱਕਾ ਵਿਖੇ ਗੱਲਬਾਤ ਲਈ ਸਥਾਨ ਉਲੀਕਿਆ ਗਿਆ, ਪਰ ਮੰਤਰੀ ਸਾਹਿਬ ਚੋਰੀ ਉਦਘਾਟਨ ਕਰਕੇ ਫੜ੍ਹ-ਚੱਕਰ ਹੋ ਗਏ। ਇਸ ਤੋਂ ਬਾਅਦ ਜਦੋਂ ਜਥੇਬੰਦੀ ਨੇ ਦਾਣਾ ਮੰਡੀ ਵਿਖੇ ਲੱਗੇ ਪੰਡਾਲ ਵੱਲ ਕੂਚ ਕੀਤਾ ਤਾਂ ਪੁਲਸ ਪ੍ਰਸ਼ਾਸਨ ਨੇ ਬੈਰੀਕੇਡਿੰਗ ਕਰਕੇ ਰਸਤਾ ਰੋਕ ਲਿਆ।ਇਸ ਨਾਕੇਬੰਦੀ ਕਾਰਨ ਰਾਹਗੀਰਾਂ ਨੂੰ ਵੀ ਭਾਰੀ ਪਰੇਸ਼ਾਨੀ ਝੱਲਣੀ ਪਈ।ਇਸ ਮੌਕੇ ਜ਼ੋਨ ਆਗੂ ਗੁਰਭੇਜ ਸਿੰਘ ਭੋਲੋਵਾਲ, ਸਵਿੰਦਰ ਸਿੰਘ ਝੰਟੋਕੇ, ਹਰਦਿਆਲ ਸਿੰਘ ਕੋਟ ਖਹਿਰਾ, ਗੁਰਵੇਲ ਸਿੰਘ ਚਾਟੀਵਿੰਡ, ਬੀਬੀ ਕੁਲਵਿੰਦਰ ਕੌਰ ਕੋਟ ਖਹਿਰਾ, ਬੀਬੀ ਬਲਜੀਤ ਕੌਰ ਤਰਸਿੱਕਾ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਪੱਧਰੀ ਆਗੂ ਹਾਜ਼ਰ ਰਹੇ।

# ਸਵ. ਤਜਿੰਦਰਪਾਲ ਸਿੰਘ ਬੰਟੀ ਦੀ ਯਾਦ 'ਚ 14ਵੀਆਂ ਯੂਨੀਫਾਈਡ ਖੇਡਾਂ ਦਾ ਆਯੋਜਨ

**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-** ਪਿੰਗਲਵਾੜਾ ਸੰਸਥਾ ਦੀ ਮਾਨਾਂਵਾਲਾ ਬ੍ਰਾਂਚ ਵਿਖੇ 14ਵੀਆਂ ਯੂਨੀਫਾਈਡ ਖੇਡਾਂ ਸਵ. ਤਜਿੰਦਰਪਾਲ ਸਿੰਘ ਬੰਟੀ ਦੀ ਮਿੱਠੀ ਯਾਦ ਵਿੱਚ ਡਾ. ਇੰਦਰਜੀਤ ਕੌਰ, ਮੁੱਖ ਸੇਵਾਦਾਰ ਪਿੰਗਲਵਾੜਾ ਅਤੇ ਚੰਦਰ ਸ਼ੇਖਰ ਕੋਹਲੀ ਅਤੇ ਉਨ੍ਹਾਂ ਦੀ ਧਰਮ ਪਤਨੀ ਨਰਿੰਦਰ ਕੌਰ ਕੋਹਲੀ ਅਮਰੀਕਾ ਦੇ ਸਹਿਯੋਗ ਨਾਲ ਪਿੰਗਲਵਾੜਾ ਸੰਸਥਾ ਅਧੀਨ ਚੱਲਦੇ ਤਿੰਨ ਸਕੂਲਾਂ ਭਗਤ ਪੂਰਨ ਸਿੰਘ ਆਦਰਸ਼ ਸੀ. ਸੈ. ਸਕੂਲ, ਭਗਤ ਪੂਰਨ ਸਿੰਘ ਸਕੂਲ ਫਾਰ ਦ ਡੈੱਫ ਅਤੇ ਭਗਤ ਪੂਰਨ ਸਿੰਘ ਸਪੈਸ਼ਲ ਸਕੂਲ, ਮਾਨਾਂਵਾਲਾ ਦੇ ਖਿਡਾਰੀਆਂ ਵਿੱਚ ਕਰਵਾਈਆਂ ਗਈਆਂ।ਇਨ੍ਹਾਂ ਖੇਡਾਂ ਵਿੱਚ ਪ੍ਰਿਤਪਾਲ ਸਿੰਘ ਹੰਸਪਾਲ ਮੁੱਖ ਮਹਿਮਾਨ ਵਜੋਂ ਪਹੁੰਚੇ ਜਿਨ੍ਹਾਂ ਨੇ ਹੜ੍ਹਾਂ ਦੌਰਾਨ 100 ਕਿਸ਼ਤੀਆਂ ਬਣਾ ਕੇ ਵੰਡੀਆਂ।ਉਨ੍ਹਾਂ ਦੇ ਨਾਲ ਵਰਿਆਮ ਸਿੰਘ ਕਪੂਰ ਨੇ ਸ਼ਿਰਕਤ ਕੀਤੀ।ਰਵਿੰਦਰਜੀਤ ਸਿੰਘ ਸੋਢੀ, ਮੀਤ ਪ੍ਰਧਾਨ, ਪਿੰਗਲਵਾੜਾ ਸੋਸਾਇਟੀ ਆਫ਼ ਓਨਟਾਰੀਓ (ਕੈਨੇਡਾ) ਨੇ ਗੈਸਟ ਆਫ ਆਨਰ ਵਜੋਂ ਪੁੱਜ ਕੇ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਕੇ ਖੇਡਾਂ ਦੀ ਸ਼ੁਰੂਆਤ ਕੀਤੀ। ਸ਼੍ਰੀ ਕੁੰਵਰ ਵਿਜੈ ਪ੍ਰਤਾਪ ਸਿੰਘ ਐੱਮ. ਐੱਲ. ਏ. ਅੰਮ੍ਰਿਤਸਰ ਇਨ੍ਹਾਂ ਖੇਡਾਂ ਵਿੱਚ ਉਚੇਚੇ ਤੌਰ ਤੇ ਪਹੁੰਚੇ।ਇਸ ਮੌਕੇ ਰਵਿੰਦਰਜੀਤ ਸਿੰਘ ਸੋਢੀ ਨੇ ਕਿਹਾ ਕਿ ਖੇਡਾਂ ਦਾ ਮੁੱਖ ਮੰਤਵ ਚੰਗੀ ਸ਼ਖ਼ਸੀਅਤ ਅਤੇ ਤੰਦਰੁਸਤ ਜੀਵਨ ਦਾ ਵਿਕਾਸ ਕਰਨਾ ਹੈ।ਸ੍ਰ. ਪ੍ਰਿਤਪਾਲ ਸਿੰਘ ਹੰਸਪਾਲ ਨੇ ਗੱਲਬਾਤ ਕਰਦੇ ਹੋਏ ਕਿਹਾ ਕਿ ਉਹ



ਪਿੰਗਲਵਾੜਾ ਸੰਸਥਾ ਦੇ ਸੇਵਾ ਕਾਰਜਾਂ ਨੂੰ ਵੇਖ ਕੇ ਬਹੁਤ ਪ੍ਰਭਾਵਿਤ ਹੋਏ ਹਨ ਜੋ ਕਿ ਡਾ. ਇੰਦਰਜੀਤ ਕੌਰ ਦੀ ਅਗਵਾਈ ਵਿੱਚ ਮਨੁੱਖਤਾ ਦੀ ਭਲਾਈ ਲਈ ਬੜੇ ਸੁੱਚਜੇ ਨਾਲ ਢੰਗ ਚਲਾਏ ਜਾ ਰਹੇ ਹਨ।ਯੋਗਾ ਅਤੇ ਗੱਤਕਾ ਪੇਸ਼ ਕਰਕੇ ਬੱਚਿਆਂ ਨੇ ਦਰਸ਼ਕਾਂ ਨੂੰ ਕੀਲ ਲਿਆ।ਇਸ ਮੌਕੇ 25-50 ਮੀਟਰ ਰੇਸ, ਵੀਲ੍ਹ ਚੇਅਰ ਰੇਸ, ਲੌਂਗ ਜੰਪ, ਰਿਲੇਅ ਰੇਸ, ਰੱਸਾਕੱਸੀ ਆਦਿ ਖੇਡਾਂ ਵਿੱਚ ਤਿੰਨਾਂ ਸਕੂਲਾਂ ਦੇ ਬੱਚਿਆਂ ਵੱਲੋਂ ਹਿੱਸਾ ਲਿਆ ਗਿਆ।ਇਸ ਮੌਕੇ ਬੱਚਿਆਂ ਦੁਆਰਾ ਸੱਭਿਆਚਾਰਕ ਪ੍ਰੋਗਰਾਮ ਗਿੱਧੇ ਦਾ ਵੀ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਜੇਤੂ ਬੱਚਿਆਂ ਨੂੰ ਮੈਡਲ ਅਤੇ ਵਲੰਟੀਅਰ ਨੂੰ ਟਰਾਫੀਆਂ ਵੰਡੀਆਂ ਗਈਆਂ।ਇਸ ਮੌਕੇ ਡਾ. ਜਗਦੀਪਕ ਸਿੰਘ, ਮੁਖਤਾਰ ਸਿੰਘ ਗੁਰਾਇਆ, ਯੋਗੇਸ਼ ਸੂਰੀ, ਮਿਸਜ਼ ਰੇਨੂੰ ਸੂਰੀ, ਤਿਲਕ ਰਾਜ, ਰਜਿੰਦਰ ਸਿੰਘ, ਗੁਰਨਾਇਬ ਸਿੰਘ, ਰਜਿੰਦਰਪਾਲ ਸਿੰਘ, ਪਰਮਿੰਦਰਜੀਤ ਸਿੰਘ ਭੱਟੀ, ਸੁਰਿੰਦਰ ਕੌਰ ਭੱਟੀ, ਮੈਡਮ ਰਾਜਵਿੰਦਰ ਕੌਰ, ਗੁਲਸ਼ਨ ਰੰਜਨ, ਤਜਿੰਦਰਭਾਨ ਸਿੰਘ ਬੇਦੀ, ਸਮਾਜ ਸੇਵਕ ਇੰਜੀਨੀਅਰ ਪਵਨਦੀਪ ਸ਼ਰਮਾ, ਪ੍ਰਿੰ. ਨਰੇਸ਼ ਕਾਲੀਆ, ਪ੍ਰਿੰ. ਦਲਜੀਤ ਕੌਰ, ਪ੍ਰਿੰ. ਅਨੀਤਾ ਬੱਤਰਾ, ਸੁਨੀਤਾ ਨਈਅਰ, ਅਮਰਿੰਦਰ ਸਿੰਘ, ਅਮਰਜੀਤ ਸਿੰਘ, ਅਮਰਿੰਦਰ ਸਿੰਘ, ਮਿ: ਬਿੱਲਾ ਕੋਹਲੀ, ਅਕਾਸ਼ ਕੋਹਲੀ, ਮਿ: ਸ਼ਾਮ ਕੋਹਲੀ, ਮਿਸਜ਼. ਆਸ਼ਾ ਸੈਣੀ, ਜਤਿੰਦਰ ਸਿੰਘ ਸੈਣੀ, ਹਨੀ ਸੈਣੀ, ਅਮਰੀਕ ਸਿੰਘ ਬਸਰਾ, ਮੇਜਰ ਸਿੰਘ, ਜੋਗਿੰਦਰ ਸਿੰਘ, ਉਦੇ ਸਿੰਘ ਸੈਣੀ, ਮਿਹਰਾਜ ਸਿੰਘ ਸੈਣੀ, ਚੰਦਰ ਮੋਹਨ ਸੈਣੀ, ਹਰਦੀਪ ਸੈਣੀ, ਰਾਜਕੁਮਾਰ ਸੈਣੀ ਅਤੇ ਵੱਖ-ਵੱਖ ਬ੍ਰਾਂਚਾਂ ਦੇ ਇੰਚਾਰਜ ਆਦਿ ਹਾਜ਼ਰ ਸਨ।ਇਸ ਮੌਕੇ ਆਏ ਹੋਏ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਬੱਚਿਆਂ ਨੂੰ ਰਿਫਰੈਸ਼ਮੈਂਟ ਵੀ ਵੰਡੀ ਗਈ।

# ਦੋ ਰੋਜ਼ਾ ਹੋਮ ਪਿਕਨਿਕ ਡੇ ਮਨਾਇਆ



**ਝਬਾਲ (ਹਰਜਿੰਦਰ ਸਿੰਘ ਸੋਨੀ)-** ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਵਿਖੇ 6 ਅਤੇ 7 ਨਵੰਬਰ ਨੂੰ ਦੋ ਰੋਜ਼ਾ ਹੋਮ ਪਿਕਨਿਕ ਡੇ ਮਨਾਇਆ ਗਿਆ ਜਿਸ ਵਿੱਚ ਪਲੇਅ ਪੈੱਨ ਤੋਂ ਪੰਜਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਵੱਖ-ਵੱਖ ਪੰਘੂੜਿਆਂ ਦਾ ਆਨੰਦ ਮਾਣਿਆ।ਨੰਨ੍ਹੇ-ਮੁੰਨੇ ਬੱਚੇ ਬੜੇ ਜੋਸ਼ ਅਤੇ ਉਤਸ਼ਾਹ ਵਿੱਚ ਨਜ਼ਰ ਆ ਰਹੇ ਸਨ।ਬੱਚਿਆਂ ਨੇ ਇਕੱਠੇ ਰਿਫਰੈਸ਼ਮੈਂਟ ਖਾਣ ਦਾ ਆਨੰਦ ਮਾਣਿਆ।ਬੱਚਿਆਂ ਦੇ ਲਈ ਸਕੂਲ ਵਿੱਚ ਕਈ ਵੱਖ-ਵੱਖ ਚੀਜ਼ਾਂ ਦੇ ਸਟਾਲ ਲਗਾਏ ਗਏ ਸਨ।ਸਕੂਲ ਦੇ ਪ੍ਰਿੰਸੀਪਲ ਅਨੂਗੀਤ ਬਾਵਾ ਨੇ ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਦੁਆਰਾ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਮੌਕੇ ਵਿਦਿਆਰਥੀਆਂ ਲਈ ਬਹੁਤ ਜ਼ਰੂਰੀ ਹੁੰਦੇ ਹਨ ਜਿਸ ਨਾਲ ਵਿਦਿਆਰਥੀਆਂ ਦੀ ਮਾਨਸਿਕ ਅਤੇ ਸਰੀਰਕ ਥਕਾਵਟ ਦੂਰ ਹੁੰਦੀ ਹੈ ਅਤੇ ਉਹ ਫਿਰ ਪੜ੍ਹਾਈ ਵਿੱਚ ਮਿਹਨਤ ਕਰਨ ਲਈ ਤਰੋ-ਤਾਜ਼ਾ ਹੋ ਜਾਂਦੇ ਹਨ।

# ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਵਿਖੇ ਪੇਰੈਂਟਸ ਮੀਟਿੰਗ ਸਫਲਤਾਪੂਰਵਕ ਸੰਪੰਨ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)-** ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ, ਸਕੱਤਰ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸਕੂਲ ਵਿੱਚ ਅਧਿਆਪਕ ਮਾਪੇ ਮਿਲਣੀ ਕਰਵਾਈ ਗਈ, ਜਿਸ ਵਿੱਚ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਉਨ੍ਹਾਂ ਦੇ ਮਾਪਿਆਂ ਨਾਲ ਸਾਂਝੀ ਕੀਤੀ ਗਈ। ਪ੍ਰਿੰਸੀਪਲ ਕਿਰਨ ਕੇਸਰ ਨੇ ਦੱਸਿਆ ਸਕੂਲ ਵਿੱਚ ਰਵਾਇਤੀ ਤੌਰ 'ਤੇ ਹਰ ਮਹੀਨੇ ਇਹ ਮੀਟਿੰਗ



ਕਰਵਾਈ ਜਾਂਦੀ ਹੈ, ਜਿਸ ਵਿੱਚ ਅਧਿਆਪਕਾਂ ਦੁਆਰਾ ਮਾਪਿਆਂ ਨਾਲ ਵਿਦਿਆਰਥੀਆਂ ਦੇ ਸਿੱਖਿਆਤਮਕ ਅਤੇ ਵਿਵਹਾਰਿਕ ਵਿਕਾਸ ਲਈ ਵਾਰਤਾਲਾਪ ਕੀਤੀ ਗਈ। ਇਸ ਵਾਰਤਾਲਾਪ ਵਿੱਚ ਅਧਿਆਪਕਾਂ ਦੁਆਰਾ ਪੋਸਟ ਮਿਡ ਟਰਮ ਦੇ ਸਿਲੇਬਸ ਅਤੇ ਲਿਟਲ ਸਪਰਾਊਟਸ ਦੀ ਦੂਜੀ ਟਰਮ ਦੀਆਂ ਪ੍ਰੀਖਿਆਵਾਂ ਬਾਰੇ ਜਾਣਕਾਰੀ ਪ੍ਰਧਾਨ ਕੀਤੀ ਗਈ। ਅਧਿਆਪਕਾਂ ਦੁਆਰਾ ਮਾਪਿਆਂ ਅਤੇ ਵਿਦਿਆਰਥੀਆਂ ਦੀਆਂ ਸਿਲੇਬਸ ਨਾਲ ਸੰਬੰਧਿਤ ਆਉਣ ਵਾਲੀਆਂ ਮੁਸ਼ਕਿਲਾਂ ਦਾ ਹੱਲ ਕੀਤਾ ਗਿਆ। ਇਸ ਮੀਟਿੰਗ ਵਿੱਚ ਵਿਦਿਆਰਥੀਆਂ ਦੇ ਮਾਪਿਆਂ ਨੇ ਬਹੁਤ ਹੀ ਉਤਸ਼ਾਹ ਪੂਰਵਕ ਹਿੱਸਾ ਲਿਆ ਅਤੇ ਅਧਿਆਪਕਾਂ ਦੁਆਰਾ ਦਿੱਤੀ ਜਾਣਕਾਰੀ ਨੂੰ ਧਿਆਨ ਨਾਲ ਸੁਣਦੇ ਹੋਏ ਦਿਲਚਸਪੀ ਦਿਖਾਈ ਅਤੇ ਮਾਪਿਆਂ ਨੇ ਵੀ ਵਧੀਆ ਮਾਤਾ ਪਿਤਾ ਹੋਣ ਦਾ ਸਬੂਤ ਦਿੱਤਾ। ਪ੍ਰਿੰ. ਕਿਰਨ ਕੇਸਰ ਦੁਆਰਾ ਮਾਪਿਆਂ ਦਾ ਸਕੂਲ ਵਿੱਚ ਆਉਣ 'ਤੇ ਧੰਨਵਾਦ ਕੀਤਾ ਗਿਆ ਅਤੇ ਅੱਗੋਂ ਵੀ ਇਸੇ ਤਰ੍ਹਾਂ ਹੀ ਅਧਿਆਪਕ-ਮਾਪੇ ਮਿਲਣੀ ਨੂੰ ਸਾਰਥਕ ਕਰਨ ਦੀ ਅਪੀਲ ਕੀਤੀ ਗਈ। ਉਨ੍ਹਾਂ ਨੇ ਕਿਹਾ ਕਿ ਮਾਪਿਆਂ ਨੂੰ ਆਪਣੇ ਰੁਝੇਵੇਂ ਭਰੀ ਜ਼ਿੰਦਗੀ ਵਿੱਚੋਂ ਕੁਝ ਪਲ ਆਪਣੇ ਬੱਚਿਆਂ ਦੇ ਵਿਕਾਸ ਲਈ ਜ਼ਰੂਰ ਕੱਢਣੇ ਚਾਹੀਦੇ ਹਨ।

# ਪ੍ਰਤਾਪ ਵਰਲਡ ਸਕੂਲ ਨੇ 12ਵੀਆਂ ਜ਼ਿਲ੍ਹਾ ਪੱਧਰੀ ਪ੍ਰਾਇਮਰੀ ਸਕੂਲੀ ਖੇਡਾਂ ਦੀ ਕੀਤੀ ਮੇਜ਼ਬਾਨੀ

**ਪਠਾਨਕੋਟ (ਦਵਿੰਦਰ ਸਿੰਘ)-** ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਵੱਲੋਂ 12ਵੇਂ ਜ਼ਿਲ੍ਹਾ ਪੱਧਰੀ ਪ੍ਰਾਇਮਰੀ ਸਕੂਲੀ ਖੇਡਾਂ ਦੀ ਮੇਜ਼ਬਾਨੀ ਕੀਤੀ, ਜਿਸ ਵਿੱਚ ਤੈਰਾਕੀ, ਕਰਾਟੇ ਅਤੇ ਹੈਂਡਬਾਲ ਦੇ ਰੋਮਾਂਚਕ ਮੁਕਾਬਲੇ ਕਰਵਾਏ ਗਏ।ਇਸ ਸ਼ਾਨਦਾਰ ਖੇਡ ਸਮਾਗਮ ਵਿੱਚ ਜ਼ਿਲ੍ਹੇ ਦੇ 20 ਤੋਂ ਵੱਧ ਸਕੂਲਾਂ ਦੇ 200 ਤੋਂ ਵੱਧ ਨੌਜਵਾਨ ਖਿਡਾਰੀਆਂ ਨੇ



ਜੋਸ਼ ਤੇ ਉਤਸ਼ਾਹ ਨਾਲ ਭਾਗ ਲਿਆ, ਜਿਸ ਨਾਲ ਪੂਰਾ ਮਾਹੌਲ ਖੇਡ ਭਾਵਨਾ, ਟੀਮ ਵਰਕ ਅਤੇ ਸਿਹਤਮੰਦ ਮੁਕਾਬਲੇ ਨਾਲ ਰੰਗਿਆ ਰਿਹਾ।ਇਸ ਮੌਕੇ ਡੀਈਓ ਐਲੀਮੈਂਟਰੀ ਕਮਲਦੀਪ ਕੌਰ, ਡਿਪਟੀ ਡੀਈਓ ਐਲੀਮੈਂਟਰੀ ਡੀ. ਜੀ. ਸਿੰਘ ਅਤੇ ਡੀਐੱਸਓ ਅਰੁਣ ਕੁਮਾਰ ਨੇ ਖਾਸ ਤੌਰ 'ਤੇ ਸ਼ਮੂਲੀਅਤ ਕੀਤੀ।ਉਨ੍ਹਾਂ ਨੇ ਖਿਡਾਰੀਆਂ ਦੇ ਜਜ਼ਬੇ ਅਤੇ ਲਗਨ ਦੇ ਨਾਲ ਨਾਲ ਪ੍ਰਤਾਪ ਵਰਲਡ ਸਕੂਲ ਵੱਲੋਂ ਪ੍ਰਦਾਨ ਕੀਤੀਆਂ ਵਿਸ਼ਵ-ਪੱਧਰੀ ਖੇਡ ਸੁਵਿਧਾਵਾਂ ਅਤੇ ਸ਼ਾਨਦਾਰ ਪ੍ਰਬੰਧਾਂ ਦੀ ਭਰਪੂਰ ਪ੍ਰਸ਼ੰਸਾ ਕੀਤੀ।ਡੀਈਓ ਐਲੀਮੈਂਟਰੀ ਕਮਲਦੀਪ ਕੌਰ ਨੇ ਕਿਹਾ ਕਿ ਇਹ ਦੇਖਣਾ ਬਹੁਤ ਪ੍ਰੇਰਕ ਹੈ ਕਿ ਇੰਨੇ ਛੋਟੇ ਵਿਦਿਆਰਥੀ ਇੰਨੇ ਉਤਸ਼ਾਹ ਨਾਲ ਭਾਗ ਲੈ ਰਹੇ ਹਨ।ਅਜਿਹੇ ਸਮਾਗਮ ਬੱਚਿਆਂ ਵਿੱਚ ਸਰੀਰਕ ਤੰਦਰੁਸਤੀ, ਟੀਮਵਰਕ ਅਤੇ ਸਾਕਾਰਾਤਮਕ ਸੋਚ ਨੂੰ ਉਤਸ਼ਾਹਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਡਾਇਰੈਕਟਰ ਸੰਨੀ ਮਹਾਜਨ ਨੇ ਕਿਹਾ ਕਿ ਪ੍ਰਤਾਪ ਵਰਲਡ ਸਕੂਲ ਹਮੇਸ਼ਾ ਸਿੱਖਿਆ ਅਤੇ ਸਰੀਰਕ ਪ੍ਰਸ਼ਿਕਸ਼ਣ ਵਿੱਚ ਸੰਤੁਲਨ ਬਣਾਉਣ 'ਚ ਵਿਸ਼ਵਾਸ ਰੱਖਦਾ ਹੈ।ਡਾਇਰੈਕਟਰ ਓਸ਼ਿਨ ਮਹਾਜਨ ਨੇ ਕਿਹਾ ਕਿ ਖੇਡ ਸਾਨੂੰ ਅਨੁਸ਼ਾਸਨ, ਧੀਰਜ ਅਤੇ ਆਦਰ ਸਿਖਾਉਂਦੀਆਂ ਹਨ। ਸਾਡੇ ਸਕੂਲ ਕੈਂਪਸ ਵਿੱਚ ਇਨ੍ਹਾਂ ਜ਼ਿਲ੍ਹਾ ਪੱਧਰੀ ਖੇਡਾਂ ਦੀ ਮੇਜ਼ਬਾਨੀ ਕਰਨਾ ਸਾਡੇ ਲਈ ਸਨਮਾਨ ਦੀ ਗੱਲ ਹੈ। ਪ੍ਰੋਗਰਾਮ ਦਾ ਸਮਾਪਨ ਇੱਕ ਰੰਗਾਰੰਗ ਇਨਾਮ ਵੰਡ ਸਮਾਰੋਹ ਨਾਲ ਹੋਇਆ ਜਿਸ ਵਿੱਚ ਹਰ ਖਿਡਾਰੀ ਦੀ ਖੇਡ ਭਾਵਨਾ ਅਤੇ ਮਿਹਨਤ ਦਾ ਜਸ਼ਨ ਮਨਾਇਆ ਗਿਆ।

# ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ 'ਚ ਕਰਵਾਇਆ ਸਾਲਾਨਾ ਇਨਾਮ ਵੰਡ ਸਮਾਗਮ



**ਤਰਨ ਤਾਰਨ (ਪ੍ਰਿਤਪਾਲ ਸਿੰਘ)-** ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਗੋਇੰਦਵਾਲ ਸਾਹਿਬ ਦੇ ਵਿਦਿਆਰਥੀਆਂ ਲਈ ਹਰ ਸਾਲ ਦੀ ਤਰ੍ਹਾਂ ਸਾਲਾਨਾ ਇਨਾਮ ਵੰਡ ਸਮਾਗਮ ਕਰਵਾਇਆ ਗਿਆ।ਇਸ ਸਾਲਾਨਾ ਇਨਾਮ ਵੰਡ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਖੁਸ਼ਪ੍ਰੀਤ ਸਿੰਘ (ਪੀਸੀਐੱਸ) ਸਬ ਡਵੀਜ਼ਨਲ ਮੈਜਸਟਰੇਟ ਖਡੂਰ ਸਾਹਿਬ ਉਚੇਚੇ ਤੌਰ 'ਤੇ ਪਹੁੰਚੇ।ਇਸ ਮੌਕੇ ਵਿਦਿਆਰਥੀਆਂ ਵੱਲੋਂ 'ਸੈਲੀਬਰੇਟਿੰਗ ਹੈਰੀਟੇਦ' ਵਿਸ਼ੇ ਅਧੀਨ ਰੰਗਾ-ਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ ਜਿਸ ਵਿੱਚ ਭਾਰਤ ਦੇ ਸੱਭਿਆਚਾਰ ਨੂੰ ਬਾਖੂਬੀ ਪੇਸ਼ ਕੀਤਾ ਗਿਆ ਜਿਸ ਵਿੱਚ ਵਿਦਿਆਰਥੀਆਂ ਨੂੰ ਭਾਰਤ ਦੇ ਸੱਭਿਆਚਾਰ ਅਤੇ ਵਿਰਸੇ ਨਾਲ ਜੁੜ ਕੇ ਹਰ ਦਿਨ-ਤਿਉਹਾਰ ਨੂੰ ਮਨਾਉਣ ਲਈ ਪ੍ਰੇਰਿਤ ਕੀਤਾ ਗਿਆ।ਇਸ ਸਾਲਾਨਾ ਇਨਾਮ ਵੰਡ ਸਮਾਗਮ ਵਿੱਚ ਸਕੂਲ ਦੀ ਮੈਨੇਜਮੈਂਟ ਕਮੇਟੀ ਦੇ ਮੈਂਬਰ ਸਾਹਿਬਾਨ, ਗੁਰੂ ਅਮਰਦਾਸ ਗਰੁੱਪ ਆਫ ਸਕੂਲਜ਼ ਦੇ ਸਾਰੇ ਸਕੂਲਾਂ ਦੇ ਪ੍ਰਿੰਸੀਪਲ ਸਾਹਿਬਾਨ ਨੇ ਉਚੇਚੇ ਤੌਰ 'ਤੇ ਪਹੁੰਚ ਕੇ ਪ੍ਰੋਗਰਾਮ ਵਿੱਚ ਚਾਰ ਚੰਨ ਲਗਾਏ।ਇਸ ਮੌਕੇ 'ਤੇ ਬੋਲਦਿਆਂ ਸ. ਖੁਸ਼ਪ੍ਰੀਤ ਸਿੰਘ ਨੇ ਕਿਹਾ ਸਕੂਲ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਅਤੇ ਉਚ ਪੱਧਰੀ ਸਿੱਖਿਆ ਪ੍ਰਦਾਨ ਕਰਨ ਲਈ ਵਚਨਬੱਧ ਹੈ ਅਤੇ ਇਸੇ ਲਈ ਹੀ ਲਗਾਤਾਰ ਅੱਠ ਸਾਲਾਂ ਤੋਂ ਜ਼ਿਲ੍ਹੇ ਨੂੰ ਸੀਬੀਐੱਸਈ ਬੋਰਡ ਦੀ ਦੱਸਵੀਂ ਅਤੇ ਬਾਰ੍ਹਵੀਂ ਜਮਾਤ ਦੇ ਜ਼ਿਲ੍ਹਾ ਟਾਪਰ ਦੇ ਰਿਹਾ ਹੈ।ਜ਼ਿਲ੍ਹੇ ਵਿੱਚੋਂ ਲਗਾਤਾਰ ਮੋਹਰੀ ਰਹਿਣਾ ਮੈਨੇਜਮੈਂਟ, ਪ੍ਰਿੰਸੀਪਲ, ਅਧਿਆਪਕਾਂ ਅਤੇ ਮਾਪਿਆਂ ਦੀ ਰਲਵੀਂ ਮਿਹਨਤ ਦਾ ਨਤੀਜਾ ਹੈ।ਇਸ ਮੌਕੇ ਪ੍ਰਿੰਸੀਪਲ ਮਨੀਸ਼ਾ ਸੂਦ ਵੱਲੋਂ ਸਾਲਾਨਾ ਰਿਪੋਰਟ ਪੇਸ਼ ਕੀਤੀ ਗਈ ਅਤੇ ਪਿਛਲੇ ਇੱਕ ਸਾਲ ਵਿੱਚ ਮੋਹਰੀ ਰਹੇ ਵਿਦਿਆਰਥੀਆਂ ਨੂੰ ਟਰਾਫ਼ੀਆਂ ਦੇ ਕੇ ਸਨਮਾਨਿਤ ਕੀਤਾ ਗਿਆ।ਪ੍ਰੋਗਰਾਮ ਦੇ ਅੰਤ ਵਿੱਚ ਸੰਸਥਾ ਦੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਅਤੇ ਪ੍ਰਿੰਸੀਪਲ ਮਨੀਸ਼ਾ ਸੂਦ ਨੇ ਆਏ ਹੋਏ ਸਰੋਤਿਆਂ ਅਤੇ ਮੁੱਖ ਮਹਿਮਾਨ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਬੁਲੰਦੀਆਂ ਨੂੰ ਛੂਹਣ ਲਈ ਮਿਹਨਤ ਕਰਦੇ ਰਹਿਣ ਦਾ ਭਰੋਸਾ ਦਿੱਤਾ।

# ਡਾ. ਅਮਨਦੀਪ ਕੌਰ ਅਰੋੜਾ ਨੇ ਹਰਮੀਤ ਸੰਧੂ ਦੇ ਹੱਕ 'ਚ ਕੀਤਾ ਡੋਰ-ਟੂ-ਡੋਰ ਚੋਣ ਪ੍ਰਚਾਰ

**ਤਰਨਤਾਰਨ (ਪ੍ਰਿਤਪਾਲ ਸਿੰਘ)-** ਤਰਨਤਾਰਨ ਵਿਧਾਨ ਸਭਾ ਜ਼ਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ (ਆਪ) ਦੀ ਜਿੱਤ ਯਕੀਨੀ ਬਣਾਉਣ ਲਈ ਪਾਰਟੀ ਦੇ



ਮਹਿਲਾ ਵਿੰਗ ਨੇ ਵੀ ਪੂਰੀ ਤਾਕਤ ਝੋਕ ਦਿੱਤੀ ਹੈ। 'ਆਪ' ਪੰਜਾਬ ਦੇ ਮਹਿਲਾ ਵਿੰਗ ਦੀਆਂ ਅਹੁਦੇਦਾਰਾਂ ਨੇ ਸੂਬਾ ਪ੍ਰਧਾਨ ਡਾ. ਅਮਨਦੀਪ ਕੌਰ ਅਰੋੜਾ ਦੀ ਅਗਵਾਈ ਹੇਠ ਹਲਕੇ ਵਿੱਚ ਪਾਰਟੀ ਉਮੀਦਵਾਰ ਹਰਮੀਤ ਸਿੰਘ ਸੰਧੂ ਦੇ ਹੱਕ ਵਿੱਚ ਚੋਣ ਪ੍ਰਚਾਰ ਕੀਤਾ।ਡਾ. ਅਮਨਦੀਪ ਕੌਰ ਅਰੋੜਾ ਅਤੇ ਹੋਰ ਮਹਿਲਾ ਆਗੂਆਂ ਨੇ ਘਰ-ਘਰ ਜਾ ਕੇ ਲੋਕਾਂ ਨਾਲ ਰਾਬਤਾ ਕਾਇਮ ਕੀਤਾ। ਉਨ੍ਹਾਂ ਨੇ ਵੋਟਰਾਂ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਿਛਲੇ 3.5 ਸਾਲਾਂ ਵਿੱਚ ਕੀਤੇ ਗਏ ਰਿਕਾਰਡ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਦੀਆਂ ਸਕੀਮਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਡਾ. ਅਰੋੜਾ ਨੇ ਕਿਹਾ ਕਿ ਲੋਕਾਂ ਵਿੱਚ ਮਾਨ ਸਰਕਾਰ ਪ੍ਰਤੀ ਭਾਰੀ ਉਤਸ਼ਾਹ ਹੈ। ਉਨ੍ਹਾਂ ਸਮੂਹ ਹਲਕਾ ਨਿਵਾਸੀਆਂ, ਖਾਸਕਰ ਮਹਿਲਾ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਤਰਨਤਾਰਨ ਦੇ ਸੁਨਹਿਰੀ ਭਵਿੱਖ ਲਈ ਆਉਣ ਵਾਲੀ 11 ਨਵੰਬਰ ਨੂੰ ਝਾੜੂ ਦਾ ਬਟਨ ਦਬਾਉਣ ਅਤੇ ਹਰਮੀਤ ਸਿੰਘ ਸੰਧੂ ਨੂੰ ਭਾਰੀ ਵੋਟਾਂ ਨਾਲ ਜਿਤਾ ਕੇ ਵਿਧਾਨ ਸਭਾ ਭੇਜਣ।

# ਤਰਨਤਾਰਨ ਜ਼ਿਮਨੀ ਚੋਣ : ਸੌ ਫੀਸਦੀ ਲਾਈਵ ਵੈੱਬਕਾਸਟਿੰਗ ਯਕੀਨੀ ਬਣਾਉਣ ਦੇ ਨਿਰਦੇਸ਼

**ਚੋਣ ਅਮਨ-ਅਮਾਨ ਤੇ ਸੁਚਾਰੂ ਢੰਗ ਨਾਲ ਕਰਵਾਉਣ ਲਈ ਲੋੜੀਂਦੇ ਪ੍ਰਬੰਧ ਮੁਕੰਮਲ : ਚੋਣ ਅਧਿਕਾਰੀ**

**ਸਰਾਏ ਅਮਾਨਤ ਖਾਂ (ਮੱਖਣ ਮਨੋਜ)-** ਡਿਪਟੀ ਕਮਿਸ਼ਨਰ ਤਰਨ ਤਾਰਨ-ਕਮ-ਜ਼ਿਲ੍ਹਾ ਚੋਣ ਅਧਿਕਾਰੀ ਸ਼੍ਰੀ ਰਾਹੁਲ ਨੇ ਦੱਸਿਆ ਕਿ ਤਰਨ ਤਾਰਨ ਜ਼ਿਮਨੀ ਚੋਣ ਲਈ ਹਰੇਕ ਪ੍ਰਕਾਰ ਦੇ ਪ੍ਰਬੰਧਾਂ ਨੂੰ ਮੁਕੰਮਲ ਕਰ ਲਿਆ ਗਿਆ ਹੈ ਅਤੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਤੇ ਨਿਯਮਾਂ ਮੁਤਾਬਕ ਜ਼ਿਮਨੀ ਚੋਣ ਨੂੰ ਨੇਪਰੇ ਚਾੜ੍ਹਿਆ ਜਾਵੇਗਾ।ਜ਼ਿਲ੍ਹਾ ਚੋਣ ਅਧਿਕਾਰੀ ਨੇ ਸਮੁੱਚੇ ਚੋਣ ਅਮਲੇ ਨੂੰ ਵੋਟਿੰਗ ਤੋਂ 72, 48 ਅਤੇ 24 ਘੰਟਿਆਂ ਤੋਂ ਲੈ ਕੇ ਚੋਣ ਪ੍ਰਕਿਰਿਆ ਮੁਕੰਮਲ ਹੋਣ ਤੱਕ ਚੌਕਸੀ ਵਧਾਉਣ ਦੇ ਹੁਕਮ ਦਿੱਤੇ ਹਨ।ਉਨ੍ਹਾਂ ਕਿਹਾ ਕਿ ਜੇਕਰ ਵੋਟਰਾਂ ਨੂੰ ਭਰਮਾਉਣ ਲਈ ਨਕਦੀ, ਸ਼ਰਾਬ ਅਤੇ ਕਿਸੇ ਵੀ ਤਰ੍ਹਾਂ ਦੇ ਮੁਫਤ ਸਮਾਨ ਵੰਡਣ ਦੀ ਸ਼ਿਕਾਇਤ ਪ੍ਰਾਪਤ ਹੁੰਦੀ ਹੈ ਤਾਂ ਉਸ ਵਿਰੁੱਧ ਸਖਤ ਕਾਰਵਾਈ ਨੂੰ ਯਕੀਨੀ ਬਣਾਇਆ ਜਾਵੇ।ਉਨ੍ਹਾਂ ਨਿਰਦੇਸ਼ ਦਿੱਤੇ ਕਿ 9 ਨਵੰਬਰ ਨੂੰ ਸ਼ਾਮੀ ਚੋਣ ਪ੍ਰਚਾਰ ਸਮਾਪਤ ਹੋਣ ਤੋਂ ਬਾਅਦ ਸਿਆਸੀ ਪਾਰਟੀਆਂ ਨਾਲ ਸਬੰਧਤ ਕੋਈ ਵੀ ਬਾਹਰੀ ਵਿਅਕਤੀ ਤਰਨ ਤਾਰਨ ਹਲਕੇ ਵਿੱਚ ਨਾ ਹੋਵੇ।ਰੀਅਲ-ਟਾਈਮ ਮਾਨੀਟਰਿੰਗ ਲਈ ਪੋਲਿੰਗ ਸਟੇਸ਼ਨਾਂ ਦੀ 100 ਫੀਸਦੀ ਲਾਈਵ ਵੈੱਬਕਾਸਟਿੰਗ ਯਕੀਨੀ ਬਣਾਈ ਜਾਵੇਗੀ।ਉਨ੍ਹਾਂ ਕਿਹਾ ਕਿ ਪੁਲਸ ਨਾਕਿਆਂ ਉਤੇ ਸੀਸੀਟੀਵੀ ਅਤੇ ਪੈਟਰੋਲਿੰਗ ਟੀਮਾਂ ਰਾਹੀਂ 24 ਘੰਟੇ ਨਿਗਰਾਨੀ ਨੂੰ ਯਕੀਨੀ ਬਣਾਇਆ ਜਾਵੇ ਤਾਂ ਜੋ ਸ਼ਰਾਬ, ਨਕਦੀ, ਡਰੱਗ ਅਤੇ ਹੋਰ ਸਾਮਾਨ ਦੀ ਗੈਰ-ਕਾਨੂੰਨੀ ਤਸਕਰੀ ਰੋਕੀ ਜਾ ਸਕੇ।ਉਨ੍ਹਾਂ ਦੱਸਿਆ ਕਿ ਵੋਟਿੰਗ ਲਈ ਕੁੱਲ 114 ਥਾਵਾਂ ਉਤੇ 222 (ਸ਼ਹਿਰੀ 60 ਅਤੇ ਪੇਂਡੂ 162) ਪੋਲਿੰਗ ਬੂਥ ਬਣਾਏ ਗਏ ਹਨ।100 ਪੋਲਿੰਗ ਬੂਥਾਂ ਦੀ ਪਛਾਣ ਸੰਵੇਦਨਸ਼ੀਲ ਪੋਲਿੰਗ ਬੂਥਾਂ ਵਜੋਂ ਕੀਤੀ ਗਈ ਹੈ ਜਿੱਥੇ ਸੁਰੱਖਿਆ ਦੇ ਸਖਤ ਪ੍ਰਬੰਧ ਕੀਤੇ ਜਾਣਗੇ। ਇਸ ਤੋਂ ਇਲਾਵਾ 9 ਮਾਡਲ ਪੋਲਿੰਗ ਬੂਥ ਅਤੇ ਮਹਿਲਾਵਾਂ ਨੂੰ ਸਮਰਪਿਤ 3 ਪੋਲਿੰਗ ਬੂਥ ਬਣਾਏ ਗਏ ਹਨ।ਜਦਕਿ ਦਿਵਿਆਂਗ ਵੋਟਰਾਂ ਅਤੇ ਨੌਜਵਾਨ ਵੋਟਰਾਂ ਲਈ 1-1 ਪੋਲਿੰਗ ਬੂਥ ਬਣਾਇਆ ਗਿਆ ਹੈ।ਉਨ੍ਹਾਂ ਦੱਸਿਆ ਕਿ ਸਾਰੇ ਪੋਲਿੰਗ ਸਟੇਸ਼ਨਾਂ ਉਤੇ ਸੀਸੀਟੀਵੀ ਕੈਮਰੇ ਲਗਾਏ ਗਏ ਹਨ ਅਤੇ 100 ਫੀਸਦੀ ਵੈੱਬਕਾਸਟਿੰਗ ਨੂੰ ਯਕੀਨੀ ਬਣਾਇਆ ਗਿਆ ਹੈ।9 ਨਵੰਬਰ ਨੂੰ ਸ਼ਾਮ 6 ਵਜੇ ਤੋਂ 11 ਨਵੰਬਰ ਸ਼ਾਮ 6 ਵਜੇ ਤੱਕ ਡ੍ਰਾਈ ਡੇਅ ਐਲਾਨਿਆ ਗਿਆ ਹੈ। ਜ਼ਿਕਰਯੋਗ ਹੈ ਕਿ ਤਰਨ ਤਾਰਨ ਹਲਕੇ ਵਿੱਚ ਵੋਟਰਾਂ ਦੀ ਕੁੱਲ ਗਿਣਤੀ 1,92,838 ਹੈ।1,00,933 ਪੁਰਸ਼ ਵੋਟਰ, 91,897 ਮਹਿਲਾ ਵੋਟਰ ਅਤੇ 8 ਤੀਜੇ ਲਿੰਗ ਦੇ ਵੋਟਰ ਸ਼ਾਮਲ ਹਨ।ਇਸ ਤੋਂ ਇਲਾਵਾ ਕੁੱਲ ਸਰਵਿਸ ਵੋਟਰ 1,357, ਜਦਕਿ 85 ਸਾਲ ਦੀ ਉਮਰ ਤੋਂ ਵੱਧ ਵਾਲੇ ਕੁੱਲ ਵੋਟਰਾਂ ਦੀ ਗਿਣਤੀ 1,657 ਹੈ।ਐੱਨਆਰਆਈ ਵੋਟਰ 306 ਅਤੇ ਦਿਵਿਆਂਗ ਵੋਟਰਾਂ ਦੀ ਕੁੱਲ ਗਿਣਤੀ 1,488 ਹੈ।ਇਸ ਦੇ ਨਾਲ ਹੀ 18 ਤੋਂ 19 ਸਾਲ ਦੀ ਉਮਰ ਵਾਲੇ ਵੋਟਰਾਂ ਦੀ ਕੁੱਲ ਗਿਣਤੀ 3,333 ਹੈ।

# ਖੋਜਕੀਪੁਰ ਨੰਗਲ ਸਲਾਲਾ 'ਚ ਮਹਾਨ ਕੀਰਤਨ ਦਰਬਾਰ ਅੱਜ

**ਆਦਮਪੁਰ (ਪਰਮਜੀਤ ਸਿੰਘ)-** ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ 15ਵਾਂ ਮਹਾਨ ਕੀਰਤਨ ਦਰਬਾਰ 10 ਨਵੰਬਰ ਨੂੰ ਗੁਰਦੁਆਰਾ ਬਾਵਾ ਟਾਹਲੀ ਸਾਹਿਬ ਪਿੰਡ ਖੋਜਕੀਪੁਰ ਨੰਗਲ ਸਲਾਲਾ ਵਿਖੇ ਐਨ ਆਰ ਆਈ ਵੀਰਾਂ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਸਮਾਗਮ ਸੰਬੰਧੀ ਪੋਸਟਰ ਰਿਲੀਜ਼ ਕਰਦੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਮੈਂਬਰਾਂ ਤੇ ਕਮੇਟੀ ਪ੍ਰਧਾਨ ਹਰਬੰਸ ਸਿੰਘ ਨੰਬਰਦਾਰ ਨੇ ਦੱਸਿਆ ਕਿ ਆਦਮਪੁਰ ਤੋਂ ਭੋਗਪੁਰ ਜੀ ਟੀ ਰੋਡ 'ਤੇ ਸਥਿਤ ਗੁਰਦੁਆਰਾ ਬਾਬਾ ਟਾਹਲੀ ਸਾਹਿਬ ਪਿੰਡ ਖੋਜਕੀਪੁਰ ਨੰਗਲ ਸਲਾਲਾ ਵਿੱਚ ਸ਼ਾਮ 6 ਵਜੇ ਤੋਂ ਰਾਤ 11 ਵਜੇ ਤੱਕ ਕੀਰਤਨ ਦਰਬਾਰ ਕਰਵਾਇਆ ਜਾ ਰਿਹਾ ਹੈ। ਜਿਸ ਵਿੱਚ ਭਾਈ ਰਣਜੀਤ ਸਿੰਘ ( ਢੱਡਰੀਆਂ ਵਾਲੇ ) ਗੁਰਬਾਣੀ ਕੀਰਤਨ ਕਰ ਸੰਗਤ ਨੂੰ ਨਿਹਾਲ ਕਰਨਗੇ। ਇਸ ਮੌਕੇ ਹਰਬੰਸ ਸਿੰਘ ਨੰਬਰਦਾਰ, ਜਗਜੀਤ ਸਿੰਘ ਯੂ ਐਸ ਏ, ਕੇਵਲ ਸਿੰਘ ਸਾਬਕਾ ਸਰਪੰਚ,ਅਮਨਦੀਪ ਸਿੰਘ, ਇੰਦਰਜੀਤ ਸਿੰਘ ਨੰਬਰਦਾਰ, ਸਾਧੂ ਸਿੰਘ, ਮਹਿੰਗਾ ਸਿੰਘ, ਗੁਰਜੀਤ ਸਿੰਘ, ਜਸਵੀਰ ਸਿੰਘ ਹੈਡ ਗ੍ਰੰਥੀ, ਜਗਵਿੰਦਰ ਸਿੰਘ ਸਿੱਧੂ, ਰਾਜਿੰਦਰ ਸਿੰਘ, ਹਰਜੀਤ ਸਿੰਘ, ਬਲਰਾਜ ਸਿੰਘ, ਸ਼ਿਵਜੋਤ ਸ਼ਿਵਾ, ਅਰਸ਼ਪ੍ਰੀਤ ਸਿੰਘ, ਪਰਮਜੀਤ ਸਿੰਘ, ਮਨਜੋਤ ਸਿੰਘ, ਸੁਰਖਾਬ ਸਿੰਘ ਆਦਿ ਹਾਜ਼ਰ ਸਨ।

# ਪ੍ਰਕਾਸ਼ ਪੁਰਬ ਨੂੰ ਸਮਰਪਿਤ ਅਕਾਲ ਅਕੈਡਮੀ ਤਿੱਬੜ 'ਚ ਰੂਹਾਨੀ ਸਮਾਗਮ ਕਰਵਾਇਆ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)-** ਪਹਿਲੀ ਪਾਤਸ਼ਾਹੀ ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇੱਕ ਰੂਹਾਨੀ ਸਮਾਗਮ ਬੜੀ ਸ਼ਰਧਾ ਭਾਵਨਾ ਨਾਲ ਕਲਗੀਧਰ ਟਰੱਸਟ ਬੜੂ ਸਾਹਿਬ ਅਧੀਨ ਚੱਲ ਰਹੀ ਅਕਾਲ ਅਕੈਡਮੀ ਤਿੱਬੜ ਵਿੱਚ ਆਯੋਜਿਤ ਕੀਤਾ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਨਿੱਤਨੇਮ ਦੀਆਂ ਪੰਜ ਬਾਣੀਆਂ ਦੇ ਉਚਾਰਨ ਕੀਤੇ ਗਏ। ਨਿਤਨੇਮ ਤੋਂ ਬਾਅਦ 6 ਸ੍ਰੀ ਸਹਿਜ ਪਾਠਾਂ ਦੇ ਸੰਪੂਰਨ ਭੋਗ ਪਾਏ ਗਏ। ਉਪਰੰਤ ਅਕੈਡਮੀ ਦੇ ਬੱਚਿਆਂ ਵੱਲੋਂ ਗੁਰਬਾਣੀ ਸ਼ਬਦ ਗਾਇਨ ਕੀਤੇ ਗਏ। ਵੱਖ-ਵੱਖ ਜਮਾਤਾਂ ਦੇ ਬੱਚਿਆਂ ਵੱਲੋਂ ਕਵਿਤਾਵਾਂ, ਭਾਸ਼ਣ ਅਤੇ ਕਵੀਸ਼ਰੀਆਂ ਆਦਿ ਪੇਸ਼ ਕੀਤੀਆਂ ਗਈਆਂ। ਇਸ ਮੌਕੇ ਸੇਵਾਦਾਰ ਹਰਜੀਤ ਸਿੰਘ ਨੇ ਗੁਰੂ ਨਾਨਕ ਦੇਵ ਜੀ ਦੇ ਸਿਧਾਂਤਾਂ 'ਤੇ ਚਾਨਣਾ ਪਾਇਆ। ਪ੍ਰੋਗਰਾਮ ਦੇ ਅੰਤ ਵਿੱਚ ਇਸ ਮੁਬਾਰਕ ਮੌਕੇ 'ਤੇ ਅਕਾਲ ਅਕੈਡਮੀ ਤਿੱਬੜ ਦੇ ਪ੍ਰਿੰਸੀਪਲ ਗੁਰਵਿੰਦਰ ਕੌਰ ਹਾਜ਼ਰ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ। ਉਪਰੰਤ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ ਤੇ ਕੜਾਹ ਪ੍ਰਸ਼ਾਦ ਦੀ ਦੇਗ ਵਰਤਾਈ ਗਈ। ਇਸ ਮੌਕੇ ਸਟੇਜ ਦੀ ਸੇਵਾ ਅਧਿਆਪਕਾ ਡਾ. ਹਰਮੀਤ ਕੌਰ ਤੇ ਨੌਵੀਂ ਜਮਾਤ ਦੀਆਂ ਬੱਚੀਆਂ ਜਸਮੀਤ ਕੌਰ ਤੇ ਸਹਿਜਦੀਪ ਕੌਰ ਵੱਲੋਂ ਸੰਭਾਲੀ ਗਈ। ਅੰਤ ਵਿੱਚ ਅਕੈਡਮੀ ਦੇ ਗਤਕਾ ਖਿਡਾਰੀ ਬੱਚਿਆਂ ਵੱਲੋਂ ਗਤਕੇ ਦੇ ਜੌਹਰ ਦਿਖਾਏ ਗਏ। ਸਮਾਪਤੀ ਉਪਰੰਤ ਸਾਰੀ ਸੰਗਤ ਲਈ ਗੁਰੂ ਦਾ ਅਤੁੱਟ ਲੰਗਰ ਵਰਤਾਇਆ ਗਿਆ।

# ਬਾਬਾ ਬੰਦਾ ਸਿੰਘ ਬਹਾਦਰ ਸਕੂਲ 'ਚ ਅੱਜ ਨਗਰ ਕੀਰਤਨ ਦਾ ਹੋਵੇਗਾ ਨਿੱਘਾ ਸਵਾਗਤ : ਚਾਹਲ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)-** ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ, ਭਾਈ ਸਤੀਦਾਸ, ਭਾਈ ਮਤੀ ਦਾਸ ਅਤੇ ਦਿਆਲਾ ਜੀ ਦੀ ਸ਼ਹਾਦਤ ਨੂੰ ਸਮਰਪਿਤ ਨਗਰ ਕੀਰਤਨ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਅਸਾਮ ਤੋਂ



ਆਰੰਭ ਹੋ ਕੇ ਦੇਸ਼ ਦੇ ਵੱਖ-ਵੱਖ ਰਾਜਾਂ ਦੀ ਯਾਤਰਾ ਕਰਦਾ ਹੋਇਆ 10 ਨਵੰਬਰ ਨੂੰ ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਤੋਂ ਅੱਗੇ ਬਟਾਲਾ ਨੂੰ ਜਾਵੇਗਾ।ਇਸ ਮਹਾਨ ਨਗਰ ਕੀਰਤਨ ਦਾ ਸਵਾਗਤ ਬਾਬਾ ਬੰਦਾ ਸਿੰਘ ਬਹਾਦਰ ਸਕੂਲ ਦੇ ਵਿਦਿਆਰਥੀਆਂ, ਅਧਿਆਪਕਾਂ ਅਤੇ ਪ੍ਰਬੰਧਕਾਂ ਵੱਲੋਂ ਕੀਤਾ ਜਾਵੇਗਾ ।ਇਹ ਜਾਣਕਾਰੀ ਸਕੂਲ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਨੇ ਪੱਤਰਕਾਰਾਂ ਨਾਲ ਸਾਂਝੀ ਕੀਤੀ ।ਉਨ੍ਹਾਂ ਨੇ ਕਿਹਾ ਕਿ ਲਿਟਲ ਸਪਰਾਊਟ ਦੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਦੁਆਰਾ ਪੰਜ ਪਿਆਰਿਆਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਜਾਵੇਗਾ ।ਸਕੂਲ ਦੇ ਬੈਂਡ ਦੇ ਬੱਚੇ ਨਗਰ ਕੀਰਤਨ ਦੀ ਅਗਵਾਈ ਕਰਨਗੇ ।ਗਤਕੇ ਵਾਲੇ ਵਿਦਿਆਰਥੀ ਜਥੇਦਾਰ ਪਰਮਜੀਤ ਸਿੰਘ ਚੌਧਰਪੁਰ ਦੀ ਅਗਵਾਈ ਹੇਠ ਗਤਕੇ ਦੇ ਜੌਹਰ ਦਿਖਾਉਣਗੇ।ਅਮਰਜੀਤ ਸਿੰਘ ਚਾਹਲ ਨੇ ਕਿਹਾ ਕਿ ਇਸ ਮੌਕੇ ਚਾਹ ਅਤੇ ਪਕੌੜਿਆਂ ਦੇ ਅਟੁੱਟ ਲੰਗਰ ਵਰਤਾਏ ਜਾਣਗੇ। ਸਕੂਲ ਦੇ ਬੱਚਿਆਂ ਨੂੰ ਸ਼ਹੀਦਾਂ ਦੀਆਂ ਸ਼ਹਾਦਤਾਂ ਅਤੇ ਜੀਵਨੀਆਂ ਬਾਰੇ ਵੀ ਜਾਣਕਾਰੀ ਦਿੱਤੀ ਜਾਵੇਗੀ ।

# ਪੰਜਾਬ 'ਚ ਆਮ ਆਦਮੀ ਪਾਰਟੀ ਦੇ ਰਾਜ ਤੋਂ ਲੋਕ ਦੁਖੀ : ਬਲਕਾਰ ਦੁਧਾਲਾ



**ਚੇਤਨਪੁਰਾ (ਸੁਖਵੰਤ ਚੇਤਨਪੁਰੀ)-** ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨੇ ਇੱਕ ਪਾਸੜ ਭਾਰੀ ਬਹੁਮਤ ਨਾਲ ਜਿਤਾਈ ਸੀ।ਪਰ ਨਸ਼ੇ ਅਤੇ ਬੇਰੁਜ਼ਗਾਰੀ ਖਤਮ ਕਰਨ ਦੇ ਉਲਟ ਵਿਦਿਆਰਥੀਆਂ ਤੇ ਨੌਜਵਾਨਾਂ ਦੇ ਮਸਲੇ ਹੋਰ ਵੀ ਗੁੰਝਲਦਾਰ ਹੋ ਗਏ ਹਨ।ਇਸ ਵੇਲੇ ਗੈਂਗਵਾਰ ਦੇ ਕੇਸ ਰੋਜ਼ਾਨਾ ਹੀ ਖਬਰਾਂ ਦਾ ਮੁੱਦਾ ਬਣ ਰਹੇ ਹਨ। ਉਕਤ ਵਿਚਾਰਾਂ ਦਾ ਪ੍ਰਗਟਾਵਾ ਸੀਪੀਆਈ ਸਟੇਟ ਕੌਂਸਲ ਮੈਂਬਰ ਕਾਮਰੇਡ ਬਲਵਿੰਦਰ ਦੁਧਾਲਾ ਨੇ ਪਿੰਡ ਦੁਧਾਲਾ ਵਿਖੇ ਕਾਮਰੇਡ ਗੱਜਣ ਸਿੰਘ ਦੁਧਾਲਾ ਦੀ ਪ੍ਰਧਾਨਗੀ ਤਹਿਤ ਕੀਤੀ ਮੀਟਿੰਗ ਦੌਰਾਨ ਕਹੇ।ਉਨ੍ਹਾਂ ਕਿਹਾ ਕਿ ਇਸ ਵਕਤ ਸਰਕਾਰ ਤੋਂ ਹਰੇਕ ਵਰਗ ਦੁਖੀ ਹੈ। ਕਾ: ਬਲਕਾਰ ਸਿੰਘ ਦੁਧਾਲਾ ਨੇ ਦੇਸ਼ ਤੇ ਪੰਜਾਬ ਦੇ ਰਾਜਨੀਤਕ ਹਾਲਾਤ ਬਾਰੇ ਵਿਸਥਾਰਪੂਰਵਕ ਦੱਸਿਆ। ਮੀਟਿੰਗ ਸਮੇਂ ਬੀਤੇ ਤਿੰਨ ਸਾਲਾਂ ਦੀ ਸੰਖੇਪ ਰਿਪੋਰਟ ਵੀ ਕਾ: ਧਰਮ ਸਿੰਘ ਨੇ ਪੇਸ਼ ਕੀਤੀ ਜੋ ਕਿ ਸਰਬਸੰਮਤੀ ਨਾਲ ਪਾਸ ਕੀਤੀ ਗਈ। ਮੀਟਿੰਗ ਨੂੰ ਸੁਖਵਿੰਦਰ ਸਿੰਘ ਚਵਿੰਡਾ ਦੇਵੀ ਤੇ ਗੋਪਾਲਪੁਰ ਨੇ ਚੋਣ ਕਰਾਉਣ ਵਾਸਤੇ ਨਿਗਰਾਨ ਵਜੋਂ ਹਾਜ਼ਰੀ ਲਵਾਈ। ਗੱਜਣ ਸਿੰਘ ਨੇ ਧਰਮ ਸਿੰਘ ਦਾ ਸੈਕਟਰੀ ਵਜੋਂ ਨਾਂਅ ਪੇਸ਼ ਕੀਤਾ ਜੋ ਸਰਬਸੰਮਤੀ ਨਾਲ ਪਰਵਾਨ ਹੋਇਆ। ਬਲਕਾਰ ਦੁਧਾਲਾ ਨੇ ਕਾਮਰੇਡ ਸੋਹਣ ਸਿੰਘ ਜੋਸ਼ ਦੇ ਜਨਮ ਦਿਨ 'ਤੇ ਉਨ੍ਹਾਂ ਦੇ ਪਿੰਡ 12 ਨਵੰਬਰ ਨੂੰ ਚੇਤਨਪੁਰਾ ਪਹੁੰਚਣ ਦੀ ਅਪੀਲ ਕੀਤੀ।ਸਾਥੀ ਗੱਜਣ ਸਿੰਘ ਨੇ ਸਾਰੇ ਸਾਥੀਆਂ ਦਾ ਧੰਨਵਾਦ ਕੀਤਾ ਅਤੇ ਪਾਰਟੀ ਦੀਆਂ ਨੀਤੀਆਂ ਦਾ ਪ੍ਰਚਾਰ ਕਰਨ ਦਾ ਸੁਨੇਹਾ ਦਿੱਤਾ।ਇਸ ਮੌਕੇ ਸਤਨਾਮ ਸਿੰਘ, ਕਸ਼ਮੀਰ ਸਿੰਘ, ਸ਼ਿੰਗਾਰਾ ਸਿੰਘ, ਸੁਖਚੈਨ ਸਿੰਘ, ਦਵਿੰਦਰ ਸਿੰਘ ਅਤੇ ਸੁਖਵਿੰਦਰ ਸਿੰਘ ਚਵਿੰਡਾ ਸ਼ਾਮਲ ਹੋਏ।

# ਆਸ਼ਾ ਤੇ ਮਿੱਡ-ਡੇ-ਮੀਲ ਵਰਕਰਾਂ ਵੱਲੋਂ ਪੰਜਾਬ ਸਰਕਾਰ ਖ਼ਿਲਾਫ ਰੋਹ ਭਰਪੂਰ ਪ੍ਰਦਰਸ਼ਨ

**ਵਲਟੋਹਾ (ਰਣਜੀਤ ਸਿੰਘ ਵਲਟੋਹਾ)-** ਮਾਣ ਭੱਤਾ ਵਰਕਰਜ਼ ਸਾਂਝਾ ਮੋਰਚਾ ਪੰਜਾਬ ਦੇ ਸੱਦੇ ਤੇ ਵੱਖ-ਵੱਖ ਜ਼ਿਲ੍ਹਿਆਂ ਦੀਆਂ ਆਸ਼ਾ ਵਰਕਰਾਂ, ਆਸ਼ਾ ਫੈਸਿਲੀਟੇਟਰਾਂ ਅਤੇ ਮਿਡ-ਡੇ-ਮੀਲ ਵਰਕਰਾਂ ਨੇ ਭਗਵੰਤ ਮਾਨ ਸਰਕਾਰ ਵੱਲੋਂ ਮਾਣ ਭੱਤਾ ਵਰਕਰਾਂ ਨਾਲ ਚੋਣਾਂ ਤੋਂ ਪਹਿਲਾਂ ਕੀਤੇ ਵਾਅਦੇ ਪੂਰੇ ਨਾ ਕਰਨ ਦਾ ਦੋਸ਼ ਲਗਾਉਂਦੇ ਹੋਏ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਉਨ੍ਹਾਂ ਨੂੰ ਦਿੱਤੀਆਂ ਜਾ ਰਹੇ ਨਿਗੂਣੇ ਅਤੇ ਅਪਮਾਨਜਨਕ ਮਾਣ ਭੱਤੇ ਵਿੱਚ ਵਾਧਾ ਨਾ ਕਰਨ ਦੇ ਰੋਸ ਵਜੋਂ ਮਨਦੀਪ ਕੌਰ ਬਿਲਗਾ ਅਤੇ ਲਖਵਿੰਦਰ ਕੌਰ ਫਰੀਦਕੋਟ ਦੀ ਅਗਵਾਈ ਹੇਠ ਹਜ਼ਾਰਾਂ ਵਰਕਰਾਂ ਵੱਲੋਂ ਤਰਨਤਾਰਨ ਵਿਖੇ ਰੋਹ ਭਰਪੂਰ ਪ੍ਰਦਰਸ਼ਨ ਕੀਤਾ ਗਿਆ ਹੈ।ਇਸ ਮੌਕੇ ਗਾਂਧੀ ਪਾਰਕ ਵਿਖੇ ਕੀਤੀ ਗਈ ਰੈਲੀ ਦੌਰਾਨ ਪੰਜਾਬ ਪੁਲਸ ਵੱਲੋਂ ਪਾਰਕ ਨੂੰ ਜਿੰਦਰੇ ਮਾਰ ਕੇ ਮਾਣ ਭੱਤਾ ਵਰਕਰਾਂ ਨੂੰ ਪਾਰਕ ਦੇ ਅੰਦਰ ਡੱਕਣ ਦਾ ਕੋਝਾ ਯਤਨ ਕੀਤਾ ਗਿਆ ਜਿਸ ਦਾ ਵਿਰੋਧ ਕਰਦੇ ਹੋਏ ਵਰਕਰਾਂ ਨੇ ਪਾਰਕ ਤੋਂ ਬਾਹਰ ਨਿਕਲ ਕੇ ਆਮ ਆਦਮੀ ਪਾਰਟੀ ਦੇ ਚੋਣ ਦਫ਼ਤਰ ਤੱਕ ਰੋਡ ਮਾਰਚ ਕੀਤਾ ਅਤੇ ਭਗਵੰਤ ਮਾਨ ਸਰਕਾਰ ਵਿਰੁੱਧ ਜਬਰਦਸਤ ਨਾਅਰੇਬਾਜ਼ੀ ਕੀਤੀ।ਇਸ ਮੌਕੇ ਹਜ਼ਾਰਾਂ ਵਰਕਰਾਂ ਦੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਸਾਂਝੇ ਮੋਰਚੇ ਦੇ ਆਗੂ ਸ਼ਕੁੰਤਲਾ ਸਰੋਏ, ਪਰਮਜੀਤ ਕੌਰ ਮਾਨ, ਮਮਤਾ ਸ਼ਰਮਾ, ਸਰਬਜੀਤ ਕੌਰ ਫਰੀਦਕੋਟ,



ਰਮਨਜੀਤ ਕੌਰ ਮੁਕਤਸਰ ਅਤੇ ਬੀਨਾ ਘੱਗਾ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਸੱਤਾ ਵਿੱਚ ਆਉਣ ਤੋਂ ਪਹਿਲਾਂ ਆਸ਼ਾ ਵਰਕਰਾਂ ਤੇ ਮਿਡ-ਡੇ-ਮੀਲ ਵਰਕਰਾਂ ਨਾਲ ਕੀਤੇ ਹੋਏ ਸਾਰੇ ਵਾਅਦਿਆਂ ਤੋਂ ਮੁੱਕਰ ਗਈ ਹੈ ਅਤੇ ਤਿੰਨ ਸਾਲ ਬੀਤਣ ਤੋਂ ਬਾਅਦ ਵੀ ਮਾਣ ਭੱਤਾ ਵਰਕਰਾਂ ਦੇ ਨਿਗੂਣੇ ਮਾਣ ਭੱਤੇ ਵਿੱਚ ਇੱਕ ਪੈਸੇ ਦਾ ਵੀ ਵਾਧਾ ਨਹੀਂ ਕੀਤਾ ਗਿਆ, ਜਿਸ ਕਾਰਨ ਉਹਨਾਂ ਦੀਆਂ ਮੁਸ਼ਕਲਾਂ ਵਿੱਚ ਹੋਰ ਵਾਧਾ ਹੋ ਗਿਆ ਹੈ ਅਤੇ ਉਨ੍ਹਾਂ ਦੇ ਪਰਿਵਾਰਾਂ ਦਾ ਗੁਜ਼ਾਰਾ ਚੱਲਣਾ ਮੁਸ਼ਕਲ ਹੋ ਗਿਆ ਹੈ।ਇਸ ਰੈਲੀ ਨੂੰ ਹੋਰਨਾਂ ਤੋਂ ਇਲਾਵਾ ਹਰਪਾਲ ਕੌਰ ਮੁਕਤਸਰ, ਗੁਰਜੀਤ ਕੌਰ ਸ਼ਾਹਕੋਟ, ਗੁਰਮਿੰਦਰ ਕੌਰ ਗੁਰਦਾਸਪੁਰ ਬਲਵਿੰਦਰ ਕੌਰ ਟਿੱਬਾ, ਰਜਿੰਦਰ ਕੌਰ ਤਰਨਤਾਰਨ, ਹਰਮਿੰਦਰ ਕੌਰ ਮੋਗਾ, ਕਲਵਿੰਦਰ ਕੌਰ ਜਲੰਧਰ, ਲਕਸ਼ਮੀ ਬਾਈ ਫਿਰੋਜ਼ਪੁਰ, ਸੁਖਬੀਰ ਕੌਰ ਫਰੀਦਕੋਟ, ਰਜਿੰਦਰਪਾਲ ਕੌਰ ਫਗਵਾੜਾ, ਅਨੀਤਾ ਰਾਣੀ, ਸਰਬਜੀਤ ਕੌਰ ਛੱਜਲਵੱਡੀ,ਪ੍ਰਵੀਨ ਕੁਮਾਰੀ ਲੁਧਿਆਣਾ, ਗੁਰਪ੍ਰੀਤ ਕੌਰ ਗੁਰਦਾਸਪੁਰ ਅਤੇ ਰਾਜ ਕੌਰ ਤਰਨਤਾਰਨ ਨੇ ਵੀ ਸੰਬੋਧਨ ਕੀਤਾ।

ਨਵਾਂ ਜ਼ਮਾਨਾ
ਸੋਮਵਾਰ, 10 ਨਵੰਬਰ 2025

# ਜੇ ਐੱਨ ਯੂ ਦਾ ਬਿਹਾਰ ਕੁਨੈਕਸ਼ਨ

ਜਵਾਹਰ ਲਾਲ ਨਹਿਰੂ ਯੂਨੀਵਰਸਿਟੀ (ਜੇ ਐੱਨ ਯੂ) ਕੌਮਾਂਤਰੀ ਪ੍ਰਸਿੱਧੀ ਵਾਲੀ ਯੂਨੀਵਰਸਿਟੀ ਹੈ। ਇਸ ਕਰਕੇ ਇੱਥੇ ਹੋਣ ਵਾਲੀ ਘਟਨਾ 'ਤੇ ਪੂਰੀ ਦੁਨੀਆ ਦਾ ਧਿਆਨ ਜਾਂਦਾ ਹੈ। ਇਸ ਯੂਨੀਵਰਸਿਟੀ ਨੂੰ ਪ੍ਰਗਤੀਸ਼ੀਲ, ਵਿਗਿਆਨਕ ਤੇ ਆਜ਼ਾਦ ਵਿਚਾਰਾਂ ਦੇ ਪ੍ਰਗਟਾਵੇ ਦੀ ਪ੍ਰਤੀਕ ਮੰਨਿਆ ਜਾਂਦਾ ਹੈ। ਅਜਿਹੀ ਕੋਈ ਕੌਮੀ-ਕੌਮਾਂਤਰੀ ਘਟਨਾ ਨਹੀਂ ਹੁੰਦੀ, ਜਿਸ 'ਤੇ ਜੇ ਐੱਨ ਯੂ ਦੇ ਵਿਦਿਆਰਥੀ ਆਪਣੀ ਪ੍ਰਤੀਕਿਰਿਆ ਨਾ ਦਿੰਦੇ ਹੋਣ। ਜਿਵੇਂ ਸਾਡੇ ਦੇਸ਼ ਨੂੰ 'ਆਈਡੀਆ ਆਫ ਇੰਡੀਆ' ਦਾ ਵਿਚਾਰ ਪ੍ਰੀਭਾਸ਼ਤ ਕਰਦਾ ਹੈ, ਉਸੇ ਨਾਲ ਕਦਮਤਾਲ ਕਰਦਿਆਂ 'ਆਈਡੀਆ ਆਫ ਜੇ ਐੱਨ ਯੂ' ਦਾ ਵਿਚਾਰ ਇਸ ਯੂਨੀਵਰਸਿਟੀ ਦੀ ਖਾਸੀਅਤ ਨੂੰ ਪ੍ਰੀਭਾਸ਼ਤ ਕਰਦਾ ਹੈ। ਜਿਵੇਂ 'ਆਈਡੀਆ ਆਫ ਇੰਡੀਆ' ਦਾ ਵਿਚਾਰ ਸੰਘੀ ਗ੍ਰੋਹ ਦੇ ਨਿਸ਼ਾਨੇ 'ਤੇ ਹੈ, ਉਵੇਂ ਹੀ 'ਆਈਡੀਆ ਆਫ ਜੇ ਐੱਨ ਯੂ' ਨੂੰ ਵੀ ਨਸ਼ਟ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ ਕੋਸ਼ਿਸ਼ ਵਿੱਚ ਸੰਘੀ ਗ੍ਰੋਹ ਨੇ ਇਸ ਯੂਨੀਵਰਸਿਟੀ ਨੂੰ ਦੇਸ਼ਧ੍ਰੋਹੀ ਵਿਦਿਆਰਥੀਆਂ ਦੇ ਜਮਾਵੜੇ ਵਜੋਂ ਬਦਨਾਮ ਕੀਤਾ ਹੈ, ਜਿਹੜੇ ਦੇਸ਼ ਨੂੰ ਕਈ ਟੁਕੜਿਆਂ ਵਿੱਚ ਵੰਡਣ ਦੀ ਫਿਰਾਕ ਵਿੱਚ ਹਨ। ਗੋਦੀ ਮੀਡੀਆ ਰਾਹੀਂ ਇੱਥੇ ਪ੍ਰਗਤੀਸ਼ੀਲ ਤੇ ਖੱਬੇ-ਪੱਖੀ ਸੋਚ ਰੱਖਣ ਵਾਲੇ ਵਿਦਿਆਰਥੀਆਂ ਨੂੰ 'ਟੁਕੜੇ-ਟੁਕੜੇ ਗੈਂਗ' ਦੇ ਰੂਪ ਵਿੱਚ ਚਿੱਤਰਤ ਕੀਤਾ ਗਿਆ ਹੈ।

ਜੇ ਐੱਨ ਯੂ ਦੀ ਸਟੂਡੈਂਟਸ ਯੂਨੀਅਨ ਦੀਆਂ ਪਿਛਲੀਆਂ ਚੋਣਾਂ ਤਿੰਨ ਸਾਲ ਪਹਿਲਾਂ 2022 ਵਿੱਚ ਹੋਈਆਂ ਸਨ। ਉਦੋਂ ਆਰ ਐੱਸ ਐੱਸ ਦੀ ਪੈਦਾਵਾਰ ਅਖਿਲ ਭਾਰਤੀ ਵਿਦਿਆਰਥੀ ਪ੍ਰੀਸ਼ਦ (ਏ ਬੀ ਵੀ ਪੀ) ਦਾ ਆਗੂ ਜਾਇੰਟ ਸਕੱਤਰ ਚੁਣਿਆ ਗਿਆ ਸੀ ਜਦਕਿ ਪ੍ਰਧਾਨ, ਮੀਤ ਪ੍ਰਧਾਨ ਤੇ ਜਨਰਲ ਸਕੱਤਰ ਦੇ ਅਹੁਦੇ ਲੈਫਟ ਨੇ ਜਿੱਤੇ ਸਨ। ਪਿਛਲੇ ਦਿਨੀਂ ਹੋਈਆਂ ਚੋਣਾਂ ਵਿੱਚ ਚਾਰੇ ਅਹੁਦੇ ਲੈਫਟ ਯੂਨਿਟੀ 'ਤੇ ਲੜਨ ਵਾਲੇ ਖੱਬੀ ਸੋਚ ਵਾਲੇ ਵਿਦਿਆਰਥੀਆਂ ਨੇ ਜਿੱਤ ਲਏ। ਇਸ ਨਾਲ ਸੰਘੀ ਗ੍ਰੋਹ ਨੂੰ ਵੱਡਾ ਝਟਕਾ ਲੱਗਾ, ਜਦੋਂ ਕਿ ਸੱਤਾ, ਸੰਘ ਤੇ ਯੂਨੀਵਰਸਿਟੀ ਪ੍ਰਸ਼ਾਸਨ ਨੇ ਏ ਬੀ ਵੀ ਪੀ ਨੂੰ ਜਿਤਾਉਣ ਲਈ ਪੂਰਾ ਟਿੱਲ ਲਾਇਆ ਸੀ। ਹਮੇਸ਼ਾ ਦੀ ਤਰ੍ਹਾਂ ਇਹ ਚੋਣਾਂ ਵੀ ਵਿਚਾਰਧਾਰਾ ਦਾ ਸੰਘਰਸ਼ ਸਨ ਅਤੇ ਜਦੋਂ ਦੇਸ਼ ਅਣਐਲਾਨੀ ਐਮਰਜੈਂਸੀ ਦਾ ਸਾਹਮਣਾ ਕਰ ਰਿਹਾ ਹੈ, ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ ਖੱਬੇ-ਪੱਖੀ ਵਿਚਾਰਧਾਰਾ ਤੇ ਖੱਬੀਆਂ ਧਿਰਾਂ ਦੇ ਦੇਸ਼ਵਿਆਪੀ ਸੰਘਰਸ਼ਾਂ ਦੀ ਹਮਾਇਤ ਕੀਤੀ ਹੈ। ਜੇ ਐੱਨ ਯੂ ਵਿੱਚ ਬਿਹਾਰ ਤੋਂ ਆਏ ਵਿਦਿਆਰਥੀਆਂ ਦਾ ਵੱਡਾ ਹਿੱਸਾ ਪੜ੍ਹਦਾ ਹੈ। ਇਸ ਲਈ ਜੇ ਐੱਨ ਯੂ ਵਿੱਚ ਖੱਬੇ-ਪੱਖੀਆਂ ਦੀ ਜਿੱਤ ਬਿਹਾਰ ਵਿਧਾਨ ਸਭਾ ਚੋਣਾਂ ਦੇ ਨਤੀਜਿਆਂ ਦਾ ਵੀ ਸੰਕੇਤ ਦਿੰਦੀ ਹੈ। ਜੇ ਐੱਨ ਯੂ ਵਿੱਚ ਖੱਬੇ-ਪੱਖੀਆਂ ਦੀ ਜਿੱਤ ਨਾਲ ਮੋਦੀ-ਸ਼ਾਹ-ਸੰਘ ਦੀ ਤਿਕੜੀ ਨੂੰ ਉਸੇ ਤਰ੍ਹਾਂ ਦਾ ਝਟਕਾ ਲੱਗਾ ਹੈ, ਜਿਵੇਂ ਟਰੰਪ ਨੂੰ ਮਮਦਾਨੀ ਦੇ ਨਿਊ ਯਾਰਕ ਦੇ ਮੇਅਰ ਦੀ ਚੋਣ ਜਿੱਤਣ ਨਾਲ। ਆਖਰਕਾਰ ਭਗਵਾਂ ਵਿਚਾਰਧਾਰਾ ਨੂੰ ਸਿੰਗ ਤੋਂ ਫੜ ਕੇ ਪਟਕਣੀ ਦੇਣ ਦੀ ਤਾਕਤ ਖੱਬੇ-ਪੱਖੀਆਂ ਵਿੱਚ ਹੀ ਹੈ। ਬਿਹਾਰ ਦੀਆਂ ਚੋਣ ਰੈਲੀਆਂ ਵਿੱਚ ਯੋਗੀ ਆਦਿੱਤਿਆ ਨਾਥ ਨੇ ਪੁੱਛਿਆ ਸੀ : ਦੁਨੀਆ ਵਿੱਚ ਕਮਿਊਨਿਸਟ ਹਨ ਕਿੱਥੇ ? ਜੇ ਐੱਨ ਯੂ ਨੇ ਇਸ ਦਾ ਜਵਾਬ ਦੇ ਦਿੱਤਾ ਹੈ ਕਿ ਅਸੀਂ ਇੱਥੇ ਹਾਂ। 14 ਨਵੰਬਰ ਨੂੰ ਬਿਹਾਰ ਦੇ ਚੋਣ ਨਤੀਜੇ ਖੱਬੇ-ਪੱਖੀਆਂ ਦੀ ਪ੍ਰਸੰਗਕਤਾ ਨੂੰ ਫਿਰ ਸਿੱਧ ਕਰਨਗੇ।

# .ਗ਼ਦਰੀ ਬਾਬਿਆਂ ਦੇ ਸੁਪਨੇ ਅੱਜ ਵਧੇਰੇ ਪ੍ਰਸੰਗਕ

ਚਰਨ ਸਿੰਘ ਸਰਾਭਾ

ਅੱਜ ਸਾਡਾ ਭਾਰਤ ਮਹਾਨ ਸੰਸਾਰ ਦਾ ਸਭ ਤੋਂ ਵੱਡਾ ਮੰਨਿਆ ਜਾਂਦਾ ਲੋਕਤੰਤਰ ਆਜ਼ਾਦੀ ਪ੍ਰਾਪਤੀ ਦੇ 78 ਸਾਲ ਪੂਰੇ ਕਰਦਾ ਹੋਇਆ ਅੱਗੇ ਵਧ ਰਿਹਾ ਹੈ। ਸਾਡੇ ਕਈ ਸਿਆਸੀ ਆਗੂ ਅਤੇ ਸਰਕਾਰੀ ਕਾਰਕੁਨ ਸਾਲ 2047 ਤੱਕ ਭਾਰਤ ਨੂੰ ਵਿਸ਼ਵ ਗੁਰੂ ਬਣ ਜਾਣ ਦੀ ਕਲਪਨਾ ਕਰਦੇ ਹਨ। ਇਨ੍ਹਾਂ ਆਗੂਆਂ ਅਤੇ ਕਾਰਕੁਨਾਂ ਵੱਲੋਂ ਭਾਰਤ ਦੇ ਵਿਕਾਸ ਸੰਬੰਧੀ ਅਜਿਹੀ ਕਲਪਨਾ ਕਰਨੀ ਉਤਸ਼ਾਹ-ਪੂਰਵਕ ਵਰਤਾਰਾ ਹੈ, ਜਿਸ ਨੂੰ ਜਾਣ ਕੇ ਹਰ ਭਾਰਤੀ ਦਾ ਸਿਰ ਉੱਚਾ ਹੋਣਾ ਸੁਭਾਵਕ ਹੈ, ਕਿਉਂਕਿ ਜਦੋਂ ਅਸੀਂ ਭਾਰਤ ਦੀ ਗੱਲ ਕਰਦੇ ਹਾਂ ਤਾਂ ਉਸ ਦਾ ਭਾਵ ਹੁੰਦਾ ਹੈ ਸਮੁੱਚੇ 140 ਕਰੋੜ ਭਾਰਤੀ ਨਾਗਰਿਕਾਂ ਤੋਂ ਮਿਲ ਕੇ ਬਣਦਾ ਭਾਰਤ ।

ਜਦੋਂ ਅਸੀਂ ਭਾਰਤੀ ਵਿਕਾਸ ਦੀ ਗੱਲ ਕਰਾਂਗੇ ਤਾਂ ਇਸ ਦਾ ਭਾਵ ਵੀ ਹੁੰਦਾ ਹੈ ਸਮੁੱਚੇ 140 ਕਰੋੜ ਭਾਰਤੀਆਂ ਵਿੱਚੋਂ ਹਰ ਇਕ ਭਾਰਤੀ ਦੇ ਜੀਵਨ ਦਾ ਗੁਣਾਤਮਕ, ਆਤਮ ਨਿਰਭਰਤਾ ਅਤੇ ਸਵੈਮਾਣ ਵਾਲਾ ਆਤਮ ਵਿਸ਼ਵਾਸ ਪ੍ਰਦਾਨ ਕਰਦਾ ਸਮਾਜਿਕ ਅਤੇ ਕੌਮੀ ਜੀਵਨ ਪੱਧਰ। ਕਿਸੇ ਵੀ ਦੇਸ਼ ਦਾ ਵਿਕਾਸ ਮੁੱਖ ਤੌਰ 'ਤੇ ਇਨ੍ਹਾਂ ਪੱਖਾਂ ਤੋਂ ਹੀ ਜਾਣਿਆ ਜਾਂਦਾ ਹੈ।

ਜਦੋਂ ਸਾਲ 2047 ਤੱਕ ਵਿਕਾਸ ਦੀ ਗੱਲ ਕੀਤੀ ਜਾਂਦੀ ਹੈ ਤਾਂ ਇਸ ਦਾ ਭਾਵ ਜੋ ਅਸੀਂ ਸਮਝਦੇ ਹਾਂ ਕਿ ਭਾਰਤੀ ਅਜ਼ਾਦੀ ਪ੍ਰਾਪਤੀ ਦੇ ਸੌ ਸਾਲ ਪੂਰੇ ਹੋਣ ਵਾਲਾ ਸਾਲ। ਜਦੋਂ ਅਸੀਂ ਭਾਰਤੀ ਅਜ਼ਾਦੀ ਪ੍ਰਾਪਤੀ ਦੇ ਸੌ ਸਾਲ ਪੂਰੇ ਉਪਰੰਤ ਭਾਰਤ ਸਥਿਤੀ ਦੀ ਗੱਲ ਕਰਾਂਗੇ ਤਾਂ ਸਾਨੂੰ ਭਾਰਤੀ ਆਜ਼ਾਦੀ ਪ੍ਰਾਪਤੀ ਸੰਗਰਾਮ ਦੇ ਇਤਿਹਾਸ ਦਾ ਵੀ ਸੰਜੀਦਗੀ ਨਾਲ ਚੇਤਾ ਕਰਨਾ ਹੋਵੇਗਾ, ਕਿਉਂਕਿ ਭਾਰਤੀ ਅਜ਼ਾਦੀ ਪ੍ਰਾਪਤੀ ਸੰਗਰਾਮ ਦੇ ਮਹਾਨ ਸ਼ਹੀਦਾਂ, ਗ਼ਦਰੀ ਬਾਬਿਆਂ, ਬੱਬਰ ਅਕਾਲੀਆਂ ਅਤੇ ਹੋਰ ਅਨੇਕਾਂ ਦੇਸ਼ ਭਗਤਾਂ ਨੇ ਆਜ਼ਾਦੀ ਸੰਗਰਾਮ ਸਮੇਂ ਹੀ ਆਜ਼ਾਦੀ ਪ੍ਰਾਪਤੀ ਉਪਰੰਤ ਭਾਰਤੀ ਲੋਕਤੰਤਰ ਅਧਾਰਤ ਕੌਮੀ ਵਿਕਾਸ ਸੰਬੰਧੀ ਆਪਣੇ ਸੰਕਲਪ ਅਤੇ ਉਦੇਸ਼ ਮਿੱਥੇ ਸਨ।

ਇਹ ਵਿਚਾਰਾਂ ਕਰਦੇ ਸਮੇਂ ਅਸੀਂ ਭਾਰਤੀ ਆਜ਼ਾਦੀ ਪ੍ਰਾਪਤੀ ਸੰਗਰਾਮ ਦੇ ਇਤਿਹਾਸਕ ਆਰੰਭ ਦੇ ਸਾਲ 1913 ਦੇ ਨਵੰਬਰ ਮਹੀਨੇ ਨੂੰ ਵੀ ਯਾਦ ਕਰਦੇ ਹਾਂ। ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਗ਼ਦਰੀ ਬਾਬਿਆਂ ਨੂੰ ਸਮਰਮਤਿ ਗ਼ਦਰੀ ਬਾਬਿਆਂ ਦਾ ਮੇਲਾ ਹਰ ਸਾਲ ਸੰਗਰਾਮੀ ਜੋਸ਼ ਨਾਲ ਮਨਾਇਆ ਜਾਂਦਾ ਹੈ, ਜਿਸ ਵਿੱਚ ਗ਼ਦਰੀ ਬਾਬਿਆਂ ਦੀਆਂ ਕੁਰਬਾਨੀਆਂ ਨੂੰ ਸਲਾਮ ਕਰਦੇ ਹੋਏ ਉਨ੍ਹਾਂ ਵੱਲੋਂ ਸਿਰਜੇ ਸੁਪਨੇ, ਨਿਰਧਾਰਤ ਕੀਤੇ ਸੰਕਲਪ ਅਤੇ ਉਦੇਸ਼ਾਂ ਨੂੰ ਯਾਦ ਕੀਤਾ ਜਾਂਦਾ ਹੈ। ਗ਼ਦਰ ਪਾਰਟੀ ਦੀ ਸਥਾਪਨਾ ਦਾ ਇਤਿਹਾਸ ਸਾਨੂੰ ਦੱਸਦਾ ਹੈ ਕਿ ਅੰਗਰੇਜ਼ਾਂ ਦੀ ਬਸਤੀਵਾਦੀ ਸਾਮਰਾਜੀ ਸਰਕਾਰ ਵੱਲੋਂ ਕਿਵੇਂ ਭਾਰਤੀ ਕੁਦਰਤੀ ਸੋਮਿਆਂ ਦੀ ਕੀਤੀ ਜਾਂਦੀ ਲੁੱਟ ਕਾਰਨ ਭਾਰਤੀ ਲੋਕਾਂ ਦਾ ਜੀਵਨ ਅਨੇਕਾਂ ਪ੍ਰਕਾਰ ਦੀਆਂ ਕਠਿਨਾਈਆਂ ਵਿੱਚੋਂ ਲੰਘ ਰਿਹਾ ਸੀ। ਵਧ ਰਹੀ ਗਰੀਬੀ ਅਤੇ ਬੇਰੁਜ਼ਗਾਰੀ ਦੇ ਸਤਾਏ ਭਾਰਤੀ ਵਿਸ਼ੇਸ਼ ਤੌਰ 'ਤੇ ਪੰਜਾਬੀ ਚੰਗੇ ਰੁਜ਼ਗਾਰ ਦੀ ਭਾਲ ਵਿੱਚ ਵਿਦੇਸ਼ਾਂ ਵੱਲ ਜਾਣ ਲਈ ਮਜਬੂਰ ਹੋਏ, ਪਰ ਜਦੋਂ ਵਿਦੇਸ਼ਾਂ ਵਿੱਚ ਜਾ ਕੇ ਸੰਬੰਧਤ ਵਿਦੇਸ਼ੀ ਸਰਕਾਰਾਂ ਅਤੇ ਸਥਾਨਕ ਨਸਲਵਾਦੀ ਵਸੋਂ ਦੇ ਵਿਤਕਰੇ ਅਤੇ ਅਪਮਾਨਜਨਕ ਵਤੀਰੇ ਦਾ ਸਾਹਮਣਾ ਕਰਨਾ ਪਿਆ ਤਾਂ ਉਨ੍ਹਾਂ ਦਾ ਸਵੈਮਾਣ ਜਾਗਿਆ ਅਤੇ ਉਨ੍ਹਾਂ ਸਮਝ ਲਿਆ ਕਿ ਭਾਰਤੀ ਲੋਕਾਂ ਦੀਆਂ ਇਨ੍ਹਾਂ ਮਾੜੀਆਂ ਜੀਵਨ ਹਾਲਤਾਂ ਦਾ ਅਸਲ ਕਾਰਨ ਭਾਰਤ ਦੀ ਗੁਲਾਮੀ ਹੀ ਹੈ। ਇਸ ਨਿਰਣੇ ਵਿੱਚੋਂ ਹੀ ਵੱਖ-ਵੱਖ ਦੇਸ਼ਾਂ ਵਿੱਚ ਗਏ ਭਾਰਤੀਆਂ ਨੇ ਆਪਸੀ ਤਾਲਮੇਲ ਰਾਹੀਂ ਭਾਰਤੀਆਂ ਦੀ ਇਕ ਜਥੇਬੰਦੀ 'ਹਿੰਦੀ ਐਸੋਸੀਏਸ਼ਨ ਆਫ਼ ਪੈਸੇਫਿਕ ਕੋਸਟ' ਅਪ੍ਰੈਲ 1913 ਵਿੱਚ ਗਠਤ ਕੀਤੀ, ਜਿਸ ਦੇ ਪ੍ਰਧਾਨ ਬਾਬਾ ਸੋਹਨ ਸਿੰਘ ਭਕਨਾ, ਜਨਰਲ ਸਕੱਤਰ ਲਾਲਾ ਹਰਦਿਆਲ, ਜਥੇਬੰਦਕ ਸਕੱਤਰ ਕਰੀਮ ਬਖਸ਼ ਅਤੇ ਖਜ਼ਾਨਚੀ ਪੰਡਤ ਕਾਂਸ਼ੀ ਰਾਮ ਚੁਣੇ ਗਏ। ਜਥੇਬੰਦੀ ਦੇ ਇਨ੍ਹਾਂ ਚੇਤੰਨ ਆਗੂਆਂ ਨੇ ਭਾਰਤ ਵਿੱਚ ਅੰਗਰੇਜ਼ ਸਾਮਰਾਜੀਆਂ ਵੱਲੋਂ ਕੀਤੀ ਜਾਂਦੀ ਭਾਰਤੀਆਂ ਦੀ ਮਿਹਨਤ ਅਤੇ ਕੁਦਰਤੀ ਸੋਮਿਆਂ ਦੀ ਲੁੱਟ ਅਤੇ ਭਾਰਤੀ ਲੋਕਾਂ ਵਿੱਚ ਫਿਰਕਾਪ੍ਰਸਤੀ ਧਾਰਮਿਕ ਅਤੇ ਜਾਤ-ਪਾਤ ਦੇ ਵਖਰੇਵੇਂ ਉਭਾਰ ਕੇ 'ਪਾੜੋ ਅਤੇ ਰਾਜ ਕਰੋ' ਦੀ ਬੇਈਮਾਨ ਰਾਜਨੀਤੀ ਨੂੰ ਸਮਝਦਿਆਂ ਜਥੇਬੰਦੀ ਦੇ ਨਿਯਮ ਨਿਰਧਾਰਤ ਕੀਤੇ ਸਨ।

ਇਸ ਜਥੇਬੰਦੀ ਦੇ ਨਿਰਣੇ, ਉਦੇਸ਼ਾਂ ਅਤੇ ਭਾਰਤੀ ਆਜ਼ਾਦੀ ਪ੍ਰਾਪਤੀ ਸੰਗਰਾਮ ਸੰਬੰਧੀ ਆਪਣਾ ਪ੍ਰੋਗਰਾਮ ਭਾਰਤ 'ਚ ਅਤੇ ਦੂਜੇ ਦੇਸ਼ਾਂ ਵਿੱਚ ਗਏ ਭਾਰਤੀਆਂ ਤੱਕ ਪੁਚਾਉਣ ਲਈ ਇੱਕ ਅਖ਼ਬਾਰ ਕੱਢਣ ਦਾ ਫੈਸਲਾ ਕੀਤਾ ਗਿਆ, ਜਿਸ ਦਾ ਨਾਂਅ ਭਾਰਤੀ ਆਜ਼ਾਦੀ ਪ੍ਰਾਪਤੀ ਸੰਬੰਧੀ 1857 ਵਿੱਚ ਆਰੰਭੀ ਪਹਿਲੀ ਆਜ਼ਾਦੀ ਪ੍ਰਾਪਤੀ ਜੰਗ, ਜਿਸ ਨੂੰ 1857 ਦਾ ਗ਼ਦਰ ਵੀ ਕਿਹਾ ਗਿਆ ਸੀ, ਨੂੰ ਸਮਰਪਿਤ 'ਗਦਰ' ਹੀ ਰੱਖਿਆ ਗਿਆ, ਜਿਸ ਦੇ ਸੰਪਾਦਕ ਲਾਲਾ ਹਰਦਿਆਲ ਨੂੰ ਬਣਾਇਆ ਗਿਆ। ਇਸ ਦੇ ਨਾਲ ਹੀ ਅਖ਼ਬਾਰ ਛਾਪਣ ਅਤੇ ਚਲਾਉਣ ਦੀ ਮੁੱਖ ਜ਼ਿੰਮੇਵਾਰੀ ਕਰਤਾਰ ਸਿੰਘ ਸਰਾਭਾ ਨੂੰ ਸੌਂਪੀ ਗਈ। ਗ਼ਦਰੀ ਬਾਬਿਆਂ ਦੀਆਂ ਲਿਖਤਾਂ ਅਨੁਸਾਰ ਕਰਤਾਰ ਸਿੰਘ ਸਰਾਭਾ ਇਹ ਅਖਬਾਰ ਹੱਥ ਨਾਲ ਚੱਲਣ ਵਾਲੀ ਮਸ਼ੀਨ ਨਾਲ ਛਾਪਦਾ ਰਿਹਾ, ਜੋ ਕਾਫ਼ੀ ਕਠਿਨ ਕੰਮ ਸੀ। ਨਵੰਬਰ 1913 ਵਿੱਚ ਇਸ ਅਖ਼ਬਾਰ 'ਗਦਰ' ਦਾ ਪਹਿਲਾ ਅੰਕ ਛਾਪਿਆ ਗਿਆ, ਜਿਸ ਵਿੱਚ ਭਾਰਤੀ ਬਸਤੀਵਾਦੀ ਅੰਗਰੇਜ਼ ਸਰਕਾਰ ਵੱਲੋਂ ਭਾਰਤੀਆਂ ਨਾਲ ਕੀਤੀਆਂ ਜਾਂਦੀਆਂ ਬੇਇਨਸਾਫ਼ੀਆਂ ਅਤੇ ਆਰਥਿਕ ਲੁੱਟ ਦਾ ਪਰਦਾ ਫ਼ਾਸ਼ ਕਰਕੇ ਭਾਰਤੀ ਜਨ-ਸਮੂਹਾਂ ਨੂੰ ਚੇਤੰਨ ਕੀਤਾ ਗਿਆ ਸੀ ਕਿ ਭਾਰਤੀ ਲੋਕਾਂ ਦੀ ਗਰੀਬੀ ਅਤੇ ਪਛੜੇਵੇਂ ਦਾ ਕਾਰਨ ਅੰਗਰੇਜ਼ੀ ਸਰਕਾਰ ਵੱਲੋਂ ਦੇਸ਼ ਦੀ ਕੀਤੀ ਜਾਂਦੀ ਲੁੱਟ ਹੀ ਹੈ। ਭਾਰਤ ਨੂੰ ਅੰਗਰੇਜ਼ ਸਾਮਰਾਜੀਆਂ ਤੋਂ ਆਜ਼ਾਦ ਕਰਵਾ ਕੇ ਹੀ ਅੱਗੇ ਵਧਿਆ ਜਾ ਸਕਦਾ ਹੈ। ਇਤਿਹਾਸ ਦੇ ਵਰਕੇ ਦੱਸਦੇ ਹਨ ਕਿ ਇਹ ਗ਼ਦਰ ਅਖਬਾਰ ਵੱਖ-ਵੱਖ ਦੇਸ਼ਾਂ ਅਤੇ ਭਾਰਤ ਵਿੱਚ ਵੀ ਵੱਡੇ ਪੱਧਰ 'ਤੇ ਪ੍ਰਭਾਵਸ਼ਾਲੀ ਹੋਇਆ ਅਤੇ ਇਸ ਅਖ਼ਬਾਰ ਦੇ ਨਾਂਅ 'ਤੇ ਹੀ ਇਸ ਪਾਰਟੀ ਨੂੰ ਗਦਰ ਪਾਰਟੀ ਕਿਹਾ ਜਾਣ ਲੱਗਿਆ, ਜਿਸ ਨੇ ਭਾਰਤੀ ਆਜ਼ਾਦੀ ਪ੍ਰਾਪਤੀ ਵਿੱਚ ਵੱਡੀ ਭੂਮਿਕਾ ਦੇ ਅਧਾਰ ਪ੍ਰਦਾਨ ਕੀਤੇ। ਲਹੂ-ਵੀਟਵੀਆਂ ਕੁਰਬਾਨੀਆਂ ਦੇ ਕੇ ਭਾਰਤੀ ਜਨ-ਸਮੂਹਾਂ ਦਾ ਰਾਹ-ਦਸੇਰਾ ਬਣ ਕੇ ਨਿਵੇਕਲਾ ਇਤਿਹਾਸ ਸਿਰਜਿਆ।

ਅੱਜ ਅਸੀਂ ਜਿਸ ਭਾਰਤੀ ਲੋਕਤੰਤਰ ਨੂੰ ਸੰਸਾਰ ਦਾ ਵੱਡਾ ਲੋਕਤੰਤਰ ਆਖਦੇ ਹਾਂ, ਇਸ ਦੇ ਅਧਾਰ ਅਤੇ ਸੰਕਲਪ ਗ਼ਦਰ ਪਾਰਟੀ ਦੇ ਆਗੂਆਂ ਨੇ ਹੀ ਨਿਰਧਾਰਤ ਕੀਤੇ ਸਨ। ਜਿਨ੍ਹਾਂ ਵਿੱਚੋਂ ਆਰੰਭ ਵਿੱਚ ਪ੍ਰਮੁੱਖ ਸੀ 'ਭਾਰਤੀਆਂ ਦੀ ਏਕਤਾ ਦੇ ਅਧਾਰ', ਕਿਉਂਕਿ ਇਹ ਚੇਤੰਨ ਆਗੂ ਸਮਝ ਚੁੱਕੇ ਸਨ ਕਿ ਅੰਗਰੇਜ਼ ਸਰਕਾਰ ਭਾਰਤ ਵਿੱਚ ਧਰਮ ਦੇ ਨਾਂਅ 'ਤੇ ਹਿੰਦੂ ਮੁਸਲਿਮ ਵਖਰੇਵੇਂ ਉਭਾਰ ਕੇ ਭਾਰਤੀਆਂ ਨੂੰ ਫਿਰਕੂ ਲੀਹਾਂ 'ਤੇ ਵੰਡ ਰਹੀ ਹੈ। ਸਮੁੱਚੇ ਭਾਰਤੀਆਂ ਦੀ ਏਕਤਾ ਦੀ ਲੋੜ ਅਤੇ ਮਹੱਤਵ ਨੂੰ ਮੁੱਖ ਰੱਖਦਿਆਂ ਆਗੂਆਂ ਨੇ ਫੈਸਲਾ ਕੀਤਾ ਸੀ ਕਿ ਗ਼ਦਰ ਪਾਰਟੀ ਧਰਮ ਨਿਰਪੱਖ ਪਾਰਟੀ ਹੋਵੇਗੀ। ਧਰਮ ਹਰ ਇੱਕ ਵਿਅਕਤੀ ਦਾ ਅਪਣਾ ਨਿੱਜੀ ਵਿਸ਼ਵਾਸ ਹੋ ਸਕਦਾ ਹੈ, ਪਰ ਪਾਰਟੀ ਵਿੱਚ ਧਾਰਮਿਕ ਮੁੱਦਿਆਂ ਸੰਬੰਧੀ ਕੋਈ ਵਿਚਾਰ ਨਹੀਂ ਹੋਵੇਗਾ। ਇਸ ਤੋਂ ਬਿਨਾਂ ਭਾਰਤੀ ਜਨ-ਸਮੂਹਾਂ ਦੇ ਹਿੱਤਾਂ ਰੁਜ਼ਗਾਰ, ਸਿਹਤ ਸੰਭਾਲ, ਸਿੱਖਿਆ, ਕਿਸਾਨੀ ਅਤੇ ਮਜ਼ਦੂਰ ਜਮਾਤ ਦੇ ਹਿੱਤਾਂ ਅਤੇ ਮੁੱਦਿਆਂ ਪ੍ਰਤੀ ਅੰਗਰੇਜ਼ ਸਰਕਾਰ ਦੀ ਵਿਤਕਰਿਆਂ ਵਾਲੀ ਨੀਤੀ ਇਸ ਅਖਬਾਰ ਰਾਹੀਂ ਭਾਰਤੀ ਜਨ ਸਮੂਹਾਂ ਨਾਲ ਸਾਂਝੀ ਕੀਤੀ ਜਾਂਦੀ ਰਹੀ। ਗ਼ਦਰ ਪਾਰਟੀ ਦੀ ਇਸ ਪਹੁੰਚ ਨੇ ਭਾਰਤੀਆਂ ਅੰਦਰ ਆਪਣੇ ਦੇਸ਼ ਪ੍ਰਤੀ ਸੋਚ ਪੈਦਾ ਕੀਤੀ, ਜਿਸ ਰਾਹੀਂ ਪੈਦਾ ਹੋਈ ਆਪਸੀ ਇਕਮੁੱਠਤਾ ਅਤੇ ਪਰਸਪਰ ਵਿਸ਼ਵਾਸ ਨੇ ਸਾਂਝੇ ਸੰਘਰਸ਼ ਨੂੰ ਹੋਰ ਵਿਸ਼ਾਲ ਬਣਾਉਣ ਵਿੱਚ ਵਿਸ਼ੇਸ਼ ਭੂਮਿਕਾ ਨਿਭਾਈ। ਗਦਰ ਪਾਰਟੀ ਦੇ ਵਾਰਸਾਂ ਅਤੇ ਦੇਸ਼ ਭਗਤਾਂ ਨੇ ਗ਼ਦਰ ਪਾਰਟੀ ਤੋਂ ਹੀ ਸੇਧ ਲਈ, ਜਿਵੇਂ ਤਤਕਾਲੀ ਇਤਿਹਾਸ ਦੇ ਵਰਕੇ ਦੱਸਦੇ ਹਨ ਕਿ ਆਜ਼ਾਦੀ ਸੰਗਰਾਮ ਦੇ ਪ੍ਰਮੁੱਖ ਆਗੂ ਸ਼ਹੀਦ ਭਗਤ ਸਿੰਘ, ਜੋ ਗ਼ਦਰ ਪਾਰਟੀ ਦੇ ਆਗੂ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਆਪਣਾ ਆਗੂ ਮੰਨਦਾ ਸੀ, ਨੇ ਗਦਰ ਪਾਰਟੀ ਦੀਆਂ ਧਾਰਨਾਵਾਂ ਨੂੰ ਹੀ ਅੱਗੇ ਤੋਰਦਿਆਂ ਅਤੇ ਸਪੱਸ਼ਟ ਕਰਦਿਆਂ 'ਇਨਕਲਾਬ ਜ਼ਿੰਦਾਬਾਦ' ਸਾਮਰਾਜਵਾਦ ਮੁਰਦਾਬਾਦ, ਸਮਾਜਵਾਦ ਜ਼ਿੰਦਾਬਾਦ ਦੇ ਨਾਅਰਿਆਂ ਰਾਹੀਂ ਸਮੇਂ ਦੇ ਸੰਘਰਸ਼ ਨੂੰ ਅਤੇ ਮਨੁੱਖਤਾ ਦੇ ਭਵਿੱਖ ਨੂੰ ਪ੍ਰਣਾਈ ਚੇਤੰਨ ਦਿਸ਼ਾ ਪ੍ਰਦਾਨ ਕੀਤੀ ਸੀ।

ਅੱਜ ਜਦੋਂ ਅਸੀਂ ਨਵੰਬਰ 2025 ਦੇ ਮਹੀਨੇ ਗ਼ਦਰੀ ਬਾਬਿਆਂ ਦੀਆਂ ਕੁਰਬਾਨੀਆਂ ਨੂੰ ਸਲਾਮ ਕਰਦੇ ਹੋਏ ਉਨ੍ਹਾਂ ਦੇ ਕਲਪਿਤ ਕੀਤੇ ਹੋਏ ਸੁਪਨਿਆਂ ਨੂੰ ਯਾਦ ਕਰਦੇ ਹਾਂ ਤਾਂ ਦੁੱਖ ਹੀ ਹੁੰਦਾ ਹੈ ਕਿ ਆਜ਼ਾਦੀ ਪ੍ਰਾਪਤੀ ਦੇ 77-78 ਸਾਲਾਂ ਤੱਕ ਵੀ ਉਨ੍ਹਾਂ ਦੇ ਸੁਪਨੇ ਅਧੂਰੇ ਹਨ। ਅਧੂਰੇ ਹੀ ਨਹੀਂ ਅੱਖੋਂ-ਪਰੋਖੇ ਹੋ ਰਹੇ ਹਨ, ਜਿਸ ਕਾਰਨ ਭਾਰਤ ਦੇ ਵੱਡੀ ਗਿਣਤੀ ਲੋਕ ਅੰਗਰੇਜ਼ ਰਾਜ ਸਮੇਂ ਵਾਲੀਆਂ ਕਈ ਅਲਾਮਤਾਂ ਦਾ ਹੀ ਸਾਹਮਣਾ ਕਰ ਰਹੇ ਹਨ। ਦੇਸ਼ ਵਿੱਚ ਵਧਦੀ ਬੇਰੁਜ਼ਗਾਰੀ ਕਾਰਨ ਪੜ੍ਹੇ-ਲਿਖੇ ਨੌਜਵਾਨ ਮੁੰਡੇ-ਕੁੜੀਆਂ ਚੰਗੇਰੇ ਰੁਜ਼ਗਾਰ ਦੀ ਭਾਲ ਵਿੱਚ ਵੱਡੀ ਗਿਦਤੀ ਵਿੱਚ ਵਿਦੇਸ਼ਾਂ ਵੱਲ ਜਾ ਰਹੇ ਹਨ, ਜਿਨ੍ਹਾਂ ਰਾਹੀਂ ਪੜ੍ਹਾਈ ਦੇ ਨਾਂਅ 'ਤੇ ਦੇਸ਼ ਦਾ ਅਰਬਾਂ ਰੁਪਏ ਦਾ ਵਿੱਤੀ ਸਰਮਾਇਆ ਵੀ ਵਿਦੇਸ਼ਾਂ ਵੱਲ ਜਾ ਰਿਹਾ ਹੈ। ਹੁਣ ਦੀਆਂ ਹਰ ਰੋਜ਼ ਦੀਆਂ ਪ੍ਰੈੱਸ ਦੀਆਂ ਖ਼ਬਰਾਂ ਦੱਸਦੀਆਂ ਹਨ ਕਿ ਅਮਰੀਕਾ, ਕੈਨੇਡਾ, ਆਸਟਰੇਲੀਆ ਆਦਿ ਦੇਸ਼ਾਂ ਵਿੱਚ ਕਈ ਵਾਰੀ ਭਾਰਤੀਆਂ ਨਾਲ ਉਹੋ ਜਿਹਾ ਹੀ ਅਪਮਾਨਜਨਕ ਵਤੀਰਾ ਧਾਰਨ ਕੀਤਾ ਜਾ ਰਿਹਾ ਹੈ। ਅਮਰੀਕਾ ਤੋਂ ਤਾਂ ਹੱਥਕੜੀਆਂ, ਬੇੜੀਆਂ ਲਾ ਕੇ ਭਾਰਤੀਆਂ ਨੂੰ ਭਾਰਤ ਵਿੱਚ ਛੱਡਣ ਦੀਆਂ ਖ਼ਬਰਾਂ ਸਭ ਭਾਰਤੀ ਜਾਣ ਹੀ ਚੁੱਕੇ ਹਨ। ਪ੍ਰੈੱਸ ਦੀਆਂ ਖ਼ਬਰਾਂ ਅਨੁਸਾਰ ਇਹ ਸਾਰੇ ਹੀ ਵਿਕਸਤ ਅਖਵਾਉਂਦੇ ਦੇਸ਼ ਭਾਰਤੀਆਂ ਦੇ ਪਰਵਾਸ ਲਈ ਹਰ ਦੂਜੇ ਦਿਨ ਨਵੇਂ ਫੈਸਲੇ ਠੋਸ ਕੇ ਨਵੀਂਆਂ ਸ਼ਰਤਾਂ ਠੋਸਦੇ ਰਹਿੰਦੇ ਹਨ। ਗਦਰ ਪਾਰਟੀ ਦਾ ਇਤਿਹਾਸ ਇਹੀ ਦੱਸਦਾ ਹੈ ਕਿ ਉਸ ਸਮੇਂ ਵਿਦੇਸ਼ਾਂ ਵਿੱਚ ਗਏ ਭਾਰਤੀਆਂ ਨੇ ਜਦੋਂ ਅਜਿਹਾ ਗੈਰ-ਮਨੁੱਖੀ ਵਤੀਰੇ ਦਾ ਸਾਹਮਣਾ ਕੀਤਾ ਤਾਂ ਉਨ੍ਹਾਂ ਦੇ ਭਾਰਤੀ ਸਵੈਮਾਣ ਨੇ ਉਨ੍ਹਾਂ ਨੂੰ ਭਾਰਤੀ ਅਜ਼ਾਦੀ ਸੰਗਰਾਮ ਰਾਹੀਂ ਆਜ਼ਾਦੀ ਭਾਰਤ ਲਈ ਸੰਘਰਸ਼ ਦਾ ਰਾਹ ਚੁਣਿਆ ਸੀ। ਫਿਰ ਅੱਜ ਸਾਡੀ ਭਾਰਤੀ ਸਵੈਮਾਣ ਵਾਲੀ ਸਮਝ ਕਿੱਥੇ ਹੈ? ਸਾਡੇ ਨੌਜਵਾਨ ਮੁੰਡੇ-ਕੁੜੀਆਂ ਦੂਜੇ ਦੇਸ਼ਾਂ ਵੱਲ ਦੇਖਣ ਲਈ ਮਜਬੂਰ ਹੀ ਕਿਉਂ ਹਨ ਧਿਆਨ ਮੰਗਦਾ ਪ੍ਰਸ਼ਨ ਹੈ। ਇਸ ਦਾ ਉੱਤਰ ਸਾਡੀਆਂ ਸਰਕਾਰਾਂ ਅਤੇ ਸਿਆਸੀ ਆਗੂਆਂ ਨੂੰ ਹੀ ਦੇਣਾ ਬਣਦਾ ਹੈ, ਕਿਉਂਕਿ ਅੱਜ ਵੀ ਸਾਡੇ ਦੇਸ਼ ਵਿੱਚ ਬੇਰੁਜ਼ਗਾਰੀ ਵੱਡੇ ਪੱਧਰ 'ਤੇ ਹੈ, ਜਿਸ ਕਾਰਨ ਸਾਡੇ ਭਾਰਤੀ ਬੱਚੇ ਵਿਦੇਸ਼ਾਂ ਵੱਲ ਜਾਣ ਲਈ ਮਜਬੂਰ ਹੋ ਜਾਂਦੇ ਹਨ। ਧਿਆਨ ਮੰਗਦੀ ਗੱਲ ਹੈ ਕਿ ਸਾਡੇ ਅੱਜ ਦੇ ਵਧੇਰੇ ਸਿਆਸੀ ਆਗੂ ਅਤੇ ਸਰਕਾਰਾਂ ਆਮ ਲੋਕਾਂ ਦੇ ਅਜਿਹੇ ਮੁੱਦਿਆਂ ਵੱਲ ਧਿਆਨ ਦੇਣ ਦੀ ਥਾਂ ਜਨ-ਸਮੂਹਾਂ ਵਿੱਚ ਧਰਮਾਂ-ਜਾਤਾਂ, ਖਿੱਤਿਆਂ ਦੇ ਨਾਅਰੇ ਦੇ ਕੇ ਅੰਗਰੇਜ਼ ਰਾਜ ਦੀ ਤਰ੍ਹਾਂ ਵੰਡੀਆਂ ਪਾ ਕੇ ਆਪਣੀਆਂ ਮਨਮਰਜ਼ੀਆਂ ਕਰ ਰਹੇ ਹਨ। ਇਸੇ ਕਾਰਨ ਅੱਜ ਭਾਰਤ ਵਿੱਚ ਲੋਕਤੰਤਰ ਖੁਰ ਰਿਹਾ ਹੈ। ਲੋਕਤੰਤਰ ਦਾ ਪ੍ਰਮੁੱਖ ਆਰੰਭਕ ਪੱਖ ਨਿਰਪੱਖ ਚੋਣ ਪ੍ਰਣਾਲੀ ਹੀ ਕਈ ਪ੍ਰਕਾਰ ਦੇ ਵਿਵਾਦਾਂ ਵਿੱਚ ਘਿਰੀ ਹੋਈ ਹੈ। ਚੋਣਾਂ ਸਮੇਂ ਧਰਮਾਂ, ਜਾਤਾਂ ਨੂੰ ਅਧਾਰ ਬਣਾਉਣ ਤੋਂ ਬਿਨਾਂ ਹਣ ਨਵੀਂ ਰਵਾਇਤ ਕਿ ਚੋਣਾਂ ਸਮੇਂ ਵਸੋਂ ਦੇ ਕਿਸੇ ਚੋਣਵੇਂ ਵਰਗ ਨੂੰ ਕੁਝ ਮੁਫ਼ਤ ਰਿਆਇਤਾਂ ਦੇ ਐਲਾਨ ਰਾਹੀਂ ਇੱਕ ਕਿਸਮ ਦੀ ਚੋਣ ਰਿਸ਼ਵਤ ਵੀ ਆਰੰਭ ਹੋ ਚੁੱਕੀ ਹੈ, ਤਾਂ ਜੋ ਲੋਕਾਂ ਦੇ ਰੋਜ਼ਾਨਾ ਜੀਵਨ ਨਾਲ ਸੰਬੰਧਤ ਮੁੱਦੇ ਚੋਣਾਂ ਦਾ ਮੁੱਦਾ ਨਾ ਬਣ ਸਕਣ। ਭਾਵੇਂ ਇਹ ਮੁੱਦਾ ਸੁਪਰੀਮ ਕੋਰਟ ਤੱਕ ਪੁੱਜ ਚੁੱਕਾ ਹੈ, ਪਰ ਫਿਰ ਵੀ ਇਹ ਵਰਤਾਰਾ ਜਾਰੀ ਹੈ।

ਅਜਿਹੀ ਗੰਭੀਰ ਸਥਿਤੀ ਵਿੱਚ ਭਾਰਤੀ ਜਨ-ਸਮੂਹਾਂ ਵਿਸ਼ੇਸ਼ ਤੌਰ 'ਤੇ ਪੰਜਾਬੀਆਂ ਲਈ ਜਰੂਰੀ ਹੈ ਕਿ ਗ਼ਦਰੀ ਬਾਬਿਆਂ ਨੂੰ ਯਾਦ ਕਰਦਾ ਮੁਲੰਕਣ ਕੀਤਾ ਜਾਵੇ ਕਿ ਕੀ ਗਦਰੀ ਬਾਬਿਆਂ ਨੇ ਅਜਿਹੇ ਭਾਰਤੀ ਵਿਕਾਸ ਦੀ ਕਲਪਨਾ ਕੀਤੀ ਸੀ, ਜੋ ਅਸੀਂ ਅੱਜ ਦੇਖ ਰਹੇ ਹਾਂ, ਜਿਸ ਵਿੱਚ ਗਰੀਬ-ਅਮੀਰ ਦੇ ਵੱਡੇ ਆਰਥਕ ਪਾੜੇ ਹਨ ਅਤੇ ਜੋ ਲਗਾਤਾਰ ਵਧ ਰਹੇ ਹਨ। ਇਸ ਸੰਬੰਧੀ ਸਾਡੇ ਨੌਜਵਾਨਾਂ ਲਈ ਹੋਰ ਵੀ ਜ਼ਰੂਰੀ ਹੈ ਕਿ ਭਾਰਤੀ ਆਜ਼ਾਦੀ ਸੰਗਰਾਮ ਦੇ ਇਤਿਹਾਸ ਅਤੇ ਮਹਾਨ ਦੇਸ਼ ਭਗਤਾਂ ਦੇ ਚਿਤਵੇ ਸੰਕਲਪਾਂ ਦਾ ਡੂੰਘਾ ਅਧਿਐਨ ਕੀਤਾ ਜਾਵੇ। ਸਾਡੇ ਬਹੁਤ ਸਾਰੇ ਸਿਆਸੀ ਆਗੂ ਆਪਣੀ ਲੋੜ ਵੇਲੇ ਇਨ੍ਹਾਂ ਮਹਾਨ ਸ਼ਹੀਦਾਂ, ਦੇਸ਼ ਭਗਤਾਂ ਦੇ ਨਾਂਅ ਤਾਂ ਵਰਤ ਲੈਂਦੇ ਹਨ, ਪਰ ਉਨ੍ਹਾਂ ਦੇ ਵਿਚਾਰਾਂ ਅਤੇ ਉਦੇਸ਼ਾਂ 'ਤੇ ਅਮਲ ਕਰਨ ਦੀ ਗੱਲ ਤੱਕ ਨਹੀਂ ਕਰਦੇ। ਅੱਜ ਤਾਂ ਅਜ਼ਾਦੀ ਪ੍ਰਾਪਤੀ ਸੰਗਰਾਮ ਦੇ ਇਤਿਹਾਸ ਵਿੱਚ ਵੀ ਵੱਡੀ ਭੰਨ-ਤੋੜ ਹੋ ਰਹੀ ਹੈ। ਨਵੇਂ-ਨਵੇਂ ਭੰਬਲਭੂਸੇ ਪੈਦਾ ਕੀਤੇ ਜਾ ਰਹੇ ਹਨ। ਗੱਲਾਂ ਆਤਮ ਨਿਰਭਰਤਾ ਦੀਆਂ ਕੀਤੀਆਂ ਜਾ ਰਹੀਆਂ ਹਨ, ਪਰ ਆਰਥਕ ਨੀਤੀਆਂ ਅਮਰੀਕੀ ਪ੍ਰਭਾਵ ਵਾਲੇ ਸੰਸਾਰ ਬੈਂਕ ਮਾਰਕਾ ਲਾਗੂ ਕੀਤੀਆਂ ਜਾ ਰਹੀਆਂ ਹਨ, ਜਿਨ੍ਹਾਂ ਕਾਰਨ ਦੇਸ਼ ਦੇ ਵਿਕਾਸ ਅਤੇ ਜਨ-ਸਮੂਹਾਂ ਦੇ ਜੀਵਨ ਮੁੱਦੇ, ਰੁਜ਼ਗਾਰ, ਸਿੱਖਿਆ, ਸਿਹਤ ਸੰਭਾਲ, ਕਿਸਾਨੀ ਅਤੇ ਮਜ਼ਦੂਰ ਜਮਾਤ ਦੀਆਂ ਵਧਦੀਆਂ ਸਮੱਸਿਆਵਾਂ ਅਤੇ ਲੁੱਟ ਪੂਰੀ ਤਰ੍ਹਾਂ ਅਣਗੌਲੇ ਹੋ ਰਹੇ ਹਨ। ਇਹ ਉਹੀ ਮੁੱਦੇ ਹਨ, ਜੋ ਆਜ਼ਾਦੀ ਸੰਗਰਾਮ ਸਮੇਂ ਗ਼ਦਰੀ ਬਾਬਿਆਂ ਨੇ ਉਭਾਰੇ ਸਨ ਅਤੇ ਅੱਜ ਹੋਰ ਵਧੇਰੇ ਪ੍ਰਸੰਗਕ ਹਨ।

ਅਜਿਹੀਆਂ ਚੁਣੌਤੀਆਂ ਵਾਲੀਆਂ ਹਾਲਤਾਂ ਵਿੱਚ ਸਾਨੂੰ ਭਾਰਤੀ ਜਨ-ਸਮੂਹਾਂ ਨੂੰ ਸਮਝਣਾ ਹੋਵੇਗਾ ਕਿ ਅੱਜ ਵੀ ਗ਼ਦਰੀ ਬਾਬਿਆਂ ਦੇ ਸੁਪਨੇ ਪੂਰੇ ਕਰਦਾ ਧਰਮ ਨਿਰਪੱਖਤਾ ਅਧਾਰਤ : ਪਰਸਪਰ ਵਿਸ਼ਵਾਸ, ਸਮਾਜਕ ਇਕਮੁੱਠਤਾ ਅਤੇ ਆਰਥਕ ਬਰਾਬਰੀ ਵਾਲਾ ਲੋਕਤੰਤਰ ਹੀ ਸਾਰਥਕ ਲੋਕਤੰਤਰ ਹੋਵੇਗਾ। ਅਜਿਹਾ ਸੋਚਣਾ ਅਤੇ ਅਮਲ ਕਰਨਾ ਹੀ ਸੱਚੀ ਸ਼ਰਧਾਂਜਲੀ ਹੋਵੇਗੀ ਮਹਾਨ ਗਦਰੀ ਬਾਬਿਆਂ ਅਤੇ ਦੇਸ਼ ਭਗਤਾਂ ਨੂੰ।

# ਸੰਪਰਕ : 94177-51888

# ਲਾਪਤਾ ਅਜ਼ੀਜ਼ਾਂ ਦੀਆਂ ਦਰਦ ਭਰੀਆਂ ਪੀੜਾਂ

ਸੁਰਜੀਤ ਸਿੰਘ ਫਲੋਰਾ

ਹਰ ਰੋਜ਼ ਭਾਰਤ ਵਿੱਚ ਕਿਤੇ ਨਾ ਕਿਤੇ ਇੱਕ ਪਰਵਾਰ ਬੇਚੈਨੀ ਨਾਲ ਭਾਲ ਸ਼ੁਰੂ ਕਰਦਾ ਹੈ, ਪੋਸਟਰ ਛਾਪਦਾ ਹੈ, ਪੁਲਸ ਸਟੇਸ਼ਨਾਂ ਦੇ ਚੱਕਰ ਮਾਰਦਾ ਹੈ ਅਤੇ ਅਜਨਬੀਆਂ ਨੂੰ ਫੋਟੋਆਂ ਦਿਖਾ ਕੇ ਉਹਨਾਂ ਤੋਂ ਆਪਣੇ ਲਾਪਤਾ ਅਜ਼ੀਜ਼ ਬਾਰੇ ਕੋਈ ਸੁਰਾਗ ਲੱਭਣ ਦੀ ਉਮੀਦ ਵਿੱਚ ਗੱਲਬਾਤ ਕਰਦਾ ਹੈ। ਉਨ੍ਹਾਂ ਦੇ ਲਾਪਤਾ ਹੋਣ ਤੇ ਉਨ੍ਹਾਂ ਦੇ ਦਿਲ ਦੁੱਖ ਨਾਲ ਅਤੇ ਅੱਖਾਂ ਹੰਝੂਆਂ ਨਾਲ ਭਰੇ ਹੁੰਦੇ ਹਨ। ਜ਼ਿੰਦਗੀ ਭਾਲ ਜਾਰੀ ਰੱਖਣ ਅਤੇ ਅੱਗੇ ਵਧਣ ਦੀਆਂ ਮੁਸ਼ਕਲਾਂ ਵਿਚਕਾਰ ਘੁੰਮਦੀ ਰਹਿੰਦੀ ਹੈ ਤੇ ਭਵਿੱਖ ਦੀਆਂ ਇੱਛਾਵਾਂ ਨੂੰ ਰੋਕਦੀ ਹੈ। ਦਰਅਸਲ ਇੱਕ ਲਾਪਤਾ ਵਿਅਕਤੀ ਦੀ ਕਹਾਣੀ ਸੋਸ਼ਲ ਮੀਡੀਆ ਜਾਂ ਰੋਜ਼ਾਨਾ ਅਖ਼ਬਾਰਾਂ ਅਤੇ ਵੈੱਬਸਾਈਟਾਂ 'ਤੇ ਸਿਰਫ਼ ਇੱਕ ਸੁਰਖੀ ਨਹੀਂ ਹੈ, ਇਹ ਇੱਕ ਡੂੰਘਾ ਜ਼ਖ਼ਮ ਹੈ, ਜੋ ਕਦੇ ਵੀ ਪੂਰੀ ਤਰ੍ਹਾਂ ਠੀਕ ਨਹੀਂ ਹੁੰਦਾ।

ਹਾਲਾਂਕਿ, ਤੁਹਾਡੇ ਦੁਆਰਾ ਸਾਂਝੇ ਕੀਤੇ ਪਿਆਰ ਦੇ ਬੀਜ ਡੂੰਘੇ ਹੁੰਦੇ ਹਨ ਅਤੇ ਜਿਵੇਂ ਹੀ ਤੁਸੀਂ ਸੋਗ ਕਰਦੇ ਹੋ, ਤੁਹਾਡੇ ਹੰਝੂ ਉਸ ਪਿਆਰ ਦੀਆਂ ਯਾਦਾਂ ਅਤੇ ਸਬਕਾਂ ਨੂੰ ਸੇਧ ਦਿੰਦੇ ਹਨ, ਨਵੇਂ ਬੂਟੇ ਉੱਗਣ ਦੀ ਆਗਿਆ ਦੇਣਗੇ, ਜਿਨ੍ਹਾਂ ਨੂੰ ਤੁਸੀਂ ਉਸ ਪਿਆਰ ਦੇ ਸਨਮਾਨ ਵਿੱਚ ਆਪਣੀ ਬਾਕੀ ਦੀ ਜ਼ਿੰਦਗੀ ਲਈ ਪਾਲਣਾ ਕਰੋਗੇ। ਭਾਵਨਾਵਾਂ ਵਿਨਾਸ਼ਕਾਰੀ ਤੋਂ ਪਰੇ ਹਨ! ਅਜਿਹਾ ਮਹਿਸੂਸ ਹੁੰਦਾ ਹੈ, ਜਿਵੇਂ ਤੁਹਾਡਾ ਇੱਕ ਟੁਕੜਾ ਅਟੱਲ ਤੌਰ 'ਤੇ ਗੁਆਚ ਗਿਆ ਹੈ।

ਇਸ ਤੋਂ ਇਲਾਵਾ ਕਿਸੇ ਦੇ ਟਿਕਾਣੇ ਨੂੰ ਨਾ ਜਾਣਨ ਜਾਂ ਉਹ ਸੁਰੱਖਿਅਤ ਹਨ ਜਾਂ ਨਹੀਂ, ਇਸ ਦਾ ਦਰਦ ਬਹੁਤ ਜ਼ਿਆਦਾ ਹੁੰਦਾ ਹੈ। ਬੇਚੈਨ ਰਾਤਾਂ, ਲਗਾਤਾਰ ਉਡੀਕ ਅਤੇ ਹਮੇਸ਼ਾ ਭਿਆਨਕ ਖ਼ਬਰਾਂ ਤੋਂ ਡਰਦੇ ਰਹਿਣ ਦੇ ਦਰਦ ਨੂੰ ਸ਼ਬਦ ਸੱਚਮੁੱਚ ਬਿਆਨ ਨਹੀਂ ਕਰ ਸਕਦੇ। ਲਾਪਤਾ ਵਿਅਕਤੀਆਂ ਦੇ ਪਰਵਾਰਾਂ ਲਈ ਜ਼ਿੰਦਗੀ ਆਸ਼ਾਵਾਦ ਅਤੇ ਨਿਰਾਸ਼ਾ ਦੇ ਵਿਚਕਾਰ ਇੱਕ ਨਿਰੰਤਰ ਸੰਘਰਸ਼ ਹੈ।

ਦੁੱਖ ਦੀ ਗੱਲ ਹੈ ਕਿ ਬਹੁਤ ਸਾਰੇ ਵਿਅਕਤੀ ਬਿਨਾਂ ਕੁਝ ਦੱਸੇ-ਪੁੱਛੇ ਲਾਪਤਾ ਹੋ ਜਾਂਦੇ ਹਨ। ਕੁਝ ਲੋਕ ਇਸ ਲਈ ਚਲੇ ਜਾਂਦੇ ਹਨ, ਕਿਉਂਕਿ ਉਹ ਅਪਰਾਧ ਦਾ ਸ਼ਿਕਾਰ ਹੁੰਦੇ ਹਨ, ਜਦੋਂ ਕਿ ਦੂਸਰੇ ਮਾਨਸਕ ਸਿਹਤ ਸਮੱਸਿਆਵਾਂ ਕਾਰਨ ਚਲੇ ਜਾਂਦੇ ਹਨ, ਉਨ੍ਹਾਂ ਵਿੱਚੋਂ ਕੁਝ ਘਰੇਲੂ ਸਮੱਸਿਆਵਾਂ ਜਾਂ ਵਿੱਤੀ ਤਣਾਅ ਕਾਰਨ ਚਲੇ ਜਾਂਦੇ ਹਨ। ਕਾਰਨ ਜੋ ਵੀ ਹੋਵੇ, ਉਨ੍ਹਾਂ ਦੀ ਗੈਰਹਾਜ਼ਰੀ ਉਦਾਸੀ ਅਤੇ ਘਬਰਾਹਟ ਛੱਡ ਜਾਂਦੀ ਹੈ। ਇਹ ਬਹੁਤ ਜ਼ਿਆਦਾ ਦੁਖਦਾਈ ਹੈ, ਜਦੋਂ ਮਾਮਲੇ ਸਾਲਾਂ ਤੱਕ ਅਣਸੁਲਝੇ ਰਹਿੰਦੇ ਹਨ ਅਤੇ ਕੋਈ ਉਨ੍ਹਾਂ ਵੱਲ ਧਿਆਨ ਨਹੀਂ ਦਿੰਦਾ।

ਇੱਕ ਸਮਾਜ ਦੇ ਤੌਰ 'ਤੇ ਸਾਨੂੰ ਇਸ ਤਰ੍ਹਾਂ ਦੀਆਂ ਲਾਪਤਾ ਹੋਣ ਦੀਆਂ ਘਟਨਾਵਾਂ ਨੂੰ ਗੰਭੀਰਤਾ ਨਾਲ ਲੈਣ ਦੀ ਲੋੜ ਹੈ । ਪਰਵਾਰਾਂ ਨੂੰ ਸਹਾਇਤਾ ਲਈ ਭੀਖ ਨਹੀਂ ਮੰਗਣੀ ਚਾਹੀਦੀ ਜਾਂ ਖ਼ਬਰਾਂ ਲਈ ਲੰਮਾ ਸਮਾਂ ਇੰਤਜ਼ਾਰ ਨਹੀਂ ਕਰਨਾ ਚਾਹੀਦਾ। ਸਰਕਾਰ ਅਤੇ ਪੁਲਸ ਨੂੰ ਲਾਪਤਾ ਲੋਕਾਂ ਦੀਆਂ ਇਕਾਈਆਂ ਨੂੰ ਮਜ਼ਬੂਤ ਬਣਾਉਣ, ਜਨਤਾ ਨਾਲ ਬਿਹਤਰ ਕੰਮ ਕਰਨ ਅਤੇ ਮਾਮਲਿਆਂ ਦੀ ਤੇਜ਼ੀ ਨਾਲ ਪਛਾਣ ਕਰਨ ਲਈ ਤਕਨਾਲੋਜੀ ਦੀ ਵਰਤੋਂ ਕਰਨ ਦੀ ਲੋੜ ਹੈ। ਕੁਝ ਲਾਪਤਾ ਲੋਕ ਨਹੀਂ ਮਿਲਦੇ, ਉਹ ਸਿਰਫ ਇੱਕ ਗਿਣਤੀ ਹਨ, ਫਿਰ ਵੀ ਉਹ ਕਿਸੇ ਦੇ ਬੱਚੇ, ਮਾਤਾ-ਪਿਤਾ ਜਾਂ ਦੋਸਤ ਹੁੰਦੇ ਹਨ।ਦੁਨੀਆ ਦਾ ਸਭ ਤੋਂ ਵੱਧ ਆਬਾਦੀ ਵਾਲਾ ਦੇਸ਼ ਭਾਰਤ ਲਾਪਤਾ ਲੋਕਾਂ ਦੀਆਂ ਘਟਨਾਵਾਂ ਦੀ ਚਿੰਤਾਜਨਕ ਗਿਣਤੀ ਹੈ। ਅੰਕੜਿਆਂ ਦੇ ਅਨੁਸਾਰ ਪ੍ਰਤੀ ਘੰਟੇ 88 ਔਰਤਾਂ, ਬੱਚੇ ਅਤੇ ਆਦਮੀ, ਹਰ ਰੋਜ਼ 2130 ਵਿਅਕਤੀ ਅਤੇ ਪ੍ਰਤੀ ਮਹੀਨਾ 64,851 ਲੋਕ ਲਾਪਤਾ ਹੁੰਦੇ ਹਨ। ਭਾਰਤ ਦੇ ਰਾਸ਼ਟਰੀ ਅਪਰਾਧ ਦਰ ਬਿਊਰੋ ਦੇ ਅੰਕੜਿਆਂ ਦੇ ਅਨੁਸਾਰ ਸਭ ਤੋਂ ਵੱਧ ਲਾਪਤਾ ਲੋਕਾਂ ਵਾਲੇ ਸੂਬਿਆਂ ਵਿੱਚ ਪੱਛਮੀ ਬੰਗਾਲ, ਦਿੱਲੀ, ਤਾਮਿਲਨਾਡੂ, ਮਹਾਰਾਸ਼ਟਰ, ਮੱਧ ਪ੍ਰਦੇਸ਼ ਅਤੇ ਰਾਜਸਥਾਨ ਸ਼ਾਮਲ ਹਨ।

ਕਿਸੇ ਵਿਅਕਤੀ ਦਾ ਅਗਵਾ ਸਭ ਤੋਂ ਆਮ ਆਧਾਰ ਹੈ ਲਾਪਤਾ ਵਿਅਕਤੀ ਦੀ ਰਿਪੋਰਟ, ਖਾਸ ਕਰਕੇ ਜਦੋਂ ਇਹ ਛੇ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨਾਲ ਸੰਬੰਧਤ ਹੋਵੇ । ਸਿਰਫ਼ ਭਾਰਤ ਵਿੱਚ ਹੀ ਨਹੀਂ, ਸਗੋਂ ਸੰਯੁਕਤ ਰਾਜ ਅਮਰੀਕਾ ਵਿੱਚ ਵੀ ਹਰ ਰੋਜ਼ ਚਾਈਲਡ ਫਾਈਂਡ ਆਫ਼ ਅਮਰੀਕਾ ਰਿਪੋਰਟ ਕਰਦਾ ਹੈ ਕਿ 2300 ਤੋਂ ਵੱਧ ਬੱਚੇ ਲਾਪਤਾ ਹੁੰਦੇ ਹਨ। ਇਹਨਾਂ ਵਿੱਚੋਂ ਜ਼ਿਆਦਾਤਰ ਮਾਮਲਿਆਂ ਵਿੱਚ ਇੱਕ ਅਗਵਾਕਾਰ ਸ਼ਾਮਲ ਹੁੰਦਾ ਹੈ, ਜੋ ਮਤਰੇਏ ਮਾਪੇ ਹੁੰਦੇ ਹਨ, ਪਰ ਬੱਚੇ ਦੇ ਕਾਨੂੰਨੀ ਸਰਪ੍ਰਸਤ ਨਹੀਂ ਹੁੰਦੇ। ਅਗਵਾਕਾਰ ਬੱਚੇ ਨੂੰ ਉਨ੍ਹਾਂ ਦੇ ਕਾਨੂੰਨੀ ਸਰਪ੍ਰਸਤ ਤੋਂ ਦੂਰ ਲੈ ਜਾਂਦੇ ਹਨ, ਜੋ ਇੱਕ ਜੀਵਨ ਸਾਥੀ ਹੋ ਸਕਦਾ ਹੈ, ਜਿਸ ਦਾ ਰਿਸ਼ਤਾ ਖਤਮ ਹੋ ਗਿਆ ਹੁੰਦਾ ਹੈ। ਇਸ ਤਰ੍ਹਾਂ ਦੀਆਂ ਸਥਿਤੀਆਂ ਵਿੱਚ ਜ਼ਿਆਦਾਤਰ ਮਾਮਲਿਆਂ ਵਿੱਚ ਬੱਚੇ ਨੂੰ ਬਿਨਾਂ ਕਿਸੇ ਘਟਨਾ ਦੇ ਬਚਾ ਲਿਆ ਜਾਂਦਾ ਹੈ।

ਭਾਰਤ ਵਿਚ ਕਈ ਕਾਰਕ ਵਿਅਕਤੀਆਂ ਦੇ ਲਾਪਤਾ ਹੋਣ ਵਿੱਚ ਯੋਗਦਾਨ ਪਾ ਸਕਦੇ ਹਨ, ਜਿਸ ਵਿੱਚ ਬੱਚਿਆਂ ਦਾ ਅਗਵਾ, ਫਿਰੌਤੀ, ਮਨੁੱਖੀ ਤਸਕਰੀ ਅਤੇ ਰਾਜਨੀਤਕ ਨਿਸ਼ਾਨੇ ਸ਼ਾਮਲ ਹਨ।

ਭਾਰਤ ਵਿੱਚ ਗੁੰਮ ਹੋਈਆਂ ਕੁੜੀਆਂ ਅਤੇ ਔਰਤਾਂ ਵਿੱਚੋਂ ਜ਼ਿਆਦਾਤਰ ਮੱਧ ਪ੍ਰਦੇਸ਼ ਰਾਜ ਤੋਂ ਸਨ, ਉਸ ਤੋਂ ਬਾਅਦ ਪੱਛਮੀ ਬੰਗਾਲ ਰਾਜ ਦਾ ਨੰਬਰ ਆਉਂਦਾ ਹੈ। 2019 ਅਤੇ 2021 ਦੇ ਵਿਚਕਾਰ ਤਿੰਨ ਸਾਲਾਂ ਵਿੱਚ ਦੇਸ਼ ਵਿੱਚ 13.13 ਲੱਖ ਕੁੜੀਆਂ ਅਤੇ ਔਰਤਾਂ ਲਾਪਤਾ ਹੋ ਗਈਆਂ ਸਨ।ਕੇਂਦਰੀ ਗ੍ਰਹਿ ਮੰਤਰਾਲੇ ਦੁਆਰਾ ਸੰਸਦ ਵਿੱਚ ਪੇਸ਼ ਕੀਤੇ ਗਏ ਅੰਕੜਿਆਂ ਅਨੁਸਾਰ 2019 ਅਤੇ 2021 ਦੇ ਵਿਚਕਾਰ ਦੇਸ਼ ਭਰ ਵਿੱਚ 18 ਸਾਲ ਤੋਂ ਵੱਧ ਉਮਰ ਦੀਆਂ 1,061,648 ਔਰਤਾਂ ਅਤੇ 18 ਸਾਲ ਤੋਂ ਘੱਟ ਉਮਰ ਦੀਆਂ 2,51,430 ਕੁੜੀਆਂ ਲਾਪਤਾ ਹੋ ਗਈਆਂ ਸਨ । ਦੂਜੇ ਪਾਸੇ ਇੱਕ ਬਾਲਗ ਨੂੰ ਸੰਬੰਧ ਤੋੜਨ ਅਤੇ ਕਿਸੇ ਵੱਖਰੀ ਜਗ੍ਹਾ ਤੋਂ ਨਵੀਂ ਸ਼ੁਰੂਆਤ ਕਰਨ ਦੀ ਚੋਣ ਕਰਨ ਦਾ ਪੂਰਾ ਅਧਿਕਾਰ ਹੈ ਅਤੇ ਇਸ ਫੈਸਲੇ ਨੂੰ ਗਲਤ ਕੰਮ ਵਜੋਂ ਨਹੀਂ ਦੇਖਿਆ ਜਾਣਾ ਚਾਹੀਦਾ ਹੈ। ਸਿੱਟੇ ਵਜੋਂ ਕਾਨੂੰਨ ਲਾਗੂ ਕਰਨ ਵਾਲਿਆਂ ਨੂੰ ਉਨ੍ਹਾਂ ਦੇ ਲਾਪਤਾ ਹੋਣ ਦੇ ਆਲੇ-ਦੁਆਲੇ ਦੇ ਹਾਲਾਤ ਦਾ ਪਰਦਾ ਫਾਸ਼ ਕਰਨ ਦੀ ਜ਼ਰੂਰਤ ਦੇ ਵਿਰੁੱਧ ਗੁੰਮ ਹੋਏ ਬਾਲਗ ਦੇ ਨਿੱਜਤਾ ਦੇ ਅਧਿਕਾਰ ਨੂੰ ਤੋਲਣ ਦੇ ਚੁਣੌਤੀਪੂਰਨ ਕੰਮ ਦਾ ਸਾਹਮਣਾ ਕਰਨਾ ਪੈਂਦਾ ਹੈ।ਭੱਜਣ ਵਾਲੇ ਕਿਸ਼ੋਰਾਂ ਨੂੰ ਨੁਕਸਾਨ ਹੋਣ ਦੀ ਸੰਭਾਵਨਾ ਜ਼ਿਆਦਾ ਹੁੰਦੀ ਹੈ। ਜੋਖਮਾਂ ਵਿੱਚ ਜਿਨਸੀ ਹਮਲਾ, ਹਿੰਸਾ, ਚੋਰੀ, ਨਸ਼ੀਲੇ ਪਦਾਰਥਾਂ ਅਤੇ ਸ਼ਰਾਬ ਦੀ ਦੁਰਵਰਤੋਂ, ਬੇਘਰ ਹੋਣਾ ਅਤੇ ਗੈਂਗ ਮੈਂਬਰਸ਼ਿਪ ਸ਼ਾਮਲ ਹਨ।ਜ਼ਿਆਦਾਤਰ ਮਾਪਿਆਂ ਦੁਆਰਾ ਬੱਚਿਆਂ ਦੇ ਅਗਵਾ ਦੇ ਮਾਮਲੇ ਹੱਲ ਹੋ ਜਾਂਦੇ ਹਨ, ਪਰ ਫਿਰ ਵੀ ਇਹ ਭਿਆਨਕ ਘਟਨਾਵਾਂ ਹਨ, ਜਿਨ੍ਹਾਂ 'ਚ ਸ਼ਾਮਲ ਬੱਚਿਆਂ 'ਤੇ ਸਥਾਈ ਪ੍ਰਭਾਵ ਪੈ ਸਕਦੇ ਹਨ । ਇਨ੍ਹਾਂ ਵਿੱਚੋਂ ਬਹੁਤ ਸਾਰੇ ਬੱਚੇ ਸਦਮੇ ਵਿੱਚ ਚਲੇ ਜਾਂਦੇ ਹਨ, ਜਿਹਨਾਂ ਨੂੰ ਗਰੀਬੀ ਵਿੱਚ ਅਪਰਾਧੀਆਂ ਵਾਂਗ ਰਹਿਣਾ ਪੈਂਦਾ ਹੈ।

ਇਸ ਤੋਂ ਇਲਾਵਾ ਮਾਨਸਕ ਸਿਹਤ ਇਲਾਜ ਬਾਰੇ ਗੱਲ ਕਰਨਾ ਵੀ ਓਨਾ ਹੀ ਮਹੱਤਵਪੂਰਨ ਹੈ। ਕੁਝ ਵਿਅਕਤੀ ਲਾਪਤਾ ਹੋ ਜਾਂਦੇ ਹਨ, ਕਿਉਂਕਿ ਉਹ ਚੁੱਪਚਾਪ ਸਦਮੇ, ਚਿੰਤਾ ਜਾਂ ਨਿਰਾਸ਼ਾ ਨਾਲ ਨਜਿੱਠ ਰਹੇ ਹੁੰਦੇ ਹਨ। ਭਾਈਚਾਰੇ ਤੋਂ ਜਲਦੀ ਮਦਦ ਅਤੇ ਧਿਆਨ ਇਸ ਤਰ੍ਹਾਂ ਦੇ ਦੁਖਾਂਤਾਂ ਨੂੰ ਵਾਪਰਨ ਤੋਂ ਬਚਾ ਸਕਦਾ ਹੈ । ਸਾਨੂੰ ਨਿਯਮਿਤ ਤੌਰ 'ਤੇ ਇੱਕ-ਦੂਜੇ ਦੀ ਜਾਂਚ ਕਰਨਾ ਅਤੇ ਵਿਅਕਤੀਆਂ ਦੇ ਆਪਣੇ ਨਾਜ਼ੁਕ ਬਿੰਦੂ 'ਤੇ ਪਹੁੰਚਣ ਤੋਂ ਪਹਿਲਾਂ ਸਹਾਇਤਾ ਪ੍ਰਦਾਨ ਕਰਨ ਦੀ ਲੋੜ ਹੈ, ਤਾਂ ਜੋ ਅਸੀਂ ਇਕ-ਦੂਜੇ ਦੇ ਹਮਦਰਦ ਸਮਝਦੇ ਹੋਏ ਵੱਧ ਤੋਂ ਵੱਧ ਆਪਣੇ ਅਜ਼ੀਜ਼ਾਂ ਨੂੰ ਬਚਾ ਸਕੀਏ।

# ਆਰਥਿਕ ਮੰਦਹਾਲੀ 'ਚੋਂ ਉੱਪਜੀ ਨੈਸ਼ਨਲ ਕਿੱਕ ਬਾਕਸਿੰਗ ਚੈਂਪੀਅਨ ਡੌਲੀ ਰਟੈਂਡਾ

ਅਵਤਾਰ ਲੰਗੇਰੀ

ਖੇਡਾਂ ਦੀ ਦੁਨੀਆ ਅੰਦਰ ਸਰਕਾਰੀ ਸੈਕੰਡਰੀ ਸਕੂਲ ਰਟੈਂਡਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਜੂਨੀਅਰ ਕਿੱਕ ਬਾਕਸਿੰਗ 'ਚ ਉੱਭਰ ਰਹੀ ਖਿਡਾਰਨ ਦਾ ਨਾਂਅ ਹੈ 'ਡੌਲੀ ਰਟੈਂਡਾ' ।ਕਿੱਕ ਬਾਕਸਿੰਗ ਸਿਰਫ਼ ਤਾਕਤ ਦੀ ਨਹੀਂ, ਸਗੋਂ ਸਬਰ ਅਤੇ ਅਨੁਸ਼ਾਸਨ ਦੀ ਖੇਡ ਹੈ। ਜੋ ਬੱਚਾ ਬਚਪਨ ਤੋਂ ਇਸ ਖੇਡ ਨਾਲ ਜੁੜਦਾ ਹੈ, ਉਹ ਸਰੀਰਕ ਅਤੇ ਮਾਨਸਿਕ ਤੌਰ 'ਤੇ ਬੇਹੱਦ ਮਜ਼ਬੂਤ ਬਣਦਾ ਹੈ । ਹਰ ਰੋਜ਼ ਸਵੇਰੇ ਜਲਦੀ ਉਠ ਕੇ ਟ੍ਰੇਨਿੰਗ ਕਰਨੀ, ਸਹੀ ਖਾਣਾ ਖਾਣਾ ਅਤੇ ਹਰ ਦਿਨ ਨਵੀਂ ਤਕਨੀਕ ਸਿੱਖਣੀ, ਇਹੀ ਰਾਹ ਹੈ ਇੱਕ ਵਧੀਆ ਖਿਡਾਰੀ ਬਣਨ ਦਾ। ਇਨਾਂ ਹੀ ਰਾਹਾਂ 'ਤੇ ਕਦਮ ਧਰਦਿਆਂ ਸਕੂਲ ਲੈਵਲ ਤੋਂ ਨੈਸ਼ਨਲ ਚੈਂਪੀਅਨਸ਼ਿਪ ਤੱਕ ਦਾ ਸਫ਼ਰ ਤੈਅ ਕੀਤਾ ਹੈ ਡੌਲੀ ਰਟੈਂਡਾ ਨੇ। ਉਸ ਦੇ ਘਰ ਦੀ ਕਮਜ਼ੋਰ ਮਾਲੀ ਹਾਲਤ ਅਤੇ ਘਰ ਦੀਆਂ ਤੰਗੀਆਂ-ਤੁਰਸ਼ੀਆਂ ਉਸ ਦਾ ਰਾਹ ਨਾ ਰੋਕ ਸਕੀਆਂ, ਸਗੋਂ ਉਸ ਨੇ ਇਹ ਸਾਬਿਤ ਕਰ ਵਿਖਾਇਆ ਕਿ ਜੇਕਰ ਇਰਾਦੇ ਮਜ਼ਬੂਤ ਹੋਣ ਤਾਂ ਫਿਰ 'ਉੱਗਣ ਵਾਲੇ ਉੱਗ ਪੈਂਦੇ ਨੇ ਚੀਰ ਕੇ ਸੀਨਾ ਪੱਥਰਾਂ ਦਾ।' ਇੱਥੇ ਜ਼ਿਕਰਯੋਗ ਹੈ ਕਿ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਜ਼ਿਲ੍ਹਾ ਲੈਵਲ 'ਤੇ ਇਸ ਖੇਡ ਦੀ ਅਗਵਾਈ ਬਹੁਤ ਹੀ ਮਿਹਨਤੀ ਅਤੇ ਯੋਗ ਅਧਿਕਾਰੀ ਮੈਡਮ ਮਨਜੋਤ ਲੌਂਗੀਆ ਕਰ ਰਹੇ ਹਨ ।

ਪੜ੍ਹਾਈ ਵਿਚੋਂ ਡੌਲੀ ਨੇ ਹਮੇਸ਼ਾ ਪਹਿਲੀ ਤੋਂ ਲੈ ਕੇ ਦਸਵੀਂ ਜਮਾਤ ਤੱਕ ਆਪਣੀ ਕਲਾਸ ਵਿੱਚੋਂ ਪਹਿਲਾ ਦਰਜਾ ਪ੍ਰਾਪਤ ਕੀਤਾ। ਉਸ ਵੱਲੋਂ ਅੱਠਵੀਂ ਜਮਾਤ 89 ਫੀਸਦੀ ਅਤੇ ਦਸਵੀਂ ਜਮਾਤ 96 ਫੀਸਦੀ ਅੰਕਾਂ ਨਾਲ ਪਾਸ ਕੀਤੀ।ਉਹ ਹਰ ਸਾਲ ਵਿਦਿਆ ਵਿਭਾਗ ਵੱਲੋਂ ਕਰਾਏ ਜਾਂਦੇ ਸਾਲਾਨਾ ਵਿੱਦਿਅਕ ਮੁਕਾਬਲਿਆਂ ਅਤੇ ਸਾਇੰਸ ਮੇਲਿਆਂ ਦੀ ਸ਼ਾਨ ਬਣੀ ਰਹੀ। ਉਸ ਵੱਲੋਂ ਬਲਾਕ ,ਤਹਿਸੀਲ ਅਤੇ ਜ਼ਿਲਾ ਲੈਵਲ 'ਤੇ ਬਹੁਤ ਸਾਰੇ ਇਨਾਮ-ਸਨਮਾਨ ਪ੍ਰਾਪਤ ਕੀਤੇ । ਸਰਬ-ਗੁਣ ਭਰਪੂਰ ਇਸ ਹੋਣਹਾਰ ਖਿਡਾਰਨ ਨੇ ਮਿਤੀ 29 ਮਈ 2009 ਨੂੰ ਮਾਤਾ ਇੰਦਰਜੀਤ ਕੌਰ ਅਤੇ ਪਿਤਾ ਜਗਦੇਵ ਕੁਮਾਰ ਦੇ ਘਰ ਲੁਧਿਅਣਾ ਵਿਖੇ ਜਨਮ ਲਿਆ। ਡੌਲੀ ਜਿੱਥੇ ਬਹੁਤ ਹੀ ਹੋਣਹਾਰ ਅਤੇ ਪ੍ਰਤਿਭਾਸ਼ੀਲ ਵਿਦਿਆਰਥਣ ਹੈ, ਉੱਥੇ ਉਹ ਇੱਕ ਬਹੁਤ ਵਧੀਆ ਖਿਡਾਰਨ ਹੈ। ਉਸ ਨੇ ਦ੍ਰਿੜ੍ਹਤਾ ਨਾਲ ਖੇਡਾਂ ਦੇ ਖੇਤਰ ਵਿੱਚ ਵੀ ਬਲਾਕ ਪੱਧਰ ਤੋਂ ਲੈ ਕੇ ਨੈਸ਼ਨਲ ਪੱਧਰ ਤੱਕ ਆਪਣੇ ਸਕੂਲ, ਪਿੰਡ, ਅਧਿਆਪਕਾਂ ਅਤੇ ਮਾਪਿਆਂ ਦਾ ਨਾਂਅ ਵੀ ਖੂਬ ਰੌਸ਼ਨ ਕੀਤਾ । ਖੇਡਾਂ ਦੇ ਖੇਤਰ ਵਿੱਚ ਜਦ ਡੌਲੀ ਨਾਲ ਗੱਲਬਾਤ ਕੀਤੀ ਤਾਂ ਉਸ ਨੇ ਦੱਸਿਆ ਕਿ ਸਾਲ 2022 ਵਿੱਚ ਉਸ ਵੱਲੋਂ ਬਲਾਕ ਲੈਵਲ 'ਤੇ ਕਰਵਾਈਆਂ ਗਈਆਂ ਖੇਡਾਂ ਵਿੱਚ 100 ਮੀਟਰ ਅਤੇ 200 ਮੀਟਰ ਦੌੜ ਵਿੱਚ ਲਗਾਤਾਰ ਗੋਲਡ ਮੈਡਲ ਪ੍ਰਾਪਤ ਕੀਤੇ । ਜੂਨੀਅਰ ਕਿੱਕ ਬਾਕਸਿੰਗ ਅਤੇ ਕਰਾਟੇ ਵਿੱਚ ਵੀ ਉਸ ਵੱਲੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਗੋਲਡ ਮੈਡਲ ਆਪਣੇ ਨਾਂਅ ਕੀਤਾ। ਇਸੇ ਤਰ੍ਹਾਂ ਸਾਲ 2023 ਵਿੱਚ ਸਿੱਖਿਆ ਵਿਭਾਗ ਵੱਲੋਂ ਜ਼ਿਲਾ ਸਟੇਟ ਅਤੇ ਨੈਸ਼ਨਲ ਲੈਵਲ 'ਤੇ ਕਰਾਈਆਂ ਗਈਆਂ ਖੇਡਾਂ ਵਿੱਚ ਡੌਲੀ ਨੇ ਜੂਨੀਅਰ ਕਿੱਕ ਬਾਕਸਿੰਗ ਚੈਂਪੀਅਨਸ਼ਿਪ ਵਿੱਚ ਗੋਲਡ ਮੈਡਲ ਪ੍ਰਾਪਤ ਕੀਤੇ। ਉਸੇ ਸਾਲ ਹੀ ਪੰਜਾਬ ਸਰਕਾਰ ਵੱਲੋਂ ਕਰਵਾਈਆਂ ਗਈਆਂ 'ਖੇਡਾਂ ਵਤਨ ਪੰਜਾਬ ਦੀਆਂ' ਵਿੱਚ ਵੀ ਡੌਲੀ ਵੱਲੋਂ ਜ਼ਿਲ੍ਹਾ ਕਰਾਟੇ ਚੈਂਪੀਅਨਸ਼ਿਪ ਵਿੱਚ ਗੋਲਡ ਅਤੇ ਸਟੇਟ ਖੇਡਾਂ ਵਿੱਚ ਸਿਲਵਰ ਮੈਡਲ ਪ੍ਰਾਪਤ ਕਰਕੇ ਰਾਂਚੀ (ਝਾਰਖੰਡ) ਵਿਖੇ ਹੋਈ ਜੂਨੀਅਰ ਨੈਸ਼ਨਲ ਕਿੱਕ ਬਾਕਸਿੰਗ ਚੈਂਪੀਅਨਸ਼ਿਪ ਵਿੱਚ ਕਾਂਸੇ ਦਾ ਮੈਡਲ ਪ੍ਰਾਪਤ ਕੀਤਾ ।




ਚਾਲੂ ਵਰ੍ਹੇ 2025 ਵਿੱਚ ਵੀ ਡੌਲੀ ਨੇ ਆਪਣੀਆਂ ਖੇਡ ਪ੍ਰਾਪਤੀਆਂ ਦੀ ਲੜੀ ਜਾਰੀ ਰੱਖੀ।ਇਸ ਸਾਲ ਵੀ ਉਸ ਵੱਲੋਂ ਬਲਾਕ ਤੋਂ ਲੈ ਕੇ ਨੈਸ਼ਨਲ ਪੱਧਰ ਤੱਕ ਮੈਡਲ ਪ੍ਰਾਪਤੀ ਨੂੰ ਆਪਣੇ ਨਾਂਅ ਕੀਤਾ । ਜ਼ਿਲ੍ਹਾ ਅਤੇ ਸਟੇਟ ਲੈਵਲ 'ਤੇ ਜੂਨੀਅਰ ਕਿੱਕ ਬਾਕਸਿੰਗ ਅਤੇ ਕਰਾਟੇ ਵਿੱਚੋਂ ਗੋਲਡ ਅਤੇ 'ਖੇਡੋ ਇੰਡੀਆ' ਲੀਗ ਵਿੱਚੋਂ ਸਿਲਵਰ ਮੈਡਲ ਹਾਸਲ ਕੀਤੇ । ਇਸੇ ਸਾਲ ਹੀ ਨੈਸ਼ਨਲ ਪੱਧਰ 'ਤੇ ਸੋਲਨ (ਹਿਮਾਚਲ ਪ੍ਰਦੇਸ਼) ਵਿੱਚ ਹੋਈ ਜੂਨੀਅਰ ਕਿੱਕ ਬਾਕਸਿੰਗ ਚੈਂਪੀਅਨਸ਼ਿਪ ਵਿਚ ਗੋਲਡ ਮੈਡਲ ਪ੍ਰਾਪਤ ਕਰਕੇ ਡੌਲੀ ਨੇ ਲਗਾਤਾਰ ਦੂਜੀ ਵਾਰੀ ਨੈਸ਼ਨਲ ਚੈਂਪੀਅਨ ਬਣਨ ਦੇ ਨਾਲ-ਨਾਲ ਏਸ਼ੀਅਨ ਚੈਂਪੀਅਨਸ਼ਿਪ ਵਿੱਚ ਭਾਗੀਦਾਰ ਬਣਨ ਲਈ ਆਪਣਾ ਰਾਹ ਪੱਧਰਾ ਕੀਤਾ।

ਡੌਲੀ ਨੂੰ ਖੇਡਾਂ ਦੀ ਗੁੜ੍ਹਤੀ ਕੋਚ ਜਗਸੀਰ ਸਿੰਘ ਦੀ ਅਗਵਾਈ ਵਿੱਚ ਰਟੈਂਡਾ ਸਕੂਲ ਵਿੱਚੋਂ ਹੀ ਮਿਲੀ ਹੋਣ ਕਰਕੇ ਉਹ ਬਚਪਨ ਤੋਂ ਹੀ ਖੇਡਾਂ ਵਿੱਚ ਡੂੰਘੀ ਦਿਲਚਸਪੀ ਰੱਖਦੀ ਸੀ, ਜਿਸ ਕਰਕੇ ਉਸ ਨੇ ਆਪਣੀ ਮੁੱਢਲੀ ਪੜ੍ਹਾਈ ਦੌਰਾਨ ਹੀ ਸਕੂਲ ਦੇ ਬੱਚਿਆਂ ਦੀ ਟੀਮ ਵਿੱਚ ਖੇਡਣਾ ਸ਼ੁਰੂ ਕਰ ਦਿੱਤਾ, ਜਿਸ ਸਦਕਾ ਉਸ ਨੇ ਆਪਣੇ ਸਕੂਲ ਟੀਮ ਵਿੱਚ ਹਰਮਨ-ਪਿਆਰੀ ਖਿਡਾਰਨ ਬਣ ਕੇ ਸਕੂਲ ਪੱਧਰ 'ਤੇ ਹੀ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ ।

ਉਸ ਦਾ ਟੀਚਾ ਕੇਵਲ ਖੇਡਣ ਦੇ ਵੱਧ ਤੋਂ ਵੱਧ ਗੁਣਵੱਤਾ ਦੇ ਮੌਕੇ ਪ੍ਰਾਪਤ ਕਰਨਾ ਰਿਹਾ, ਜਿਸ ਲਈ ਉਸ ਨੇ ਕਿੱਕ ਬਾਕਸਿੰਗ ਦੀ ਖੇਡ ਨੂੰ ਆਪਣਾ ਇਸ਼ਟ ਮੰਨ ਕੇ ਇਸ ਖੇਡ ਲਈ ਦਿਨ-ਰਾਤ ਇੱਕ ਕਰ ਦਿੱਤਾ ।ਡੌਲੀ ਨਾਲ ਜਦੋਂ ਗੱਲਬਾਤ ਕੀਤੀ ਤਾਂ ਉਸ ਨੇ ਬੜੇ ਮਾਣ ਨਾਲ ਦੱਸਿਆ ਕਿ ਮੈਨੂੰ ਖੇਡਾਂ ਦੇ ਖੇਤਰ ਵੱਲ ਤੋਰਨ ਅਤੇ ਅੱਜ ਤੱਕ ਦੀਆਂ ਪ੍ਰਾਪਤੀਆਂ ਪਿੱਛੇ ਉਨ੍ਹਾ ਦੇ ਕੋਚ ਜਗਸੀਰ ਸਿੰਘ ਡੀ ਪੀ ਈ, ਮੈਡਮ ਸੁਰਜੀਤ ਕੌਰ ਪ੍ਰਿੰਸੀਪਲ ਸਰਕਾਰੀ ਸੈਕੰਡਰੀ ਸਕੂਲ ਰਟੈਂਡਾ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਅਤੇ ਉਨ੍ਹਾ ਦੀ ਮਾਤਾ ਇੰਦਰਜੀਤ ਕੌਰ ਦਾ ਵੱਡਮੁੱਲਾ ਯੋਗਦਾਨ ਰਿਹਾ ਹੈ ।

ਡੌਲੀ ਜਿੱਥੇ ਇੱਕ ਵਧੀਆ ਖਿਡਾਰਨ ਹੈ, ਉੱਥੇ ਹੀ ਉਹ ਬਹੁਤ ਮਿੱਠਬੋਲੜੀ, ਆਗਿਆਕਾਰ ਅਤੇ ਆਪਣੀ ਮਾਂ ਬੋਲੀ ਨੂੰ ਪਿਆਰ ਕਰਨ ਵਾਲੀ ਹੋਣਹਾਰ ਵਿਦਿਆਰਥਣ ਹੈ। ਉਸ ਅੰਦਰ ਉਹ ਸਾਰੇ ਸੰਸਕਾਰ ਹਨ, ਜਿਨ੍ਹਾਂ ਨੂੰ ਅੱਜ ਪੰਜਾਬੀ ਬੱਚੇ ਭੁੱਲਦੇ ਜਾ ਰਹੇ ਹਨ।

ਵਿੱਦਿਅਕ ਅਤੇ ਖੇਡਾਂ ਦੇ ਖੇਤਰ ਵਿੱਚ ਆਪਣੀ ਉਮਰ ਨਾਲੋਂ ਪੰਜ ਗੁਣਾ ਵੱਧ ਮੈਡਲ ਹਾਸਲ ਕਰ ਚੁੱਕੀ ਡੌਲੀ ਨੇ ਦੱਸਿਆ ਕਿ ਉਹ ਇਸੇ ਸਾਲ ਏਸ਼ੀਅਨ ਜੂਨੀਅਰ ਕਿੱਕ ਬਾਕਸਿੰਗ ਚੈਂਪੀਅਨਸ਼ਿਪ ਵਿੱਚ ਹਿੱਸਾ ਲੈਣ ਲਈ ਸਿਰਤੋੜ ਯਤਨ ਕਰ ਰਹੀ ਹੈ, ਪ੍ਰੰਤੂ ਘਰ ਦੀ ਮਾਲੀ ਹਾਲਤ ਬਹੁਤ ਕਮਜ਼ੋਰ ਹੋਣ ਕਾਰਨ ਪਰਵਾਰ ਕੋਲ ਲੋੜੀਂਦੀ ਪੂੰਜੀ ਨਹੀਂ ਹੈ, ਜਿਸ ਕਰਕੇ ਉਸ ਨੇ ਪੰਜਾਬ ਸਰਕਾਰ, ਖੇਡ ਸੰਸਥਾਵਾਂ ਅਤੇ ਖੇਡ ਪ੍ਰਮੋਟਰਾਂ ਪਾਸੋਂ ਆਰਥਿਕ ਮਦਦ ਦੀ ਅਪੀਲ ਕੀਤੀ । ਆਪਣੀ ਖੇਡ ਨਾਲ ਅੰਤਾਂ ਦਾ ਮੋਹ ਪਾਲਣ ਵਾਲੀ ਅਤੇ ਕਿੱਕ ਬਾਕਸਿੰਗ ਦੀ ਦੁਨੀਆ ਦੇ ਇਤਿਹਾਸ ਵਿੱਚ ਸੁਨਹਿਰੀ ਪੰਨੇ ਜੋੜਨ ਜਾ ਰਹੀ ਇਸ ਨੈਸ਼ਨਲ ਚੈਂਪੀਅਨ ਦੇ ਬਿਹਤਰ ਭਵਿੱਖ ਲਈ ਸ਼ੁਭ ਕਾਮਨਾਵਾਂ।

# ਸੰਪਰਕ : +91 9463260181

# ਉਗਰਾਹਾਂ ਜਥੇਬੰਦੀ ਨੇ ਕਿਸਾਨਾਂ ਨੂੰ ਬੀਜ ਵੰਡਣ ਦੀ ਮੁਹਿੰਮ ਹੱਥ ਲਈ

■ ਕੇਂਦਰ ਤੇ ਪੰਜਾਬ ਸਰਕਾਰ ਤੋਂ ਹੜ੍ਹ ਪੀੜਤਾਂ ਲਈ ਸੌ ਫੀਸਦੀ ਮੁਆਵਜ਼ੇ ਦੀ ਮੰਗ ■ ਲੋਕਾਂ ਨੂੰ ਮੁਆਵਜ਼ੇ ਲਈ ਸੰਘਰਸ਼ਾਂ ਦਾ ਰਾਹ ਅਖ਼ਤਿਆਰ ਕਰਨ ਦਾ ਸੱਦਾ



**ਫ਼ਾਜ਼ਿਲਕਾ (ਪਰਮਜੀਤ ਢਾਬਾਂ)**-ਪੰਜਾਬ ਪੱਧਰ 'ਤੇ ਬਣੀ ਹੜ੍ਹ ਪੀੜਤ ਸਹਾਇਤਾ ਕਮੇਟੀ ਦੀ ਅਗਵਾਈ ਵਿੱਚ ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਦੀ ਸੂਬਾ ਕਮੇਟੀ ਵੱਲੋਂ ਪਿੰਡਾਂ ਵਿੱਚ ਖਾਣ ਲਈ ਕਣਕ, ਪਹਿਨਣ ਲਈ ਕੱਪੜੇ ਪਸ਼ੂਆਂ ਲਈ ਚਾਰਾ ਵੰਡਣ ਉਪਰੰਤ ਹੜ੍ਹਾਂ ਦੀ ਮਾਰ ਵਿੱਚ ਆਈਆਂ ਜ਼ਮੀਨਾਂ ਪੱਧਰ ਕਰਨ ਉਪਰੰਤ ਹੁਣ ਅਗਲੇ ਪੜਾਅ ਵਿੱਚ ਇਸ ਖ਼ੇਤਰ ਦੇ ਕਿਸਾਨਾਂ ਨੂੰ ਕਣਕ ਦੀ ਬਿਜਾਈ ਲਈ ਬੀਜ ਵੰਡਣ ਲਈ ਸਹਾਇਤਾ ਕੈਂਪ ਨੇੜਲੇ ਪਿੰਡ ਗਾਗਨ ਕੇ ਵਿਖੇ ਲਗਾਏ ਗਏ ਸਹਾਇਤਾ ਕੈਂਪ ਲਗਾਇਆ ਗਿਆ ਹੈ।ਇਹ ਜਾਣਕਾਰੀ ਦਿੰਦਿਆਂ ਸੂਬਾ ਸੀਨੀਅਰ ਮੀਤ ਪ੍ਰਧਾਨ ਝੰਡਾ ਸਿੰਘ ਜੇਠੂਕੇ, ਜਨਰਲ ਸਕੱਤਰ ਸ਼ਿੰਗਾਰਾ ਸਿੰਘ ਮਾਨ ਨੇ ਦੱਸਿਆ ਕਿ ਕਣਕ ਦੀ ਬਿਜਾਈ ਦਾ ਇਹ ਬੀਜ ਇੱਕ ਮਰਲੇ ਤੋਂ ਲੈ ਕੇ 9 ਏਕੜ ਤੱਕ ਦੀ ਜ਼ਮੀਨ ਦੀ ਕੁੱਲ ਬਿਜਾਈ ਵਾਸਤੇ ਦਿੱਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਅੱਜ ਗੁਲਾਬਾ ਭੈਣੀ, ਤੇਜਾ ਰੁਹੇਲਾ, ਮੁਹਾਰ ਜਮਸ਼ੇਰ, ਢਾਣੀ ਲਾਭ ਸਿੰਘ, ਦੋਨਾ ਨਾਨਕਾ ਤੇ ਚੱਕ ਰੁਹੇਲਾ ਵਿੱਚ 1200 ਹੜ੍ਹ ਪੀੜਤ ਪਰਵਾਰਾਂ ਲਈ 2500 ਗੱਟਾ ਕਣਕ ਦਾ ਬੀਜ 2500 ਏਕੜ ਪੈਲੀ ਲਈ ਵੰਡਿਆ ਗਿਆ ਹੈ।ਉਗਰਾਹਾਂ ਜਥੇਬੰਦੀ ਦੇ ਮੋਗਾ, ਬਠਿੰਡਾ, ਮਾਨਸਾ, ਫਰੀਦਕੋਟ ਤੇ ਫਾਜ਼ਿਲਕਾ ਜ਼ਿਲ੍ਹਿਆਂ ਦੀਆਂ ਟੀਮਾਂ ਨੇ ਅਮਰਜੀਤ ਸਿੰਘ ਸੈਦੋਕੇ, ਜੋਗਿੰਦਰ ਸਿੰਘ ਦਿਆਲਪੁਰਾ, ਤਾਰਾ ਸਿੰਘ ਰੋੜੀ ਕਪੂਰਾ ਤੇ ਗੁਰਭੇਜ ਸਿੰਘ ਰੋਹੀਵਾਲਾ ਦੀ ਅਗਵਾਈ ਵਿੱਚ ਪਿੰਡਾਂ ਵਿੱਚ ਜਾ ਕੇ ਲੋੜਵੰਦ ਕਿਸਾਨਾਂ ਤੱਕ ਬੀਜ ਪੁਜਦਾ ਕੀਤਾ ਹੈ।ਜਦਕਿ ਸਹਾਇਤਾ ਕਮੇਟੀ ਵਿੱਚ ਸ਼ਾਮਲ ਟੈਕਨੀਕਲ ਸਰਵਿਸਜ਼ ਯੂਨੀਅਨ ਵੱਲੋਂ ਕ੍ਰਿਸ਼ਨ ਸਿੰਘ ਤੇ ਜਸਵਿੰਦਰ ਸਿੰਘ ਦੀ ਅਗਵਾਈ ਵਿੱਚ ਚਾਰ ਪਿੰਡਾਂ ਵਿੱਚ ਖ਼ੇਤ ਮਜ਼ਦੂਰਾਂ ਤੇ ਬੇਜ਼ਮੀਨੇ ਕਿਸਾਨਾਂ ਦੇ ਘਰੋਂ ਘਰੀ ਜਾ ਕੇ ਰਸੋਈ ਦੀਆਂ ਕਿੱਟਾਂ ਵੰਡਣ ਦਾ ਉੱਦਮ ਕੀਤਾ ਹੈ। ਕਿਸਾਨ ਆਗੂਆਂ ਨੇ ਕੇਂਦਰ ਤੇ ਪੰਜਾਬ ਸਰਕਾਰ ਤੋਂ ਹੜ੍ਹ ਨੂੰ ਕੁਦਰਤੀ ਆਫ਼ਤ ਐਲਾਨ ਕੇ ਹੜ੍ਹਾਂ ਦੀ ਮਾਰ ਵਿੱਚ ਆਏ ਲੋਕਾਂ ਨੂੰ ਸੌ ਫੀਸਦੀ ਮੁਆਵਜ਼ਾ ਦਿੱਤਾ ਜਾਵੇ।ਉਨ੍ਹਾਂ ਪੀੜਤ ਕਿਸਾਨ ਮਜ਼ਦੂਰਾਂ ਨੂੰ ਪੂਰੇ ਮੁਆਵਜ਼ੇ ਲਈ ਸੰਘਰਸ਼ਾਂ ਦਾ ਰਾਹ ਅਖ਼ਤਿਆਰ ਕਰਨ ਦਾ ਸੱਦਾ ਦਿੱਤਾ ਹੈ।ਪਿੰਡਾਂ ਵਿੱਚ ਮੁਹਾਰ ਖੀਵਾ ਦੇ ਸਰਪੰਚ ਸਵਰਨ ਸਿੰਘ ਮੁਹਾਰ ਜਮਸ਼ੇਰ ਦੇ ਸਰਪੰਚ ਵੀਰ ਸਿੰਘ ਤੇਜਾ ਰੁਹੇਲਾ ਦੇ ਪੰਚ ਵਾਹਿਗੁਰੂ ਪਾਲ ਸਿੰਘ ਨੇ ਜਥੇਬੰਦੀ ਵੱਲੋਂ ਪੀੜਤ ਕਿਸਾਨਾਂ ਦੀ ਵੱਡੇ ਪੱਧਰ 'ਤੇ ਕੀਤੀ ਜਾ ਰਹੀ ਮੱਦਦ ਤੇ ਵੰਡ ਪ੍ਰਣਾਲੀ 'ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਹੈ।ਇਸ ਮੌਕੇ ਮਨਜੀਤ ਸਿੰਘ ਘੱਟਿਆਂ ਵਾਲੀ, ਅੰਗਰੇਜ ਸਿੰਘ ਤੰਬੂ ਵਾਲਾ, ਗੁਰਦੀਪ ਸਿੰਘ ਪੱਖੋ ਕੇ, ਨਿਰਮਲ ਸਿੰਘ ਭੂੰਦੜ, ਹਰਜਿੰਦਰ ਸਿੰਘ ਮੌੜ ਤੇ ਪਾਲਾ ਸਿੰਘ ਕੋਠਾ ਗੁਰੂ ਮੌਜੂਦ ਸਨ।

# ਸਬ-ਰਜਿਸਟਰਾਰ ਦਫਤਰਾਂ ਵੱਲੋਂ ਐੱਨ ਓ ਸੀ ਦੇ ਨਾਂਅ 'ਤੇ ਲੋਕਾਂ ਦੀ ਲੁੱਟ : ਗਿੱਲ

ਦੀ ਰਿਟਾਇਰਡ ਰੈਵੀਨਿਊ ਕਾਨੂੰਨਗੋ ਪਟਵਾਰੀ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਦੀ ਰਿਟਾਇਰਡ ਰੈਵੀਨਿਊ ਕਾਨੂੰਨਗੋ ਪਟਵਾਰੀ ਵੈੱਲਫੇਅਰ ਐਸੋਸੀਏਸ਼ਨ ਰਜਿਸਟਰਡ ਮੋਗਾ ਦੀ ਮਹੀਨਾਵਾਰ ਮੀਟਿੰਗ ਦਰਸ਼ਨ ਸਿੰਘ ਗਿੱਲ ਜ਼ਿਲ੍ਹਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਨੇਚਰ ਪਾਰਕ ਮੋਗਾ ਵਿਖੇ ਹੋਈ, ਜਿਸ ਵਿੱਚ ਐਸੋਸੀਏਸ਼ਨ ਮੈਂਬਰ ਸ਼ਾਮਲ ਹੋਏ। ਮੀਟਿੰਗ ਦੀ ਕਾਰਵਾਈ ਗੁਰਮੇਲ ਸਿੰਘ ਗੌਂਦਾਰਾ ਜਨਰਲ ਸਕੱਤਰ ਵੱਲੋ ਚਲਾਈ ਗਈ।ਮੀਟਿੰਗ ਦੌਰਾਨ ਐਸੋਸੀਏਸ਼ਨ ਦੀ ਚੋਣ ਕੀਤੀ ਗਈ ਜਿਸ ਵਿੱਚ ਦਰਸ਼ਨ ਸਿੰਘ ਗਿੱਲ ਜਿਲ੍ਹਾ ਪ੍ਰਧਾਨ, ਰਤਨ ਸਿੰਘ ਗਿੱਲ ਤੇ ਗੁਰਦੋਰ ਸਿੰਘ ਸੀਨੀਅਰ ਮੀਤ ਪ੍ਰਧਾਨ, ਗੁਰਮੇਲ ਸਿੰਘ ਗੌਂਦਾਰਾ ਜਨਰਲ ਸਕੱਤਰ, ਗੁਰਮੇਲ ਸਿੰਘ ਖਜ਼ਾਨਚੀ, ਮੰਗਤ ਸਿੰਘ ਸਹੋਤਾ ਸਰਪ੍ਰਸਤ, ਬਲਜੀਤ ਸਿੰਘ ਸਹਾਇਕ ਸਕੱਤਰ, ਜਗਰਾਜ ਸਹਾਇਕ ਖਜ਼ਾਨਚੀ, ਗੁਰਮੀਤ ਸਿੰਘ ਸੰਘਾ, ਕਮਲੇਸ਼ ਕੁਮਾਰ, ਬਲਵੰਤ ਸਿੰਘ ਭਲੂਰ ਤੇ ਗੁਰਚਰਨ ਸਿੰਘ ਢਿਪਾਲੀ ਸਾਰੇ ਮੀਤ ਪ੍ਰਧਾਨ, ਮੱਖਣਜੀਤ ਕਾਨੂੰਨੀ ਸਕੱਤਰ, ਚਮਕੌਰ ਸਿੰਘ ਘੋਲੀਆ ਅਡੀਟਰ, ਕੇਵਲ ਸਿੰਘ ਪ੍ਰੈੱਸ ਸਕੱਤਰ, ਸੰਤੋਖ ਸਿੰਘ ਦਫਤਰ ਸਕੱਤਰ, ਚੰਦ ਸਿੰਘ ਸੰਗਠਨ ਸਕੱਤਰ, ਮੰਗਲ ਮੀਤ ਪੱਤੋ ਪ੍ਰਚਾਰ ਸਕੱਤਰ ਚੁਣੇ ਗਏ।ਮੀਟਿੰਗ ਦੌਰਾਨ ਹਾਜ਼ਰ ਮੈਂਬਰਾ ਤੋਂ ਚੰਦੇ ਦੀ ਵਸੂਲੀ ਕੀਤੀ ਗਈ।ਮੀਟਿੰਗ ਦੌਰਾਨ ਹਾਜ਼ਰ 48 ਮੈਂਬਰਾ ਨੇ ਪੰਜ ਸੌ ਰੁਪਏ ਦੇ ਹਿਸਾਬ ਨਾਲ ਆਪਣਾ ਚੰਦਾ ਖਜ਼ਾਨਚੀ ਨੂੰ ਜਮ੍ਹਾਂ ਕਰਵਾ ਕੇ ਐਸੋਸੀਏਸ਼ਨ ਦੀਆਂ ਰਸੀਦਾਂ ਹਾਸਲ ਕੀਤੀਆਂ।ਕੈਨੇਡਾ ਤੋਂ ਵਿਸ਼ੇਸ਼ ਤੌਰ 'ਤੇ ਪੰਜਾਬ ਪਹੁੰਚੇ ਜਰਨੈਲ ਸਿੰਘ ਖੋਸਾ ਰਿਟਾਇਰਡ ਪਟਵਾਰੀ ਨੇ ਮੀਟਿੰਗ ਦੀ ਸਮਾਪਤੀ ਦੌਰਾਨ ਸ਼ਾਮਲ ਹੋ ਕੇ ਇਕ ਹਜ਼ਾਰ ਰੁਪਏ ਦਾ ਐਸੋਸੀਏਸ਼ਨ ਨੂੰ ਸਹਿਯੋਗ ਦਿੱਤਾ ਤੇ ਆਉਣ ਵਾਲੀਆਂ ਮੀਟਿੰਗਾਂ ਦੌਰਾਨ ਸ਼ਾਮਲ ਹੋਣ ਦਾ ਯਕੀਨ ਦਿਵਾਇਆ ਗਿਆ।

ਮੀਟਿੰਗ ਦੌਰਾਨ ਸਾਥੀਆਂ ਦੇ ਮਸਲਿਆਂ 'ਤੇ ਚਰਚਾ ਕੀਤੀ ਗਈ, ਬਿੱਲ ਕਲਰਕ ਧਰਮਕੋਟ ਦਾ ਰਵੱਈਆ ਰਿਟਾਇਰਡ ਸਾਥੀਆ ਨੂੰ ਸਹਿਯੋਗ ਦੇਣ ਵਾਲਾ ਨਹੀਂ ਹੈ, ਜਿਸ 'ਤੇ ਚਰਚਾ ਕੀਤੀ ਗਈ ਤੇ ਐਕਸ਼ਨ ਲੈਣ ਦਾ ਨਿਰਣਾ ਲਿਆ ਗਿਆ।ਮੀਟਿੰਗ ਵਿੱਚ ਗੁਰਮੇਲ ਸਿੰਘ ਗੌਂਦਾਰਾ ਜਨਰਲ ਸਕੱਤਰ, ਗੁਰਮੇਲ ਸਿੰਘ ਖਜ਼ਾਨਚੀ, ਗੁਰਦੋਰ ਸਿੰਘ ਤੇ ਰਤਨ ਸਿੰਘ ਗਿੱਲ ਸੀਨੀਅਰ ਮੀਤ ਪ੍ਰਧਾਨ, ਗੁਰਮੀਤ ਸਿੰਘ ਸੰਘਾ, ਗੁਰਚਰਨ ਸਿੰਘ ਢਿਪਾਲੀ, ਬਲਵੰਤ ਸਿੰਘ ਭਲੂਰ ਤੇ ਕਮਲੇਸ਼ ਕੁਮਾਰ ਸਾਰੇ ਮੀਤ ਪ੍ਰਧਾਨ, ਮੰਗਲ ਮੀਤ ਪੱਤੋ ਪ੍ਰਚਾਰ ਸਕੱਤਰ, ਕੇਵਲ ਸਿੰਘ ਪ੍ਰੈੱਸ ਸਕੱਤਰ, ਸੰਤੋਖ ਸਿੰਘ ਦਫਤਰ ਸਕੱਤਰ, ਚੰਦ ਸੰਗਠਨ ਸਕੱਤਰ, ਮੱਖਣਜੀਤ ਕਾਨੂੰਨੀ ਸਕੱਤਰ, ਸਵਰਨ ਸਿੰਘ ਬਰਾੜ, ਸੁਰਜੀਤ ਸਿੰਘ ਢਿਪਾਲੀ, ਗੁਰਮੇਲ ਸਿੰਘ ਰਖਾਲਾ, ਮੋਹਣ ਸਿੰਘ, ਬਲਵਿੰਦਰ ਸਿੰਘ ਖੋਸਾ, ਸਖਦੇਵ ਸਿੰਘ ਖੋਸਾ, ਜਸਵੰਤ ਸਿੰਘ ਸੂਬੇਦਾਰ, ਪ੍ਰਸੋਤਮ ਸਿੰਘ ਆਦਿ ਸ਼ਾਮਲ ਹੋਏ।ਪ੍ਰੈੱਸ ਨੂੰ ਜਾਣਕਾਰੀ ਕੇਵਲ ਸਿੰਘ ਪ੍ਰੈੱਸ ਸਕੱਤਰ ਨੇ ਜਾਰੀ ਕੀਤੀ।

# ਗੋਲਡਨ ਐਰੋ ਡਵੀਜ਼ਨ ਵੱਲੋਂ 'ਫਿਰੋਜ਼ਪੁਰ ਬਾਰਡਰ ਮੈਰਾਥਨ-2025' ਦਾ ਆਯੋਜਨ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ਼ਹੀਦਾਂ ਦੀ ਧਰਤੀ ਵਜੋਂ ਜਾਣੇ ਜਾਂਦੇ ਇਤਿਹਾਸਕ ਜ਼ਿਲ੍ਹਾ ਫ਼ਿਰੋਜ਼ਪੁਰ ਵਿੱਚ ਭਾਰਤੀ ਫੌਜ ਦੇ ਗੋਲਡਨ ਐਰੋ ਡਿਵੀਜ਼ਨ ਨੇ 'ਫਿਰੋਜ਼ਪੁਰ ਬਾਰਡਰ ਮੈਰਾਥਨ-2025' ਦਾ ਆਯੋਜਨ ਕੀਤਾ। ਭਾਰਤ ਦੇ ਸ਼ਹੀਦਾਂ ਨੂੰ ਸਨਮਾਨਤ ਕਰਨ ਤੇ ਨਸ਼ਿਆਂ ਦੀ ਵੱਧ ਰਹੀ ਬੁਰਾਈ ਦਾ ਮੁਕਾਬਲਾ ਕਰਨ ਦੇ ਮਕਸਦ ਨਾਲ ਆਯੋਜਿਤ ਇਸ ਸਮਾਗਮ ਨੂੰ ਦੇਸ਼ ਭਰ ਤੋਂ ਭਰਪੂਰ ਭਾਗੀਦਾਰੀ ਅਤੇ ਪ੍ਰਸ਼ੰਸਾ ਮਿਲੀ। ?ਮੈਰਾਥਨ ਨੂੰ ਮੇਜਰ ਜਨਰਲ ਆਰ ਐੱਸ ਮਨਰਾਲ, ਐੱਸ ਐੱਮ, ਵੀ ਐੱਸ ਐੱਮ, ਜਨਰਲ ਅਫਸਰ ਕਮਾਂਡਿੰਗ, ਗੋਲਡਨ ਐਰੋ ਡਵੀਜ਼ਨ ਨੇ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਓਲੰਪੀਅਨ ਪਰਗਟ ਸਿੰਘ (ਪਦਮਸ਼੍ਰੀ ਤੇ ਅਰਜੁਨ ਪੁਰਸਕਾਰ ਜੇਤੂ), ਰਣਵੀਰ ਸਿੰਘ ਆਵਲਾ, ਰਾਣਾ ਗੁਰਮੀਤ ਸਿੰਘ ਸੋਢੀ, ਵਰਿੰਦਰ ਮੋਹਨ ਸਿੰਗਲਾ, ਸਮੀਰ ਮਿੱਤਲ, ਅਨਿਰੁੱਧ ਗੁਪਤਾ, ਪ੍ਰੋ.ਜਗਮੋਹਨ ਸਿੰਘ, ਕਰਨਲ ਕ੍ਰਿਸ਼ਨ ਬਧਵਾਰ (ਸੇਵਾਮੁਕਤ) ਅਲਟਰਾ ਮੈਰਾਥਨ ਦੌੜਾਕ, ਅਤੇ ਭਾਰਤ ਦੇ ਪ੍ਰਸਿੱਧ ਬਲੇਡ ਰਨਰ ਮੇਜਰ ਡੀਪੀ ਸਿੰਘ (ਸੇਵਾਮੁਕਤ) ਤੋਂ ਇਲਾਵਾ ਸੀਨੀਅਰ ਸਿਵਲ ਪ੍ਰਸ਼ਾਸਨ ਦੇ ਅਧਿਕਾਰੀਆਂ ਤੇ ਪੰਜਾਬ ਪੁਲਸ ਦੇ ਨੁਮਾਇੰਦਿਆਂ ਨੇ ਵੀ ਸ਼ਿਰਕਤ ਕੀਤੀ। ?ਜੀਵਨ ਦੇ ਵੱਖ-ਵੱਖ ਖੇਤਰਾਂ ਤੋਂ ਹਜ਼ਾਰਾਂ ਦੌੜਾਕ, ਜਿਨ੍ਹਾਂ ਵਿਚ ਉੱਘੇ ਅਥਲੀਟ, ਸੇਵਾ ਕਰ ਰਹੇ ਫੌਜੀ, ਨੌਜਵਾਨ ਪ੍ਰਭਾਵਕ ਤੇ ਦੇਸ਼ਭਗਤ ਨਾਗਰਿਕ ਸ਼ਾਮਲ ਸਨ। ਨਸ਼ਾ ਮੁਕਤ ਤੇ ਇੱਕਜੁੱਟ ਭਾਰਤ ਲਈ ਸਮੂਹਕ ਪ੍ਰਣ ਨੂੰ ਦੁਹਰਾਉਣ ਲਈ ਇਕੱਠੇ ਹੋਏ। ਫਿਰੋਜ਼ਪੁਰ ਦੀ ਸ਼ਾਨਦਾਰ ਵਿਰਾਸਤ ਦੇ ਪ੍ਰਤੀਕ ਪਿਛੋਕੜ ਦੇ ਵਿਰੁੱਧ ਸੈੱਟ, ਮੈਰਾਥਨ ਦਾ ਰੂਟ ਡੂੰਘੇ ਰਾਸ਼ਟਰੀ ਮਹੱਤਵ ਵਾਲੇ ਸਥਾਨਾਂ ਵਿੱਚੋਂ ਲੰਘਿਆ। ਭਾਗੀਦਾਰ ਇਤਿਹਾਸਕ ਫਿਰੋਜ਼ਪੁਰ ਕਿਲ੍ਹੇ ਦੇ ਕੋਲੋਂ ਦੌੜੇ ਤੇ ਉਨ੍ਹਾਂ ਦੀ ਦੌੜ ਰਾਸ਼ਟਰੀ ਸ਼ਹੀਦੀ ਯਾਦਗਾਰ, ਹੁਸੈਨੀਵਾਲਾ ਸ਼ਹੀਦ ਭਗਤ ਸਿੰਘ, ਸ਼ਹੀਦ ਸੁਖਦੇਵ ਤੇ ਸ਼ਹੀਦ ਰਾਜਗੁਰੂ ਦੀ ਪਵਿੱਤਰ ਆਰਾਮਗਾਹ 'ਤੇ ਸਮਾਪਤ ਹੋਈ। ?ਮੇਜਰ ਜਨਰਲ ਆਰ ਐੱਸ ਮਨਰਾਲ ਨੇ ਭਾਗੀਦਾਰਾਂ ਨੂੰ ਉਨ੍ਹਾਂ ਦੇ ਉਤਸ਼ਾਹ ਭਰੇ ਸਮਰਥਨ ਲਈ ਵਧਾਈ ਦਿੱਤੀ।

ਇਸ ਸਮਾਗਮ ਵਿਚ ਤਿੰਨ ਸ਼੍ਰੇਣੀਆਂ ਸਨ ਹਾਫ ਮੈਰਾਥਨ, 10 ਕਿਲੋਮੀਟਰ ਤੇ 5 ਕਿਲੋਮੀਟਰ ਦੌੜਾਂ ਜਿਨ੍ਹਾਂ ਵਿੱਚ ਵੱਖ-ਵੱਖ ਰਾਜਾਂ ਤੋਂ 4,000 ਤੋਂ ਵੱਧ ਭਾਗੀਦਾਰਾਂ ਨੇ ਹਿੱਸਾ ਲਿਆ। ਇਸ ਨੇ ਸਰਹੱਦੀ ਸੈਰ-ਸਪਾਟੇ ਤੇ ਫਿਰੋਜ਼ਪੁਰ ਦੀ ਸੱਭਿਆਚਾਰਕ ਵਿਰਾਸਤ ਨੂੰ ਉਤਸ਼ਾਹਤ ਕਰਦੇ ਹੋਏ, ਖੇਡ ਭਾਵਨਾ, ਯਾਦਗਾਰੀ ਤੇ ਸਮਾਜਿਕ ਜ਼ਿੰਮੇਵਾਰੀ ਨੂੰ ਸਫਲਤਾਪੂਰਵਕ ਜੋੜਿਆ। ਗੋਲਡਨ ਐਰੋ ਡਵੀਜ਼ਨ ਨੇ ਡਿਊਟੀ ਤੋਂ ਪਰੇ ਰਾਸ਼ਟਰੀ ਕਾਰਨਾਂ ਵਿੱਚ ਨਾਗਰਿਕਾਂ ਨੂੰ ਇੱਕਜੁੱਟ ਕਰਨ ਲਈ ਅਜਿਹੇ ਸਾਰਥਕ ਜਨਤਕ ਪਹੁੰਚ ਪਹਿਲਕਦਮੀਆਂ ਦੀ ਅਗਵਾਈ ਜਾਰੀ ਰੱਖਣ ਦੀ ਆਪਣੀ ਵਚਨਬੱਧਤਾ ਦੀ ਪੁਸ਼ਟੀ ਕੀਤੀ।

# ਜਥੇਬੰਦਕ ਤਾਕਤ ਦੇ ਬਲਬੂਤੇ ਮਨਰੇਗਾ ਸਕੀਮ ਦੀ ਰਾਖੀ ਕਰੇ ਮਜ਼ਦੂਰ ਜਮਾਤ : ਐਡਵੋਕੇਟ ਉੱਡਤ

ਬੂਟਾ ਸਿੰਘ ਬਾਜੇਵਾਲਾ ਬ੍ਰਾਂਚ ਸਕੱਤਰ, ਗਿੰਦਰ ਸਿੰਘ ਤੇ ਸੁਖਵਿੰਦਰ ਸਿੰਘ ਬਣੇ ਸਹਾਇਕ ਸਕੱਤਰ



**ਸਰਦੂਲਗੜ੍ਹ/ਝੁਨੀਰ (ਆਤਮਾ ਸਿੰਘ ਪਮਾਰ)**

ਲਾਲ ਝੰਡੇ ਦੀ ਪਾਰਲੀਮੈਂਟ 'ਚ ਵੱਡੀ ਤਾਕਤ ਦੇ ਬਲਬੂਤੇ ਹੋਂਦ 'ਚ ਆਏ ਮਜ਼ਦੂਰਾਂ ਲਈ ਬਹੁਤ ਹੀ ਮਹੱਤਵਪੂਰਨ ਤੇ ਲਾਹੇਵੰਦ ਮਨਰੇਗਾ ਸਕੀਮ ਨੂੰ ਕੇਂਦਰ ਦੀ ਮੋਦੀ ਸਰਕਾਰ ਤੇ ਪੰਜਾਬ ਦੀ ਮਾਨ ਸਰਕਾਰ ਖ਼ਤਮ ਕਰਨ 'ਤੇ ਉਤਾਰੂ ਹੋਈਆਂ ਪਈਆਂ ਹਨ।ਮੋਦੀ ਸਰਕਾਰ ਲਗਾਤਾਰ ਮਨਰੇਗਾ ਸਕੀਮ ਦਾ ਬਜਟ ਘਟਾ ਰਹੀ ਹੈ ਤੇ ਮਾਨ ਸਰਕਾਰ ਪੰਜਾਬ ਅਸਿੱਧੇ ਢੰਗ ਨਾਲ ਪੰਜਾਬ 'ਚੋਂ ਮਨਰੇਗਾ ਸਕੀਮ ਨੂੰ ਬੰਦ ਕਰ ਚੁੱਕੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਇੱਥੋਂ ਥੋੜ੍ਹੀ ਦੂਰ ਸਥਿਤ ਪਿੰਡ ਬਾਜੇਵਾਲਾ ਵਿਖੇ ਸੀ ਪੀ ਆਈ ਵਰਕਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀਪੀਆਈ ਦੇ ਸੂਬਾਈ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ ਨੇ ਕਿਹਾ ਕਿ ਮਨਰੇਗਾ ਸਕੀਮ ਦੀ ਰਾਖੀ ਜਥੇਬੰਦਕ ਤਾਕਤ ਦੇ ਬਲਬੂਤੇ ਸੰਘਰਸ਼ ਰਾਹੀਂ ਹੀ ਕੀਤੀ ਜਾ ਸਕਦੀ ਹੈ, ਕਿਉਂਕਿ ਸਮੇਂ ਦੇ ਹਾਕਮਾਂ ਮਨਰੇਗਾ ਨੂੰ ਖਤਮ ਕਰਨ ਦਾ ਮਨ ਬਣਾ ਚੁੱਕੇ ਹਨ। ਐਡਵੋਕੇਟ ਉੱਡਤ ਨੇ ਕਿਹਾ ਕਿ ਬਦਲਾਅ ਵਾਲੀ ਮਾਨ ਸਰਕਾਰ ਪਿਛਲੇ ਚਾਰ ਸਾਲਾਂ ਦੀ ਕਾਰਗੁਜ਼ਾਰੀ ਨੇ ਲੋਕਾਂ ਦੇ ਪੱਲੇ ਨਿਰਾਸ਼ਤਾ ਹੀ ਪਾਈ ਹੈ, ਪੰਜਾਬ ਦੇ ਲੋਕ ਆਪਣੇ ਆਪ ਨੂੰ ਠੱਗੇ ਹੋਏ ਮਹਿਸੂਸ ਕਰ ਰਹੇ ਹਨ ਤੇ ਪੰਜਾਬ ਦੀ ਵਿਧਾਨ ਸਭਾ ਦੀਆਂ ਚੋਣਾਂ ਨੂੰ ਉਡੀਕ ਕਰ ਰਹੇ ਹਨ।

ਇਸ ਮੌਕੇ ਸੀਪੀਆਈ ਬ੍ਰਾਂਚ ਬਾਜੇਵਾਲਾ ਲਈ 11 ਮੈਂਬਰੀ ਕਮੇਟੀ ਦੀ ਚੋਣ ਕੀਤੀ ਗਈ, ਜਿਸ 'ਚ ਕਾ. ਬੂਟਾ ਸਿੰਘ ਬਾਜੇਵਾਲਾ ਸਕੱਤਰ, ਕਾ. ਗਿੰਦਰ ਸਿੰਘ ਤੇ ਸੁਖਵਿੰਦਰ ਸਿੰਘ ਬਾਜੇਵਾਲਾ ਸਹਾਇਕ ਸਕੱਤਰ ਚੁਣੇ ਗਏ।ਇਸ ਤੋਂ ਇਲਾਵਾ ਗੁਰਮੇਲ ਸਿੰਘ, ਕੋਮਲ ਸਿੰਘ, ਬਿੰਦਰ ਸਿੰਘ, ਸੁਖਵਿੰਦਰ ਸਿੰਘ ਬੂਰਾ, ਲਾਭ ਸਿੰਘ, ਤਾਰਾ ਸਿੰਘ, ਜਸਵੀਰ ਕੌਰ ਤੇ ਕਰਮਜੀਤ ਕੌਰ ਵਰਕਿੰਗ ਕਮੇਟੀ ਮੈਂਬਰ ਚੁਣੇ ਗਏ। 25ਵੀਂ ਤਹਿਸੀਲ ਕਾਨਫਰੰਸ, ਜੋ ਕਿ 12 ਨਵੰਬਰ ਨੂੰ ਕੋਟ ਧਰਮੂ ਵਿਖੇ ਕੀਤੀ ਜਾਵੇਗੀ, ਲਈ ਵੀ 10 ਡੈਲੀਗੇਟਾਂ ਦੀ ਚੋਣ ਕੀਤੀ ਗਈ।

# ਸੀ ਪੀ ਆਈ ਦੀ ਸਿੱਧਵਾਂ ਬਲਾਕ ਦੀ ਕਾਨਫਰੰਸ 23 ਨੂੰ

ਡਾ: ਅਰੁਣ ਮਿੱਤਰਾ ਵੱਲੋਂ ਇਲਾਕੇ ਦੀਆਂ ਬਰਾਂਚਾਂ ਦਾ ਦੌਰਾ



**ਲੁਧਿਆਣਾ (ਐੱਮ ਐੱਸ ਭਾਟੀਆ)**-ਐਤਵਾਰ ਸਿੱਧਵਾਂ ਬਲਾਕ ਦੀਆਂ ਪਾਰਟੀ ਬਰਾਂਚਾਂ ਵਿੱਚ ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਹਾਇਕ ਸਕੱਤਰ ਡਾਕਟਰ ਅਰੁਣ ਮਿੱਤਰਾ ਨੇ ਦੌਰਾ ਕੀਤਾ। ਉਨ੍ਹਾਂ ਦੱਸਿਆ ਕਿ ਸਾਥੀ ਬਰਾਂਚ ਕਾਨਫਰੰਸਾਂ ਕਰ ਰਹੇ ਹਨ ਅਤੇ ਨਵੀਆਂ ਟੀਮਾਂ ਬਣਾ ਰਹੇ ਹਨ ਤੇ ਨਾਲ ਹੀ ਨਵੀਂ ਭਰਤੀ ਵੀ ਕਰ ਰਹੇ ਹਨ।ਬਲਾਕ ਸਕੱਤਰ ਕਾਮਰੇਡ ਗੁਰਨਾਮ ਸਿੰਘ ਨੇ ਕਿਹਾ ਕਿ ਸਾਥੀਆਂ ਵਿੱਚ 23 ਨਵੰਬਰ ਦੀ ਬਲਾਕ ਕਾਨਫਰੰਸ ਬਾਰੇ ਬੜਾ ਉਤਸ਼ਾਹ ਹੈ।ਪਿੰਡ ਬਹਾਦਰਕੇ ਵਿੱਚ ਡਾਕਟਰ ਮਿੱਤਰਾ ਨੇ ਬਰਾਂਚ ਕਾਨਫਰੰਸ ਨੂੰ ਸੰਬੋਧਨ ਕੀਤਾ।ਉਨ੍ਹਾਂ ਕਿਹਾ ਕਿ ਬਰਾਂਚ ਪਾਰਟੀ ਦੀ ਮੁਢਲੀ ਸ਼ਾਖਾ ਹੈ ਤੇ ਇਸ ਦਾ ਸੁਚਾਰੂ ਕੰਮ, ਬਰਾਂਚ ਦੇ ਸਾਥੀਆਂ ਦਾ ਲੋਕਾਂ ਨਾਲ ਜੁੜੇ ਰਹਿਣਾ, ਲੋਕਾਂ ਦੇ ਦੁੱਖ ਸੁੱਖ ਵਿੱਚ ਸਾਥ ਦੇਣਾ ਤੇ ਨਾਲ ਹੀ ਰਾਜਨੀਤਕ ਸੂਝ-ਬੂਝ ਦਾ ਪ੍ਰਚਾਰ ਕਰਨ ਦੇ ਨਾਲ ਹੀ ਪਾਰਟੀ ਦਾ ਵਿਕਾਸ ਹੋਏਗਾ। ਅਜੋਕੇ ਸਮੇਂ ਇਹ ਅਤੀ ਜ਼ਰੂਰੀ ਬਣ ਗਿਆ ਹੈ, ਕਿਉਂਕਿ ਅੱਜ ਦੇਸ਼ ਬਹੁਤ ਹੀ ਗੰਭੀਰ ਸਥਿਤੀ ਵਿੱਚ ਗੁਜ਼ਰ ਰਿਹਾ ਹੈ।ਧਰਮ-ਨਿਰਪੱਖਤਾ ਲੋਕਤੰਤਰ ਨੂੰ ਪ੍ਰਨਾਏ ਹੋਏ ਸੰਵਿਧਾਨ ਨੂੰ ਸੱਤਾ ਵਿੱਚ ਬੈਠੀ ਆਰ ਐੱਸ ਐੱਸ-ਭਾਜਪਾ ਸਰਕਾਰ ਵੱਲੋਂ ਬਹੁਤ ਖਤਰਾ ਹੈ, ਕਿਉਂਕਿ ਉਹ ਹਿੰਦੂ ਰਾਸ਼ਟਰ ਬਣਾਉਣ ਦੇ ਵਿੱਚ ਲੱਗੇ ਹੋਏ ਹਨ ਅਤੇ ਆਜ਼ਾਦੀ ਘੁਲਾਟੀਆਂ ਤੇ ਇਨਕਲਾਬੀਆਂ ਦੀ ਸੋਚ ਮੁਤਾਬਿਕ ਬਣਾਏ ਗਏ ਸੰਵਿਧਾਨ ਦੀਆਂ ਧੱਜੀਆਂ ਉਡਾ ਰਹੇ ਹਨ।ਉਹ ਲੋਕਾਂ ਵਿੱਚ ਫਿਰਕੂ ਲੀਹਾਂ ਤੇ ਵੰਡੀਆਂ ਪਾ ਰਹੇ ਹਨ, ਜਿਸ 'ਤੇ ਦੇਸ਼ ਤੇ ਸਮਾਜ ਕਮਜ਼ੋਰ ਪੈ ਰਿਹਾ ਹੈ।ਇਸ ਲਈ ਹੇਠਲੇ ਪੱਧਰ ਤੋਂ ਸਭ ਸਾਥੀਆਂ ਨੂੰ ਇਨ੍ਹਾਂ ਗੱਲਾਂ ਨੂੰ ਮੁੱਖ ਰੱਖ ਕੇ ਜ਼ੋਰ ਨਾਲ ਕੰਮ ਕਰਨਾ ਪਏਗਾ।

# ਦੇਸ਼ ਭਗਤ ਗਲੋਬਲ ਸਕੂਲ ਵਿਖੇ ਸਾਲਾਨਾ ਖੇਡ ਸਮਾਰੋਹ

ਖੇਡਾਂ ਵਿਦਿਆਰਥੀਆਂ 'ਚ ਆਤਮ ਵਿਸ਼ਵਾਸ, ਅਨੁਸ਼ਾਸਨ ਤੇ ਸਹਿਯੋਗ ਦੀ ਭਾਵਨਾ ਪੈਦਾ ਕਰਦੀਆਂ : ਪ੍ਰਿੰ. ਜਿੰਦਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਭਗਤ ਗਲੋਬਲ ਸਕੂਲ ਸ੍ਰੀ ਮੁਕਤਸਰ ਸਾਹਿਬ ਵੱਲੋਂ ਦੇਸ਼ ਭਗਤ ਗਰੁੱਪ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾਕਟਰ ਜ਼ੋਰਾ ਸਿੰਘ ਅਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਸਰਪ੍ਰਸਤੀ ਹੇਠ ਦੇਸ਼ ਭਗਤ ਗਲੋਬਲ ਸਕੂਲ ਦੇ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਤੇ ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਦੀ ਯੋਗ ਅਗਵਾਈ ਹੇਠ ਸਕੂਲ ਦੇ ਜੂਨੀਅਰ ਸੈਕਸ਼ਨ ਦਾ 7ਵਾਂ ਸਾਲਾਨਾ ਖੇਡ ਸਮਾਰੋਹ ਵੱਡੇ ਉਤਸ਼ਾਹ ਤੇ ਜੋਸ਼ ਨਾਲ ਕੀਤਾ ਗਿਆ।ਸਮਾਰੋਹ ਦੀ ਸ਼ੁਰੂਆਤ ਸਕੂਲ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ, ਦੇਸ਼ ਭਗਤ ਕੈਂਪਸ ਦੇ ਸੁਪਰਵਾਈਜ਼ਰ ਦਿਲਬਾਗ ਸਿੰਘ ਬਾਗੀ ਤੇ ਅਕਾਊਂਟੈਂਟ ਨਵਦੀਪ ਸਿੰਘ ਦੇ ਸਵਾਗਤ ਨਾਲ ਹੋਈ।ਉਨ੍ਹਾਂ ਸਮਾਰੋਹ ਦੀ ਸ਼ੁਰੂਆਤ ਤਿਰੰਗਾ ਝੰਡਾ ਲਹਿਰਾਉਣ ਨਾਲ ਕੀਤੀ।

ਇਸ ਦੌਰਾਨ ਪਲੇਵੇ ਤੋਂ ਯੂ ਕੇ ਜੀ ਕਲਾਸਾਂ ਦੇ ਵਿਦਿਆਰਥੀਆਂ ਨੇ ਦੌੜ, ਸੈਕ ਰੇਸ, ਬੈਲੈਂਸ ਰੇਸ, ਫਰੌਗ ਰੇਸ, ਰੁਕਾਵਟਾਂ ਵਾਲੀ ਦੌੜ ਤੇ ਹੋਰ ਮਨੋਰੰਜਕ ਖੇਡਾਂ ਵਿੱਚ ਭਾਗ ਲਿਆ।ਬੱਚਿਆਂ ਦੇ ਉਤਸ਼ਾਹ ਤੇ ਟੀਮ ਸਪਿਰਟ ਨੇ ਪੂਰੇ ਮੈਦਾਨ ਦਾ ਮਾਹੌਲ ਖੁਸ਼ੀ ਨਾਲ ਭਰ ਦਿੱਤਾ।ਜੇਤੂ ਵਿਦਿਆਰਥੀਆਂ ਨੂੰ ਤਮਗੇ ਤੇ ਪ੍ਰਮਾਣ-ਪੱਤਰ ਦੇ ਕੇ ਸਨਮਾਨਤ ਕੀਤਾ ਗਿਆ।ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਨੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਜੀਵਨ ਵਿੱਚ ਆਤਮ ਵਿਸ਼ਵਾਸ, ਅਨੁਸ਼ਾਸਨ ਤੇ ਸਹਿਯੋਗ ਦੀ ਭਾਵਨਾ ਪੈਦਾ ਕਰਦੀਆਂ ਹਨ।ਉਨ੍ਹਾਂ ਕਿਹਾ ਕਿ ਹਰ ਵਿਦਿਆਰਥੀ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਭਾਗ ਲੈਣਾ ਚਾਹੀਦਾ ਹੈ ਤਾਂ ਜੋ ਉਹ ਜੀਵਨ ਦੇ ਹਰ ਖੇਤਰ ਵਿੱਚ ਸਫਲ ਹੋ ਸਕਣ।ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਨੇ ਕਿਹਾ ਕਿ ਖੇਡਾਂ ਸਿਰਫ਼ ਮਨੋਰੰਜਨ ਦਾ ਸਾਧਨ ਨਹੀਂ, ਸਗੋਂ ਜੀਵਨ ਸਿਖਾਉਣ ਦਾ ਮਾਧਿਅਮ ਹਨ।ਖੇਡਾਂ ਨਾਲ ਬੱਚੇ ਹਾਰ ਤੇ ਜਿੱਤ ਨੂੰ ਸਹੀ ਢੰਗ ਨਾਲ ਸਵੀਕਾਰਨਾ ਸਿੱਖਦੇ ਹਨ।ਉਨ੍ਹਾਂ ਨੇ ਸਭ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ ਤੇ ਜੇਤੂ ਬੱਚਿਆਂ ਨੂੰ ਵਧਾਈ ਦਿੱਤੀ।ਸੁਪ੍ਰਿੰਟੈਂਡੈਂਟ ਤੇ ਮੀਡੀਆ ਕੋਆਰਡੀਨੇਟਰ ਮੇਜਰ ਚੰਦ ਨੇ ਕਿਹਾ ਕਿ ਇਹ ਦਿਨ ਵਿਦਿਆਰਥੀਆਂ ਤੇ ਅਧਿਆਪਕਾਂ ਲਈ ਖੇਡ-ਜੁੜਾਅ ਤੇ ਖੁਸ਼ੀ ਭਰੀਆਂ ਯਾਦਾਂ ਛੱਡ ਗਿਆ।ਸਮਾਰੋਹ ਦਾ ਸਮਾਪਨ ਰਾਸ਼ਟਰੀ ਗੀਤ ਨਾਲ ਕੀਤਾ ਗਿਆ।

# ਤਰਨ ਤਾਰਨ 'ਚ ਆਪ ਦਾ ਜ਼ਬਰਦਸਤ ਪ੍ਰਚਾਰ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਰਿੰਪੀ ਮਿੱਤਲ ਨੇ ਸੂਬੇ ਦੇ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਤੇ ਲੁਧਿਆਣਾ ਦੀ ਮੇਅਰ ਇੰਦਰਜੀਤ ਕੌਰ ਦੇ ਨਾਲ ਮਿਲ ਕੇ ਵਿਧਾਨ ਸਭਾ ਹਲਕਾ ਤਰਨਤਾਰਨ 'ਚ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਦੇ ਹੱਕ ਵਿਚ ਜ਼ੋਰਦਾਰ ਚੋਣ ਪ੍ਰਚਾਰ ਕੀਤਾ।ਇਸ ਦੌਰਾਨ ਉਨ੍ਹਾਂ ਘਰ-ਘਰ ਜਾ ਕੇ ਲੋਕਾਂ ਨਾਲ ਮਿਲਦਿਆਂ ਉਨ੍ਹਾਂ ਨੂੰ ਆਮ ਆਦਮੀ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਤੇ ਸਰਕਾਰ ਵੱਲੋਂ ਕੀਤੇ ਗਏ ਵਿਕਾਸਮਈ ਕੰਮਾਂ ਬਾਰੇ ਜਾਣੂ ਕਰਾਇਆ।ਰਿੰਪੀ ਮਿੱਤਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਿਛਲੇ 3 ਸਾਲਾਂ ਦੌਰਾਨ ਪੰਜਾਬ ਦੇ ਹਰ ਹਿੱਸੇ ਵਿਚ ਇਤਿਹਾਸਕ ਤਬਦੀਲੀਆਂ ਲਿਆਂਦੀਆਂ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸਰਕਾਰ ਨੇ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕੀਤੇ, ਲੋਕਾਂ ਨੂੰ ਮੁਫ਼ਤ ਬਿਜਲੀ ਦੀ ਸੁਵਿਧਾ ਦਿੱਤੀ ਤੇ ਸਿੱਖਿਆ ਤੇ ਸਿਹਤ ਖੇਤਰ ਵਿੱਚ ਬੇਮਿਸਾਲ ਸੁਧਾਰ ਕੀਤੇ ਹਨ। ਉਨ੍ਹਾਂ ਦੱਸਿਆ ਕਿ ਤਰਨਤਾਰਨ ਦੇ ਲੋਕ ਆਮ ਆਦਮੀ ਪਾਰਟੀ ਦੀਆਂ ਨੀਤੀਆਂ 'ਤੇ ਵਿਸ਼ਵਾਸ ਰੱਖਦੇ ਹਨ ਤੇ ਉਨ੍ਹਾਂ ਵੱਲੋਂ ਮਿਲ ਰਹੇ ਭਰਪੂਰ ਸਹਿਯੋਗ ਨਾਲ ਇਹ ਸਪੱਸ਼ਟ ਹੈ ਕਿ ਹਰਮੀਤ ਸਿੰਘ ਸੰਧੂ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਨਗੇ।ਮਿੱਤਲ ਨੇ ਕਿਹਾ ਕਿ ਲੋਕ ਪੁਰਾਣੀਆਂ ਪਾਰਟੀਆਂ ਦੀਆਂ ਖੋਖਲੀਆਂ ਗੱਲਾਂ ਤੋਂ ਤੰਗ ਆ ਚੁੱਕੇ ਹਨ ਤੇ ਹੁਣ ਉਹ ਵਿਕਾਸ ਅਤੇ ਪਾਰਦਰਸ਼ੀ ਪ੍ਰਸ਼ਾਸਨ ਚਾਹੁੰਦੇ ਹਨ।

ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਤਰਨਤਾਰਨ ਦੀ ਜਿੱਤ ਸਿਰਫ਼ ਇੱਕ ਹਲਕੇ ਦੀ ਨਹੀਂ, ਸਗੋਂ ਇਹ ਭਗਵੰਤ ਮਾਨ ਦੀ ਵਿਕਾਸ ਯਾਤਰਾ ਦਾ ਪ੍ਰਤੀਕ ਹੋਵੇਗੀ।ਮੇਅਰ ਇੰਦਰਜੀਤ ਕੌਰ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਨੂੰ ਆਪਣਾ ਘਰ ਸਮਝ ਕੇ ਸਵਾਗਤ ਕੀਤਾ ਹੈ ਤੇ ਇਸ ਵਾਰ ਵੀ ਤਰਨਤਾਰਨ ਵਾਸੀ ਆਪ ਉਮੀਦਵਾਰ ਨੂੰ ਰਿਕਾਰਡ ਵੋਟਾਂ ਨਾਲ ਜਿਤਾਉਣਗੇ।ਰਿੰਪੀ ਮਿੱਤਲ ਨੇ ਤਰਨਤਾਰਨ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਕੀਮਤੀ ਵੋਟਾਂ ਨਾਲ ਹਰਮੀਤ ਸਿੰਘ ਸੰਧੂ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਪੰਜਾਬ ਵਿਚ ਵਿਕਾਸ ਦੇ ਸਫ਼ਰ ਨੂੰ ਹੋਰ ਤੇਜ਼ ਕਰਨ।

# ਸੂਬੇ ਦੀ ਅਮਨ ਕਾਨੂੰਨ ਵਿਵਸਥਾ, ਆਰਥਿਕ ਤੇ ਸਮਾਜਿਕ ਹਾਲਾਤ ਅਤਿ ਤਰਸਯੋਗ : ਚੌਹਾਨ

ਕਾਮਰੇਡ ਧਰਮ ਸਿੰਘ ਫੱਕਰ ਦੀ ਬਰਸੀ 30 ਨੂੰ ਦਲੇਲ ਸਿੰਘ ਵਾਲਾ ਵਿਖੇ ਮਨਾਈ ਜਾਵੇਗੀ : ਰੂਪ ਢਿੱਲੋਂ



**ਮਾਨਸਾ (ਆਤਮਾ ਸਿੰਘ ਪਮਾਰ)**-ਸੂਬੇ ਦੀ ਅਮਨ ਕਾਨੂੰਨ ਦੀ ਡਾਵਾਂਡੋਲ ਵਿਵਸਥਾ, ਆਰਥਿਕ, ਸਮਾਜਿਕ ਹਾਲਤ ਅਤਿ ਤਰਸਯੋਗ ਬਣ ਚੁੱਕੀ ਹੈ, ਆਮ ਲੋਕਾਂ ਦੀ ਸਰਕਾਰ ਤੇ ਬਦਲਾਅ ਦੇ ਨਾਹਰੇ ਦਾ ਗਲਤ ਅਤੇ ਗੁੰਮਰਾਹਕੁੰਨ ਪ੍ਰਚਾਰ ਕਰਨ ਵਾਲੇ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਲੋਕ ਵਿਰੋਧੀ ਚਿਹਰਾ ਤੇ ਨੀਤੀਆਂ ਜਨਤਕ ਹੋ ਚੁੱਕੀਆਂ ਹਨ।ਉਕਤ ਸ਼ਬਦਾਂ ਦਾ ਪ੍ਰਗਟਾਵਾ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਸਾਥੀ ਕ੍ਰਿਸ਼ਨ ਚੌਹਾਨ ਨੇ ਨੇੜਲੇ ਪਿੰਡ ਦਲੇਲ ਸਿੰਘ ਵਾਲਾ ਵਿਖੇ ਕਾਮਰੇਡ ਧਰਮ ਸਿੰਘ ਫੱਕਰ ਦੀ ਬਰਸੀ ਮਨਾਉਣ ਕੀਤੀ ਜਾ ਰਹੀ ਦੌਰਾਨ ਸੰਬੋਧਨ ਕਰਦਿਆਂ ਕੀਤਾ।ਉਨ੍ਹਾਂ ਭਵਿੱਖ ਦੀਆਂ ਚੁਣੌਤੀਆਂ ਤੇ ਡਿੱਗ ਰਹੇ ਅਰਥਚਾਰੇ 'ਤੇ ਚਿੰਤਾ ਪ੍ਰਗਟ ਕੀਤੀ ਕਿ ਕੇਂਦਰ ਤੇ ਸੂਬਾਈ ਸਰਕਾਰਾਂ ਦਾ ਸਰਮਾਏਦਾਰ ਲੋਕਾਂ ਦੀ ਸਾਂਝ ਆਮ ਲੋਕਾਂ ਦੇ ਭਵਿੱਖ ਲਈ ਖ਼ਤਰਨਾਕ ਸਿੱਧ ਹੋਵੇਗੀ।ਚੌਹਾਨ ਨੇ ਕਿਸਾਨ, ਮਜ਼ਦੂਰ, ਜ਼ਮੀਨ, ਪਾਣੀ ਤੇ ਛੋਟੇ ਕਾਰੋਬਾਰੀਆਂ ਨੂੰ ਦੇ ਭਵਿੱਖ ਲਈ ਲੋਕ ਚੇਤਨਾ ਤੇ ਮਜ਼ਬੂਤ ਸੰਗਠਨ ਬਣਾਉਣ ਦੀ ਅਪੀਲ ਵੀ ਕੀਤੀ।ਸਬ ਡਵੀਜ਼ਨ ਸਕੱਤਰ ਕਾਮਰੇਡ ਰੂਪ ਸਿੰਘ ਢਿੱਲੋਂ ਨੇ ਕਿਹਾ ਕਿ ਮੁਜ਼ਾਰਾ ਲਹਿਰ ਦੇ ਬਾਨੀ, ਉੱਘੇ ਦੇਸ਼ ਭਗਤ, ਮਹਾਨ ਕਮਿਊਨਿਸਟ ਤੇ ਸਾਬਕਾ ਵਿਧਾਇਕ ਕਾਮਰੇਡ ਧਰਮ ਸਿੰਘ ਫੱਕਰ ਦੀ ਬਰਸੀ ਸਾਲਾਨਾ ਬਰਸੀ ਮੌਕੇ ਰਾਜਸੀ ਕਾਨਫਰੰਸ ਉਨ੍ਹਾਂ ਦੇ ਜੱਦੀ ਪਿੰਡ ਦਲੇਲ ਸਿੰਘ ਵਾਲਾ ਵਿਖੇ ਹੋਵੇਗੀ ਅਤੇ ਵਰਤਮਾਨ ਹਾਲਤਾਂ ਤੇ ਸਥਿਤੀਆਂ 'ਤੇ ਚਰਚਾ ਵੀ ਕੀਤੀ ਜਾਵੇਗੀ।ਮੀਟਿੰਗ ਦੌਰਾਨ ਕਾਮਰੇਡ ਗੁਰਦਿਆਲ ਸਿੰਘ, ਕ੍ਰਿਸ਼ਨ ਸ਼ਰਮਾ, ਕੁਲਵੰਤ ਸਿੰਘ, ਨਛੱਤਰ ਖਾਂ, ਲਾਭ ਖਾਂ ਤੇ ਆਤਮਾ ਸਿੰਘ ਆਦਿ ਹਾਜ਼ਰ ਸਨ।

# 21ਵਾਂ ਮੇਲਾ ਦੇਸ਼ ਭਗਤਾਂ ਦਾ ਦੀਆਂ ਤਿਆਰੀਆਂ ਮੁਕੰਮਲ

■ ਮੇਲੇ ਸਬੰਧੀ ਜਨਤਕ ਜਥੇਬੰਦੀਆਂ ਦੀ ਹੋਈ ਇਕੱਤਰਤਾ



**ਲੌਂਗੋਵਾਲ (ਪ੍ਰਦੀਪ ਸੱਪਲ)**-ਦੇਸ਼ ਭਗਤ ਯਾਦਗਾਰ ਲੌਂਗੋਵਾਲ ਦੇ ਵਿਹੜੇ ਵਿੱਚ ਹਰ ਸਾਲ ਪਹਿਲੇ ਲਾਹੌਰ ਸਾਜ਼ਿਸ਼ ਕੇਸ ਦੇ ਸ਼ਹੀਦਾਂ ਨੂੰ ਸਮਰਪਤ, ਕਰਤਾਰ ਸਿੰਘ ਸਰਾਭਾ ਤੇ ਉਸ ਦੇ ਸਾਥੀਆਂ ਦੀ ਸ਼ਹਾਦਤ ਦਿਵਸ 'ਤੇ ਆਯੋਜਿਤ ਹੋਣ ਵਾਲੇ ਮਾਲਵੇ ਦੇ ਰਵਾਇਤੀ ਦੇਸ਼ ਭਗਤਾਂ ਦੇ ਮੇਲੇ ਦੀਆਂ ਸਭ ਤਿਆਰੀਆਂ ਮੁਕੰਮਲ ਹੋ ਗਈਆਂ ਹਨ।ਮੇਲੇ ਬਾਬਤ ਪਿਛਲੇ ਦਿਨੀਂ ਲੌਂਗੋਵਾਲ ਇਲਾਕੇ ਦੀਆਂ ਜਨਤਕ, ਮਜ਼ਦੂਰ, ਕਿਸਾਨ ਤੇ ਮੁਲਾਜ਼ਮ ਜਥੇਬੰਦੀਆਂ ਦੀ ਇਕੱਤਰਤਾ ਦੇਸ਼ ਭਗਤ ਯਾਦਗਾਰ ਕਮੇਟੀ ਦੀ ਅਗਵਾਈ ਵਿੱਚ ਹੋਈ, ਜਿਸ ਵਿੱਚ ਆਯੋਜਿਤ ਹੋਣ ਵਾਲੇ 21ਵੇਂ ਮੇਲੇ ਦੇ ਵੱਖ ਵੱਖ ਪਹਿਲੂਆਂ 'ਤੇ ਚਰਚਾ ਕੀਤੀ ਗਈ।ਸੰਸਥਾ ਦੇ ਜਨਰਲ ਸਕੱਤਰ ਜੁਝਾਰ ਲੌਂਗੋਵਾਲ ਨੇ ਮੀਟਿੰਗ ਦੀ ਕਾਰਵਾਈ ਉਪਰੰਤ ਪ੍ਰੈੱਸ ਨੂੰ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਇਸ ਮੀਟਿੰਗ ਦੀ ਪ੍ਰਧਾਨਗੀ ਬਲਬੀਰ ਲੌਂਗੋਵਾਲ ਵੱਲੋਂ ਕੀਤੀ ਗਈ, ਜਿਸ ਵਿੱਚ ਲੌਂਗੋਵਾਲ ਇਲਾਕੇ ਦੀਆਂ ਜਥੇਬੰਦੀਆਂ ਦੇ ਆਗੂਆਂ ਨੇ ਮੇਲੇ ਦੀਆਂ ਤਿਆਰੀਆਂ, ਸਹਿਯੋਗ ਤੇ ਹੋਣ ਵਾਲੇ ਵਿਦਿਆਰਥੀਆਂ ਦੇ ਮੁਕਾਬਲਿਆਂ 'ਤੇ ਆਪਣੇ ਵਿਚਾਰ ਪ੍ਰਗਟ ਕੀਤੇ।ਯਾਦ ਰਹੇ ਇਹ ਮੇਲਾ ਗ਼ਦਰੀ ਗੁਲਾਬ ਕੌਰ ਬਖਸ਼ੀਵਾਲਾ ਦੇ 100ਸਾਲਾਂ ਸ਼ਹਾਦਤ ਵਰੇ ਨੂੰ ਸਪਰਪਿਤ ਕੀਤਾ ਗਿਆ ਹੈ ਜਿਸ ਵਿੱਚ ਦਿਨ ਵੇਲੇ ਸਕੂਲੀ ਵਿਦਿਆਰਥੀਆਂ ਦੇ ਗਾਇਣ, ਭਾਸ਼ਣ ਤੇ ਕੋਰੀਓਗ੍ਰਾਫੀ ਮੁਕਾਬਲੇ ਅਤੇ ਰਾਤ ਨੂੰ ਸੁਰਿੰਦਰ ਸ਼ਰਮਾ ਦੀ ਨਿਰਦੇਸ਼ਨਾਂ ਹੇਠ ਨਾਟਕਾਂ ਭਰੀ ਰਾਤ ਹੋਵੇਗੀ।ਪੰਜਾਬ ਤੇ ਦੇਸ਼ ਦੀ ਇਨਕਲਾਬੀ ਵਿਰਾਸਤ ਨੂੰ ਬਚਾਉਣ ਲਈ ਇਸ ਮੇਲੇ ਦੀ ਹਰ ਪੱਖ ਤੋਂ ਸਫਲਤਾ ਲਈ ਸਾਰੀਆਂ ਜਥੇਬੰਦੀਆਂ ਨੇ ਇਕਜੁੱਟਤਾ ਪ੍ਰਗਟਾਉਂਦੇ ਹੋਏ ਸਾਂਝੇ ਕਾਰਜ ਕਰਨ ਦਾ ਫੈਸਲਾ ਕੀਤਾ ਤੇ ਨਾਲ ਹੀ ਕੇਂਦਰ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਭੰਗ ਕਰਨ ਦਾ ਸਖ਼ਤ ਵਿਰੋਧ ਕਰਕੇ ਨਿਖੇਧੀ ਮਤਾ ਪਾਸ ਕਰਦਿਆਂ ਇਸ ਨੂੰ ਸਿੱਖਿਆ ਦਾ ਵਪਾਰੀਕਰਨ ਗਰਦਾਨਿਆ ਅਤੇ ਚੱਲ ਰਹੇ ਸੰਘਰਸ਼ ਨਾਲ ਇਕਜੁੱਟਤਾ ਪ੍ਰਗਟ ਕੀਤੀ।ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਹਰਦੇਵ ਦੁੱਲਟ, ਦਰਸ਼ਨ ਸਿੰਘ, ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਦੇ ਕੁਲਵਿੰਦਰ ਸੋਨੀ, ਅਮਰ ਸਿੰਘ, ਭੋਲਾ ਸਿੰਘ ਬਟੂਹਾ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੇ ਲਖਵੀਰ ਲੌਂਗੋਵਾਲ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਸੁੱਖਵਿੰਦਰ ਸਿੰਘ ਢਿੱਲੋਂ, ਭੋਲਾ ਸਿੰਘ, ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਦੇ ਦਾਤਾ ਸਿੰਘ ਨਮੋਲ, ਚੰਦਰ ਸ਼ੇਖਰ,ਤਰਕਸ਼ੀਲ ਸੁਸਾਈਟੀ ਪੰਜਾਬ ਦੇ ਕਮਲਜੀਤ ਵਿੱਕੀ, ਗੁਰਮੇਲ ਸਿੰਘ ਤੋਂ ਇਲਾਵਾ ਯਾਦਗਾਰ ਦੇ ਵਿੱਤ ਸਕੱਤਰ ਅਨਿਲ ਕੁਮਾਰ ਸ਼ਰਮਾ, ਮੀਡੀਆ ਆਗੂ ਬੀਰਬਲ ਸਿੰਘ, ਰਣਜੀਤ ਸਿੰਘ, ਗੁਰਮੇਲ ਸਿੰਘ, ਰਾਮ ਗੁਪਾਲ, ਚਰਨਾ ਸਿੰਘ ਆਦਿ ਆਗੂ ਹਾਜ਼ਰ ਸਨ।

# ਕੰਪਿਊਟਰ ਸੈਂਟਰ ਦੇ ਮਾਲਕ ਤੇ ਸਾਥੀ ਵੱਲੋਂ ਲੜਕੀ ਨਾਲ ਜਬਰ-ਜ਼ਨਾਹ

**ਫਿਰੋਜ਼ਪੁਰ(ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਵਿਖੇ ਇੱਕ ਕੰਪਿਊਟਰ ਸੈਂਟਰ ਵਿੱਚ ਇੱਕ ਲੜਕੀ ਨਾਲ ਜਬਰ-ਜ਼ਨਾਹ ਕਰਨ ਤੇ ਬਾਅਦ ਵਿੱਚ ਉਸ ਦੀ ਅਸ਼ਲੀਲ ਵੀਡੀਓ ਬਣਾ ਕੇ ਬਲੈਕਮੇਲ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਇਸ ਸਬੰਧੀ ਕੰਪਿਊਟਰ ਸੈਂਟਰ ਦੇ ਮਾਲਕ ਤੇ ਉਸ ਦੇ ਇਕ ਸਾਥੀ ਖ਼ਿਲਾਫ਼ 351 (1) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਥਾਣਾ ਸਿਟੀ ਫਿਰੋਜ਼ਪੁਰ ਦੀ ਪੁਲਸ ਨੂੰ ਦਿੱਤੇ ਆਪਣੇ ਬਿਆਨਾਂ ਵਿੱਚ ਪੀੜਤ ਲੜਕੀ ਨੇ ਦੱਸਿਆ ਕਿ ਉਹ ਸਾਲ 2024 ਦੇ ਨਵੰਬਰ ਤੇ ਦਸੰਬਰ ਮਹੀਨਿਆਂ ਦੌਰਾਨ ਸ੍ਰੀ ਗੁਰੂ ਰਾਮ ਦਾਸ ਕੰਪਿਊਟਰ ਐਜੂਕੇਸ਼ਨ ਸੈਂਟਰ ਜ਼ੀਰਾ ਗੇਟ ਫਿਰੋਜ਼ਪੁਰ ਸ਼ਹਿਰ ਵਿਖੇ ਕੰਪਿਊਟਰ ਸਿੱਖਣ ਲਈ ਆਉਂਦੀ-ਜਾਂਦੀ ਸੀ। ਕੋਰਸ ਖਤਮ ਹੋਣ ਤੋਂ ਬਾਅਦ ਉਹ ਜਨਵਰੀ 2025 ਵਿੱਚ ਉਸੇ ਸੈਂਟਰ ਵਿੱਚ ਪ੍ਰਾਈਵੇਟ ਨੌਕਰੀ ਕਰਨ ਲੱਗ ਗਈ। ਲੜਕੀ ਨੇ ਦੱਸਿਆ ਕਿ ਸੈਂਟਰ ਦੇ ਮਾਲਕ, ਜਿਸ ਦਾ ਨਾਮ ਸ਼ਵਿੰਦਰ ਸਿੰਘ ਪੁੱਤਰ ਭਗਵਾਨ ਸਿੰਘ ਉਮਰ ਲਗਭਗ 70 ਸਾਲ ਵਾਸੀ ਜ਼ੀਰਾ ਗੇਟ, ਫਿਰੋਜ਼ਪੁਰ ਸ਼ਹਿਰ, ਜੋ ਜੁਲਾਈ 2025 ਤੋਂ ਉਸ ਪ੍ਰਤੀ ਮਾੜੀ ਨਿਗ੍ਹਾ ਰੱਖਣ ਲੱਗ ਪਿਆ। ਸ਼ਿਕਾਇਤਕਰਤਾ ਨੇ ਦੱਸਿਆ ਕਿ ਜੁਲਾਈ 2025 ਦੇ ਮਹੀਨੇ ਵਿੱਚ ਦੋਸ਼ੀ ਸ਼ਵਿੰਦਰ ਸਿੰਘ ਨੇ ਆਪਣੇ ਕੰਪਿਊਟਰ ਸੈਂਟਰ ਦੇ ਅੰਦਰ ਹੀ ਉਸ ਦੀ ਮਰਜ਼ੀ ਵਿਰੁੱਧ ਉਸ ਨਾਲ ਜ਼ਬਰਦਸਤੀ ਸਰੀਰਕ ਸਬੰਧ ਬਣਾਏ। ਪੀੜਤ ਲੜਕੀ ਨੇ ਦੱਸਿਆ ਕਿ ਸ਼ਵਿੰਦਰ ਸਿੰਘ ਦੇ ਇੱਕ ਸਾਥੀ ਸੁੱਖ ਵਾਸੀ ਨਿਊ ਗੁਰੂ ਨਗਰ, ਫਿਰੋਜ਼ਪੁਰ ਸ਼ਹਿਰ ਨੇ ਉਨ੍ਹਾਂ ਦੀ ਵੀਡੀਓ ਬਣਾ ਲਈ। ਲੜਕੀ ਨੇ ਦੱਸਿਆ ਕਿ ਪਹਿਲੇ ਦੋਸ਼ੀ ਸ਼ਵਿੰਦਰ ਸਿੰਘ ਵੱਲੋਂ ਜਬਰ-ਜ਼ਨਾਹ ਕਰਨ ਤੋਂ ਬਾਅਦ ਉਸ ਦੇ ਸਾਥੀ ਸੁੱਖ ਉਕਤ ਨੇ ਵੀਡੀਓ ਵਾਇਰਲ ਕਰਨ ਦੀ ਧਮਕੀ ਦੇਣੀ ਸ਼ੁਰੂ ਕਰ ਦਿੱਤੀ। ਵੀਡੀਓ ਨੂੰ ਇੰਟਰਨੈੱਟ 'ਤੇ ਪਾਉਣ ਦਾ ਡਰਾਵਾ ਦੇ ਕੇ ਦੋਸ਼ੀ ਸੁੱਖ ਨੇ ਵੀ ਉਸ ਨਾਲ ਬਲਾਤਕਾਰ ਕੀਤਾ। ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਭੁਪਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਦੋਵਾਂ ਦੋਸ਼ੀਆਨ ਸ਼ਵਿੰਦਰ ਸਿੰਘ ਤੇ ਸੁੱਖ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ।

# 15 ਨੂੰ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਜਨਮਭੂਮੀ 'ਤੇ ਕਿਸਾਨ ਕਰਨਗੇ ਸ਼ਰਧਾਂਜਲੀ ਮਾਰਚ



**ਜਗਰਾਉਂ (ਨਛੱਤਰ ਸੰਧੂ)**-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਪੰਜਾਬ 'ਚ ਗਿਆਨ ਤੇ ਚਾਨਣ ਦੀ ਜਗਦੀ ਮਸ਼ਾਲ ਹੈ।ਕੇਂਦਰ ਸਰਕਾਰ ਨਵੀਂ ਸਿੱਖਿਆ ਨੀਤੀ 2020 ਤਹਿਤ ਦੇਸ ਦੇ ਬਹੁਗਿਣਤੀ ਲੋਕਾਂ ਤੋਂ ਸਿੱਖਿਆ ਦਾ ਅਧਿਕਾਰ ਖੋਹਣ ਲਈ, ਸਿਖਿਆ ਨੂੰ ਮੁਨਾਫ਼ੇ ਦਾ ਧੰਦਾ ਬਨਾਉਣ, ਸਿੱਖਿਆ ਦਾ ਭਗਵਾਕਰਨ ਕਰਨ ਲਈ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਤੇ ਸਿੰਡੀਕੇਟ ਭੰਗ ਕਰਨ ਲਈ ਪੰਜਾਬੀਆਂ ਤੋਂ ਯੂਨੀਵਰਸਿਟੀ ਖੋਹਣ ਦਾ ਭਰਮ ਪਾਲ ਰਹੀ ਹੈ, ਜਿਸ ਨੂੰ ਪੰਜਾਬ ਦੇ ਲੋਕ ਹਰ ਕੁਰਬਾਨੀ ਦੇ ਕੇ ਚਕਨਾਚੂਰ ਕਰ ਦੇਣਗੇ। ਇਹ ਵਿਚਾਰ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ, ਸੂਬਾ ਮੀਤ ਪ੍ਰਧਾਨ ਅਮਨਦੀਪ ਸਿੰਘ ਲਲਤੋਂ ਨੇ ਪ੍ਰਗਟ ਕੀਤੇ।ਉਨਾ ਕਿਹਾ ਕਿ ਭਾਵੇਂ ਯੂਨੀਵਰਸਿਟੀ ਬਚਾਓ ਮੋਰਚਾ ਦੇ ਮਿਸਾਲੀ ਦਬਾਅ ਕਾਰਨ ਕੇਂਦਰ ਸਰਕਾਰ ਨੂੰ ਥੁੱਕ ਕੇ ਚੱਟਣਾ ਪਿਆ ਹੈ, ਪਰ ਸੈਨੇਟ ਦੀਆਂ ਚੋਣ ਤਰੀਕਾਂ ਐਲਾਨੇ ਜਾਣ ਤਕ ਚੱਲਣ ਵਾਲੇ ਸੰਘਰਸ਼ ਦੀ ਉਨ੍ਹਾਂ ਦੀ ਜਥੇਬੰਦੀ ਡਟ ਕੇ ਹਮਾਇਤ ਕਰੇਗੀ।ਜਥੇਬੰਦੀ 10 ਨਵੰਬਰ ਦੇ ਯੂਨੀਵਰਸਿਟੀ ਬਚਾਓ ਮੋਰਚੇ 'ਚ ਵੱਡੀ ਗਿਣਤੀ 'ਚ ਸਾਮਲ ਹੋਵੇਗੀ। ਜਥੇਬੰਦੀ ਨੇ ਗ਼ਦਰ ਲਹਿਰ ਦੇ ਮਹਾਨ ਸ਼ਹੀਦ ਬਾਲਾ ਜਰਨੈਲ ਕਰਤਾਰ ਸਿੰਘ ਸਰਾਭਾ ਦੀ 110ਵੀਂ ਬਰਸੀ 'ਤੇ ਸ਼ਹੀਦ ਦੀ ਜਨਮਭੂਮੀ ਪਿੰਡ ਸਰਾਭਾ ਵਿਖੇ ਸ਼ਰਧਾਂਜਲੀ ਮਾਰਚ ਕਰਨ ਦਾ ਫੈਸਲਾ ਕੀਤਾ ਹੈ।ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ ਨੇ ਦੱਸਿਆ ਕਿ ਇਹ ਵਰ੍ਹਾ ਗਦਰ ਲਹਿਰ ਦੀ ਵੀਰਾਂਗਣਾਂ ਬੀਬੀ ਗੁਲਾਬ ਕੌਰ ਦੇ ਵਿਛੋੜੇ ਦਾ ਸ਼ਤਾਬਦੀ ਵਰ੍ਹਾ ਹੋਣ ਕਾਰਨ ਉਨ੍ਹਾਂ ਨੂੰ ਵੀ ਇਸ ਸਮੇਂ ਯਾਦ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਗ਼ਦਰ ਲਹਿਰ ਅੱਜ ਵੀ ਕਿਰਤੀ ਲੋਕਾਂ ਦੀ ਮੁਕਤੀ ਲਈ ਮਹਾਨ ਪ੍ਰੇਰਨਾ ਸਰੋਤ ਹੈ।ਇਸ ਸਮੇਂ ਬਲਾਕ ਪ੍ਰਧਾਨ ਮੁਲਾਂਪੁਰ ਸਰਪੰਚ ਰਣਵੀਰ ਸਿੰਘ ਰੁੜਕਾ ਨੇ ਦੱਸਿਆ ਕਿ 15 ਨਵੰਬਰ ਨੂੰ ਜ਼ਿਲੇ ਭਰ ਦੀਆਂ ਇਕਾਈਆਂ ਦੇ ਵਰਕਰ ਵੱਡੀ ਗਿਣਤੀ ਵਿੱਚ ਸਵੇਰੇ 11 ਵਜੇ ਸਰਾਭਾ ਪਿੰਡ ਚ ਸ਼ਹੀਦ ਦੇ ਬੁੱਤ ਕੋਲ ਇਕੱਤਰ ਹੋਣਗੇ।ਸ਼ਹੀਦ ਦੇ ਬੁੱਤ ਨੂੰ ਹਾਰ ਪਹਿਨਾਉਣ ਉਪਰੰਤ ਸ਼ਹੀਦ ਦੇ ਘਰ ਤੱਕ ਸ਼ਰਧਾਂਜਲੀ ਮਾਰਚ ਕੀਤਾ ਜਾਵੇਗਾ।

# ਪੰਜਾਬੀ 'ਵਰਸਿਟੀ 'ਚ 'ਸਲਾਮ ਮੇਰੇ ਸੂਰਜਾ' ਦੀ ਪੇਸ਼ਕਾਰੀ ਨੇ ਦਰਸ਼ਕਾਂ ਨੂੰ ਝੰਜੋੜਿਆ



**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**

ਪੰਜਾਬੀ ਯੂਨੀਵਰਸਿਟੀ ਵਿਖੇ ਪੰਜਾਬੀ ਭਾਸ਼ਾ ਵਿਕਾਸ ਵਿਭਾਗ ਵੱਲੋਂ ਕਰਾਏ ਜਾ ਰਹੇ ਬਾਲ ਰੰਗਮੰਚ ਉਤਸਵ ਦਾ ਦੂਜਾ ਦਿਨ ਵਿਸ਼ੇਸ਼ ਜ਼ਰੂਰਤਾਂ ਵਾਲ਼ੇ ਬੱਚਿਆਂ ਲਈ ਰਾਖਵਾਂ ਸੀ।ਸ਼ਹੀਦ ਭਗਤ ਸਿੰਘ ਕਲਾ ਮੰਚ ਪੰਜਾਬ ਅਤੇ ਸਤੀਸ਼ ਕੁਮਾਰ ਵਰਮਾ ਖੋਜ ਪਰਵਾਰ ਦੇ ਸਹਿਯੋਗ ਨਾਲ ਕਰਾਏ ਜਾ ਰਹੇ ਇਸ ਬਾਲ ਰੰਗਮੰਚ ਉਤਸਵ ਦੀਆਂ ਸਾਰੀਆਂ ਪੇਸ਼ਕਾਰੀਆਂ ਵਿਚ ਕੁਦਰਤੀ, ਸਮਾਜਿਕ ਤੇ ਆਰਥਿਕ ਤੌਰ 'ਤੇ ਹਾਸ਼ੀਆਗ੍ਰਸਤ ਬੱਚਿਆਂ ਨੂੰ ਸਮਰਪਤ ਸੀ।

ਇਸ ਦਿਨ ਦੀ ਪ੍ਰਧਾਨਗੀ ਡੈਫ ਐਂਡ ਬਲਾਈਂਡ ਸਕੂਲ ਸੈਫ਼ਦੀਪੁਰ ਦੇ ਪ੍ਰਿੰਸੀਪਲ ਰੇਨੂੰ ਬਾਲਾ, ਡਾ. ਸਤੀਸ਼ ਕੁਮਾਰ ਵਰਮਾ, ਪੰਜਾਬੀ ਵਿਕਾਸ ਵਿਭਾਗ ਦੇ ਮੁਖੀ ਡਾ. ਗੁਰਸੇਵਕ ਲੰਬੀ ਨੇ ਕੀਤੀ ਤੇ ਮੁੱਖ ਮਹਿਮਾਨ ਦੇ ਰੂਪ ਵਿਚ ਪਟਿਆਲਾ ਦੇ ਰੰਗਕਰਮੀ ਜਗਜੀਤ ਸਰੀਨ ਸ਼ਾਮਲ ਹੋਏ। ਇਸ ਦਿਨ ਖਚਾਖਚ ਭਰੇ ਕਲਾ ਭਵਨ ਵਿਚ ਪ੍ਰਸਤੁਤ ਬਾਲ ਨਾਟਕ 'ਸਲਾਮ ਮੇਰੇ ਸੂਰਜਾ' ਵਿਚ ਬਾਲ ਕਲਾਕਾਰ ਗਗਨ ਨੇ ਆਪਣੀ 35 ਮਿੰਟ ਦੀ ਸੋਲੋ ਪੇਸ਼ਕਾਰੀ ਰਾਹੀਂ ਦਰਸ਼ਕਾਂ ਨੂੰ ਝੰਜੋੜ ਕੇ ਰੱਖ ਦਿੱਤਾ।ਡਾ. ਕੁਲਦੀਪ ਸਿੰਘ ਦੀਪ ਦੁਆਰਾ ਲਿਖਤ ਤੇ ਅੰਮ੍ਰਿਤਪਾਲ ਮੰਘਾਣੀਆਂ ਦੁਆਰਾ ਨਿਰਦੇਸ਼ਤ ਇਹ ਨਾਟਕ ਇਸ ਬੱਚੇ ਦੀ ਆਤਮਕਥਾ 'ਤੇ ਅਧਾਰਤ ਹੈ, ਜਿਸ ਵਿੱਚ ਇਹ ਦਿਖਾਇਆ ਗਿਆ ਹੈ ਕਿ ਸਾਡੇ ਸਮਾਜ ਵਿਚ ਹਾਸ਼ੀਏ 'ਤੇ ਧੱਕੇ ਗਏ ਇਹ ਵਿਸ਼ੇਸ਼ ਜ਼ਰੂਰਤਾਂ ਵਾਲੇ ਬੱਚੇ ਕਿਵੇਂ ਤੇ ਕਿਸ ਪ੍ਰਕਾਰ ਦੀਆਂ ਤ੍ਰਾਸਦੀਆਂ ਭੋਗਦੇ ਹਨ।ਇਸ ਨਾਟਕ ਦੇ ਕੇਂਦਰੀ ਪਾਤਰ ਲਕਵਾਗ੍ਰਸਤ ਬੱਚੇ ਗਗਨ ਨੇ ਕਿਸ ਤਰ੍ਹਾਂ ਆਪਣੇ ਬੱਚਪਨ ਦੇ ਮੁਢਲੇ ਸਾਲ ਹਨੇਰ ਕੋਠੜੀ ਵਿਚ ਬਿਤਾਏ ਤੇ ਫਿਰ ਕਿਸ ਤਰ੍ਹਾਂ ਉਸ ਨੂੰ ਇਕ ਅਧਿਆਪਕ ਰਾਹੀਂ ਸੂਰਜ ਮਿਲਿਆ ਤੇ ਉਸ ਦੇ ਪੰਜ ਅਪ੍ਰੇਸ਼ਨ ਹੋ ਕੇ ਉਸ ਦੀ ਜ਼ਿੰਦਗੀ ਪਲਟੀ। ਇਹ ਰੌਂਗਟੇ ਖੜੇ ਕਰ ਦੇਣ ਵਾਲੀ ਕਹਾਣੀ ਸੀ।

ਕਨਵੀਨਰ ਭੁਪਿੰਦਰ ਉੱਤਡ, ਸੁਖਜੀਵਨ, ਕੁਲਵਿੰਦਰ ਸਿੱਧੂ ਤੇ ਰੂਹੀ ਸਿੰਘ ਨੇ ਦੱਸਿਆ ਕਿ ਇਸ ਮੇਲੇ ਦੀਆਂ ਪਹਿਲੀਆਂ ਦੋ ਆਈਟਮਾਂ ਬਲਾਈਂਡ ਐਂਡ ਡੈੱਫ ਸਕੂਲ ਸੈਫਦੀਪੁਰ ਵੱਲੋਂ ਸੀ।ਸਮੂਹ ਗੀਤ ਬਲਾਈਂਡ ਬੱਚਿਆਂ ਵੱਲੋਂ ਪੇਸ਼ ਕੀਤਾ ਗਿਆ ਤੇ ਸਮੂਹ ਨਾਚ ਸਿਰਫ਼ ਇਸ਼ਾਰਿਆਂ ਦੀ ਭਾਸ਼ਾ ਸਮਝਣ ਵਾਲੇ ਡੈੱਫ ਬੱਚਿਆਂ ਵੱਲੋਂ ਪੇਸ਼ ਕੀਤਾ ਗਿਆ।ਜੋਤਹੀਨ ਬੱਚੀ ਮੰਨਤ ਦੁਆਰਾ ਗਾਇਆ ਗੀਤ 'ਜਿੰਦ ਮਾਹੀ ਜੇ ਚੱਲਿਓਂ' ਨੇ ਬਹੁਤ ਹੀ ਸੁਰੀਲੀ ਆਵਾਜ਼ ਨਾਲ ਦਰਸ਼ਕਾਂ ਨੂੰ ਮੋਹ ਲਿਆ। ਇਸ ਮੇਲੇ ਦਾ ਦੂਜਾ ਸਿਖਰ ਗੁਰਦੀਪ ਗਾਮੀਵਾਲਾ ਤੇ ਪ੍ਰਿਤਪਾਲ ਚਹਿਲ ਦੀ ਨਿਰਦੇਸ਼ਨਾ ਹੇਠ ਸਰਕਾਰੀ ਹਾਈ ਅਤੇ ਪ੍ਰਾਇਮਰੀ ਸਕੂਲ ਵੱਲੋਂ ਪੇਸ਼ 'ਸਾਡੇ ਹਿੱਸੇ ਦਾ ਅੰਬਰ' ਨਾਂ ਹੇਠ ਪੇਸ਼ ਲਘੂ ਸੰਗੀਤ ਨਾਟਕ ਸੀ ਜਿਸ ਵਿਚ ਗਰੀਬੀ ਕਾਰਨ ਬਾਲ ਮਜ਼ਦੂਰੀ ਕਰ ਰਹੇ ਬੱਚਿਆਂ ਅਤੇ ਅੰਨ੍ਹੇ, ਬੋਲ਼ੇ, ਗੂੰਗੇ ਅਤੇ ਲੰਗੜੇ ਬੱਚਿਆਂ ਦੀ ਪੁਕਾਰ ਨੂੰ 'ਸੁਣੋ ਅੱਖਾਂ ਤੇ ਕੰਨਾ ਵਾਲਿਓ ਵੇ, ਇਹ ਬਾਲ ਨੇ ਕਰਨ ਸੁਆਲ ਥੋਨੂੰ' ਦੇ ਰੂਪ ਵਿਚ ਬਹੁਤ ਹੀ ਭਾਵਕੁਤਾਪੂਰਨ ਅੰਦਾਜ਼ ਵਿਚ ਰੱਖਿਆ ਗਿਆ।ਜਗਜੀਤ ਸਰੀਨ ਨੇ ਬੋਲਦਿਆਂ ਕਿਹਾ ਕਿ ਇਨ੍ਹਾਂ ਵਿਸ਼ੇਸ਼ ਜ਼ਰੂਰਤਾਂ ਵਾਲੇ ਬੱਚਿਆਂ ਦਾ ਇਸ ਤਰ੍ਹਾਂ ਮੰਚ 'ਤੇ ਆਉਣਾ ਤੇ ਆਪਣੀ ਕਲਾ ਦਾ ਪ੍ਰਦਰਸ਼ਨ ਕਰਨਾ ਪੰਜਾਬੀ ਰੰਗਮੰਚ ਦੀ ਪ੍ਰਾਪਤੀ ਹੈ।ਡਾ. ਸਤੀਸ਼ ਕੁਮਾਰ ਵਰਮਾ ਨੇ ਕਿਹਾ ਕਿ ਜਿਸ ਤਰ੍ਹਾਂ ਇਸ ਨਾਟਕ ਨੇ ਲਿਖਤ, ਪੇਸ਼ਕਾਰੀ ਤੇ ਅਦਾਕਾਰੀ ਦੇ ਰੂਪ ਵਿਚ ਨਾਟਕ ਤੇ ਰੰਗਮੰਚ ਦੀ ਤਾਕਤ ਨੂੰ ਵਰਤਿਆ ਹੈ। ਇਹ ਆਪਣੇ ਆਪ ਵਿਚ ਬਹੁਤ ਹੀ ਵਿਲੱਖਣ ਵਰਤਾਰਾ ਹੈ।ਡਾ. ਗੁਰਸੇਵਕ ਲੰਬੀ ਨੇ ਕਿਹਾ ਕਿ ਅਸੀਂ ਇਸ ਬਾਲ ਰੰਗਮੰਚ ਉਤਸਵ ਰਾਹੀਂ ਸਮਾਜ ਪ੍ਰਤੀ ਆਪਣਾ ਫਰਜ਼ ਨਿਭਾਇਆ ਹੈ।ਜੱਜ ਸੰਤੋਖ ਸਾਗਰ ਅਤੇ ਗੁਰਨੈਬ ਮੰਘਾਣੀਆਂ ਨੇ ਬੈਸਟ ਐਕਟਰ ਅਤੇ ਐਕਟਰੈੱਸ ਦੀ ਚੋਣ ਕੀਤੀ।ਅਧਿਆਪਕ ਬਲਵਿੰਦਰ ਕੌਰ ਵੱਲੋਂ ਆਪਣੇ ਪਤੀ ਮਰਹੂਮ ਬਲਜੀਤ ਸਿੰਘ ਦੀ ਯਾਦ ਵਿਚ 5100 ਰੁਪਏ ਦਾ ਅਧਿਆਪਕ ਐਵਾਰਡ ਅੰਮ੍ਰਿਤਪਾਲ ਮੰਘਾਣੀਆਂ ਨੂੰ ਦਿੱਤਾ ਗਿਆ।ਮੇਲੇ 'ਚ ਵਿਸ਼ੇਸ਼ ਤੌਰ 'ਤੇ ਜਗਰੂਪ ਸਿੰਘ ਮਹਿਮਦਪੁਰ, ਇੰਜੀ. ਅਮਰਜੀਤ ਸਿੰਘ, ਸੀ ਐਚ ਟੀ ਪੂਰਨ ਸਿੰਘ, ਅਤੇ ਮਾਸਟਰ ਗੁਰਪ੍ਰਕਾਸ਼ ਸਿੰਘ, ਜ਼ਿਲ੍ਹਾ ਭਾਸ਼ਾ ਅਫਸਰ ਮਨਜਿੰਦਰ ਸਿੰਘ, ਰਾਜਵਿੰਦਰ ਕੌਰ ਜਟਾਣਾ, ਬਲਵਿੰਦਰ ਸਿੰਘ ਭੱਟੀ, ਡਾ. ਅਮਰੀਕ ਸਿੰਘ, ਜਸਪ੍ਰੀਤ ਜਗਰਾਓਂ, ਮਾਸਟਰ ਕੁਲਦੀਪ ਸਿੰਘ ਨੇ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕੀਤੀ। ਮੰਚ ਸਚਾਲਨ ਦੀ ਭੂਮਿਕਾ ਨੌਜਵਾਨ ਸ਼ਾਇਰ ਰੂਹੀ ਸਿੰਘ ਨੇ ਸ਼ਾਇਰਾਨਾ ਰੂਪ ਵਿਚ ਨਿਭਾਈ।

# ਅੱਜ ਤਿੱਤਲੀਆਂ ਖਾਮੋਸ਼ ਕਿਉਂ ਮੇਰੇ ਪਿਆਰ ਦੀਆਂ...!



**ਸਮਰਾਲਾ (ਸੁਰਜੀਤ ਸਿੰਘ)**-ਲੇਖਕ ਮੰਚ ਸਮਰਾਲਾ ਦੀ ਮਾਸਿਕ ਮੀਟਿੰਗ ਮੰਚ ਦੇ ਸੀਨੀਅਰ ਮੀਤ ਪ੍ਰਧਾਨ ਪ੍ਰੋ. ਡਾ. ਹਰਿੰਦਰਜੀਤ ਸਿੰਘ ਕਲੇਰ ਦੀ ਪ੍ਰਧਾਨਗੀ ਵਿੱਚ ਹੋਈ।ਸਭ ਤੋਂ ਪਹਿਲਾਂ ਡਾ. ਕਲੇਰ ਨੇ ਆਏ ਸਾਰੇ ਲੇਖਕਾਂ ਨੂੰ ਜੀ ਆਇਆਂ ਕਿਹਾ।ਰਚਨਾਵਾਂ ਦੇ ਦੌਰ ਵਿੱਚ ਲੇਖਕ ਤੇ ਪੱਤਰਕਾਰ ਕਰਮਜੀਤ ਸਿੰਘ ਆਜ਼ਾਦ ਨੇ ਆਪਣਾ ਲਿਖਿਆ ਗੀਤ 'ਅੱਜ ਤਿਤਲੀਆਂ ਖਾਮੋਸ਼ ਕਿਉਂ ਮੇਰੇ ਪਿਆਰ ਦੀਆਂ' ਤਰੰਨੁਮ ਵਿਚ ਗਾ ਕੇ ਸੁਣਾਇਆ।ਗੀਤ ਦੇ ਬੋਲ, ਉਸ ਦੀ ਕਾਵ ਕਲਾ ਤੇ ਪੇਸ਼ਕਾਰੀ ਦੇ ਲਹਿਜੇ ਉੱਤੇ ਜੰਮ ਕੇ ਵਿਚਾਰ ਚਰਚਾ ਹੋਈ।ਹਾਜ਼ਰ ਸਾਰੇ ਲੇਖਕਾਂ ਨੇ ਭਰਪੂਰ ਦਾਦ ਦਿੱਤੀ।ਇਸ ਤੋਂ ਇਲਾਵਾ ਨੇਤਰ ਸਿੰਘ ਨੇਤਰ ਨੇ ਕਵਿਤਾ ਮੱਤਦਾਨੀ, ਕਰਮਜੀਤ ਬਾਸੀ ਨੇ ਫਿਕਰਮੰਦੀ, ਅਵਤਾਰ ਸਿੰਘ ਓਟਾਲਾਂ ਨੇ ਗੀਤ ਮਿੱਠੀਆਂ ਗੱਲਾਂ ਦਾ ਕੌਣ ਭਰੂ ਹੁੰਗਾਰਾ ਤਰੰਨੁਮ ਵਿੱਚ ਗਾ ਕੇ ਸੁਣਾਇਆ।ਜਥੇਦਾਰ ਕੇਵਲ ਸਿੰਘ ਕੱਦੋਂ ਨੇ ਪੰਜਾਬ ਦੇ ਅੱਤਵਾਦ ਦੇ ਕਾਲੇ ਦੌਰ ਦੇ ਪੁਲਸ ਤਸ਼ੱਦਦ ਦੀ ਆਪ ਬੀਤੀ ਅਭੁੱਲ ਯਾਦਾਂ ਸੁਣਾ ਕੇ ਹਾਜ਼ਰ ਲੇਖਕਾਂ ਦੇ ਰੌਂਗਟੇ ਖੜ੍ਹੇ ਕਰ ਦਿੱਤੇ।ਲੇਖਕ ਮੰਚ ਦੇ ਸਰਪ੍ਰਸਤ ਪ੍ਰਿੰਸੀਪਲ ਡਾ. ਪਰਮਿੰਦਰ ਸਿੰਘ ਬੈਨੀਪਾਲ ਨੇ ਪੰਜਾਬ ਦੇ ਢਾਹਾ ਇਲਾਕੇ ਦੇ ਅਣਗੌਲੇ ਕਰੀਬ 75 ਲੇਖਕਾਂ ਦੇ ਜੀਵਨ ਨਾਲ ਸਬੰਧਤ ਆਪਣੇ ਖੋਜ ਕਾਰਜ ਬਾਰੇ ਚਾਨਣਾ ਪਾਇਆ।ਡਾ. ਬੈਨੀਪਾਲ ਨੇ ਦੱਸਿਆ ਕਿ ਢਾਹਾਂ ਇਲਾਕੇ ਦੇ ਬਹੁਤ ਸਾਰੇ ਅਜਿਹੇ ਲੇਖਕ, ਸ਼ਾਇਰ, ਕਵੀ ਤੇ ਗੀਤਕਾਰ ਹਨ, ਜੋ ਆਪਣੇ ਸਮੇਂ ਦੌਰਾਨ ਲੋਕਾਂ ਵਿੱਚ ਬਹੁਤ ਮਕਬੂਲ ਰਹੇ ਹਨ, ਪਰ ਸਮੇਂ ਦੀ ਧੂੜ ਨੇ ਉਨ੍ਹਾਂ ਦੀ ਮਕਬੂਲੀਅਤ 'ਤੇ ਅਜਿਹਾ ਪਰਦਾ ਪਾਇਆ ਕਿ ਉਹ ਲੋਕ ਮਨਾਂ ਵਿੱਚੋਂ ਵਿੱਸਰ ਗਏ ਹਨ।ਉਨ੍ਹਾਂ ਕਿਹਾ ਕਿ ਇਸ ਖੋਜ ਕਾਰਜ ਦਾ ਮਕਸਦ ਹੈ ਕਿ ਵਿੱਸਰੇ ਲੇਖਕਾਂ ਦੇ ਜੀਵਨ ਤੇ ਉਨ੍ਹਾਂ ਦੀਆਂ ਲਿਖਤਾਂ ਨੂੰ ਇਕੱਠਾ ਕਰਕੇ ਇੱਕ ਪੁਸਤਕ ਦੇ ਰੂਪ ਵਿੱਚ ਲੇਖਕ ਜਗਤ ਦੇ ਸਾਹਮਣੇ ਲਿਆਂਦਾ ਜਾਵੇ, ਤਾਂ ਜੋ ਸੰਸਾਰ ਨੂੰ ਪਤਾ ਲੱਗ ਸਕੇ ਕਿ ਉਨ੍ਹਾਂ ਦੀਆਂ ਲਿਖਤਾਂ ਸਮਾਜ ਲਈ ਕਿੰਨੀ ਪ੍ਰੇਰਣਾਦਾਇਕ ਹਨ।ਲੇਖਕਾਂ ਵੱਲੋਂ ਪੇਸ਼ ਕੀਤੀਆਂ ਸਾਰੀਆਂ ਰਚਨਾਵਾਂ 'ਤੇ ਉਸਾਰੂ ਵਿਚਾਰ ਚਰਚਾ ਹੋਈ ਤੇ ਰਚਨਾਵਾਂ ਵਿੱਚ ਘਾਟਾ ਵਾਧਾ ਕਰਨ ਦੇ ਸੁਝਾਅ ਦਿੱਤੇ ਗਏ।ਆਖਿਰ ਵਿੱਚ ਮੰਚ ਦੇ ਸੀਨੀਅਰ ਮੀਤ ਪ੍ਰਧਾਨ ਪ੍ਰੋ. ਡਾ. ਹਰਿੰਦਰਜੀਤ ਸਿੰਘ ਕਲੇਰ ਨੇ ਆਏ ਸਾਰੇ ਲੇਖਕਾਂ ਦਾ ਧੰਨਵਾਦ ਕੀਤਾ।

## ਆਮ ਆਦਮੀ ਪਾਰਟੀ ਆਪਣੇ ਹਰ ਵਾਅਦੇ ਤੋਂ ਮੁੱਕਰੀ : ਖਾਈ, ਜੂਪਾ




**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਕਾਂਗਰਸ ਦੇ ਸੀਨੀਅਰ ਆਗੂ ਹਰੀ ਸਿੰਘ ਖਾਈ, ਜ਼ਿਲ੍ਹਾ ਮੋਗਾ ਯੂਥ ਕਾਂਗਰਸ ਦੇ ਸੀਨੀਅਰ ਵਾਈਸ ਪ੍ਰਧਾਨ ਤੇ ਨਗਰ ਪੰਚਾਇਤ ਨਿਹਾਲ ਸਿੰਘ ਵਾਲਾ ਐੱਮ ਸੀ ਜਗਰੂਪ ਸਿੰਘ ਜੂਪਾ ਨੇ ਦੋਸ਼ ਲਗਾਉਂਦਿਆਂ ਕਿਹਾ ਕਿ ਚੋਣਾਂ ਤੋਂ ਪਹਿਲਾਂ ਤੋਂ ਦਰੀਆਂ ਵਿਛਾਉਣ ਵਾਲੇ ਵਰਕਰਾਂ ਨੂੰ ਛਮੱਕੜਾਂ ਦਾ ਖ਼ਿਤਾਬ ਦਿੰਦਿਆਂ ਆਮ ਘਰਾਂ ਦੇ ਨੌਜਵਾਨਾਂ ਨੂੰ ਵਿਧਾਇਕ, ਮੰਤਰੀ ਤੇ ਐੱਮ ਪੀ ਬਣਾਉਣ ਦੇ ਸੁਪਨੇ ਵਿਖਾ ਕੇ ਸੱਤਾ ਹਾਸਲ ਕਰਨ ਵਾਲੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੱਸਣ ਕਿ ਹੁਣ ਰਾਜ ਸਭਾ ਦੀਆਂ ਮੈਂਬਰੀਆਂ ਤੇ ਜ਼ਿਮਨੀ ਚੋਣਾਂ ਦੀਆਂ ਟਿਕਟਾਂ ਅਰਬਪਤੀਆਂ ਜਾਂ ਦੂਜੀਆਂ ਪਾਰਟੀਆਂ 'ਚੋਂ ਇੰਪੋਰਟ ਕੀਤੇ ਲੀਡਰਾਂ ਨੂੰ ਹੀ ਕਿਉਂ ਦਿੱਤੀਆਂ ਜਾ ਰਹੀਆਂ ਹਨ।ਇਸ ਤੋਂ ਇਲਾਵਾ 1000 ਰੁਪਏ ਇਸਤਰੀਆਂ ਨੂੰ ਦੇਣ ਦਾ ਵਾਅਦਾ 2022 ਦੀਆਂ ਚੋਣਾਂ ਤੋਂ ਪਹਿਲਾਂ ਬਤੌਰ ਗਾਰੰਟੀ ਕੀਤਾ ਸੀ, ਜੋ ਕਿ ਬਾਅਦ 'ਚ 1100 ਦੇਣ ਦਾ ਵੀ ਐਲਾਨ ਕਰ ਦਿੱਤਾ ਸੀ, ਪਰ ਅਜੇ ਤੱਕ ਔਰਤਾਂ ਮਾਯੂਸ ਬੈਠੀਆਂ ਹਨ।ਇਸ ਤੋਂ ਇਲਾਵਾ ਕੇਜਰੀਵਾਲ 23 ਜ਼ਿਲ੍ਹਿਆਂ 'ਚ ਪੰਜਾਹ ਹਜ਼ਾਰ ਵੱਡੇ ਮੁਆਵਜ਼ਾ ਦੇਣ, ਰਾਤ ਦੇ 10 ਵਜੇ ਤੱਕ ਸਰਕਾਰੀ ਸਹੂਲਤਾਂ ਦੇਣ ਦੇ ਝੂਠ ਬੋਲ ਰਹੇ ਹਨ, ਜਿਸ ਤੋਂ ਸਾਫ਼ ਹੈ ਕਿ 'ਆਪ' ਝੂਠ ਦੇ ਸਹਾਰੇ ਟਿਕੀ ਹੈ, ਪਰ ਲੋਕ ਇਨ੍ਹਾਂ ਦਾ ਜਵਾਬ ਹੁਣ ਤਰਨਤਾਰਨ ਜ਼ਿਮਨੀ ਚੋਣ 'ਚ ਦੇਣਗੇ।

## ਕਣਕ ਦਾ ਬੀਜ ਤੇ ਖਾਦ ਕਿਸਾਨਾਂ ਤੱਕ ਪੁੱਜਦੇ ਕੀਤੇ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਇਕਾਈ ਪਿੰਡ ਹੁਸਨਰ ਦੇ ਪ੍ਰਧਾਨ ਸੁਖਦੀਪ ਸਿੰਘ ਸੁੱਖਾ ਦੀ ਅਗਵਾਈ ਵਿੱਚ ਹੜ੍ਹ ਪੀੜ੍ਹਤ ਇਲਾਕੇ ਦੇ ਕਿਸਾਨਾਂ ਦੀ ਸਹਾਇਤਾ ਕਰਨ ਲਈ ਨਗਰ ਨਿਵਾਸੀਆਂ ਤੇ ਸੰਗਤ ਦੇ ਸਹਿਯੋਗ ਨਾਲ ਇਕੱਤਰ ਕੀਤੀ ਗਈ ਸਮੱਗਰੀ ਕਿਸਾਨਾਂ ਤੱਕ ਪੁੱਜਦੀ ਕੀਤੀ ਗਈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਸੁਖਦੀਪ ਸਿੰਘ ਸੁੱਖਾ, ਖਜਾਨਚੀ ਅਵਤਾਰ ਸਿੰਘ ਨੇ ਦੱਸਿਆ ਕਿ ਕਿਸਾਨ ਯੂਨੀਅਨ ਸਿੱਧੂਪੁਰ ਦੇ ਸੂਬਾ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੀਤੇ ਦਿਨੀਂ ਹੜ੍ਹ ਪੀੜਤ ਇਲਾਕਾ ਜ਼ਿਲ੍ਹਾ ਫਿਰੋਜ਼ਪੁਰ ਦੇ ਪਿੰਡ ਬੰਡਾਲਾ ਵਿੱਚ 20 ਕਿੱਲੇ ਲਈ ਕਣਕ ਦਾ ਬੀਜ ਤੇ ਖਾਦ ਕਿਸਾਨਾਂ ਤੱਕ ਪੁੱਜਦੀ ਕੀਤੀ ਗਈ ਹੈ ਤਾਂ ਕਿ ਕਿਸਾਨ ਵੀਰ ਆਾਵਦੀ ਬਿਜਾਈ ਸਮੇਂ ਸਿਰ ਕਰ ਸਕਣ।ਉਨ੍ਹਾਂ ਕਿਹਾ ਕਿ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਕਿਸਾਨਾਂ ਤੇ ਮਜ਼ਦੂਰਾਂ ਦੇ ਮੁਸ਼ਕਲ ਸਮੇਂ ਹਰ ਵੇਲੇ ਮੋਢੇ ਨਾ ਮੋਢਾ ਲਾ ਕੇ ਨਾਲ ਖੜ੍ਹੀ ਹੈ।ਇਸ ਮੌਕੇ ਹਾਜ਼ਰ ਹੜ੍ਹ ਪੀੜਤ ਕਿਸਾਨ ਵੀਰਾਂ ਨੇ ਭਾਰਤੀ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਤੇ ਜਥੇਬੰਦੀ ਦੇ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਕਿ ਇਸ ਔਖੇ ਸਮੇਂ ਜਥੇਬੰਦੀ ਦੇ ਮੈਂਬਰ ਉਨ੍ਹਾਂ ਨਾਲ ਆ ਕੇ ਖੜ੍ਹੇ ਹਨ।ਇਸ ਮੌਕੇ ਹਾਜ਼ਰ ਪ੍ਰਧਾਨ ਸੁਖਦੀਪ ਸਿੰਘ ਸੁੱਖਾ, ਖ਼ਜ਼ਾਨਚੀ ਅਵਤਾਰ ਸਿੰਘ, ਮੈਂਬਰ ਗੁਰਮੇਲ ਸਿੰਘ, ਚੇਤ ਸਿੰਘ, ਨਾਇਬ ਸਿੰਘ, ਗੁਰਨਾਮ ਸਿੰਘ, ਕਾਕਾ ਜਸਵਿੰਦਰ ਸਿੰਘ ਛਿੰਦਾ, ਗੁਰਚਰਨ ਸਿੰਘ ਵੈਹੀਣੀਵਾਲ ਗਹਿਲਾ ਸਿੰਘ ਆਦਿ ਹਾਜ਼ਰ ਸਨ।

## ਸੈਂਟਰ ਪੱਧਰੀ ਮੁਕਾਬਲਿਆਂ ਦੇ ਜੇਤੂਆਂ ਨੂੰ ਇਨਾਮ ਵੰਡੇ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਸੈਂਟਰ ਹੈਡ ਟੀਚਰ ਪ੍ਰਗਟ ਸਿੰਘ ਜੰਬਰ ਦੀ ਅਗਵਾਈ ਹੇਠ ਸੈਂਟਰ ਗੁਲਾਬੇਵਾਲਾ ਵਿਖੇ ਸੈਂਟਰ ਪੱਧਰੀ ਪਹਾੜਿਆਂ ਦੇ ਮੁਕਾਬਲੇ ਕਰਵਾਏ ਗਏ।ਤੀਸਰੀ, ਚੌਥੀ ਤੇ ਪੰਜਵੀਂ ਦੇ ਵਿਦਿਆਰਥੀਆਂ ਨੇ ਭਾਗ ਲਿਆ।ਸੈਂਟਰ ਦੇ 12 ਸਕੂਲਾਂ ਦੇ ਤਿੰਨ-ਤਿੰਨ ਵਿਦਿਆਰਥੀਆਂ ਨੇ ਇਸ ਵਿੱਚ ਭਾਗ ਲਿਆ।ਸਭ ਤੋਂ ਵੱਧ ਪਹਾੜੇ ਸੁਣਾਉਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।ਪਹਾੜਿਆਂ ਦੀ ਜੱਜਮੈਂਟ ਹੈੱਡ ਟੀਚਰ ਪਵਿੱਤਰ ਸਿੰਘ, ਈਟੀਟੀ ਅਧਿਆਪਕ ਗੁਰਪ੍ਰੀਤ ਸਿੰਘ, ਹੈੱਡ ਟੀਚਰ ਪਰਦੀਪ ਕੌਰ, ਹਰਦਮ ਸਿੰਘ ਤੇ ਈ ਟੀ ਟੀ ਅਧਿਆਪਕ ਸੁਨੀਲ ਕੁਮਾਰ ਨੇ ਕੀਤੀ। ਮੁਕਾਬਲਿਆਂ ਦੇ ਇੰਚਾਰਜ ਅਧਿਆਪਕ ਜਸਵਿੰਦਰ ਸਿੰਘ ਨੇ ਦੱਸਿਆ ਕਿ ਸਰਕਾਰੀ ਪ੍ਰਾਇਮਰੀ ਸਕੂਲ ਅਟਾਰੀ, ਰਣਜੀਤਗੜ੍ਹ, ਚੱਕ ਕਾਲਾ ਸਿੰਘ ਵਾਲਾ, ਬੂਰ੍ਹਾਂ ਵਾਲੀ ਜਵਾਹਰੇਵਾਲਾ, ਮਾਂਗਟ ਕੇਰ ਤੇ ਲੰਬੀ ਢਾਬ ਦੇ ਵਿਦਿਆਰਥੀਆਂ ਨੇ ਵੱਧ ਪਹਾੜੇ ਸੁਣਾ ਕੇ ਇਨਾਮ ਜਿੱਤੇ।ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡਣ ਦੀ ਰਸਮ ਬੀਪੀਈਓ ਜਗਦੀਪ ਸਿੰਘ, ਚਰਨਜੀਤ ਸਿੰਘ ਸੀ ਐੱਚ ਟੀ ਝਬੇਲਵਾਲੀ, ਸੀ ਐੱਚ ਟੀ ਲੁਬਾਣਿਆਂਵਾਲੀ ਤੇ ਪਰਗਟ ਸਿੰਘ ਜੰਬਰ ਨੇ ਸਾਂਝੇ ਤੌਰ 'ਤੇ ਨਿਭਾਈ।ਮੁਕਾਬਲਿਆਂ ਨੂੰ ਸਫਲ ਬਣਾਉਣ ਵਿੱਚ ਭੋਲਾ ਸਿੰਘ, ਗੁਰਪ੍ਰੀਤ ਸਿੰਘ, ਸੁਖਜਿੰਦਰ ਸਿੰਘ, ਜਸਵਿੰਦਰ ਕੌਰ, ਪਰਮਜੀਤ ਸਿੰਘ, ਗੁਰਸ਼ਰਨ ਸਿੰਘ, ਹਰਪ੍ਰੀਤ ਕੌਰ, ਭੁਪਿੰਦਰ ਸਿੰਘ, ਸੁਰਿੰਦਰ ਕੁਮਾਰ, ਅਦੀਸ਼ ਜੈਨ ਤੇ ਮੰਗਤ ਸਿੰਘ ਨੇ ਸਹਿਯੋਗ ਦਿੱਤਾ।

## ਸੰਤ ਜਸਵੀਰ ਸਿੰਘ ਖ਼ਾਲਸਾ ਦੀ ਯਾਦ 'ਚ ਧਾਰਮਿਕ ਸਮਾਗਮ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਇਤਿਹਾਸਕ ਗੁਰਦੁਆਰਾ ਕਾਲਾਮਾਲਾ ਸਾਹਿਬ ਛਾਪਾ (ਬਰਨਾਲਾ) ਵਿਖੇ ਸੱਚਖੰਡ ਵਾਸੀ ਸੰਤ ਜਸਵੀਰ ਸਿੰਘ ਖ਼ਾਲਸਾ (ਮੈਂਬਰ ਸ਼੍ਰੋਮਣੀ ਕਮੇਟੀ) ਦੀ ਯਾਦ ਨੂੰ ਸਮਰਪਤ ਤਿੰਨ ਰੋਜ਼ਾ ਧਾਰਮਿਕ ਸਮਾਗਮ ਸਮੂਹ ਬਾਜਵਾ ਪਰਵਾਰ ਪਿੰਡ ਛੋਕਰਾਂ ਵੱਲੋਂ ਗੁਰਦੁਆਰਾ ਸਾਹਿਬ ਕਮੇਟੀ ਕਾਲਾਮਾਲਾ ਸਾਹਿਬ ਦੇ ਸਹਿਯੋਗ ਨਾਲ ਕਰਵਾਇਆ ਗਿਆ।ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਹੈੱਡ ਗਰੰਥੀ ਭਾਈ ਜਸਵੀਰ ਸਿੰਘ ਮਾਨਕੀ, ਬੀਬੀ ਹਰਜੀਤ ਕੌਰ ਛਾਪਾ ਨੇ ਕਥਾ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ।ਪ੍ਰੈੱਸ ਕਲੱਬ ਮਹਿਲ ਕਲਾਂ ਦੇ ਸਰਪ੍ਰਸਤ ਅਵਤਾਰ ਸਿੰਘ ਅਣਖੀ, ਪ੍ਰਸਿੱਧ ਰਾਗੀ ਭਾਈ ਜਗਸੀਰ ਸਿੰਘ ਖ਼ਾਲਸਾ ਮਹਿਲ ਕਲਾਂ, ਕਮੇਟੀ ਪ੍ਰਧਾਨ ਕੁਲਵੰਤ ਸਿੰਘ ਸੂਮ, ਸਰਪੰਚ ਗੁਰਦੀਪ ਸਿੰਘ ਛਾਪਾ, ਬਾਬਾ ਰਾਜ ਸਿੰਘ ਮਹਿਲ ਖ਼ੁਰਦ, ਬੀਬੀ ਪਰਮਜੀਤ ਕੌਰ ਭੱਠਲ ਨੇ ਕਿਹਾ ਕਿ ਸੱਚਖੰਡ ਵਾਸੀ ਸੰਤ ਜਸਵੀਰ ਸਿੰਘ ਖ਼ਾਲਸਾ ਵੱਲੋਂ ਲੰਬਾ ਸਮਾਂ ਧਰਮ ਪ੍ਰਚਾਰ, ਪਸਾਰ ਤੇ ਸਮਾਜ ਸੇਵਾ ਦੇ ਖੇਤਰ 'ਚ ਸਮਰਪਤ ਭਾਵਨਾ ਨਾਲ ਨਿਭਾਈਆਂ ਅਣਥੱਕ ਸੇਵਾਵਾਂ ਨੂੰ ਹਮੇਸ਼ਾ ਯਾਦ ਕੀਤਾ ਜਾਵੇਗਾ।ਇਸ ਮੌਕੇ ਪ੍ਰਬੰਧਕਾਂ ਵੱਲੋਂ ਵੱਖ-ਵੱਖ ਸ਼ਖ਼ਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਸਮੇਂ ਗੁਰਦੇਵ ਸਿੰਘ ਛੋਕਰਾਂ, ਪਰਮਜੀਤ ਸਿੰਘ ਛੋਕਰਾਂ, ਸਰਪੰਚ ਗਿੰਦਰ ਸਿੰਘ ਤਲਵਣ, ਪ੍ਰੀਤ ਬਾਜਵਾ, ਬਾਬਾ ਬਖਸ਼ੀਸ਼ ਸਿੰਘ ਕਸਬਾ, ਬਾਬਾ ਗੁਰਦੇਵ ਸਿੰਘ ਕਾਰ ਸੇਵਾ, ਪ੍ਰੀਤਮ ਸਿੰਘ ਧੂਰੀ, ਗੁਰਮੇਲ ਸਿੰਘ ਗੰਗੋਹਰ, ਭਾਈ ਗੁਰਮੀਤ ਸਿੰਘ ਪੰਡੋਰੀ, ਜਰਨੈਲ ਸਿੰਘ, ਬੁੱਗਰ ਸਿੰਘ, ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।

## ਮਾਨਸਿਕ ਰੋਗ ਸਮਾਜ ਦੀਆਂ ਕਦਰਾਂ-ਕੀਮਤਾਂ 'ਚੋਂ ਪੈਦਾ ਹੁੰਦਾ : ਜੁਝਾਰ ਲੌਂਗੋਵਾਲ



**ਭੀਖੀ (ਗੁਰਿੰਦਰ ਸਿੰਘ ਔਲਖ)**-ਤਰਕਸ਼ੀਲ ਸੁਸਾਇਟੀ ਪੰਜਾਬ (ਰਜਿ:) ਜ਼ੋਨ ਵੱਲੋਂ ਸ਼ਹੀਦ ਭਗਤ ਸਿੰਘ ਯਾਦਗਾਰੀ ਲਾਇਬ੍ਰੇਰੀ ਵਿਖੇ ਮਾਨਸਿਕ ਰੋਗਾਂ 'ਤੇ ਸੈਮੀਨਾਰ ਕਰਾਇਆ ਗਿਆ, ਜਿਸ ਦੇ ਪ੍ਰਧਾਨਗੀ ਮੰਡਲ ਵਿੱਚ ਸੂਬਾ ਆਗੂ ਰਾਜੇਸ਼ ਅਕਲੀਆ, ਬਲਬੀਰ ਚੰਦ ਲੌਂਗੋਵਾਲ, ਜੁਝਾਰ ਲੌਂਗੋਵਾਲ, ਜ਼ੋਨ ਆਗੂ ਜਸਬੀਰ ਸੋਨੀ ਤੇ ਹਰਮੇਸ਼ ਭੋਲਾ ਮੱਤੀ ਸ਼ਾਮਲ ਹੋਏ।ਸੂਬਾ ਆਗੂ ਜੁਝਾਰ ਲੌਂਗੋਵਾਲ ਨੇ ਕਿਹਾ ਜਦੋਂ ਤੋਂ ਮਨੁੱਖ ਦੇ ਦਿਮਾਗ ਨੇ ਵਿਕਾਸ ਕੀਤਾ ਹੈ ਤੇ ਆਪਣੀ ਸੋਚਣ ਸ਼ਕਤੀ ਨੂੰ ਪ੍ਰਫੁੱਲਤ ਕਰ ਲਿਆ, ਉਸ ਸਮੇਂ ਤੋਂ ਮਨੁੱਖ ਦੇ ਨਾਲ ਬਿਮਾਰੀਆਂ ਨੇ ਵੀ ਜਨਮ ਲਿਆ।ਮਾਨਸਿਕ ਰੋਗ ਸਾਡੇ ਸਮਾਜ ਦੇ ਤਾਣੇ-ਬਾਣੇ ਦੀਆਂ ਕਦਰਾਂ-ਕੀਮਤਾਂ 'ਚੋਂ ਪੈਦਾ ਹੁੰਦਾ ਹੈ।ਇਸ ਰੋਗ ਨੂੰ ਮਨਫੀ ਕਰਨ ਲਈ ਇੱਕ ਨਰੋਏ ਸਮਾਜ ਦੀ ਜ਼ਰੂਰਤ ਹੈ, ਜੋ ਸਾਨੂੰ ਸਾਹਿਤ ਦੇ ਸਕਦਾ ਹੈ।ਉਨ੍ਹਾਂ ਕਿਹਾ ਕਿ ਹਕੂਮਤ ਅੱਜ ਪੂੰਜੀਪਤੀਆਂ ਦੇ ਹੱਥਾਂ ਦੀ ਕਠਪੁਤਲੀ ਬਣ ਕੇ ਰਹਿ ਗਈ।ਆਮ ਲੋਕਾਂ ਨੂੰ ਲੁੱਟਿਆ ਜਾ ਰਿਹਾ ਹੈ, ਜਿਸ ਕਰਕੇ ਉਹ ਪਰਵਾਰ ਦੀਆਂ ਲੋੜਾਂ ਪੂਰੀਆਂ ਕਰਨ ਤੋਂ ਵਾਂਝਾ ਹੋ ਜਾਂਦਾ ਹੈ ਤੇ ਫਿਰ ਮਾਨਸਿਕ ਪੀੜਾ ਹੰਢਾਉਂਦਾ ਖੁਦਕਸ਼ੀਆਂ ਤੱਕ ਕਰ ਜਾਂਦਾ ਹੈ।ਬਲਬੀਰ ਚੰਦ ਲੌਂਗੋਵਾਲ ਨੇ ਕਿਹਾ ਸਾਡੇ ਲੋਕਾਂ ਨਾਲ ਧਰਮ ਦੇ ਨਾਂਅ, ਨਸਲ ਦੇ ਨਾਂਅ ਜਾਤੀ ਦੇ ਨਾਂਅ 'ਤੇ ਵਿਤਕਰਾ ਕਰਕੇ ਵੰਡੀਆਂ ਪਾਈਆਂ ਜਾਂਦੀਆਂ ਹਨ।ਸਮਾਜ ਨੂੰ ਇੱਕ ਹੋਣ ਦੀ ਥਾਂ ਵਰਗਾਂ 'ਚ ਵੰਡਿਆ ਹੋਇਆ ਹੈ, ਜਿਸ ਕਾਰਨ ਨੌਜਵਾਨਾਂ ਕੁਰਾਹੇ ਪਾਇਆ ਜਾਂਦਾ ਹੈ।ਜਸਬੀਰ ਸੋਨੀ ਨੇ ਕਿਹਾ ਅੱਜ ਬੱਚਿਆਂ 'ਚ ਮੋਬਾਇਲ ਕਲਚਰ ਬਹੁਤ ਵਿਕਸਤ ਹੋ ਚੁੱਕਿਆ ਹੈ।ਬੱਚੇ ਮਾਨਸਿਕ ਬਿਮਾਰੀਆਂ ਦੀ ਜਕੜ ਵਿੱਚ ਬੱਝ ਚੁੱਕੇ ਹਨ ਤੇ ਕਿਤਾਬਾਂ ਤੋਂ ਮੁੱਖ ਮੋੜ ਰਹੇ ਹਨ।ਬੱਚਿਆਂ ਦੇ ਦਿਮਾਗ ਦੇ ਵਿਕਾਸ ਲਈ ਉਨ੍ਹਾਂ ਨੂੰ ਕਿਤਾਬਾਂ ਨਾਲ ਜੋੜਨਾ ਬਹੁਤ ਜ਼ਰੂਰੀ ਹੈ।ਇਸ ਮੌਕੇ ਸੂਬਾ ਆਗੂ ਰਾਜੇਸ਼ ਅਕਲੀਆ, ਜ਼ੋਨ ਮੁਖੀ ਅੰਮ੍ਰਿਤ ਰਿਸ਼ੀ, ਮੋਹਨਜੀਤ ਮੋਹਣੀ, ਭੁਪਿੰਦਰ ਫ਼ੌਜੀ, ਨਰਿੰਦਰ ਕੌਰ ਬੁਰਜ ਹਮੀਰਾ, ਮਾ. ਹਰਬੰਸ ਸਿੰਘ ਨੇ ਵੀ ਸੰਬੋਧਨ ਕੀਤਾ। ਮੰਚ ਸੰਚਾਲਨ ਅੰਮ੍ਰਿਤ ਰਿਸ਼ੀ ਨੇ ਬਾਖੂਬੀ ਨਿਭਾਇਆ।

# ਮੌਜੂਦਾ ਕੌਮੀ ਸਿੱਖਿਆ ਨੀਤੀ ਸੰਪਰਦਾਇਕਤਾ ਨੂੰ ਉਭਾਰਨ ਦਾ ਸ੍ਰੋਤ : ਬੂਟਾ ਸਿੰਘ ਦੇਸੂ



**ਮਾਨਸਾ (ਆਤਮਾ ਸਿੰਘ ਪਮਾਰ)**-ਰਿਟਾਇਰਡ ਇੰਪਲਾਈਜ਼ ਵੈੱਲਫੇਅਰ ਐਸੋਸੀਏਸ਼ਨ ਮਾਨਸਾ ਦੀ ਮਹੀਨਾਵਾਰ ਮੀਟਿੰਗ ਸਥਾਨਕ ਪੈਨਸ਼ਨਰਜ ਭਵਨ ਵਿਖੇ ਪ੍ਰਧਾਨ ਸਿਕੰਦਰ ਸਿੰਘ ਘਰਾਂਗਣਾ ਦੀ ਪ੍ਰਧਾਨਗੀ ਹੇਠ ਹੋਈ।ਇਸ ਸਮੇਂ ਮੁੱਖ ਬੁਲਾਰੇ ਵਜੋਂ ਹਰਿਆਣਾ ਅਧਿਆਪਕ ਮਹਾਂਸੰਘ ਦੇ ਸੂਬਾਈ ਆਗੂ ਬੂਟਾ ਸਿੰਘ ਦੇਸੂ ਨੇ ਮੀਟਿੰਗ 'ਚ ਸ਼ਿਰਕਤ ਕੀਤੀ।ਮੀਟਿੰਗ ਦੇ ਸ਼ੁਰੂ 'ਚ ਹਾਊਸ ਵੱਲੋਂ ਸਦੀਵੀ ਵਿਛੋੜਾ ਦੇ ਗਏ ਐਸੋਸੀਏਸ਼ਨ ਦੇ ਮੈਂਬਰਾਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਅਰਪਿਤ ਕੀਤੀ ਗਈ।ਪ੍ਰਧਾਨ ਘਰਾਂਗਣਾ ਵੱਲੋਂ ਮੁੱਖ ਮਹਿਮਾਨ ਤੇ ਹਾਜ਼ਰ ਸਾਥੀਆਂ ਨੂੰ ਜੀ ਆਇਆਂ ਕਿਹਾ ਅਤੇ ਅੱਜ ਦੇ ਪ੍ਰੋਗਰਾਮ ਸਬੰਧੀ ਸੰਖੇਪ 'ਚ ਜਾਣਕਾਰੀ ਦਿੱਤੀ।ਇਸ ਸਮੇਂ ਬੂਟਾ ਸਿੰਘ ਨੇ ਪੈਨਸ਼ਨਰਜ਼ ਨੂੰ ਦਰਪੇਸ਼ ਸਮੱਸਿਆਵਾਂ ਤੋਂ ਇਲਾਵਾ ਮੌਜੂਦਾ ਕੌਮੀ ਸਿੱਖਿਆ ਨੀਤੀ ਦੀ ਬਰੀਕੀ ਨਾਲ ਚੀਰ ਫਾੜ ਕਰਦਿਆਂ ਦੱਸਿਆ ਕਿ 2020 ਦੀ ਇਹ ਸਿੱਖਿਆ ਨੀਤੀ, ਕਿਸਾਨੀ ਨਾਲ ਸੰਬੰਧਤ ਤਿੰਨ ਕਾਲੇ ਕਾਨੂੰਨ ਤੇ ਮਜ਼ਦੂਰਾਂ ਨਾਲ ਸਬੰਧਤ ਚਾਰ ਲੇਬਰ ਕੋਡ ਬਿਲ ਕੋਰੋਨਾ ਕਾਲ ਸਮੇਂ ਉਸ ਵੇਲੇ ਪਾਸ ਕੀਤੇ ਗਏ, ਜਦੋਂ ਜਨਤਾ ਘਰਾਂ ਦੀਆਂ ਚਾਰਦੀਵਾਰੀਆਂ 'ਚ ਸਿਮਟ ਕੇ ਰਹਿ ਗਈ ਸੀ।ਉਨ੍ਹਾਂ ਸਿੱਖਿਆ ਸਬੰਧੀ ਸਮੇਂ ਸਮੇਂ 'ਤੇ ਬਣੇ ਕਮਿਸ਼ਨਾਂ ਦਾ ਵੀ ਸੰਖੇਪ ਜ਼ਿਕਰ ਕੀਤਾ।ਉਨ੍ਹਾਂ ਹੈਰਾਨੀਜਨਕ ਤੱਥ ਪੇਸ਼ ਕੀਤਾ ਕਿ ਇਹ ਸਿੱਖਿਆ ਨੀਤੀ ਸਿਰਫ਼ ਕੇਂਦਰੀ ਕੈਬਨਿਟ 'ਚ ਹੀ ਪਾਸ ਹੋਈ ਹੈ, ਪਾਰਲੀਮੈਂਟ 'ਚੋਂ ਨਹੀਂ।ਉਨ੍ਹਾਂ ਜ਼ਿਕਰ ਕੀਤਾ ਕਿ ਇਸ ਦਾ ਖਰੜਾ ਭਾਰਤੀ ਸੰਵਿਧਾਨ ਤੋਂ ਮਾਨਤਾ ਪ੍ਰਾਪਤ ਸਾਰੀਆਂ ਭਾਸ਼ਾਵਾਂ ਦੀ ਬਜਾਏ ਸਿਰਫ ਹਿੰਦੀ ਤੇ ਅੰਗਰੇਜ਼ੀ ਹੀ ਉਪਲੱਬਧ ਹੈ।ਇਸ ਨੀਤੀ ਅਨੁਸਾਰ ਵਿਦਿਆਰਥੀਆਂ ਦੇ ਡਰਾਪਆਊਟ ਨੂੰ ਜ਼ਰੂਰ ਸਵੀਕਾਰ ਕੀਤਾ ਗਿਆ ਹੈ।ਸਿੱਖਿਆ ਦੇ ਅਧਿਕਾਰ 2009 ਤਹਿਤ ਸਕੂਲਾਂ 'ਚ ਦਾਖਲਾ ਜ਼ਰੂਰ ਵਧਿਆ ਹੈ, ਕਿਉਂਕਿ ਇਸ ਅਨੁਸਾਰ ਸਕੂਲ ਬੱਚੇ ਕੋਲ ਜਾਵੇਗਾ ਦਾ ਪ੍ਰਾਵਧਾਨ ਸੀ, ਪ੍ਰੰਤੂ ਮੌਜੂਦਾ ਨੀਤੀ ਦਾਖਲਾ ਅਧਾਰਤ ਹੈ।ਇਹੀ ਕਾਰਨ ਹੈ ਕਿ ਸੱਤ ਸੱਤ, ਅੱਠ ਅੱਠ ਸਕੂਲਾਂ ਨੂੰ ਕਲੱਬ ਕਰਕੇ ਕਲੱਸਟਰ ਬਣਾ ਦਿੱਤੇ ਗਏ ਹਨ।ਬੂਟਾ ਸਿੰਘ ਨੇ ਦੱਸਿਆ ਕਿ ਕੋਠਾਰੀ ਕਮਿਸ਼ਨ ਨੇ ਬਜਟ 'ਚ 6% ਸਿੱਖਿਆ ਲਈ ਰੱਖਣ ਦੀਆਂ ਸਿਫਾਰਸ਼ਾਂ ਕੀਤੀਆਂ ਗਈਆਂ ਸਨ, ਪ੍ਰੰਤੂ ਹੁਣ ਇਹ ਬਜਟ ਘਟਾ ਕੇ ਸਿਰਫ 3% ਹੀ ਕਰ ਦਿੱਤਾ ਗਿਆ ਹੈ।ਜੇਕਰ ਉੱਚ ਸਿੱਖਿਆ ਦੀ ਗੱਲ ਕਰੀਏ ਤਾਂ ਸਿਰਫ਼ 1% ਵਿਦਿਆਰਥੀ ਹੀ ਉੱਚ ਸਿੱਖਿਆ ਤੱਕ ਪਹੁੰਚਦੇ ਹਨ। ਸੂਬੇ ਦੇ 42000 ਕਾਲਜਾਂ ਤੇ ਯੂਨੀਵਰਸਿਟੀਆਂ 'ਚ ਵੱਡੇ ਪੱਧਰ 'ਤੇ ਅਧਿਆਪਕਾਂ ਦੀਆਂ ਅਸਾਮੀਆਂ ਖਾਲੀ ਪਈਆਂ ਹਨ। ਉਨ੍ਹਾਂ ਕਿਹਾ ਕਿ ਮੌਜੂਦਾ ਸਿੱਖਿਆ ਨੀਤੀ 12-13ਵੀਂ ਸਦੀ ਦੇ ਕਲਚਰ ਨੂੰ ਮੁੜ ਉਭਾਰਨ, ਸਿੱਖਿਆ ਦਾ ਵਪਾਰੀਕਰਨ ਤੇ ਸੰਪਰਦਾਇਕੀਕਰਨ ਨੂੰ ਬੜਾਵਾ ਦੇਣ ਵਾਲੀ ਹੈ।ਇਸੇ ਨੀਤੀ ਤਹਿਤ ਹੀ ਸਕੂਲਾਂ, ਕਾਲਜਾਂ 'ਚ ਭਗਵਾਂਕਰਨ ਨੂੰ ਉਭਾਰਨ ਲਈ ਵੱਖ ਵੱਖ ਪ੍ਰੋਗਰਾਮ ਉਲੀਕੇ ਤੇ ਲਾਗੂ ਕਰਨ ਵੱਲ ਵਧਿਆ ਜਾ ਰਿਹਾ ਹੈ।ਇਸ ਸਮੇਂ ਕੇਂਦਰ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਦੀ ਸੈਨਿਟ ਤੇ ਸਿੰਡੀਕੇਟ ਨੂੰ ਭੰਗ ਕਰਨ ਦਾ ਮੁੱਦਾ ਵੀ ਵਿਚਾਰਿਆ ਗਿਆ।ਮੰਚ ਸੰਚਾਲਨ ਦੀ ਭੂਮਿਕਾ ਅਜਾਇਬ ਸਿੰਘ ਅਲੀਸ਼ੇਰ ਵੱਲੋਂ ਬਾਖੂਬੀ ਨਿਭਾਈ ਗਈ।ਇਸ ਸਮੇਂ ਪੈਨਸ਼ਨਰਜ਼ ਦੀਆਂ ਭਖਦੀਆਂ ਮੰਗਾਂ ਬਾਰੇ ਵੀ ਪਿਰਥੀ ਸਿੰਘ ਮਾਨ, ਲੱਖਾ ਸਿੰਘ ਸਹਾਰਨਾ, ਬਿੱਕਰ ਸਿੰਘ ਰੱਲਾ, ਆਤਮਾ ਸਿੰਘ ਪਮਾਰ, ਹਰਬੰਸ ਸਿੰਘ ਢਿੱਲੋਂ, ਪਰਮਜੀਤ ਕੌਰ ਮਾਨਸਾ, ਸੁਦਰਸ਼ਨਾ ਸ਼ਰਮਾ, ਸਵਿੰਦਰ ਸਿੰਘ ਜੇ ਈ, ਸੇਠੀ ਸਿੰਘ ਸਰਾਂ, ਗੁਰਦੇਵ ਸਿੰਘ ਘੁਮਾਣ, ਸੁਰਜੀਤ ਸਿੰਘ ਖਿਆਲਾ, ਮੱਖਣ ਸਿੰਘ ਉੱਡਤ, ਸ਼ਮਸ਼ੇਰ ਸਿੰਘ ਗਿੱਲ ਆਦਿ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।

# 69ਵੀਆਂ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਰੱਸਾਕਸ਼ੀ ਦੇ ਮੁਕਾਬਲੇ ਸਫਲਤਾਪੂਰਵਕ ਸੰਪੰਨ

**ਅੰਡਰ-19 ਵਰਗ 'ਚ ਫਿਰੋਜ਼ਪੁਰ ਤੇ ਅੰਡਰ-17 ਵਰਗ 'ਚ ਮਾਨਸਾ ਬਣਿਆ ਚੈਂਪੀਅਨ**



**ਸੰਗਰੂਰ (ਪ੍ਰਵੀਨ ਸਿੰਘ)**-69ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਰੱਸਾਕੱਸੀ ਅੰਡਰ-17 ਤੇ ਅੰਡਰ-19 (ਲੜਕੀਆਂ) 2025-26 ਦੇ ਮੁਕਾਬਲੇ ਸਥਾਨਕ ਵਾਰ ਹੀਰੋਜ਼ ਸਟੇਡੀਅਮ ਸੰਗਰੂਰ ਦੇ ਖੇਡ ਗਰਾਊਂਡ ਵਿਖੇ ਸਫਲਤਾਪੂਰਵਕ ਸੰਪੰਨ ਹੋਏ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਟੂਰਨਾਮੈਂਟ ਕਨਵੀਨਰ ਅਮਰੀਕ ਸਿੰਘ ਡੀ ਪੀ ਈ ਨੇ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ ਅੰਡਰ-19 ਸਾਲ ਦੇ ਲੜਕੀਆਂ ਦੇ ਮੁਕਾਬਲਿਆਂ ਵਿੱਚ ਜ਼ਿਲ੍ਹਾ ਫਿਰੋਜ਼ਪੁਰ ਨੇ ਮਾਨਸਾ ਨੂੰ 2-0 ਹਰਾ ਕੇ ਪਹਿਲਾ ਸਥਾਨ ਹਾਸਲ ਕੀਤਾ, ਸੰਗਰੂਰ ਨੇ ਪਟਿਆਲਾ ਨੂੰ 2-0 ਹਰਾ ਕੇ ਤੀਜਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ ਅੰਡਰ-17 ਵਰਗ ਵਿੱਚ ਮਾਨਸਾ ਨੇ ਫਿਰੋਜ਼ਪੁਰ ਨੂੰ 2-0 ਨਾਲ ਹਰਾ ਕੇ ਪਹਿਲਾ ਸਥਾਨ ਹਾਸਲ ਕੀਤਾ। ਇਸ ਤਰ੍ਹਾਂ ਲੁਧਿਆਣਾ ਨੇ ਸੰਗਰੂਰ ਨੂੰ 2-0 ਨਾਲ ਹਰਾ ਕੇ ਤੀਜਾ ਸਥਾਨ ਹਾਸਲ ਕੀਤਾ।ਇਨਾਮ ਵੰਡਣ ਦੀ ਰਸਮ ਸ੍ਰੀਮਤੀ ਨਰੇਸ਼ ਸੈਣੀ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਨੇ ਕੀਤੀ। ਉਨ੍ਹਾਂ ਇਸ ਮੌਕੇ ਸਟੇਟ ਵੱਲੋਂ ਬਤੌਰ ਅਬਜ਼ਰਵਰ ਤੇ ਸਲੈਕਟਰ ਬਲਕਾਰ ਸਿੰਘ ਡੀ ਪੀ ਈ ਲੁਧਿਆਣਾ, ਅਮਰਜੀਤ ਸਿੰਘ ਡੀ ਪੀ ਈ ਫਿਰੋਜ਼ਪੁਰ, ਜਤਿੰਦਰ ਸਿੰਘ ਪੀ ਟੀ ਆਈ ਲੁਧਿਆਣਾ, ਨਾਇਬ ਖਾਨ ਲੈਕ. ਫਿਜੀ. ਬਾਲੀਆਂ ਸੰਗਰੂਰ, ਰਵਿੰਦਰ ਸਿੰਘ ਡੀ ਪੀ ਈ ਲੁਧਿਆਣਾ, ਰਕੇਸ਼ ਕੁਮਾਰ ਲੁਧਿਆਣਾ ਦਾ ਧੰਨਵਾਦ ਕੀਤਾ।ਇਨ੍ਹਾਂ ਤੋਂ ਇਲਾਵਾ ਹੈੱਡ ਮਿਸਟਰੈੱਸ ਮਨਜੋਤ ਕੌਰ, ਹੈੱਡ ਮਿਸਟਰੈੱਸ ਸ਼ੀਨੂੰ, ਹੈੱਡ ਮਾਸਟਰ ਸੁਖਦੀਪ ਸਿੰਘ, ਹੈੱਡ ਮਾਸਟਰ ਗੁਰਿੰਦਰ ਸਿੰਘ, ਹੈੱਡ ਮਾਸਟਰ ਹਰਪ੍ਰੀਤ ਸਿੰਘ ਤੇ ਸਟੇਜ ਸਕੱਤਰ ਦੀ ਭੂਮਿਕਾ ਸੁਖਵੀਰ ਸਿੰਘ ਧੂਰੀ ਨੇ ਬਾਖੂਬੀ ਨਿਭਾਈ।

ਇਸ ਤੋਂ ਇਲਾਵਾ ਇੰਦਰਜੀਤ ਸਿੰਘ ਲੈਕਚਰਾਰ, ਹਰਵਿੰਦਰ ਕੌਰ ਲੈਕਚਰਾਰ, ਕੰਵਲਦੀਪ ਸਿੰਘ ਡੀਪੀਈ, ਮਨਪ੍ਰੀਤ ਸਿੰਘ ਡੀਪੀਈ, ਜਗਤਾਰ ਸਿੰਘ ਪੀ ਟੀ ਆਈ, ਪ੍ਰਿੰਸ ਕਾਲੜਾ ਬਲਾਕ ਸਪੋਰਟਸ ਕੋਆਰਡੀਨੇਟਰ ਆਦਿ ਹਾਜ਼ਰ ਹਨ।

## ਡੀ ਏ ਪੀ ਨਾਲ ਵਾਧੂ ਸਾਮਾਨ ਦੇਣਾ ਕਿਸਾਨਾਂ ਦੀ ਲੁੱਟ : ਠੁੱਲੀਵਾਲ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**

ਡੀ ਏ ਪੀ ਖਾਦ ਨਾਲ ਬੇਲੋੜਾ ਵਾਧੂ ਸਾਮਾਨ ਖਰੀਦਣਾ ਜ਼ਰੂਰੀ ਕਰਕੇ ਕਿਸਾਨਾਂ ਦੀ ਅੰਨ੍ਹੀ ਲੁੱਟ ਕੀਤੀ ਜਾ ਰਹੀ ਹੈ।ਇਹ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਬਲਾਕ ਪ੍ਰਧਾਨ ਪਰਮਿੰਦਰ ਸਿੰਘ ਸ਼ੰਮੀ ਠੁੱਲੀਵਾਲ ਨੇ ਕੀਤਾ।ਉਨ੍ਹਾਂ ਕਿਹਾ ਇਕ ਪਾਸੇ ਤਾਂ ਝੋਨੇ ਦੀ ਫਸਲ ਦਾ ਝਾੜ ਘੱਟ ਹੋਣ ਨਾਲ ਕਿਸਾਨ ਪਹਿਲਾਂ ਹੀ ਮਾਨਸਿਕ ਪੀੜਾਂ 'ਚੋ ਲੰਘ ਰਹੇ ਹਨ, ਉਪਰੋਂ ਕਣਕ ਦੀ ਫ਼ਸਲ ਲਈ ਡੀ ਏ ਪੀ ਤੇ ਯੂਰੀਆ ਖਾਦ ਖਰੀਦਣ ਲਈ ਭਾਰੀ ਖੱਜਲ ਖੁਆਰੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਕੁੱਝ ਲੋਕ ਸਟਾਕ ਹੋਣ ਦੇ ਬਾਵਜੂਦ ਕਿਸਾਨਾਂ ਦੀ ਮਜਬੂਰੀ ਦਾ ਨਜਾਇਜ਼ ਫਾਇਦਾ ਉਠਾਉਂਦੇ ਹੋਏ ਡੀ ਏ ਪੀ ਖਾਦ ਨਾਲ ਹੋਰ ਵਾਧੂ ਸਾਮਾਨ ਲੈਣਾ ਲਾਜ਼ਮੀ ਬਣਾ ਕੇ ਦਿਨ ਦਿਹਾੜੇ ਅੰਨ੍ਹੀ ਲੁੱਟ ਕਰ ਰਹੇ ਹਨ।ਇਸ ਤਰ੍ਹਾਂ ਹੀ ਕਿਸਾਨਾਂ ਨੂੰ ਯੂਰੀਆ ਖਾਦ ਵੀ ਲੋੜ ਅਨੁਸਾਰ ਨਹੀਂ ਮਿਲ ਰਹੀ।ਉਨ੍ਹਾਂ ਕਿਹਾ ਕਿ ਸਟੋਰ ਕਰਨ ਵਾਲੇ ਆਰਜ਼ੀ ਕਿਲਤ ਪੈਦਾ ਕਰਕੇ ਕਿਸਾਨਾਂ ਨੂੰ ਮੋਟਾ ਰਗੜਾ ਲਾ ਰਹੇ ਹਨ।ਕਾਂਗਰਸੀ ਆਗੂ ਸ਼ੰਮੀ ਠੁੱਲੀਵਾਲ ਨੇ ਆਪ ਸਰਕਾਰ 'ਤੇ ਵਰ੍ਹਦਿਆਂ ਕਿਹਾ ਕਿ ਇਹ ਸਰਕਾਰ ਹਰ ਮੁਹਾਜ਼ 'ਤੇ ਫੇਲ੍ਹ ਸਾਬਤ ਹੋ ਚੁੱਕੀ ਹੈ।

## ਸੀਨੀਅਰ ਅਕਾਲੀ ਆਗੂ ਸਰਪੰਚ ਜੀਤ ਸਿੰਘ ਧਾਲੀਵਾਲ ਦਾ ਦੇਹਾਂਤ



**ਦਿੜ੍ਹਬਾ (ਜਸਵੀਰ ਲਾਡੀ)**-ਇੱਥੋਂ ਨੇੜਲੇ ਪਿੰਡ ਛਾਜਲੀ ਦੇ ਸਾਬਕਾ ਤੇ ਸੀਨੀਅਰ ਅਕਾਲੀ ਆਗੂ ਸਰਪੰਚ ਸ੍ਰ. ਜੀਤ ਸਿੰਘ ਧਾਲੀਵਾਲ ਗੰਭੀਰ ਬਿਮਾਰੀ ਕਾਰਨ ਸ਼ਨੀਵਾਰ ਇਸ ਫ਼ਾਨੀ ਦੁਨੀਆ ਨੂੰ ਅਲਵਿਦਾ ਆਖ ਗਏ ਹਨ।ਉਹ ਆਪਣੇ ਪਿੱਛੇ ਬੇਟਾ ਸਤਗੁਰ ਸਿੰਘ ਸਿੰਘ ਪੰਚਾਇਤ ਸਕੱਤਰ, ਸੁਰਿੰਦਰ ਸਿੰਘ ਛਿੰਦਾ ਤੇ ਇੱਕ ਬੇਟੀ ਸਮੇਤ ਪੋਤੇ-ਪੋਤੀਆਂ, ਦੋਹਤੇ-ਦੋਹਤੀਆਂ ਛੱਡ ਗਏ ਹਨ। ਉਨ੍ਹਾਂ ਦਾ ਅੰਤਿਮ ਸੰਸਕਾਰ ਪਿੰਡ ਛਾਜਲੀ ਦੇ ਰੋਜ਼ਾ ਪੱਤੀ ਦੇ ਸ਼ਮਸ਼ਾਨਘਾਟ ਵਿਖੇ ਕੀਤਾ ਗਿਆ।ਉਨ੍ਹਾਂ ਦੇ ਸਸਕਾਰ 'ਤੇ ਪਹੁੰਚ ਕੇ ਵੱਖ ਵੱਖ ਪਿੰਡਾਂ ਦੇ ਸਰਪੰਚ, ਚੇਅਰਮੈਨ, ਕਲੱਬਾਂ ਦੇ ਪ੍ਰਧਾਨ ਆਦਿ ਨੇ ਪਰਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ ਹੈ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਸੰਤ ਬਲਬੀਰ ਸਿੰਘ ਘੁੰਨਸ ਸਾਬਕਾ ਸੰਸਦੀ ਮੈਂਬਰ, ਹਰਦੇਵ ਸਿੰਘ ਰੋਗਲਾ, ਸੁਖਪਾਲ ਸਿੰਘ ਨਮੋਲ, ਜਥੇਦਾਰ ਭਰਪੂਰ ਸਿੰਘ ਕਾਹਲ, ਚਮਕੌਰ ਸਿੰਘ ਮੋਰਾਂਵਾਲੀ, ਮਾਸਟਰ ਦਰਬਾਰਾ ਸਿੰਘ, ਕਾਮਰੇਡ ਸ਼ੇਰ ਸਿੰਘ ਪ੍ਰਧਾਨ ਲੋਕ ਸੱਭਿਆਚਾਰਕ ਮੰਚ ਛਾਜਲੀ, ਸ਼ਹੀਦ ਭਗਤ ਸਿੰਘ ਪ੍ਰੈੱਸ ਕਲੱਬ ਛਾਜਲੀ ਦੇ ਸਮੂਹ ਮੈਂਬਰ, ਮਾ. ਪ੍ਰੇਮ ਸਰੂਪ ਲਾਇਬ੍ਰੇਰੀ ਸੰਚਾਲਕ, ਕਾਮਰੇਡ ਗੋਬਿੰਦ ਸਿੰਘ ਛਾਜਲੀ, ਮਾਸਟਰ ਦੇਸ ਰਾਜ ਸੰਚਾਲਕ ਲੋਕ ਸੰਗੀਤ ਮੰਡਲੀ ਛਾਜਲੀ, ਮੁਖਤਿਆਰ ਸਿੰਘ ਸਿੱਧੂ ਪ੍ਰਧਾਨ ਕੋ-ਅਪ੍ਰੇਟਿਵ ਸੁਸਾਇਟੀ ਛਾਜਲੀ, ਡਾਕਟਰ ਸਤਗੁਰ ਸਿੰਘ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਮਨਦੀਪ ਚੱਠਾ ਹੋਲੀ ਹਾਰਟ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਛਾਜਲੀ, ਮਨਜ਼ੂਰ ਮੁਹੰਮਦ ਨੈਸਨਲ ਪਬਲਿਕ ਸਕੂਲ ਛਾਜਲੀ, ਸਰਪੰਚ ਗੁਰਬਿਆਸ ਸਿੰਘ ਗ੍ਰਾਮ ਪੰਚਾਇਤ ਛਾਜਲੀ ਸਮੂਹ ਪੰਚਾਇਤ ਮੈਂਬਰ, ਬਾਵਾ ਸਿੰਘ ਧਾਲੀਵਾਲ ਸਮਾਜ ਸੇਵੀ, ਹਰਵਿੰਦਰ ਸਿੰਘ ਮੰਡੇਰ ਚੇਅਰਮੈਨ ਮਾਰਕਿਟ ਕਮੇਟੀ ਸਲੂਰ ਘਰਾਟ, ਅਮਰੀਕ ਸਿੰਘ ਸਰਦਾਰ ਪੈਲੇਸ ਛਾਜਲੀ ਨੇ ਦੁੱਖ ਸਾਂਝਾ ਕੀਤਾ।

## ਸਪਰਿੰਗ ਸਕੂਲ ਵੱਲੋਂ ਵਿਦਿਆਰਥੀਆਂ ਲਈ ਮਨੋਰੰਜਨ ਟੂਰ



**ਜਗਰਾਉਂ (ਅਮਿਤ ਖੰਨਾ)**-ਸਪਰਿੰਗ ਡਿਊ ਪਬਲਿਕ ਸਕੂਲ ਨਾਨਕਸਰ ਵੱਲੋਂ ਵਿਦਿਆਰਥੀਆਂ ਲਈ ਸਿੱਖਿਆ ਤੇ ਮਨੋਰੰਜਕ ਟੂਰ ਦਾ ਆਯੋਜਨ ਕੀਤਾ ਗਿਆ।ਇਸ ਟੂਰ ਦਾ ਮੁੱਖ ਉਦੇਸ਼ ਬੱਚਿਆਂ ਨੂੰ ਕਲਾ ਸਰੂਪ ਸਿੱਖਿਆ ਤੋਂ ਇਲਾਵਾ ਜੀਵਨ ਦੇ ਪ੍ਰਯੋਗਾਤਮਕ ਪੱਖਾਂ ਨਾਲ ਜੋੜਨਾ, ਮਨੋਰੰਜਨ ਦੇ ਨਾਲ ਸਿੱਖਿਆਤਮਕ ਅਨੁਭਵ ਪ੍ਰਦਾਨ ਕਰਨਾ ਸੀ। ਕਲਾਸ ਦੂਜੀ ਤੋਂ ਪੰਜਵੀਂ ਤੱਕ ਦੇ ਬੱਚਿਆਂ ਨੂੰ ਫਨ ਪਾਰਕ, ਤਲਵੰਡੀ ਭਾਈ ਲਿਜਾਇਆ ਗਿਆ, ਜਿੱਥੇ ਉਨ੍ਹਾਂ ਵੱਖ-ਵੱਖ ਖੇਡਾਂ, ਝੂਲਿਆਂ ਤੇ ਰੋਮਾਂਚਕ ਗਤੀਵਿਧੀਆਂ ਦਾ ਆਨੰਦ ਮਾਣਿਆ।ਇਸ ਤੋਂ ਇਲਾਵਾ ਬੱਚਿਆਂ ਨੂੰ ਸਿਨੇਮਾ ਘਰ ਵਿੱਚ ਫ਼ਿਲਮ ਵੀ ਦਿਖਾਈ ਗਈ, ਜਿਸ ਦਾ ਉਨ੍ਹਾਂ ਨੇ ਬਹੁਤ ਆਨੰਦ ਮਾਣਿਆ।ਬੱਚਿਆਂ ਦੇ ਚਿਹਰਿਆਂ 'ਤੇ ਖੁਸ਼ੀ ਦੇ ਚਮਕਦੇ ਹਾਸੇ ਸਕੂਲ ਟੀਚਰਾਂ ਤੇ ਸਟਾਫ ਲਈ ਸਭ ਤੋਂ ਵੱਡਾ ਇਨਾਮ ਸਾਬਿਤ ਹੋਏ।ਦੂਜੇ ਪਾਸੇ, ਕਲਾਸ ਛੇਵੀਂ ਤੋਂ ਬਾਰਵੀਂ ਤੱਕ ਦੇ ਵਿਦਿਆਰਥੀਆਂ ਨੂੰ ਪੁਨ ਜੋਇਵਾਟਰ ਐਂਡ ਅਮਿਊਸਮੈਂਟ ਪਾਰਕ ਬਠਿੰਡਾ ਦੀ ਯਾਤਰਾ ਕਰਵਾਈ ਗਈ।ਵਿਦਿਆਰਥੀਆਂ ਨੇ ਵਾਟਰ ਰਾਈਡਾਂ, ਐਡ ਵੈਂਚਰ ਗੇਮਾਂ ਤੇ ਮਨੋਰੰਜਕ ਪ੍ਰੋਗਰਾਮਾਂ ਦਾ ਪੂਰਾ ਆਨੰਦ ਲਿਆ।ਪ੍ਰਿੰਸੀਪਲ ਮੈਡਮ ਰੀਨਾ ਜੈਦਿਕਾ ਨੇ ਕਿਹਾ ਕਿ ਬੱਚਿਆਂ ਦਾ ਉਤਸ਼ਾਹ ਤੇ ਉਨ੍ਹਾਂ ਦੀ ਖੁਸ਼ੀ ਦੇਖ ਕੇ ਇਹ ਸਪੱਸ਼ਟ ਹੁੰਦਾ ਹੈ ਕਿ ਅਜਿਹੇ ਕਾਰਜ ਵਿਦਿਆਰਥੀਆਂ ਦੇ ਸਮੂਹਕ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਵਾਈਸ ਪ੍ਰਿੰਸੀਪਲ ਬੇਅੰਤ ਕੁਮਾਰ ਨੇ ਕਿਹਾ ਕਿ ਇਹ ਟੂਰ ਸਭ ਲਈ ਇੱਕ ਯਾਦਗਾਰ ਸਾਬਿਤ ਹੋਇਆ।ਇਸ ਸਮੇਂ ਸਮੂਹ ਮੈਨੇਜਮੈਂਟ ਮੈਂਬਰਜ਼, ਪ੍ਰੈਜ਼ੀਡੈਂਟ ਮਨਜੋਤ ਚੌਹਾਨ, ਚੇਅਰਮੈਨ ਬਲਦੇਵ ਬਾਵਾ, ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਛਾਬੜਾ, ਡਾਇਰੈਕਟਰ ਨਵਨੀਤ ਚੌਹਾਨ, ਮੈਨੇਜਰ ਮਨਦੀਪ ਚੌਹਾਨ, ਮੈਨੇਜਿੰਗ ਡਾਇਰੈਕਟਰ ਬਹਾਦੁਰ ਸਿੰਘ ਸਿੱਧੂ ਤੇ ਹਰਜੀਤ ਸਿੰਘ ਸਿੱਧੂ ਯੂ ਐੱਸ ਏ ਹਾਜ਼ਰ ਸਨ।

# ਤਰਨ ਤਾਰਨ ਤੋਂ ਅਕਾਲੀ ਉਮੀਦਵਾਰ ਵੱਡੀ ਲੀਡ ਨਾਲ ਜਿੱਤੇਗਾ : ਅਕਾਲੀ ਆਗੂ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਮਰਜੀਤ ਸਿੰਘ ਮਾਣੂੰਕੇ, ਸਾਬਕਾ ਕੌਂਸਲਰ ਚਰਨਪ੍ਰੀਤ ਸਿੰਘ ਬਰਾੜ, ਲਵਲੀ ਬਾਂਸਲ ਲਧਾਈਕੇ ਵਾਲੇ, ਸ਼ਹਿਰੀ ਪ੍ਰਧਾਨ ਪਵਨ ਢੰਡ, ਰਾਕੇਸ਼ ਜਿੰਦਲ ਤੋਤਾ ਤੇ ਹਰਜਿੰਦਰ ਸਿੰਘ ਪਾਲੀ ਨੇ ਦਾਅਵਾ ਕੀਤਾ ਹੈ ਕਿ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਤਰਨਤਾਰਨ ਤੋਂ ਅਕਾਲੀ ਦਲ ਦਾ ਉਮੀਦਵਾਰ ਵੱਡੀ ਲੀਡ ਨਾਲ ਜਿੱਤ ਦਰਜ ਕਰੇਗਾ।ਉਨ੍ਹਾਂ ਕਿਹਾ ਕਿ ਇਹ ਜਿੱਤ ਨਾ ਕੇਵਲ ਤਰਨਤਾਰਨ ਹਲਕੇ ਵਿਚ ਪਾਰਟੀ ਦੀ ਮਜ਼ਬੂਤ ਪਕੜ ਨੂੰ ਦਰਸਾਏਗੀ, ਸਗੋਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿਚ ਅਕਾਲੀ ਦਲ ਦੀ ਸਰਕਾਰ ਬਣਨ ਦਾ ਮੁੱਢ ਬੰਨ੍ਹੇਗੀ।ਅਕਾਲੀ ਆਗੂਆਂ ਨੇ ਕਿਹਾ ਕਿ ਪਿਛਲੇ ਕੁਝ ਸਾਲਾਂ ਦੌਰਾਨ ਆਮ ਆਦਮੀ ਪਾਰਟੀ ਤੇ ਕਾਂਗਰਸ ਦੋਵੇਂ ਸਰਕਾਰਾਂ ਲੋਕਾਂ ਦੀਆਂ ਉਮੀਦਾਂ 'ਤੇ ਖਰੀਆਂ ਨਹੀਂ ਉਤਰੀਆਂ।ਪੰਜਾਬ ਦੇ ਕਿਸਾਨ, ਮਜ਼ਦੂਰ, ਵਪਾਰੀ ਤੇ ਨੌਜਵਾਨ ਦੁਬਾਰਾ ਸ਼੍ਰੋਮਣੀ ਅਕਾਲੀ ਦਲ ਵੱਲ ਆਸ ਨਾਲ ਦੇਖ ਰਹੇ ਹਨ, ਕਿਉਂਕਿ ਇਹ ਪਾਰਟੀ ਹੀ ਇਕੱਲੀ ਹੈ ਜਿਸ ਨੇ ਸੂਬੇ ਦੀ ਪਛਾਣ, ਧਰਮ ਤੇ ਕਿਸਾਨੀ ਦੀ ਰੱਖਿਆ ਲਈ ਸਦਾ ਅਗਵਾਈ ਕੀਤੀ ਹੈ। ਅਮਰਜੀਤ ਸਿੰਘ ਮਾਣੂੰਕੇ ਨੇ ਕਿਹਾ ਕਿ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਨੂੰ ਮੁੜ ਮਜ਼ਬੂਤ ਕਰਨ ਲਈ ਤਨਦੇਹੀ ਨਾਲ ਮੈਦਾਨੀ ਪੱਧਰ 'ਤੇ ਕੰਮ ਕੀਤਾ ਹੈ।ਉਨ੍ਹਾਂ ਕਿਹਾ ਕਿ ਤਰਨਤਾਰਨ ਦੀ ਧਰਤੀ ਅਕਾਲੀ ਦਲ ਲਈ ਹਮੇਸ਼ਾ ਉਪਜਾਊ ਰਹੀ ਹੈ ਤੇ ਇਸ ਵਾਰ ਵੀ ਲੋਕਾਂ ਦਾ ਮੰਡੇਟ ਪਾਰਟੀ ਦੇ ਹੱਕ ਵਿੱਚ ਹੋਵੇਗਾ।ਚਰਨਪ੍ਰੀਤ ਸਿੰਘ ਬਰਾੜ ਨੇ ਕਿਹਾ ਕਿ ਤਰਨਤਾਰਨ ਦੇ ਵੋਟਰ ਹੁਣ ਤਬਦੀਲੀ ਨਹੀਂ ਸਗੋਂ ਸਥਿਰਤਾ ਚਾਹੁੰਦੇ ਹਨ ਤੇ ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਅਕਾਲੀ ਦਲ ਹੀ ਲੋਕਾਂ ਦੀਆਂ ਅਸਲ ਸਮੱਸਿਆਵਾਂ ਦਾ ਹੱਲ ਦੇ ਸਕਦਾ ਹੈ।

ਲਵਲੀ ਬਾਂਸਲ ਨੇ ਕਿਹਾ ਕਿ ਸੂਬੇ ਵਿੱਚ ਵਪਾਰ ਤੇ ਉਦਯੋਗ ਖਤਮ ਹੋ ਰਹੇ ਹਨ, ਜਦਕਿ ਅਕਾਲੀ ਦਲ ਹੀ ਉਹ ਤਾਕਤ ਹੈ ਜੋ ਪੰਜਾਬ ਨੂੰ ਮੁੜ ਵਿਕਾਸ ਦੇ ਰਾਹ 'ਤੇ ਲਿਆ ਸਕਦੀ ਹੈ।ਪਵਨ ਢੰਡ, ਰਾਕੇਸ਼ ਜਿੰਦਲ ਤੋਤਾ ਅਤੇ ਹਰਜਿੰਦਰ ਸਿੰਘ ਪਾਲੀ ਨੇ ਕਿਹਾ ਕਿ ਤਰਨਤਾਰਨ ਤੋਂ ਅਕਾਲੀ ਉਮੀਦਵਾਰ ਦੀ ਭਾਰੀ ਜਿੱਤ 2027 ਦੀਆਂ ਚੋਣਾਂ ਲਈ ਇਕ ਨਵੀਂ ਸ਼ੁਰੂਆਤ ਸਾਬਤ ਹੋਵੇਗੀ।ਉਨ੍ਹਾਂ ਅੰਤ 'ਚ ਅਪੀਲ ਕੀਤੀ ਕਿ ਉਹ ਇਕ ਵਾਰ ਫਿਰ ਸ਼੍ਰੋਮਣੀ ਅਕਾਲੀ ਦਲ 'ਤੇ ਵਿਸ਼ਵਾਸ ਕਰਦੇ ਹੋਏ ਪਾਰਟੀ ਦੇ ਉਮੀਦਵਾਰ ਨੂੰ ਭਾਰੀ ਬਹੁਮਤ ਨਾਲ ਜਿਤਾਉਣ ਲਈ ਵੋਟ ਜ਼ਰੂਰ ਪਾਉਣ।

# ਥਰਮਲ ਜਥੇਬੰਦੀਆਂ ਵੱਲੋਂ ਇੰਜ. ਹਰੀਸ਼ ਕੁਮਾਰ ਦੀ ਸਸਪੈਨਸ਼ਨ ਤੇ ਇੰਜ. ਹਰਜੀਤ ਸਿੰਘ ਦੀ ਬਰਖ਼ਾਸਤਗੀ ਦੀ ਸਖਤ ਨਿੰਦਾ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਇੰਪਲਾਇਜ਼ ਫੈਡਰੇਸ਼ਨ ਚਾਹਲ ਗਰੁੱਪ ਥਰਮਲ ਪਲਾਂਟ ਲਹਿਰਾ ਮੁਹੱਬਤ ਦੀ ਆਨਲਾਈਨ ਮੀਟਿੰਗ ਪ੍ਰਧਾਨ ਬਲਜੀਤ ਸਿੰਘ ਬਰਾੜ ਦੀ ਰਹਿਨੁਮਾਈ ਹੇਠ ਹੋਈ। ਮੀਟਿੰਗ ਵਿੱਚ ਵਿਦੇਸ਼ ਤੋਂ ਆਨਲਾਈਨ ਗੁਰਸੇਵਕ ਸਿੰਘ ਸੰਧੂ ਸਾਬਕਾ ਪ੍ਰਧਾਨ ਥਰਮਲ ਪਲਾਂਟ ਬਠਿੰਡਾ ਤੇ ਰਜਿੰਦਰ ਸਿੰਘ ਜਨਰਲ ਸਕੱਤਰ ਸ਼ਾਮਲ ਹੋਏ। ਇਸ ਤੋਂ ਇਲਾਵਾ ਸੁਖਵਿੰਦਰ ਸਿੰਘ ਕਿੱਲੀ ਸਾਬਕਾ ਪ੍ਰਧਾਨ ਇੰਪਲਾਇਜ਼ ਯੂਨੀਅਨ, ਲਖਵੰਤ ਸਿੰਘ ਬਾਂਡੀ, ਰਘਬੀਰ ਸਿੰਘ ਸੈਣੀ, ਗੁਰਭੇਜ ਸਿੰਘ, ਕੇਸ਼ਵ ਅਧਿਕਾਰੀ ਆਦਿ ਸ਼ਾਮਲ ਹੋਏ। ਇਸ ਦੌਰਾਨ ਪੰਜਾਬ ਸਰਕਾਰ ਵੱਲੋਂ ਇੰਜ. ਹਰੀਸ਼ ਸ਼ਰਮਾ ਚੀਫ ਇੰਜੀਨੀਅਰ ਥਰਮਲ ਰੂਪਨਗਰ ਨੂੰ ਸਸਪੈਂਡ ਕਰਨ ਤੇ ਇੰਜ. ਹਰਜੀਤ ਸਿੰਘ ਡਾਇਰੈਕਟਰ ਜਨਰੇਸ਼ਨ ਨੂੰ ਥਰਮਲ ਰੂਪਨਗਰ ਦੀ ਬਿਜਲੀ ਉਤਪਾਦਨ ਲਾਗਤ ਗੋਇੰਦਵਾਲ ਥਰਮਲ ਪਲਾਂਟ ਨਾਲੋਂ ਮਹਿੰਗੀ ਪੈਦਾ ਕਰਨ ਦੇ ਬੇ-ਤੁਕੇ ਇਲਜ਼ਾਮ ਲਗਾ ਕੇ ਬਰਖ਼ਾਸਤ ਕਰਨ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ।

ਮੁਲਾਜ਼ਮ ਆਗੂਆਂ ਨੇ ਦੱਸਿਆ ਕਿ ਸ੍ਰੀ ਗੋਇੰਦਵਾਲ ਥਰਮਲ ਪਲਾਂਟ ਦੇ ਯੂਨਿਟ ਥਰਮਲ ਪਲਾਂਟ ਰੂਪਨਗਰ ਨਾਲੋਂ ਵੱਧ ਸਮਰੱਥਾ ਭਾਵ 210 ਮੈਗਾਵਾਟ ਦੇ ਮੁਕਾਬਲੇ 270 ਮੈਗਾਵਾਟ ਦੇ ਹਨ ਤੇ ਗੋਇੰਦਵਾਲ ਥਰਮਲ ਪਲਾਂਟ ਸੁਪਰ ਕਰਿਟੀਕਲ ਤਕਨੀਕ ਦਾ ਨਵਾਂ ਪਲਾਂਟ ਹੈ, ਜਿਸ ਕਰਕੇ ਬਿਜਲੀ ਉਤਪਾਦਨ ਲਾਗਤ ਘੱਟ ਪੈਂਦੀ ਹੈ। ਇਸ ਕਰਕੇ ਹੀ ਪੰਜਾਬ ਸਰਕਾਰ ਵੱਲੋਂ ਪਾਵਰਕਾਮ ਦੇ ਇੰਜੀਨੀਅਰਾਂ ਦੀ ਰਾਏ ਅਨੁਸਾਰ ਇਸ ਥਰਮਲ ਪਲਾਂਟ ਨੂੰ ਪਿਛਲੇ ਸਾਲ ਖਰੀਦਿਆ ਗਿਆ ਸੀ। ਦੂਜੇ ਪਾਸੇ ਥਰਮਲ ਪਲਾਂਟ ਰੂਪਨਗਰ 40 ਸਾਲ ਪੁਰਾਣੀ ਤਕਨੀਕ ਦੇ ਅਧਾਰਤ ਹੈ। 40 ਸਾਲ ਪੁਰਾਣੇ ਥਰਮਲ ਦੀ ਤੁਲਨਾ ਨਵੇਂ ਥਰਮਲ ਪਲਾਂਟ ਨਾਲ ਕਰਨੀ ਟੈਕਨੀਕਲ ਤੌਰ 'ਤੇ ਗਲਤ ਹੈ। ਇਸ ਸਾਲ ਪੈਡੀ ਸੀਜ਼ਨ ਵਿੱਚ ਤਾਪਮਾਨ 50 ਡਿਗਰੀ 'ਤੇ ਪਹੁੰਚ ਜਾਣ ਕਰਕੇ ਬਿਜਲੀ ਦੀ ਡਿਮਾਂਡ 17 ਹਜ਼ਾਰ ਮੈਗਾਵਾਟ ਨੂੰ ਪਾਰ ਕਰ ਗਈ ਸੀ। ਇਸ ਸਮੇਂ ਇਨ੍ਹਾਂ ਯੋਗ ਤੇ ਤਜਰਬੇਕਾਰ ਅਧਿਕਾਰੀਆਂ ਨੇ ਨਿਰਵਿਘਨ ਬਿਜਲੀ ਸਪਲਾਈ ਚਾਲੂ ਰੱਖ ਕੇ ਪੰਜਾਬ ਸਰਕਾਰ ਦੀ ਲਾਜ ਬਚਾਈ, ਨਹੀਂ ਤਾਂ ਹਾਹਾਕਾਰ ਮਚ ਜਾਣੀ ਸੀ, ਪਰ ਪੰਜਾਬ ਸਰਕਾਰ ਇਨ੍ਹਾਂ ਦੀ ਹੌਸਲਾ ਅਫਜ਼ਾਈ ਦੀ ਥਾਂ ਬਰਖ਼ਾਸਤੀ ਵਰਗੇ ਫੁਰਮਾਨ ਜਾਰੀ ਕਰ ਰਹੀ ਹੈ। ਇੰਜ. ਹਰੀਸ਼ ਕੁਮਾਰ ਚੀਫ ਇੰਜੀਨੀਅਰ ਵੱਲੋਂ ਸਾਲ 2023-24 ਵਿੱਚ ਇਸ 40 ਸਾਲ ਪੁਰਾਣੇ ਥਰਮਲ ਪਲਾਂਟ ਨੂੰ ਬਹੁਤ ਘੱਟ ਲਾਗਤ ਨਾਲ ਉਤਪਾਦਨ ਕਰਕੇ 27 ਕਰੋੜ ਦੀ ਬੱਚਤ ਕੀਤੀ ਤਾਂ ਉਸ ਸਮੇਂ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ ਤੇ ਸਾਬਕਾ ਸੀ ਐਮ ਡੀ ਇੰਜ. ਬਲਦੇਵ ਸਿੰਘ ਸਰਾਂ ਨੇ ਚੀਫ ਇੰਜੀਨੀਅਰ ਰੂਪਨਗਰ ਇੰਜ. ਹਰੀਸ਼ ਸਰਮਾ ਦੀ ਸ਼ਲਾਘਾ ਕੀਤੀ ਸੀ। ਬੁਲਾਰਿਆਂ ਨੇ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਥਰਮਲ ਪਲਾਂਟ ਰੂਪਨਗਰ ਵਿਖੇ 800-800 ਮੈਗਾਵਾਟ ਦੇ ਨਵੀ ਤਕਨੀਕ ਦੇ ਯੂਨਿਟ ਲਗਾਉਣ ਦੀ ਮਨਜ਼ੂਰੀ ਦਿੱਤੀ ਹੋਈ ਹੈ। ਇਸ ਕਾਰਜ 'ਤੇ ਬਿਨਾਂ ਦੇਰੀ ਤੋਂ ਕਾਰਵਾਈ ਕਰਨੀ ਬਣਦੀ ਹੈ, ਪਰ ਬਿਜਲੀ ਮੰਤਰੀ ਦਾ ਧਿਆਨ ਇਸ ਪਾਸੇ ਨਹੀਂ ਹੈ, ਜਦਕਿ ਆਮ ਆਦਮੀ ਪਾਰਟੀ ਸਰਕਾਰ ਵਿੱਚ ਆਉਣ ਤੋਂ ਪਹਿਲਾਂ ਇਨ੍ਹਾਂ ਪ੍ਰਾਈਵੇਟ ਥਰਮਲਾਂ ਦੀ ਬਿਜਲੀ ਮਹਿੰਗੀ ਪੈਣ ਵਿਰੁੱਧ ਧਰਨੇ-ਪ੍ਰਦਰਸ਼ਨ ਕਰਦੀ ਸੀ। ਇਸ ਸਮੇਂ ਜਸ਼ਨਦੀਪ ਸਿੰਘ, ਸਤਿੰਦਰ ਸਿੰਘ ਬਿੰਦੀ, ਘਨੱਈਆ ਲਾਲ, ਗੁਰਲਾਲ ਸਿੰਘ ਗਿੱਲ, ਰੁਪਿੰਦਰ ਜੀਤ ਸਿੰਘ, ਅਰੁਣਜੋਤ ਸਿੰਘ, ਗੁਰਦੀਪ ਸਿੰਘ, ਗੁਰਪ੍ਰੀਤ ਸਿੰਘ ਤੇ ਹਰੀਸ਼ ਕੁਮਾਰ ਆਦਿ ਸ਼ਾਮਲ ਸਨ।

## ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਾਇਆ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਇਤਿਹਾਸਿਕ ਗੁਰਦੁਆਰਾ ਜੰਡਸਰ ਸਾਹਿਬ, ਪਿੰਡ ਠੁੱਲੀਵਾਲ (ਬਰਨਾਲਾ) ਵਿਖੇ ਗੁਰਦੁਆਰਾ ਕਮੇਟੀ, ਗ੍ਰਾਮ ਪੰਚਾਇਤ, ਸਮੂਹ ਸੰਗਤਾਂ ਦੇ ਸਹਿਯੋਗ ਨਾਲ ਪ੍ਰੇਮ ਅੱਖਾਂ ਦਾ ਹਸਪਤਾਲ ਵੱਲੋਂ ਅੱਖਾਂ ਦਾ ਮੁਫ਼ਤ ਚੈੱਕਅਪ, ਅਪ੍ਰੇਸ਼ਨ ਕੈਂਪ ਲਾਇਆ ਗਿਆ।ਇਸ ਸਮਾਜ ਸੇਵੀ ਕਾਰਜ ਦੀ ਅਰੰਭਤਾ ਹੈਡ ਗ੍ਰੰਥੀ ਭਾਈ ਪੂਰਨ ਸਿੰਘ ਵਲੋਂ ਅਰਦਾਸ ਬੇਨਤੀ ਕਰਨ ਉਪਰੰਤ ਕੀਤੀ ਗਈ। ਅੱਖਾਂ ਦੇ ਮਾਹਰ ਡਾ. ਰੁਪੇਸ਼ ਸਿੰਗਲਾ ਦੀ ਅਗਵਾਈ ਹੇਠ ਸਹਿਯੋਗੀ ਟੀਮ ਨੇ 600 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕਰਨ ਉਪਰੰਤ ਲੋੜਵੰਦ 50 ਮਰੀਜ਼ਾਂ ਨੂੰ ਲੈਂਜ਼ ਪਾਉਣ ਲਈ ਰੈਫਰ ਕੀਤਾ ਗਿਆ।ਕਮੇਟੀ ਪ੍ਰਧਾਨ ਭਾਈ ਗੁਰਸੇਵਕ ਸਿੰਘ ਦੀ ਅਗਵਾਈ ਹੇਠ ਡਾ. ਰੁਪੇਸ਼ ਸਿੰਗਲਾ, ਡਾ. ਪੱਲਵੀ ਸਿੰਗਲਾ ਅਤੇ ਸਮੂਹ ਟੀਮ ਨੂੰ ਸਨਮਾਨਤ ਕੀਤਾ ਗਿਆ।



## ਸਰਹੱਦੀ ਪਿੰਡਾਂ 'ਚ ਬਲਜੀਤ ਕੌਰ ਬੰਗੜ ਨੇ 250 ਰਸੋਈ ਕਿੱਟਾਂ ਵੰਡੀਆਂ




**ਫ਼ਿਰੋਜ਼ਪੁਰ/ਮਮਦੋਟ (ਗੁਰਬਚਨ ਸਿੰਘ/ਜਸਬੀਰ ਸਿੰਘ ਕੰਬੋਜ)**-ਵਿਧਾਨ ਸਭਾ ਹਲਕਾ ਫਿਰੋਜ਼ਪੁਰ ਦਿਹਾਤੀ ਅਧੀਨ ਆਉਂਦੇ ਪਿੰਡਾਂ ਵਿੱਚ ਕਾਂਗਰਸ ਪਾਰਟੀ ਤੋਂ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਬਲਜੀਤ ਕੌਰ ਬੰਗੜ ਵੱਲੋਂ ਬਾਰਡਰ ਬੈਲਟ ਦੇ ਨੇੜਲੇ ਵੱਖ ਵੱਖ ਪਿੰਡਾਂ 'ਚ 250 ਦੇ ਕਰੀਬ ਰਸੋਈ ਕਿੱਟਾਂ ਵੰਡੀਆਂ ਗਈਆਂ। ਮੀਡੀਆ ਨਾਲ ਗੱਲਬਾਤ ਕਰਦਿਆਂ ਮੈਡਮ ਬਲਜੀਤ ਕੌਰ ਬੰਗੜ ਨੇ ਕਿਹਾ ਕਿ ਹਲਕੇ ਦੇ ਲੋਕਾਂ ਦੀ ਵਿੱਚ ਕਾਂਗਰਸ ਪਾਰਟੀ ਹਰ ਸਮੇਂ ਹਰ ਤਰਾਂ ਦੀ ਮੱਦਦ ਲਈ ਤਿਆਰ ਹੈ, ਜਿਸ ਦੇ ਚੱਲਦੇ ਅੱਜ ਢਾਈ ਸੌ ਦੇ ਕਰੀਬ ਪਰਵਾਰਾਂ ਨੂੰ ਰਸੋਈ ਕਿੱਟਾਂ ਵੰਡੀਆਂ ਗਈਆਂ ਹਨ, ਜਿਨ੍ਹਾਂ ਪਿੰਡਾਂ ਵਿੱਚ ਰਸੋਈ ਕਿੱਟਾਂ ਵੰਡੀਆਂ ਗਈਆਂ, ਉਨ੍ਹਾਂ ਦਾ ਵੇਰਵਾ ਪਿੰਡ ਗਹਿਲਾ ਹਾਜੀ, ਪਿੰਡ ਸੁੰਦਰ ਸਿੰਘ ਝੁੱਗੇ, ਪਿੰਡ ਭੰਬਾ ਹਾਜੀ, ਭੰਬਾ ਹਾਜੀ, ਬਸਤੀ ਮਾਨਾ ਵਾਲੀ ਵਿੱਚ ਰਾਸ਼ਨ ਵੰਡਿਆ ਗਿਆ। ਇਸ ਮੌਕੇ ਬਲਜੀਤ ਕੌਰ ਬੰਗੜ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਫਿਰੋਜ਼ਪੁਰ ਦੇ ਨਾਲ ਸਰਪੰਚ ਚਮਕੌਰ ਸਿੰਘ ਢੀਂਡਸਾ, ਮੁਨੀਸ਼ ਕੁਮਾਰ ਸਲਿਆਣੀ, ਗੋਗੀ ਪਿਆਰੇ ਆਣਾ, ਸਰਪੰਚ ਜਸਵੀਰ ਸਿੰਘ ਕੋਟਲਾ, ਸਰਪੰਚ ਭਗਵੰਤ ਸਿੰਘ ਨਰਾਇਣਗੜ੍ਹ, ਸਰਪੰਚ ਬਲਦੇਵ ਸਿੰਘ ਰੱਤਾ ਖੇੜਾ, ਸਰਪੰਚ ਗੁਰਦਿਆਲ ਸਿੰਘ ਫਿੱਡੇ, ਰਣਜੀਤ ਸਿੰਘ ਰਾਣਾ ਸਰਪੰਚ ਉਗੋਕੇ, ਹਰਚਰਨ ਕੌਰ ਨਰਾਇਣਗੜ੍ਹ ਮਹਿਲਾ ਮੀਤ ਪ੍ਰਧਾਨ, ਪੁਸ਼ਪਿੰਦਰ ਸਿੰਘ ਮਮਦੋਟ ਜ਼ਿਲ੍ਹਾ ਜਰਨਲ ਸੈਕਟਰੀ, ਜਸਪਾਲ ਸਿੰਘ ਬਲਾਕ ਪ੍ਰਧਾਨ ਯੂਥ ਕਾਂਗਰਸ ਮਮਦੋਟ, ਪਰਮਜੀਤ ਸਿੰਘ ਜਮਾਂ ਰਖਾਈਆਂ, ਕੁਲਵੰਤ ਸਿੰਘ ਬਸਤੀ ਗੁਲਾਬ ਸਿੰਘ ਵਾਲੀ, ਬਗੀਚਾ ਸਿੰਘ ਵਜੀਦਪੁਰ, ਮਨਜੀਤ ਸਿੰਘ ਵਜੀਦਪੁਰ, ਗੁਰਬਚਨ ਸਿੰਘ ਕਾਲਾ ਟਿੱਬਾ ਬਲਾਕ ਪ੍ਰਧਾਨ ਮਮਦੋਟ ਆਦਿ ਹਾਜ਼ਰ ਸਨ।

## ਕੈਬਨਿਟ ਮੰਤਰੀ ਖੁੱਡੀਆਂ ਨੇ ਰੱਤਾਟਿੱਬਾ 'ਚ ਮਾਲੀ ਸਹਾਇਤਾ ਦੇ ਸੈਂਕਸ਼ਨ ਪੱਤਰ ਦਿੱਤੇ



**ਲੰਬੀ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਓਮ ਪ੍ਰਕਾਸ਼ ਸ਼ੇਖੂ)**-ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਪਿਛਲੇ ਦਿਨੀਂ ਹੋਈ ਭਾਰੀ ਬਾਰਿਸ਼ ਨਾਲ ਪ੍ਰਭਾਵਿਤ ਲੰਬੀ ਹਲਕੇ ਦੇ ਪਿੰਡ ਰੱਤਾਟਿੱਬਾ ਦੇ 256 ਪਰਵਾਰਾਂ ਨੂੰ ਘਰਾਂ ਦੇ ਹੋਏ ਨੁਕਸਾਨ ਲਈ ਮਾਲੀ ਸਹਾਇਤਾ ਸਬੰਧੀ ਸੈਂਕਸ਼ਨ ਪੱਤਰ ਤਕਸੀਮ ਕੀਤੇ ਗਏ। ਕੈਬਨਿਟ ਮੰਤਰੀ ਨੇ ਦੱਸਿਆ ਕਿ ਪਿਛਲੀ ਦਿਨੀਂ ਹੋਈ ਭਾਰੀ ਬਾਰਿਸ਼ ਦੌਰਾਨ ਲੋਕਾਂ ਦਾ ਬਹੁਤ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਕਿ ਵੱਖ-ਵੱਖ ਪਿੰਡਾਂ 'ਚ ਕਈ ਘਰਾਂ ਦੀਆਂ ਛੱਤਾਂ ਡਿੱਗੀਆਂ ਹਨ ਤੇ ਹੋਰ ਵੀ ਨੁਕਸਾਨ ਹੋਇਆ ਹੈ।ਇਸ ਸਬੰਧੀ ਉਨ੍ਹਾਂ ਪਿੰਡ ਰੱਤਾਟਿੱਬਾ ਦੇ ਪਰਵਾਰਾਂ ਨੂੰ ਨੁਕਸਾਨੇ ਘਰਾਂ ਲਈ ਮਾਲੀ ਸਹਾਇਤਾ ਸਬੰਧੀ ਸੈਂਕਸ਼ਨ ਪੱਤਰ ਦਿੱਤੇ ਹਨ।ਇਸ ਮੌਕੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਸਮੂਹ ਪਿੰਡ ਨਿਵਾਸੀਆਂ ਨੂੰ ਵਿਸ਼ਵਾਸ ਦਿਵਾਉਂਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਭਵਿੱਖ ਵਿੱਚ ਵੀ ਉਨ੍ਹਾਂ ਨੂੰ ਜੇਕਰ ਕਿਸੇ ਤਰ੍ਹਾਂ ਦੀ ਕੋਈ ਸਮੱਸਿਆ ਆਉਂਦੀ ਹੈ ਤਾਂ ਉਨ੍ਹਾਂ ਵੱਲੋਂ ਹਰ ਸੰਭਵ ਮਦਦ ਮੁੱਹਈਆ ਕਰਵਾਈ ਜਾਵੇਗੀ।ਇਸ ਮੌਕੇ ਨਿੱਜੀ ਸਹਾਇਕ ਟੋਨੀ ਭੱਟੀ, ਪੰਚਾਇਤ ਮੈਂਬਰ ਤੇ ਪਤਵੰਤੇ ਹਾਜ਼ਰ ਸਨ।

## ਐੱਸ.ਟੀ.ਪੀ. ਪਲਾਂਟ ਲਈ ਜ਼ਮੀਨ ਖਰੀਦਣ ਦਾ ਰੇੜਕਾ ਮੁੱਕਿਆ : ਤਾਇਲ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਸ਼ਹਿਰ ਧੂਰੀ ਵਿੱਚ ਦੌਲਤਪੁਰ ਰੋਡ 'ਤੇ ਸਥਾਪਤ ਕੀਤੇ ਜਾਣ ਵਾਲੇ ਐੱਸ.ਟੀ.ਪੀ. (ਸੀਵਰੇਜ ਟ੍ਰੀਟਮੈਂਟ ਪਲਾਂਟ) ਲਈ ਜ਼ਮੀਨ ਖ੍ਰੀਦਣ ਦਾ ਰੇੜਕਾ ਹੁਣ ਮੁੱਕ ਗਿਆ ਹੈ।ਪੰਜਾਬ ਦੇ ਮੁੱਖ ਮੰਤਰੀ ਤੇ ਹਲਕਾ ਵਿਧਾਨਕਾਰ ਭਗਵੰਤ ਮਾਨ ਵੱਲੋਂ ਧੂਰੀ ਹਲਕੇ ਦੇ ਚੁਫੇਰਿਓਂ ਵਿਕਾਸ ਦੀਆਂ ਯੋਜਨਾਵਾਂ ਤਹਿਤ ਨਗਰ ਕੌਂਸਲ ਧੂਰੀ ਦੇ ਸਮੂਹ ਮੈਂਬਰਾਂ ਦੀ ਕੱਲ੍ਹ ਹੋਈ ਮੀਟਿੰਗ ਦੌਰਾਨ ਦੌਲਤਪੁਰ ਰੋਡ 'ਤੇ ਐੱਸ.ਟੀ.ਪੀ. ਪਲਾਂਟ ਸਥਾਪਤ ਕਰਨ ਲਈ ਜ਼ਮੀਨ ਖ੍ਰੀਦਣ ਤੇ ਸ਼ਹਿਰ ਦੇ ਵਾਰਡ ਨੰਬਰ 12 ਵਿੱਚ ਆਮ ਆਦਮੀ ਕਲੀਨਿਕ ਸਥਾਪਤ ਕਰਨ ਦੀ ਵੀ ਪ੍ਰਵਾਨਗੀ ਦੇ ਦਿੱਤੀ ਗਈ।ਨਗਰ ਕੌਂਸਲ ਦੀ ਪ੍ਰਧਾਨ ਸ੍ਰੀਮਤੀ ਪੁਸ਼ਪਾ ਰਾਣੀ ਤਾਇਲ ਨੇ ਦੱਸਿਆ ਕਿ ਐੱਸ.ਟੀ.ਪੀ. ਪਲਾਂਟ ਦੀ ਸਥਾਪਨਾ ਨਾਲ ਸ਼ਹਿਰ ਦਾ ਗੰਦਾ ਪਾਣੀ ਸਾਫ਼ ਹੋਵੇਗਾ ਤੇ ਵਾਤਾਵਰਣ ਪ੍ਰਦੂਸ਼ਣ ਵਿੱਚ ਕਮੀ ਆਵੇਗੀ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਧੂਰੀ ਸ਼ਹਿਰ ਲਈ ਇੱਕ ਮਹੱਤਵਪੂਰਣ ਵਿਕਾਸੀ ਕਦਮ ਹੈ, ਜਿਸ ਨਾਲ ਸਿਹਤਮੰਦ ਤੇ ਸਾਫ਼-ਸੁਥਰਾ ਵਾਤਾਵਰਣ ਬਣੇਗਾ।ਉਨ੍ਹਾਂ ਇਹ ਵੀ ਜਾਣਕਾਰੀ ਦਿੱਤੀ ਕਿ ਵਾਰਡ ਨੰਬਰ 12 ਵਿੱਚ ਆਮ ਆਦਮੀ ਕਲੀਨਿਕ ਸਥਾਪਤ ਕਰਨ ਦੀ ਪ੍ਰਵਾਨਗੀ ਨਾਲ ਲੋਕਾਂ ਨੂੰ ਘਰ ਦੇ ਨੇੜੇ ਹੀ ਮੁਫ਼ਤ ਤੇ ਉੱਚ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਮਿਲਣਗੀਆਂ।ਇਹ ਕਲੀਨਿਕ ਸ਼ਹਿਰ ਦੇ ਆਮ ਲੋਕਾਂ ਲਈ ਬਹੁਤ ਹੀ ਲਾਭਕਾਰੀ ਸਾਬਤ ਹੋਵੇਗੀ।ਉਨ੍ਹਾ ਪੰਜਾਬ ਦੇ ਮੁੱਖ ਮੰਤਰੀ ਤੇ ਹਲਕਾ ਵਿਧਾਇਕ ਭਗਵੰਤ ਮਾਨ ਦਾ ਧੰਨਵਾਦ ਕੀਤਾ ਕਿ ਉਨ੍ਹਾਂ ਵੱਲੋਂ ਧੂਰੀ ਦੇ ਵਿਕਾਸ ਲਈ ਦਿਲ ਖੋਲ੍ਹ ਕੇ ਗਰਾਂਟਾਂ ਜਾਰੀ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸ਼ਹਿਰ ਦੇ ਹਰ ਖੇਤਰ ਦੇ ਵਿਕਾਸ ਲਈ ਵਚਨਬੱਧ ਹੈ।

## ਈ ਸੀ ਐੱਚ ਐੱਸ ਤੇ ਸੀਐੱਸਡੀ ਕੰਟੀਨਾਂ 'ਚ ਸਾਬਕਾ ਸੈਨਿਕਾਂ ਨੂੰ ਕੀਤਾ ਜਾਵੇ ਨਿਯੁਕਤ : ਕੈਪਟਨ ਅਵਤਾਰ ਸਿੰਘ



**ਸ਼ੇਰਪੁਰ (ਰਵੀ ਟਿੱਬਾ)**-ਭਾਰਤੀਆ ਸਾਬਕਾ ਸੈਨਿਕ ਲੀਗ (ਪੰਜਾਬ ਤੇ ਚੰਡੀਗੜ੍ਹ) ਬਲਾਕ ਸ਼ੇਰਪੁਰ ਦੀ ਮਹੀਨਾਵਾਰ ਇਕੱਤਰਤਾ ਸੀਨੀਅਰ ਸਿਟੀਜਨ ਕੈਪਟਨ ਬੁੱਧ ਸਿੰਘ ਦੀ ਅਗਵਾਈ ਹੇਠ ਲੀਗ ਦਫਤਰ ਪੁਰਾਣੀ ਤਹਿਸੀਲ ਵਿਖੇ ਹੋਈ।ਇਸ ਵਿੱਚ ਲੀਗ ਪ੍ਰਧਾਨ ਸੂਬੇਦਾਰ ਮੇਜਰ ਹਰਜੀਤ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਸਭ ਤੋਂ ਪਹਿਲਾਂ ਲੀਗ ਦੇ ਮੈਂਬਰ ਨਾਇਬ ਸੂਬੇਦਾਰ ਵਿਸ਼ਨੂ ਭਗਵਾਨ ਦੇ ਪਿਤਾ ਭੀਮ ਸੈਨ ਦੀ ਬੇ-ਵਕਤੀ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਸ਼ਰਧਾਂਜਲੀ ਭੇਟ ਕੀਤੀ ਗਈ। ਉਪਰੰਤ ਸਾਬਕਾ ਸੈਨਿਕਾਂ ਨਾਲ ਮਹੀਨੇ ਭਰ ਦੀਆਂ ਗਤੀਵਿਧੀਆਂ 'ਤੇ ਚਰਚਾ ਕੀਤੀ ਤੇ ਸੈਨਿਕਾਂ ਦੀਆਂ ਸਮੱਸਿਆਵਾਂ ਸੁਣੀਆਂ।ਸੈਨਿਕ ਆਗੂ ਸੂਬੇਦਾਰ ਮੇਜਰ ਹਰਜੀਤ ਸਿੰਘ ਨੇ ਬਲਾਕ ਦੇ ਸਮੂਹ ਸਾਬਕਾ ਸੈਨਿਕਾਂ ਨੂੰ ਹਰ ਮਹੀਨੇ 8 ਤਰੀਖ਼ ਨੂੰ ਹੁੰਦੀ ਮੀਟਿੰਗ ਵਿੱਚ ਸ਼ਾਮਲ ਹੋਣ ਲਈ ਅਪੀਲ ਕੀਤੀ।ਕੈਪਟਨ ਅਵਤਾਰ ਸਿੰਘ ਟਿੱਬਾ ਨੇ ਕਿਹਾ ਕਿ ਸੈਨਿਕ ਸੰਸਥਾਵਾਂ ਈਸੀਐੱਚਐੱਸ ਤੇ ਸੀਐੱਸਡੀ ਕੰਟੀਨਾਂ ਉੱਤੇ ਸਾਬਕਾ ਸੈਨਿਕਾਂ ਨੂੰ ਨਿਯੁਕਤ ਕੀਤਾ ਜਾਵੇ, ਜਿਸ ਨਾਲ ਕਾਫੀ ਸੁਧਾਰ ਵੀ ਹੋਵੇਗਾ ਤੇ ਸੈਨਿਕਾਂ ਦਾ ਮਾਨ-ਸਨਮਾਨ ਵੀ ਵਧੇਗਾ।ਸਾਬਕਾ ਸੈਨਿਕਾਂ ਨੇ 8ਵੇਂ ਪੇਅ ਕਮਿਸ਼ਨ ਸਬੰਧੀ ਸਰਕਾਰੀ ਤੌਰ 'ਤੇ ਸਮੇਂ-ਸਮੇਂ ਜਾਣਕਾਰੀ ਦੇਣ ਦੀ ਅਪੀਲ ਵੀ ਕੀਤੀ।ਅਖ਼ੀਰ ਵਿੱਚ 26 ਜਨਵਰੀ ਮੌਕੇ ਸਮਾਗਮ ਕਰਵਾਉਣ ਸਬੰਧੀ ਮਤਾ ਪਾਇਆ ਗਿਆ।ਮੀਟਿੰਗ ਦੌਰਾਨ ਜੇਸਟਿਮਾ ਕੰਪਨੀ ਵੱਲੋਂ ਪੁੱਜੇ ਸੂਬੇਦਾਰ ਕਮਲਜੀਤ ਸਿੰਘ ਬਰਨਾਲਾ, ਪਵਿੱਤਰ ਸਿੰਘ ਛੀਨੀਵਾਲ ਕਲਾਂ, ਕਮਲਜੀਤ ਕੌਰ ਚੁਹਾਣਕੇ ਵੱਲੋਂ ਸੈਨਿਕਾਂ ਨੂੰ ਸਿਹਤ ਸਬੰਧੀ ਦਵਾਈਆਂ ਬਾਰੇ ਜਾਣਕਾਰੀ ਦਿੱਤੀ ਗਈ।

## ਸਮਾਜਸੇਵੀ ਸ਼ਿਵਲੀ ਦੇ ਜਨਮ ਦਿਨ ਮੌਕੇ ਖ਼ੂਨਦਾਨ ਕੈਂਪ ਲਗਾਇਆ



**ਸਮਰਾਲਾ (ਸੁਰਜੀਤ ਸਿੰਘ)**-ਮਾਛੀਵਾੜਾ ਸਾਹਿਬ ਸੋਸ਼ਲ ਵੈੱਲਫੇਅਰ ਸੁਸਾਇਟੀ (ਐੱਨ.ਜੀ.ਓ.) ਵੱਲੋਂ ਪ੍ਰਧਾਨ ਸ਼ਿਵ ਕੁਮਾਰ ਸ਼ਿਵਲੀ ਦੇ ਜਨਮ ਦਿਨ ਮੌਕੇ ਮਾਛੀਵਾੜਾ ਸਾਹਿਬ ਵਿਖੇ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿੱਚ ਕਰਨ ਹਸਪਤਾਲ ਸਮਰਾਲਾ ਦੇ ਬਲੱਡ ਸੈਂਟਰ ਵੱਲੋਂ 105 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ।ਇਸ ਮੌਕੇ ਪੁੱਜੇ ਸਾਬਕਾ ਵਿਧਾਨਕਾਰ ਜਗਜੀਵਨ ਸਿੰਘ ਖੀਰਨੀਆਂ, ਪੰਜਾਬ ਰਾਜ ਮਹਿਲਾ ਕਮਿਸ਼ਨ ਮੈਂਬਰ ਅੰਮ੍ਰਿਤ ਪੁਰੀ, ਭਾਜਪਾ ਆਗੂ ਆਸ਼ੂ ਸ਼ਰਮਾ, ਨਾਟਕਕਾਰ ਤੇ ਨਿਰਦੇਸ਼ਕ ਰਾਜਵਿੰਦਰ ਸਮਰਾਲਾ, ਡਾ. ਬਲਬੀਰ ਸਿੰਘ, ਡਾ. ਨਵਰੀਤ ਕੌਰ ਮਾਂਗਟ, ਡਾ. ਰਾਵੀ ਕੌਸ਼ਲ ਵਿਸ਼ੇਸ਼ ਤੌਰ 'ਤੇ ਪੁੱਜੇ, ਜਿਨ੍ਹਾਂ ਵੱਲੋਂ ਇਸ ਨੇਕ ਕਾਰਜ ਦੀ ਸ਼ਲਾਘਾ ਕੀਤੀ ਗਈ ਤੇ ਹੋਰ ਲੋਕਾਂ ਨੂੰ ਵੀ ਅਪੀਲ ਕੀਤੀ ਗਈ ਕਿ ਉਨ੍ਹਾਂ ਨੂੰ ਆਪਣੇ ਖੁਸ਼ੀ ਦੇ ਦਿਹਾੜੇ ਅਜਿਹੇ ਸਮਾਜਸੇਵੀ ਕਾਰਜਾਂ ਨਾਲ ਹੀ ਮਨਾਉਣੇ ਚਾਹੀਦੇ ਹਨ।ਉਨ੍ਹਾਂ ਕਿਹਾ ਕਿ ਪ੍ਰਧਾਨ ਸ਼ਿਵ ਕੁਮਾਰ ਸ਼ਿਵਲੀ ਜਿੱਥੇ ਖ਼ੂਨਦਾਨ ਕੈਂਪਾਂ ਦਾ ਆਯੋਜਨ ਕਰਦੇ ਹਨ, ਉੱਥੇ ਹੀ ਮੈਡੀਕਲ ਕੈਂਪ, ਅੱਖਾਂ ਦੇ ਚੈੱਕਅਪ ਕੈਂਪ, ਨਸ਼ਿਆਂ ਵਿਰੁੱਧ ਸੈਮੀਨਾਰ ਆਦਿ ਵਿੱਚ ਵੀ ਮੋਹਰੀ ਭੂਮਿਕਾ ਨਿਭਾਉਂਦੇ ਹਨ।ਸਮਾਜਸੇਵੀ ਸ਼ਿਵਲੀ ਨੂੰ ਜਨਮ ਦਿਨ ਦੀ ਵਧਾਈ ਦੇਣ ਆਏ 105 ਖ਼ੂਨਦਾਨੀਆਂ ਨੇ ਖ਼ੂਨ ਦਾ ਦਾਨ ਕਰਕੇ ਬੇਸ਼ਕੀਮਤੀ ਜਾਨਾਂ ਬਚਾਉਣ ਲਈ ਆਪਣਾ ਯੋਗਦਾਨ ਦਿੱਤਾ।ਇਸ ਕੈਂਪ ਵਿੱਚ ਸਮਾਜਸੇਵੀ ਕਾਰਜਾਂ 'ਚ ਮੋਹਰੀ ਤੇ ਪੱਤਰਕਾਰ ਅੰਮ੍ਰਿਤਪਾਲ ਸਮਰਾਲਾ ਨੇ 71ਵੀਂ ਵਾਰ ਖ਼ੂਨ ਦਾ ਦਾਨ ਕਰਕੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਖ਼ੂਨ ਦਾ ਦਾਨ ਜ਼ਰੂਰ ਕਰਿਆ ਕਰਨ, ਕਿਉਂਕਿ ਇਹੀ ਦਾਨ ਸਭ ਤੋਂ ਉੱਤਮ ਦਾਨ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਿੰ. ਡੀ. ਡੀ. ਵਰਮਾ, ਪ੍ਰਿੰ. ਦਰਸ਼ਨ ਲਾਲ ਜੈਨ, ਪ੍ਰਿੰ. ਨਿਰੰਜਣ ਕੁਮਾਰ, ਹਰਜਤਿੰਦਰ ਸਿੰਘ ਬਾਜਵਾ, ਜਸਪਾਲ ਸਿੰਘ ਜੱਜ, ਮੈਨੇਜਰ ਜਸਵੀਰ ਸਿੰਘ ਮੰਗਲੀ, ਪ੍ਰੋ. ਬਲਦੀਪ ਕੌਰ, ਸਰਪੰਚ ਪਰਮਜੀਤ ਕੌਰ ਸੈਣੀ, ਨਰਿੰਦਰਪਾਲ ਸਿੰਘ ਅਡਿਆਣਾ, ਜਗਤਾਰ ਸਿੰਘ ਜੱਸੋਵਾਲ, ਡਾ. ਅਰਸ਼ਦੀਪ ਸਿੰਘ, ਦੀਪਕ ਚੰਦੇਲ, ਜਗਰੂਪ ਮਾਨ, ਹਰਪ੍ਰੀਤ ਸਿੰਘ ਕੈਲੇ ਆਦਿ ਨੇ ਸ਼ਿਰਕਤ ਕੀਤੀ।ਅੰਤ ਵਿੱਚ ਪ੍ਰਧਾਨ ਸ਼ਿਵ ਕੁਮਾਰ ਸ਼ਿਵਲੀ ਤੇ ਐੱਨ.ਜੀ.ਓ. ਮੈਂਬਰ ਜਗਦੀਸ਼ ਕੁਮਾਰ ਜੱਸੀ ਤੇ ਪਰਮਦੀਪਪਾਲ ਸਿੰਘ ਸਰਾਓ ਨੇ ਖ਼ੂਨਦਾਨੀਆਂ ਤੇ ਪਤਵੰਤਿਆਂ ਦਾ ਧੰਨਵਾਦ ਕੀਤਾ।

10- Nov - Page - 7.qxd 11/9/2025 10:23 PM Page 1



## ਮਾਤਾ ਸਾਹਿਬ ਕੌਰ ਦਾ ਪ੍ਰਕਾਸ਼ ਦਿਹਾੜਾ ਸ਼ਰਧਾ ਪੂਰਵਕ ਮਨਾਇਆ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਗੁਰਦੁਆਰਾ ਮਾਤਾ ਸਾਹਿਬ ਕੌਰ ਜੀ ਪੱਤੀ ਧੁੰਨੀ ਕੀ ਜੰਡਿਆਲਾ ਦੀ ਸੰਗਤ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਮਾਤਾ ਸਾਹਿਬ ਕੌਰ ਦਾ ਪ੍ਰਕਾਸ਼ ਦਿਹਾੜਾ ਸ਼ਰਧਾ ਪੂਰਵਕ ਮਨਾਇਆ ਗਿਆ।ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਜਾਏ ਗਏ ਦੀਵਾਨਾਂ ਵਿੱਚ ਭਾਈ ਮਨਜੀਤ ਸਿੰਘ ਦੇ ਕੀਰਤਨੀ ਜੱਥੇ ਨੇ ਇਲਾਹੀ ਬਾਣੀ ਦਾ ਕੀਰਤਨ ਕੀਤਾ। ਪੰਥ ਪ੍ਰਸਿੱਧ ਗਿਆਨੀ ਜਗਤਾਰ ਸਿੰਘ ਤੁਗਲ ਦੇ ਜਥੇ ਨੇ ਮਾਤਾ ਸਾਹਿਬ ਕੌਰ ਜੀ ਦੇ ਜੀਵਨ ਨਾਲ ਸਬੰਧਤ ਵਿਚਾਰਾਂ ਪੇਸ਼ ਕੀਤਾ। ਪ੍ਰਧਾਨ ਜਥੇਦਾਰ ਬਲਰਾਜ ਸਿੰਘ ਦੀ ਅਗਵਾਈ ਹੇਠ ਹੋਏ ਸਮਾਗਮਾਂ ਮੌਕੇ ਸਟੇਜ ਸਕੱਤਰ ਦੇ ਫਰਜ਼ ਵੀਰ ਸੁਖਵਿੰਦਰ ਸਿੰਘ ਹੋਰਾਂ ਵੱਲੋਂ ਨਿਭਾਏ ਗਏ। ਛੋਟੇ ਬੱਚਿਆਂ ਵੱਲੋਂ ਵੀ ਧਾਰਮਿਕ ਕਵਿਤਾਵਾਂ ਪੇਸ਼ ਕੀਤੀਆਂ ਗਈਆਂ। ਆਈਆਂ ਸੰਗਤਾਂ ਦਾ ਚਾਹ ਪਕੌੜੇ ਅਤੇ ਗੁਰੂ ਕੇ ਲੰਗਰ ਨਾਲ ਵਰਤਾਏ ਗਏ। ਇਸ ਮੌਕੇ ਸੁਰਜੀਤ ਸਿੰਘ ਸਿੰਘੜਾ, ਜਸਕਰਨ ਸਿੰਘ ਦੇਵੋਂ ਸਾਬਕਾ ਪ੍ਰਧਾਨ,ਜੰਗਾ ਸਿੰਘ ਖਜਾਨਚੀ, ਸੁਖਬੀਰ ਸਿੰਘ ਸਾਬਕਾ ਪੰਚ, ਮੁਨੀਸ਼ ਕੁਮਾਰ ,ਤਜਿੰਦਰ ਸਿੰਘ, ਨਰਿੰਦਰ ਸਿੰਘ, ਪਵਿੱਤਰ ਸਿੰਘ, ਦਵਿੰਦਰ ਸਿੰਘ ਜੌਹਲ ਆਦਿ ਵੀ ਹਾਜ਼ਰ ਸਨ।

## ਜੀ ਟੀ ਯੂ ਦੀ ਜਨਰਲ ਕੌਂਸਲ ਦਾ ਦੂਜਾ ਸੂਬਾਈ ਇਜਲਾਸ ਸੰਪਨ



**ਜਲੰਧਰ (ਰਾਜੇਸ਼ ਥਾਪਾ)**-ਜਲੰਧਰ ਦੇ ਦੇਸ਼ ਭਗਤ ਯਾਦਗਾਰ ਹਾਲ ਵਿੱਚ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੀ 17ਵੀਂ ਜਨਰਲ ਕੌਂਸਲ ਦਾ ਦੂਜਾ ਸੂਬਾਈ ਇਜਲਾਸ ਸੰਪਨ ਹੋਇਆ। ਇਸ ਇਜਲਾਸ ਵਿੱਚ ਜੀ ਟੀ ਯੂ ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਤੋਂ ਬਲਾਕ ਪ੍ਰਧਾਨ ਅਤੇ ਜ਼ਿਲ੍ਹਾ ਆਗੂਆਂ ਨੇ ਸ਼ਮੂਲੀਅਤ ਕੀਤੀ। ਸਭ ਤੋਂ ਪਹਿਲੋਂ ਝੰਡੇ ਦੀ ਰਸਮ ਕੀਤੀ ਗਈ ਅਤੇ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ ਨੇ ਝੰਡਾ ਲਹਿਰਾਇਆ। ਜਨਰਲ ਕੌਂਸਲ ਦੇ ਅਜਲਾਸ ਦੇ ਸ਼ੁਰੂਆਤ ਸਮੇਂ ਵਿਛੜੇ ਸਾਥੀਆਂ ਦੇ ਸ਼ੋਕ ਮਤੇ ਪੇਸ਼ ਕੀਤੇ ਗਏ। ਇਸ ਤੋਂ ਬਾਅਦ ਜੀ ਟੀ ਯੂ ਪੰਜਾਬ ਦੇ ਸਾਬਕਾ ਆਗੂ ਹਰਕੰਵਲ ਸਿੰਘ ਨੇ ਜਨਰਲ ਕੌਂਸਲ ਦਾ ਉਦਘਾਟਨ ਕਰਦਿਆਂ ਜੀ ਟੀ ਯੂ ਪੰਜਾਬ ਦੇ ਸੰਘਰਸ਼ੀ ਇਤਿਹਾਸ ਤੇ ਚਾਨਣਾ ਪਾਇਆ। ਜੀ ਟੀ ਯੂ ਪੰਜਾਬ ਵੱਲੋਂ ਆਪਣੇ ਮੰਗ ਪੱਤਰ ਦਾ ਖਰੜਾ ਦੱਸਦੇ ਹੋਏ ਕਿਹਾ ਕਿ ਜੀ ਟੀ ਯੂ ਪੰਜਾਬ ਮੰਗ ਕਰਦੀ ਹੈ ਕਿ ਕੌਮੀ ਸਿੱਖਿਆ ਨੀਤੀ 2020 ਨੂੰ ਰੱਦ ਕੀਤਾ ਜਾਵੇ ਅਤੇ ਪੰਜਾਬ ਦੀ ਆਪਣੀ ਸਿੱਖਿਆ ਨੀਤੀ ਬਣਾਈ ਜਾਵੇ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, ਕੰਪਿਊਟਰ ਅਧਿਆਪਕਾਂ, ਮੈਰੀਟੋਰੀਅਸ ਅਧਿਆਪਕਾਂ ਆਦਿ ਮੰਗਾਂ ਨੂੰ ਜ਼ੋਰਦਾਰ ਢੰਗ ਨਾਲ ਉਠਾਇਆ ਗਿਆ। ਰਿਪੋਰਟ ਤੇ ਡੈਲੀਗੇਟਾਂ ਦੇ ਸੁਝਾਵ ਦੇਣ ਤੋਂ ਬਾਅਦ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ ਵੱਲੋਂ ਦਿੱਤੇ ਗਏ ਸੁਝਾਵਾਂ ਨੂੰ ਸਰਬ ਸੰਮਤੀ ਨਾਲ ਪਾਸ ਕਰਵਾਇਆ ਗਿਆ ਅਤੇ ਮੰਗ ਪੱਤਰ ਦਾ ਹਿੱਸਾ ਬਣਾਇਆ ਗਿਆ। ਇਸ ਮੌਕੇ ਸਰਬ ਸੰਮਤੀ ਨਾਲ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿੱਚ ਕੇਂਦਰ ਦੀ ਦਖਲ ਅੰਦਾਜ਼ੀ ਬੰਦ ਕੀਤੀ ਜਾਵੇ ਅਤੇ ਸੈਨੇਟ ਚੋਣਾਂ ਤੁਰੰਤ ਕਰਵਾਈਆਂ ਜਾਣ ਆਦਿ ਮਤੇ ਪਾਸ ਕੀਤੇ ਗਏ।ਜੀ ਟੀ ਯੂ ਪੰਜਾਬ ਦੀ ਜਨਰਲ ਕੌਂਸਲ ਨੇ 13 ਦਸੰਬਰ ਨੂੰ ਮੰਗ ਪੱਤਰ 'ਚ ਦਰਜ ਮੰਗਾਂ ਮਨਾਉਣ ਲਈ ਸਿੱਖਿਆ ਮੰਤਰੀ ਦੇ ਹਲਕੇ ਅਨੰਦਪੁਰ ਸਾਹਿਬ ਵਿਖੇ ਸੂਬਾ ਪੱਧਰੀ ਰੋਸ ਰੈਲੀ ਕਰਨ ਦਾ ਫੈਸਲਾ ਕੀਤਾ ਗਿਆ। ਇਸ ਸਮੇਂ ਅਮਨਦੀਪ ਸ਼ਰਮਾ, ਤੀਰਥ ਸਿੰਘ ਬਾਸੀ, ਕੁਲਦੀਪ ਪੁਰੋਵਾਲ ਆਦਿ ਹਾਜ਼ਰ ਸਨ।

## ਧਨੋਆ ਪਿੰਡ ਤੋਂ ਅੱਜ ਸਜਾਇਆ ਜਾਵੇਗਾ ਨਗਰ ਕੀਰਤਨ

### ਸੰਤ ਸੀਚੇਵਾਲ ਦੇਣਗੇ ਵਾਤਾਵਰਣ ਦਾ ਸੁਨੇਹਾ



**ਟਾਂਡਾ ਉੜਮੁੜ (ਜਸਵਿੰਦਰ ਸਿੰਘ ਓਕਾਰ ਸਿੰਘ)**-ਸ੍ਰੀ ਗੁਰੂ ਨਾਨਕ ਦੇਵ ਜੀ ਦੇ 556ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਵਾਂ ਰਹਾ ਨਗਰ ਕੀਰਤਨ ਅੱਜ ਹੁਸ਼ਿਆਰਪੁਰ ਦੇ ਪਿੰਡ ਧਨੋਆ ਤੋਂ ਸਜਾਇਆ ਜਾਵੇਗਾ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਛਤਰਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਸਜਾਏ ਜਾ ਰਹੇ ਇਸ ਨਗਰ ਕੀਰਤਨ ਵਿੱਚ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਸੰਗਤਾਂ ਨੂੰ ਇਲਾਹੀ ਗੁਰਬਾਣੀ ਨਾਲ ਜੋੜਨਗੇ।ਇਹ ਨਗਰ ਕੀਰਤਨ ਸਵੇਰੇ 8 ਵਜੇ ਪਿੰਡ ਧਨੋਆ ਦੇ ਗੁਰੂਘਰ ਤੋਂ ਸ਼ੁਰੂ ਹੋ ਕੇ ਹਿੰਮਤਪੁਰ, ਸ਼ਤਾਬਕੋਟ, ਵਧਾਈਆਂ, ਟੇਰਕਿਆਣਾ, ਛੁਰੀਆਂ, ਨਹਿਰ ਪੁੱਲ, ਬਾਹੋਵਾਲ, ਬੋਹਾਪੁਰ, ਭੋਜੋਵਾਲ, ਖੋਖਰਾ, ਜੈਤੋਵਾਲ, ਘਸੀਆ, ਬੁੱਧੋਬਰਕਤ, ਛੋਟੀਆਂ, ਗਾਲੋਂਵਾਲ ਨਵਾਂ ਅਤੇ ਗਾਲੋਂਵਾਲ ਪੁਰਾਣਾ ਤੋਂ ਹੁੰਦਾ ਹੋਇਆ ਸ਼ਾਮ ਸਮੇਂ ਵਾਪਸੀ ਦੇ ਪਵਿੱਤਰ ਵੇਂਈਂ ਸਥਿਤ ਨਿਰਮਲ ਕੁਟੀਆ ਗਾਲੋਂਵਾਲ ਵਿਖੇ ਸਮਾਪਤ ਹੋਵੇਗਾ।ਨਗਰ ਕੀਰਤਨ ਦੌਰਾਨ ਵੱਡੀ ਗਿਣਤੀ ਵਿੱਚ ਸੰਗਤਾਂ ਨੂੰ ਬੂਟਿਆਂ ਦਾ ਪ੍ਰਸ਼ਾਦ ਵੰਡਿਆ ਜਾਵੇਗਾ ਅਤੇ ਸੰਤ ਸੀਚੇਵਾਲ ਵੱਲੋਂ ਸੰਗਤਾਂ ਨੂੰ ਵਾਤਾਵਰਣ ਬਚਾਉਣ ਦਾ ਸੁਨੇਹਾ ਦਿੱਤਾ ਜਾਵੇਗਾ।

## ਅਮਿੱਟ ਯਾਦਾਂ ਛੱਡਦਾ ਸੰਪਨ ਹੋਇਆ ਬੀਰਮਪੁਰ ਦਾ ਰੌਸ਼ਨੀ ਮੇਲਾ

### ਮੈਂਡੀ ਕਾਲਰਾ, ਅਮਨ ਰੋਜ਼ੀ, ਪ੍ਰਵੇਜ਼ ਆਲਮ ਸਮੇਤ ਹੋਰ ਕਲਾਕਾਰਾਂ ਨੇ ਮੇਲੇ ਤੇ ਲਗਾਈ ਹਾਜ਼ਰੀ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**-ਇਲਾਕੇ ਦੇ ਪਿੰਡ ਬੀਰਮਪੁਰ ਵਿਖੇ ਦਰਬਾਰ ਸ਼ਰੀਫ ਮੀਆਂ ਬਾਬਾ ਕਾਦਰ ਬਖਸ ਦੇ ਅਸਥਾਨ ਤੇ ਪੁਰਾਤਨ ਸਮਿਆਂ ਤੋ ਚੱਲਿਆ ਆ ਰਿਹਾ ਇਤਿਹਾਸਿਕ ਰੌਸ਼ਨੀ ਮੇਲਾ ਅਗਲੇ ਵਰ੍ਹੇ ਤੱਕ ਅਮਿੱਟ ਯਾਦਾ ਛੱਡਦਾ ਸੰਪਨ ਹੋ ਗਿਆ । ਦੱਸਣਯੋਗ ਹੈ ਕਿ ਇਹ ਰੌਸ਼ਨੀ ਮੇਲਾ ਹਰ ਸਾਲ 5 ਨਵੰਬਰ ਤੋ ਸ਼ੁਰੂ ਹੋ ਕੇ 8 ਨਵੰਬਰ ਤੱਕ ਪ੍ਰਬੰਧਕ ਕਮੇਟੀ,ਨਗਰ ਨਿਵਾਸੀ,ਇਲਾਕਾ ਨਿਵਾਸੀ ਅਤੇ ਐਨ ਆਰ ਆਈਜ਼ ਦੇ ਸਹਿਯੋਗ ਨਾਲ ਬੜੀ ਸ਼ਰਧਾ ਪੂਰਵਕ ਕਰਵਾਇਆ ਜਾਦਾ ਹੈ। ਇਸ ਰੌਸ਼ਨੀ ਮੇਲੇ ਦੋਰਾਨ ਪੰਜਾਬ ਦੇ ਮਸ਼ਹੂਰ ਕਲਾਕਾਰ ਅਤੇ ਕਵਾਲ ਅਤੇ ਨਕਾਲ ਪਾਰਟੀਆ ਨੇ ਹਾਜ਼ਰੀ ਲਗਵਾਈ। ਮੇਲੇ ਦੀ ਸ਼ੁਰੂਆਤ 5 ਨਵੰਬਰ ਨੂੰ ਸ਼ਾਮ ਦੇ ਸਮੇ ਦਰਬਾਰ ਤੇ ਚਿਰਾਗ ਰੌਸ਼ਨ ਕਰਨ ਨਾਲ ਹੋਈ। ਉਪਰੰਤ ਪੰਜਾਬ ਦੇ ਮਸ਼ਹੂਰ ਕਵਾਲ ਕਰਾਮਤ ਅਲੀ ਕਵਾਲ ਪਾਰਟੀ ਮਲੇਰਕੋਟਲਾ ਵਾਲੇ ਦਰਬਾਰ ਤੇ ਮਹਿਫਲ ਸਜਾਈ ਗਈ। ਇਸੇ ਤਰ੍ਹਾਂ ਦਰਬਾਰ ਤੇ 6 ਨਵੰਬਰ ਨਾਮਵਾਰ ਗਾਇਕਾ ਮੈਂਡੀ ਕਾਲਰਾ,7 ਨਵੰਬਰ ਨੂੰ ਅਮਨ ਰੋਜ਼ੀ ਅਤੇ 8 ਨਵੰਬਰ ਨੂੰ ਪ੍ਰਵੇਜ਼ ਆਲਮ ਅਤੇ ਬਲਵਿੰਦਰ ਨਗਦੀਪੁਰੀ,ਬੂਟਾ ਪੀਰਾ ਦਾ, ਰਮਨ ਖਾਬੜਾ ਤੇ ਰੀਟਾ ਸਿੱਧੂ ਨੇ ਮੇਲੇ ਤੇ ਲਗਾਈ ਹਾਜ਼ਰੀ ਅਤੇ ਆਪਣੇ ਗੀਤਾਂ ਨਾਲ ਖੂਬ ਰੰਗ ਬੰਨਿਆ ਅਤੇ ਦੇਰ ਰਾਤ ਤੱਕ ਧਰਮਵੀਰ ਪ੍ਰਦੇਸੀ ਐਡ ਪਾਰਟੀ ਵਲੋ ਧਾਰਮਿੱਕ ਨਾਟਕ ਕਿੱਸਾ ਪੂਰਨ ਭਗਤ ਪੇਸ਼ ਕੀਤਾ ਗਿਆ।ਇਹ ਰੋਸ਼ਨੀ ਮੇਲਾ ਭਾਰਤ ਪਾਕਿਸਤਾਨ ਦੀ ਵੰਡ ਤੋ ਵੀ ਪਹਿਲਾ ਦਾ ਚੱਲਦਾ ਆ ਰਿਹਾ ਹੈ ਅਤੇ ਅੱਜ ਵੀ ਵੱਡੀ ਗਿਣਤੀ ਵਿੱਚ ਸੰਗਤਾ ਦੂਰ ਦਰਾਡੇ ਤੋ ਇਸ ਅਸਥਾਨ ਤੇ ਨਤਮੱਸਤਕ ਹੁੰਦੀਆ ਹਨ। ਇਸ ਮੌਕੇ ਪ੍ਰਬੰਧਕ ਕਮੇਟੀ ਨੇ ਸਮੂਹ ਸੰਗਤਾਂ ਨੂੰ ਇਸ ਮੇਲੇ ਵਿੱਚ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਦਰਬਾਰ ਤੇ ਲੰਗਰ ਹਾਲ ਲਈ ਨਵੀ ਇਮਾਰਤ ਸ਼ੁਰੂ ਕੀਤੀ ਗਈ ਇਸ ਇਮਾਰਤ ਵਿੱਚ ਸੰਗਤਾਂ ਵੱਧ ਚੜ੍ਹ ਕੇ ਯੋਗਦਾਨ ਪਾਉਣ।

## ਜਮਹੂਰੀ ਕਿਸਾਨ ਸਭਾ ਪੰਜਾਬ ਦੀ ਸੂਬਾਈ ਮੀਟਿੰਗ



**ਜਲੰਧਰ (ਰਾਜੇਸ਼ ਥਾਪਾ)**-ਜਮਹੂਰੀ ਕਿਸਾਨ ਸਭਾ ਪੰਜਾਬ ਦੀ ਸੂਬਾ ਪੱਧਰੀ ਮੀਟਿੰਗ ਡਾ. ਸਤਨਾਮ ਸਿੰਘ ਅਜਨਾਲਾ ਦੀ ਪ੍ਰਧਾਨਗੀ ਹੇਠ ਸੂਬਾ ਦਫ਼ਤਰ ਗੜ੍ਹਾ ਜਲੰਧਰ ਵਿਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਨੇ ਆਖਿਆ ਕਿ ਤਿੰਨ ਕਾਲੇ ਕਾਨੂੰਨਾਂ ਵਿਰੁੱਧ ਲੱਗੇ ਕਿਸਾਨਾਂ ਮਜ਼ਦੂਰਾਂ ਦੇ ਜੇਤੂ ਅੰਦੋਲਨ ਦੀ ਵਰ੍ਹੇ ਗੰਢ ਮੌਕੇ ਸੰਯੁਕਤ ਕਿਸਾਨ ਮੋਰਚੇ ਵੱਲੋ 26 ਨਵੰਬਰ ਨੂੰ ਚੰਡੀਗੜ੍ਹ ਵਿੱਚ ਵਿਸ਼ਾਲ ਮਹਾਂ ਰੈਲੀ ਕੀਤੀ ਜਾਵੇਗੀ। ਉਹਨਾਂ ਆਖਿਆ ਕਿ ਕੇਂਦਰ ਤੇ ਸੂਬਾ ਸਰਕਾਰ ਵੱਲੋ ਕਿਸਾਨਾਂ ਮਜ਼ਦੂਰਾਂ ਦੀਆਂ ਮੰਨੀਆ ਮੰਗਾਂ ਨੂੰ ਲਾਗੂ ਕਰਨ ਅਤੇ ਰਹਿੰਦੀਆਂ ਮੰਗਾਂ ਮਨਵਾਉਣ ਲਈ ਰੈਲੀ ਸਾਰਥਕ ਸਿੱਧ ਹੋਵੇਗੀ। ਉਹਨਾਂ ਆਖਿਆ ਕਿ ਲੋਕ ਵਿਰੋਧੀ ਬਿਜਲੀ ਬਿੱਲ 2025 ਰੱਦ ਹੋਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਜੇ ਇਸ ਨੂੰ ਲਾਗੂ ਕਰਨ ਦੀ ਕੋਸ਼ਿਸ਼ ਕੀਤੀ ਤਾਂ ਸੰਯੁਕਤ ਕਿਸਾਨ ਮੋਰਚਾ ਇਸ ਵਿਰੁੱਧ ਵੱਡਾ ਅੰਦੋਲਨ ਸ਼ੁਰੂ ਕਰੇਗਾ। ਇਸ ਮੌਕੇ ਤੇ ਸੰਬੋਧਨ ਕਰਦੇ ਹੋਏ ਸਭਾ ਦੇ ਸੂਬਾਈ ਜਨਰਲ ਸਕੱਤਰ ਕੁਲਵੰਤ ਸਿੰਘ ਸੰਧੂ ਨੇ ਆਖਿਆ ਕਿ ਸਰਕਾਰ ਵੱਲੋ ਹੜ੍ਹ ਪੀੜਤਾਂ ਦੇ ਐਲਾਨ ਕੀਤੇ ਮੁਆਵਜ਼ੇ ਵਿੱਚੋਂ ਕੁੱਝ ਵੀ ਉਹਨਾਂ ਦੇ ਪੱਲੇ ਨਹੀ ਪਾਇਆ। ਉਹਨਾਂ ਆਖਿਆ ਕਿ ਸੂਬਾ ਤੇ ਕੇਂਦਰ ਸਰਕਾਰ ਹੜ੍ਹਾ ਕਾਰਨ ਹੋਏ ਨੁਕਸਾਨ ਪੂਰੀ ਭਰਵਾਈ ਜਲਦੀ ਨਾਲ ਕਰੇ। ਉਹਨਾਂ ਕਿਸਾਨ ਜਥੇਬੰਦੀਆਂ, ਸਮਾਜਸੇਵੀਆਂ, ਧਾਰਮਿਕ ਸੰਸਥਾਵਾਂ ਤੇ ਹੋਰ ਲੋਕਾਂ ਵੱਲੋ ਕਿਸਾਨਾਂ ਨੂੰ ਕਣਕ ਬੀਜਣ ਲਈ ਦਿੱਤੇ ਜਾ ਰਹੇ ਬੀਜ, ਖਾਦਾਂ, ਡੀਜ਼ਲ ਤੇ ਮਸ਼ੀਨਰੀ ਆਦਿ ਦੀ ਸ਼ਲਾਘਾ ਕੀਤੀ।

## ਪ੍ਰੋ. ਬਡੂੰਗਰ ਵੱਲੋਂ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਨਮਾਨਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਤਾਬਦੀ ਨੂੰ ਸਮਰਪਤ ਤੇ ਦਸਮੇਸ਼ ਪਿਤਾ ਸਰਬੰਸ ਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਤਾਗੱਦੀ ਦਿਵਸ ਸਬੰਧੀ ਗੁਰਦੁਆਰਾ ਸ੍ਰੀ ਬੇਰ ਸਾਹਿਬ ਪਾਤਸ਼ਾਹੀ ਨੌਵੀਂ ਪਿੰਡ ਲਲੌੜੀ ਵਿਖੇ ਕਰਾਇਆ ਗਿਆ।ਇਸ ਮੌਕੇ ਉਚੇਚੇ ਤੌਰ 'ਤੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਸਿੰਘ ਸਾਹਿਬ ਜਥੇਦਾਰ ਬਾਬਾ ਟੇਕ ਸਿੰਘ ਧਨੌਲਾ, ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਜਗਤਾਰ ਸਿੰਘ ਤੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਤੇ ਜਥੇਦਾਰ ਅਮਰਜੀਤ ਸਿੰਘ ਪੰਜਰਥ ਉਚੇਚੇ ਤੌਰ 'ਤੇ ਸ਼ਾਮਲ ਹੋਏ। ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਤਾਬਦੀ ਨੂੰ ਸਮਰਪਤ ਮਹਾਨ ਗੁਰਮਤਿ ਸਮਾਗਮ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕਰਾਏ ਜਾ ਰਹੇ ਹਨ ਤਾਂ ਜੁ ਗੁਰੂ ਸਾਹਿਬ ਦੀ ਵਿਚਾਰਧਾਰਾ ਤੇ ਉਦੇਸ਼ ਨਾਲ ਸੰਗਤਾਂ ਨੂੰ ਜੋੜਿਆ ਜਾ ਸਕੇ।ਪ੍ਰੋ. ਬਡੂੰਗਰ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਅਸਾਮੀ ਦੀ ਪਾਵਨ ਧਰਤੀ ਤੋਂ ਮਹਾਨ ਨਗਰ ਕੀਰਤਨ ਵੀ ਸਜਾਇਆ ਗਿਆ, ਜੋ ਵੱਖ-ਵੱਖ ਰਾਜਾਂ ਤੋਂ ਹੁੰਦਾ ਹੋਇਆ ਜਲਦ ਹੀ ਪਟਿਆਲਾ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਪੁੱਜੇਗਾ ਤੇ ਸੰਗਤਾਂ ਨੂੰ ਅਪੀਲ ਹੈ ਕਿ ਨਗਰ ਕੀਰਤਨ ਦੇ ਸਵਾਗਤ ਲਈ ਵੱਧ ਚੜਕੇ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਹਾਸਲ ਕਰਨ। ਗੁਰਮਤਿ ਸਮਾਗਮ ਦੌਰਾਨ ਸਿੰਘ ਸਾਹਿਬ ਬਾਬਾ ਟੇਕ ਸਿੰਘ ਧਨੌਲਾ ਨੇ ਕਿਹਾ ਕਿ ਲੋੜ ਹੈ ਕਿ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਵੱਲੋਂ ਮਾਨਵਤਾ ਦੇ ਕਲਿਆਣਮਈ ਕਾਰਜਾਂ ਨੂੰ ਹੋਰ ਅਗਾਂਹ ਲਿਜਾਈ ਤੇ ਗੁਰਮਤਿ ਦੇ ਫ਼ਲਸਫ਼ੇ ਦੀ ਜੋਤਿ ਨੂੰ ਹੋਰ ਪ੍ਰਚੰਡ ਕਰੀਏ।ਇਸ ਦੌਰਾਨ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਦਾ ਸਿੰਘ ਸਾਹਿਬ ਜਥੇਦਾਰ ਬਾਬਾ ਟੇਕ ਸਿੰਘ ਧਨੌਲਾ ਤੇ ਪੁੱਜੀਆਂ ਸਖਸ਼ੀਅਤਾਂ ਦਾ ਗੁਰਦੁਆਰਾ ਕਮੇਟੀ ਵੱਲੋਂ ਸਨਮਾਨਤ ਵੀ ਕੀਤਾ ਗਿਆ।ਅੰਤ ਜਥੇਦਾਰ ਅਮਰਜੀਤ ਸਿੰਘ ਪੰਜਰਥ ਨੇ ਪੁੱਜੀਆਂ ਮੁੱਖ ਸ਼ਖ਼ਸੀਅਤਾਂ ਤੇ ਸੰਗਤਾਂ ਦਾ ਧੰਨਵਾਦ ਕੀਤਾ।

## ਪੰਜਾਬ ਸਟੇਟ ਪੈਨਸ਼ਨਰਜ ਵੈਲਫੇਅਰ ਐਸੋਸੀਏਸ਼ਨ ਨੇ ਕੀਤਾ ਸੰਘਰਸ਼ ਦਾ ਐਲਾਨ



**ਜਲੰਧਰ (ਰਾਜੇਸ਼ ਥਾਪਾ)**-ਪੰਜਾਬ ਸਟੇਟ ਪੈਨਸ਼ਨਰਜ ਵੈਲਫੇਅਰ ਐਸੋਸੀਏਸ਼ਨ ਜਲੰਧਰ ਦੀ ਮਹੀਨਾਵਾਰ ਮੀਟਿੰਗ ਗੁਰੂਦੁਆਰਾ ਸਿੰਘ ਸਭਾ ਗੋਲਡਨ ਐਵੀਨਿਊ ਨੰਦਨਪੁਰ ਰੋਡ (ਮਕਸੂਦਾਂ) ਜਲੰਧਰ ਵਿਖੇ ਪ੍ਰਧਾਨ ਪਿਆਰਾ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਪੈਨਸ਼ਨਰਜ ਦੀਆਂ ਪੈਂਡਿੰਗ ਮੰਗਾਂ ਸਬੰਧੀ ਵਿਚਾਰਾਂ ਕੀਤੀਆਂ ਗਈਆਂ ਅਤੇ ਮੈਂਬਰਾਂ ਪਾਸੋਂ ਸੁਝਾਅ ਵੀ ਲਏ ਗਏ। ਇਸ ਤੋਂ ਇਲਾਵਾ ਅਗਲੇ ਮਹੀਨੇ ਮਨਾਏ ਜਾ ਰਹੇ ਪੈਨਸ਼ਨਰਜ ਦਿਵਸ ਸੰਬੰਧੀ ਵੀ ਵਿਚਾਰਾਂ ਕੀਤੀਆਂ ਗਈਆਂ ਅਤੇ ਮੈਂਬਰਾਂ ਦੀਆਂ ਡਿਊਟੀਆਂ ਵੀ ਲਗਾਈਆਂ ਗਈਆਂ। ਇਸ ਦੇ ਨਾਲ ਹੀ 16 ਨਵੰਬਰ ਨੂੰ ਸਾਂਝਾ ਫਰੰਟ ਵਲੋਂ ਧੂਰੀ ਵਿਖੇ ਕੀਤੀ ਜਾ ਰਹੀ ਸੂਬਾ ਪੱਧਰੀ ਰੈਲੀ ਵਿੱਚ ਸ਼ਿਰਕਤ ਕਰਨ ਸਬੰਧੀ ਵੀ ਫੈਸਲਾ ਕੀਤਾ ਗਿਆ। ਪ੍ਰਧਾਨ ਪਿਆਰਾ ਸਿੰਘ, ਜਨਰਲ ਸਕੱਤਰ ਮਨੋਹਰ ਲਾਲ, ਜਸਪਾਲ ਸਿੰਘ ਕਰਤਾਰਪੁਰ, ਪ੍ਰਿੰਸੀਪਲ ਕਸ਼ਮੀਰੀ ਲਾਲ, ਜੋਗਿੰਦਰ ਬਿੱਜਲੀ ਬੋਰਡ ,ਅਵਤਾਰ ਕਾਨੂਗੋ,ਚਰਨ ਮਸੀਹ, ਕੈਸ਼ੀਅਰ ਮਹੇਸ਼ ਚੰਦਰ, ਜੋਗਿੰਦਰ ਸਿੰਘ ਤੇ ਹੋਰ ਆਗੂਆਂ ਨੇ ਮੰਗ ਕੀਤੀ ਕਿ ਪੰਜਾਬ ਦੇ ਪੈਨਸ਼ਨਰਜ਼ ਦੀਆਂ ਮੰਗਾਂ ਦਾ ਨਿਪਟਾਰਾ ਤੁਰੰਤ ਕੀਤਾ ਜਾਵੇ ,16 ਪ੍ਰਤੀਸ਼ਤ ਡੀ. ਏ ਤੇ ਪਿਛਲੀਆਂ ਡੀ.ਏ.ਦੀਆਂ ਕਿਸਤਾਂ ਦਾ ਬਕਾਇਆ ਦਿੱਤਾ ਜਾਵੇ ,ਪੈਨਸ਼ਨਰ ਨੂੰ 2.59 ਦੇ ਗੁਣਾਂਕ ਨਾਲ ਲਾਭ ਦਿੱਤਾ ਜਾਵੇ , ਮੈਡੀਕਲ ਭੱਤਾ 2000 ਰੁਪਏ ਕੀਤਾ ਜਾਵੇ।

## ਬਰੀਵਾਲਾ ਪੁਲਸ ਵੱਲੋਂ ਪਰਾਲੀ ਸਾੜਨ ਖ਼ਿਲਾਫ਼ ਜਾਗਰੂਕਤਾ ਮੁਹਿੰਮ ਜਾਰੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਸੀਨੀਅਰ ਪੁਲਿਸ ਕਪਤਾਨ ਡਾ. ਅਖਿਲ ਚੌਧਰੀ (ਆਈ.ਪੀ.ਐਸ.) ਦੀਆਂ ਹਦਾਇਤਾਂ ਅਨੁਸਾਰ ਥਾਣਾ ਬਰੀਵਾਲਾ ਅਧੀਨ ਆਉਂਦੇ ਪਿੰਡਾਂ ਵਿੱਚ ਪਰਾਲੀ ਸਾੜਨ ਖ਼ਿਲਾਫ਼ ਵਿਸ਼ਾਲ ਜਾਗਰੂਕਤਾ ਮੁਹਿੰਮ ਲਗਾਤਾਰ ਜਾਰੀ ਹੈ।ਇਸ ਅਭਿਆਨ ਅਧੀਨ ਪੁਲਿਸ ਵੱਲੋਂ ਪਿੰਡ ਪੱਧਰ 'ਤੇ ਸੈਮੀਨਾਰ ਕਰਾਏ ਜਾ ਰਹੇ ਹਨ, ਜਿੱਥੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਅਤੇ ਇਸਦੇ ਬਦਲਵੇ ਪ੍ਰਬੰਧਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਜਾ ਰਹੀ ਹੈ।ਪਿੰਡ ਪੱਧਰ 'ਤੇ ਪੁਲਸ ਵੱਲੋਂ ਸੈਮੀਨਾਰ ਤੇ ਡੋਰ-ਟੂ-ਡੋਰ ਜਾਗਰੂਕਤਾ ਮੁਹਿੰਮ ਜਾਰੀ ਹੈ।ਥਾਣਾ ਬਰੀਵਾਲਾ ਦੇ ਐਸਐਚ ਓ ਗੁਰਦੀਪ ਸਿੰਘ ਨੇ ਦੱਸਿਆ ਕਿ ਇਸ ਅਭਿਆਨ ਤਹਿਤ ਪੁਲਿਸ ਟੀਮਾਂ ਵੱਲੋਂ ਵੱਖ-ਵੱਖ ਪਿੰਡਾਂ ਝਬੇਲਵਾਲੀ, ਹਰਾਜ , ਵੜਿੰਗ, ਚੱਕ ਗਾਧਾ ਸਿੰਘ ਵਾਲਾ, ਬਾਜਾ ਮਰਾੜ, ਵੱਟੂ, ਸਰਾਏਨਾਗਾ, ਖੋਖਰ, ਜੰਮੂਆਣਾ, ਜੰਡੋਕੇ ਵਿੱਚ ਜਾ ਕੇ ਕਿਸਾਨਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।ਕਿਸਾਨਾਂ ਨੂੰ ਸਮਝਾਇਆ ਜਾ ਰਿਹਾ ਹੈ ਕਿ ਪਰਾਲੀ ਸਾੜਨ ਨਾਲ ਹਵਾ ਪ੍ਰਦੂਸ਼ਤ ਹੁੰਦੀ ਹੈ, ਮਿੱਟੀ ਦੀ ਉਪਜਾਊ ਸ਼ਕਤੀ ਘਟਦੀ ਹੈ ਅਤੇ ਸਿਹਤ 'ਤੇ ਵੀ ਗੰਭੀਰ ਪ੍ਰਭਾਵ ਪੈਂਦਾ ਹੈ।

## ਅਵਾਰਾ ਪਸ਼ੂਆਂ ਦਾ ਖੌਫ਼ ਵਧਿਆ, ਨਗਰ ਕੌਂਸਲ ਸੁੱਤੀ



**ਸਨੌਰ (ਰਾਜਿੰਦਰ ਸਿੰਘ ਥਿੰਦ)** ਸ਼ਹਿਰ ਦੀਆਂ ਸੜਕਾਂ 'ਤੇ ਅਵਾਰਾ ਪਸ਼ੂਆਂ ਦਾ ਖੌਫ਼ ਹਰ ਦਿਨ ਪਿਛਲੇ ਦਿਨ ਤੋਂ ਵੱਧ ਰਿਹਾ ਹੈ।ਬਜ਼ਾਰ, ਬੱਸ ਸਟੈਂਡ, ਘਨੌਰ ਰੋਡ ਤੇ ਡਕਾਲਾ ਰੋਡ ਵਰਗੇ ਇਲਾਕਿਆਂ ਵਿੱਚ ਕਈ ਵਾਰ ਇਹ ਪਸ਼ੂ ਅਚਾਨਕ ਸੜਕ ਦੇ ਵਿਚਕਾਰ ਆ ਖੜਦੇ ਹਨ, ਜਿਸ ਨਾਲ ਵਾਹਨ ਚਲਾਉਣ ਵਾਲਿਆਂ ਦੀ ਸੁਰੱਖਿਆ ਖਤਰੇ ਵਿੱਚ ਪੈ ਜਾਂਦੀ ਹੈ।ਦੋ-ਪਹੀਆ ਸਵਾਰੀਆਂ ਦੇ ਡਿੱਗਣ ਤੇ ਬਜ਼ੁਰਗਾਂ ਨੂੰ ਚੋਟਾਂ ਲੱਗਣ ਦੇ ਮਾਮਲੇ ਵੀ ਸਾਹਮਣੇ ਆ ਚੁੱਕੇ ਹਨ।ਇਸ ਵਿਚ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਤਰਾਂ ਤਰਾ ਦੇ ਟੈਕਸ ਲਿਆ ਜਾਣ ਦੇ ਬਾਵਜੂਦ ਅਵਾਰਾ ਪਸ਼ੂਆਂ ਉੱਤੇ ਕਾਬੂ ਕਿਉਂ ਨਹੀਂ ਪਾਇਆ ਜਾ ਸਕਿਆ ? ਲੋਕਾਂ ਦਾ ਕਹਿਣਾ ਹੈ ਕਿ ਨਗਰ ਕੌਂਸਲ ਵੱਲੋਂ ਘਰ-ਘਰ ਟੈਕਸ, ਸਾਫ ਸਫ਼ਾਈ ਫ਼ੀਸ, ਪਸ਼ੂ-ਸੰਬੰਧੀ ਫੀਸਾਂ, ਵਪਾਰਕ ਲਾਇਸੰਸ ਤੇ ਹੋਰ ਬਹੁਤ ਸਾਰੀਆਂ ਵਸੂਲੀਆਂ ਹਰ ਸਾਲ ਕੀਤੀਆਂ ਜਾਂਦੀਆਂ ਹਨ, ਪਰ ਇਹ ਪੈਸਾ ਜਿੱਥੇ ਖਰਚ ਹੋਣਾ ਚਾਹੀਦਾ ਹੈ, ਉੱਥੇ ਕੋਈ ਵਧੀਆ ਨਤੀਜਾ ਨਹੀਂ ਦਿਖ ਰਿਹਾ।ਸ਼ਹਿਰ ਵਿੱਚ ਨਾ ਤਾਂ ਪਸ਼ੂਆਂ ਨੂੰ ਬੰਨ੍ਹਣ ਲਈ ਢੰਗ ਦੇ ਸੈਂਟਰ ਨਜ਼ਰ ਆਉਂਦੇ ਹਨ ਤੇ ਨਾ ਹੀ ਫੜਨ ਲਈ ਕਾਬਲ ਟੀਮਾਂ।ਲੋਕਾਂ ਦਾ ਦਾਅਵਾ ਹੈ ਕਿ ਨਗਰ ਕੌਂਸਲ ਵੱਲੋਂ ਟੈਕਸ ਲੈ ਕੇ ਵੀ ਪਸ਼ੂਆਂ ਨੂੰ ਕਾਬੂ ਕਰਨ ਲਈ ਕੋਈ ਲੰਬੀ ਯੋਜਨਾ ਨਹੀਂ ਬਣਾਈ ਗਈ।ਪਸ਼ੂ-ਮਾਲਕਾਂ ਉੱਤੇ ਕਰਵਾਈ ਵੀ ਨਾ ਦੇ ਬਰਾਬਰ ਹੈ।ਕਈ ਵਾਰ ਪਸ਼ੂਆਂ ਨੂੰ ਫੜਨ ਦੀ ਕਾਰਵਾਈ ਦਿਖਾਵਾ ਸਾਬਤ ਹੁੰਦੀ ਹੈ ਕਿਉਂਕਿ ਕੁਝ ਘੰਟਿਆਂ ਬਾਅਦ ਉਹੀ ਪਸ਼ੂ ਸੜਕਾਂ 'ਤੇ ਮੁੜ ਵੇਖੇ ਜਾਂਦੇ ਹਨ।ਵਾਹਨ ਸਵਾਰਾਂ ਦਾ ਕਹਿਣਾ ਹੈ ਕਿ ਜੇ ਹਰ ਸਾਲ ਟੈਕਸਾਂ ਰਾਹੀਂ ਲੱਖਾਂ ਰੁਪਏ ਇਕੱਠੇ ਕੀਤੇ ਜਾਂਦੇ ਹਨ, ਤਾਂ ਅਵਾਰਾ ਪਸ਼ੂਆਂ ਦੀ ਸਮੱਸਿਆ 'ਤੇ ਕੰਟਰੋਲ ਲਿਆਉਣਾ ਮੁਸ਼ਕਲ ਨਹੀਂ।ਲੋਕਾਂ ਨੇ ਸਵਾਲ ਚੁੱਕਿਆ ਹੈ ਕਿ ਉਹ ਪੈਸਾ ਅੰਤ ਕਿੱਥੇ ਵਰਤਿਆ ਜਾ ਰਿਹਾ ਹੈ ਤੇ ਸ਼ਹਿਰ ਦੀ ਸੁਰੱਖਿਆ ਕਿਉਂ ਨਜ਼ਰਅੰਦਾਜ਼ ਹੋ ਰਹੀ ਹੈ।ਸ਼ਹਿਰ ਵਾਸੀਆਂ ਨੇ ਨਗਰ ਕੌਂਸਲ ਤੋਂ ਮੰਗ ਕੀਤੀ ਹੈ ਕਿ ਟੈਕਸਾਂ ਦੀ ਆਮਦਨ ਦਾ ਹਿਸਾਬ ਜਨਤਕ ਕੀਤਾ ਜਾਵੇ, ਪਸ਼ੂ ਫੜਨ ਲਈ ਪੱਕੀ ਯੋਜਨਾ ਬਣਾਈ ਜਾਵੇ, ਜ਼ਰੂਰੀ ਸਟਾਫ਼ ਤੇ ਸਾਧਨ ਵਧਾਏ ਜਾਣ ਤੇ ਸ਼ਹਿਰ ਦੀਆਂ ਸੜਕਾਂ ਨੂੰ ਅਵਾਰਾ ਪਸ਼ੂਆਂ ਦੇ ਖਤਰੇ ਤੋਂ ਮੁਕਤ ਕੀਤਾ ਜਾਵੇ।

## ਗੜ੍ਹੀ ਦੇ ਜਨਮ ਦਿਨ 'ਤੇ ਸੰਤੋਸ਼ ਕਟਾਰੀਆ ਨੇ ਦਿੱਤੀਆਂ ਸ਼ੁਭਕਾਮਨਾਵਾਂ



**ਬਲਾਚੌਰ (ਜਸਵਿੰਦਰ ਬੈਂਸ)**-ਪੰਜਾਬ ਐਸ ਸੀ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਦੇ ਜਨਮ ਦਿਨ ਦੇ ਮੌਕੇ 'ਤੇ ਬਲਾਚੌਰ ਹਲਕੇ ਦੇ ਐਮ ਐਲ ਏ ਬੀਬੀ ਸੰਤੋਸ਼ ਕਟਾਰੀਆ ਨੇ ਆਪਣੇ ਸਮੂਹ ਸਾਥੀਆਂ ਨਾਲ ਮਿਲ ਕੇ ਉਹਨਾਂ ਨੂੰ ਐੱਮ ਐੱਲ ਏ ਦਫ਼ਤਰ ਵਿਖੇ ਸ਼ੁਭਕਾਮਨਾਵਾਂ ਦਿੱਤੀਆਂ।ਇਸ ਖਾਸ ਸਮਾਗਮ ਵਿੱਚ ਬੀਬੀ ਕਟਾਰੀਆ ਨੇ ਜਸਵੀਰ ਸਿੰਘ ਗੜ੍ਹੀ ਦੀ ਲੰਬੀ ਉਮਰ ਦੀ ਕਾਮਨਾ ਕਰਦਿਆਂ ਕੇਕ ਕੱਟਿਆ ਅਤੇ ਮੂੰਹ ਮਿੱਠਾ ਕਰਵਾਇਆ।ਇਸ ਮੌਕੇ ਬੋਲਦਿਆਂ ਐਮਐਲਏ ਬੀਬੀ ਸੰਤੋਸ਼ ਕਟਾਰੀਆ ਨੇ ਜਸਵੀਰ ਸਿੰਘ ਗੜ੍ਹੀ ਜੀ ਦੀ ਕਾਰਜਸ਼ੈਲੀ ਦੀ ਭਰਪੂਰ ਪ੍ਰਸ਼ੰਸਾ ਕੀਤੀ। ਸਮੂਹ ਸਾਥੀਆਂ ਨੇ ਵੀ ਜਸਵੀਰ ਸਿੰਘ ਗੜ੍ਹੀ ਨੂੰ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਉਹਨਾਂ ਦੇ ਜਨਮ ਦਿਨ ਦੀ ਵਧਾਈ ਦਿੱਤੀ।ਇਸ ਮੌਕੇ ਬੀਬੀ ਸੰਤੋਸ਼ ਕਟਾਰੀਆ ਨੇ ਜਸਵੀਰ ਗੜ੍ਹੀ ਦੇ ਨਾਲ ਆਏ ਸਾਥੀਆਂ ਨੂੰ ਵੀ ਸਿਰੋਪਾਓ ਪਾ ਕੇ ਸਨਮਾਨਤ ਕੀਤਾ।

## ਬੀ ਕੇ ਯੂ ਏਕਤਾ ਆਜ਼ਾਦ ਵੱਲੋਂ ਯੂਨੀਵਰਸਿਟੀ ਮੋਰਚੇ 'ਚ ਵੱਡੇ ਕਾਫਲੇ ਨਾਲ ਸ਼ਮੂਲੀਅਤ ਦਾ ਐਲਾਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਪੰਜਾਬ ਦੇ ਇਤਿਹਾਸ, ਸੱਭਿਆਚਾਰ ਅਤੇ ਸਿੱਖਿਆ ਨੂੰ ਖਤਮ ਕਰਨ ਲਈ ਕੇਂਦਰ ਸਰਕਾਰ ਵੱਲੋਂ ਸਾਜ਼ਿਸ਼ ਅਧੀਨ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੂੰ ਆਪਣੇ ਕਬਜ਼ੇ ਵਿੱਚ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ, ਪਰ ਸਰਕਾਰਾਂ ਦੀਆਂ ਇਨ੍ਹਾਂ ਚਾਲਾਂ ਨੂੰ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੇ ਸੀਨੀਅਰ ਆਗੂ ਨੌਜਵਾਨ ਕਿਸਾਨ ਆਗੂ ਯਾਦਵਿੰਦਰ ਸਿੰਘ ਬੂਰੜ ਨੇ ਕੀਤਾ। ਕਿਸਾਨ ਆਗੂ ਬੂਰੜ ਨੇ ਕਿਹਾ ਹੈ ਕਿ ਪੰਜਾਬ ਯੂਨੀਵਰਸਿਟੀ ਪੰਜਾਬ ਦੀ ਵਿਰਾਸਤ ਹੈ, ਜੋ ਦੇਸ਼ ਦੀ ਆਜ਼ਾਦੀ ਤੋਂ ਪਹਿਲਾਂ ਸੰਯੁਕਤ ਪੰਜਾਬ ਵਿੱਚ 1882 ਚ ਲਾਹੌਰ ਵਿਖੇ ਹੋਂਦ 'ਚ ਆਈ ਤੇ ਫੇਰ 1947 ਤੋਂ ਬਾਅਦ ਬਾਅਦ ਪੰਜਾਬੀ ਯੂਨੀਵਰਸਿਟੀ ਲਾਹੌਰ ਤੋਂ ਇਧਰਲੇ ਪੰਜਾਬ ਵਿੱਚ ਸ਼ਿਫ਼ਟ ਹੋ ਕੇ ਸਥਾਪਤ ਹੋਈ ਅਤੇ ਪੰਜਾਬ ਯੂਨੀਵਰਸਿਟੀ ਦੇ ਅਧੀਨ ਪੰਜਾਬ ਭਰ ਵਿੱਚ 200 ਤੋਂ ਵੱਧ ਕਾਲਜ ਚੱਲਦੇ ਹਨ। ਇਹ ਕੇਂਦਰ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਉੱਪਰ ਹਮਲਾ ਸੋਚੀ ਸਮਝੀ ਸਾਜ਼ਿਸ਼ ਅਧੀਨ ਹੀ ਪੰਜਾਬ ਦੀ ਹੋਂਦ ਨੂੰ ਖਤਮ ਕਰਨ ਲਈ ਕੀਤਾ ਗਿਆ, ਕਿਉਂਕਿ ਕਿਸੇ ਵੀ ਖਿੱਤੇ ਦੇ ਲੋਕਾਂ ਦਾ ਭਵਿੱਖ ਤੇ ਉਨ੍ਹਾਂ ਦੀ ਹੋਂਦ ਨੌਜਵਾਨਾਂ ਨੂੰ ਮਿਲਣ ਵਾਲੀ ਸਿੱਖਿਆ ਹੀ ਤੈਅ ਕਰਦੀ ਹੈ। ਇਸ ਲਈ ਹੀ ਕੇਂਦਰ ਸਰਕਾਰ ਵੱਲੋਂ ਪੰਜਾਬੀ ਯੂਨੀਵਰਸਿਟੀ ਚੰਡੀਗੜ੍ਹ ਉੱਪਰ ਹਮਲਾ ਕਰਕੇ ਸਿੱਖਿਆ ਨੂੰ ਆਪਣੇ ਕਬਜ਼ੇ ਵਿੱਚ ਕਰਨ ਦੀਆਂ ਸਾਜ਼ਿਸ਼ਾਂ ਘੜੀਆਂ ਜਾ ਰਹੀਆਂ ਹਨ ਤਾਂ ਜੋ ਇਸ ਖਿੱਤੇ ਦੇ ਲੋਕ ਆਪਣੇ ਹੱਕਾਂ ਹਕੂਕਾਂ ਲਈ ਲੜਨਾ ਅਤੇ ਆਪਣੇ ਇਤਿਹਾਸ, ਵਿਰਾਸਤ ਨੂੰ ਭੁੱਲ ਜਾਣ। ਕਿਸਾਨ ਆਗੂ ਯਾਦਵਿੰਦਰ ਸਿੰਘ ਨੇ ਦੱਸਿਆ ਕਿ 10 ਨਵੰਬਰ ਨੂੰ ਭਾਰਤੀ ਕਿਸਾਨ ਯੂਨੀਅਨ ਏਕਤਾ ਅਜਾਦ ਵੱਲੋਂ ਗੁਰਦੁਆਰਾ ਅੰਬ ਸਾਹਿਬ ਮੋਹਾਲੀ ਵਿਖੇ 10 ਵਜੇ ਇਕੱਠੇ ਹੋਣ ਉਪਰੰਤ ਵੱਡੇ ਕਾਫਲੇ ਦੇ ਨਾਲ ਪੰਜਾਬ ਦੀ ਵਿਰਾਸਤ ਨੂੰ ਬਚਾਉਣ ਲਈ ਚੱਲ ਰਹੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਮੋਰਚੇ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।

## ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅੱਖਾਂ ਦਾ ਫ੍ਰੀ ਕੈਂਪ ਲਗਾਇਆ



**ਪੱਟੀ, (ਬਲਦੇਵ ਸਿੰਘ ਸੰਧੂ)**-ਸ਼ਹੀਦ ਕਰਤਾਰ ਸਿੰਘ ਸਰਾਭਾ ਹੈਲਪਿੰਗ ਹੈਂਡ ਸੁਸਾਇਟੀ ਪੱਟੀ ਵੱਲੋਂ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪੱਟੀ ਸ਼ਹਿਰ ਵਿਖੇ ਅੱਖਾਂ ਦੀ ਜਾਂਚ ਲਈ ਫ੍ਰੀ ਕੈਂਪ ਲਗਾਇਆ ਗਿਆ।ਕੈਂਪ ਦੌਰਾਨ 450 ਮਰੀਜ਼ਾਂ ਦੀ ਜਾਂਚ ਕੀਤੀ ਗਈ।ਸੁਸਾਇਟੀ ਦੇ ਜਨਰਲ ਸਕੱਤਰ ਡਾਕਟਰ ਸਰਬਪ੍ਰੀਤ ਸਿੰਘ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਸਮੇਂ-ਸਮੇਂ ਤੇ ਅੱਖਾਂ ਦੇ ਮੁਫ਼ਤ ਕੈਂਪ ਲਗਾਏ ਜਾਂਦੇ ਹਨ ਤਾਂ ਜੋ ਬਜ਼ੁਰਗ ਤੇ ਲੋੜਵੰਦ ਲੋਕ ਇਸ ਸੁੰਦਰ ਦੁਨੀਆ ਨੂੰ ਸਪਸ਼ਟ ਤੌਰ 'ਤੇ ਦੇਖ ਸਕਣ।ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕੈਂਪ ਗੁਰਦੁਆਰਾ ਬੀਬੀ ਰਜਨੀ ਜੀ ਵਿਖੇ ਆਯੋਜਿਤ ਕੀਤਾ ਗਿਆ, ਜਿਸ ਦੌਰਾਨ ਮਰੀਜ਼ਾਂ ਦੀ ਜਾਂਚ ਲੁਧਿਆਣਾ ਦੇ ਮਸ਼ਹੂਰ ਸ਼ੰਕਰਾ ਆਈ ਕੇਅਰ ਹਸਪਤਾਲ ਦੇ ਡਾਕਟਰਾਂ ਦੀ ਟੀਮ ਵੱਲੋਂ ਕੀਤੀ ਗਈ।350 ਮਰੀਜ਼ਾਂ ਨੂੰ ਐਨਕਾਂ ਵੰਡੀਆਂ ਗਈਆਂ, ਜਦਕਿ 52 ਮਰੀਜ਼ ਆਪ੍ਰੇਸ਼ਨ ਲਈ ਚੁਣੇ ਗਏ ਅਤੇ ਉਨ੍ਹਾਂ ਨੂੰ ਮੌਕੇ ਤੇ ਹੀ ਸ਼ੰਕਰਾ ਆਈ ਕੇਅਰ ਹਸਪਤਾਲ, ਲੁਧਿਆਣਾ ਲਈ ਰਵਾਨਾ ਕੀਤਾ ਗਿਆ।ਸੁਸਾਇਟੀ ਮੈਂਬਰ ਗੁਰਵਿੰਦਰ ਸਿੰਘ ਬਰਵਾਲਾ ਨੇ ਦੱਸਿਆ ਕਿ ਅਗਲਾ ਅੱਖਾਂ ਦਾ ਕੈਂਪ 23 ਨਵੰਬਰ ਨੂੰ ਪੱਟੀ ਸ਼ਹਿਰ ਵਿਖੇ ਸ਼ਹੀਦ ਭਗਤ ਸਿੰਘ ਸਕੂਲ ਵਿੱਚ ਲਗਾਇਆ ਜਾਵੇਗਾ।ਉਨ੍ਹਾਂ ਨੇ ਲੋੜਵੰਦ ਮਰੀਜ਼ਾਂ ਨੂੰ ਅਪੀਲ ਕੀਤੀ ਕਿ ਉਹ ਆਉਣ ਵਾਲੇ ਕੈਂਪ ਦਾ ਵੱਧ ਤੋਂ ਵੱਧ ਲਾਹਾ ਲੈਣ ਅਤੇ ਆਪਣੇ ਆਧਾਰ ਕਾਰਡ ਦੀ ਫੋਟੋ ਕਾਪੀ ਨਾਲ ਲੈ ਕੇ ਆਉਣ।ਇਸ ਮੌਕੇ ਡਾ. ਸਰਬਪ੍ਰੀਤ ਸਿੰਘ, ਡਾਕਟਰ ਇੰਦਰਪ੍ਰੀਤ ਸਿੰਘ ਧਾਮੀ, ਮਾਸਟਰ ਗੁਰਵਿੰਦਰ ਸਿੰਘ, ਕੇ. ਪੀ. ਗਿੱਲ, ਸਤਨਾਮ ਸਿੰਘ, ਹੇਮਰਾਜ, ਸੁਖਚੈਨ ਸਿੰਘ, ਵਿਸ਼ਾਲ ਸੂਦ, ਮਾਸਟਰ ਜਸਪ੍ਰੀਤ ਸਿੰਘ ਅਤੇ ਮਾਸਟਰ ਰਵਿੰਦਰ ਸਿੰਘ ਹਾਜ਼ਰ ਸਨ।

## ਸ੍ਰੀ ਗੁਰੂ ਰਾਮਦਾਸ ਕੀਰਤਨ ਦਰਬਾਰ ਕਮੇਟੀ ਵੱਲੋਂ ਗੁਰਮਤਿ ਕੀਰਤਨ ਸਮਾਗਮ



**ਮੋਗਾ, (ਇਕਬਾਲ ਸਿੰਘ ਖਹਿਰ)**-ਸ੍ਰੀ ਗੁਰੂ ਰਾਮਦਾਸ ਕੀਰਤਨ ਦਰਬਾਰ ਕਮੇਟੀ ਮੋਗਾ ਵੱਲੋਂ ਟਰੱਸਟ ਗੁਰਦੁਆਰਾ ਬੀਬੀ ਕਾਹਨ ਕੌਰ ਮੋਗਾ ਤੇ ਲੋਕਲ ਗੁਰਪੁਰਬ ਕਮੇਟੀ ਮੋਗਾ ਦੇ ਨਿੱਘੇ ਸਹਿਯੋਗ ਸਦਕਾ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਤੇ ਸ੍ਰੀ ਗੁਰੂ ਰਾਮਦਾਸ ਜੀ ਦੇ ਪਾਵਨ ਪਵਿੱਤਰ ਪ੍ਰਕਾਸ਼ ਪੁਰਬ ਨੂੰ ਸਮਰਪਤ ਗੁਰਸ਼ਬਦ ਪ੍ਰਚਾਰ ਮਿਸ਼ਨ ਤਹਿਤ ਗੁਰਦੁਆਰਾ ਬੀਬੀ ਕਾਹਨ ਕੌਰ ਮੋਗਾ ਵਿਖੇ ਕਰਵਾਏ ਜਾ ਰਹੇ ਦੋ ਰੋਜ਼ਾ ਗੁਰਮਤਿ ਕੀਰਤਨ ਸਮਾਗਮ ਦੇ ਪਹਿਲੇ ਦਿਨ ਦੇ ਸਮਾਗਮਾਂ ਦੀ ਆਰੰਭਤਾ ਰਹਿਰਾਸ ਸਾਹਿਬ ਦੇ ਪਾਠ ਨਾਲ ਹੋਈ।ਸਮਾਗਮ ਦੀ ਸ਼ੁਰੂਆਤ ਵਿੱਚ ਛੋਟੇ ਛੋਟੇ ਬੱਚਿਆਂ ਨੇ ਬੀਬੀ ਸ਼ਰਨਜੀਤ ਕੌਰ ਦੀ ਅਗਵਾਈ ਵਿੱਚ ਗੁਰਬਾਣੀ ਦਾ ਰਸਭਿੰਨਾ ਕੀਰਤਨ ਸਰਵਣ ਕਰਵਾਇਆ।ਉਪਰੰਤ ਇਸਤਰੀ ਸਤਿਸੰਗ ਸਭਾ ਗੁਰਦੁਆਰਾ ਬੀਬੀ ਕਾਹਨ ਕੌਰ ਦੇ ਜੱਥੇ ਵੱਲੋਂ ਹਾਜ਼ਰੀ ਲਗਵਾਈ।ਫਿਰ ਪ੍ਰਿੰਸੀਪਲ ਜਸਪਾਲ ਸਿੰਘ ਜੀ ਬਾਬਾ ਸੁੱਚਾ ਸਿੰਘ ਸੰਗੀਤ ਅਕੈਡਮੀ ਸਵੱਦੀ ਕਲਾਂ ਵਾਲਿਭਾਈ ਆਂ ਦੇ ਵਿਦਆਰਥੀਆਂ ਵੱਲੋਂ ਤੰਤੀ ਸਾਜ਼ਾਂ ਨਾਲ ਕੀਰਤਨ ਕਰਕੇ ਪੁਰਾਤਨ ਕੀਰਤਨ ਸ਼ੈਲੀ ਨੂੰ ਰੂਪਮਾਨ ਕੀਤਾ।ਪ੍ਰਿੰਸੀਪਲ ਜਸਪਾਲ ਸਿੰਘ ਨੇ ਦਸ਼ਮੇਸ਼ ਪਿਤਾ ਦੇ ਸ਼ਬਦਾਂ ਦਾ ਗਾਇਨ ਕਰਕੇ ਸੰਗਤਾਂ ਨੂੰ ਮੰਤਰ ਮੁਗਧ ਕਰ ਦਿੱਤਾ।ਸਿੱਖ ਪੰਥ ਦੇ ਸਿਰਮੌਰ ਕੀਰਤਨੀਏ ਭਾਈ ਸੰਦੀਪ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਨੇ ਗੁਰਬਾਨੀ ਦੇ ਮਨੋਹਰ ਕੀਰਤਨ ਦੁਆਰਾ ਬਹੁਤ ਹੀ ਅਗੰਮੀ ਮਾਹੌਲ ਸਿਰਜ ਦਿੱਤਾ।ਭਾਈ ਈਸ਼ਵਰ ਸਿੰਘ ਲੁਧਿਆਣਾ ਵਾਲਿਆਂ ਦੇ ਜੱਥੇ ਵੱਲੋਂ ਕੀਤੇ ਗਏ ਕੀਰਤਨ ਦੁਆਰਾ ਸੰਗਤਾਂ ਵੱਲੋਂ ਭਰਪੂਰ ਦਾਦ ਪ੍ਰਾਪਤ ਕੀਤੀ।ਸਮਾਗਮ ਦੇ ਅੰਤ ਵਿੱਚ ਉਚੇਚੇ ਤੌਰ 'ਤੇ ਪੁੱਜੇ ਭਾਈ ਸਿਮਰਪ੍ਰੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਜੱਥੇ ਵੱਲੋਂ ਗੁਰਬਾਣੀ ਗਾਇਣ ਸਮਾਗਮ ਦਾ ਸਿਖਰ ਹੋ ਨਿੱਬੜਿਆ।ਸਮੁੱਚੇ ਸਮਾਗਮ ਦੌਰਾਨ ਸਟੇਜ ਦਾ ਸੰਚਾਲਨ ਬਲਜਿੰਦਰ ਸਿੰਘ ਸਹਿਗਲ ਵੱਲੋਂ ਬਾਖ਼ੂਬੀ ਨਾਲ ਕੀਤਾ ਗਿਆ। ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਬਲਜੀਤ ਸਿੰਘ ਵਿੱਕੀ ਪ੍ਰਧਾਨ, ਭੁਪਿੰਦਰ ਸਿੰਘ ਬੱਬਲੂ ਚੀਫ ਆਰਗੇਨਾਈਜ਼ਰ, ਸਰਬਜੀਤ ਸਿੰਘ ਐਡਵੋਕੇਟ, ਸਤਨਾਮ ਸਿੰਘ ਕੋਆਰਡੀਨੇਟਰ, ਬਲਜਿੰਦਰ ਸਿੰਘ ਸਹਿਗਲ ਜਨਰਲ ਸਕੱਤਰ, ਗੁਰਸੇਵਕ ਸਿੰਘ ਸਨਿਆਸੀ, ਸੁਰਿੰਦਰ ਪਾਲ ਸਿੰਘ ਸੀਨੀਅਰ ਮੀਤ ਪ੍ਰਧਾਨ, ਜਸਪਾਲ ਬੱਬੀ, ਪੁਨੀਤ ਸੱਗੂ, ਬਲਜੀਤ ਸਿੰਘ ਚਾਨੀ ਮੇਅਰ, ਬਾਬਾ ਮਹਿੰਦਰ ਸਿੰਘ ਜੀ ਜਨੇਰ ਵਾਲੇ, ਮਨਜੀਤ ਸਿੰਘ ਮਿੰਦੀ, ਬਲਦੇਵ ਸਿੰਘ ਛਾਬੜਾ, ਜਗਸੀਰ ਸਿੰਘ ਮਾਨ, ਅਮਰੀਕ ਸਿੰਘ ਬਾਰਦਾਨੇ ਵਾਲੇ , ਸੰਜੀਤ ਸਿੰਘ ਸੰਨੀ ਗਿੱਲ, ਤਰਸੇਮ ਸਿੰਘ ਮੱਲਾ, ਅਮਰਪ੍ਰੀਤ ਸਿੰਘ ਸਿੱਖ ਗਲੋਬਲ, ਸੋਹਣ ਸਿੰਘ ਸਰਾਫ, ਕੁਲਦੀਪ ਸਿੰਘ ਸੇਖਾ, ਗਿੰਨੀ ਗੱਚਕ ਵਾਲੇ, ਸੱਤਪਾਲ ਸਿੰਘ ਸ਼੍ਰੋਮਣੀ ਕਮੇਟੀ ਮੈਂਬਰ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ।

## ਸਮਾਜ ਸੇਵੀ ਵਿਕਾਸ ਮਿੱਤਲ ਦਾ ਕੀਤਾ ਸਨਮਾਨ



**ਨਾਭਾ (ਵਰਿੰਦਰ ਵਰਮਾ)** ਹਰ ਸਾਲ ਦੀ ਤਰ੍ਹਾਂ ਬਾਬਾ ਸ਼ਿਆਮ ਦੇ ਜਨਮ ਦਿਵਸ 'ਤੇ ਸ਼੍ਰੀ ਸ਼ਿਆਮ ਪਰਿਵਾਰ ਸੰਘ ਵੱਲੋ ਸ਼੍ਰੀ ਹਨੂੰਮਾਨ ਮੰਦਰ ਬਠਿੰਡੀਆ ਮੁਹੱਲਾ ਵਿਖੇ ਸ਼੍ਰੀ ਸ਼ਿਆਮ ਵੰਦਨਾ ਮਹਾਂਤਸਵ ਦਾ ਆਯੋਜਨ ਕੀਤਾ ਗਿਆ, ਉੱਥੇ ਸਮਾਜ ਪ੍ਰਤੀ ਸੇਵਾਵਾਂ ਨਿਭਾਉਣ ਵਾਲੀਆਂ ਸੰਸਥਾਵਾਂ ਦਾ ਸੰਸਥਾ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ, ਜਿਸ ਨੂੰ ਲੈ ਕੇ ਇਸ ਮੌਕੇ ਸ਼੍ਰੀ ਸ਼ਿਆਮ ਪਰਿਵਾਰ ਸੰਘ ਦੇ ਪ੍ਰਧਾਨ ਸੁਮਿਤ ਗੋਇਲ ਸ਼ੈਟੀ ਤੇ ਉਨ੍ਹਾਂ ਦੀ ਟੀਮ ਵੱਲੋਂ, ਸ਼ਹਿਰ ਪ੍ਰਤੀ ਵਧੀਆ ਸੇਵਾਵਾਂ ਨਿਭਾਉਣ ਤੇ ਮਾਨਵ ਸੇਵਾ ਉੱਤਮ ਸੇਵਾ ਸਟੇਟ ਐਵਾਰਡੀ ਸੰਸਥਾ ਦੇ ਮੁਖੀ ਵਿਕਾਸ ਮਿੱਤਲ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਸੁਮਿਤ ਗੋਇਲ ਸ਼ੈਟੀ ਨੇ ਦੱਸਿਆ ਕਿ ਇਹ ਸੰਸਥਾ ਵੱਲੋਂ ਕਈ ਸਾਲਾਂ ਤੋਂ ਹਲ ਹਲਕੇ ਪ੍ਰਤੀ ਵਧੀਆ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ, ਜਿਵੇਂ ਮੈਡੀਕਲ ਚੈਕਅਪ ਕੈਂਪ, ਖੂਨਦਾਨ ਕੈਂਪ, ਸਕੂਲਾਂ ਵਿੱਚ ਲੋੜਵੰਦ ਬੱਚਿਆਂ ਨੂੰ ਬੂਟ, ਜੁਰਾਬਾਂ, ਜਰਸੀਆਂ, ਵਰਦੀਆਂ ਤੇ ਟਾਟ ਦੇਣ ਦੀ ਵੀ ਸੇਵਾ ਨਿਭਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਬਿਰਧ ਆਸ਼ਰਮ ਪਟਿਆਲਾ ਵਿਖੇ ਲੋੜਵੰਦ ਬਜ਼ੁਰਗਾਂ ਨੂੰ ਸਮਾਨ ਮੁਹੱਈਆ ਕਰਾਇਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਜਿੱਥੇ ਲੋਕ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ, ਉੱਥੇ ਹੀ ਲੋੜਵੰਦ ਮਰੀਜ਼ਾਂ ਨੂੰ ਹਸਪਤਾਲ ਵਿਖੇ ਮੁਫ਼ਤ ਇਲਾਜ ਅਤੇ ਮੁਫਤ ਦਵਾਈਆਂ ਦਿੱਤੀਆਂ ਜਾਂਦੀਆਂ ਹਨ।ਸਨਮਾਨਤ ਹੋਣ ਉਪਰੰਤ ਸੰਸਥਾ ਦੇ ਮੁੱਖ ਸੇਵਾਦਾਰ ਵਿਕਾਸ ਮਿੱਤਲ ਨੇ ਸੰਸਥਾ ਦੇ ਸਮੂਹ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਕਿਹਾ ਕਿ ਸ਼੍ਰੀ ਸ਼ਿਆਮ ਪਰਿਵਾਰ ਸੰਘ ਦੇ ਪ੍ਰਧਾਨ ਸੁਮਿਤ ਗੋਇਲ ਅਤੇ ਸਮੂਹ ਮੈਂਬਰਾ ਵੱਲੋਂ ਧਰਮ ਦੇ ਪ੍ਰਚਾਰ ਲਈ ਧਾਰਮਿਕ ਸਮਾਗਮ ਕਰਾਏ ਜਾਂਦੇ ਹਨ, ਇਹ ਬਹੁਤ ਹੀ ਵਧੀਆ ਉਪਰਾਲਾ ਹੈ, ਇਸ ਨਾਲ ਨੌਜਵਾਨ ਪੀੜੀ ਨੂੰ ਸੇਧ ਮਿਲਦੀ ਹੈ ਤੇ ਧਰਮ ਦੇ ਪ੍ਰਤੀ ਨੌਜਵਾਨ ਪੀੜ੍ਹੀ ਜੁੜਦੀ ਹੈ।

## ਕਲਾਸੀਫਾਈਡ ਇਸ਼ਤਿਹਾਰ


### Change of Name

I am Parminder pal singh s/o Jasvir Singh also known as Parminder Pal Singh Sidhu r/o Gali No.3 BABA DEEP SINGH NAGAR, SANGRUR. Pin: 148001, Punjab, India.

I Rocky Kumar s/o Yashpal R/o H.No 81/11 Mohalla Navipur Alawalpur Distt Jalandhar, punjab, 144301 have changed my name from Rocky Kumar to Rocky.

I, Lovepreet S/o Jagtar Singh R/o VPO. Chitti, Distt.Jalandhar, Punjab have changed my name from Lovepreet to Lovepreet Sahota.(Sahota as Surname), All please note.

I am Parminder pal singh s/o Jasvir Singh also known as Parminder Pal Singh Sidhu r/o Gali No.3 BABA DEEP SINGH NAGAR, SANGRUR. Pin: 148001, Punjab, India.

I, Sampreet s/o Ram Jit r/o H.No.148, Noor Pur Colony, Jalandhar Punjab have changed my name from Sampreet to Sampreet Kainth (Surname as Kainth) All Please Note.

I, Gourav s/o Sewa Ram r/o Nurpur Colony, Jalandhar, Punjab have changed my name from Gourav to Gourav Kumar (Surname as Kumar) All Please Note.

I, Neha Thakkar w/o Shaman Gumber r/o 165, Vikas Puri, Near K.M.V Road, Jalandhar have changed my name to Neha Gumber, After Marriage. All Please Note. (R)

I, Simerjit Kaur W/o Gurnam Singh R/o Vill. Sunranwala, Po. Sandhu Chatha, Distt. Kapurthala, Punjab have changed the spelling of my name from Simerjit Kaur to Simarjit Kaur. All Please Note.

I, Guddu Roniar S/o Chiteshwar R/o H.No. 3, Chandan Nagar, Tehsil & Distt. Jalandhar, Punjab have changed my name from Guddu Roniar to Anil Kumar. All Please Note.

I, Gursewak Singh S/o Dalvir Singh R/o VPO. Boparai, Tehsil Bholath, Distt. Kapurthala, Punjab have changed my name to Given name as Gursewak & Surname as Singh. All Please Note.

### ਬੇਦਖਲੀ ਨੋਟਿਸ

ਮੈਂ, ਜਸਵੰਤ ਸਿੰਘ ਮਠਾੜੂ ਪੁੱਤਰ ਗੁਰਚਰਨ ਸਿੰਘ, ਵਾਸੀ ਪਿੰਡ ਰੰਡਿਆਲਾ, ਤਹਿ. ਧਰਮਕੋਟ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਸਿੰਘ ਮਠਾੜੂ ਅਤੇ ਨੂੰਹ ਅਮਨਦੀਪ ਕੌਰ ਦੋਨੋਂ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ ਰਹਿਮਤ ਮਸੀਹ ਪੁੱਤਰ ਫਜਲ ਮਸੀਹ ਵਾਸੀ ਪਿੰਡ ਰਸੂਲਪੁਰ ਤਹਿਸੀਲ ਅਤੇ ਜਿਲ੍ਹਾ ਗੁਰਦਾਸਪੁਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਬਲਦੇਵ ਰਾਜ ਅਤੇ ਉਸਦੀ ਪਤਨੀ ਸੁਮਨ ਦੇਵੀ ਮੇਰੇ ਕਹਿਣੇ ਤੋ ਬਾਹਰ ਹਨ । ਮੈਂ ਇਨ੍ਹਾ ਨੂੰ ਆਪਣੀ ਚਲ-ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਇਨ੍ਹਾ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ, ਜਸਵੰਤ ਸਿੰਘ ਮਠਾੜੂ ਪੁੱਤਰ ਗੁਰਚਰਨ ਸਿੰਘ, ਵਾਸੀ ਪਿੰਡ ਰੰਡਿਆਲਾ, ਤਹਿ. ਧਰਮਕੋਟ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਦੀਪ ਸਿੰਘ ਮਠਾੜੂ ਅਤੇ ਨੂੰਹ ਮਨਜੀਤ ਕੌਰ ਮਠਾੜੂ ਦੋਨੋਂ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਸੁਭਾਸ਼ ਚੰਦਰ ਪੁੱਤਰ ਹਰਨਾਮ ਦਾਸ ਨਿਵਾਸੀ ਮਕਾਨ ਨੰਬਰ 70/3, ਗਲੀ ਨੰਬਰ 3, ਕ੍ਰਿਸ਼ਨਾ ਨਗਰ, ਜਲੰਧਰ, ਪੰਜਾਬ ਐਲਾਨ ਕਰਦਾ ਹਾਂ ਕਿ ਮੇਰਾ ਪੁੱਤਰ ਗੀਤਇੰਦਰ ਅਤੇ ਉਸਦੀ ਪਤਨੀ ਵੀਨਿਤਾ ਭਗਤ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਵਾਂ ਨੂੰ ਪਰਿਵਾਰ ਸਮੇਤ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁੱਦ ਜ਼ਿੰਮੇਵਾਰ ਹੋਵੇਗਾ ਮੈਂ ਜਾਂ ਮੇਰਾ ਪਰਿਵਾਰ ਦਾ ਉਸ ਨਾਲ ਕੋਈ ਵਾਸਤਾ ਨਹੀਂ।

### ਆਮ ਸੂਚਨਾ

ਮੈਂ, ਖੇਮ ਰਾਜ ਪੁੱਤਰ ਲੇਟ ਕੇਵਲ ਕ੍ਰਿਸ਼ਨ ਵਾਸੀ ਮਕਾਨ ਨੰ: 24, ਗਲੀ ਨੰ: 12, ਅਵਤਾਰ ਨਗਰ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਅਤੇ ਮੇਰੇ ਪਰਿਵਾਰਕ ਮੈਂਬਰਾਂ ਦਾ ਪੂਨਮ ਪਤਨੀ ਲੇਟ ਸ਼੍ਰੀ ਰਜਿੰਦਰ ਕੁਮਾਰ, ਇਨ੍ਹਾਂ ਦੇ ਬੱਚਿਆਂ ਮਮਤਾ, ਅਨੂੰ, ਵਿਜੈ ਕੁਮਾਰ ਉਰਫ ਵਿਸ਼ਾਲ, ਮਾਨਸੀ ਅਤੇ ਜਵਿਸ਼ ਨਾਲ ਕੋਈ ਸੰਬੰਧ/ਤਲਕ ਵਾਸਤਾ ਨਹੀਂ ਹੈ। ਜੋ ਕੋਈ ਵੀ ਇਨ੍ਹਾਂ ਨਾਲ ਕਿਸੇ ਵੀ ਤਰ੍ਹਾਂ ਦਾ ਲੈਣ ਦੇਣ ਕਰੇਗਾ, ਉਹ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈ, ਅਮਰੀਕ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਗੁੱਜਰ ਸਿੰਘ ਵਾਸੀ ਪਿੰਡ ਭਰੋ ਮਜਾਰਾ, ਤਹਿਸੀਲ ਬੰਗਾ, ਜਿਲਾ ਸ਼ਹੀਦ ਭਗਤ ਸਿੰਘ ਨਗਰ ਬਿਆਨ ਕਰਦਾ ਹਾਂ ਕਿ ਮੇਰੇ ਪਿਤਾ ਦਰਸ਼ਨ ਸਿੰਘ ਦੇ ਨਾਂ ਤੇ ਇਕ ਟਿਊਬਵੈਲ ਕੁਨੈਕਸ਼ਨ ਖਾਤਾ ਨੰ: ਏ. ਪੀ 02/218 ਪਿੰਡ ਭਰੋ ਮਜਾਰਾ ਰਾਣੂੰਆ, ਤਹਿਸੀਲ ਬੰਗਾ ਵਿਖੇ ਚਲ ਰਿਹਾ ਹੈ। ਮੇਰੇ ਪਿਤਾ ਦਰਸ਼ਨ ਸਿੰਘ ਦੀ ਮੌਤ ਹੋ ਚੁੱਕੀ ਹੈ PSPCL ਦੇ ਰਿਕਾਰਡ ਵਿੱਚ ਮੇਰੇ ਪਿਤਾ ਦਾ ਨਾਂ ਦਰਸ਼ਨ ਸਿੰਘ ਪੁੱਤਰ ਹਜਾਰਾ ਸਿੰਘ ਚਲ ਰਿਹਾ ਹੈ ਜੋ ਕਿ ਗਲਤ ਹੈ। ਉਹਨਾ ਦਾ ਸਹੀ ਨਾਮ ਦਰਸ਼ਨ ਸਿੰਘ ਪੁੱਤਰ ਗੁੱਜਰ ਸਿੰਘ ਹੈ ਜੋ ਕਿ ਮੌਤ ਦੇ ਸਰਟੀਫੀਕੇਟ ਵਿਚ ਦਰਜ ਹੈ PSPCL ਰਿਕਾਰਡ ਵਿਚ ਮੇਰੇ ਪਿਤਾ ਦਾ ਨਾਂ ਦਰਸ਼ਨ ਸਿੰਘ ਪੁੱਤਰ ਹਜਾਰਾ ਸਿੰਘ ਤੋ ਦਰੁਸਤ ਕਰਕੇ ਦਰਸ਼ਨ ਸਿੰਘ ਪੁੱਤਰ ਗੁੱਜਰ ਸਿੰਘ ਦਰੁਸਤ ਕੀਤਾ ਜਾਵੇ।

### ਨਾਂਅ ਦੀ ਬਦਲੀ

ਮੈਂ, ਅਮਨ ਪੁੱਤਰ ਅਸ਼ੋਕ ਕੁਮਾਰ ਵਾਸੀ ਪਿੰਡ ਤੇ ਡਾਕ: ਹਜਾਰਾ, ਜ਼ਿਲ੍ਹਾ ਜਲੰਧਰ, ਪੰਜਾਬ-144025 ਬਿਆਨ ਕਰਦਾ ਹਾਂ ਕਿ ਮੈਂ ਆਪਣਾ ਨਾਮ ਅਮਨ ਤੋਂ ਬਦਲ ਕੇ ਅਮਨ ਕੁਮਾਰ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।


## ਆਟੋ ਤੇ ਟਰੈਕਟਰ ਟਰਾਲੀ ਦੀ ਟੱਕਰ, ਆਟੋ ਚਾਲਕ ਗੰਭੀਰ ਜ਼ਖ਼ਮੀ



**ਬਲਾਚੌਰ (ਜਸਵਿੰਦਰ ਬੈਂਸ)**-ਰੋਪੜ ਬਲਾਚੌਰ ਨੈਸ਼ਨਲ ਹਾਈਵੇ ਤੇ ਨੇੜੇ ਕੰਗਣਾ ਪੁੱਲ ਦੇ ਨਜ਼ਦੀਕ ਰਾਣਾ ਢਾਬਾ ਤੇ ਸਾਹਮਣੇ ਆਟੋ ਅਤੇ ਟਰੈਕਟਰ ਟਰਾਲੀ ਦਾ ਐਕਸੀਡੈਂਟ ਹੋਣ ਦੀ ਸੂਚਨਾ ਪ੍ਰਾਪਤ ਹੋਈ ਹੈ। ਜਾਣਕਾਰੀ ਅਨੁਸਾਰ ਇਕ ਟਰੈਕਟਰ ਟਰਾਲੀ ਜਿਸ ਦਾ ਨੰਬਰ ਪੀ ਬੀ 27 ਐਲ 6931 ਮਾਰਕਾ ਸਵਰਾਜ਼ ਜੋ ਕਿ ਰੋਪੜ੍ਹ ਸਾਇਡ ਤੋਂ ਨਵਾਂਸ਼ਹਿਰ ਜਾ ਰਿਹਾ ਸੀ ਅਤੇ ਆਟੋ ਜਿਸ ਦਾ ਨੰਬਰ ਪੀ ਬੀ 07 ਸੀ ਈ 3405 ਜਿਸ ਨੂੰ ਜਤਿੰਦਰ ਵਾਸੀ ਕਾਠਗੜ੍ਹ ਥਾਣਾ ਕਾਠਗੜ੍ਹ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਚਲਾ ਰਿਹਾ। ਇਹ ਰੋਪੜ੍ਹ ਸਾਇਡ ਤੋਂ ਨਵਾਂਸ਼ਹਿਰ ਸਾਇਡ ਜਾ ਰਿਹਾ ਸੀ ਜਦੋਂ ਇਹ ਟਰੈਕਟਰ ਟਰਾਲੀ ਅਤੇ ਆਟੋ ਉਪਰੋਕਤ ਸਥਾਨ ਤੇ ਪਹੁੰਚੇ ਤਾਂ ਆਟੋ ਅਚਾਨਕ ਟਰਾਲੀ ਨਾਲ ਪਿੱਛੋਂ ਜਾ ਟਕਰਾਈਆ ।ਹਾਦਸੇ ਵਿਚ ਆਟੋ ਚਾਲਕ ਜਤਿੰਦਰ ਗੰਭੀਰ ਜ਼ਖ਼ਮੀ ਹੋ ਗਿਆ ਅਤੇ ਆਟੋ ਚਾਲਕ ਨੂੰ ਲੋਕਾਂ ਨੇ ਆਟੋ ਨੂੰ ਰੱਸੇ ਪਾ ਬੜੀ ਮੁਸ਼ਕਿਲ ਨਾਲ ਆਟੋ ਦੀ ਚੈਸੀ ਨੂੰ ਖਿੱਚ ਕੇ ਬਾਹਰ ਕੱਢਿਆ ਅਤੇ ਇਲਾਜ ਲਈ ਕਾਰ ਰਾਹੀਂ ਬਲਾਚੌਰ ਦੇ ਸਰਕਾਰੀ ਹਸਪਤਾਲ ਵਿਖੇ ਲਿਜਾਇਆ ਜਿੱਥੇ ਡਾਕਟਰਾਂ ਦੀ ਟੀਮ ਵਲੋਂ ਫਸਟਏਡ ਦੇਣ ਬਾਅਦ ਚੰਡੀਗੜ੍ਹ ਪੀ ਜੀ ਆਈ ਨੂੰ ਰੈਫਰ ਕਰ ਦਿੱਤਾ ਗਿਆ।


### PUBLIC NOTICE

The General Public is informed that an Original Sale Deed No. 3647 dated 03.03.2017 executed by Rupinder Kaur W/o Pushpinder Singh in favour of Komaldeep Singh S/o Pushpinder Singh, Sale Deed No. 1404 dated 23.06.2011 executed by Paramjit Kaur W/o Baljinder Singh in favour of Kamlesh Rani W/o Naresh Kumar, Sale Deed No. 3485 dated 28.12.2012 by Pankaj W/o Jagdish Chand in favour of Simrat Kaur W/o Dalvir Singh and Sale Deed No. 3486 dated 28.12.2012 executed by Pankaj W/o Jagdish Chand in favour of kanta Devi W/o Keshav Garg has been lost at sadar bazaar, Dhuri on 31.10.2025 DDR No. 22 dated 08.11.2025 with Police Station City dhuri has been got lodged. M/s Saffron Healthy Foods, Kakarwal, Dhuri (Sangrur) being current owner of the said property is equitably mortgaging the said property with Punjab & Sind Bank, Dhuri. If any person has any objection in this regard, he should contact the manager, Punjab & Sind Bank Dhuri District Sangrur in writing with the supporting documents within 15 days. If no claim is received within 15 days of notice, it shall be presumed that no person has any claim of any nature in respect of the said property and any subsequent claim shall not bind our clients. Manager Punjab & Sind Bank Dhuri Contact No 70870 15422

## ਔਰਤ ਨੂੰ ਆਤਮ-ਹੱਤਿਆ ਲਈ ਮਜਬੂਰ ਕਰਨ ਵਾਲੇ ਤਿੰਨ ਗ੍ਰਿਫ਼ਤਾਰ

**ਨੰਗਲ (ਸੁਰਜੀਤ ਸਿੰਘ)**- ਸਥਾਨਕ ਡੀ ਐਸ ਪੀ ਹਰਕੀਰਤ ਸਿੰਘ, ਥਾਣਾ ਮੁਖੀ ਸਿਮਰਨਜੀਤ ਸਿੰਘ ਨੇ ਪ੍ਰੈਸ ਕਾਨਫਰੰਸ ਵਿੱਚ ਦੱਸਿਆ ਕਿ ਪੁਲਸ ਨੂੰ ਦਰਖਾਸਤ ਕਰਤਾ ਕੋਮਲ ਧਮਨ ਪੁੱਤਰੀ ਲੇਟ ਸੰਜੀਵ ਕੁਮਾਰ ਵਾਸੀ ਮਕਾਨ ਨੰਬਰ 311 52 ਬਲਾਕ ਨੰਗਲ ਥਾਣਾ ਨੰਗਲ ਜ਼ਿਲ੍ਹਾ ਰੂਪਨਗਰ ਨੇ ਇੱਕ ਬਿਆਨ ਤਹਿਰੀਰ ਕਰਾਇਆ ਕਿ ਉਸ ਦੀ ਮਾਤਾ ਰੰਜਨਾ ਦੇਵੀ ਉਮਰ 47 ਸਾਲ ਜੋ ਘਰੇਲੂ ਕੰਮਕਾਰ ਕਰਦੀ ਹੈ ਜਿਸ ਨੇ ਸਿਲਾਈ ਮਸ਼ੀਨ ਲੈਣ ਲਈ ਪ੍ਰਾਈਵੇਟ ਸੱਤਿਆ ਫਾਈਨਾਂਸ ਕੰਪਨੀ ਊਨਾ ਤੋਂ 2022 ਵਿੱਚ 35000 ਰੁਪਏ ਲੋਨ ਲਿਆ ਸੀ ਜਿਸ ਦੀ ਪ੍ਰਤੀ ਮਹੀਨਾ ਕਿਸ਼ਤ 1700 ਰੁਪਏ ਬਣਦੀ ਸੀ ਜੋ ਮੇਰੀ ਮਾਤਾ ਨੇ 1.11.2025 ਨੂੰ 700 ਰੁਪਏ ਉਕਤ ਕੰਪਨੀ ਨੂੰ ਦੇ ਦਿੱਤਾ ਸੀ ਜੋ 1000 ਰੁਪਏ ਬਚਦੀ ਕਿਸ਼ਤ ਲੈਣ ਲਈ ਕੰਪਨੀ ਦੇ 3 ਮੁਲਾਜਮ ਸ਼ੁਭਮ, ਸਾਗਰ ਅਤੇ ਅਭਿਸ਼ੇਕ ਉਸ ਨੂੰ ਕਿਸ਼ਤ ਲੈਣ ਲਈ ਘਰ ਆ ਕੇ ਤੰਗ ਪ੍ਰੇਸ਼ਾਨ ਕਰਦੇ ਸਨ ਅਤੇ ਬੇਇਜ਼ਤੀ ਕਰਦੇ ਸਨ ਜੋ ਆਪਣੀ ਬੇਇਜ਼ਤੀ ਤੋਂ ਡਰਦੇ ਮਾਰੇ ਮੇਰੀ ਮਾਤਾ ਰੰਜਨਾ ਦੇਵੀ ਨੇ ਨਹਿਰ ਵਿੱਚ ਛਾਲ ਮਾਰ ਦਿੱਤੀ ਜਿਸ ਦੇ ਬਿਆਨ ਦੇ ਅਧਾਰ 'ਤੇ ਮੁੱਕਦਮਾ ਥਾਣਾ ਨੰਗਲ ਦੇ ਦਰਜ ਰਜਿਸਟਰ ਕੀਤਾ ਗਿਆ ਤੇ ਪੁਲਸ ਨੇ ਤੁਰੰਤ ਕਾਰਵਾਈ ਕਰਦੇ ਹੋਏ ਉਕਤ ਦੋਸ਼ੀਆਨ



ਸ਼ੁਭਮ ਰਾਣਾ ਪੁੱਤਰ ਵਿਜੈ ਕੁਮਾਰ ਵਾਸੀ ਮਹਿਲ ਥਾਣਾ ਬੜੋਜ ਜ਼ਿਲ੍ਹਾ ਹਮੀਰਪੁਰ, ਹਿਮਾਚਲ, ਸਾਗਰ ਸੈਨ ਪੁੱਤਰ ਸੁਨੀਲ ਕੁਮਾਰ ਵਾਸੀ ਬਨੋੜੂ ਥਾਣਾ ਨਰਵਾਲਾ ਜ਼ਿਲ੍ਹਾ ਕਾਂਗੜਾ ਹਿਮਾਚਲ ਅਤੇ ਅਭਿਸ਼ੇਕ ਚੌਹਾਨ ਪੁੱਤਰ ਪਵਨ ਕੁਮਾਰ ਵਾਸੀ ਬਲਵਾਹਣਾ ਥਾਣਾ ਸਦਰ ਬਿਲਾਸਪੁਰ ਹਿਮਾਚਲ ਨੂੰ ਗ੍ਰਿਫਤਾਰ ਕੀਤਾ ਗਿਆ ਹੈ।

## ਗੁਰੂ ਕਾ ਬਾਗ ਛਾਉਣੀ ਬੁੱਢਾ ਦਲ ਵਿਖੇ 23 ਤੋਂ 25 ਤੱਕ ਧਾਰਮਿਕ ਸਮਾਗਮ : ਜਥੇ. ਬਾਬਾ ਬਲਬੀਰ ਸਿੰਘ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਜਥੇਦਾਰ ਬਾਬਾ ਬਲਬੀਰ ਸਿੰਘ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਹਿੰਦ ਦੀ ਚਾਦਰ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਸ਼ਤਾਬਦੀ ਸਮਾਗਮ 23 ਤੋਂ 25 ਨਵੰਬਰ ਤੱਕ ਗੁਰਮਤਿ ਮਰਿਆਦਾ ਅਨੁਸਾਰ ਗੁਰੂ ਕਾ ਬਾਗ ਛਾਉਣੀ ਬੁੱਢਾ ਦਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣਗੇ। 23 ਨਵੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਹੋਣਗੇ ਜਿਨ੍ਹਾਂ ਦੇ ਭੋਗ 25 ਨਵੰਬਰ ਨੂੰ ਪਾਏ ਜਾਣਗੇ। 23 ਨਵੰਬਰ ਨੂੰ ਇਸੇ ਛਾਉਣੀ ਵਿੱਚ ਸਰਬ ਧਰਮ ਸੰਮੇਲਨ ਹੋਵੇਗਾ, ਜਿਸ ਵਿੱਚ ਦੇਸ਼ਾਂ ਵਿਦੇਸ਼ਾਂ ਦੇ ਸਾਰੇ ਧਰਮਾਂ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਸ਼ਾਮਲ ਹੋਣਗੀਆਂ। ਗੁਰੂ ਕਾ ਬਾਗ ਛਾਉਣੀ ਬੁੱਢਾ ਦਲ ਵਿਖੇ ਸੈਰ ਸਪਾਟਾ ਵਿਭਾਗ ਪੰਜਾਬ ਦੇ ਸਲਾਹਕਾਰ ਦੀਪਕ ਬਾਲੀ ਅਤੇ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਹੋਈ ਇੱਕ ਵਿਸ਼ੇਸ਼ ਬੈਠਕ ਉਪਰੰਤ ਗੱਲਬਾਤ ਕਰਦੇ ਹੋਏ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਜਥੇਦਾਰ ਬਾਬਾ ਬਲਬੀਰ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਸ਼ਤਾਬਦੀ ਦੇ ਨਾਲ ਨਾਲ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਸਾਹਿਬ ਏ ਕਮਾਲ ਦੇ ਗੁਰਤਾਗੱਦੀ ਦਿਹਾੜੇ ਦੀ ਸ਼ਤਾਬਦੀ ਵੀ ਮਨਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਗੁਰੂ ਕਾ ਬਾਗ ਛਾਉਣੀ ਬੁੱਢਾ ਦਲ ਵਿਖੇ ਰਹਿਤ ਮਰਿਆਦਾ



ਅਨੁਸਾਰ ਸਾਰੇ ਧਾਰਮਿਕ ਸਮਾਗਮ ਆਯੋਜਿਤ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਦੱਸਿਆ ਕਿ 24 ਨਵੰਬਰ ਨੂੰ ਗੁਰਦੁਆਰਾ ਬਿਬਾਨਗੜ੍ਹ ਸਾਹਿਬ ਕੀਰਤਪੁਰ ਸਾਹਿਬ ਤੋਂ ਸ਼ੀਸ਼ ਭੇਟ ਯਾਤਰਾਂ ਸਮੁੱਚੀਆਂ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਅਰੰਭ ਹੋਵੇਗੀ ਜੋ ਪੜਾਅ ਦਰ ਪੜਾਅ ਗੁਰਦੁਆਰਾ ਸੀਸ਼ ਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਪੂਰਨ ਹੋਵੇਗੀ।ਸੈਰ ਸਪਾਟਾ ਵਿਭਾਗ ਪੰਜਾਬ ਦੇ ਸਲਾਹਕਾਰ ਦੀਪਕ ਬਾਲੀ ਨੇ ਸਮੁੱਚੇ ਸਮਾਗਮਾਂ ਦੀ ਰੂਪ ਰੇਖਾ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉੱਤਰ ਭਾਰਤ ਵਿੱਚ ਪਹਿਲੀ ਵਾਰ ਵਿਰਾਸਤ ਏ ਖਾਲਸਾ ਸ੍ਰੀ ਅਨੰਦਪੁਰ ਸਾਹਿਬ ਵਿਖੇ 500 ਡਰੋਨਾਂ ਨਾਲ ਨੌਵੇਂ ਪਾਤਸ਼ਾਹ ਜੀ ਦੇ ਜੀਵਨ ਨੂੰ ਸਮਰਪਤ ਡਰੋਨ ਸ਼ੋਅ ਆਯੋਜਿਤ ਹੋਣਗੇ, ਜੋ 23 ਨਵੰਬਰ ਤੋ 29 ਨਵੰਬਰ ਤੱਕ ਰੋਜ਼ਾਨਾ ਹੋਣਗੇ। ਸ਼ਰਧਾਲੂਆਂ ਦੇ ਮੁਫਤ ਠਹਿਰਾਓ ਲਈ 19 ਨਵੰਬਰ ਤੋਂ 29 ਨਵੰਬਰ ਤੱਕ 3 ਵਿਸ਼ਾਲ ਟੈਂਟ ਸਿਟੀਆਂ ਦਾ ਨਿਰਮਾਣ ਕਰਵਾਇਆ ਜਾ ਰਿਹਾ ਹੈ ਤੇ 20 ਨਵੰਬਰ ਨੂੰ ਚਰਨ ਗੰਗਾ ਸਟੇਡੀਅਮ ਵਿਖੇ ਗੁਰੂ ਸਾਹਿਬ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਤ ਰੋਸ਼ਨੀ ਅਤੇ ਆਵਾਜ਼ ਸ਼ੋਅ ਵੀ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਨੇ ਦੱਸਿਆ ਕਿ 23 ਨਵੰਬਰ ਤੋਂ 25 ਨਵੰਬਰ ਤੱਕ ਗੁਰੂ ਕਾ ਬਾਗ ਛਾਉਣੀ ਬੁੱਢਾ ਦਲ ਵਿਖੇ ਗੁਰਮਤਿ ਸਮਾਗਮ ਹੋਣਗੇ, ਜਿਨ੍ਹਾਂ ਵਿੱਚ ਮਹਾਨ ਕੀਰਤਨ ਦਰਬਾਰ, ਸਰਬੱਤ ਦੇ ਭਲੇ ਦੀ ਇਕੱਤਰਤਾ, ਸਰਬ ਧਰਮ ਸੰਮੇਲਨ, ਢਾਡੀ ਕਵੀਸ਼ਰੀ ਦਰਬਾਰ ਤੇ ਪੰਥ ਪ੍ਰਸਿੱਧ ਕੀਰਤਨੀ ਜਥੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਨਿਹਾਲ ਕਰਨਗੇ। ਇਸ ਮੌਕੇ ਉਨ੍ਹਾਂ ਨੇ ਸਮਾਗਮ ਵਾਲੇ ਸਥਾਨ ਤੇ ਪਹੁੰਚ ਕੇ ਪ੍ਰਬੰਧਾਂ ਦੀ ਰੂਪ ਰੇਖਾ ਦਾ ਜਾਇਜ਼ਾ ਲਿਆ ਅਤੇ ਸਬੰਧਿਤ ਅਧਿਕਾਰੀਆਂ ਨੂੰ ਸਮਾਂ ਰਹਿੰਦਿਆਂ ਸਾਰੇ ਪ੍ਰਬੰਧ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ।

## ਕੇਂਦਰ ਸਰਕਾਰ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕਰਨਾ ਬੰਦ ਕਰੇ : ਰਾਣਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਪੰਜਾਬ ਦੇ ਲੋਕਾਂ ਦਾ ਵਿਸ਼ੇਸ਼ ਧਿਆਨ ਰੱਖਣਾ ਕੇਂਦਰ ਸਰਕਾਰ ਦੀ ਮੁਢਲੀ ਜਿੰਮੇਦਾਰੀ ਹੈ ਕਿਉਂਕਿ ਪੰਜਾਬ ਇੱਕ ਬਾਰਡਰ ਸਟੇਟ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸਾਥੀ ਕਰਮ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਲੋਕਲ ਯੂਨਿਟ ਦੀ ਮੀਟਿੰਗ ਕਰਵਾਉਣ ਤੋਂ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ। ਉਨਾਂ ਕਿਹਾ ਕਿ ਕੇਂਦਰ ਸਰਕਾਰ ਦੀਆਂ ਪੰਜਾਬ ਵਿਰੋਧੀ ਨੀਤੀਆਂ ਕਾਰਨ ਪੰਜਾਬ ਦੇ ਲੋਕ ਡਾਢੇ ਪਰੇਸ਼ਾਨ ਹਨ। ਪੰਜਾਬ ਦੀ ਰਾਜਧਾਨੀ



ਚੰਡੀਗੜ੍ਹ ਅੱਜ ਤੱਕ ਪੰਜਾਬ ਦੇ ਹਵਾਲੇ ਨਹੀਂ ਕੀਤੀ, ਪੰਜਾਬੀ ਬੋਲਦੇ ਇਲਾਕਿਆਂ ਨੂੰ ਪੰਜਾਬ ਵਿੱਚ ਸ਼ਾਮਲ ਕਰਨ ਲਈ ਆਨਾਕਾਨੀ ਕੀਤੀ ਜਾ ਰਹੀ ਹੈ ਅਤੇ ਪੰਜਾਬ ਦੇ ਡੈਮਾਂ 'ਤੇ ਲਗਾਤਾਰ ਕਬਜ਼ਾ ਕੀਤਾ ਜਾ ਰਿਹਾ ਹੈ, ਦਰਿਆਈ ਪਾਣੀਆਂ ਦੇ ਹੱਕ ਨੂੰ ਮਾਰਿਆ ਜਾ ਰਿਹਾ ਹੈ। ਹਰੇ ਇਨਕਲਾਬ ਨੇ ਪੰਜਾਬ ਦੀ ਧਰਤੀ ਅਤੇ ਪਾਣੀ ਨੂੰ ਬਹੁਤ ਪ੍ਰਦੂਸ਼ਿਤ ਕਰ ਦਿੱਤਾ ਹੈ। ਪੰਜਾਬ ਵਿੱਚ ਬੇਰੁਜ਼ਗਾਰੀ ਦਾ ਮਸਲਾ ਹੱਲ ਕਰਨ ਲਈ ਵੱਡੇ ਉਦਯੋਗਾਂ ਦੀ ਲੋੜ ਸੀ ਜੋ ਨਹੀਂ ਪੂਰੀ ਕੀਤੀ ਗਈ। ਪੰਜਾਬ ਨੂੰ ਲਗਾਤਾਰ ਨਸ਼ਿਆਂ ਦੀ ਦਲਦਲ ਵਿੱਚ ਧੱਕਿਆ ਜਾ ਰਿਹਾ ਹੈ ਅਤੇ ਕੇਂਦਰ ਦੀਆਂ ਨੀਤੀਆਂ ਕਾਰਨ ਪੰਜਾਬ ਬਰਬਾਦੀ 'ਤੇ ਕੰਢੇ ਤੇ ਪੁੱਜ ਚੁੱਕਾ ਹੈ।ਉਹਨਾਂ ਮੰਗ ਕੀਤੀ ਕਿ ਕੇਂਦਰ ਸਰਕਾਰ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕਰਨਾ ਬੰਦ ਕਰੇ ਅਤੇ ਪੰਜਾਬ ਦੀਆਂ ਲਟਕਦੀਆਂ ਮੰਗਾਂ ਤੁਰੰਤ ਪ੍ਰਵਾਨ ਕਰੇ ਤੇ ਪੰਜਾਬ ਤੇ ਹੋ ਰਹੇ ਪੂੰਜੀਵਾਦੀ ਕਾਰਪੋਰੇਟ ਹਮਲਿਆਂ ਨੂੰ ਰੋਕੇ।ਉਨ੍ਹਾਂ ਪੰਜਾਬ ਦੇ ਇਨਸਾਫ ਪਸੰਦ ਲੋਕਾਂ ਅਤੇ ਜਥੇਬੰਦੀਆਂ ਨੂੰ ਇੱਕ ਪਲੇਟਫਾਰਮ 'ਤੇ ਇਕੱਠੇ ਹੋ ਕੇ ਕੇਂਦਰ ਸਰਕਾਰ ਦੀ ਹਰ ਧੱਕੇਸ਼ਾਹੀ ਦਾ ਜਵਾਬ ਦੇਣ ਦੀ ਅਪੀਲ ਕੀਤੀ। ਇਸ ਮੌਕੇ ਉਨਾਂ ਨਾਲ ਮਾਸਟਰ ਮੋਹਣ ਲਾਲ ਰਤਿਆਲ, ਕਰਨੈਲ ਸਿੰਘ ਭੱਲਾ, ਠੇਕੇਦਾਰ ਧਰਮ ਚੰਦ ਰੱਤੇਵਾਲ ਅਤੇ ਮਨੋਹਰ ਲਾਲ ਰੱਤੇਵਾਲ ਵੀ ਹਾਜ਼ਰ ਸਨ।

## ਚੌਧਰੀ ਤਰਲੋਚਨ ਸਿੰਘ ਸੂੰਢ ਨੂੰ ਨਮ ਅੱਖਾਂ ਨਾਲ ਦਿੱਤੀ ਅੰਤਿਮ ਵਿਦਾਇਗੀ





**ਬੰਗਾ (ਅਵਤਾਰ ਕਲੇਰ)** ਪੰਜਾਬ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਚੌਧਰੀ ਤਰਲੋਚਨ ਸਿੰਘ ਸੂੰਢ ਸਾਬਕਾ ਵਿਧਾਇਕ ਬੰਗਾ ਨੂੰ ਨਮ ਅੱਖਾਂ ਨਾਲ ਦਿੱਤੀ ਅੰਤਿਮ ਵਿਦਾਇਗੀ। ਚੌਧਰੀ ਤਰਲੋਚਨ ਸਿੰਘ ਸੂੰਢ ਤਰਨਤਾਰਨ ਦੀ ਜ਼ਿਮਨੀ ਚੋਣ ਲਈ ਪ੍ਰਚਾਰ ਕਰਨ ਗਏ ਸਨ। ਬੀਤੇ ਕੱਲ੍ਹ ਚੋਣ ਪ੍ਰਚਾਰ ਦੌਰਾਨ ਹੀ ਦਿਲ ਦਾ ਦੌਰਾ ਪੈਣ ਕਾਰਨ ਉਹਨਾਂ ਮੌਤ ਹੋ ਗਈ। ਚੌਧਰੀ ਸੂੰਢ ਦਾ ਅੰਤਿਮ ਸੰਸਕਾਰ ਜੱਦੀ ਪਿੰਡ ਸੂੰਢ ਵਿਖੇ ਕੀਤਾ ਗਿਆ। ਪਹਿਲਾਂ ਬੰਗਾ ਸ਼ਹਿਰ ਅਤੇ ਵੱਡੇ ਕਾਫਲੇ ਦੇ ਰੂਪ 'ਚ ਬੰਗਾ ਤੋਂ ਜੱਦੀ ਪਿੰਡ ਸੂੰਢ ਸ਼ਮਸ਼ਾਨ ਘਾਟ ਵਿਖੇ ਨਾਅਰਿਆਂ ਦੀ ਗੂੰਜ 'ਚ ਹਜ਼ਾਰਾਂ ਦੀ ਗਿਣਤੀ 'ਚ ਉਨ੍ਹਾਂ ਦਾ ਅੰਤਿਮ ਸੰਸਕਾਰ ਕੀਤਾ ਗਿਆ। ਚਿਤਾ ਨੂੰ ਅਗਨੀ ਚੌਧਰੀ ਤਰਲੋਚਨ ਸਿੰਘ ਸੂੰਢ ਦੇ ਭਾਣਜੇ ਐਡਵੋਕੇਟ ਅਮਨਦੀਪ ਗੁਰੂ ਅਤੇ ਵੱਡੀ ਬੇਟੀ ਜੈਸਮੀਨ ਨੇ ਸਾਂਝੇ ਤੌਰ 'ਤੇ ਦਿੱਤੀ। ਅੰਤਿਮ ਸੰਸਕਾਰ ਤੇ ਪੰਜਾਬ ਕਾਂਗਰਸ ਪਾਰਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਮੈਂਬਰ ਪਾਰਲੀਮੈਂਟ ਲੁਧਿਆਣਾ, ਪੰਜਾਬ ਵਿਧਾਨ ਸਭਾ 'ਚ ਵਿਰੋਧ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ,ਸੁਖਜਿੰਦਰ ਸਿੰਘ ਰੰਧਾਵਾ ਮੈਂਬਰ ਪਾਰਲੀਮੈਂਟ, ਹਰਦੇਵ ਸਿੰਘ ਲਾਡੀ ਵਿਧਾਇਕ ਸ਼ਾਹਕੋਟ, ਸੁਖਵਿੰਦਰ ਸਿੰਘ ਕੋਟਲੀ ਵਿਧਾਇਕ ਆਦਮਪੁਰ, ਚੌਧਰੀ ਵਿਕਰਮਜੀਤ ਸਿੰਘ ਵਿਧਾਇਕ ਫਿਲੌਰ,ਰਾਣਾ ਗੁਰਜੀਤ ਸਿੰਘ ਸਾਬਕਾ ਕੈਬਨਿਟ ਮੰਤਰੀ ,ਅੰਗਦ ਸਿੰਘ ਸੈਣੀ ਸਾਬਕਾ ਵਿਧਾਇਕ ਨਵਾਂ ਸ਼ਹਿਰ, ਸਰਵਣ ਸਿੰਘ ਫਿਲੌਰ ਸਾਬਕਾ ਵਿਧਾਇਕ, ਮਲਕੀਤ ਸਿੰਘ ਦਾਖਾ ਸਾਬਕਾ ਵਿਧਾਇਕ ਅੰਤਿਮ ਸੰਸਕਾਰ ਚ ਸ਼ਾਮਲ ਹੋਏ। ਇਸ ਮੌਕੇ ਮੈਡਮ ਮੀਨਾ ਸੂੰਢ,ਚੌਧਰੀ ਮੋਹਣ ਸਿੰਘ ਸਾਬਕਾ ਵਿਧਾਇਕ ਬੰਗਾ, ਕੁਲਜੀਤ ਸਿੰਘ ਸਰਹਾਲ ,ਆਪ ਆਗੂ ਹਰਜੋਤ ਕੌਰ ਲੋਹਟੀਆ, ਸਤਵੀਰ ਸਿੰਘ ਪੱਲੀ ਝਿੱਕੀ, ਕਮਲਜੀਤ ਬੰਗਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਰਾਮਦਾਸ ਸਿੰਘ, ਕੁਲਵਰਨ ਸਿੰਘ ਥਾਂਦੀਆ ਆਦਿ ਹਾਜ਼ਰ ਸਨ।

## ਬਲਾਚੌਰ 'ਚ ਅੱਜ ਬਿਜਲੀ ਸਪਲਾਈ ਬੰਦ ਰਹੇਗੀ

**ਬਲਾਚੌਰ (ਜਸਵਿੰਦਰ ਬੈਂਸ)**- ਉਪ ਮੰਡਲ ਇੰਜੀਨੀਅਰ ਜਸਵਿੰਦਰ ਪਾਲ ਨੇ ਜਾਣਕਾਰੀ ਦਿੰਦਿਆਂ ਹੋਇਆਂ ਦੱਸਿਆ ਕਿ 11 ਕੇ ਬੀ ਤਹਿਸੀਲ ਕੰਪਲੈਕਸ ਫੀਡਰ ਬਲਾਚੌਰ ਵਿਖੇ ਜ਼ਰੂਰੀ ਮੁਰੰਮਤ ਕਰਕੇ ਬਲਾਚੌਰ ਸ਼ਹਿਰ ਦੇ ਕਈ ਇਲਾਕੇ ਬਲਾਚੌਰ ਮੇਨ ਚੌਂਕ ਗੜ੍ਹੰਣ ਰੋਡ, ਟਿੱਕਾ ਮਾਰਕੀਟ, ਸੂਰੀ ਹਸਪਤਾਲ, ਸ੍ਰੀ ਗੁਰੂ ਰਵਿਦਾਸ ਮਹੱਲਾ ,ਪੁਰੀ ਮੁੱਹਲਾ ਘਈ ਮਾਰਕੀਟ, ਚੌਧਰੀ ਮਾਰਕੀਟ ਦੀ ਬਿਜਲੀ ਸਪਲਾਈ ਸਵੇਰੇ 10 ਤੋਂ 2 ਵਜੇ ਤੱਕ ਬੰਦ ਰਹੇਗੀ। ਉਨ੍ਹਾਂ ਦੱਸਿਆ ਕਿ ਸਮੇਂ ਨੂੰ ਵਧਾਇਆ ਜਾ ਘਟਾਇਆ ਵੀ ਜਾ ਸਕਦਾ ਹੈ।

## ਨੈਸ਼ਨਲ ਹਾਈਵੇ ਅਥਾਰਟੀ ਖਿਲਾਫ ਨਾਅਰੇਬਾਜ਼ੀ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਮਾਤਾ ਚਿੰਤਪੁਰਨੀ, ਹੁਸ਼ਿਆਰਪੁਰ ਅਤੇ ਤਲਵਾੜਾ ਤੋਂ ਅੰਮ੍ਰਿਤਸਰ ਬਟਾਲਾ ਅਤੇ ਗੁਰਦਾਸਪੁਰ ਆਦਿ ਵਾਇਆ ਟਾਂਡਾ ਸ੍ਰੀ ਹਰਗੋਬਿੰਦਪੁਰ ਆਉਣ ਜਾਣ ਵਾਲੇ ਵਾਹਨ ਚਾਲਕਾਂ ਨੂੰ ਸੜਕ 'ਤੇ ਪਏ ਟੋਇਆਂ ਕਾਰਨ ਪੇਸ਼ ਆ ਰਹੀਆਂ ਪਰੇਸ਼ਾਨੀਆਂ ਸਦਕਾ ਸ਼ਿਵ ਸੈਨਾ ਹਿੰਦੁਸਤਾਨ ਦੇ ਪੰਜਾਬ ਯੂਥ ਪ੍ਰਧਾਨ ਰਾਹੁਲ ਖੰਨਾ ਦੀ ਅਗਵਾਈ ਵਿੱਚ ਸ਼ਿਵ ਸੈਨਾ ਵਰਕਰਾਂ ਨੇ ਨੈਸ਼ਨਲ ਹਾਈਵੇ ਅਥਾਰਟੀ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ।ਇਸ ਸਬੰਧੀ ਪ੍ਰਧਾਨ ਰਾਹੁਲ ਖੰਨਾ ਨੇ ਕਿਹਾ ਕਿ ਟਾਂਡਾ ਸ੍ਰੀ ਹਰਗੋਬਿੰਦਪੁਰ ਬਿਆਸ ਦਰਿਆ 'ਤੇ ਪੁਲ ਚਾਲੂ ਹੋ ਜਾਣ ਉਪਰੰਤ ਅੰਮ੍ਰਿਤਸਰ, ਬਟਾਲਾ ਅਤੇ ਗੁਰਦਾਸਪੁਰ ਆਦਿ ਤੋਂ ਮਾਤਾ ਚਿੰਤਪੁਰਨੀ ਆਉਣ ਜਾਣ ਵਾਲੀ ਟਰੈਫਿਕ ਵਿੱਚ ਬਹੁਤ ਵਾਧਾ ਹੋ ਗਿਆ ਹੈ ਅਤੇ ਇਹ ਵਾਹਨ ਚਾਲਕ ਜਦ ਇਸ ਸੜਕ ਤੋਂ ਲੰਘਦੇ ਹਨ ਤਾਂ ਸੜਕ ਵਿੱਚ ਪਏ ਲੰਬੇ-ਚੌੜੇ ਅਤੇ ਡੂੰਘੇ ਟੋਇਆਂ ਕਾਰਨ ਉਨ੍ਹਾਂ ਨੂੰ ਕਾਫ਼ੀ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ।ਉਨ੍ਹਾਂ ਕਿਹਾ ਕਿ ਸ੍ਰੀ ਹਰਗੋਬਿੰਦਪੁਰ ਬਿਆਸ ਦਰਿਆ ਤੇ ਬਣੇ ਪੁਲ ਵਿੱਚ ਵੀ ਕਈ ਥਾਵਾਂ 'ਤੇ ਡੂੰਘੇ ਤੇ ਚੌੜੇ ਟੋਏ ਪੈ ਗਏ ਹਨ ਅਤੇ ਇਨ੍ਹਾਂ ਟੋਇਆਂ ਚੋਂ ਲੰਘਦੇ ਸਮੇਂ ਵਾਹਨ 'ਚ ਬੈਠੀਆਂ ਸਵਾਰੀਆਂ ਨੂੰ ਬਹੁਤ ਝਟਕੇ ਲੱਗਦੇ ਹਨ। ਉਨਾਂ ਕਿਹਾ ਕਿ ਕਈ ਵਾਰ ਐਂਬੂਲੈਂਸ ਵਿੱਚ ਆ ਰਹੇ ਮਰੀਜ਼ਾਂ ਦੀ ਇਨ੍ਹਾਂ ਟੋਇਆਂ ਤੋਂ ਲੰਘਣ ਸਮੇਂ ਲੱਗਣ ਵਾਲੇ ਝਟਕਿਆਂ ਕਾਰਨ ਤਬੀਅਤ ਹੋਰ ਖਰਾਬ ਹੋ ਜਾਂਦੀ ਹੈ। ਉਨ੍ਹਾਂ ਕੇਂਦਰ ਸਰਕਾਰ ਨੂੰ ਕੁੰਭਕਰਨੀ ਨੀਂਦ ਤੋਂ ਜਾਗਣ ਲਈ ਕਿਹਾ। ਇਸ ਮੌਕੇ ਸ਼ਿਵ ਸੈਨਾ ਦੇ ਜ਼ਿਲ੍ਹਾ ਚੇਅਰਮੈਨ ਵਿਵੇਕ ਵਿਜਨ, ਦੋਆਬਾ ਪ੍ਰਧਾਨ ਪ੍ਰਸ਼ਾਂਤ ਪੰਡਿਤ, ਯੁਵਾ ਨੇਤਾ ਰਾਜੂ ਖੋਸਲਾ, ਜ਼ਿਲ੍ਹਾ ਯੂਥ ਪ੍ਰਧਾਨ ਪੁਨੀਤ ਢੀਂਗਰਾ, ਜ਼ਿਲ੍ਹਾ ਸਕੱਤਰ ਪੰਡਿਤ ਮਿਥਲੇਸ਼ ਗਰਗ, ਜ਼ਿਲ੍ਹਾ ਵਾਈਸ ਚੇਅਰਮੈਨ ਸੰਜੀਵ ਖੰਨਾ, ਗੁਰਨਾਮ ਸਿੰਘ ਗੋਨੀ, ਰਜੀਵ ਖੰਨਾ, ਗੌਰਵ ਬੇਦੀ, ਮਨਜੋਤ ਸਿੰਘ ਅਤੇ ਹੋਰ ਸ਼ਿਵ ਸੈਨਾ ਵਰਕਰਾਂ ਨੇ ਕੇਂਦਰ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਟਾਂਡਾ ਸ੍ਰੀ ਹਰਗੋਬਿੰਦਪੁਰ ਸੜਕ ਦੀ ਜਲਦ ਮੁਰੰਮਤ ਨਾ ਕਰਵਾਈ ਤਾਂ ਸੰਘਰਸ਼ ਹੋਰ ਤੇਜ਼ ਕਰਦੇ ਹੋਏ ਸੜਕ ਜਾਮ ਲਗਾਵਾਂਗੇ।



## ਰਿਆਤ-ਬਾਹਰਾ ਪ੍ਰੋਫ਼ੈਸ਼ਨਲ 'ਵਰਸਿਟੀ 'ਚ ਅਧਿਆਪਕ ਸਨਮਾਨ ਸਮਾਰੋਹ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰਿਆਤ ਬਾਹਰਾ ਪ੍ਰੋਫ਼ੈਸ਼ਨਲ ਯੂਨੀਵਰਸਿਟੀ ਵਿੱਚ ਅਧਿਆਪਕਾਂ ਦੇ ਸਨਮਾਨ ਵਿੱਚ ਟੀਚਰਜ਼ ਆਨਰ ਸੈਰੇਮਨੀ ਦਾ ਆਯੋਜਨ ਕੀਤਾ ਗਿਆ। ਇਸ ਮੌਕੇ 200 ਤੋਂ ਵੱਧ ਸਕੂਲਾਂ ਦੇ ਅਧਿਆਪਕਾਂ ਨੂੰ ਉਨ੍ਹਾਂ ਦੇ ਸਮਰਪਣ, ਸ਼ਾਨਦਾਰ ਸੇਵਾਵਾਂ ਅਤੇ 100 ਪ੍ਰਤੀਸ਼ਤ ਅਕਾਦਮਿਕ ਨਤੀਜਿਆਂ ਲਈ ਸਨਮਾਨਤ ਕੀਤਾ ਗਿਆ। ਇਸ ਸਮਾਰੋਹ ਦੌਰਾਨ ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਕਿਹਾ, ਅਧਿਆਪਕ ਸਮਾਜ ਦੀ ਰੀੜ੍ਹ ਦੀ ਹੱਡੀ ਹਨ, ਜੋ ਆਪਣੇ ਗਿਆਨ, ਸਮਰਪਣ ਅਤੇ ਨੈਤਿਕ ਮੁੱਲਾਂ ਰਾਹੀਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਦਿਸ਼ਾ ਦਿੰਦੇ ਹਨ। ਰਿਆਤ ਬਾਹਰਾ ਗਰੁੱਪ ਹਮੇਸ਼ਾ ਅਧਿਆਪਕਾਂ ਦੇ ਯੋਗਦਾਨ ਨੂੰ ਸਭ ਤੋਂ ਵੱਧ ਸਨਮਾਨ ਦੇਂਦਾ ਹੈ। ਉਨ੍ਹਾਂ ਇਸ ਮੌਕੇ ਤੇ ਵਿਦਿਆਰਥੀਆਂ ਲਈ 25 ਕਰੋੜ ਰੁਪਏ ਦੇ ਆਰ.ਬੀ.ਪੀ.ਯੂ.-ਸੈੱਟ ਸਕਾਲਰਸ਼ਿਪ ਇਨੀਸ਼ਿਏਟਿਵ ਦਾ ਐਲਾਨ ਕੀਤਾ।ਵਾਈਸ ਚਾਂਸਲਰ ਡਾ. ਚੰਦਰ ਮੋਹਨ ਨੇ ਕਿਹਾ, ਅਧਿਆਪਕ ਸਿਰਫ਼ ਗਿਆਨ ਨਹੀਂ ਦਿੰਦੇ, ਸਗੋਂ ਵਿਦਿਆਰਥੀਆਂ ਵਿੱਚ ਆਤਮ ਵਿਸ਼ਵਾਸ, ਅਨੁਸ਼ਾਸਨ ਅਤੇ ਜੀਵਨ ਮੁੱਲਾਂ ਦਾ ਸੰਚਾਰ ਕਰਦੇ ਹਨ। ਮੰਚ ਦਾ ਸੰਚਾਲਨ ਡਾ. ਕੁਲਦੀਪ ਵਾਲੀਆ ਨੇ ਕੀਤਾ। ਇਸ ਮੌਕੇ ਡਾ. ਜਸਦੀਪ ਕੌਰ ਧਾਮੀ, ਡਾ. ਮਨਿੰਦਰ ਸਿੰਘ, ਹਰਿੰਦਰ ਜਸਵਾਲ, ਗੁਰਪ੍ਰੀਤ ਬੇਦੀ, ਕੁਲਦੀਪ ਰਾਣਾ ਸਮੇਤ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।




## ਸਾਲਾਨਾ ਸਮਾਗਮ 20 ਤੇ 21 ਨੂੰ : ਸਾਈਂ ਪੱਪਲ ਸ਼ਾਹ

**ਫਗਵਾੜਾ (ਡਾ. ਰਮਨ)**- ਪਿੰਡ ਭਰੋ ਮਜਾਰਾ ਵਿਖੇ ਸਲਾਨਾ ਸਮਾਗਮ 20 ਤੇ 21 ਨਵੰਬਰ ਦਿਨ ਵੀਰਵਾਰ ਤੇ ਸ਼ੁੱਕਰਵਾਰ ਨੂੰ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਬੜੀ ਹੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ। ਸਮਾਗਮ ਪ੍ਰਤੀ ਹੋਰ ਜਾਣਕਾਰੀ ਦਿੰਦਿਆਂ ਸਾਈਂ ਪੱਪਲ ਸ਼ਾਹ ਭਰੋ ਮਜਾਰਾ ਪ੍ਰਧਾਨ ਸੂਫ਼ੀਆਨਾ ਦਰਗਾਹ ਪ੍ਰਬੰਧਕ ਕਮੇਟੀ ਪੰਜਾਬ ਜੀ ਵੱਲੋਂ ਦੱਸਿਆ ਗਿਆ ਕਿ 20 ਨਵੰਬਰ ਦਿਨ ਵੀਰਵਾਰ ਨੂੰ ਦਰਗਾਹ ਸ਼ਰੀਫ਼ ਪੀਰ ਲੱਖ ਦਾਤਾ ਜੀ ਵਿਖੇ ਸਾਲਾਨਾ ਸਮਾਗਮ ਦੀ ਸ਼ੁਰੂਆਤ ਨਿਸ਼ਾਨ ਸਾਹਿਬ ਦੀ ਤੇ ਚਿਰਾਗ ਰੌਸ਼ਨ ਦੀ ਪਾਵਨ ਰਸਮ ਨਾਲ ਹੋਵੇਗੀ। ਉਸ ਤੋਂ ਬਾਅਦ ਕਵਾਲੀ ਦਾ ਪ੍ਰੋਗਰਾਮ ਪ੍ਰਸਿੱਧ ਕਵਾਲ ਪ੍ਰੇਮ ਸੋਨੂ ਪਨਾਮ ਵਾਲੇ ਕਰਨਗੇ । 21 ਨਵੰਬਰ ਦਿਨ ਸ਼ੁੱਕਰਵਾਰ ਨੂੰ ਧਾਰਮਿਕ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਵੱਖ ਵੱਖ ਦਰਬਾਰਾ ਤੋਂ ਮਹਾਂਪੁਰਸ਼, ਸੂਫ਼ੀ ਫ਼ਕੀਰ ਆਪਣੀ ਹਾਜ਼ਰੀ ਲਗਵਾਉਣਗੇ। ਸੰਤ ਕੁਲਵੰਤ ਰਾਮ ਜੀ ਭਰੋ ਮਜਾਰਾ, ਸੰਤ ਕ੍ਰਿਸ਼ਨ ਨਾਥ ਜੀ ਚਹੇੜੂ ਵਾਲੇ, ਸੰਤ ਰਾਮ ਸੇਵਕ ਜੀ ਹਰੀਪੁਰ ਖਾਲਸਾ ਵਾਲੇ ਤੇ ਸੰਤ ਹਰਵਿੰਦਰ ਦਾਸ ਜੀ ਈਸਪੁਰ ਵਾਲੇ ਆਪਣੇ ਵਿਚਾਰ ਦੀ ਸਾਂਝ ਪਾਉਣਗੇ। ਭਾਈ ਸਤਨਾਮ ਜੀ ਹੁਸੈਨਪੁਰ ਵਾਲੇ ਕੀਰਤਨ ਨਾਲ ਹਾਜ਼ਰੀ ਭਰਨਗੇ ਤੇ ਅਜ਼ਾਦ ਰੰਗ ਮੰਚ ਫਗਵਾੜਾ ਕੋਰੀਓ ਗ੍ਰਾਫੀਆ ਪੇਸ਼ ਕਰਨਗੇ। ਦਾਤਾ ਜੀ ਦਾ ਲੰਗਰ ਅਤੁੱਟ ਵਰਤਾਇਆ ਜਾਵੇਗਾ।



## ਨਵਉਦਾਰਵਾਦੀ ਨੀਤੀਆਂ ਤੇ ਫਿਰਕੂ-ਫਾਸ਼ੀਵਾਦ ਖਿਲਾਫ਼ ਯੁੱਧ ਪ੍ਰਚੰਡ ਕਰੋ : ਪਾਸਲਾ

**ਜਲੰਧਰ (ਰਾਜੇਸ਼ ਥਾਪਾ)**- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਦੀ ਪੰਜਾਬ ਰਾਜ ਕਮੇਟੀ ਦੀ ਮੀਟਿੰਗ ਸਾਥੀ ਰਤਨ ਸਿੰਘ ਰੰਧਾਵਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ 'ਚ ਪਾਰਟੀ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਕਿਹਾ ਕਿ ਪਾਰਟੀ ਨੇ ਆਰ.ਐਸ.ਐਸ. ਦੀ ਅਗਵਾਈ ਵਾਲੇ ਫਿਰਕੂ-ਫਾਸ਼ੀ ਟੋਲਿਆਂ ਵਲੋਂ ਮੁਸਲਮਾਨਾਂ, ਈਸਾਈਆਂ, ਦਲਿਤਾਂ 'ਤੇ ਢਾਹੇ ਜਾ ਰਹੇ ਅਕਹਿ ਤੇ ਅਸਹਿ ਜ਼ੁਲਮਾਂ ਅਤੇ ਮਨੂੰਵਾਦੀ ਮਾਨਸਿਕਤਾ ਅਧੀਨ ਔਰਤਾਂ ਖ਼ਿਲਾਫ਼ ਦਿਨੋ-ਦਿਨ ਵਧ ਰਹੇ ਸੰਗੀਨ ਅਪਰਾਧਾਂ ਵਿਰੁੱਧ, ਵਿਸ਼ਾਲ ਲੋਕ ਲਾਮਬੰਦੀ 'ਤੇ ਆਧਾਰਿਤ ਦੇਸ਼ ਵਿਆਪੀ ਸਿਆਸੀ-ਵਿਚਾਰਧਾਰਕ ਮੁਹਿੰਮ ਵਿੱਢੀ ਹੋਈ ਹੈ। ਮੁਹਿੰਮ ਦੌਰਾਨ ਜਨ ਸਮੂਹਾਂ ਨੂੰ ਦੇਸ਼ ਦੇ ਵਰਤਮਾਨ ਸੰਵਿਧਾਨ, ਜਮਹੂਰੀ, ਧਰਮ ਨਿਰਪੱਖ, ਫੈਡਰਲ ਢਾਂਚੇ ਅਤੇ ਮਨੁੱਖੀ ਤੇ ਸੰਵਿਧਾਨਕ ਹੱਕਾਂ ਦੀ ਰਾਖੀ ਲਈ ਉੱਠਣ ਦਾ ਸੁਨੇਹਾ ਦਿੱਤਾ ਜਾ ਰਿਹਾ ਹੈ। ਸਾਥੀ ਪਾਸਲਾ ਨੇ ਦੱਸਿਆ ਕਿ ਪਾਰਟੀ ਵਲੋਂ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੇ ਸ਼ਹੀਦੀ ਦਿਨ 'ਤੇ 23 ਮਾਰਚ ਨੂੰ ਕੌਮੀ ਰਾਜਧਾਨੀ ਦਿੱਲੀ ਵਿਖੇ ਵਿਸ਼ਾਲ ਇਕੱਠ ਤੇ ਮਾਰਚ ਕੀਤਾ ਜਾਵੇਗਾ।ਸੂਬਾ ਸਕੱਤਰ ਸਾਥੀ ਪਰਗਟ ਸਿੰਘ ਜਾਮਾਰਾਏ ਨੇ ਦੱਸਿਆ ਕਿ ਰਾਜ ਕਮੇਟੀ ਨੇ 1917 'ਚ ਰੂਸ ਅੰਦਰ ਸਫਲ ਹੋਈ ਅਕਤੂਬਰ ਕ੍ਰਾਂਤੀ ਦੀ ਵਰ੍ਹੇਗੰਢ 7 ਤੋਂ 14 ਨਵੰਬਰ ਤੱਕ ਪਿੰਡਾਂ, ਸ਼ਹਿਰਾਂ ਅੰਦਰ ਭਰਵੇਂ ਲੋਕ ਇਕੱਠ ਕਰਕੇ ਮਨਾਏ ਜਾਣ ਦਾ ਫੈਸਲਾ ਲਿਆ ਹੈ। ਉਕਤ ਇਕੱਠਾਂ 'ਚ ਕਿਰਤੀ ਲੋਕਾਈ ਨੂੰ ਅਜੋਕੇ ਹਾਲਾਤ 'ਚ ਇਨਕਲਾਬ ਦੀ ਸਾਰਥਕਤਾ ਤੋਂ ਜਾਣੂੰ ਕਰਵਾਉਂਦਿਆਂ ਲੋਟੂ ਰਾਜ ਪ੍ਰਬੰਧ ਦਾ ਖਾਤਮਾ ਕਰਕੇ ਸਾਂਝੀਵਾਲਤਾ 'ਤੇ ਆਧਾਰਿਤ ਸਮਾਜ ਦੀ ਕਾਇਮੀ ਲਈ ਜੂਝਣ ਦਾ ਪੈਗਾਮ ਦਿੱਤਾ ਜਾਵੇਗਾ।ਰਾਜ ਕਮੇਟੀ 28 ਨਵੰਬਰ ਤੋਂ 12 ਦਸੰਬਰ ਤੱਕ ਬੇਜ਼ਮੀਨੇ-ਸਾਧਨਹੀਣ ਕਿਰਤੀਆਂ, ਦਲਿਤਾਂ ਨਾਲ ਨੇੜਲਾ ਰਾਬਤਾ ਕਾਇਮ ਕਰਨ ਲਈ ਜਨ ਸੰਪਰਕ ਮੁਹਿੰਮ ਚਲਾਏਗੀ। ਮੁਹਿੰਮ ਦੌਰਾਨ ਦੇਸ਼ ਦੇ ਅਜੋਕੇ ਸੰਵਿਧਾਨ ਨੂੰ ਖਾਰਜ ਕਰਕੇ ਸ਼ਾਸ਼ਨ ਪੱਧਤੀ ਵਜੋਂ ਮਨੂੰ ਸਿਮਰਤੀ ਦੀ ਪੁਨਰ ਸਥਾਪਤੀ ਦੀਆਂ ਆਰ.ਐਸ.ਐਸ., ਭਾਜਪਾ ਤੇ ਸੰਘੀ ਸੰਗਠਨਾਂ ਦੀਆਂ ਕੁਚਾਲਾਂ ਨੂੰ ਮਾਤ ਦੇਣ ਲਈ ਘੋਲ ਵਿੱਢਣ ਦਾ ਸੱਦਾ ਦਿੱਤਾ ਜਾਵੇਗਾ। ਮੁਹਿੰਮ ਦੌਰਾਨ ਸੂਬਾਈ ਜੱਥੇ ਪੰਜਾਬ ਦੇ 500 ਪਿੰਡਾਂ 'ਚ ਮਾਰਚ ਅਤੇ ਲਾਮਬੰਦੀ ਕਰਨਗੇ।ਰਾਜ ਕਮੇਟੀ ਨੇ ਪੰਜਾਬ 'ਵਰਸਿਟੀ ਚੰਡੀਗੜ੍ਹ ਦਾ ਪ੍ਰਬੰਧ ਸੂਬੇ ਤੋਂ ਖੋਹਣ ਅਤੇ ਸੈਨੇਟ ਭੰਗ ਕਰਨ ਵਿਰੁੱਧ ਸਾਂਝਾ ਘੋਲ ਵਿੱਢਣ ਦਾ ਫੈਸਲਾ ਕੀਤਾ ਹੈ।ਜਥੇਬੰਦਕ ਮਜ਼ਬੂਤੀ ਲਈ ਸਰਵ ਸਾਥੀ ਸ਼ਿਵ ਕੁਮਾਰ, ਰਘਬੀਰ ਸਿੰਘ ਬੈਨੀਪਾਲ, ਮੋਹਨ ਸਿੰਘ ਧਮਾਣਾ, ਦਰਸ਼ਨ ਨਾਹਰ, ਸਰਬਜੀਤ ਗਿੱਲ, ਧਰਮਿੰਦਰ ਮੁਕੇਰੀਆਂ ਸਕੱਤਰੇਤ ਦੇ ਇਨਵਾਇਟੀ ਮੈਂਬਰ ਲਏ ਗਏ।ਆਰੰਭ ਵਿਚ ਸਦੀਵੀ ਵਿਛੋੜਾ ਦੇ ਗਏ ਯੁੱਧ ਸਾਥੀਆਂ ਪ੍ਰਕਾਸ਼ ਸਿੰਘ ਕਾਹਨੂੰਵਾਨ, ਕਰਨੈਲ ਸਿੰਘ ਨਵਾਂ ਪਿੰਡ, ਰਣਬੀਰ ਜੈਨ ਸਰਦੂਲਗੜ੍ਹ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।



## ਪੰਜਾਬ ਸਰਕਾਰ ਨੇ ਬਦਲੀ ਪਿੰਡ ਬਾਂਸ ਦੀ ਨੁਹਾਰ

**ਨੰਗਲ, ਭਲਾਣ (ਹਰਭਜਨ ਢਿੱਲੋਂ)**- ਆਮ ਆਦਮੀ ਪਾਰਟੀ ਦੇ ਕੈਬਨਿਟ ਮੰਤਰੀ ਹਰਜੋਤ ਬੈਂਸ ਨੇ ਆਪਣੇ ਵਿਧਾਨ ਸਭਾ ਹਲਕੇ ਸ੍ਰੀ ਅਨੰਦਪੁਰ ਸਾਹਿਬ ਨੂੰ ਨੰਬਰ ਇਕ ਬਣਾਉਣ ਦਾ ਸੰਕਲਪ ਲਿਆ ਹੋਇਆ ਹੈ। ਪਿੰਡ ਬਾਂਸ ਵਿੱਚ ਹੋਏ ਵਿਕਾਸ ਦੇ ਕੰਮ ਇਸ ਦੀ ਮੂੰਹ ਬੋਲਦੀ ਤਸਵੀਰ ਹਨ।ਪਿੰਡ ਬਾਂਸ ਦੇ ਵਾਸੀਆਂ ਨੂੰ ਲੰਬੇ ਸਮੇਂ ਤੋਂ ਖਰਾਬ ਸੜਕ ਅਤੇ ਗੰਦੇ ਪਾਣੀ ਦੀ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਪਿੰਡ ਵਾਸੀਆਂ ਦੀ ਇਸ ਪੁਰਾਣੀ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਗੰਦੇ ਪਾਣੀ ਨੂੰ ਅੰਡਰਗ੍ਰਾਊਂਡ ਕਰਨ ਦਾ ਕੰਮ ਪਿਛਲੇ ਦਿਨਾਂ ਤੋਂ ਹੀ ਜ਼ੋਰ-ਸ਼ੋਰ ਨਾਲ ਜਾਰੀ ਸੀ। ਅੱਜ ਮੁੱਖ ਸੜਕ ਨੂੰ ਦੋਨੋਂ ਪਾਸਿਆਂ ਤੋਂ ਵੱਡਾ ਕਰਨ ਦਾ ਕੰਮ ਵੀ ਸ਼ੁਰੂ ਹੋ ਗਿਆ ਹੈ। ਸੜਕ ਦੀ ਚੌੜਾਈ 8 ਫੁੱਟ ਤੋਂ ਵਧਾ ਕੇ 16 ਫੁੱਟ ਕੀਤੀ ਜਾ ਰਹੀ ਹੈ, ਜਿਸ ਨਾਲ ਆਵਾਜਾਈ ਵਿੱਚ ਸੁਵਿਧਾ ਹੋਵੇਗੀ ਅਤੇ ਪਿੰਡਾਂ ਦੀ ਤਸਵੀਰ ਵਿੱਚ ਸੁਧਾਰ ਆਵੇਗਾ।ਇਸ ਮੌਕੇ ਸਰਪੰਚ ਰਾਜ ਦੁਲਾਰੀ, ਸ਼ਿਵ ਕੁਮਾਰ ਛੋਟੂ, ਯੁਵਾ ਆਪ ਪਾਰਟੀ ਆਗੂ ਹਿਤੇਸ਼ ਦੀਪੂ ਨੇ ਕੈਬਨਿਟ ਮੰਤਰੀ ਹਰਜੋਤ ਬੈਂਸ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਦੀ ਇਸ ਚਿਰਕੋਣੀ ਮੰਗ ਨੂੰ ਅੱਜ ਬੂਰ ਪੈ ਗਿਆ ਹੈ। ਇਸ ਮੌਕੇ ਸ੍ਰੀ ਅਨੰਦਪੁਰ ਸਾਹਿਬ ਵਿਧਾਨ ਸਭਾ ਹਲਕੇ ਤੋਂ ਯੁੱਧ ਨਸ਼ਿਆਂ ਵਿਰੁੱਧ ਕੋਆਰਡੀਨੇਟਰ ਹਿਤੇਸ਼ ਦੀਪੂ ਨੇ ਕਿਹਾ ਕਿ ਕੈਬਨਿਟ ਮੰਤਰੀ ਵਲੋਂ ਇਹ ਭਰੋਸਾ ਦਿੱਤਾ ਗਿਆ ਹੈ ਕਿ ਪਿੰਡ ਅਤੇ ਆਸ-ਪਾਸ ਦੇ ਇਲਾਕੇ ਦੇ ਵਿਕਾਸ ਵਿੱਚ ਕੋਈ ਕਮੀ ਨਹੀਂ ਛੱਡੀ ਜਾਵੇਗੀ। ਪਿੰਡ ਦੀ ਪੰਚਾਇਤ ਵਲੋਂ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦਾ ਤਹਿ ਦਿਲੋਂ ਧੰਨਵਾਦ ਪ੍ਰਗਟ ਕੀਤਾ ਗਿਆ।ਇਸ ਮੌਕੇ ਸਤੀਸ਼ ਦਿਵੇਦੀ, ਦੀਪਕ ਦਿਵੇਦੀ, ਰਿਟਾਇਰਡ ਮਾਸਟਰ ਬੁੱਧਦੇਵ, ਅਰੁਣ ਰੂਪਰਾਏ, ਨਿਤਿਨ ਦਿਵੇਦੀ, ਸ਼ਿਵ ਕੁਮਾਰ, ਅਮਨ, ਆਸ਼ੂ ਤੇ ਗਣੇਸ਼ ਪਿੰਡ ਵਾਸੀ ਵੱਡੀ ਗਿਣਤੀ ਵਿਚ ਹਾਜ਼ਰ ਸਨ।



## ਓਵਰ ਬ੍ਰਿਜ ਉਪਰੋਂ ਮੋਟਰਸਾਈਕਲ ਸਵਾਰ ਪਲਟੀਆਂ ਖਾਂਦਾ ਹੇਠਾਂ ਡਿੱਗਾ

**ਫਿਲੌਰ (ਨਿਰਮਲ)**- ਖਹਿਰਾ ਵਿਖੇ ਓਵਰ ਬ੍ਰਿਜ 'ਤੇ ਵਾਪਰੀ ਇੱਕ ਦਹਿਸ਼ਤਨਾਕ ਘਟਨਾ ਵਿੱਚ ਮੋਟਰਸਾਈਕਲ ਸਵਾਰ ਵਿਅਕਤੀ ਪਲਟੀਆਂ ਖਾਂਦਾ ਹੋਇਆ ਹੇਠਾਂ ਆ ਡਿੱਗਾ। ਇਸ ਘਟਨਾ ਬਾਰੇ ਜਾਣਕਾਰੀ ਦਿੰਦੇ ਹੋਏ ਸੜਕ ਸੁਰੱਖਿਆ ਫੋਰਸ ਦੇ ਇੰਚਾਰਜ ਏ.ਐਸ.ਆਈ. ਸਰਬਜੀਤ ਸਿੰਘ ਨੇ ਦੱਸਿਆ ਕਿ ਜਤਿਨ ਨਾਮਕ ਵਿਅਕਤੀ ਲੁਧਿਆਣੇ ਤੋਂ ਮੋਟਰਸਾਈਕਲ ਰਾਹੀਂ ਕਪੂਰਥਲਾ ਪਾਸੇ ਜਾ ਰਿਹਾ ਸੀ।ਜਦੋਂ ਉਹ ਖੈਹਿਰਾ ਦੇ ਓਵਰ ਬ੍ਰਿਜ ਦੇ ਨੇੜੇ ਪਹੁੰਚਿਆ, ਤਾਂ ਪਿੱਛੋਂ ਇੱਕ ਅਣਪਛਾਤੇ ਵਾਹਨ ਨੇ ਉਸ ਨੂੰ ਟੱਕਰ ਮਾਰ ਦਿੱਤੀ। ਟੱਕਰ ਦੇ ਪ੍ਰਭਾਵ ਨਾਲ ਜਤਿਨ ਮੋਟਰਸਾਈਕਲ ਤੋਂ ਉਛਲਦਾ ਹੋਇਆ ਓਵਰ ਬ੍ਰਿਜ ਤੋਂ ਹੇਠਾਂ ਸਰਵਿਸ ਰੋਡ 'ਤੇ ਜਾ ਡਿੱਗਾ। ਇਸ ਹਾਦਸੇ ਵਿੱਚ ਉਸ ਨੂੰ ਗੰਭੀਰ ਸੱਟਾਂ ਲੱਗੀਆਂ।ਸੜਕ ਸੁਰੱਖਿਆ ਫੋਰਸ ਦੀ ਟੀਮ ਨੇ ਮੌਕੇ 'ਤੇ ਪਹੁੰਚ ਕੇ ਜਤਿਨ ਨੂੰ ਫਸਟ ਏਡ ਦਿੱਤੀ ਅਤੇ 108 ਨੰਬਰ ਐਂਬੂਲੈਂਸ ਰਾਹੀਂ ਉਸ ਨੂੰ ਇਲਾਜ ਲਈ ਸਿਵਲ ਹਸਪਤਾਲ ਫਿਲੌਰ ਭੇਜ ਦਿੱਤਾ।




## ਭੂਰੀ ਵਾਲਿਆਂ ਦੇ ਸੇਵਾਦਾਰਾਂ ਵੱਲੋਂ ਦਰੱਖਤਾਂ ਦੀ ਰੰਗਾਈ, ਛੰਗਾਈ ਦੀ ਸੇਵਾ ਆਰੰਭ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਤੇ ਬਾਬਾ ਸੁਖਵਿੰਦਰ ਸਿੰਘ ਦੇ ਸੇਵਾਦਾਰਾਂ ਵੱਲੋਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਤੋਂ ਅਰਦਾਸ ਕਰਨ ਉਪਰੰਤ ਗੁਰੂ ਨਗਰੀ ਦੇ ਦਰੱਖਤਾਂ ਦੀ ਰੰਗਾਈ, ਛੰਗਾਈ ਦੀ ਸੇਵਾ ਆਰੰਭ ਕੀਤੀ ਗਈ ਹੈ। ਇਸ ਬਾਰੇ ਅਮਰਜੀਤ ਸਿੰਘ, ਮਨਿੰਦਰਪਾਲ ਸਿੰਘ, ਹਰਦੀਪ ਸਿੰਘ ਨੇ ਦੱਸਿਆ ਕਿ ਹਰ ਸਾਲ ਪ੍ਰਸ਼ਾਸਨ ਨਾਲ ਇੱਕ ਵਿਸ਼ੇਸ਼ ਮੀਟਿੰਗ ਕਰਕੇ ਹੋਲਾ ਮਹੱਲਾ ਦੌਰਾਨ 10 ਦਿਨ ਤੱਕ ਸ੍ਰੀ ਅਨੰਦਪੁਰ ਸਾਹਿਬ ਅਤੇ ਕੀਰਤਪੁਰ ਸਾਹਿਬ ਦੀ ਸਫਾਈ ਅਤੇ ਰੰਗਾਈ, ਛੰਗਾਈ, ਪੌਦਿਆਂ ਦੀ ਧੁਲਾਈ ਦੀ ਸੇਵਾ ਕੀਤੀ ਜਾਂਦੀ ਹੈ। ਇਸ ਵਾਰ ਹਿੰਦ ਦੀ ਚਾਦਰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਸ਼ਤਾਬਦੀ ਸਮਾਗਮ ਸ੍ਰੀ ਅਨੰਦਪੁਰ ਸਾਹਿਬ ਵਿੱਚ ਆਯੋਜਿਤ ਹੋ ਰਹੇ ਹਨ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਦੇ ਲਈ ਕੀਤੀਆਂ ਜਾ ਰਹੀਆਂ ਤਿਆਰੀਆਂ ਵਿਚ ਸਹਿਯੋਗ ਦੇਣ ਅਤੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆਂ ਨਾਲ ਤਾਲਮੇਲ ਕਰਨ ਤੋਂ ਬਾਅਦ ਇਸ ਵਾਰ ਭੂਰੀ ਵਾਲਿਆਂ ਦੇ ਸੇਵਾਦਾਰਾਂ ਵੱਲੋਂ ਇਹ ਸੇਵਾ ਸ਼ੁਰੂ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਸੇਵਾਦਾਰ ਰੁੱਖਾਂ ਨੂੰ ਸਫੈਦ ਰੰਗ ਵਿੱਚ ਰੰਗ ਰਹੇ ਹਨ ਅਤੇ ਅਗਲੇ ਪ੍ਰੋਗਰਾਮ ਉਲੀਕੇ ਜਾ ਰਹੇ ਹਨ। ਇਸ ਮੌਕੇ ਤਜਿੰਦਰ ਸਿੰਘ, ਮਨਜੀਤ ਸਿੰਘ, ਪ੍ਰੀਤ ਸਿੰਘ ਬਾਬਾ ਮੰਗਲ ਸਿੰਘ ਹਾਜ਼ਰ ਸਨ।



## ਬਿਜੇਂਦਰ ਗੋਇਲ ਵੱਲੋਂ ਫੈਡਰੇਸ਼ਨ ਗੱਤਕਾ ਕੱਪ ਦਾ ਉਦਘਾਟਨ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਦੂਜੇ ਫੈਡਰੇਸ਼ਨ ਗਤਕਾ ਕੱਪ-2025 ਦਾ ਉਦਘਾਟਨ ਇੱਥੇ ਬੰਗਲੌਰ ਸਿਟੀ ਯੂਨੀਵਰਸਿਟੀ, ਬੈਂਗਲੁਰੂ ਵਿਖੇ ਮਾਡਰਨ ਪਾਈਥੀਅਨ ਕਲਚਰਲ ਗੇਮਜ਼ ਦੇ ਸੰਸਥਾਪਕ ਅਤੇ ਪਾਈਥੀਅਨ ਕੌਂਸਲ ਆਫ਼ ਇੰਡੀਆ (ਪੀ ਸੀ ਆਈ) ਦੇ ਚੇਅਰਮੈਨ ਬਿਜੇਂਦਰ ਗੋਇਲ ਵੱਲੋਂ ਕੀਤਾ ਗਿਆ। ਉਦਘਾਟਨੀ ਸਮਾਰੋਹ ਵਿੱਚ ਨੈਸ਼ਨਲ ਗਤਕਾ ਐਸੋਸੀਏਸ਼ਨ ਆਫ਼ ਇੰਡੀਆ (ਐਨ ਜੀ ਏ ਆਈ) ਦੇ ਪ੍ਰਧਾਨ ਐਡਵੋਕੇਟ ਹਰਜੀਤ ਸਿੰਘ ਗਰੇਵਾਲ, ਪਾਈਥੀਅਨ ਗੇਮਜ਼ ਆਰਗੇਨਾਈਜ਼ਿੰਗ ਕਮੇਟੀ ਦੇ ਚੇਅਰਮੈਨ ਬੀ.ਐਚ. ਅਨਿਲ ਕੁਮਾਰ, ਸਨੇਹਾ ਵੈਂਕਟਰਮਨੀ ਸਮੇਤ ਐਸੋਸੀਏਸ਼ਨ ਦੇ ਅਹੁਦੇਦਾਰਾਂ, ਗਤਕਾ ਆਫੀਸ਼ੀਅਲਾਂ ਅਤੇ ਦੇਸ਼ ਭਰ ਤੋਂ ਆਏ ਖਿਡਾਰੀਆਂ ਨੇ ਸ਼ਿਰਕਤ ਕੀਤੀ।ਇਸ ਤੋਂ ਪਹਿਲਾਂ ਦੂਜੀਆਂ ਰਾਸ਼ਟਰੀ ਪਾਈਥੀਅਨ ਸੱਭਿਆਚਾਰਕ ਖੇਡਾਂ ਦਾ ਉਦਘਾਟਨ ਵੀ ਬਿਜੇਂਦਰ ਗੋਇਲ ਵੱਲੋਂ ਪਾਈਥੀਅਨ ਕੌਂਸਲ ਦੇ ਆਗੂਆਂ ਦੀ ਹਾਜ਼ਰੀ ਵਿੱਚ ਕੀਤਾ ਗਿਆ। ਇਸ ਸਮਾਰੋਹ ਵਿੱਚ ਵੱਖ-ਵੱਖ ਰਾਜਾਂ ਦੀ ਨੁਮਾਇੰਦਗੀ ਕਰਨ ਵਾਲੇ ਐਥਲੀਟਾਂ ਦੁਆਰਾ ਇੱਕ ਪ੍ਰਭਾਵਸ਼ਾਲੀ ਮਾਰਚ ਪਾਸਟ ਪੇਸ਼ ਕੀਤਾ ਗਿਆ। ਆਪਣੇ ਸੰਬੋਧਨ ਵਿੱਚ ਬਿਜੇਂਦਰ ਗੋਇਲ ਨੇ ਖੁਲਾਸਾ ਕੀਤਾ ਕਿ ਪਹਿਲੀਆਂ ਅੰਤਰਰਾਸ਼ਟਰੀ ਪਾਈਥੀਅਨ ਸੱਭਿਆਚਾਰਕ ਖੇਡਾਂ ਅਗਲੇ ਸਾਲ 2026 ਵਿੱਚ ਰੂਸ ਵਿੱਚ ਆਯੋਜਿਤ ਕਰਨ ਲਈ ਚਾਰਾਜੋਈ ਕੀਤੀ ਜਾ ਰਹੀ ਹੈ।ਇਸ ਮੌਕੇ ਐਡਵੋਕੇਟ ਹਰਜੀਤ ਸਿੰਘ ਗਰੇਵਾਲ, ਜੋ ਪੀ ਸੀ ਆਈ ਦੇ ਉਪ-ਪ੍ਰਧਾਨ ਵੀ ਹਨ, ਨੇ ਕਿਹਾ ਕਿ ਇਹ ਫੈਡਰੇਸ਼ਨ ਗਤਕਾ ਕੱਪ ਦੇਸ਼ ਦੇ ਗਤਕੇਬਾਜ਼ਾਂ ਦੇ ਜੋਸ਼, ਜਜ਼ਬੇ ਅਤੇ ਪੁਰਾਤਨ ਜੰਗਜੂ ਕਲਾ ਦੀ ਸਦੀਵੀ ਵਿਰਾਸਤ ਨੂੰ ਦਰਸਾਉਂਦਾ ਹੈ। ਇਸ ਸਾਲਾਨਾ ਚੈਂਪੀਅਨਸ਼ਿਪ ਦੇ ਉਦਘਾਟਨੀ ਦਿਨ ਨੌਜਵਾਨ ਗਤਕਾ ਯੋਧਿਆਂ ਨੇ ਕੌਮੀ ਟੂਰਨਾਮੈਂਟ ਦੌਰਾਨ ਜੋਸ਼ੀਲੀ ਕਲਾ ਦਾ ਮੁਜ਼ਾਹਰਾ ਕਰਦਿਆਂ ਹੈਰਾਨੀਜਨਕ ਪ੍ਰਦਰਸ਼ਨ ਪੇਸ਼ ਕੀਤੇ। ਕੁੜੀਆਂ ਦੇ ਗਤਕਾ-ਸੋਟੀ ਟੀਮ ਈਵੈਂਟ ਮੁਕਾਬਲਿਆਂ ਵਿੱਚ ਹਰਿਆਣਾ ਨੇ ਚਾਰ ਸੋਨ ਤਮਗੇ ਜਿੱਤ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ ਜਦੋਂ ਕਿ ਪੰਜਾਬ ਨੇ ਦੂਜਾ ਸਥਾਨ, ਚੰਡੀਗੜ੍ਹ ਅਤੇ ਆਂਧਰਾ ਪ੍ਰਦੇਸ਼ ਨੇ ਸਾਂਝੇ ਤੌਰ 'ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਹਰਿਆਣਾ ਦੀਆਂ ਕੁੜੀਆਂ ਨੇ ਫਰੀ-ਸੋਟੀ ਟੀਮ ਈਵੈਂਟ ਵਿੱਚ ਵੀ ਆਪਣੀ ਜੇਤੂ ਲੜੀ ਜਾਰੀ ਰੱਖੀ। ਚੰਡੀਗੜ੍ਹ ਨੇ ਦੂਜਾ ਸਥਾਨ ਅਤੇ ਪੰਜਾਬ ਅਤੇ ਛੱਤੀਸਗੜ੍ਹ ਸਾਂਝੇ ਤੌਰ 'ਤੇ ਤੀਜੇ ਸਥਾਨ 'ਤੇ ਰਹੇ।ਉਦਘਾਟਨ ਸਮਾਰੋਹ ਵਿੱਚ ਮੌਜੂਦ ਹੋਰਨਾਂ ਸ਼ਖ਼ਸੀਅਤਾਂ ਵਿੱਚ ਇੰਟਰਨੈਸ਼ਨਲ ਸਿੱਖ ਮਾਰਸ਼ਲ ਆਰਟ ਕੌਂਸਲ ਦੇ ਉਪ-ਪ੍ਰਧਾਨ ਸੁਖਚੈਨ ਸਿੰਘ ਕਲਸਾਣੀ, ਗਤਕਾ ਐਸੋਸੀਏਸ਼ਨ ਕਰਨਾਟਕ ਦੀ ਪ੍ਰਧਾਨ ਆਰਥੀ ਦੀਵਾਨ, ਗੱਤਕਾ ਐਸੋਸੀਏਸ਼ਨ ਆਂਧਰਾ ਪ੍ਰਦੇਸ਼ ਦੇ ਜਨਰਲ ਸਕੱਤਰ ਐਮ ਸੁਰੇਂਦਰ ਰੈਡੀ, ਜਗਦੀਸ਼ ਸਿੰਘ ਅੰਮ੍ਰਿਤਸਰ ਤੋਂ ਇਲਾਵਾ ਗਤਕਾ ਰੈਫਰੀ ਜਸਪ੍ਰੀਤ ਸਿੰਘ ਰੋਪੜ, ਜਸ਼ਨਪ੍ਰੀਤ ਸਿੰਘ, ਅਤੇ ਅਮਨ ਸਿੰਘ ਛੱਤੀਸਗੜ੍ਹ ਸਮੇਤ ਵੱਖ-ਵੱਖ ਰਾਜਾਂ ਦੇ ਗਤਕਾ ਕੋਚ ਅਤੇ ਪਤਵੰਤੇ ਸ਼ਾਮਲ ਸਨ ।



## ਵਿਸ਼ਾਲ ਜਾਗਰਣ ਭਲਕੇ

**ਬਸਤੀ ਸ਼ੇਖ ਜਲੰਧਰ (ਲਖਵਿੰਦਰ ਸਿੰਘ)** ਮਾਂ ਸਲਾਨੀ ਮੰਦਿਰ ਕਮੇਟੀ ਅਤੇ ਸੋਲਾਨਕੀ ਤੇ ਖਾਨ ਫੈਮਿਲੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮਾਂ ਭਗਵਤੀ ਦਾ ਵਿਸ਼ਾਲ ਜਾਗਰਣ 11 ਨਵੰਬਰ ਦਿਨ ਮੰਗਲਵਾਰ ਨੂੰ ਪਿੰਡ ਕੁਲਾਰ ਜ਼ਿਲ੍ਹਾ ਜਲੰਧਰ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ। ਸੇਵਾਦਾਰ ਸੋਨੂੰ ਅਤੇ ਪੰਡਿਤ ਹਰਜਿੰਦਰ ਪਾਲ ਨੇ ਦੱਸਿਆ ਕਿ ਪੰਜਾਬ ਦੇ ਮਸ਼ਹੂਰ ਗਾਇਕ ਸੁਖਦੇਵ ਮਹੁੰਮਦ, ਨੂਰ ਮੁਹੰਮਦ ਅਤੇ ਚੰਦਨ ਕਨੌਤਾ ਮਹਾਂ ਮਾਈ ਦਾ ਗੁਣਗਾਣ ਕਰਨਗੇ ਤੇ ਮਾਂ ਤਾਰਾਂ ਰਾਣੀ ਦੀ ਕਥਾ ਮਾਂ ਦੇ ਭਗਤ ਮਹਿੰਦਰ ਦਾਸ ਜੀ ਕਰਨਗੇ।



## ਕਿਰਨ ਸੋਢੀ ਨੇ 10 ਕਿਲੋਮੀਟਰ ਦੌੜ 'ਚ ਪਹਿਲਾ ਸਥਾਨ ਹਾਸਲ ਕੀਤਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਫਿਟਨੈਸ ਕੋਚ ਕਿਰਨ ਸੋਢੀ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਦਾ ਨਾਮ ਇੱਕ ਵਾਰ ਫਿਰ ਮਾਣ ਨਾਲ ਚਮਕਾਇਆ ਗਿਆ ਹੈ। ਹੰਸਾਲੀ ਖੇੜਾ ਵਿਖੇ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਦੀ ਯਾਦ ਵਿੱਚ ਹਰ ਸਾਲ ਕਰਵਾਈ ਜਾਂਦੀ ਮਸ਼ਹੂਰ ਮੈਰਾਥਨ ਦੌੜ ਵਿੱਚ ਪੰਜਾਬ, ਹਿਮਾਚਲ, ਹਰਿਆਣਾ, ਚੰਡੀਗੜ੍ਹ ਆਦਿ ਵੱਖ-ਵੱਖ ਸੂਬਿਆਂ ਤੋਂ ਲਗਭਗ 1000 ਤੋਂ ਵੱਧ ਦੁੜਾਕਾ ਨੇ ਹਿੱਸਾ ਲਿਆ। 18 ਤੋਂ 35 ਸਾਲ ਉਮਰ ਵਾਲੇ ਸ਼੍ਰੇਣੀ ਵਿੱਚ ਕਿਰਨ ਸੋਢੀ ਨੇ 10 ਕਿਲੋਮੀਟਰ ਦੀ ਦੌੜ ਸਿਰਫ਼ 50 ਮਿੰਟ ਵਿੱਚ ਪੂਰੀ ਕਰਦੇ ਹੋਏ ਪਹਿਲਾ ਸਥਾਨ ਹਾਸਲ ਕੀਤਾ ਤੇ ਜਿੱਤ ਦਾ ਮਹਿਲਾ ਗਰੁੱਪ ਵਿੱਚ ਝੰਡਾ ਗੱਡ ਦਿੱਤਾ।ਜਿੱਤ ਦੀ ਖੁਸ਼ੀ ਦੇ ਮੌਕੇ ਕਿਰਨ ਸੋਢੀ ਨੂੰ ਪ੍ਰਬੰਧਕ ਕਮੇਟੀ ਵੱਲੋਂ 5100 ਰੁਪਏ ਨਗਦ ਰਕਮ ਅਤੇ ਸ਼ਾਨਦਾਰ ਮੋਮੈਂਟੋ ਦੇ ਕੇ ਸਨਮਾਨਤ ਕੀਤਾ ਗਿਆ। ਕਿਰਨ ਸੋਢੀ ਤੇ ਉਨ੍ਹਾਂ ਦੇ ਜੀਵਨ ਸਾਥੀ ਅਮਰ ਸੋਢੀ ਵੱਲੋਂ ਸ਼ਹਿਰ ਵਿੱਚ ਫਿਟਨੈਸ ਜਿਮ ਚਲਾਇਆ ਜਾ ਰਿਹਾ ਹੈ, ਜਿੱਥੇ ਖ਼ਾਸ ਤੌਰ 'ਤੇ ਲੜਕੀਆਂ ਤੇ ਬੱਚਿਆਂ ਨੂੰ ਫਿਟਨੈਸ, ਡਾਇਟ ਤੇ ਸਿਹਤ ਸੰਬੰਧੀ ਖ਼ਾਸ ਮਾਰਗ ਦਰਸ਼ਨ ਕਰਵਾਇਆ ਜਾਂਦਾ ਹੈ।



## ਇਨੋਸੈਂਟ ਹਾਰਟਸ ਵੱਲੋਂ ਖਿਡਾਰੀਆਂ ਦਾ ਸਨਮਾਨ

**ਜਲੰਧਰ (ਸ਼ੈਲੀ ਐਲਬਰਟ)**- ਬੋਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਦੇ ਤਹਿਤ ਇੰਨੋਸੈਂਟ ਹਾਰਟਸ ਗਰੁੱਪ ਨੇ ਸਲਾਨਾ ਚੈਂਪੀਅਨ ਐਕਸੀਲੈਂਸ (ਏ ਸੀ ਈ) ਐਵਾਰਡਸ 2025 ਦਾ ਆਯੋਜਨ ਕੀਤਾ, ਜਿਸ ਵਿੱਚ ਪੰਜਾਂ ਸ਼ਾਖਾਵਾਂ ਗ੍ਰੀਨ ਮਾਡਲ ਟਾਊਨ, ਲੋਹਾਰਾਂ, ਨੂਰਪੁਰ ਰੋਡ, ਕੈਂਟ-ਜੰਡਿਆਲਾ ਰੋਡ ਅਤੇ ਕਪੂਰਥਲਾ ਰੋਡ ਦੇ ਪ੍ਰਤਿਭਾਸ਼ਾਲੀ ਖਿਡਾਰੀਆਂ ਨੂੰ ਸਨਮਾਨਤ ਕੀਤਾ ਗਿਆ। ਅੰਤਰਰਾਸ਼ਟਰੀ, ਰਾਸ਼ਟਰੀ, ਰਾਜ ਅਤੇ ਜ਼ਿਲ੍ਹਾ ਪੱਧਰ 'ਤੇ ਵਿਲੱਖਣ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸੰਸਥਾ ਲਈ ਮਾਣ ਲਿਆਉਣ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਦਾ ਇਕ ਯਾਦਗਾਰ ਪਲ ਸੀ ਮਹਿਲਾ ਕ੍ਰਿਕਟ ਟੀਮ ਨੂੰ ਉਨ੍ਹਾਂ ਦੀ ਤਾਜ਼ਾ ਜਿੱਤ ਲਈ ਖੜ੍ਹੇ ਹੋ ਕੇ ਸਨਮਾਨਤ ਕਰਨਾ। ਡਾ. ਗੁਰਿੰਦਰਜੀਤ ਕੌਰ ਜ਼ਿਲ੍ਹਾ ਸਿੱਖਿਆ ਅਧਿਕਾਰੀ (ਸੀਨੀਅਰ ਸੈਕੰਡਰੀ), ਜਲੰਧਰ ਨੇ ਮੁੱਖ ਮਹਿਮਾਨ ਵਜੋਂ ਸਮਾਗਮ ਵਿੱਚ ਹਿੱਸਾ ਲਿਆ, ਜਦਕਿ ਮਾਨਯੋਗ ਮਹਿਮਾਨ ਸਰਬਜੀਤ ਸਿੰਘ, ਐਥਲੈਟਿਕ ਕੋਚ ਅਤੇ ਪੰਜਾਬ ਐਮੇਚਰ ਐਥਲੈਟਿਕ ਐਸੋਸੀਏਸ਼ਨ ਦੇ ਮੈਂਬਰ ਸਨ। ਇਸ ਮੌਕੇ ਪ੍ਰਸਿੱਧ ਐਥਲੀਟ ਜਗਮੀਤ ਸਿੰਘ ਵੀ ਹਾਜ਼ਰ ਸਨ।ਸਭਾ ਨੂੰ ਸੰਬੋਧਨ ਕਰਦੇ ਹੋਏ ਡਾ. ਧੀਰਜ ਬਨਾਤੀ (ਡਿਪਟੀ ਡਾਇਰੈਕਟਰ ਐਕਸਪੈਂਸ਼ਨ, ਪਲਾਨਿੰਗ ਐਂਡ ਇੰਪਲੀਮੈਂਟੇਸ਼ਨ) ਨੇ ਟਰੱਸਟ ਦੀ ਦਿਸ਼ਾ ਐਨ ਇਨੀਸ਼ੀਏਟਿਵ ਦੇ ਤਹਿਤ ਚੱਲ ਰਹੀਆਂ ਪਹਿਲਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਲੋਹਾਰਾਂ ਕੈਂਪਸ ਵਿੱਚ ਵਿਸ਼ੇਸ਼ ਖੇਡ ਪ੍ਰਸ਼ਿਕਸ਼ਣ ਸ਼ੁਰੂ ਕੀਤਾ ਗਿਆ ਹੈ, ਜਿਸ ਨੂੰ ਸਪੋਰਟਸ ਹੱਬ ਵਜੋਂ ਵਿਕਸਿਤ ਕੀਤਾ ਗਿਆ ਹੈ। ਇੱਥੇ ਅੰਤਰਰਾਸ਼ਟਰੀ ਮਾਪਦੰਡਾਂ ਅਨੁਸਾਰ ਸ਼ੂਟਿੰਗ ਰੇਂਜ, ਐਂਟੀ-ਇੰਜਰੀ ਸਰਫੇਸ ਵਾਲਾ ਬਾਸਕਟਬਾਲ ਕੋਰਟ, ਸੌਕਰ ਅਤੇ ਏਅਰ ਹਾਕੀ ਟੇਬਲ, ਸੈਲਫ ਡਿਫੈਂਸ ਟ੍ਰੇਨਿੰਗ (ਜੂਡੋ, ਕਰਾਟੇ, ਬਾਕਸਿੰਗ) ਅਤੇ ਸਮਰਪਿਤ ਯੋਗ ਅਤੇ ਧਿਆਨ ਖੇਤਰ ਵਰਗੀਆਂ ਸੁਵਿਧਾਵਾਂ ਮੌਜੂਦ ਹਨ ।ਇਸ ਸਮਾਰੋਹ ਵਿੱਚ ਮੁੱਖ ਮਹਿਮਾਨ ਵੱਲੋਂ ਲਗਭਗ 200 ਖਿਡਾਰੀਆਂ ਨੂੰ ਉਨ੍ਹਾਂ ਦੀਆਂ ਅਸਾਧਾਰਨ ਉਪਲਬਧੀਆਂ ਲਈ ਸਨਮਾਨਤ ਕੀਤਾ ਗਿਆ।ਅੰਤਰਰਾਸ਼ਟਰੀ ਅਤੇ ਰਾਸ਼ਟਰੀ ਪੱਧਰ 'ਤੇ ਮਾਣ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦੇ ਮਾਤਾ-ਪਿਤਾ ਨੂੰ ਵਿਸ਼ੇਸ਼ ਤੌਰ 'ਤੇ ਸੱਦਾ ਦਿੱਤਾ ਗਿਆ ਸੀ, ਜਿਨ੍ਹਾਂ ਨੇ ਟਰੱਸਟ ਦੀ ਵਿਸ਼ਵ-ਪੱਧਰੀ ਖੇਡ ਢਾਂਚੇ ਦੀ ਪ੍ਰਸ਼ੰਸਾ ਕੀਤੀ ਜਿਸ ਨੇ ਖੇਡ ਪ੍ਰਤਿਭਾ ਅਤੇ ਸਮੂਹਿਕ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਡਾ. ਅਨੂਪ ਬੌਰੀ ਚੇਅਰਮੈਨ ਇਨੋਸੈਂਟ ਹਾਰਟਸ ਗਰੁੱਪ ਨੇ ਮੁੱਖ ਅਤਿਥੀ ਦਾ ਸਨਮਾਨ ਕੀਤਾ, ਜਦਕਿ ਡਾ. ਪਲਕ ਗੁਪਤਾ ਬੌਰੀ, ਡਾਇਰੈਕਟਰ ਸੀਐਸਆਰ ਨੇ ਮੁੱਖ ਮਹਿਮਾਨ, ਮਾਨਯੋਗ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤੇ। ਇਸ ਮੌਕੇ ਸ਼ੈਲੀ ਬੌਰੀ (ਐਗਜ਼ਿਕਿਊਟਿਵ ਡਾਇਰੈਕਟਰ ਸਕੂਲ), ਆਰਾਧਨਾ ਬੌਰੀ (ਐਗਜ਼ਿਕਿਊਟਿਵ ਡਾਇਰੈਕਟਰ ਕਾਲਜ), ਸ਼ਰਮੀਲਾ ਨਾਕਰਾ (ਡਿਪਟੀ ਡਾਇਰੈਕਟਰ ਕਲਚਰਲ ਅਫੇਅਰਜ਼) ਅਤੇ ਪ੍ਰਬੰਧਨ ਦੇ ਹੋਰ ਸਨਮਾਨਤ ਮੈਂਬਰ ਮੌਜੂਦ ਸਨ। ਇਨੋਸੈਂਟ ਹਾਰਟਸ ਸਪੋਰਟਸ ਟੀਮ ਨੂੰ ਵੀ ਮੰਚ 'ਤੇ ਸੱਦਿਆ ਗਿਆ ਅਤੇ ਉਤਕ੍ਰਿਸ਼ਟ ਯੋਗਦਾਨ ਲਈ ਸਨਮਾਨਤ ਕੀਤਾ ਗਿਆ। ਸਮਾਰੋਹ ਦਾ ਸਮਾਪਨ ਜੋਸ਼ ਭਰੇ ਭੰਗੜੇ ਦੇ ਪ੍ਰਦਰਸ਼ਨ ਨਾਲ ਹੋਇਆ।




## ਠੱਗ ਨੇ ਏ ਟੀ ਐੱਮ ਬਦਲ ਕੇ ਗਹਿਣੇ ਖਰੀਦੇ

**ਬੰਗਾ (ਅਵਤਾਰ ਕਲੇਰ)**- ਬੰਗਾ ਹਲਕੇ ਦੇ ਪਿੰਡ ਭਰੋਲੀ ਦੇ ਨਿਵਾਸੀ ਬਲਵੀਰ ਸਿੰਘ ਪੁੱਤਰ ਨਿਰੰਜਨ ਸਿੰਘ ਨਾਲ ਬਹਿਰਾਮ ਦੀ ਭਾਰਤੀਆ ਸਟੇਟ ਬੈਂਕ ਬਹਿਰਾਮ ਵਿਖੇ ਏ ਟੀ ਐਮ ਨਾਲ ਆਪਣੇ ਖਾਤੇ ਵਿਚੋਂ ਕੁਝ ਪੇਸੇ ਲੈਣ ਆਇਆ ਸੀ ਤਾਂ ਉੱਥੇ ਪਹਿਲਾਂ ਤੋਂ ਹੀ ਹਾਜ਼ਰ ਠੱਗ ਨੇ ਚਲਾਕੀ ਨਾਲ ਉਸ ਦਾ ਏ ਟੀ ਐਮ ਬਦਲ ਲਿਆ। ਥਾਣਾ ਬਹਿਰਾਮ ਨੂੰ ਦਿੱਤੀ ਆਪਣੀ ਸ਼ਿਕਾਇਤ ਵਿਚ ਬਲਵੀਰ ਸਿੰਘ ਨੇ ਦੱਸਿਆ ਕਿ ਉਹ ਬੈਂਕ ਦੀ ਸ਼ਾਖਾ ਬਹਿਰਾਮ ਵਿਖੇ ਪੇਸੇ ਕਢਵਾਉਣ ਆਇਆ ਸੀ। ਉਸ ਨੇ ਦੱਸਿਆ ਜਦੋਂ ਉਹ ਏ ਟੀ ਐਮ ਤੋਂ ਪੈਸੇ ਕਢਵਾ ਰਿਹਾ ਸੀ ਤਾਂ ਉਥੇ ਇਕ ਅਣਪਛਾਤੇ ਵਿਅਕਤੀ ਨੇ ਗੱਲਾਂ ਵਿਚ ਪਾ ਕੇ ਉਸ ਦਾ ਏ ਟੀ ਐਮ ਨੂੰ ਬਦਲ ਲਿਆ।ਉਸ ਨੇ ਜਦੋਂ ਆਪਣੀ ਠੱਗੀ ਬਾਰੇ ਬੈਂਕ ਨੂੰ ਦੱਸਿਆ ਤਾਂ ਉਸ ਵਿਅਕਤੀ ਨੇ ਬੰਗਾ ਵਿਖੇ ਇੱਕ ਸੁਨਿਆਰੇ ਦੀ ਦੁਕਾਨ ਤੋਂ ਗਹਿਣਿਆਂ ਦੀ ਖਰੀਦ ਕੀਤੀ ਹੈ। ਜਿਸ ਤੋਂ ਬਾਅਦ ਉਸ ਨੇ ਬੰਗਾ ਪੁੱਜ ਕੇ ਉਕਤ ਦੁਕਾਨ 'ਤੇ ਆ ਕੇ ਦੁਕਾਨ ਦੇ ਮਾਲਕ ਨਾਲ ਗੱਲਬਾਤ ਕੀਤੀ। ਦੁਕਾਨ 'ਤੇ ਲੱਗੇ ਕੈਮਰਿਆ ਦੀ ਫੁਟੇਜ ਨੂੰ ਦੇਖਿਆ। ਜਿਸ ਦੀ ਸ਼ਕਲ ਸਹੀ ਅਤੇ ਸਾਫ਼ ਨਜ਼ਰ ਆ ਰਹੀ ਸੀ। ਥਾਣਾ ਬਹਿਰਾਮ ਦੀ ਪੁਲਸ ਨੇ ਮਿਲੀ ਸ਼ਿਕਾਇਤ 'ਤੇ ਕਾਰਵਾਈ ਕਰਦੇ ਹੋਏ ਉਕਤ ਠੱਗ ਦੀ ਭਾਲ ਸ਼ੁਰੂ ਕਰ ਦਿੱਤੀ ਹੈ।



## ਬਾਬਾ ਸੰਤ ਰਾਮ ਦੀ ਯਾਦ 'ਚ ਸਾਲਾਨਾ ਜੋੜ ਮੇਲਾ

**ਬੰਗਾ (ਅਵਤਾਰ ਕਲੇਰ)**- ਦਰਬਾਰ ਹਜ਼ਰਤ ਬਾਬਾ ਨੌਗੱਜਾ ਪੀਰ ਪਿੰਡ ਗੁਣਾਚੌਰ ਵਿਖੇ ਦਰਬਾਰ ਦੇ ਗੱਦੀਨਸ਼ੀਨ ਰਹੇ ਸਵਰਗੀ ਬਾਬਾ ਸੰਤ ਰਾਮ ਦੀ ਯਾਦ 'ਚ ਸਲਾਨਾ ਜੋੜ ਮੇਲਾ ਗੱਦੀਨਸ਼ੀਨ ਬਾਬਾ ਮਦਨ ਸ਼ਾਹ ਦੀ ਰਹਿਨੁਮਾਈ ਹੇਠ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਮੇਲੇ ਦੌਰਾਨ ਆਮ ਆਦਮੀ ਪਾਰਟੀਆ ਤੋਂ ਹਰਜੋਤ ਕੌਰ ਲੋਹਟੀਆ ਜਨਰਲ ਸਕੱਤਰ ਮਹਿਲਾ ਵਿੰਗ ਪੰਜਾਬ ਨੇ ਸ਼ਿਰਕਤ ਕੀਤੀ। ਉਹਨਾਂ ਬਾਬਾ ਸੰਤ ਰਾਮ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇੱਥੇ ਇਹ ਵੀ ਜ਼ਿਕਰਯੋਗ ਹੈ ਕਿ ਬਾਬਾ ਸੰਤ ਰਾਮ ਖੱਬੇ ਪੱਖੀ ਸਨ। ਸਾਰੇ ਉਹਨਾਂ ਨੂੰ ਕਾਮਰੇਡ ਸਾਬ੍ਹ ਕਹਿ ਕੇ ਹੀ ਬਲਾਉਂਦੇ ਸਨ। ਮੇਲੇ 'ਚ ਕਾਮਰੇਡ ਰਾਮ ਸਿੰਘ ਨੂਰਪੁਰੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਮਸ਼ਹੂਰ ਕਲਾਕਾਰ, ਕਵਾਲ ਅਤੇ ਨਕਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਮੇਲੇ ਦੌਰਾਨ ਸਾਈਂ ਸੁਖਵੀਰ ਸ਼ਾਹ ਲੰਗੇਰੀ, ਸਾਈਂ ਜਸਵੀਰ ਸਾਬਰੀ ਖਾਨਖਾਨਾ, ਬਾਬਾ ਸੋਡੀ ਸ਼ਾਹ, ਬੀਬੀ ਕਮਲੇਸ਼ ਕੌਰ, ਬੀਬੀ ਤਾਰੋ ਸਾਬਰ, ਜਿੰਮੀ ਸਰਕਾਰ ਅੱਪਰਾ, ਗੁਰਵੰਸ਼ ਵਿਰਦੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਗੱਦੀਨਸ਼ੀਨ ਸਾਈਂ ਮਦਨ ਸ਼ਾਹ ਅਤੇ ਮੁੱਖ ਪ੍ਰਬੰਧਕ ਪਵਨ ਕੁਮਾਰ ਵਿਰਦੀ ਵਲੋਂ ਪਹੁੰਚੇ ਹੋਏ ਮਹਿਮਾਨਾਂ, ਸੰਤ ਮਹਾਂਪੁਰਸ਼ਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ ਗਿਆ।



## ਇਸ ਵਾਰ ਰਾਮ ਲਾਲ ਪ੍ਰੇਮੀ ਯਾਦਗਾਰੀ ਐਵਾਰਡ ਜਗਦੇਵ ਸ਼ਰਮਾ ਬੁਗਰਾ ਨੂੰ



**ਧੂਰੀ (ਸੁਖਵੰਤ ਸ਼ਰਮਾ)**- ਸ਼ਨੀਵਾਰ 8 -11 - 2025 ਨੂੰ ਖਚਾ ਖੱਚ ਭਰੇ ਡਾ :ਰਾਮ ਸਿੰਘ ਸਿੱਧੂ ਯਾਦਗਾਰੀ ਹਾਲ ਧੂਰੀ ਵਿਖੇ ਇਲਾਕੇ ਦੇ ਸਰਬਾਂਗੀ ਲੇਖਕ ਜਗਦੇਵ ਸ਼ਰਮਾ ਬੁਗਰਾ ਨੂੰ ਰਾਮ ਲਾਲ ਪ੍ਰੇਮੀ ਯਾਦਗਾਰੀ ਐਵਾਰਡ 2025 ਨਾਲ ਨਿਵਾਜਿਆ ਗਿਆ। ਸ੍ਰੀ ਮਿੱਤਰ ਸੈਨ ਮੀਤ , ਪ੍ਰਧਾਨ ਲੋਕ ਸਾਹਿਤ ਮੰਚ , ਲੁਧਿਆਣਾ ਉਚੇਚੇ ਤੌਰ ਤੇ ਇਹ ਐਵਾਰਡ ਦੇਣ ਲਈ ਪਧਾਰੇ ਹੋਏ ਸਨ। ਉਹਨਾਂ ਨਾਲ ਪ੍ਰਧਾਨਗੀ ਮੰਡਲ ਵਿੱਚ ਡਾ : ਸੰਤੋਖ ਸਿੰਘ ਸੁੱਖੀ , ਖੋਜ ਅਫਸਰ, ਭਾਸ਼ਾ ਵਿਭਾਗ ਪੰਜਾਬ ਅਤੇ ਸਰਬਜੀਤ ਕੌਰ ਢਿੱਲੋਂ ਪ੍ਰਧਾਨ , ਹਰਫ਼ਾਂ ਦੀ ਲੋਅ , ਸਟੇਜ ਉਪਰ ਸੁਸ਼ੋਭਿਤ ਸਨ । ਪਿੰਡ ਬੁਗਰਾ ਦੀ ਸਮੁੱਚੀ ਪੰਚਾਇਤ ਸਾਬਕਾ ਸਰਪੰਚ ਸ: ਗਿੰਦੀ ਦੀ ਅਗਵਾਈ ਵਿੱਚ ਮੌਕੇ ਨੂੰ ਹੋਰ ਵੀ ਪ੍ਰਭਾਵਸ਼ਾਲੀ ਬਣਾਉਣ ਲਈ ਹਾਜ਼ਰ ਸੀ । ਸਭ ਤੋਂ ਪਹਿਲਾਂ ਪੰਜਾਬੀ ਸਾਹਿਤ ਸਭਾ ਧੂਰੀ ਦੇ ਪ੍ਰਧਾਨ, ਸ੍ਰੀ ਮੂਲ ਚੰਦ ਸ਼ਰਮਾ ਜੀ ਨੇ ਆਏ ਹੋਏ ਸਾਰੇ ਪਤਵੰਤਿਆਂ ਦਾ ਸਵਾਗਤ ਕੀਤਾ। ਜਗਦੇਵ ਸ਼ਰਮਾ ਦੇ ਨਾਵਲ ਦੀ ਉਤਪਤੀ ਬਾਬਤ ਚਾਨਣਾ ਪਾਇਆ। ਮਿੱਤਰ ਸੈਨ ਮੀਤ ਨੇ ਨਾਵਲ ਵਿਧਾ 'ਤੇ ਵਿਸਥਾਰ ਸਹਿਤ ਆਪਣੇ ਤਜਰਬੇ ਸਾਂਝੇ ਕੀਤੇ। ਉਪਰੰਤ , ਸ੍ਰੀ ਜਗਦੇਵ ਸ਼ਰਮਾ ਜੀ ਦੇ ਆਉਣ ਵਾਲੇ ਨਾਵਲ , 'ਇੱਕ ਸਦੀ ਦੀ ਮੌਤ' ਦੇ ਖਰੜੇ ਉਪਰ ਸ੍ਰੀ ਰਾਮ ਚੰਦ ਸ਼ਰਮਾ ਅਤੇ ਸ੍ਰੀ ਗਗਨਦੀਪ ਬੁਗਰਾ ਨੇ ਪਰਚੇ ਪੜ੍ਹੇ ਅਤੇ 'ਸਨਮਾਨ ਪੱਤਰ' ਗੁਰਮੀਤ ਸਿੰਘ ਸੋਹੀ ਨੇ ਪੜਿਆ। ਸ੍ਰੀ ਚਰਨਜੀਤ ਮੀਮਸਾ ਦੀ ਸਟੇਜ ਸਕੱਤਰੀ ਅਧੀਨ ਚੱਲੇ ਪ੍ਰੋਗਰਾਮ ਵਿੱਚ ਕੋਈ 50 ਤੋਂ ਵੱਧ ਲਿਖਾਰੀਆਂ ਨੇ ਆਪੋ ਆਪਣੇ ਕਲਾਮ ਪੇਸ਼ ਕੀਤੇ । ਅਖੀਰ ਵਿੱਚ ਰਿਟਾ: ਪ੍ਰਿੰਸੀਪਲ ਸ: ਕਿਰਪਾਲ ਸਿੰਘ ਜਵੰਦਾ ਜੀ ਨੇ ਸਾਰਿਆਂ ਦਾ ਧੰਨਵਾਦ ਕੀਤਾ ।

## ਸਬ ਜੂਨੀਅਰ ਸਟੇਟ ਵਾਲੀਬਾਲ ਚੈਂਪੀਅਨਸ਼ਿਪ, ਸਾਬਕਾ ਮੰਤਰੀ ਗਿਲਜੀਆਂ ਵੱਲੋਂ ਉਦਘਾਟਨ

**ਅੱਡਾ ਸਰਾਂ/ ਟਾਂਡਾ ਉੜਮੁੜ (ਜਸਵੀਰ ਕਾਜਲ, ਓਂਕਾਰ ਸਿੰਘ)**- ਜ਼ਿਲ੍ਹਾ ਹੁਸ਼ਿਆਰਪੁਰ ਵਾਲੀਬਾਲ ਐਸੋਸੀਏਸ਼ਨ ਵੱਲੋਂ ਐੱਮ.ਪੀ. ਗੁਰਜੀਤ ਸਿੰਘ ਔਜਲਾ ਪੰਜਾਬ ਪ੍ਰਧਾਨ ਅਤੇ ਤਰੁਣ ਭਟੇਜਾ ਸੂਬਾ ਜਨਰਲ ਸਕੱਤਰ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਸਿਲਵਰ ਓਕ ਇੰਟਰਨੈਸ਼ਨਲ ਸਕੂਲ ਟਾਂਡਾ ਵਿਖੇ ਕਰਵਾਈ ਜਾਣ ਵਾਲੀ ਅੰਡਰ-16 ਸਾਲ ਸਬ ਜੂਨੀਅਰ ਸਟੇਟ ਵਾਲੀਬਾਲ ਚੈਂਪੀਅਨਸ਼ਿਪ ਦੇ ਦੂਜੇ ਦਿਨ ਦੇ ਮੁਕਾਬਲਿਆਂ ਦਾ ਉਦਘਾਟਨ ਖੇਡ ਮਹਿਮਾਨ ਸਾਬਕਾ ਪੰਜਾਬ ਕੈਬਨਿਟ ਮੰਤਰੀ ਪੰਜਾਬ ਸੰਗਤ ਸਿੰਘ ਗਿਲਜੀਆਂ ਨੇ ਕੀਤਾ । ਦੂਜੇ ਦਿਨ ਟੀਮਾਂ ਵਿਚ ਫੱਸਵੇਂ ਮੁਕਾਬਲੇ ਵੇਖਣ ਨੂੰ ਮਿਲੇ । ਦੂਜੇ ਦਿਨ ਦੇ ਮੁਕਾਬਲਿਆਂ ਦੇ ਨਤੀਜੇ :ਲੜਕੀਆਂ ਦੇ ਵਰਗ ਵਿਚ ਜਲੰਧਰ ਦੀ ਟੀਮ ਨੇ ਸੰਗਰੂਰ ਨੂੰ ਹਰਾਇਆ । ਹੁਸ਼ਿਆਰਪੁਰ ਨੇ ਐੱਸ. ਏ.ਐੱਸ.ਨਗਰ ਨੂੰ,ਲੁਧਿਆਣਾ ਨੇ ਜਲੰਧਰ ਨੂੰ, ਫਰੀਦਕੋਟ ਨੇ ਰੋਪੜ ਨੂੰ, ਸੰਗਰੂਰ ਨੇ ਮਲੇਰਕੋਟਲਾ ਨੂੰ, ਬਰਨਾਲਾ ਨੇ ਪਠਾਨਕੋਟ ਨੂੰ, ਅੰਮ੍ਰਿਤਸਰ ਨੇ ਮੋਗਾ ਨੂੰ, ਮੁਕਤਸਰ ਨੇ ਮੋਗਾ ਨੂੰ, ਹੁਸ਼ਿਆਰਪੁਰ ਨੇ ਪਠਾਨਕੋਟ ਨੂੰ,ਬਠਿੰਡਾ ਨੇ ਪਟਿਆਲਾ ਨੂੰ, ਰੋਪੜ ਨੂੰ ਅੰਮ੍ਰਿਤਸਰ ਨੂੰ ਅਤੇ ਫਰੀਦਕੋਟ ਦੀ ਟੀਮ ਨੇ ਮਾਨਸਾ ਨੂੰ ਹਰਾਇਆ । ਲੜਕਿਆਂ ਦੇ ਵਰਗ ਵਿਚ ਲੁਧਿਆਣਾ ਨੂੰ ਫਾਜ਼ਿਲਕਾ ਨੂੰ, ਪਠਾਨਕੋਟ ਨੇ ਫਤਹਿਗੜ੍ਹ ਸਾਹਿਬ ਨੂੰ, ਗੁਰਦਾਸਪੁਰ ਨੇ ਜਲੰਧਰ ਨੂੰ, ਕਪੂਰਥਲਾ ਨੇ ਬਠਿੰਡਾ ਨੂੰ, ਮੁਕਤਸਰ ਨੇ ਰੋਪੜ ਨੂੰ, ਬਰਨਾਲਾ ਨੂੰ ਮਾਨਸਾ ਨੂੰ, ਅੰਮ੍ਰਿਤਸਰ ਨੇ ਰੋਪੜ ਨੂੰ ਅਤੇ ਸ਼ਹੀਦ ਭਗਤ ਸਿੰਘ ਨਗਰ ਦੀ ਟੀਮ ਨੇ ਮਾਨਸਾ ਦੀ ਟੀਮ ਨੂੰ ਹਰਾਇਆ । ਸਿਲਵਰ ਓਕ ਸਕੂਲ ਦੇ ਚੇਅਰਮੈਨ ਤਰਲੋਚਨ ਸਿੰਘ ਅਤੇ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੇ ਵਿਸ਼ੇਸ਼ ਸਹਿਯੋਗ ਨਾਲ ਐਸੋਸੀਏਸ਼ਨ ਦੇ ਜ਼ਿਲਾ ਪ੍ਰਧਾਨ ਜਸਪ੍ਰੀਤ ਸਿੰਘ ਜੱਸੀ, ਸਕੱਤਰ ਰਾਵਲ ਸਿੰਘ ਅਤੇ ਜੁਆਇੰਟ ਸਕੱਤਰ ਗੁਰਪ੍ਰੀਤ ਸਿੰਘ ਦੀ ਦੇਖ-ਰੇਖ ਵਿਚ ਕਰਵਾਈ ਜਾ ਰਹੀ ਚੈਂਪੀਅਨਸ਼ਿਪ ਦੇ ਦੂਜੇ ਦਿਨ ਦਾ ਉਦਘਾਟਨ ਕਰਦੇ ਹੋਏ ਸਾਬਕਾ ਮੰਤਰੀ ਗਿਲਜੀਆਂ ਨੇ ਸੂਬਾਈ ਚੈਂਪੀਅਨਸ਼ਿਪ ਕਰਵਾਉਣ ਲਈ ਐਸੋਸੀਏਸ਼ਨ ਅਤੇ ਸਿਲਵਰ ਓਕ ਸਕੂਲ ਪ੍ਰਬੰਧਕਾਂ ਦੀ ਸ਼ਲਾਘਾ ਕੀਤੀ ਅਤੇ ਵੱਖ ਵੱਖ ਜ਼ਿਲਿਆਂ ਤੋਂ ਆਏ ਖਿਡਾਰੀਆਂ ਅਤੇ ਕੋਚਾਂ ਦਾ ਸਵਾਗਤ ਕੀਤਾ। ਚੜ੍ਹਦੀਕਲਾ ਸਪੋਰਟਸ ਕਲੱਬ ਲੀਨੋ ਇਟਲੀ ਚਲਾਉਣ ਵਾਲੇ ਖੁਦ ਕੌਮੀ ਪੱਧਰ ਦੇ ਖਿਡਾਰੀ ਰਹੇ ਗੁਰਵਿੰਦਰ ਸਿੰਘ ਗੋਲਡੀ ਘੱਗਾਵਾਹਾ ਦੇ ਵੱਲੋਂ ਚੁਣੀਆਂ ਗਈਆਂ ਵਾਲੀਬਾਲ ਖੇਡ ਤੇ ਖਿਡਾਰੀਆਂ ਨੂੰ ਪ੍ਰਫੁੱਲਿਤ ਕਰਨ ਵਾਲਿਆਂ ਹਸਤੀਆਂ ਕੋਚ ਕੁਲਦੀਪ ਸਿੰਘ, ਐਡਵੋਕੇਟ ਆਰ ਐੱਸ ਅਣੀ,ਬੇਅੰਤ ਸਿੰਘ, ਸਰਬਜੀਤ ਸਿੰਘ ਮੋਮੀ ਸਿੱਧੂ, ਰਾਜਵਿੰਦਰ ਕੌਰ, ਹਰਦੀਪ ਸਿੰਘ ਮਿਰਜ਼ਾਪੁਰ, ਪਰਮਜੀਤ ਸਿੰਘ ਬਾਬਕ, ਸੁਰਿੰਦਰ ਕੌਰ ਜਗਦੇਵ ਕਲਾ ਦਾ ਸਾਬਕਾ ਮੰਤਰੀ ਗਿਲਜੀਆਂ ਨੇ ਵਿਸ਼ੇਸ਼ ਸਨਮਾਨ ਕੀਤਾ । ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਗੁਰਸੇਵਕ ਮਾਰਸ਼ਲ, ਨੰਬਰਦਾਰ ਜਗਜੀਵਨ ਜੱਗੀ, ਮਾਸਟਰ ਜੋਗਿੰਦਰ ਸਿੰਘ, ਬਲਰਾਜ ਸਿੰਘ ਰਾਜਾ, ਨੰਬਰਦਾਰ ਕੁਲਵੀਰ ਸਿੰਘ ਆਦਿ ਮੌਜੂਦ ਸਨ ।



## .ਗਦਰੀ ਬਾਬਿਆਂ ਦੇ ਮੇਲੇ 'ਚ ਖ਼ਾਲਸਾ ਕਾਲਜ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ



**ਸੁਲਤਾਨਪੁਰ ਲੋਧੀ (ਹਨੀ)**- ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਆਯੋਜਿਤ 33ਵੇਂ ਗਦਰੀ ਬਾਬਿਆਂ ਦੇ ਮੇਲੇ 'ਚ ਭਾਗ ਲੈਂਦਿਆਂ ਸੁਲਤਾਨਪੁਰ ਲੋਧੀ ਦੇ ਗੁਰੂ ਨਾਨਕ ਖਾਲਸਾ ਕਾਲਜ ਦੀ ਵਿਦਿਆਰਥਣ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ । ਕਾਰਜਕਾਰੀ ਪ੍ਰਿੰਸੀਪਲ ਜਸਬੀਰ ਕੌਰ ਅਤੇ ਪ੍ਰੋ. ਜਸਵੀਰ ਕੌਰ ਨੇ ਦੱਸਿਆ ਕਿ ਕਾਲਜ ਦੀ ਐੱਮ ਏ ਭਾਗ ਪਹਿਲਾ ਦੀ ਵਿਦਿਆਰਥਣ ਹਰਪ੍ਰੀਤ ਕੌਰ ਭਾਸ਼ਣ ਪ੍ਰਤਿਯੋਗਤਾ ਵਿਚ ਹਿੱਸਾ ਲੈਂਦਿਆਂ ਪਹਿਲੇ ਸਥਾਨ ਤੇ ਕਬਜ਼ਾ ਕੀਤਾ । ਉਨ੍ਹਾਂ ਦੱਸਿਆ ਕਿ ਭਾਸ਼ਣ ਮੁਕਾਬਲੇ ਵਿੱਚ 29 ਪ੍ਰਤੀਯੋਗੀਆਂ ਨੇ ਹਿੱਸਾ ਲਿਆ। ਹੋਣਹਾਰ ਵਿਦਿਆਰਥਣ ਨੂੰ 1200 ਰੁਪਏ ਨਕਦ, ਕਿਤਾਬਾਂ ਦਾ ਬੰਡਲ, ਸਰਟੀਫਿਕੇਟ ਅਤੇ ਇੱਕ ਤਸਵੀਰ ਦੇ ਕੇ ਸਨਮਾਨਤ ਕੀਤਾ ਗਿਆ । ਵਿਦਿਆਰਥਣ ਦੀ ਇਸ ਪ੍ਰਾਪਤੀ 'ਤੇ ਕਾਲਜ ਦੇ ਪ੍ਰਧਾਨ ਇੰਜੀਨੀਅਰ ਸਵਰਨ ਸਿੰਘ ਤੇ ਸਕੱਤਰ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਹਰਨਿਆਮਤ ਕੌਰ ਅਤੇ ਕਾਲਜ ਦੇ ਡਾਇਰੈਕਟਰ ਇੰਜੀਨੀਅਰ ਨਿਮਰਤਾ ਕੌਰ ਨੇ ਜੇਤੂ ਵਿਦਿਆਰਥਣ ਅਤੇ ਸਟਾਫ਼ ਮੈਂਬਰਾਂ ਨੂੰ ਮੁਬਾਰਕਬਾਦ ਦਿੱਤੀ।

## ਦੋ ਲੱਖ ਰੁਪਏ ਕੀਮਤ ਦੀਆਂ ਦੋ ਮੱਝਾਂ ਚੋਰੀ

**ਮਾਹਿਲਪੁਰ (ਸ਼ਗਰੀ)**- ਮਾਹਿਲਪੁਰ ਸ਼ਹਿਰ ਦੇ ਬਿਲਕੁਲ ਨਾਲ ਲੱਗਦਾ ਸ਼ਹੀਦਾਂ 'ਚੋਂ ਦੇ ਪੁਲ ਨਜ਼ਦੀਕ ਦੋ ਮੱਝਾਂ ਚੋਰੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਸ਼ੈਲੋ ਪੁਤਰੀ ਨੀਰਾ ਬਖ਼ਸ਼ ਵਾਸੀ ਸ਼ਹੀਦਾਂ ਰੋਡ ਮਾਹਿਲਪੁਰ



ਤਹਿਸੀਲ ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਨੇ ਥਾਣਾ ਮਾਹਿਲਪੁਰ ਵਿਖੇ ਦਿੱਤੀ ਦਰਖਾਸਤ ਵਿਚ ਲਿਖਿਆ ਹੈ ਕਿ ਮੇਰਾ ਆਪਣੇ ਪਤੀ ਨਾਲ ਤਲਾਕ ਹੋ ਚੁੱਕਾ ਹੈ ਅਤੇ ਮੈਂ ਆਪਣੀ ਮਾਤਾ ਛੀਨਾਂ ਬੀਬੀ ਤੇ ਆਪਣੀ ਭਤੀਜੀ ਨਾਲ ਸ਼ਹੀਦਾਂ ਰੋਡ ਮਾਹਿਲਪੁਰ ਵਿਖੇ ਰਹਿੰਦੀ ਹਾਂ। ਮੈਂ ਮੱਝਾਂ ਦਾ ਦੁੱਧ ਵੇਚ ਕੇ ਆਪਣੀ ਰੋਜ਼ੀ ਰੋਟੀ ਚਲਾ ਰਹੀ ਹਾਂ। ਮਿਤੀ 8 ਨਵੰਬਰ ਦੀ ਦਰਮਿਆਨੀ ਰਾਤ ਨੂੰ ਚੋਰ ਮੇਰੀਆਂ ਮੱਝਾਂ ਚੋਰੀ ਕਰਕੇ ਲੈਣ ਗਏ ਹਨ , ਜਿਨ੍ਹਾਂ ਦੀ ਕੀਮਤ ਕਰੀਬ ਦੋ ਲੱਖ ਰੁਪਏ ਹੈ। ਦੋ ਮਹੀਨੇ ਪਹਿਲਾਂ ਵੀ ਮੇਰੀਆਂ ਦੋ ਬੱਕਰੀਆਂ ਚੋਰੀ ਹੋਈਆਂ ਸਨ ਤੇ ਇਕ ਮਹੀਨਾ ਪਹਿਲਾਂ ਮੇਰੀ ਇਕ ਮੱਝ ਨੂੰ ਵੀ ਕਿਸੇ ਵਿਅਕਤੀ ਨੇ ਜ਼ਹਿਰੀਲੀ ਚੀਜ਼ ਦੇ ਕੇ ਮਾਰ ਦਿੱਤਾ ਸੀ। ਦੋਸ਼ੀਆਂ ਦੀ ਸ਼ਨਾਖ਼ਤ ਕਰਕੇ ਉਹਨਾਂ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ ।

## ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੰਡਿਆਲ)**- ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮਸ਼ਾਲਾ ਮਾਹਿਲਪੁਰ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਕਮੇਟੀ ਦੇ ਪ੍ਰਧਾਨ ਪ੍ਰੋ. ਅਪਿੰਦਰ ਸਿੰਘ ਮਾਹਿਲਪੁਰੀ ਦੀ ਦੇਖ ਰੇਖ 'ਚ ਕਰਵਾਇਆ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਉਪਰੰਤ ਸਜਾਏ ਗਏ ਦੀਵਾਨ ਮੌਕੇ ਭਾਈ ਜਸਵਿੰਦਰ ਸਿੰਘ ਔਜਲਾ ਗੁਰਦਾਸਪੁਰ ਦੇ ਜਥੇ ਨੇ ਰਸਭਿੰਨੇ ਕੀਰਤਨ ਨਾਲ ਸੰਗਤਾ ਨੂੰ ਨਿਹਾਲ ਕੀਤਾ। ਇਸ ਮੌਕੇ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਅਵਤਾਰ ਸਿੰਘ ਕਰੀਮਪੁਰੀ ਸਾਬਕਾ ਰਾਜ ਸਭਾ ਮੈਂਬਰ ਤੇ ਮੌਜੂਦਾ ਪ੍ਰਧਾਨ ਬੀ.ਐਸ.ਪੀ. ਪੰਜਾਬ ਸਮੇਤ ਪ੍ਰਧਾਨ ਪ੍ਰੋ. ਅਪਿੰਦਰ ਸਿੰਘ ਨੇ ਪ੍ਰਕਾਸ਼ ਪੁਰਬ ਦੇ ਸੰਗਤਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਸਾਨੂੰ ਗੁਰੂ ਸਾਹਿਬ ਵੱਲੋਂ ਦਰਸਾਏ ਮਾਰਗ 'ਤੇ ਚਲਦਿਆਂ ਸੱਚੀ ਕਿਰਤ ਕਰਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੁੜ ਕੇ ਜੀਵਨ ਸਫਲ ਕਰਨਾ ਚਾਹੀਦਾ ਹੈ। ਇਸ ਮੌਕੇ ਜਗਦੀਪ ਸਿੰਘ ਸਾਬਕਾ ਪ੍ਰਧਾਨ, ਪ੍ਰਿੰਸੀਪਲ ਸੁਰਿੰਦਰਪਾਲ ਸਿੰਘ ਪਰਦੇਸੀ, ਸੰਤ ਬੀਬੀ ਜਸਪ੍ਰੀਤ ਕੌਰ ਭੂੰਗਾ ਸਾਹਿਬ ਮਾਹਿਲਪੁਰ, ਸੁਖਵੰਤ ਸਿੰਘ ਸੁੱਖਾ, ਕਸ਼ਮੀਰ ਸਿੰਘ ਮੰਡੀ ਵਾਲੇ, ਗੁਰਪ੍ਰੀਤ ਸਿੰਘ ਬੈਸ, ਅਮਨਦੀਪ ਸਿੰਘ ਬੈਂਸ, ਬਲਵੰਤ ਸਿੰਘ ਕੌਂਸਲਰ, ਪ੍ਰਿੰਸੀਪਲ ਦਵਿੰਦਰ ਸਿੰਘ, ਪ੍ਰਿੰਸੀਪਲ ਇੰਦਰਜੀਤ ਸਿੰਘ, ਭਾਈ ਹਰਪਾਲ ਸਿੰਘ ਸਮੇਤ ਮਾਹਿਲਪੁਰ ਅਤੇ ਇਲਾਕੇ ਦੀਆ ਸੰਗਤਾਂ ਹਾਜ਼ਰ ਸਨ। ਇਸ ਮੌਕੇ ਗੁਰੂ ਕੇ ਲੰਗਰ ਅਤੁੱਟ ਚੱਲੇ।

## ਸੰਤ ਬਾਬਾ ਭਾਗ ਸਿੰਘ 'ਵਰਸਿਟੀ 'ਚ 6ਵੀਂ ਸਾਲਾਨਾ ਕਨਵੋਕੇਸ਼ਨ ਕਰਵਾਈ

**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਖਿਆਲਾ ਜਲੰਧਰ 'ਚ 6ਵੀਂ ਸਾਲਾਨਾ ਕਨਵੋਕੇਸ਼ਨ 2025' ਦਾ ਅਯੋਜਨ ਕੀਤਾ ਗਿਆ। ਸਤਿਕਾਰ ਯੋਗ ਸੰਤ ਬਾਬਾ ਮਲਕੀਤ ਸਿੰਘ ਜੀ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ ਜੀ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ, ਮਾਣਯੋਗ ਚਾਂਸਲਰ ਸੰਤ ਮਨਮੋਹਨ ਸਿੰਘ ਦੀ ਪ੍ਰੇਰਨਾ ਨਾਲ ਅਤੇ ਉਪ-ਕੁਲਪਤੀ ਡਾ.ਧਰਮਜੀਤ ਸਿੰਘ ਪਰਮਾਰ ਤੇ ਸ. ਹਰਦਮਨ ਸਿੰਘ ਮਿਨਹਾਸ (ਸਕੱਤਰ) ਦੀ ਅਗਵਾਈ ਵਿਚ ਕਰਵਾਈ ਗਈ।ਕਨਵੋਕੇਸ਼ਨ ਦੀ ਸ਼ੁਰੂਆਤ ਸ਼ਬਦ ਗਾਇਨ ਨਾਲ ਹੋਈ। ਇਸ ਤੋਂ ਬਾਅਦ ਮਾਣਯੋਗ ਸ਼ਖਸੀਅਤਾਂ ਵੱਲੋਂ ਸ਼ਮ੍ਹਾ ਰੌਸ਼ਨ ਕੀਤੀ ਗਈ। ਸਮਾਰੋਹ ਵਿੱਚ ਡਾ. ਸੁਸ਼ੀਲ ਮਿੱਤਲ ਵਾਈਸ ਚਾਂਸਲਰ,(ਇੰਦਰ ਕੁਮਾਰ ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ, ਜਲੰਧਰ) ਪ੍ਰਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਡਾ. ਸੁਸ਼ੀਲ ਮਿੱਤਲ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਵਿਦਿਆਰਥੀਆਂ ਨੂੰ ਜੀਵਨ ਵਿੱਚ ਉੱਚ ਆਦਰਸ਼ਾਂ ਤੇ ਮਜ਼ਬੂਤ ਸੰਕਲਪਾਂ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਉਹਨਾਂ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਡਿਗਰੀ ਪ੍ਰਾਪਤੀ ਤੋਂ ਬਾਅਦ ਵੀ ਸਿੱਖਦੇ ਰਹਿਣਾ ਚਾਹੀਦਾ ਹੈ ਜੋ ਗਿਆਨ ਤੁਹਾਡੇ ਕੋਲ ਹੈ ਉਹ ਹੀ ਤੁਹਾਨੂੰ ਵੱਖਰੀ ਪਹਿਚਾਣ ਪ੍ਰਦਾਨ ਕਰੇਗਾ। ਸਮਾਰੋਹ ਵਿੱਚ ਯੂਨੀਵਰਸਿਟੀ ਦੇ ਉਪਕੁਲਪਤੀ ਮਾਨਯੋਗ ਪ੍ਰੋ.(ਡਾ.) ਧਰਮਜੀਤ ਸਿੰਘ ਪਰਮਾਰ ਨੇ ਸਭ ਤੋਂ ਪਹਿਲਾਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਿੱਖਿਆ ਸਿਰਫ਼ ਡਿਗਰੀ ਪ੍ਰਾਪਤੀ ਤੱਕ ਸੀਮਿਤ ਨਹੀਂ, ਸਗੋਂ ਮਨੁੱਖ ਦੇ ਚਰਿੱਤਰ ਨਿਰਮਾਣ ਦਾ ਮਾਧਿਅਮ ਹੈ। ਸਮਾਗਮ ਵਿੱਚ ਕੁੱਲ 599 (ਪੋਸਟ-ਗ੍ਰੈਜੂਏਟ ਅਤੇ ਡਾਕਟਰੇਟ) ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਜਿਨਾਂ ਵਿੱਚੋਂ ਵੱਖ-ਵੱਖ ਵਿਭਾਗਾਂ ਦੇ 8 ਵਿਦਿਆਰਥੀਆਂ ਨੂੰ ਗੋਲਡ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ।




## ਮਹਾਨ ਗੁਰਮਤਿ ਸਮਾਗਮ ਭਲਕੇ

**ਬਸਤੀ ਸ਼ੇਖ, ਜਲੰਧਰ (ਲਖਵਿੰਦਰ ਸਿੰਘ)** ਪਾਵਨ ਇਤਿਹਾਸਕ ਅਸਥਾਨ ਗੁਰਦੁਆਰਾ ਛੇਵੀਂ ਪਾਤਸ਼ਾਹੀ ਪ੍ਰਬੰਧਕ ਕਮੇਟੀ ਅਤੇ 350 ਸਾਲਾਂ ਸ਼ਤਾਬਦੀ ਕਮੇਟੀ ਜਲੰਧਰ ਵੱਲੋ ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 11 ਨਵੰਬਰ ਦਿਨ ਮੰਗਲਵਾਰ ਨੂੰ ਬਸਤੀ ਸ਼ੇਖ (ਜਲੰਧਰ)ਵਿਖੇ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ। ਕੁਲਵੰਤ ਸਿੰਘ ਮੰਨਣ ਨੇ ਦੱਸਿਆ ਕਿ 11 ਨਵੰਬਰ ਦਿਨ ਮੰਗਲਵਾਰ ਦੀ ਸ਼ਾਮ ਨੂੰ 6 ਵਜੇ ਤੋਂ ਰਾਤ ਦੇ 11 ਵਜੇ ਤੱਕ ਭਾਈ ਗੁਰਮੀਤ ਸਿੰਘ ਜੀ ਸ਼ਾਂਤ ਕੀਰਤਨ ਜਥਾ, ਭਾਈ ਬਲਜੀਤ ਸਿੰਘ ਜੀ (ਯੂ ਐੱਸ ਏ), ਭਾਈ ਤਰਨਵੀਰ ਸਿੰਘ ਜੀ ਰੱਬੀ ਲੁਧਿਆਣਾ ਵਾਲੇ ਅਤੇ ਭਾਈ ਜਗਜੀਤ ਸਿੰਘ ਜੀ ਬਬੀਹਾ ਦਿੱਲੀ ਵਾਲੇ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

## ਰਾਜਾ ਵੜਿੰਗ ਵੱਲੋਂ ਸਿੱਖ ਕਕਾਰਾਂ ਦਾ ਮਜ਼ਾਕ ਉਡਾਉਣਾ ਬੇਹੱਦ ਸ਼ਰਮਨਾਕ : ਮਲਵਿੰਦਰ ਕੰਗ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਆਮ ਆਦਮੀ ਪਾਰਟੀ (ਆਪ) ਦੇ ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਅਤੇ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ ਨੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਦੋ ਸਿੱਖ ਬੱਚਿਆਂ ਦੇ ਕੇਸਾਂ (ਜੂੜਿਆਂ) ਦਾ ਮਜ਼ਾਕ ਉਡਾਉਣ ਦੀ ਘਟਨਾ 'ਤੇ ਤਿੱਖਾ ਪ੍ਰਤੀਕਰਮ ਦਿੱਤਾ ਹੈ। ਉਨ੍ਹਾਂ ਕਿਹਾ ਕਿ ਵੜਿੰਗ ਦੀ ਇਸ ਹਰਕਤ ਨੇ ਸਮੁੱਚੀ ਸਿੱਖ ਕੌਮ ਦੀਆਂ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚਾਈ ਹੈ ਤੇ ਇਸ ਲਈ ਉਨ੍ਹਾਂ ਦਾ ਸਮਾਜਿਕ ਬਾਈਕਾਟ ਹੋਣਾ ਚਾਹੀਦਾ ਹੈ।ਕੰਗ ਨੇ ਚਿਤਾਵਨੀ ਦਿੱਤੀ ਕਿ ਸਿੱਖ ਕੌਮ ਕਕਾਰਾਂ ਦਾ ਮਜ਼ਾਕ ਉਡਾਉਣ ਵਾਲਿਆਂ ਨੂੰ ਕਦੇ ਮੁਆਫ ਨਹੀਂ ਕਰੇਗੀ।ਡਾ. ਨਿੱਜਰ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਅਪੀਲ ਕੀਤੀ ਕਿ ਉਹ ਇਸ ਘਟਨਾ ਦਾ ਗੰਭੀਰ ਨੋਟਿਸ ਲੈਣ। ਉਨ੍ਹਾਂ ਅਰਦਾਸ ਕੀਤੀ ਕਿ ਭਵਿੱਖ ਵਿੱਚ ਅਜਿਹੀਆਂ ਸ਼ਰਮਨਾਕ ਹਰਕਤਾਂ ਦੁਬਾਰਾ ਨਾ ਹੋਣ।



## ਡਾ. ਸੁਖਵਿੰਦਰ ਸਿੰਘ ਨੇ ਸੀਨੀਅਰ ਮੈਡੀਕਲ ਅਫ਼ਸਰ ਵਜੋਂ ਅਹੁਦਾ ਸੰਭਾਲਿਆ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਡਾਕਟਰ ਸੁਖਵਿੰਦਰ ਸਿੰਘ ਨੇ ਸ੍ਰੀ ਅਨੰਦਪੁਰ ਸਾਹਿਬ ਦੇ ਸੀਨੀਅਰ ਮੈਡੀਕਲ ਅਫ਼ਸਰ ਵਜੋਂ ਅਹੁਦਾ ਸੰਭਾਲ ਲਿਆ ਹੈ। ਅਹੁਦਾ ਸੰਭਾਲਣ ਮਗਰੋਂ ਉਨ੍ਹਾਂ ਸਟਾਫ ਤੋਂ ਵਿਭਾਗ ਵੱਲੋਂ ਸਮੇਂ ਸਮੇਂ 'ਤੇ ਦਿੱਤੇ ਜਾਂਦੇ ਟੀਚਿਆਂ ਨੂੰ ਬਾਖ਼ੂਬੀ ਪੂਰਾ ਕਰਨ 'ਚ ਸਹਿਯੋਗ ਦੀ ਆਸ ਪ੍ਰਗਟਾਈ। ਇਸ ਮੌਕੇ ਉਨ੍ਹਾਂ ਸਿਵਲ ਹਸਪਤਾਲ ਵਿਖੇ ਮਰੀਜ਼ਾਂ ਨੂੰ ਬਿਹਤਰ ਇਲਾਜ ਅਤੇ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੀ ਵਚਨਬੱਧਤਾ ਪ੍ਰਗਟਾਈ।





ਚਰਚ ਆਫ ਨੌਰਥ ਇੰਡੀਆ (ਸੀ ਐੱਨ ਆਈ) 'ਚ ਰਾਈਟ ਰੈਵਰਡ ਬਿਸ਼ਪ ਡੈਨਜ਼ਲ ਪੀਪਲਜ਼ ਨੇ ਸਿਨੋਡ ਸੀ.ਐਨ.ਆਈ 'ਚ ਚੈਪਲੇਲ ਕਮ ਵਾਰਡਨ ਵਜੋਂ ਸੇਵਾ ਸੰਭਾਲੀ । ਇਸ ਮੌਕੇ ਉਹਨਾਂ ਨਾਲ ਮੋਸਟ ਰੈਵਰਡ: ਪੈਰੀਸਤੋਸ਼ ਕੈਨਿੰਨ ਮੋਡਰੇਟਰ (ਸੀ ਐੱਨ ਆਈ) ਸਿਨੋਡ ਆਫ ਨੋਰਥ ਇੰਡੀਆ ਅਤੇ ਰਾਈਟ, ਰੈਵਰਡ ਸਿਲਵਾਨਸ ਐਸ ਕ੍ਰਿਸ਼ਚਿਅਨ ਡਿਪਟੀ ਮਾਡਰੇਟਰ (ਸੀ ਐੱਨ ਆਈ) ਚਰਚ ਆਫ ਨੋਰਥ ਇੰਡੀਆ ਅਤੇ ਹੋਰ ਸ਼ਾਮਿਲ ਸਨ। **(ਫੋਟੋ ਅਤੇ ਵੇਰਵਾ : ਜਲੰਧਰ, ਸ਼ੈਲੀ ਐਲਬਰਟ)**

## ਸੀ ਪੀ ਆਈ ਦੀ ਤਹਿਸੀਲ ਕਮੇਟੀ ਦਾ ਇਜਲਾਸ ਸੰਪੰਨ



**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਦੀ ਡੇਰਾਬੱਸੀ ਤਹਿਸੀਲ ਕਮੇਟੀ ਦਾ ਅਹਿਮ ਇਜਲਾਸ ਸਫ਼ਲਤਾਪੂਰਵਕ ਸੰਪੰਨ ਹੋਇਆ। ਮੀਟਿੰਗ ਵਿੱਚ ਚੁਣੇ ਗਏ ਡੈਲੀਗੇਟਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ।ਮੀਟਿੰਗ ਦੌਰਾਨ ਪਿਛਲੇ ਕਾਰਜਕਾਲ ਦੀ ਰਿਪੋਰਟ ਕਾਮਰੇਡ ਅਵਤਾਰ ਸਿੰਘ ਦੱਪਰ ਵੱਲੋਂ ਪੇਸ਼ ਕੀਤੀ ਗਈ, ਜਿਸ ਨੂੰ ਸਰਬਸੰਮਤੀ ਨਾਲ ਮਨਜ਼ੂਰ ਕੀਤਾ ਗਿਆ। ਇਸ ਤੋਂ ਬਾਅਦ ਨਵੀਂ ਤਹਿਸੀਲ ਕਮੇਟੀ ਦੀ ਚੋਣ ਕੀਤੀ ਗਈ, ਤਹਿਸੀਲ ਸਕੱਤਰ-ਕਾਮਰੇਡ ਅਵਤਾਰ ਸਿੰਘ, ਸਹਾਇਕ ਸਕੱਤਰ-ਕਾਮਰੇਡ ਅਸ਼ਵਨੀ ਕੁਮਾਰ (ਲਾਲੜੂ), ਸਹਾਇਕ ਸਕੱਤਰ-ਕਾਮਰੇਡ ਮਹਿੰਦਰ ਸਿੰਘ (ਸਰਸੀਨੀ), ਖ਼ਜ਼ਾਨਚੀ-ਕਾਮਰੇਡ ਸੁਰਿੰਦਰ ਸਿੰਘ। ਇਸ ਤੋਂ ਇਲਾਵਾ 15 ਮੈਂਬਰੀ ਤਹਿਸੀਲ ਕਮੇਟੀ ਦਾ ਵੀ ਗਠਨ ਕੀਤਾ ਗਿਆ। ਮੀਟਿੰਗ ਵਿੱਚ ਪ੍ਰਮੁੱਖ ਆਗੂਆਂ ਵਿੱਚ ਕਾਮਰੇਡ ਵਿਨੋਦ ਚੁੱਘ (ਲਾਲੜੂ ਮੰਡੀ), ਕਾਮਰੇਡ ਮਾਸਟਰ ਕਰਮ ਚੰਦ (ਘੋਲੂਮਾਜਰਾ), ਜਸਮੇਰ ਸਿੰਘ (ਮਗਰਾ), ਭੁਪਿੰਦਰ ਸਿੰਘ (ਭਾਖਰਪੁਰ), ਬਲਦੇਵ ਸਿੰਘ (ਪੰਡਵਾਲਾ), ਅਤੇ ਗੁਰਚਰਨ ਸਿੰਘ (ਜੀਰਕਪੁਰ) ਸ਼ਾਮਲ ਸਨ।ਜ਼ਿਲ੍ਹਾ ਪੱਧਰ ਤੋਂ ਵਿਸ਼ੇਸ਼ ਤੌਰ 'ਤੇ ਕਾਮਰੇਡ ਜਸਪਾਲ ਸਿੰਘ (ਜ਼ਿਲ੍ਹਾ ਸਕੱਤਰ) ਅਤੇ ਕਾਮਰੇਡ ਗੁਰਦਿਆਲ ਸਿੰਘ (ਜ਼ਿਲ੍ਹਾ ਮੋਹਾਲੀ) ਨੇ ਹਾਜ਼ਰੀ ਭਰੀ, ਜਦਕਿ ਓਬਜ਼ਰਵਰ ਵਜੋਂ ਕਾਮਰੇਡ ਬਲਵਿੰਦਰ ਸਿੰਘ (ਜੜੌਤ) ਅਤੇ ਕਾਮਰੇਡ ਸ਼ੇਰ ਸਿੰਘ (ਬਡਾਣਾ) ਮੌਜੂਦ ਸਨ।ਆਪਣੇ ਸੰਬੋਧਨ ਦੌਰਾਨ ਕਾਮਰੇਡ ਜਸਪਾਲ ਸਿੰਘ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਦੇ ਅਧਿਕਾਰਾਂ 'ਤੇ ਸਿੱਧਾ ਡਾਕਾ ਮਾਰਿਆ ਜਾ ਰਿਹਾ ਹੈ। ਉਨ੍ਹਾਂ ਨੇ ਯੂਨੀਵਰਸਿਟੀ ਨੂੰ ਕੇਂਦਰੀਕਰਨ ਦੇ ਅਧੀਨ ਲਿਆਉਣ ਦੀਆਂ ਸਾਜ਼ਿਸ਼ਾਂ ਦੀ ਸਖ਼ਤ ਨਿੰਦਾ ਕੀਤੀ।

## ਵਿਧਾਇਕ ਜਿੰਪਾ ਭਲਕੇ ਤਹਿਸੀਲ ਕੰਪਲੈਕਸ 'ਚ ਸੁਣਨਗੇ ਲੋਕਾਂ ਦੀਆਂ ਸ਼ਿਕਾਇਤਾਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਦੱਸਿਆ ਕਿ 10 ਨਵੰਬਰ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਤਹਿਸੀਲ ਕੰਪਲੈਕਸ ਹੁਸ਼ਿਆਰਪੁਰ ਵਿਚ ਜਨਤਾ ਨੂੰ ਮਿਲਣਗੇ ਅਤੇ ਮਾਲ ਵਿਭਾਗ ਨਾਲ ਸੰਬੰਧਤ ਸ਼ਿਕਾਇਤਾਂ ਨੂੰ ਸੁਣਨਗੇ। ਉਨ੍ਹਾਂ ਦੱਸਿਆ ਕਿ ਇਸ ਵਿਸ਼ੇਸ਼ ਲੋਕ ਸੁਣਵਾਈ ਦਾ ਉਦੇਸ਼ ਲੋਕਾਂ ਦੀਆਂ ਮਾਲ ਨਾਲ ਸੰਬੰਧਤ ਸਮੱਸਿਆਵਾਂ ਜਿਵੇਂ ਮਿਊਟੇਸ਼ਨ, ਜਮ੍ਹਾਬੰਦੀ, ਪਟਵਾਰੀ ਪੱਧਰ ਦੀਆਂ ਸ਼ਿਕਾਇਤਾਂ ਅਤੇ ਹੋਰ ਮਾਲ ਰਿਕਾਰਡ ਨਾਲ ਜੁੜੀਆਂ ਮੁਸ਼ਕਲਾਂ ਦਾ ਮੌਕੇ 'ਤੇ ਹੱਲ ਯਕੀਨੀ ਬਣਾਇਆ ਜਾਵੇਗਾ। ਜਿੰਪਾ ਨੇ ਸਾਰੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਦੀ ਵੀ ਮਾਲ ਵਿਭਾਗ ਨਾਲ ਸੰਬੰਧਤ ਕੋਈ ਲੰਬਿਤ ਸ਼ਿਕਾਇਤ ਹੈ, ਤਾਂ ਉਹ ਨਿਰਧਾਰਤ ਸਮੇਂ 'ਤੇ ਤਹਿਸੀਲ ਦਫ਼ਤਰ ਪਹੁੰਚ ਕੇ ਆਪਣੀ ਸਮੱਸਿਆ ਰੱਖੇ ਤਾਂ ਜੋ ਉਸ ਦਾ ਉਚਿਤ ਹੱਲ ਕੀਤਾ ਜਾ ਸਕੇ। ਵਿਧਾਇਕ ਨੇ ਕਿਹਾ ਕਿ ਆਮ ਜਨਤਾ ਦੀ ਸੁਵਿਧਾ ਅਤੇ ਪਾਰਦਰਸ਼ੀ ਸੇਵਾਵਾਂ ਨੂੰ ਯਕੀਨੀ ਬਣਾਉਣ ਲਈ ਇਸ ਤਰ੍ਹਾਂ ਦੇ ਲੋਕ ਸੁਣਵਾਈ ਪ੍ਰੋਗਰਾਮ ਅੱਗੇ ਵੀ ਨਿਯਮਿਤ ਰੂਪ ਨਾਲ ਆਯੋਜਿਤ ਕੀਤੇ ਜਾਣਗੇ।

## ਸੱਚਖੰਡ ਬੇਗਮਪੁਰਾ ਸਤਿਸੰਗ ਸ੍ਰੀ ਚਰਨਛੋਹ ਖੁਰਾਲਗੜ੍ਹ ਦੀ ਸੇਵਾ ਸੰਤਾਂ-ਮਹਾਂਪੁਰਸ਼ਾਂ ਵੱਲੋਂ ਸ਼ੁਰੂ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**- ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਚਰਨਛੋਹ ਇਤਿਹਾਸਕ ਧਰਤੀ ਸੱਚਖੰਡ ਬੇਗਮਪੁਰਾ ਸਤਿਸੰਗ ਸ੍ਰੀ ਚਰਨਛੋਹ ਖੁਰਾਲਗੜ੍ਹ ਸਾਹਿਬ ਅਤੇ ਸ੍ਰੀ ਗੁਰੂ ਰਵਿਦਾਸ ਬੇਗਮਪੁਰਾ ਸਦਨ ਦੀ ਨਵ ਉਸਾਰੀ ਸੇਵਾ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ ਅਤੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੇ ਮਹਾਨ ਸੰਤਾਂ ਮਹਾਂਪੁਰਸ਼ਾਂ ਨੇ ਆਰੰਭ ਕੀਤੀ। ਕੌਮ ਦੇ ਮਹਾਨ ਸੰਤ, ਸੰਤ ਸਰਵਣ ਦਾਸ ਜੀ ਸਲੇਮਟਾਵਰੀ ਸੀਨੀ. ਮੀਤ ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਨੇ ਸੁਖਮਣੀ ਸਾਹਿਬ ਜੀ ਦੇ ਜਾਪ ਸੰਗਤਾਂ ਨੂੰ ਸਰਵਣ ਕਰਾਏ ਸੰਗਤਾਂ ਦੀ ਚੜਦੀਕਲਾ ਲਈ ਅਰਦਾਸ ਕੀਤੀ। ਸੰਤ ਧਰਮਪਾਲ ਸ਼ੇਰਗੜ ਸਟੇਜ ਸਕੱਤਰ ਨੇ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸੰਤ ਸਤਵਿੰਦਰ ਹੀਰਾ ਕੌਮੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ ਨੇ ਕਿਹਾ ਕਿ ਸੰਤ ਸਰਵਣ ਦਾਸ ਜੀ ਅਤੇ ਸਮੂਹ ਸੰਤਾਂ ਮਹਾਂਪੁਰਸ਼ਾਂ ਦੀ ਯੋਗ ਅਗਵਾਈ ਹੇਠ ਆਦਿ ਧਰਮ ਲਹਿਰ ਨੂੰ ਵਿਆਪਕ ਤੌਰ ਤੇ ਸੰਸਾਰ ਵਿੱਚ ਪ੍ਰਚੰਡ ਕਰਨ ਲਈ ਸੱਚਖੰਡ ਬੇਗਮਪੁਰਾ ਸਤਿਸੰਗ ਸ੍ਰੀ ਖੁਰਾਲਗੜ ਸਾਹਿਬ ਦੀ ਨਵਉਸਾਰੀ ਆਰੰਭ ਹੋਈ ਹੈ। ਇਸ ਮੌਕੇ ਸੰਤ ਨਿਰਮਲ ਦਾਸ ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ, ਸੰਤ ਇੰਦਰ ਦਾਸ ਜਨਰਲ ਸਕੱਤਰ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਮਹਾਨ ਸ਼ਹੀਦੀ ਦਿਵਸ ਨੂੰ ਸਮਰਪਿਤ 350 ਸੁਖਮਨੀ ਸਾਹਿਬ ਜੀ ਦੇ ਜਾਪ ਸ੍ਰੀ ਖੁਰਾਲਗੜ ਸਾਹਿਬ ਵਿਖੇ ਕੀਤੇ ਜਾਣਗੇ। ਇਸ ਮੌਕੇ ਸੰਤ ਬਲਵੰਤ ਸਿੰਘ ਡਿੰਗਰੀਆਂ ,ਸੰਤ ਜਗੀਰ ਸਿੰਘ ਸਰਬੱਤ ਭਲਾ ਆਸ਼ਰਮ ਨੰਦਚੌਰ, ਸੰਤ ਮਨਜੀਤ ਦਾਸ ਵਿਛੋਹੀ, ਸੰਤ ਕਾਹਨ ਸਿੰਘ ਹੈਬੋਵਾਲ,ਸੰਤ ਸੋਹਣ ਸਿੰਘ, ਸੰਤ ਜਗੀਰ ਸਿੰਘ ਬਾਘਾਪੁਰਾਣਾ, ਸੰਤ ਅਮਰਜੀਤ, ਸੰਤ ਚਰਨਦਾਸ ਮਾਂਗਟ, ਸੰਤ ਕੁਲਦੀਪ ਸਿੰਘ, ਸੰਤ ਸੰਤ ਜਗਤਾਰ ਸਿੰਘ ਬਰਨਾਲਾ ਬਠਿੰਡਾ, ਲਖਵੀਰ ਸਿੰਘ ਨੈਨਵਾ ਅਤੇ ਸੰਗਤਾਂ ਹਾਜਰ ਸਨ ।

## ਚੌ: ਤਰਲੋਚਨ ਸਿੰਘ ਸੂੰਢ ਦੀ ਦਿਲ ਦਾ ਦੌਰਾ ਪੈਣ ਕਾਰਨ ਮੌਤ

**ਬੰਗਾ (ਅਵਤਾਰ ਕਲੇਰ)**- ਬੰਗਾ ਹਲਕੇ ਦੇ ਹਰਮਨ ਪਿਆਰੇ ਨੇਤਾ ਚੌਧਰੀ ਤਰਲੋਚਨ ਸਿੰਘ ਸੂੰਢ ਦਾ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਤਰਨਤਾਰਨ ਦੀ ਜ਼ਿਮਨੀ ਚੋਣ ਪ੍ਰਚਾਰ ਦੌਰਾਨ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ। ਚੌਧਰੀ ਤਰਲੋਚਨ ਸਿੰਘ ਸੂੰਢ ਬੰਗਾ ਹਲਕੇ ਤੋਂ ਦੋ ਵਾਰ ਵਿਧਾਇਕ ਬਣੇ। ਉਹ ਕਾਂਗਰਸ ਪਾਰਟੀ ਦੇ ਪ੍ਰਦੇਸ਼ ਉਪ ਪ੍ਰਧਾਨ ਦੇ ਅਹੁਦੇ ਤੇ ਵੀ ਰਹੇ। ਉਹਨਾਂ ਦੀ ਅਚਨਚੇਤ ਮੌਤ 'ਤੇ ਵੱਖ ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਡਾ ਸੁਖਵਿੰਦਰ ਕੁਮਾਰ ਸੁੱਖੀ ਵਿਧਾਇਕ ਬੰਗਾ, ਚੌਧਰੀ ਮੋਹਣ ਲਾਲ ਸਾਬਕਾ ਵਿਧਾਇਕ ਬੰਗਾ, ਸਤਵੀਰ ਸਿੰਘ ਪੱਲੀ ਝਿੱਕੀ, ਕੁਲਜੀਤ ਸਿੰਘ ਸਰਹਾਲ, ਕਮਲਜੀਤ ਬੰਗਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਰਾਮਦਾਸ ਸਿੰਘ, ਕੁਲਵਰਨ ਸਿੰਘ ਥਾਂਦੀਆ, ਅਮਰਜੀਤ ਕਲਸੀ ਦਰਵਜੀਤ ਸਿੰਘ ਪੂਨੀਆਂ ਆਦਿ ਨੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।



## ਪਿੰਡ ਦਿਹਾਣਾ ਵਿਖੇ ਪ੍ਰਕਾਸ਼ ਪੁਰਬ ਮੌਕੇ ਮਹਾਨ ਗੁਰਮਤਿ ਸਮਾਗਮ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਦਿਹਾਣਾ ਵਿਖੇ ਗੁਰਦੁਆਰਾ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ ਅਤੇ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 556ਵੇਂ ਪ੍ਰਕਾਸ਼ ਪੁਰਬ ਮੌਕੇ ਮਹਾਨ ਗੁਰਮਤਿ ਸਮਾਗਮ ਸ਼ਰਧਾ ਭਾਵਨਾ ਅਤੇ ਸਤਿਕਾਰ ਨਾਲ ਕਰਵਾਏ ਗਏ ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਥੇਦਾਰ ਬਰਿੰਦਰ ਸਿੰਘ ਜਸਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਮਾਗਮ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਹਾਲ ਵਿੱਚ ਜਿਸ ਵਿਚ ਭਾਈ ਰਣਜੀਤ ਸਿੰਘ ਹੈਡ ਗ੍ਰੰਥੀ , ਭਾਈ ਚਰਨਜੀਤ ਸਿੰਘ ਮਾਨ ਜਲੰਧਰ ਵਾਲੇ, ਜਥੇਦਾਰ ਬਰਿੰਦਰ ਸਿੰਘ ਜਸਵਾਲ, ਕਾਕਾ ਜਸਕੀਰਤ ਸਿੰਘ ਤੇ ਹੋਰ ਰਾਗੀ ਢਾਡੀ ਜਥਿਆਂ ਨੇ ਗੁਰਬਾਣੀ, ਗੁਰਇਤਿਹਾਸ ਅਤੇ ਢਾਡੀ ਵਾਰਾਂ ਰਾਹੀਂ ਗੁਰੂ ਮਹਿਮਾ ਅਤੇ ਗੁਰੂ ਨਾਨਕ ਦੇਵ ਜੀ ਦੀ ਜੀਵਨੀ ਤੇ ਵਿਚਾਰਧਾਰਾ ਸੁਣਾ ਕੇ ਆਈਆਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਪ੍ਰਧਾਨ ਜਥੇਦਾਰ ਬਰਿੰਦਰ ਸਿੰਘ ਜਸਵਾਲ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਵਧਾਈਆਂ ਦਿੱਤੀਆਂ ਅਤੇ ਸਮਾਗਮ ਵਿੱਚ ਸਹਿਯੋਗ ਦੇਣ ਤੇ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਪ੍ਰਬੰਧਕਾਂ ਵੱਲੋਂ ਆਏ ਰਾਗੀ ਜਥੇ, ਪ੍ਰਮੁੱਖ ਸਖਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪ੍ਰਧਾਨ ਬਰਿੰਦਰ ਸਿੰਘ ਜਸਵਾਲ, ਜਸਵੀਰ ਸਿੰਘ ਸ਼ਿੰਦਾ, ਸੰਦੀਪ ਸਿੰਘ ਜੰਜੂਆ, ਅਮਰੀਕ ਸਿੰਘ ਕਲਸੀ, ਸਰਪੰਚ ਗੁਰਵਿੰਦਰ ਸਿੰਘ ਬਾਵਾ, ਨੰਬਰਦਾਰ ਸਰਜਿੰਦਰ ਸਿੰਘ ਕਿੰਗ, ਬਲਦੇਵ ਸਿੰਘ, ਅਮਨਦੀਪ ਸਿੰਘ, ਬਲਵੀਰ ਸਿੰਘ, ਗੁਰਮੁੱਖ ਸਿੰਘ, ਗੁਰਨਾਮ ਸਿੰਘ, ਰਾਮ ਪ੍ਰਕਾਸ਼ ਸਾਬਕਾ ਸਰਪੰਚ , ਸਿਮਰਜੀਤ ਸਿੰਘ, ਬੀਬੀ ਸੁਰਜੀਤ ਕੌਰ ਆਦਿ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਇਸ ਮੌਕੇ ਸਮਾਗਮ ਦੌਰਾਨ ਚਾਹ ਪਕੌੜੇ ਅਤੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ।



## ਦੋਆਬਾ ਹੈੱਡਲਾਈਨਜ਼ ਨੇ ਕਰਵਾਈ ਮਿੰਨੀ ਮੈਰਾਥਨ ਦੌੜ

**ਸ਼ਾਹਕੋਟ (ਗਿਆਨ ਸੈਦਪੁਰੀ)**- ਸ਼ਾਹਕੋਟ ਵਿਖੇ ਦੋਆਬਾ ਹੈੱਡਲਾਈਨਜ਼ ਨਕੋਦਰ ਵਲੋਂ ਸੀ.ਟੀ ਇੰਸਟੀਚਿਊਟ ਜਲੰਧਰ ਦੇ ਸਹਿਯੋਗ ਨਾਲ ਮਿੰਨੀ ਮੈਰਾਥਨ ਦੌੜ ਮੁੱਖ ਪ੍ਰਬੰਧਕ ਰਾਮ ਸਿੰਘ ਔਲਖ ਦੀ ਅਗਵਾਈ ਹੇਠ ਕਰਵਾਈ ਗਈ, ਜਿਸ ਵਿਚ 12 ਤੋਂ 18 ਸਾਲ ਤੱਕ ਦੇ ਲੜਕੇ ਤੇ ਲੜਕੀਆਂ ਨੇ ਸੈਂਕੜਿਆਂ ਦੀ ਗਿਣਤੀ ਵਿਚ ਭਾਗ ਲਿਆ। ਇਸ ਮੌਕੇ ਡੀ.ਐਸ.ਪੀ ਸ਼ਾਹਕੋਟ ਓਂਕਾਰ ਸਿੰਘ ਬਰਾੜ, ਨਗਰ ਪੰਚਾਇਤ ਸ਼ਾਹਕੋਟ ਦੇ ਪ੍ਰਧਾਨ ਗੁਲਜ਼ਾਰ ਸਿੰਘ ਥਿੰਦ ਤੇ ਜਸਵੀਰ ਸਿੰਘ ਉੱਪਲ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਨਕੋਦਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਤੇ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸ਼ਾਹਕੋਟ ਤੋਂ ਹਰੀ ਝੰਡੀ ਦਿਖਾ ਕੇ ਮੈਰਾਥਨ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਪ੍ਰਿੰਸੀਪਲ ਰਾਜੇਸ਼ ਪਰਾਸ਼ਰ, ਰਿਟਾਇਰ ਪ੍ਰਿੰਸੀਪਲ ਜਸਵੀਰ ਸਿੰਘ ਵਿਰਦੀ, ਡਾ: ਸਵੀਟੀ ਮੈਡੀਕਲ ਅਫ਼ਸਰ, ਰਾਮ ਗੁਪਤਾ ਸਮਾਜ ਸੇਵਕ ਤੇ ਸ਼ਿੰਗਾਰਾ ਸਿੰਘ ਇੰਚਾਰਜ ਸਾਂਝ ਕੇਂਦਰ ਸ਼ਾਹਕੋਟ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਇਹ ਮੈਰਾਥਨ ਦੌੜ ਸੈਦਪੁਰ ਰੋਡ, ਮੋਗਾ ਰੋਡ, ਰਾਮਗੜ੍ਹੀਆ ਚੌਕ ਸ਼ਾਹਕੋਟ 'ਚੋਂ ਹੁੰਦੀ ਹੋਈ ਵਾਪਸ ਪਬਲਿਕ ਸਕੂਲ ਵਿਖੇ ਸਮਾਪਤ ਹੋਈ। ਡੀ.ਐਸ.ਪੀ ਬਰਾੜ ਨੇ ਦੋਆਬਾ ਹੈੱਡਲਾਈਨਜ਼ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਤੇ ਕਿਹਾ ਕਿ ਅਜਿਹੇ ਸਮਾਗਮ ਸਾਡੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਖੇਡਾਂ ਤੇ ਸਿਹਤਮੰਦ ਗਤੀਵਿਧੀਆਂ ਵੱਲ ਪ੍ਰੇਰਿਤ ਕਰਦੇ ਹਨ। ਅੱਜ ਦੇ ਭੱਜ-ਦੌੜ ਭਰੇ ਜੀਵਨ ਵਿਚ ਸਰੀਰਕ ਤੰਦਰੁਸਤੀ ਬਹੁਤ ਜ਼ਰੂਰੀ ਹੈ। ਦੋਆਬਾ ਹੈੱਡਲਾਈਨਜ਼ ਨੇ ਇਹ ਮੈਰਾਥਨ ਕਰਵਾ ਕੇ ਸਮਾਜ ਨੂੰ ਇਕ ਬਹੁਤ ਹੀ ਚੰਗਾ ਸੁਨੇਹਾ ਦਿੱਤਾ ਹੈ। ਪ੍ਰਧਾਨ ਗੁਲਜ਼ਾਰ ਸਿੰਘ ਥਿੰਦ ਨੇ ਕਿਹਾ ਕਿ ਸ਼ਾਹਕੋਟ ਵਿਚ ਪਹਿਲੀ ਵਾਰ ਮੈਰਾਥਨ ਕਰਵਾ ਕੇ ਇਕ ਚੰਗਾ ਉਪਰਾਲਾ ਕੀਤਾ ਗਿਆ ਹੈ। ਉਨ੍ਹਾਂ ਬੱਚਿਆਂ ਨੂੰ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣ ਲਈ ਪ੍ਰੇਰਿਤ ਕੀਤਾ। ਜਸਵੀਰ ਸਿੰਘ ਉੱਪਲ ਨੇ ਕਿਹਾ ਕਿ ਦੋਆਬਾ ਹੈੱਡਲਾਈਨਜ਼ ਵਲੋਂ ਪਿਛਲੇ ਲੰਮੇ ਸਮੇਂ ਤੋਂ ਨਕੋਦਰ ਵਿਖੇ ਮੈਰਾਥਨ ਕਰਵਾਈ ਜਾ ਰਹੀ ਹੈ ਤੇ ਇਸ ਮਿੰਨੀ ਮੈਰਾਥਨ ਨੇ ਸ਼ਾਹਕੋਟ ਵਿਖੇ ਇਕ ਨਵੀਂ ਪ੍ਰੰਪਰਾ ਦੀ ਨੀਂਹ ਰੱਖੀ ਹੈ। ਮਿੰਨੀ ਮੈਰਾਥਨ 'ਚ ਲੜਕਿਆਂ 'ਚੋਂ ਗੁਰੂ ਨਾਨਕ ਸੰਗੇ ਖ਼ਾਲਸਾ ਅਕੈਡਮੀ ਨਕੋਦਰ ਦੇ ਸਾਹਿਲ ਗਿੱਲ ਨੇ ਪਹਿਲਾ ਤੇ ਯੁਗਰਾਜ ਸਿੰਘ ਨੇ ਦੂਜਾ, ਸਰਕਾਰੀ ਹਾਈ ਸਕੂਲ ਕੋਟਲਾ ਸੂਰਜ ਮੱਲ੍ਹ ਦੇ ਸਾਹਿਬ ਕੁਮਾਰ ਨੇ ਤੀਸਰਾ ਸਥਾਨ ਤੇ ਮਾਤਾ ਸਾਹਿਬ ਕੌਰ ਖ਼ਾਲਸਾ ਸਕੂਲ ਢੰਡੋਵਾਲ ਦੇ ਹਰਸ਼ਦੀਪ ਸਿੰਘ ਨੇ ਚੌਥਾ ਸਥਾਨ ਪ੍ਰਾਪਤ ਕੀਤਾ। ਇਸੇ ਹੀ ਤਰ੍ਹਾਂ ਲੜਕੀਆਂ 'ਚੋਂ ਸਕੂਲ ਆਫ਼ ਐਮੀਨੈਂਸ ਦਸੂਹਾ ਦੀ ਮੁਸਕਾਨ ਨੇ ਪਹਿਲਾ ਤੇ ਸਵਨੀਕ ਕੌਰ ਨੇ ਦੂਸਰਾ ਤੇ ਪੀ.ਐੱਮ ਸ਼੍ਰੀ ਸਰਕਾਰੀ ਕੰਨਿਆ ਹਾਈ ਸਕੂਲ ਸ਼ਾਹਕੋਟ ਦੀ ਖ਼ੁਸ਼ਪ੍ਰੀਤ ਨੇ ਤੀਸਰਾ ਸਥਾਨ ਹਾਸਲ ਕਰਕੇ ਆਪਣੇ-ਆਪਣੇ ਸਕੂਲਾਂ ਦਾ ਨਾਂਅ ਰੌਸ਼ਨ ਕੀਤਾ। ਆਏ ਹੋਏ ਮਹਿਮਾਨਾਂ ਤੇ ਪ੍ਰਬੰਧਕਾਂ ਵਲੋਂ ਮੈਰਾਥਨ 'ਚੋਂ ਜੇਤੂ ਲੜਕੇ ਤੇ ਲੜਕੀਆਂ ਨੂੰ ਨਕਦ ਰਾਸ਼ੀ, ਟਰਾਫ਼ੀ ਤੇ ਸਰਟੀਫ਼ਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਮੁੱਖ ਪ੍ਰਬੰਧਕ ਰਾਮ ਸਿੰਘ ਔਲਖ ਨੇ ਮੈਰਾਥਨ ਵਿਚ ਪਤਵੰਤੇ ਸੱਜਣਾਂ ਤੇ ਸਕੂਲਾਂ ਵਲੋਂ ਸਹਿਯੋਗ ਦੇਣ 'ਤੇ ਵਿਸ਼ੇਸ਼ ਧੰਨਵਾਦ ਕੀਤਾ। ਬਲਵਿੰਦਰ ਸਿੰਘ ਡੀ.ਪੀ.ਈ ਤੇ ਰਾਕੇਸ਼ ਕੁਮਾਰ ਸ਼ਰਮਾ ਨਕੋਦਰ ਨੇ ਸਟੇਜ ਦੀ ਕਾਰਵਾਈ ਬਾਖ਼ੂਬੀ ਚਲਾਈ। ਇਸ ਮੌਕੇ ਪ੍ਰਿੰਸੀਪਲ ਰੇਖਾ ਸ਼ਰਮਾ ਮਾਤਾ ਸਾਹਿਬ ਕੌਰ ਖ਼ਾਲਸਾ ਸਕੂਲ ਢੰਡੋਵਾਲ, ਲੈਕ: ਦੇਵ ਰਾਜ ਬਾਜਵਾ ਕਲਾਂ, ਮਾ: ਨਵਜੋਤ ਸਿੰਘ ਬਾਜਵਾ ਕਲਾਂ, ਸੁਖਪਾਲ ਸਿੰਘ ਦੇਵਗੁਣ, ਦਿਆਲਾ ਗਿੱਲ ਪ੍ਰਧਾਨ ਮੰਦਰ ਕਮੇਟੀ, ਪ੍ਰਭਜੀਤ ਸਿੰਘ ਦਿਵਿਆ ਜਯੋਤੀ ਸਕੂਲ, ਰਾਜਵੀਰ ਕੌਰ ਸਕੂਲ ਇੰਚਾਰਜ ਬੱਗਾ, ਕੁਲਦੀਪ ਕੌਰ ਪੀ.ਟੀ.ਆਈ, ਪ੍ਰਿੰਸ ਸਕੂਲ ਇੰਚਾਰਜ ਕੋਟਲਾ ਸੂਰਜ ਮੱਲ੍ਹ, ਜਤਿੰਦਰ ਕੁਮਾਰ, ਤਸਵੀਰ ਸਿੰਘ, ਮੈਡਮ ਸੰਦੀਪ ਕੌਰ ਦਸ਼ਮੇਸ਼ ਪਬਲਿਕ ਸਕੂਲ ਆਦਿ ਹਾਜ਼ਰ ਸਨ।




## ਸਵ: ਸ਼ਿੰਗਾਰਾ ਰਾਮ ਦੀ ਯਾਦ 'ਚ ਲੋੜਵੰਦਾਂ ਨੂੰ ਰਾਸ਼ਨ ਵੰਡਿਆ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸ੍ਰੀ ਵਰਧਮਾਨ ਜੈਨ ਸੇਵਾ ਸੰਘ, ਨਵਾਂਸ਼ਹਿਰ ਦੇ ਪ੍ਰਧਾਨ ਮਨੀਸ਼ ਜੈਨ ਅਤੇ ਜਨਰਲ ਸਕੱਤਰ ਰਤਨ ਕੁਮਾਰ ਜੈਨ ਨੇ ਦੱਸਿਆ ਕਿ ਰਾਸ਼ਨ ਵੰਡ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਜਲ ਸੰਭਾਲ ਵਿਭਾਗ ਦੇ ਐਸ ਡੀ ਓ ਕ੍ਰਿਸ਼ਨ ਦੁੱਗਲ ਅਤੇ ਉਨ੍ਹਾਂ ਦੀ ਪਤਨੀ ਮੀਨਾ ਦੁੱਗਲ ਦੇ ਪਹੁੰਚਣ 'ਤੇ ਸ੍ਰੀ ਵਰਧਮਾਨ ਜੈਨ ਸੇਵਾ ਸੰਘ ਦੇ ਕੋਆਰਡੀਨੇਟਰ ਸੁਰੇਂਦਰ ਜੈਨ, ਪ੍ਰਧਾਨ ਮਨੀਸ਼ ਜੈਨ, ਜਨਰਲ ਸਕੱਤਰ ਰਤਨ ਕੁਮਾਰ ਜੈਨ, ਖਜ਼ਾਨਚੀ ਅਚਲ ਜੈਨ, ਰਾਕੇਸ਼ ਜੈਨ ਬੱਬੀ, ਪਦਮ ਜੈਨ, ਪੰਕਜ ਜੈਨ, ਸ਼ੁਭਮ ਜੈਨ ਅਤੇ ਹੋਰ ਮੈਂਬਰਾਂ ਨੇ ਉਨ੍ਹਾਂ ਦਾ ਹਾਰ ਪਾ ਕੇ ਸਵਾਗਤ ਕੀਤਾ।ਰਤਨ ਜੈਨ ਨੇ ਦੱਸਿਆ ਕਿ ਅੱਜ ਦਾ ਰਾਸ਼ਨ ਵੰਡ ਸਮਾਗਮ ਕੈਨੇਡਾ ਨਿਵਾਸੀ ਮਾਤਾ ਗੁਰਮੀਤ ਕੌਰ ਪਾਲ ਜੋ ਕਿ ਕ੍ਰਿਸ਼ਨ ਦੁੱਗਲ ਅਤੇ ਮੀਨਾ ਦੁੱਗਲ ਦੇ ਪਰਵਾਰਕ ਮੈਂਬਰ ਹਨ, ਨੇ ਆਪਣੇ ਪਰਵਾਰ ਦੇ ਸਹਿਯੋਗ ਨਾਲ ਆਪਣੇ ਪਤੀ ਸਵਰਗੀ ਸ਼ਿੰਗਾਰਾ ਰਾਮ ਪਾਲ ਦੀ ਯਾਦ ਵਿੱਚ ਕੀਤਾ। ਇਸ ਮੌਕੇ ਮਹਾਸਾਧਵੀ ਵਿਚਕਸ਼ਨ ਸ਼੍ਰੀ ਜੀ, ਅਰਪਿਤਾ ਜੀ ਅਤੇ ਮੋਕਸ਼ਦਾ ਸ਼੍ਰੀ ਜੀ ਨੇ ਕਿਹਾ ਕਿ ਸਾਰਿਆਂ ਨੂੰ ਹਮੇਸ਼ਾ ਗਰੀਬਾਂ ਅਤੇ ਲੋੜਵੰਦਾਂ ਦੀ ਸੇਵਾ ਕਰਨ ਲਈ ਤਿਆਰ ਰਹਿਣਾ ਚਾਹੀਦਾ ਹੈ। ਮਹਾਸਾਧਵੀ ਸ਼੍ਰੀ ਪ੍ਰਿਯਦਰਸ਼ਨ ਨੇ ਸਾਰਿਆਂ ਨੂੰ ਆਸ਼ੀਰਵਾਦ ਦਿੱਤਾ। ਸ੍ਰੀ ਵਰਧਮਾਨ ਜੈਨ ਸੇਵਾ ਸੰਘ ਦੇ ਪ੍ਰਧਾਨ ਮੁਨੀਸ਼ ਜੈਨ ਅਤੇ ਜਨਰਲ ਸਕੱਤਰ ਰਤਨ ਕੁਮਾਰ ਜੈਨ ਨੇ ਦੱਸਿਆ ਕਿ 149ਵੇਂ ਰਾਸ਼ਨ ਵੰਡ ਸਮਾਰੋਹ ਦੌਰਾਨ 20 ਲੋੜਵੰਦ ਪਰਵਾਰਾਂ ਨੂੰ ਰਾਸ਼ਨ ਵੰਡਿਆ ਗਿਆ। ਇਸ ਮੌਕੇ ਸੁਭਾਸ਼ ਅਰੋੜਾ, ਦਰਸ਼ਨ ਜੈਨ, ਪਦਮ ਜੈਨ, ਗੌਰਵ ਜੈਨ, ਸੰਭਵ ਜੈਨ, ਨਮਨ ਜੈਨ, ਯਤੀਸ਼ ਜੈਨ, ਹਰੀਸ਼ ਜੈਨ, ਅਲਕਾ ਜੈਨ, ਰਿਤੂ ਜੈਨ, ਦੀਕਸ਼ਾ ਜੈਨ, ਕਰੁਣਾ ਜੈਨ, ਯਸ਼ਿਕਾ ਜੈਨ ਅਤੇ ਹੋਰ ਪਤਵੰਤੇ ਹਾਜ਼ਰ ਸਨ।



## ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੀ 17ਵੀਂ ਜਨਰਲ ਕੌਂਸਲ ਦਾ ਦੂਜਾ ਸੂਬਾਈ ਇਜਲਾਸ ਦੇਸ਼ ਭਗਤ ਯਾਦਗਾਰ ਹਾਲ ਵਿਖੇ ਸੰਪੰਨ

**ਜਲੰਧਰ (ਰਾਜੇਸ਼ ਥਾਪਾ)** ਜਲੰਧਰ ਦੇ ਦੇਸ਼ ਭਗਤ ਯਾਦਗਾਰ ਹਾਲ ਵਿੱਚ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੀ 17ਵੀਂ ਜਨਰਲ ਕੌਂਸਲ ਦਾ ਦੂਜਾ ਸੂਬਾਈ ਇਜਲਾਸ ਸੰਪੰਨ ਹੋਇਆ। ਇਸ ਇਜਲਾਸ ਵਿੱਚ ਜੀ ਟੀ ਯੂ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਬਲਾਕ ਪ੍ਰਧਾਨ ਅਤੇ ਜ਼ਿਲ੍ਹਾ ਆਗੂਆਂ ਨੇ ਸ਼ਮੂਲੀਅਤ ਕੀਤੀ। ਸਭ ਤੋਂ ਪਹਿਲੋਂ ਝੰਡੇ ਦੀ ਰਸਮ ਕੀਤੀ ਗਈ ਅਤੇ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ ਨੇ ਝੰਡਾ ਲਹਿਰਾਇਆ। ਜਨਰਲ ਕੌਂਸਲ ਦੇ ਅਜਲਾਸ ਦੇ ਸ਼ੁਰੂਆਤ ਸਮੇਂ ਵਿਛੜੇ ਸਾਥੀਆਂ ਦੇ ਸ਼ੋਕ ਮਤੇ ਪੇਸ਼ ਕੀਤੇ ਗਏ। ਇਸ ਤੋਂ ਬਾਅਦ ਜੀ ਟੀ ਯੂ ਪੰਜਾਬ ਦੇ ਸਾਬਕਾ ਆਗੂ ਹਰਕੰਵਲ ਸਿੰਘ ਨੇ ਜਨਰਲ ਕੌਂਸਲ ਦਾ ਉਦਘਾਟਨ ਕਰਦਿਆਂ ਜੀ ਟੀ ਯੂ ਪੰਜਾਬ ਦੇ ਸੰਘਰਸ਼ੀ ਇਤਿਹਾਸ 'ਤੇ ਚਾਨਣਾ ਪਾਇਆ। ਇਸ ਸਮੇਂ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ ਅਤੇ ਜਨਰਲ ਸਕੱਤਰ ਤੀਰਥ ਸਿੰਘ ਬਾਸੀ, ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਕਨਵੀਨਰ ਜਸਵੀਰ ਸਿੰਘ ਤਲਵਾੜਾ, ਜੀ ਟੀ ਯੂ ਦੇ ਸਾਬਕਾ ਜਨਰਲ ਸਕੱਤਰ ਕੁਲਦੀਪ ਸਿੰਘ ਦੌੜਕਾ ਅਤੇ 4161 ਦੇ ਸੂਬਾ ਪ੍ਰਧਾਨ ਗੁਰਮੇਲ ਸਿੰਘ ਕੁਲਰੀਆ ਨੇ ਭਰਾਤਰੀ ਸੰਦੇਸ਼ ਦਿੱਤਾ।ਇਸ ਉਪਰੰਤ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰੈੱਸ ਸਕੱਤਰ ਕਰਨੈਲ ਫਿਲੌਰ ਵੱਲੋਂ ਆਏ ਹੋਏ ਆਗੂਆਂ ਨੂੰ ਜੀ ਆਇਆਂ ਕਿਹਾ ਗਿਆ। ਇਸ ਤੋਂ ਬਾਅਦ ਜੀ ਟੀ ਯੂ ਦੇ ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ ਵੱਲੋਂ ਡਰਾਫਟ ਰਿਪੋਰਟ ਪੇਸ਼ ਕੀਤੀ ਗਈ।ਜੀ ਟੀ ਯੂ ਪੰਜਾਬ ਵੱਲੋਂ ਆਪਣੇ ਮੰਗ ਪੱਤਰ ਦਾ ਖਰੜਾ ਦੱਸਦੇ ਹੋਏ ਕਿਹਾ ਕਿ ਜੀ ਟੀ ਯੂ ਪੰਜਾਬ ਮੰਗ ਕਰਦੀ ਹੈ ਕਿ ਕੌਮੀ ਸਿੱਖਿਆ ਨੀਤੀ 2020 ਨੂੰ ਰੱਦ ਕੀਤਾ ਜਾਵੇ ਅਤੇ ਪੰਜਾਬ ਦੀ ਆਪਣੀ ਸਿੱਖਿਆ ਨੀਤੀ ਬਣਾਈ ਜਾਵੇ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, ਕੰਪਿਊਟਰ ਅਧਿਆਪਕਾਂ, ਮੈਰੀਟੋਰੀਅਸ ਅਧਿਆਪਕਾਂ, ਕੱਚੇ /ਐਸੋਸੀਏਟ ਅਧਿਆਪਕਾਂ, ਆਦਰਸ਼ ਸਕੂਲਾਂ ਦੇ ਅਧਿਆਪਕਾਂ, ਐਨ ਐਸ ਕਿਊ ਐਫ ਵਾਲੇ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਲਿਆ ਕੇ ਰੈਗੂਲਰ ਕਰਾਉਣਾ, ਕੇਂਦਰੀ ਤਨਖਾਹ ਸਕੇਲ ਰੱਦ ਕਰਵਾ ਕੇ ਪੰਜਾਬ ਦੇ ਤਨਖਾਹ ਸਕੇਲ ਲਾਗੂ ਕਰਾਉਣਾ, ਮਾਣਯੋਗ ਹਾਈਕੋਰਟ ਵੱਲੋਂ 15 -01- 15 ਦਾ ਮੁਢਲੀ ਤਨਖਾਹ ਤੇ ਨਿਯੁਕਤੀ ਦਾ ਨੋਟੀਫਿਕੇਸ਼ਨ ਰੱਦ ਕਰਨਾ, ਸੇਵਾ ਨਿਯਮਾਂ ਵਿੱਚ ਕੀਤੀਆਂ ਅਧਿਆਪਕ / ਮੁਲਾਜ਼ਮ ਵਿਰੋਧੀ ਸੋਧਾਂ ਰੱਦ ਕਰਾਉਣਾ, ਵਧੇ ਦਾਖਲੇ ਅਨੁਸਾਰ ਨਵੀਆਂ ਪੋਸਟਾਂ ਦੀ ਸਿਰਜਣਾ ਕਰਵਾਉਣੀ ਅਤੇ ਖਾਲੀ ਪੋਸਟਾਂ ਤੇ ਪੂਰੇ ਗ੍ਰੇਡ ਨਾਲ ਭਰਤੀ ਕਰਵਾਉਣਾ, ਪੇਂਡੂ ਭੱਤੇ ਸਮੇਤ ਕੱਟੇ 37 ਭੱਤੇ ਬਹਾਲ ਕਰਾਉਣਾ, ਡੀ ਏ ਦੀਆਂ ਰਹਿੰਦੀਆਂ ਕਿਸ਼ਤਾਂ ਤੇ ਬਕਾਇਆ ਜਾਰੀ ਕਰਾਉਣਾ, ਸਰਕਾਰ ਵੱਲੋਂ ਵਿਕਾਸ ਟੈਕਸ ਦੇ ਨਾਂ 'ਤੇ 2400 ਸਾਲਾਨਾ ਵਸੂਲਿਆ ਜਾ ਰਿਹਾ ਜਜੀਆ ਟੈਕਸ ਵਾਪਸ ਕਰਾਉਣਾ, ਤਨਖਾਹ ਕਮਿਸ਼ਨ ਵੱਲੋਂ ਦਿੱਤਾ ਹਾਇਰ ਗਰੇਡ ਲਾਗੂ ਕਰਾਉਣਾ, ਮੁੱਢਲੀ ਸਿੱਖਿਆ ਮਾਤ ਭਾਸ਼ਾ ਰਾਹੀਂ ਦੇਣਾ ਯਕੀਨੀ ਬਣਾਉਣਾ, ਪ੍ਰੀ ਪ੍ਰਾਇਮਰੀ ਲਈ ਨਰਸਰੀ ਟੀਚਰ, ਹਰ ਪ੍ਰਾਇਮਰੀ ਸਕੂਲ ਲਈ ਹੈਡ ਟੀਚਰ, ਜਮਾਤਵਾਰ ਟੀਚਰ, ਅਪਰ ਪ੍ਰਾਇਮਰੀ ਵਿੱਚ ਵਿਸ਼ਾਵਾਰ ਅਧਿਆਪਕ ਦੇਣ ਲਈ ਸਿੱਖਿਆ ਅਤੇ ਵਿਦਿਆਰਥੀ ਪੱਖੀ ਤਰਕ ਸੰਗਤ ਰੈਸ਼ਨੇਲਾਈਜੇਸ਼ਨ ਨੀਤੀ ਬਣਵਾਉਣਾ, ਹਰ ਵਰਗ ਦੀਆਂ ਪਦਉਨਤੀਆਂ ਵਿੱਚ ਲਗਾਤਾਰਤਾ ਲਿਆਉਣੀ, ਅਧਿਆਪਕਾਂ ਦੀਆਂ ਗੈਰ ਵਿੱਦਿਅਕ ਕੰਮਾਂ ਵਿੱਚ ਲਗਾਈਆਂ ਡਿਊਟੀਆਂ ਨੂੰ ਤੁਰੰਤ ਰੱਦ ਕਰਾਉਣਾ, ਪੰਜਵੇਂ ਤਨਖਾਹ ਕਮਿਸ਼ਨ ਦੀਆਂ ਤਰੁਟੀਆਂ ਦੂਰ ਕਰਾਉਣਾ ਅਤੇ ਛੇਵੇਂ ਤਨਖਾਹ ਕਮਿਸ਼ਨ ਵਿੱਚ ਅਧਿਆਪਕ / ਮੁਲਾਜ਼ਮ ਪੱਖੀ ਸੋਧਾਂ ਕਰਾਉਣਾ, ਛੇਵੇਂ ਤਨਖਾਹ ਕਮਿਸ਼ਨ ਦੀ ਰਹਿੰਦੀ ਰਿਪੋਰਟ ਜਾਰੀ ਕਰਵਾ ਕੇ ਏ. ਸੀ.ਪੀ. ਲਾਗੂ ਕਰਾਉਣਾ, ਨਵੇਂ ਭਰਤੀ ਹੋਏ ਅਧਿਆਪਕਾਂ ਨੂੰ ਬਦਲੀ ਦਾ ਮੌਕਾ ਦਵਾਉਣਾ, ਮਿਡ ਡੇ ਮੀਲ ਦੀ ਰਾਸ਼ੀ ਐਡਵਾਂਸ ਵਿੱਚ ਦਵਾਉਣਾ, ਨਵੇਂ ਬਲਾਕ ਪ੍ਰਾਇਮਰੀ ਸਿੱਖਿਆ ਦਫਤਰਾਂ ਵਿੱਚ ਕਲਰਕਾਂ ਦੀ ਪੋਸਟ ਅਤੇ ਹਰੇਕ ਪ੍ਰਾਇਮਰੀ ਸਿੱਖਿਆ ਦਫਤਰ ਵਿੱਚ ਘੱਟੋ ਘੱਟ ਦੋ ਕਲਰਕਾਂ ਦੀਆਂ ਪੋਸਟਾਂ ਦਵਾਉਣਾ, ਕਿਤਾਬਾਂ ਦੇ ਮੁਕੰਮਲ ਸੈੱਟ ਸੈਸ਼ਨ ਦੇ ਸ਼ੁਰੂ ਵਿੱਚ ਦਵਾਉਣਾ, ਵਿਦਿਆਰਥੀਆਂ ਦੇ ਸਰਟੀਫਿਕੇਟ ਦੀ ਹਾਰਡ ਕਾਪੀ ਲੈਣ ਤੇ ਲਗਾਈ ਫੀਸ ਨੂੰ ਮੁੱਢ ਤੋਂ ਰੱਦ ਕਰਾਉਣਾ, ਸੀਈਪੀ ਸਮੇਤ ਸਾਰੇ ਗੈਰ ਵਿਦਿਅਕ ਪ੍ਰੋਜੈਕਟ ਤੁਰੰਤ ਬੰਦ ਕਰਵਾ ਕੇ ਅਧਿਆਪਕਾਂ ਨੂੰ ਜਮਾਤਾਂ ਲਈ ਨਿਰਧਾਰਿਤ ਪ੍ਰਾਠਕ੍ਰਮ ਅਨੁਸਾਰ ਪੜ੍ਹਾਉਣ ਦੀ ਖੁੱਲ੍ਹ ਦਵਾਉਣਾ ਆਦਿ ਮੰਗਾਂ ਨੂੰ ਜ਼ੋਰਦਾਰ ਢੰਗ ਨਾਲ ਉਠਾਇਆ ਗਿਆ। ਰਿਪੋਰਟ ਤੇ ਡੈਲੀਗੇਟਾਂ ਦੇ ਸੁਝਾਅ ਦੇਣ ਤੋਂ ਬਾਅਦ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ ਜੀ ਵੱਲੋਂ ਦਿੱਤੇ ਗਏ ਸੁਝਾਵਾਂ ਨੂੰ ਸਰਬ ਸੰਮਤੀ ਨਾਲ ਪਾਸ ਕਰਾਇਆ ਗਿਆ। ਇਸ ਮੌਕੇ ਸਰਬ ਸੰਮਤੀ ਨਾਲ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿੱਚ ਕੇਂਦਰ ਦੀ ਦਖਲ ਅੰਦਾਜ਼ੀ ਬੰਦ ਕੀਤੀ ਜਾਵੇ ਅਤੇ ਸੈਨਟ ਚੋਣਾਂ ਤੁਰੰਤ ਕਰਵਾਈਆਂ ਜਾਣ, ਅਲਾਹਾਬਾਦ ਹਾਈਕੋਰਟ ਦਾ ਫੈਸਲਾ ਲਾਗੂ ਕਰਨ, ਅਦਾਲਤਾਂ ਵਲੋਂ ਅਧਿਆਪਕਾਂ ਦੇ ਹੱਕ ਵਿੱਚ ਹੋਏ ਫੈਸਲੇ ਜਨਰਲਾਈਜ਼ ਕਰਨ, ਹੜ੍ਹ ਪੀੜਤ ਜ਼ਿਲ੍ਹਿਆਂ ਦੇ ਬੱਚਿਆਂ ਦੀਆਂ ਫੀਸਾਂ ਮੁਆਫ ਕਰਨ, ਸਕੂਲ ਮੈਨੇਜਮੈਂਟ ਕਮੇਟੀਆਂ ਵਿੱਚ ਸਿਆਸੀ ਦਖਲ ਅੰਦਾਜੀ ਬੰਦ ਕਰਨ, ਸੋਧ ਦੇ ਨਾਂ ਤੇ ਬੰਦ ਕੀਤੇ ਸਮੁੱਚੇ ਭੱਤੇ ਬਹਾਲ ਕਰਨ ਆਦਿ ਮਤੇ ਪਾਸ ਕੀਤੇ ਗਏ।ਜੀ ਟੀ ਯੂ ਪੰਜਾਬ ਦੀ ਜਨਰਲ ਕੌਂਸਲ ਨੇ 13 ਦਸੰਬਰ ਨੂੰ ਮੰਗ ਪੱਤਰ 'ਚ ਦਰਜ ਮੰਗਾਂ ਮਨਾਉਣ ਲਈ ਸਿੱਖਿਆ ਮੰਤਰੀ ਦੇ ਹਲਕੇ ਅਨੰਦਪੁਰ ਸਾਹਿਬ ਵਿਖੇ ਸੂਬਾ ਪੱਧਰੀ ਰੋਸ ਰੈਲੀ ਕਰਨ ਦਾ ਫੈਸਲਾ ਕੀਤਾ ਗਿਆ ।



10-NOV-PAGE-10.qxd 11/9/2025 9:48 PM Page 1



## ਗੋਬਿੰਦਪੁਰਾ ਸਕੂਲ ਦੇ ਵਿਦਿਆਰਥੀਆਂ ਦਾ ਪਟਿਆਲਾ ਵਿੱਦਿਅਕ ਟੂਰ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪ੍ਰਿੰਸੀਪਲ ਜਸਵੀਰ ਸਿੰਘ ਬੇਗਾ ਦੀ ਅਗਵਾਈ ਅਧੀਨ ਪੀ. ਐਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਬਿੰਦਪੁਰਾ (ਬਠਿੰਡਾ) ਦੇ ਨੌਵੀਂ ਤੇ ਦਸਵੀਂ ਸ਼੍ਰੇਣੀ ਦੇ ਵਿਦਿਆਰਥੀਆਂ ਦੀ ਵਿੱਦਿਆ ਨੂੰ ਅਨੁਭਵੀ ਤੇ ਦਿਲਚਸਪ ਬਣਾਉਣ ਦੇ ਉਦੇਸ਼ ਨਾਲ ਪਟਿਆਲਾ ਦਾ ਵਿੱਦਿਅਕ ਟੂਰ ਲਗਾਇਆ ਗਿਆ। ਟੂਰ ਦੌਰਾਨ ਵਿਦਿਆਰਥੀਆਂ ਨੇ ਆਪਣੇ ਗਾਈਡ ਅਧਿਆਪਕਾਂ ਦੀ ਰਹਿਨੁਮਾਈ ਹੇਠ ਨੌਵੀਂ ਪਾਤਸ਼ਾਹੀ ਸੰਬੰਧਤ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਵਿਖੇ ਦਰਸ਼ਨ ਕਰਦੇ ਹੋਏ ਧਾਰਮਿਕ ਤੇ ਇਤਿਹਾਸਕ ਗਿਆਨ ਵਿੱਚ ਵਾਧਾ ਕੀਤਾ। ਉਪਰੰਤ ਵਿਦਿਆਰਥੀਆਂ ਨੂੰ ਕਾਲੀ ਮਾਤਾ ਦਾ ਮੰਦਰ, ਪ੍ਰਮੇਸ਼ਵਰ ਦੁਆਰ ਗੁਰਦੁਆਰਾ ਤੇ ਮੈਕਸ ਮਾਲ ਵੀ ਘੁੰਮਾਇਆ ਗਿਆ। ਉੱਚੇਰੀ ਸਿੱਖਿਆ ਦੇ ਮਹੱਤਵ ਬਾਰੇ ਜਾਣਕਾਰੀ ਦੇਣ ਦੇ ਉਦੇਸ਼ ਨਾਲ ਵਿਦਿਆਰਥੀਆਂ ਨੇ ਭਾਸ਼ਾ ਦੇ ਨਾਮ 'ਤੇ ਬਣੀ ਦੇਸ਼ ਦੀ ਪਹਿਲੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਯਾਤਰਾ ਕੀਤੀ। ਪ੍ਰਿੰਸੀਪਲ ਬੇਗਾ ਨੇ ਦੱਸਿਆ ਕਿ ਇਸ ਵਿੱਦਿਅਕ ਟੂਰ ਦੌਰਾਨ ਵਿਦਿਆਰਥੀਆਂ ਨੇ ਭਰਪੂਰ ਧਾਰਮਿਕ ਤੇ ਇਤਿਹਾਸਕ ਜਾਣਕਾਰੀ ਹਾਸਲ ਕੀਤੀ। ਉਹਨਾਂ ਦੱਸਿਆ ਕਿ ਇਸ ਸਮੇਂ ਗਾਈਡ ਦੇ ਤੌਰ 'ਤੇ ਗੁਰਜੋਤ ਕੌਰ ਸਮਾਜਿਕ ਸਿੱਖਿਆ ਅਧਿਆਪਕਾ, ਗੁਰਮੀਤ ਕੌਰ ਸਮਾਜਿਕ ਸਿੱਖਿਆ ਅਧਿਆਪਕਾ, ਕਿਰਨਜੀਤ ਕੌਰ ਪੰਜਾਬੀ ਅਧਿਆਪਕਾ, ਕਰੁਣਾ ਹਿੰਦੀ ਅਧਿਆਪਕਾ, ਰਕੇਸ਼ ਕੁਮਾਰ ਸੀਨੀਅਰ ਲੈਬ ਅਟੈਂਡੈਂਟ ਤੇ ਕੈਂਪਸ ਮੈਨੇਜਰ ਪਰਮਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਉਕਤ ਸਥਾਨਾਂ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ। ਵਿਦਿਆਰਥੀਆਂ ਨੇ ਇਸ ਦੌਰੇ ਨੂੰ ਸਿੱਖਿਆਦਾਇਕ, ਪ੍ਰੇਰਨਾਦਾਇਕ ਤੇ ਇੱਕ ਯਾਦਗਾਰ ਅਨੁਭਵ ਵਜੋਂ ਮਾਣਿਆ। ਇਸ ਸਮੇਂ ਵਿਦਿਆਰਥੀਆਂ ਨੂੰ ਰਿਫਰੈਸ਼ਮੈਂਟ ਵੀ ਦਿੱਤੀ ਗਈ।

## ਰਾਏਸਰ 'ਚ ਲੋਕ ਕਵੀ ਸੰਤ ਰਾਮ ਉਦਾਸੀ ਦੀ ਬਰਸੀ ਮਨਾਈ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਲੋਕ ਕਵੀ ਸੰਤ ਰਾਮ ਉਦਾਸੀ ਦੀ 39ਵੀਂ ਬਰਸੀ ਜੱਦੀ ਪਿੰਡ ਰਾਏਸਰ (ਬਰਨਾਲਾ) ਵਿਖੇ ਉਨ੍ਹਾਂ ਦੀ ਯਾਦ ਵਿੱਚ ਬਣੀ ਲਾਇਬ੍ਰੇਰੀ ਵਿਖੇ ਮਨਾਈ ਗਈ।ਇਸ ਮੌਕੇ ਵਿਸ਼ੇਸ਼ ਬੁਲਾਰੇ ਡਾ: ਇਕਬਾਲ ਸਿੰਘ ਸਕਰੌਦੀ ਨੇ ਕਿਹਾ ਕਿ ਉਦਾਸੀ ਨੇ ਸਿੱਖ ਨਾਇਕਾਂ ਬਾਰੇ ਗੀਤ ਲਿਖ ਕੇ ਆਪਣੀ ਆਸਥਾ ਪ੍ਰਗਟਾਈ ਤੇ ਲਿਤਾੜੇ ਲੋਕਾਂ ਨੂੰ ਗੁਲਾਮੀ ਦਾ ਜੂਲਾ ਲਾਹੁਣ ਲਈ ਪ੍ਰੇਰਿਆ। ਬਹੁਪੱਖੀ ਲੇਖਕ ਬੂਟਾ ਸਿੰਘ ਚੌਹਾਨ ਨੇ ਕਿਹਾ ਕਿ ਉਦਾਸੀ ਦੇ ਬਹੁਤੇ ਗੀਤ ਲੋਕ ਗੀਤਾਂ ਦਾ ਰੁਤਬਾ ਹਾਸਲ ਕਰ ਚੁੱਕੇ ਹਨ।ਉਦਾਸੀ ਦੀ ਸਪੁੱਤਰੀ ਇਕਬਾਲ ਕੌਰ ਉਦਾਸੀ ਨੇ ਕਿਹਾ ਕਿ ਉਦਾਸੀ ਦੀ ਮਹੱਤਤਾ ਇਸ ਗੱਲ 'ਚ ਹੈ।ਜਦੋਂ ਇਨਸਾਫ ਲੈਣ ਲਈ ਸਟੇਜਾਂ ਲੱਗਦੀਆਂ ਹਨ, ਉਥੇ ਉਦਾਸੀ ਦੇ ਗੀਤ ਗੂੰਜਦੇ ਹਨ।ਇਸ ਮੌਕੇ ਇਨਕਲਾਬੀ ਕਵੀ ਅਜਮੇਰ ਅਕਲੀਆਂ, ਰਾਮ ਸਰੂਪ ਸ਼ਰਮਾ, ਰਘਵੀਰ ਸਿੰਘ ਗਿੱਲ ਕੱਟੂ, ਅਰਮਾਨਦੀਪ ਭੋਤਨਾ, ਮਨਦੀਪ ਕੌਰ ਭਦੌੜ, ਡਾ: ਸੰਪੂਰਨ ਸਿੰਘ ਟੱਲੇਵਾਲੀਆ, ਗਗਨਦੀਪ ਕੌਰ ਰਾਏਸਰ, ਹਾਕਮ ਸਿੰਘ ਨੂਰ, ਜਗਜੀਤ ਕੌਰ ਢਿੱਲਵਾਂ, ਰਜਨੀਸ਼ ਕੌਰ ਬਬਲੀ ਤੇ ਸੋਹਣ ਸਿੰਘ ਮਾਂਝੀ ਨੇ ਲੋਕ ਪੱਖੀ ਗੀਤ, ਕਵਿਤਾਵਾਂ ਪੇਸ਼ ਕੀਤੀਆਂ।ਸਕੂਲੀ ਬੱਚਿਆਂ ਮਹਿਕਦੀਪ ਕੌਰ, ਮਹਿਕਪ੍ਰੀਤ ਕੌਰ, ਜਸਪ੍ਰੀਤ ਕੌਰ, ਮਨਵੀਰ ਕੌਰ, ਗੁਰਵੀਰ ਕਰ, ਪ੍ਰਭਜੋਤ ਕੌਰ ਤੇ ਗੀਤ ਕੌਰ ਨੇ ਉਦਾਸੀ ਦੇ ਗੀਤ ਗਾਏ। ਪ੍ਰਬੰਧਕਾਂ ਵੱਲੋਂ ਸਮੂਹ ਕਵੀਆਂ ਤੇ ਲੇਖਕਾਂ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਉਦਾਸੀ ਦੀ ਪਤਨੀ ਬੀਬੀ ਨਸੀਬ ਕੌਰ, ਪੁੱਤਰ ਮੋਹਕਮ ਸਿੰਘ, ਸਰਵਣ ਸਿੰਘ ਕਾਲਾਬੂਲਾ, ਜਰਨੈਲ ਸਿੰਘ ਅੱਚਰਵਾਲ, ਗੁਰਪ੍ਰੀਤ ਸਿੰਘ ਅਣਖੀ, ਜਸਵੀਰ ਕੌਰ ਬਦਰਾ, ਸੁਖਵਿੰਦਰ ਸਨੇਹ, ਪਰਮ ਪਰਮਿੰਦਰ, ਇੰਦਰਜੀਤ ਸਿੰਘ ਵਿੱਕੀ, ਸੰਦੀਪ ਸਿੰਘ, ਜਗਰੂਪ ਸਿੰਘ ਰੂਪੀ, ਸਕੂਲ ਇੰਚਾਰਜ ਸਿਮਨਜੀਤ ਕੌਰ, ਹਰਦੀਪ ਸਿੰਘ, ਮਨਜੀਤ ਸਿੰਘ ਨੇ ਵੀ ਹਾਜ਼ਰੀ ਲਵਾਈ।ਸਟੇਜ ਦਾ ਫਰਜ਼ ਹਰਪ੍ਰੀਤ ਸਿੰਘ ਗੋਪੀ ਨੇ ਨਿਭਾਇਆ।

## ਹਲਕਾ ਫਿਰੋਜ਼ਪੁਰ ਦਿਹਾਤੀ ਦੇ ਸਾਰੇ ਪਿੰਡਾਂ ਦੀਆਂ ਸੜਕਾਂ ਦਾ ਨਵੀਨੀਕਰਨ ਕੀਤਾ ਜਾਵੇਗਾ : ਦਹੀਆ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਵਿਧਾਨ ਸਭਾ ਹਲਕਾ ਫਿਰੋਜ਼ਪੁਰ ਦਿਹਾਤੀ ਦੇ ਸਾਰੇ ਪਿੰਡਾਂ ਦੀਆਂ ਲਿੰਕ ਸੜਕਾਂ ਦਾ ਮੁੜ ਤੋਂ ਨਵੀਨੀਕਰਨ ਕੀਤਾ ਜਾਵੇਗਾ। ਇਸ ਗੱਲ ਦਾ ਪ੍ਰਗਟਾਵਾ ਹਲਕਾ ਫਿਰੋਜ਼ਪੁਰ ਦਿਹਾਤੀ ਤੋਂ ਐੱਮ ਐੱਲ ਏ ਐਡਵੋਕੇਟ ਰਜਨੀਸ਼ ਦਹੀਆ ਨੇ ਪਿੰਡ ਲੱਖਾ ਸਿੰਘ ਵਾਲਾ ਹਿਠਾੜ ਵਿਖੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਸਮੇਂ ਉਨ੍ਹਾਂ ਨਾਲ ਮਾਰਕਿਟ ਕਮੇਟੀ ਮਮਦੋਟ ਦੇ ਚੇਅਰਮੈਨ ਬਲਰਾਜ ਸਿੰਘ ਸੰਧੂ, ਉਪਿੰਦਰ ਸਿੰਘ ਸਿੱਧੀ ਪ੍ਰਧਾਨ ਨਗਰ ਪੰਚਾਇਤ ਮਮਦੋਟ ਤੇ ਨਿਰਵੈਰ ਸਿੰਘ ਸਿੱਧੀ ਜ਼ਿਲ੍ਹਾ ਮੀਡੀਆ ਇੰਚਾਰਜ ਵੀ ਸਨ। ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਹੋਈਆਂ ਜ਼ਿਆਦਾ ਬਰਸਾਤਾਂ ਤੇ ਹੜ੍ਹਾਂ ਕਾਰਨ ਇਸ ਸਰਹੱਦੀ ਖੇਤਰ ਦੇ ਪਿੰਡਾਂ ਦੀਆਂ ਜ਼ਿਆਦਾਤਰ ਲਿੰਕ ਸੜਕਾਂ ਟੁੱਟੀਆਂ ਫੁੱਟੀਆਂ ਤੇ ਤਰਸਯੋਗ ਹਾਲਤ ਵਿੱਚ ਹਨ, ਜਿਸ ਕਾਰਨ ਆਮ ਲੋਕਾਂ ਨੂੰ ਆਵਾਜਾਈ ਵਿੱਚ ਕਾਫੀ ਮੁਸ਼ਕਲ ਪੇਸ਼ ਆਉਂਦੀ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਹਲਕਾ ਫਿਰੋਜ਼ਪੁਰ ਦਿਹਾਤੀ, ਜਿਸ ਵਿੱਚ ਬਲਾਕ ਮਮਦੋਟ, ਘਲ ਖੁਰਦ ਤਲਵੰਡੀ, ਮੁਦਕੀ ਆਦਿ ਆਉਂਦੇ ਹਨ, ਦੇ ਸਾਰੇ ਪਿੰਡਾਂ ਦੀਆਂ ਸਾਰੀਆਂ ਲਿੰਕ ਸੜਕਾਂ ਦੇ ਨਵੀਨੀਕਰਨ ਦਾ ਕੰਮ ਸ਼ੁਰੂ ਹੋ ਜਾਵੇਗਾ।ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਬਹਾਦਰ ਸਿੰਘ ਅਮਰੀਕਾ ਇਕਾਈ ਦੇ ਕੋਆਰਡੀਨੇਟਰ ਨਿਯੁਕਤ



**ਜਗਰਾਉਂ (ਅਮਿਤ ਖੰਨਾ)**-ਡਾ. ਜਗਜੀਤ ਸਿੰਘ ਧੂਰੀ ਪ੍ਰਧਾਨ ਆਪਣਾ ਪੰਜਾਬ ਫਾਊਂਡੇਸ਼ਨ ਨੇ ਸ੍ਰ. ਬਹਾਦਰ ਸਿੰਘ ਸਿੱਧੂ ਯੂ.ਐਸ.ਏ. (ਉੱਘੇ ਬਿਜ਼ਨੈੱਸਮੈਨ) ਨੂੰ ਫਾਊਂਡੇਸ਼ਨ ਦੀ ਅਮਰੀਕਾ ਇਕਾਈ ਦਾ ਕਨਵੀਨਰ ਨਿਯੁਕਤ ਕੀਤਾ ਹੈ ਅਤੇ ਧੂਰੀ ਪਹੁੰਚਣ 'ਤੇ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ।ਡਾ. ਜਗਜੀਤ ਸਿੰਘ ਧੂਰੀ ਨੇ ਦੱਸਿਆ ਕਿ ਆਪਣਾ ਪੰਜਾਬ ਫਾਊਂਡੇਸ਼ਨ ਜਿੱਥੇ ਸਿੱਖਿਆ ਦੇ ਖੇਤਰ ਵਿੱਚ ਅਹਿਮ ਕੰਮ ਕਰ ਰਹੀ ਹੈ, ਉਥੇ ਸਮਾਜ ਸੇਵਾ ਲਈ ਵੀ ਪੂਰੀ ਤਤਪਰ ਹੈ।ਇਸਦੇ ਮੈਂਬਰ ਹਰ ਸਾਲ ਇੱਕ ਅੰਤਰਰਾਸ਼ਟਰੀ ਟੂਰ ਵੀ ਲਗਾਉਂਦੇ ਹਨ।ਅੱਜ ਫਾਊਂਡੇਸ਼ਨ ਦੀ ਅਮਰੀਕਾ ਇਕਾਈ ਦਾ ਵਿਸਥਾਰ ਕਰਦਿਆਂ ਸ੍ਰ. ਬਹਾਦਰ ਸਿੰਘ ਸਿੱਧੂ ਯੂ.ਐੱਸ.ਏ. ਨੂੰ ਅਮਰੀਕਾ ਇਕਾਈ ਵਿੱਚ ਬਤੌਰ ਕਰਨਵੀਰ ਨਿਯੁਕਤ ਕੀਤਾ ਹੈ।ਪ੍ਰਿੰਸੀਪਲ ਬਲਦੇਵ ਬਾਵਾ ਨੇ ਬਹਾਦਰ ਸਿੰਘ ਸਿੱਧੂ ਯੂ.ਐੱਸ.ਏ. ਦੀ ਨਿਯੁਕਤੀ 'ਤੇ ਉਨ੍ਹਾਂ ਨੂੰ ਵਧਾਈ ਦਿੱਤੀ ਤੇ ਡਾ. ਜਗਜੀਤ ਸਿੰਘ ਧੂਰੀ ਦਾ ਧੰਨਵਾਦ ਕੀਤਾ।ਇਸ ਮੌਕੇ ਬਹਾਦਰ ਸਿੰਘ ਸਿੱਧੂ ਯੂ.ਐੱਸ.ਏ. ਨੇ ਕਿਹਾ ਕਿ ਆਪਣਾ ਪੰਜਾਬ ਫਾਉਂਡੇਸ਼ਨ ਵੱਲੋਂ ਜੋ ਵੀ ਡਿਊਟੀ ਲਗਾਈ ਜਾਵੇਗੀ, ਉਸ ਨੂੰ ਤਨ, ਮਨ, ਧਨ ਨਾਲ ਨਿਭਾਵਾਂਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਚਰਨਪਾਲ ਸਿੰਘ ਡੀ.ਐੱਸ.ਪੀ. ਧੂਰੀ ਤੇ ਆਲਮਜੀਤ ਸਿੰਘ ਡਾਇਰੈਕਟਰ ਮੌਡਰਨ ਸੈਕੂਲਰ ਸੰਸਥਾਵਾਂ ਹਾਜ਼ਰ ਸਨ।

## ਮਾਤਾ ਗੁਜਰੀ ਕਾਲਜ ਵਿਖੇ ਵਿਸ਼ੇਸ਼ ਲੈਕਚਰ ਕਰਵਾਇਆ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਇੰਸਟੀਚਿਊਟ ਇਨੋਵੇਸ਼ਨ ਤੇ ਉੱਨਤ ਭਾਰਤ ਅਭਿਆਨ ਵੱਲੋਂ ਆਨਲਾਈਨ ਤੇ ਆਫਲਾਈਨ ਮਾਧਿਅਮ ਰਾਹੀਂ ਵਿਸ਼ੇਸ਼ ਲੈਕਚਰ ਕਰਵਾਇਆ ਗਿਆ, ਜਿਸ ਵਿੱਚ ਬਾਇਓ ਕਾਰਵ ਸੀਡਜ਼ ਕੰਪਨੀ ਦੇ ਮੈਨੇਜਿੰਗ ਡਾਇਰੈਕਟਰ ਡਾ. ਅੱਲ੍ਹਾ ਰੰਗ ਮੁੱਖ ਬੁਲਾਰੇ ਵਜੋਂ ਸ਼ਾਮਲ ਹੋਏ।ਉਨ੍ਹਾਂ ਵਿਦਿਆਰਥੀਆਂ ਨੂੰ ਫੁੱਲਾਂ ਦੀ ਕਾਸ਼ਤ ਤੇ ਉਨ੍ਹਾਂ ਦੇ ਬੀਜ ਤਿਆਰ ਕਰਨ ਦੀਆਂ ਵੱਖ-ਵੱਖ ਵਿਧੀਆਂ, ਫੁੱਲਾਂ ਦੀ ਖੇਤੀ ਦੀ ਮਹੱਤਤਾ, ਛੋਟੇ ਪੱਧਰ ਤੋਂ ਵੱਡੇ ਪੱਧਰ ਤੱਕ ਬੀਜਾਂ ਦੀ ਕਾਸ਼ਤ, ਦੇਖ-ਰੇਖ, ਸਫ਼ਾਈ ਤੇ ਪੈਕਿੰਗ ਦੇ ਤਰੀਕਿਆਂ ਬਾਰੇ ਜਾਗਰੂਕ ਕੀਤਾ ਗਿਆ।ਇਸ ਲੈਕਚਰ ਦੌਰਾਨ ਵਿਦਿਆਰਥੀਆਂ ਨੂੰ ਪੰਜਾਬ ਵਿੱਚ ਰਹਿ ਕੇ ਹੀ ਖੇਤੀਬਾੜੀ ਨਾਲ ਜੁੜ ਕੇ ਚੰਗਾ ਮੁਨਾਫ਼ਾ ਕਮਾਉਣ ਦੀਆਂ ਮਹੱਤਵਪੂਰਨ ਵਿਧੀਆਂ ਬਾਰੇ ਵੀ ਦੱਸਿਆ ਗਿਆ। ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸਿੱਖਿਆ ਭਰਪੂਰ ਲੈਕਚਰ ਜਿੱਥੇ ਵਿਦਿਆਰਥੀਆਂ ਦੇ ਵਿਹਾਰਕ ਤੇ ਵਿਹਾਰਕ ਗਿਆਨ ਵਿੱਚ ਵਾਧਾ ਕਰਦੇ ਹਨ, ਉਥੇ ਉਨ੍ਹਾਂ ਨੂੰ ਖੇਤੀਬਾੜੀ ਦੇ ਨਾਲ-ਨਾਲ ਹੋਰ ਸਹਾਇਕ ਧੰਦਿਆਂ ਸੰਬੰਧੀ ਵੀ ਮਹੱਤਵਪੂਰਨ ਜਾਣਕਾਰੀ ਪ੍ਰਦਾਨ ਕਰਦੇ ਹਨ।ਇਸ ਮੌਕੇ ਕਾਲਜ ਦੇ ਇੰਸਟੀਚਿਊਟ ਇਨੋਵੇਸ਼ਨ ਸੈੱਲ ਦੀ ਪ੍ਰਧਾਨ ਡਾ. ਸੰਗੀਤਾ ਜੋਸ਼ੀ, ਆਈ.ਪੀ.ਆਰ. ਐਕਟੀਵਿਟੀ ਦੇ ਕੋਆਰਡੀਨੇਟਰ ਡਾ. ਅਜੈ ਸਿੰਘ, ਇੰਸਟੀਚਿਊਟ ਇਨੋਵੇਸ਼ਨ ਸੈੱਲ ਦੇ ਮੈਂਬਰ ਤੇ ਉੱਨਤ ਭਾਰਤ ਅਭਿਆਨ ਦੇ ਕੋਆਰਡੀਨੇਟਰ ਡਾ. ਜੁਝਾਰ ਸਿੰਘ ਨੇ ਵੀ ਉਪਰੋਕਤ ਵਿਸ਼ੇ ਸਬੰਧੀ ਆਪਣੇ ਮਹੱਤਵਪੂਰਨ ਵਿਚਾਰ ਪੇਸ਼ ਕੀਤੇ।

# ਪਾਵਾ ਨੇ ਖ਼ੁਰਾਕੀ ਮਿਲਾਵਟ ਵਿਰੁੱਧ ਤੇਜ਼ ਕੀਤੀ ਲਾਮਬੰਦੀ

### ਸਾਲਾਨਾ ਮੀਟਿੰਗ 'ਚ ਸਫਲਤਾਵਾਂ ਦੀ ਰਿਪੋਰਟ ਪੇਸ਼



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**
ਪਬਲਿਕ ਅਗੇਂਸਟ ਅਡਲਟਰੇਸ਼ਨ ਵੈੱਲਫੇਅਰ ਐਸੋਸੀਏਸ਼ਨ (ਪਾਵਾ) ਦੀ ਸਾਲਾਨਾ ਜਨਰਲ ਬਾਡੀ ਦੀ ਮੀਟਿੰਗ ਦੌਰਾਨ ਖੁਰਾਕੀ ਮਿਲਾਵਟਖੋਰੀ ਵਿਰੁੱਧ ਲਾਮਬੰਦੀ ਤੇਜ਼ ਕੀਤੀ ਗਈ।ਲੁਧਿਆਣਾ ਕਲੱਬ ਵਿੱਚ ਹੋਈ ਮੀਟਿੰਗ ਦੌਰਾਨ ਐਸੋਸੀਏਸ਼ਨ ਨੇ ਇਕ ਸਾਲ ਵਿਚ ਹਾਸਲ ਕੀਤੀਆਂ ਮਹੱਤਤਵਪੂਰਨ ਸਫਲਤਾਵਾਂ ਦੀ ਰਿਪੋਰਟ ਪੇਸ਼ ਕੀਤੀ।ਬੁਲਾਰਿਆਂ ਨੇ ਦੱਸਿਆ ਕਿ ਸੰਸਥਾ ਦੀ ਸਥਾਪਨਾ 5 ਫ਼ਰਵਰੀ 2025 ਨੂੰ ਹੋਈ ਸੀ, ਪਰ ਗਤੀਵਿਧੀਆਂ ਅਕਤੂਬਰ 2024 ਤੋਂ ਹੀ ਸ਼ੁਰੂ ਹੋ ਗਈਆਂ ਸਨ।ਪਾਵਾ ਦਾ ਉਦੇਸ਼ ਲੋਕ ਸਿਹਤ ਅਤੇ ਖਪਤਕਾਰ ਹੱਕਾਂ ਦੀ ਰੱਖਿਆ ਕਰਨਾ ਹੈ, ਜਿਸ ਲਈ ਇਹ ਖ਼ੁਰਾਕੀ ਮਿਲਾਵਟ ਵਿਰੁੱਧ ਜਾਗਰੂਕਤਾ, ਸਰਕਾਰੀ ਸਹਿਯੋਗ ਤੇ ਕਾਨੂੰਨੀ ਵਕਾਲਤ ਵਰਗੇ ਮੋਰਚਿਆਂ 'ਤੇ ਸਰਗਰਮ ਹੈ।ਕੁਲਵੰਤ ਸਿੰਘ ਦੇ ਸਵਾਗਤੀ ਭਾਸ਼ਣ ਤੋਂ ਬਾਅਦ ਸੰਯੁਕਤ ਸਕੱਤਰ ਪੰਜਾਬ ਤੇ ਹਰਿਆਣਾ ਤੇ ਹਰਿਆਣਾ ਹਾਈਕੋਰਟ ਦੇ ਸੇਵਾਮੁਕਤ ਜੱਜ ਜੋਰਾ ਸਿੰਘ ਨੇ ਪਾਵਾ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ।ਐਡਵੋਕੇਟ ਅਮਰਜੀਤ ਸਿੰਘ ਨੇ ਪਾਵਾ ਦੀ ਕਾਰਗੁਜ਼ਾਰੀ ਰਿਪੋਰਟ ਪੇਸ਼ ਕੀਤੀ। ਸੰਸਥਾ ਦੇ ਜਨਰਲ ਸਕੱਤਰ ਸੁਰਜੀਤ ਸਿੰਘ ਭਟੋਆ ਨੇ ਸੋਸ਼ਲ ਮੀਡੀਆ 'ਤੇ ਲਾਈਵ ਪ੍ਰੋਗਰਾਮਾਂ ਰਾਹੀਂ ਲੋਕਾਂ ਨੂੰ ਮਿਲਾਵਟੀ ਖੁਰਾਕ ਦੀ ਜਾਂਚ ਦੇ ਆਸਾਨ ਤਰੀਕੇ ਦੱਸੇ।ਪ੍ਰਧਾਨ ਅਮਰਜੀਤ ਸਿੰਘ ਤੇ ਡਾ. ਲਖਵੀਰ ਸਿੰਘ, ਪ੍ਰਧਾਨ ਹੁਸ਼ਿਆਰਪੁਰ ਨੇ ਵੀ ਕਈ ਚਰਚਾਵਾਂ ਵਿੱਚ ਭਾਗ ਲਿਆ।ਖਾਸ ਤੌਰ 'ਤੇ ਡਾ. ਵਿਜੇ ਕੁਮਾਰ (ਗੁਰਦਾਸਪੁਰ) ਦੀ ਟੀਮ ਨੇ ਜਨ-ਹਿੱਤ ਵਿੱਚ ਪ੍ਰੇਰਕ ਭੂਮਿਕਾ ਨਿਭਾਈ।ਇਸ ਦੇ ਨਾਲ ਹੀ ਹਰਿਆਣਾ ਵਿੱਚ ਸੰਗਠਨ ਦਾ ਵਿਸਥਾਰ ਕਰਦੇ ਸੂਬਾ ਪ੍ਰਧਾਨ ਤੇ ਜਨਰਲ ਸਕੱਤਰ ਨਿਯੁਕਤ ਕੀਤੇ ਗਏ ਹਨ।ਪ੍ਰਬੰਧਕੀ ਮੰਡਲ ਨੇ ਪਟਿਆਲਾ, ਫਤਿਹਗੜ੍ਹ ਸਾਹਿਬ, ਗੁਰਦਾਸਪੁਰ ਤੇ ਹੁਸ਼ਿਆਰਪੁਰ ਦੀਆਂ ਟੀਮਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਸਨਮਾਨਤ ਕਰਨ ਦਾ ਫ਼ੈਸਲਾ ਕੀਤਾ।

ਇਸ ਸਮਾਗਮ ਵਿੱਚ ਪਾਵਾ ਵੱਲੋਂ ਸੰਸਥਾ ਦੇ ਸਲਾਹਕਾਰ ਮਨੋਜ ਕੁਮਾਰ ਖੋਸਲਾ (ਸਾਬਕਾ ਸੰਯੁਕਤ ਕਮਿਸ਼ਨਰ ਫੂਡ ਐਂਡ ਡਰੱਗ ਐਡਮਿਨਿਸਟਰੇਸ਼ਨ, ਪੰਜਾਬ) ਦਾ ਨਿੱਘਾ ਸਵਾਗਤ ਵੀ ਕੀਤਾ ਗਿਆ। ਪਾਵਾ ਦੇ ਜਨਰਲ ਸਕੱਤਰ ਸੁਰਜੀਤ ਸਿੰਘ ਭਟੋਆ ਨੇ ਇਸ ਮੌਕੇ ਕਿਹਾ ਕਿ ਸੰਸਥਾ ਨੇ ਬਹੁਤ ਥੋੜ੍ਹੇ ਸਮੇਂ ਵਿੱਚ ਹੀ ਲੋਕ ਸਿਹਤ ਤੇ ਖ਼ੁਰਾਕੀ ਸੁਰੱਖਿਆ ਦੇ ਖੇਤਰ ਵਿੱਚ ਵਿਸ਼ਵਾਸਯੋਗ ਪ੍ਰਾਪਤੀ ਕੀਤੀ ਹੈ। ਅਸੀਂ ਹੋਰ ਰਾਜਾਂ ਵਿੱਚ ਆਪਣੀ ਸਰਗਰਮੀ ਵਧਾ ਕੇ ਖੁਰਾਕ ਦੀ ਪਵਿੱਤਰਤਾ ਤੇ ਸੁਰੱਖਿਆ ਲਈ ਲੜਾਈ ਜਾਰੀ ਰੱਖਾਂਗੇ।

ਇਸ ਮੀਟਿੰਗ ਵਿੱਚ ਸੰਸਥਾ ਦੇ ਮੁੱਖ ਸਰਪ੍ਰਸਤ ਜੋਰਾ ਸਿੰਘ (ਸਾਬਕਾ ਜਸਟਿਸ ਪੰਜਾਬ ਤੇ ਹਰਿਆਣਾ ਹਾਈ ਕੋਰਟ), ਪ੍ਰਧਾਨ ਅਮਰਜੀਤ ਸਿੰਘ ਐਡਵੋਕੇਟ, ਜਨਰਲ ਸਕੱਤਰ ਸੁਰਜੀਤ ਸਿੰਘ ਭਟੋਆ, ਕੁਲਵੰਤ ਸਿੰਘ ਪੁਰਬਾ, ਜੁਆਇੰਟ ਸਕੱਤਰ, ਪਾਵਾ ਸੰਸਥਾ ਦੇ ਸਲਾਹਕਾਰ ਮਨੋਜ ਕੁਮਾਰ ਖੋਸਲਾ, ਐਡਵੋਕੇਟ ਯਾਦਬਿੰਦਰਪਾਲ ਸਿੰਘ, ਕਾਨੂੰਨੀ ਸਲਾਹਕਾਰ, ਪਾਵਾ ਅਤੇ ਚੰਡੀਗੜ੍ਹ ਤੋਂ ਆਏ ਕਾਰਜਕਾਰੀ ਕਮੇਟੀ ਦੇ ਨਾਲ ਨਾਲ ਪਰਮਵੀਰ ਕੌਰ (ਮੀਡੀਆ ਸਲਾਹਕਾਰ), ਡਾ. ਸਵਰਨਜੀਤ ਕੌਰ ਗਰੇਵਾਲ, ਪੰਜਾਬ ਦੀਆਂ ਵੱਖ-ਵੱਖ ਜ਼ਿਲ੍ਹਾ ਇਕਾਈਆਂ ਦੇ ਮੈਂਬਰਾਂ ਸਮੇਤ ਪ੍ਰਧਾਨ ਅਤੇ ਸਕੱਤਰ ਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

ਐਡਵੋਕੇਟ ਯਾਦਬਿੰਦਰਪਾਲ ਸਿੰਘ ਕਾਨੂੰਨੀ ਸਲਾਹਕਾਰ ਨੇ ਪਾਵਾ ਮੈਂਬਰਾਂ ਤੇ ਲੁਧਿਆਣਾ ਕਲੱਬ ਪ੍ਰਬੰਧਨ ਦਾ ਧੰਨਵਾਦ ਕੀਤਾ।

## ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਦੋ ਰੋਜ਼ਾ ਪੁਸਤਕ ਮੇਲਾ ਕਰਵਾਇਆ



**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਵਿਖੇ ਕਾਲਜ ਦੇ ਸਥਾਪਨਾ ਦਿਵਸ ਤੇ ਬਾਨੀ ਪ੍ਰਧਾਨ ਡਾ. ਈਸ਼ਵਰ ਸਿੰਘ ਦੇ ਜਨਮ ਦਿਨ ਨੂੰ ਸਮਰਪਤ ਪੁਸਤਕ ਮੇਲਾ ਕਰਵਾਇਆ ਗਿਆ।ਇਹ ਜਾਣਕਾਰੀ ਦਿੰਦਿਆਂ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਦੱਸਿਆ ਕਿ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ ਤੇ ਸਮੁੱਚੀ ਕਾਲਜ ਪ੍ਰਬੰਧਕੀ ਕਮੇਟੀ ਦੀ ਸਰਪ੍ਰਸਤੀ ਹੇਠ ਆਯੋਜਿਤ ਇਸ ਪੁਸਤਕ ਮੇਲੇ ਰਾਹੀਂ ਇਲਾਕੇ ਦੇ ਲੋਕਾਂ ਤੇ ਵਿਦਿਆਰਥੀਆਂ ਨੂੰ ਕਿਤਾਬਾਂ ਨਾਲ ਜੋੜਨ ਤੇ ਸਾਹਿਤਕ ਰੁਚੀਆਂ ਵਿਕਸਿਤ ਕਰਨ ਲਈ ਪ੍ਰੇਰਿਤ ਕੀਤਾ ਗਿਆ।ਪਹਿਲੇ ਦਿਨ ਪੁਸਤਕ ਮੇਲੇ ਦਾ ਸ਼ੁੱਭ ਆਰੰਭ ਕਰਦਿਆਂ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸ੍ਰ. ਹਰਪ੍ਰਤਾਪ ਸਿੰਘ ਬਰਾੜ, ਐਗਜ਼ੀਕਿਊਟਿਵ ਮੈਂਬਰ ਸ੍ਰੀਮਤੀ ਰੁਪਿੰਦਰ ਕੌਰ ਬਰਾੜ, ਹਰਜੀਵਨ ਪਾਲ ਸਿੰਘ ਗਿੱਲ, ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਤੇ ਸਕੂਲ ਪ੍ਰਿੰਸੀਪਲ ਡਾ. ਡੀ. ਪੀ. ਠਾਕੁਰ ਨੇ ਸੰਸਥਾਪਕ ਪ੍ਰਧਾਨ ਡਾ. ਈਸ਼ਵਰ ਸਿੰਘ ਦੇ ਬੁੱਤ ਨੂੰ ਫੁੱਲਾਂ ਦੇ ਹਾਰ ਪਹਿਨਾ ਕੇ ਸ਼ਰਧਾਂਜਲੀ ਦਿੱਤੀ।ਇਸ ਮੌਕੇ ਐੱਸ ਡੀ ਐੱਮ ਪਾਇਲ ਪ੍ਰਦੀਪ ਸਿੰਘ ਬੈਂਸ, ਡੀ ਐੱਸ ਪੀ ਜਸਵਿੰਦਰ ਸਿੰਘ ਖਹਿਰਾ, ਤਹਿਸੀਲਦਾਰ ਗੁਰਪ੍ਰੀਤ ਸਿੰਘ ਤੇ ਨਵਨੀਤ ਸਿੰਘ ਮਾਂਗਟ ਉਚੇਚੇ ਤੌਰ 'ਤੇ ਸ਼ਾਮਲ ਹੋਏ।ਪੁਸਤਕ ਮੇਲੇ ਦਾ ਰਸਮੀਂ ਉਦਘਾਟਨ ਕਰਦਿਆਂ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ ਨੇ ਵਿਦਿਆਰਥੀਆਂ ਨੂੰ ਕਿਤਾਬਾਂ ਨਾਲ ਜੁੜਨ ਲਈ ਪ੍ਰੇਰਿਆ ਤੇ ਪੁਸਤਕ ਮੇਲੇ ਦਾ ਆਯੋਜਨ ਕਰਨ ਲਈ ਸਮੁੱਚੀ ਪੁਸਤਕ ਮੇਲਾ ਕਮੇਟੀ ਦੀ ਸ਼ਲਾਘਾ ਕੀਤੀ।

ਇਸ ਮੌਕੇ ਵੱਖ-ਵੱਖ ਪ੍ਰਕਾਸ਼ਕਾਂ ਦੁਆਰਾ ਕਿਤਾਬਾਂ ਦੀਆਂ ਪ੍ਰਦਰਸ਼ਨੀਆਂ ਲਗਾਈਆਂ ਗਈਆਂ। ਇਸ ਅਵਸਰ 'ਤੇ ਗੁਰੂ ਨਾਨਕ ਮਾਡਲ ਸਕੂਲ ਦੇ ਵਿਦਿਆਰਥੀਆਂ ਨੇ ਮੇਲੇ ਵਿੱਚ ਸ਼ਿਰਕਤ ਕੀਤੀ ਤੇ ਕਵਿਤਾਵਾਂ ਉਚਾਰਨ ਕਰਕੇ ਸਾਹਿਤਕ ਰੰਗ ਬੰਨ੍ਹਿਆ। ਇਸ ਪੁਸਤਕ ਮੇਲੇ ਦੇ ਸਫ਼ਲਤਾਪੂਰਵਕ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸ੍ਰ. ਹਰਪ੍ਰਤਾਪ ਸਿੰਘ ਬਰਾੜ, ਐਗਜ਼ੀਕਿਊਟਿਵ ਮੈਂਬਰ ਸ੍ਰੀਮਤੀ ਰੁਪਿੰਦਰ ਕੌਰ ਬਰਾੜ, ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸਮੁੱਚੀ ਟੀਮ ਨੂੰ ਮੁਬਾਰਕਬਾਦ ਦਿੱਤੀ।

## ਜਿੱਥੇ ਸੰਘਰਸ਼ ਉੱਥੇ ਕਹਾਣੀ, ਜਿੱਥੇ ਵਿਸ਼ਵਾਸ ਉੱਥੇ ਚਮਤਕਾਰ : ਅਮੋਲਕ ਸਿੰਘ

**ਜੈਤੋ (ਸਤੀਸ਼ ਕੁਮਾਰ ਭੀਰੀ)**
ਤਰਨਤਾਰਨ ਉਪ ਚੋਣਾਂ ਦੇ ਰੁਝੇਵਿਆਂ 'ਚੋਂ ਮਿਲੇ ਫੁਰਸਤ ਦੇ ਪਲਾਂ ਦੌਰਾਨ ਆਮ ਆਦਮੀ ਪਾਰਟੀ ਦੇ ਵਿਧਾਇਕ ਅਮੋਲਕ ਸਿੰਘ ਨੇ ਆਪਣੇ ਵਰਕਰਾਂ ਨਾਲ ਰੂਬਰੂ ਹੁੰਦਿਆਂ ਕਿਹਾ ਕਿ ਮਨ ਦੇ ਜਿਸ ਦਰਵਾਜ਼ੇ 'ਚੋਂ ਸ਼ੱਕ ਅੰਦਰ ਪ੍ਰਵੇਸ਼ ਕਰਦਾ ਹੈ ਤਾਂ ਪਿਆਰ ਤੇ ਵਿਸ਼ਵਾਸ ਉਸੇ ਦਰਵਾਜ਼ੇ ਵਿੱਚੋਂ ਬਾਹਰ ਨਿਕਲ ਜਾਂਦੇ ਹਨ। ਅਮੋਲਕ ਨੇ ਕਿਹਾ ਕਿ ਜਿਊਣਾ ਸਿੱਖੋ ਤਾਂ ਜੁ ਦੂਜਿਆਂ ਦੇ ਆਸ਼ੀਰਵਾਦ ਭਰੇ ਹੱਥ ਬਿਨਾਂ ਕਿਸੇ ਸੰਕੋਚ ਦੇ ਤੁਹਾਡੇ ਸਿਰ ਤੱਕ ਪਹੁੰਚ ਸਕਣ। ਬਿਨਾਂ ਝੁਕੇ ਵਿਵਾਦ ਤਾਂ ਮਿਲ ਜਾਵੇਗਾ, ਪ੍ਰੰਤੂ ਆਸ਼ੀਰਵਾਦ ਨਹੀਂ।ਉਨ੍ਹਾਂ ਕਿਹਾ ਕਿ ਜਿੱਥੇ ਸੰਘਰਸ਼ ਹੈ, ਉੱਥੇ ਕਹਾਣੀ ਹੈ। ਜਿੱਥੇ ਵਿਸ਼ਵਾਸ ਹੈ, ਉੱਥੇ ਚਮਤਕਾਰ ਹੈ ਤੇ ਜਿੱਥੇ ਸੱਚ ਹੈ, ਉੱਥੇ ਜਿੱਤ ਹੈ। ਅਮੋਲਕ ਸਿੰਘ ਨੇ ਕਿਹਾ ਕਿ ਬੇਸ਼ੱਕ ਕਿਸੇ ਦੀਆਂ ਗੱਲਾਂ ਨਾਲ ਅਸੀਂ ਪੂਰੀ ਤਰ੍ਹਾਂ ਸਹਿਮਤ ਨਹੀਂ ਹਾਂ, ਪਰ ਉਨ੍ਹਾਂ ਨਾਲ ਸਾਡੇ ਰਿਸ਼ਤੇ ਸਦਾ ਬਣੇ ਰਹਿਣ ਇਸ ਦਾ ਧਿਆਨ ਰੱਖਣਾ ਚਾਹੀਦਾ ਹੈ।

## ਬਾਲ ਕਵੀ ਸੰਮੇਲਨ 'ਚ ਪ੍ਰਭਜੀਤ ਕੌਰ ਨੇ ਜ਼ਿਲ੍ਹੇ ਦਾ ਮਾਣ ਵਧਾਇਆ : ਰਜਨੀਸ਼ ਦਹੀਆ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜਲੰਧਰ ਦੂਰਦਰਸ਼ਨ 'ਤੇ ਚੱਲ ਰਹੇ ਪ੍ਰੋਗਰਾਮ ਨਵੀਆਂ ਕਲਮਾਂ ਨਵੀਂ ਉਡਾਨ ਪ੍ਰੋਜੈਕਟ ਅਧੀਨ ਪੰਜਾਬ ਦੇ 15 ਜ਼ਿਲ੍ਹਿਆਂ ਵਿੱਚੋਂ ਚੁਣੇ ਗਏ ਬੱਚਿਆਂ ਦਾ ਲਾਈਵ ਟੈਲੀਕਾਸਟ ਜਲੰਧਰ ਦੂਰਦਰਸ਼ਨ 'ਤੇ ਪ੍ਰਸਾਰਤ ਹੋਇਆ। ਫਿਰੋਜ਼ਪੁਰ ਜ਼ਿਲ੍ਹੇ ਦੀ ਅਗਵਾਈ ਕਰਦੇ ਹੋਏ ਪਟੇਲ ਨਗਰ ਸਰਕਾਰੀ ਪ੍ਰਾਇਮਰੀ ਸਕੂਲ ਪੰਜਵੀਂ ਜਮਾਤ ਦੀ ਵਿਦਿਆਰਥਣ ਪ੍ਰਭਜੀਤ ਕੌਰ ਨੇ ਬਾਲ ਲੇਖਿਕਾ ਵਜੋਂ ਭਾਗ ਲਿਆ। ਵਿਧਾਇਕ ਫਿਰੋਜ਼ਪੁਰ ਦਿਹਾਤੀ ਰਜਨੀਸ਼ ਕੁਮਾਰ ਦਹੀਆ ਨੇ ਵਿਦਿਆਰਥਣ ਪ੍ਰਭਜੀਤ ਕੌਰ ਉਸ ਦੇ ਮਾਪਿਆਂ ਤੇ ਸਕੂਲ ਦੇ ਅਧਿਆਪਕਾਂ ਨੂੰ ਇਸ ਪ੍ਰਾਪਤੀ ਲਈ ਮੁਬਾਰਕਬਾਦ ਦਿੱਤੀ। ਉਨ੍ਹਾਂ ਦੱਸਿਆ ਕਿ ਪਿਤਾ ਬਲਜੀਤ ਸਿੰਘ ਤੇ ਮਾਤਾ ਸੁਖਵਿੰਦਰ ਕੌਰ ਦੀ ਇਹ ਲਾਡਲੀ ਧੀ ਦੀ ਚੋਣ ਪੂਰੇ ਫਿਰੋਜ਼ਪੁਰ ਜ਼ਿਲ੍ਹੇ ਦੇ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚੋਂ ਹੋਈ। ਪੜ੍ਹਨ ਵਿੱਚ ਹੁਸ਼ਿਆਰ ਇਸ ਬੱਚੀ ਦਾ ਕਵਿਤਾਵਾਂ ਤੇ ਲੇਖਨ ਵਾਲੇ ਰੁਝਾਨ ਨੂੰ ਵੇਖਦੇ ਹੋਏ ਸਰਕਾਰੀ ਪ੍ਰਾਇਮਰੀ ਸਕੂਲ ਪਟੇਲ ਨਗਰ ਦੇ ਸਮੂਹ ਸਟਾਫ ਤੇ ਇੰਚਾਰਜ ਸ੍ਰੀਮਤੀ ਸੁਦੇਸ਼ ਰਾਣੀ ਵੱਲੋਂ ਬੱਚੀ ਦੀ ਹੌਸਲਾ ਅਫਜ਼ਾਈ ਕਰਦਿਆਂ ਇਸ ਦੀ ਤਿਆਰੀ ਕਰਵਾਈ ਗਈ। ਕਰੀਬ 10 ਸਾਲ ਦੀ ਛੋਟੀ ਜਿਹੀ ਉਮਰ ਵਿੱਚ ਹੀ ਕਵਿਤਾਵਾਂ ਤੇ ਸਾਹਿਤ ਪ੍ਰਤੀ ਲਗਾਅ ਇਹ ਕੁਦਰਤ ਦੀ ਦੇਣ ਹੈ। ਵਿਧਾਇਕ ਦਹੀਆ ਨੇ ਕਿਹਾ ਕਿ ਇਸ ਛੋਟੀ ਜਿਹੀ ਬੱਚੀ ਦੁਆਰਾ ਦੂਰਦਰਸ਼ਨ ਕੇਂਦਰ ਵਿਖੇ ਆਪਣੀ ਕਲਾ ਦਾ ਪ੍ਰਦਰਸ਼ਨ ਕਰਕੇ ਆਪਣੇ ਅਧਿਆਪਕਾਂ, ਮਾਪਿਆਂ ਤੇ ਜ਼ਿਲ੍ਹਾ ਫਿਰੋਜ਼ਪੁਰ ਦਾ ਮਾਣ ਵਧਾਇਆ ਹੈ। ਪ੍ਰਭਜੀਤ ਕੌਰ ਵੱਲੋਂ ਫਿਰੋਜ਼ਪੁਰ ਜ਼ਿਲ੍ਹੇ ਦੀ ਨੁਮਾਇੰਦਗੀ ਕਰਦਿਆਂ ਜਲੰਧਰ ਦੂਰਦਰਸ਼ਨ ਵਰਗੇ ਪਲੇਟਫਾਰਮ 'ਤੇ ਕਵੀ ਸੰਮੇਲਨ ਵਿੱਚ ਭਾਗ ਲੈਣਾ, ਜਿੱਥੇ ਫਿਰੋਜ਼ਪੁਰ ਵਾਸੀਆਂ ਲਈ ਖੁਸ਼ੀ ਤੇ ਮਾਣ ਵਾਲੀ ਗੱਲ ਹੈ, ਉੱਥੇ ਹੀ ਸ਼ਹੀਦਾਂ ਦੀ ਇਸ ਧਰਤੀ ਤੋਂ ਭਵਿੱਖ ਵਿੱਚ ਇੱਕ ਬਹੁਤ ਵੱਡਾ ਕਵੀ ਤੇ ਸਾਹਿਤਕਾਰ ਦਾ ਭਵਿੱਖ ਵੀ ਨਜ਼ਰ ਆ ਰਿਹਾ। ਉਨ੍ਹਾਂ ਬੱਚੇ ਦੇ ਸੁਨਹਿਰੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਭਗੜਾਣਾ 'ਚ ਹੋਇਆ ਵਿਸ਼ਾਲ ਕੀਰਤਨ ਦਰਬਾਰ

### ਸਰਕਾਰ ਦਾ ਇਹ ਉਪਰਾਲਾ ਬਹੁਤ ਹੀ ਸ਼ਲਾਘਾਯੋਗ : ਵਿਧਾਇਕ ਰਾਏ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਵਸ ਬਹੁਤ ਹੀ ਸ਼ਰਧਾ ਤੇ ਉਤਸ਼ਾਹ ਦੇ ਨਾਲ ਮਨਾਇਆ ਜਾ ਰਿਹਾ।ਇਸ ਤਹਿਤ ਜਿੱਥੇ ਵੱਖ ਵੱਖ ਜ਼ਿਲ੍ਹਿਆਂ ਦੇ ਵਿੱਚ ਲਾਈਟ ਐਂਡ ਸਾਊਂਡ ਪ੍ਰੋਗਰਾਮ ਹੋ ਰਹੇ ਹਨ, ਉੱਥੇ ਹੀ ਪਿੰਡਾਂ ਵਿੱਚ ਕੀਰਤਨ ਦਰਬਾਰ ਵੀ ਕਰਵਾਏ ਜਾ ਰਹੇ ਹਨ, ਤਾਂ ਜੋ ਸੂਬੇ ਦੇ ਲੋਕਾਂ ਨੂੰ ਗੁਰੂ ਤੇਗ ਬਹਾਦਰ ਜੀ ਦੀ ਕੁਰਬਾਨੀ ਤੇ ਜੀਵਨੀ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਜਾ ਸਕੇ। ਉਨ੍ਹਾਂ ਕਿਹਾ ਕਿ ਗੁਰੂ ਤੇਗ ਬਹਾਦਰ ਜੀ ਦੇ ਨਾਲ ਹੀ ਭਾਈ ਮਤੀ ਦਾਸ, ਭਾਈ ਸਤੀ ਦਾਸ ਤੇ ਭਾਈ ਦਿਆਲਾ ਨੂੰ ਵੀ ਤਸੀਹੇ ਦਿੱਤੇ ਗਏ ਸਨ।ਲੱਖੀ ਸ਼ਾਹ ਵਣਜਾਰਾ ਤੇ ਭਾਈ ਜੈਤਾ ਵੱਲੋਂ ਜੋ ਬਹਾਦਰੀ ਦਿਖਾਈ ਗਈ ਹੈ, ਨੌਜਵਾਨ ਪੀੜ੍ਹੀ ਨੂੰ ਇਨ੍ਹਾਂ ਸੂਰਵੀਰ ਯੋਧਿਆਂ ਦੀ ਜੀਵਨੀ ਸਬੰਧੀ ਜਾਗਰੂਕ ਕਰਨਾ ਸਾਡਾ ਇਖਲਾਕੀ ਫਰਜ਼ ਹੈ।ਪੰਜਾਬ ਸਰਕਾਰ ਵੱਲੋਂ ਪੂਰੇ ਮਹੀਨੇ ਵੱਖ-ਵੱਖ ਸ਼ਹਿਰਾਂ ਵਿੱਚ ਧਾਰਮਿਕ ਸਮਾਗਮ ਕਰਕੇ ਗੁਰੂ ਤੇਗ ਬਹਾਦਰ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਮਨਾਈ ਜਾ ਰਹੀ ਹੈ।23, 24 ਤੇ 25 ਨਵੰਬਰ ਨੂੰ ਅਨੰਦਪੁਰ ਸਾਹਿਬ ਵਿਖੇ ਵਿਸ਼ਾਲ ਪ੍ਰੋਗਰਾਮ ਰੱਖਿਆ ਗਿਆ ਹੈ, ਜਿਸ ਵਿੱਚ ਸੂਬੇ ਦੀਆਂ ਸੰਗਤਾਂ ਤੋਂ ਇਲਾਵਾ ਵੱਖ-ਵੱਖ ਸੂਬਿਆਂ ਦੇ ਮੁੱਖ ਮੰਤਰੀ ਤੇ ਹੋਰ ਸਨਮਾਨਯੋਗ ਸ਼ਖਸੀਅਤਾਂ ਨੂੰ ਵੀ ਸੱਦਾ ਦਿੱਤਾ ਗਿਆ ਹੈ।

# ਵਰਲਡ ਯੂਨੀਵਰਸਿਟੀ ਵਿਖੇ ਅੰਤਰਰਾਸ਼ਟਰੀ ਕਾਨਫਰੰਸ ਸਫ਼ਲਤਾਪੂਰਵਕ ਸੰਪੰਨ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**
ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਵੱਲੋਂ ਸਿੱਖ ਐਜੂਕੇਸ਼ਨ ਕੌਂਸਲ (ਯੂ.ਕੇ.) ਦੇ ਸਹਿਯੋਗ ਨਾਲ ਕਰਵਾਈ ਤਿੰਨ ਦਿਨਾ ਤੀਜੀ ਅੰਤਰਰਾਸ਼ਟਰੀ ਕਾਨਫਰੰਸ 'ਸ੍ਰੀ ਗੁਰੂ ਗ੍ਰੰਥ ਸਾਹਿਬ : ਇਕ ਬਹੁ-ਅਨੁਸ਼ਾਸਨਕ ਦ੍ਰਿਸ਼ਟੀਕੋਣ' ਦਾ ਸ਼ਨੀਵਾਰ ਵਿਦਵਤਤਾਪੂਰਨ ਵਿਚਾਰ-ਚਰਚਾਵਾਂ, ਆਤਮਿਕ ਪ੍ਰੇਰਨਾ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਦੀਵੀ ਗਿਆਨ-ਪ੍ਰਬੰਧਨਾ ਪ੍ਰਤੀ ਨਵੇਂ ਸਮਰਪਣ ਨਾਲ ਸਮਾਪਨ ਹੋਇਆ।ਕਾਨਫਰੰਸ ਦੇ ਅੰਤਿਮ ਦਿਨ ਯੂਨੀਵਰਸਿਟੀ ਵੱਲੋਂ ਸਿੱਖ ਅਧਿਐਨ ਪ੍ਰਤੀ ਇੱਕ ਸਮਪੂਰਨ ਤੇ ਬਹੁ-ਵਿਭਾਗੀ ਦ੍ਰਿਸ਼ਟੀਕੋਣ ਨੂੰ ਦਰਸਾਇਆ ਗਿਆ।ਇਸ ਦਿਨ ਧਰਮ ਅਧਿਐਨ ਅਤੇ ਵਿਗਿਆਨ ਤੇ ਇੰਜੀਨੀਅਰਿੰਗ ਨਾਲ ਸੰਬੰਧਤ ਦੋ ਤਕਨੀਕੀ ਸੈਸ਼ਨਾਂ ਦਾ ਆਯੋਜਨ ਕੀਤਾ ਗਿਆ।ਇਨ੍ਹਾਂ ਸੈਸ਼ਨਾਂ ਵਿੱਚ ਕੈਨੇਡਾ ਦੇ ਗੁਰੂ ਨਾਨਕ ਇੰਸਟੀਟਿਊਟ ਆਫ ਗਲੋਬਲ ਸਟੱਡੀਜ਼ ਦੇ ਪ੍ਰੋ. (ਡਾ.) ਗੁਰਨਾਮ ਸਿੰਘ, ਇਟਰਨਲ ਯੂਨੀਵਰਸਿਟੀ ਬੜੂ ਸਾਹਿਬ ਦੇ ਪ੍ਰੋ ਵਾਈਸ ਚਾਂਸਲਰ ਡਾ. ਅਮਰਿਕ ਸਿੰਘ ਅਹਲੂਵਾਲੀਆ, ਗੁਰੂ ਨਾਨਕ ਫਾਊਂਡੇਸ਼ਨ ਨਵੀਂ ਦਿੱਲੀ ਦੇ ਡਾਇਰੈਕਟਰ ਸ੍ਰ. ਪ੍ਰਤਾਪ ਸਿੰਘ ਤੇ ਨਾਰਵੇ ਦੀ ਦਿ ਆਰਕਟਿਕ ਯੂਨੀਵਰਸਿਟੀ ਦੇ ਪ੍ਰੋ. ਡਾ. ਰਜਨੀਸ਼ ਕੌਰ ਵਰਗੀਆਂ ਵਿਸ਼ਿਸ਼ਟ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ।

ਕਾਨਫਰੰਸ ਦੌਰਾਨ ਯੂਨੀਵਰਸਿਟੀ ਤੇ ਸਿੱਖ ਐਜੂਕੇਸ਼ਨ ਕੌਂਸਲ ਵੱਲੋਂ ਡਾ. ਹਰਦੇਵ ਸਿੰਘ ਦੁਆਰਾ ਸੰਪਾਦਤ ਪੁਸਤਕ 'ਸ੍ਰੀ ਗੁਰੂ ਗ੍ਰੰਥ ਸਾਹਿਬ : ਏ ਮਲਟੀ-ਡਿਸਿਪਲਿਨਰੀ ਪਰਸਪੈਕਟਿਵ' ਜਾਰੀ ਕੀਤੀ ਗਈ।ਇਸ ਮੌਕੇ ਡਾ. ਚਰਨ ਕਮਲ ਸੇਖੋਂ ਵੱਲੋਂ ਲਿਖੀ ਪੁਸਤਕ ਅਪਲਾਇਡ ਇੰਡਸਟਰੀਅਲ ਜੂਆਲੋਜੀ ਵੀ ਰਿਲੀਜ਼ ਕੀਤੀ ਗਈ।ਵਿਦਾਇਗੀ ਸਮਾਰੋਹ ਦੌਰਾਨ ਪ੍ਰੋ. (ਡਾ.) ਬਲਕਾਰ ਸਿੰਘ (ਰਿਟਾਇਰਡ), ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਵੈਲੇਡਿਕਟਰੀ ਐਡਰੈੱਸ ਦਿੱਤਾ।ਮੁੱਖ ਮਹਿਮਾਨ ਡਾ. ਰਜਨੀਸ਼ ਕੌਰ ਨੇ ਯੂਨੀਵਰਸਿਟੀ ਦੀ ਵਿਸ਼ਵ ਪੱਧਰੀ ਅਕਾਦਮਿਕ ਸਾਂਝ ਤੇ ਬਹੁ-ਅਨੁਸ਼ਾਸਨਕ ਖੋਜ ਨੂੰ ਉਤਸ਼ਾਹਤ ਕਰਨ ਵਾਲੇ ਯਤਨਾਂ ਦੀ ਭਰਪੂਰ ਪ੍ਰਸ਼ੰਸਾ ਕੀਤੀ।ਆਪਣੇ ਪ੍ਰਧਾਨਗੀ ਸੰਬੋਧਨ ਵਿੱਚ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਆਯੋਜਕਾਂ ਤੇ ਵਿਦਵਾਨਾਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਯੂਨੀਵਰਸਿਟੀ ਨੇ ਪ੍ਰੰਪਰਾਗਤ ਗਿਆਨ ਨੂੰ ਆਧੁਨਿਕ ਅਕਾਦਮਿਕ ਵਿਚਾਰ-ਵਿਮਰਸ਼ ਨਾਲ ਜੋੜਨ ਲਈ ਇੱਕ ਜੀਵੰਤ ਮੰਚ ਉਪਲਬਧ ਕਰਵਾਇਆ ਹੈ।ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਨੇ ਸਵਾਗਤੀ ਸ਼ਬਦਾਂ ਦੌਰਾਨ ਕਿਹਾ ਕਿ ਇਸ ਤਰ੍ਹਾਂ ਦੀਆਂ ਕਾਨਫਰੰਸਾਂ ਸਾਂਝੀ ਸਮਝ, ਧਾਰਮਿਕ ਸਾਂਝ ਤੇ ਸਮਾਜਕ ਸਦਭਾਵਨਾ ਨੂੰ ਮਜ਼ਬੂਤ ਕਰਦੀਆਂ ਹਨ।

ਡਾ. ਅੰਕਦੀਪ ਕੌਰ ਅਟਵਾਲ ਨੇ ਦੱਸਿਆ ਕਿ ਕੁੱਲ 115 ਖੋਜ-ਪੱਤਰ ਪੇਸ਼ ਕੀਤੇ ਗਏ। ਡਾ. ਸਿਕੰਦਰ ਸਿੰਘ, ਡੀਨ ਵਿਦਿਆਰਥੀ ਭਲਾਈ ਨੇ ਕਾਨਫਰੰਸ ਨੂੰ ਸਫਲ ਬਣਾਉਣ ਲਈ ਸਾਰੇ ਵਿਸ਼ੇਸ਼ ਅਤਿਥੀਆਂ, ਵਿਦਵਾਨਾਂ, ਸਪੀਕਰਾਂ ਤੇ ਸੇਵਾਦਾਰਾਂ ਦਾ ਧੰਨਵਾਦ ਕੀਤਾ।

## ਜਾਨਵਰਾਂ ਤੋਂ ਫੈਲਣ ਵਾਲੀਆਂ ਬਿਮਾਰੀਆਂ ਬਾਰੇ ਕੀਤਾ ਜਾਗਰੂਕ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**
ਡਾਇਰੈਕਟਰ ਸਿਹਤ ਵਿਭਾਗ ਦੇ ਹੁਕਮਾਂ ਤੇ ਜਾਨਵਰਾਂ ਤੋਂ ਮਨੁੱਖਾਂ ਵਿੱਚ ਫੈਲਣ ਵਾਲੀਆਂ ਬਿਮਾਰੀਆਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਸਿਵਲ ਸਰਜਨ ਫ਼ਿਰੋਜ਼ਪੁਰ ਡਾ. ਰਾਜਵਿੰਦਰ ਕੌਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ੂਨੋਟਿਕ ਡਿਸੀਜ਼ ਤੋਂ ਬਚਾਅ ਕੰਟਰੋਲ ਮੁਹਿੰਮ ਤਹਿਤ ਕੈਂਟੋਨਮੈਂਟ ਬੋਰਡ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਫ਼ਿਰੋਜ਼ਪੁਰ ਛਾਉਣੀ ਵਿਖੇ ਪ੍ਰਿੰਸੀਪਲ ਜਗਦੀਸ਼ ਸਿੰਘ ਦੇ ਸਹਿਯੋਗ ਨਾਲ ਜਾਗਰੂਕਤਾ ਸੈਮੀਨਾਰ ਕੀਤਾ ਗਿਆ। ਜਾਗਰੂਕਤਾ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਸੰਜੀਵ ਸ਼ਰਮਾ ਨੇ ਦੱਸਿਆ ਕਿ ਜ਼ੂਨੋਟਿਕ ਬਿਮਾਰੀਆਂ ਜਾਨਵਰਾਂ ਵਿੱਚ ਪੈਦਾ ਹੁੰਦੀਆਂ ਹਨ ਤੇ ਮਨੁੱਖਾਂ ਵਿੱਚ ਫੈਲ ਜਾਂਦੀਆਂ ਹਨ। ਲਾਗ ਵਾਲੇ ਜਾਨਵਰ ਦੇ ਕੱਟਣ ਨਾਲ ਜਾਂ ਲਾਗ ਵਾਲੇ ਜਾਨਵਰ ਦੇ ਸਰੀਰਕ ਤਰਲ ਪਦਾਰਥਾਂ ਦੇ ਸੰਪਰਕ ਵਿੱਚ ਆਉਣ ਨਾਲ ਬਿਮਾਰੀ ਫੈਲਦੀ ਹੈ। ਜਾਨਵਰਾਂ ਤੋਂ ਵਾਇਰਸ, ਬੈਕਟੀਰੀਆਂ, ਫੰਜਾਈ, ਪ੍ਰਾਈਓਨ ਜਾਂ ਪਰਜੀਵੀਆਂ ਰਾਹੀਂ ਬਿਮਾਰੀਆਂ ਮਨੁੱਖੀ ਸਰੀਰ ਅੰਦਰ ਪ੍ਰਵੇਸ਼ ਕਰ ਜਾਂਦੀਆਂ ਹਨ। ਹਲਕਾਅ, ਇੰਫਲੂਐਂਜਾਂ, ਬਰੂਸੀਲੋਸਿਸ, ਪਲੇਗ, ਤਪਦਿਕ, ਧਦਰ ਰੋਗ, ਸਵਾਈਨ ਫਲੂ, ਬਰਡ ਫਲੂ, ਇਬੋਲਾ, ਡਿਪਥੀਰਿਆ, ਫੀਤਾ ਕਿਰਮ, ਡੇਂਗੂ, ਚਿਕਨਗੁਨੀਆਂ, ਜਾਪਾਨੀ ਇਨਸੇਫਲਾਈਟਿਸ, ਰਿਕੇਟਸੀਓਸਿਸ ਆਦਿ ਜ਼ੂਨੋਟਿਕ ਬਿਮਾਰੀਆਂ ਹਨ ਤੇ ਮਨੁੱਖੀ ਸਿਹਤ ਲਈ ਇਕ ਗੰਭੀਰ ਖਤਰਾ ਹਨ। ਇਨ੍ਹਾਂ ਤੋਂ ਬਚਾਅ ਲਈ ਜ਼ਰੂਰੀ ਹੈ ਕਿ ਆਪਣੇ ਸੰਪਰਕ ਵਿੱਚ ਆਉਣ ਵਾਲੇ ਪਸ਼ੂਆਂ ਜਾਂ ਜਾਨਵਰਾਂ ਦੀ ਸਿਹਤ ਦਾ ਧਿਆਨ ਰੱਖਣਾ ਚਾਹੀਦਾ ਹੈ। ਡਿਪਟੀ ਮਾਸ ਮੀਡੀਆ ਅਫ਼ਸਰ ਅੰਕੁਸ਼ ਭੰਡਾਰੀ ਨੇ ਦੱਸਿਆ ਕਿ ਪਾਲਤੂ ਜਾਨਵਰਾਂ ਦਾ ਸਹੀ ਸਮੇਂ 'ਤੇ ਪਸ਼ੂ ਚਕਿਤਸਕ ਕੋਲੋਂ ਨਰੀਖਣ ਕਰਵਾ ਕੇ ਟੀਕਾਕਰਨ ਕਰਵਾਉਣਾ ਚਾਹੀਦਾ ਹੈ। ਜਾਨਵਰਾਂ ਦੇ ਮੱਲ ਮੂਤਰ ਤੇ ਜੇਰ ਆਦਿ ਦਾ ਸਹੀ ਤਰੀਕੇ ਨਾਲ ਨਿਪਟਾਰਾ ਕਰਨਾ ਚਾਹੀਦਾ ਹੈ। ਰੋਗੀ ਪਸ਼ੂਆਂ ਨੂੰ ਸਿਹਤਮੰਦ ਪਸ਼ੂਆਂ ਤੋਂ ਵੱਖਰਾ ਰੱਖਿਆ ਜਾਵੇ। ਘਰਾਂ ਵਿੱਚ ਆਉਣ ਵਾਲੇ ਜਾਨਵਰ ਜਿਵੇਂ ਚੂਹੇ, ਛਿਪਕਲੀਆਂ, ਡੱਡੂ ਆਦਿ ਦੀ ਰੋਕਥਾਮ ਲਈ ਪੁਖਤਾ ਪ੍ਰਬੰਧ ਕੀਤੇ ਜਾਣ। ਪਸ਼ੂਆਂ ਤੋਂ ਪ੍ਰਾਪਤ ਹੋਣ ਵਾਲੇ ਖਾਦ ਪਦਾਰਥ ਜਿਵੇਂ ਦੁੱਧ, ਅੰਡਾ, ਮੀਟ ਆਦਿ ਨੂੰ ਚੰਗੀ ਤਰ੍ਹਾਂ ਪਕਾ ਕੇ ਇਸਤੇਮਾਲ ਕਰਨਾ ਚਾਹੀਦਾ ਹੈ। ਇਸ ਮੌਕੇ ਅਧਿਆਪਕ ਮਨਪ੍ਰੀਤ ਕੌਰ, ਸਰਬਜੀਤ ਕੌਰ, ਰਜਨੀ ਤੇ ਕੁਲਦੀਪ ਕੌਰ ਆਦਿ ਮੌਜੂਦ ਸਨ।

## 1 ਕਿਲੋ 100 ਗ੍ਰਾਮ ਅਫ਼ੀਮ ਸਮੇਤ ਵਿਅਕਤੀ ਗ੍ਰਿਫ਼ਤਾਰ

**ਦਿੜ੍ਹਬਾ (ਜਸਵੀਰ ਲਾਡੀ)**-ਥਾਣਾ ਛਾਜਲੀ ਪੁਲਸ ਨੇ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ ਤਹਿਤ ਵੱਡੀ ਕਾਰਵਾਈ ਕਰਦਿਆਂ ਨੇੜਲੇ ਪਿੰਡ ਛਾਹੜ ਤੋਂ ਇੱਕ ਵਿਅਕਤੀ ਨੂੰ 1 ਕਿਲੋ 100 ਗ੍ਰਾਮ ਅਫੀਮ ਸਮੇਤ ਗ੍ਰਿਫ਼ਤਾਰ ਕੀਤਾ ਹੈ।ਜਾਣਕਾਰੀ ਅਨੁਸਾਰ ਸਹਾਇਕ ਥਾਣੇਦਾਰ ਜਗਸੀਰ ਸਿੰਘ ਦੀ ਅਗਵਾਈ ਹੇਠ ਪੁਲਸ ਟੀਮ ਗਸ਼ਤ 'ਤੇ ਸੀ।ਇਸ ਦੌਰਾਨ ਮਾਨਸ ਨੈਸ਼ਨਲ ਨਾਰਕੋਟਿਕਸ ਹੈਲਪਲਾਈਨ ਤੋਂ ਮਿਲੀ ਗੁਪਤ ਸੂਚਨਾ ਦੇ ਆਧਾਰ 'ਤੇ ਅਰਵਿੰਦਰ ਸਿੰਘ ਉਰਫ ਕਾਲਾ ਵਾਸੀ ਛਾਹੜ ਦੇ ਘਰ 'ਤੇ ਛਾਪਾ ਮਾਰਿਆ ਗਿਆ। ਛਾਪੇ ਦੌਰਾਨ ਇੱਕ ਵਿਅਕਤੀ ਸਕਾਰਪਿਉ ਗੱਡੀ ਵਿਚੋਂ ਨਿਕਲਿਆ, ਜੋ ਪੀਲੇ ਰੰਗ ਦਾ ਝੋਲਾ ਫੜੇ ਹੋਏ ਸੀ।ਪੁਲਸ ਨੂੰ ਵੇਖ ਕੇ ਉਸਨੇ ਝੋਲਾ ਸੁੱਟ ਕੇ ਭੱਜਣ ਦੀ ਕੋਸ਼ਿਸ਼ ਕੀਤੀ, ਪਰ ਪੁਲਸ ਟੀਮ ਨੇ ਘੇਰਾਬੰਦੀ ਕਰਕੇ ਉਸ ਨੂੰ ਮੌਕੇ 'ਤੇ ਕਾਬੂ ਕਰ ਲਿਆ।ਪੁੱਛਗਿੱਛ ਦੌਰਾਨ ਦੋਸ਼ੀ ਦੀ ਪਛਾਣ ਰਵਿੰਦਰ ਸਿੰਘ ਉਰਫ ਕਾਲਾ ਪੁੱਤਰ ਬਿੱਕਰ ਸਿੰਘ ਵਾਸੀ ਛਾਹੜ ਵੱਜੋਂ ਹੋਈ।ਝੋਲੇ 'ਚੋਂ ਮਿਲੇ ਪਦਾਰਥ ਦਾ ਮੌਕੇ 'ਤੇ ਵਜ਼ਨ 1 ਕਿਲੋ 100 ਗ੍ਰਾਮ ਅਫੀਮ ਨਿਕਲਿਆ।ਅਫ਼ੀਮ ਨੂੰ ਮੌਕੇ 'ਤੇ ਹੀ ਸੀਲ ਕਰਕੇ ਜਬਤ ਕਰ ਲਿਆ ਗਿਆ।ਪੁਲਸ ਨੇ ਮਾਮਲਾ ਦਰਜ ਕਰਕੇ ਅੱਗੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

## ਫਿਰੋਜ਼ਪੁਰ ਤੋਂ ਦਿੱਲੀ ਵੰਦੇ ਭਾਰਤ ਟਰੇਨ ਖੇਤਰੀ ਵਿਕਾਸ ਵੱਲ ਇੱਕ ਨਵਾਂ ਕਦਮ : ਬਿੱਟੂ, ਸੋਢੀ



**ਫਿਰੋਜ਼ਪੁਰ (ਗੁਰਬਚਨ ਸਿੰਘ, ਅਸ਼ੋਕ ਸ਼ਰਮਾ)**-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਵਰਚੁਅਲ ਮਾਧਿਅਮ ਰਾਹੀਂ ਵਾਰਾਨਸੀ ਤੋਂ ਚਾਰ ਨਵੀਆਂ ਵੰਦੇ ਭਾਰਤ ਐਕਸਪ੍ਰੈੱਸ ਟਰੇਨਾਂ ਨੂੰ ਹਰੀ ਝੰਡੀ ਦਿਖਾਈ।ਇਹ ਟਰੇਨਾਂ ਦੇਸ਼ ਦੇ ਸੱਭਿਆਚਾਰਕ ਤੇ ਵਪਾਰਕ ਕੇਂਦਰਾਂ ਨੂੰ ਆਪਸ ਵਿੱਚ ਹੋਰ ਮਜ਼ਬੂਤੀ ਨਾਲ ਜੋੜਨਗੀਆਂ। ਨਵੀਆਂ ਸੇਵਾਵਾਂ 'ਚ ਵਾਰਾਨਸੀ-ਖਜੂਰਾਹੋ, ਲਖਨਊ-ਸਹਾਰਨਪੁਰ, ਫਿਰੋਜ਼ਪੁਰ-ਦਿੱਲੀ ਤੇ ਏਰਨਾਕੁਲਮ-ਬੰਗਲੁਰੂ ਰੂਟ ਸ਼ਾਮਲ ਹਨ।ਫਿਰੋਜ਼ਪੁਰ ਰੇਲਵੇ ਸਟੇਸ਼ਨ 'ਤੇ ਇਸ ਇਤਿਹਾਸਕ ਮੌਕੇ ਨੂੰ ਵੱਡੇ ਉਤਸ਼ਾਹ ਨਾਲ ਮਨਾਇਆ ਗਿਆ।ਸਮਾਰੋਹ ਦੌਰਾਨ ਕੇਂਦਰੀ ਰਾਜ ਮੰਤਰੀ ਰਵਿੰਦਰ ਸਿੰਘ ਬਿੱਟੂ ਤੇ ਸਾਬਕਾ ਮੰਤਰੀ ਰਾਣਾ ਗੁਰਮੀਤ ਸਿੰਘ ਸੋਢੀ ਖ਼ਾਸ ਤੌਰ 'ਤੇ ਮੌਜੂਦ ਰਹੇ।ਵੱਡੀ ਗਿਣਤੀ ਵਿੱਚ ਸਥਾਨਕ ਨਿਵਾਸੀ, ਵਿਦਿਆਰਥੀ, ਵਪਾਰੀ ਤੇ ਸਮਾਜਕ ਵਰਕਰਾਂ ਨੇ ਇਸ ਪ੍ਰੋਗਰਾਮ ਵਿੱਚ ਭਾਗ ਲਿਆ।ਸਥਾਨਕ ਵਸਨੀਕਾਂ ਤੇ ਵਪਾਰਕ ਭਾਈਚਾਰਿਆਂ ਨੇ ਫਿਰੋਜ਼ਪੁਰ-ਦਿੱਲੀ ਵੰਦੇ ਭਾਰਤ ਸੇਵਾ ਦੀ ਸ਼ੁਰੂਆਤ ਨੂੰ ਖੇਤਰ ਲਈ ਵਿਕਾਸਕਾਰੀ ਮੋੜ ਦੱਸਿਆ।ਉਨ੍ਹਾਂ ਦਾ ਕਹਿਣਾ ਸੀ ਕਿ ਇਸ ਨਾਲ ਰੋਜ਼ਾਨਾ ਯਾਤਰੀਆਂ, ਵਿਦਿਆਰਥੀਆਂ ਤੇ ਵਪਾਰੀਆਂ ਨੂੰ ਤੇਜ਼, ਆਰਾਮਦਾਇਕ ਤੇ ਆਧੁਨਿਕ ਸਹੂਲਤਾਂ ਵਾਲੀ ਯਾਤਰਾ ਦਾ ਲਾਭ ਮਿਲੇਗਾ।ਕੇਂਦਰੀ ਮੰਤਰੀ ਰਵਿੰਦਰ ਸਿੰਘ ਬਿੱਟੂ ਨੇ ਇਸ ਮੌਕੇ ਕਿਹਾ ਕਿ ਭਵਿੱਖ ਵਿੱਚ ਹੋਰ ਵੀ ਮਹੱਤਵਪੂਰਨ ਪ੍ਰੋਜੈਕਟ ਫਿਰੋਜ਼ਪੁਰ ਖੇਤਰ ਵਿੱਚ ਸ਼ੁਰੂ ਕੀਤੇ ਜਾਣਗੇ।ਰਾਜ ਸਰਕਾਰ ਨੂੰ ਚਾਹੀਦਾ ਹੈ ਕਿ ਇਨ੍ਹਾਂ ਯਤਨਾਂ ਵਿੱਚ ਕੇਂਦਰ ਨਾਲ ਪੂਰਾ ਸਹਿਯੋਗ ਦੇਵੇ ਤਾਂ ਜੋ ਖੇਤਰਕ ਵਿਕਾਸ ਦੀ ਗਤੀ ਹੋਰ ਤੇਜ਼ ਹੋ ਸਕੇ।

## ਗੁਰੂ ਨਾਨਕ ਸਕੂਲ ਨੇ ਕੁਇਜ਼ ਮੁਕਾਬਲੇ 'ਚ ਦੂਜਾ ਸਥਾਨ ਜਿੱਤਿਆ



**ਦੋਰਾਹਾ (ਹਰਮਿੰਦਰ ਸੇਠ)**-ਸਹੋਦਿਆ ਸਕੂਲ ਕੰਪਲੈਕਸ ਲੁਧਿਆਣਾ (ਈਸਟ ਖੰਨਾ) ਵੱਲੋਂ ਸੰਤ ਕਿਰਪਾਲ ਸਿੰਘ ਸੇਵਾ ਪੰਥੀ ਸੀਨੀਅਰ ਸੈਕੰਡਰੀ ਸਕੂਲ ਨੀਲੋਂ ਵਿਖੇ 'ਇੰਟਰ ਸਕੂਲ ਸਮਾਜਿਕ ਵਿਗਿਆਨ ਕੁਇੱਜ਼' ਮੁਕਾਬਲਾ ਕਰਵਾਇਆ ਗਿਆ।ਇਹ ਮੁਕਾਬਲਾ ਜਮਾਤ ਨੌਵੀਂ ਤੋਂ ਬਾਰਵੀਂ ਤੱਕ ਦੇ ਵਿਦਿਆਰਥੀਆਂ ਲਈ ਸੀ।ਇਸ ਮੁਕਾਬਲੇ ਵਿੱਚ ਈਸਟ ਜ਼ੋਨ ਖੰਨਾ ਦੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ।ਇਸ ਮੁਕਾਬਲੇ ਵਿੱਚ ਸਾਡੇ ਸਕੂਲ ਦੇ ਵਿਦਿਆਰਥੀਆਂ ਲਵਲੀਨ ਕੌਰ (ਨੌਵੀਂ), ਜਪਨੀਤ ਕੌਰ (ਦਸਵੀਂ) ਤੇ ਮਨਜੋਤ ਕੌਰ (ਗਿਆਰਵੀਂ ਕਾਮਰਸ) ਨੇ ਹਿੱਸਾ ਲੈ ਕੇ ਦੂਜਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਗੁਰੂ ਨਾਨਕ ਪ੍ਰਬੰਧਕ ਬੋਰਡ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ ਨੇ ਵਿਦਿਆਰਥੀਆਂ ਦੀ ਜਿੱਤ ਤੇ ਮਾਣ ਮਹਿਸੂਸ ਕਰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਵਿੱਚ ਆਲੋਚਨਾਤਮਿਕ ਸੋਚ ਤੇ ਸਕਾਰਾਤਮਿਕ ਮੁਕਾਬਲੇ ਦੀ ਭਾਵਨਾ ਪੈਦਾ ਕਰਦੇ ਹਨ।ਸਕੂਲ ਕਾਰਜਕਾਰੀ ਪ੍ਰਸ਼ਾਸਕ ਰੁਪਿੰਦਰ ਕੌਰ ਬਰਾੜ ਨੇ ਜੇਤੂ ਵਿਦਿਆਰਥੀਆਂ ਦੀ ਪ੍ਰਸੰਸਾ ਕਰਦੇ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਵਾਧਾ ਕਰਦੇ ਹਨ।ਇਸ ਦੇ ਨਾਲ਼ ਹੀ ਸਕੂਲ ਪ੍ਰਬੰਧਕ ਕਮੇਟੀ ਦੇ ਸਮੂਹ ਮੈਂਬਰਾਂ ਨੇ ਵੀ ਜੇਤੂ ਵਿਦਿਆਰਥੀਆਂ ਨੂੰ ਸਕੂਲ ਦਾ ਨਾਮ ਰੌਸ਼ਨ ਕਰਨ ਤੇ ਵਧਾਈ ਦਿੱਤੀ।ਸਕੂਲ ਪ੍ਰਿੰਸੀਪਲ ਡਾ. ਡੀ. ਪੀ. ਠਾਕੁਰ ਨੇ ਇਸ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਤੇ ਉਨ੍ਹਾਂ ਦਾ ਮਾਰਗਦਰਸ਼ਨ ਕਰਨ ਵਾਲੇ ਅਧਿਆਪਕਾਂ ਸੁਖਜੀਤ ਕੌਰ ਤੇ ਗੁਰਵਿੰਦਰ ਕੌਰ ਦੀ ਵਿਸ਼ੇਸ਼ ਤੌਰ 'ਤੇ ਪ੍ਰਸੰਸਾ ਕੀਤੀ ਤੇ ਉਨ੍ਹਾਂ ਦੀ ਸ਼ਾਨਦਾਰ ਸਫ਼ਲਤਾ 'ਤੇ ਵਧਾਈ ਦਿੱਤੀ।

## ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੀ ਬਲਾਕ ਪੱਧਰੀ ਮੀਟਿੰਗ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਬਲਾਕ ਮਹਿਲ ਕਲਾਂ ਦੀ ਅਹਿਮ ਮੀਟਿੰਗ ਬਲਾਕ ਪ੍ਰਧਾਨ ਮਾ: ਦਰਸ਼ਨ ਸਿੰਘ ਪੰਡੋਰੀ ਦੀ ਅਗਵਾਈ ਹੇਠ ਹੋਈ।ਇਸ ਮੌਕੇ ਪ੍ਰਧਾਨ ਦਰਸ਼ਨ ਸਿੰਘ ਪੰਡੋਰੀ, ਮੀਤ ਪ੍ਰਧਾਨ ਬਖਤੌਰ ਸਿੰਘ ਮੂੰਮ ਨੇ ਕਿਹਾ ਕਿ ਸੂਬਾ ਭਰ 'ਚ ਸਟੇਟ, ਜ਼ਿਲ੍ਹਾ ਪੱਧਰ 'ਤੇ ਕੀਤੀਆਂ ਗਈਆਂ ਮੀਟਿੰਗਾਂ ਦੇ ਬਾਵਜੂਦ ਸਰਕਾਰ ਵੱਲੋਂ ਪੈਨਸ਼ਨਰਜ਼ ਦੀਆਂ ਮੁੱਖ ਮੰਗਾਂ ਨੂੰ ਅਣਗੌਲਿਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ 2.59 ਫੈਕਟਰ ਡੀ.ਏ. ਦੀਆਂ ਬਕਾਇਆ ਰਹਿੰਦੀਆਂ, ਕੈਸ਼ਲੈੱਸ ਮੈਡੀਕਲ ਸੁਵਿਧਾ ਤੇ ਹੋਰ ਕਈ ਮੰਗਾਂ ਬਾਰੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਮੰਤਰੀਆਂ, ਵਿਧਾਇਕਾਂ ਤੇ ਹਲਕਾ ਇੰਚਾਰਜਾਂ ਨੂੰ ਅਨੇਕਾਂ ਵਾਰ ਮਿਲ ਕੇ ਮੰਗ ਪੱਤਰ ਸੌਂਪੇ ਗਏ ਹਨ, ਪਰ ਹਾਲੇ ਤੱਕ ਕੋਈ ਵੀ ਸੁਣਵਾਈ ਨਹੀਂ ਹੋਈ।ਉਨ੍ਹਾਂ ਰਾਜ ਸਰਕਾਰ ਦੀ ਡੰਗ ਟਪਾਉ ਨੀਤੀ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਮੰਗਾਂ ਲਾਗੂ ਕਰਨ ਦੀ ਥਾਂ ਪੈਨਸ਼ਨਰਜ਼ ਨੂੰ ਜ਼ਲੀਲ ਕੀਤਾ ਜਾ ਰਿਹਾ ਹੈ।ਇਸ ਕਾਰਨ ਸੂਬੇ ਭਰ ਦੇ ਪੈਨਸ਼ਨਰਜ਼ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਆਗੂਆਂ ਨੇ ਚੇਤਾਵਨੀ ਸੁਰ ਵਿੱਚ ਕਿਹਾ ਕਿ ਜੇਕਰ ਸਰਕਾਰ ਨੇ ਮੰਗਾਂ ਨੂੰ ਪੂਰਾ ਨਾ ਕੀਤਾ ਤਾਂ ਭਵਿੱਖ 'ਚ ਸੰਘਰਸ਼ ਦਾ ਬਿਗੁਲ ਵਜਾਇਆ ਜਾਵੇਗਾ।ਮੰਗਾਂ ਨਾ ਲਾਗੂ ਕਰਨ 'ਤੇ ਰੋਸ ਵਜੋਂ ਇਸ ਮੌਕੇ ਸਮੂਹ ਪੈਨਸ਼ਨਰ ਵੱਲੋਂ ਪੰਜਾਬ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਇਸ ਸਮੇਂ ਅਮਰਜੀਤ ਸਿੰਘ ਮਹਿਲ ਖ਼ੁਰਦ, ਸੁਰਿੰਦਰ ਸ਼ਰਮਾ, ਨਿਰਪਾਲ ਸਿੰਘ ਜਲਾਲਦੀਵਾਲ, ਰਾਜ ਕੁਮਾਰ ਨਿਹਾਲੂਵਾਲ, ਨਛੱਤਰ ਸਿੰਘ ਛਾਪਾ, ਠਾਕੁਰ ਸਿੰਘ ਮੂੰਮ, ਸੁਖਵਿੰਦਰ ਸਿੰਘ ਕਲਾਲ ਮਾਜਰਾ, ਬਲਵਿੰਦਰ ਸਿੰਘ ਮੂੰਮ, ਭੋਲਾ ਸਿੰਘ, ਕਰਮਜੀਤ ਸਿੰਘ ਠੁੱਲੀਵਾਲ, ਜੱਗਾ ਸਿੰਘ ਮਹਿਲ ਖੁਰਦ, ਅਜਮੇਰ ਸਿੰਘ ਕਾਲਸਾਂ, ਜਸਵੰਤ ਸਿੰਘ ਠੁੱਲੀਵਾਲ, ਗੁਰਚਰਨ ਸਿੰਘ ਵਜੀਦਕੇ, ਪੂਰਨ ਸਿੰਘ ਗਹਿਲ, ਓਮ ਨਾਥ ਮਹਿਲ ਕਲਾਂ, ਮਹਿੰਦਰ ਸਿੰਘ ਕਲਾਲ ਮਾਜਰਾ ਆਦਿ ਪੈਨਸ਼ਨਰਜ਼ ਹਾਜ਼ਰ ਸਨ।

## ਸਪੀਕਰ ਸੰਧਵਾਂ ਨੇ ਲੋਕਾਂ ਦੀਆਂ ਸੁਣੀਆਂ ਸਮੱਸਿਆਵਾਂ



**ਫ਼ਰੀਦਕੋਟ/ਕੋਟਕਪੂਰਾ (ਐਲਿਗਜੈਂਡਰ ਡਿਸੂਜਾ/ਰਛਪਾਲ ਭੁੱਲਰ, ਸ਼ਾਮ ਲਾਲ ਚਾਵਲਾ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਲੋਕ ਮਿਲਣੀ ਪ੍ਰੋਗਰਾਮ ਤਹਿਤ ਆਪਣੀ ਗ੍ਰਹਿ ਵਿਖੇ ਲੋਕਾਂ ਦੀਆਂ ਮੁਸ਼ਕਲਾਂ ਤੇ ਮੰਗਾਂ ਨੂੰ ਧਿਆਨ ਨਾਲ ਸੁਣਿਆ ਤੇ ਮੌਕੇ 'ਤੇ ਹੱਲ ਵੀ ਕੀਤਾ।ਉਨ੍ਹਾਂ ਕਿਹਾ ਕਿ ਲੋਕ ਮਿਲਣੀ ਦਾ ਮਕਸਦ ਸਰਕਾਰ ਤੇ ਲੋਕਾਂ ਦਰਮਿਆਨ ਸਿੱਧਾ ਰਾਬਤਾ ਕਾਇਮ ਕਰਨਾ ਹੁੰਦਾ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਜ਼ਮੀਨੀ ਪੱਧਰ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕੀਤਾ ਜਾਵੇਗਾ ਤਾਂ ਜੋ ਲੋਕਾਂ ਨੂੰ ਦਫ਼ਤਰਾਂ ਦੇ ਚੱਕਰ ਨਾ ਕੱਟਣੇ ਪੈਣ ਤੇ ਲੋਕ ਖੱਜਲ ਖੁਆਰੀ ਤੋਂ ਬਚ ਸਕਣ।ਉਨ੍ਹਾਂ ਲੋਕਾਂ ਨੂੰ ਯਕੀਨ ਦਿਵਾਇਆ ਕਿ ਲੋਕਾਂ ਨੂੰ ਦਰਪੇਸ਼ ਮਸ਼ਕਲਾਂ ਦੂਰ ਕਰਨ ਲਈ ਸੁਧਾਰ ਕੀਤੇ ਜਾ ਰਹੇ ਹਨ ਤੇ ਹੋਰ ਸੁਧਾਰ ਲਿਆਂਦੇ ਜਾਣਗੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਲਈ ਚਲਾਈਆਂ ਯੋਜਨਾਵਾਂ ਦਾ ਲਾਭ ਹਰ ਵਰਗ ਤੱਕ ਪਹੁੰਚਾਉਣ ਲਈ ਉਹ ਖ਼ੁਦ ਨਿਗਰਾਨੀ ਕਰਦੇ ਰਹਿੰਦੇ ਹਨ।ਉਨ੍ਹਾਂ ਦੱਸਿਆ ਕਿ ਲੋਕਾਂ ਦੀ ਸਹੂਲਤ ਲਈ ਪੰਜਾਬ ਸਰਕਾਰ ਵੱਲੋਂ ਟਰਾਂਸਪੋਰਟ ਵਿਭਾਗ ਦੀਆਂ 56 ਸੇਵਾਵਾਂ ਦੀ ਸੇਵਾਂ ਕੇਂਦਰਾਂ ਵਿੱਚ ਸ਼ੁਰੂਆਤ ਕੀਤੀ ਗਈ ਹੈ।ਇਨ੍ਹਾਂ ਸੇਵਾਵਾਂ ਦਾ ਲਾਭ ਸੇਵਾ ਕੇਂਦਰਾਂ ਜਾਂ 1076 ਹੈਲਪਲਾਈਨ ਰਾਹੀਂ ਵੀ ਲਿਆ ਜਾ ਸਕਦਾ ਹੈ।

## ਗੁਰੂ ਘਰ ਦੇ ਕਾਰਜਾਂ 'ਚ ਅੜਿੱਕਾ ਡਾਹੁਣ ਵਾਲਿਆਂ ਦਾ ਹਸ਼ਰ ਹਮੇਸ਼ਾ ਮਾੜਾ ਹੁੰਦੈ : ਬਾਬਾ ਮਨਜੀਤ ਸਿੰਘ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਇਤਿਹਾਸਕ ਗੁਰਦੁਆਰਾ ਗੁਰੂ ਕਾ ਖੂਹ ਸਾਹਿਬ ਪਾਤਸ਼ਾਹੀ ਦਸਵੀਂ ਵਿਖੇ ਮਿਸਲ ਸ਼ਹੀਦਾਂ ਤਰਨਾ ਦਲ ਦੇ ਮੌਜੂਦਾ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਜੋਗਾ ਸਿੰਘ ਤੇ ਸੰਤ ਬਾਬਾ ਗੁਰਦੇਵ ਸਿੰਘ ਸ੍ਰੀ ਅਨੰਦਪੁਰ ਸਾਹਿਬ ਵਾਲਿਆਂ ਦੀ ਪ੍ਰੇਰਨਾ ਸਦਕਾ ਤੇ ਗੁਰਦੁਆਰਾ ਗੁਰੂ ਕਾ ਖੂਹ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਮਨਜੀਤ ਸਿੰਘ ਵੱਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਦੇ ਨਾਲ ਹਰ ਸਾਲ ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ ਜਾਂਦਾ ਹੈ।ਇਸ ਧਾਰਮਿਕ ਸਮਾਗਮ ਦੇ ਪ੍ਰਚਾਰ ਪ੍ਰਸਾਰ ਲਈ ਇਲਾਕੇ ਦੀਆਂ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਤੇ ਸ਼ਰਧਾਲੂਆਂ ਦੇ ਸਹਿਯੋਗ ਨਾਲ ਸ਼ਹਿਰ ਅੰਦਰ ਤੇ ਪਿੰਡਾਂ ਅੰਦਰ ਪ੍ਰਚਾਰ ਲਈ ਫਲੈਕਸ ਬੋਰਡ ਲਗਾਏ ਜਾਂਦੇ ਹਨ, ਪਰ ਹਰ ਸਾਲ ਵੇਖਣ ਵਿੱਚ ਆਇਆ ਹੈ ਕਿ ਇਸ ਧਾਰਮਿਕ ਸਮਾਗਮ ਦੇ ਫਲੈਕਸ ਬੋਰਡ ਕਿਸੇ ਸ਼ਰਾਰਤੀ ਅਨਸਰਾਂ ਵੱਲੋਂ ਪਾੜ ਦਿੱਤੇ ਜਾਂਦੇ ਹਨ ਜਾਂ ਉਤਾਰ ਦਿੱਤੇ ਜਾਂਦੇ ਹਨ।ਗੁਰਦੁਆਰਾ ਗੁਰੂ ਕਾ ਖੂਹ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਮਨਜੀਤ ਸਿੰਘ ਨੇ ਦੱਸਿਆ ਕਿ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ ਇਸ ਵਾਰ 350 ਸਾਲਾ ਸ਼ਤਾਬਦੀ ਨੂੰ ਮੁੱਖ ਰੱਖਦਿਆਂ ਵੱਡੇ ਪੱਧਰ 'ਤੇ ਮਨਾਇਆ ਜਾ ਰਿਹਾ ਹੈ, ਜਿਸ ਦੇ ਫਲੈਕਸ ਬੋਰਡ ਸ਼ਹਿਰ ਅੰਦਰ ਲਗਾਏ ਗਏ ਹਨ, ਪਰ ਕਿਸੇ ਸ਼ਰਾਰਤੀ ਅਨਸਰ ਦੁਆਰਾ ਕਈ ਥਾਵਾਂ ਤੋਂ ਫਲੈਕਸ ਬੋਰਡ ਉਤਾਰ ਦਿੱਤੇ ਗਏ ਹਨ ਜਾਂ ਪਾੜ ਦਿੱਤੇ ਗਏ ਹਨ।ਬਾਬਾ ਮਨਜੀਤ ਸਿੰਘ ਨੇ ਅਜਿਹੇ ਸ਼ਰਾਰਤੀ ਅਨਸਰਾਂ ਨੂੰ ਕਿਹਾ ਕਿ ਅਜਿਹਾ ਕਰਨ ਤੋਂ ਬਾਜ਼ ਆਉਣਾ ਚਾਹੀਦਾ ਹੈ, ਕਿਉਂਕਿ ਇਹ ਸਾਰਿਆਂ ਦਾ ਸਾਂਝਾ ਕਾਰਜ ਹੈ।ਉਨ੍ਹਾਂ ਕਿਹਾ ਕਿ ਗੁਰੂ ਘਰ ਦੇ ਕਾਰਜ ਅੰਦਰ ਅੜਿੱਕਾ ਡਾਹੁਣ ਵਾਲਿਆਂ ਦਾ ਹਸ਼ਰ ਹਮੇਸ਼ਾ ਮਾੜਾ ਹੋਇਆ ਹੈ।ਉਨ੍ਹਾਂ ਕਿਹਾ ਕਿ ਫਲੈਕਸ ਬੋਰਡ ਪਾੜਨ ਜਿਹੀਆਂ ਕੋਝੀਆਂ ਹਰਕਤਾਂ ਤੋਂ ਅਜਿਹੇ ਅਨਸਰਾਂ ਨੂੰ ਬਾਜ ਆਉਣਾ ਚਾਹੀਦਾ ਹੈ।

# ਲਾਸਾਨੀ ਸ਼ਹਾਦਤ ਨੂੰ ਉਜਾਗਰ ਕਰਦੇ ਵਿਸ਼ੇਸ਼ ਲਾਈਟ ਐਂਡ ਸਾਊਂਡ ਸ਼ੋਅ ਦੀ ਸ਼ਾਨਦਾਰ ਪੇਸ਼ਕਾਰੀ

## * ਕੈਬਨਿਟ ਮੰਤਰੀ ਕਟਾਰੂਚੱਕ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਖਾਸ ਤੌਰ 'ਤੇ ਕੀਤੀ ਸ਼ਿਰਕਤ



ਬਟਾਲਾ, (ਤਰਲੋਕ ਬੱਗਾ)-ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸੂਬਾ ਪੱਧਰੀ ਸਮਾਗਮਾਂ ਦੀ ਸ਼ੁਰੂਆਤ ਕਰ ਦਿੱਤੀ ਗਈ ਹੈ, ਜਿਸ ਲੜੀ ਤਹਿਤ ਆਈਟੀਆਈ ਖੇਡ ਸਟੇਡੀਅਮ ਬਟਾਲਾ ਵਿਖੇ ਲਾਸਾਨੀ ਸ਼ਹਾਦਤ ਨੂੰ ਉਜਾਗਰ ਕਰਦਾ ਵਿਸ਼ੇਸ਼ ਲਾਈਟ ਐਂਡ ਸਾਊਂਡ ਸ਼ੋਅ ਕਰਵਾਇਆ ਗਿਆ।ਇਸ ਮੌਕੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਅਤੇ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਗੱਲ ਕਰਦਿਆਂ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਇਸ ਉਦਮ ਲਈ ਧੰਨਵਾਦ ਕਰਦਿਆਂ ਕਿਹਾ ਕਿ ਇਹ ਸਮਾਗਮ ਨਾ ਕੇਵਲ ਪੰਜਾਬ ਲਈ ਸਗੋਂ ਸਮੁੱਚੇ ਦੇਸ਼ ਤੇ ਮਾਨਵਤਾ ਲਈ ਹਨ, ਜੋ ਕੁਰਬਾਨੀ ਤੇ ਮਨੁੱਖੀ ਅਧਿਕਾਰਾਂ ਦੀ ਰਾਖੀ ਦੇ ਪ੍ਰਤੀਕ ਵਜੋਂ ਬੇਮਿਸਾਲ ਮਹੱਤਵ ਰੱਖਦੇ ਹਨ।ਇਸ ਮੌਕੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਗੁਰੂ ਜੀ ਦੇ ਸ਼ਹੀਦੀ ਸਮਾਗਮ ਵਿੱਚ ਪਹੁੰਚੀਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਆਦਿੱਤਿਆ ਉੱਪਲ ਡੀਸੀ, ਸੁਹੇਲ ਕਾਸਿਮ ਮੀਰ, ਡਾ. ਹਰਜਿੰਦਰ ਸਿੰਘ ਬੇਦੀ, ਏਡੀਸੀ (ਜ), ਗੁਰਪ੍ਰੀਤ ਸਿੰਘ ਗਿੱਲ, ਏਡੀਸੀ (ਵਿਕਾਸ), ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ, ਬਾਬਾ ਸੁਖਵਿੰਦਰ ਸਿੰਘ, ਮਹੰਤ ਅਮਿਤ ਸ਼ਾਹ, ਆਦਿੱਤਿਆ ਗੁਪਤਾ ਸਹਾਇਕ ਕਮਿਸ਼ਨਰ (ਜ), ਐੱਸਡੀਐੱਮ ਵਿਕਰਮਜੀਤ ਸਿੰਘ ਪਾਂਥੇ, ਜ਼ਿਲ੍ਹਾ ਪ੍ਰਧਾਨ ਜੋਬਨ ਰੰਧਾਵਾ, ਜ਼ਿਲ੍ਹਾ ਪ੍ਰਧਾਨ ਮਨਦੀਪ ਸਿੰਘ ਗਿੱਲ, ਅੰਮ੍ਰਿਤ ਕਲਸੀ, ਤਰੁਨ ਕਲਸੀ, ਚੇਅਰਮੈਨ ਯਸ਼ਪਾਲ ਚੌਹਾਨ, ਚੇਅਰਮੈਨ ਮਾਣਿਕ ਮਹਿਤਾ, ਜ਼ਿਲ੍ਹਾ ਮੀਡੀਆ ਇੰਚਾਰਜ ਮੁਖਵੰਦ ਸਿੰਘ ਆਲੋਵਾਲ, ਸੀਨੀਅਰ ਆਗੂ ਬਲਬੀਰ ਸਿੰਘ ਬਿੱਟੂ, ਡਾ. ਕੇ. ਜੇ ਸਿੰਘ, ਇੰਜੀ. ਅਮਰਜੀਤ ਸਿੰਘ, ਯੋਗਰਾਜ ਸਿੰਘ ਟੂਰਿਜਮ ਵਿਭਾਗ, ਨਵਦੀਪ ਸਿੰਘ ਪਨੇਸਰ, ਪਵਨ ਕੁਮਾਰ, ਗਗਨ ਬਟਾਲਾ, ਕੌਂਸਲਰ ਹਰਪਾਲ ਸਿੰਘ ਲੰਬੜਦਾਰ, ਮਾਸਟਰ ਜੋਗਿੰਦਰ ਸਿੰਘ ਅੱਚਲੀ ਗੇਟ, ਐਡਵੋਕੇਟ ਪ੍ਰਧਾਨ ਰਜਿੰਦਰ ਸਿੰਘ ਪਦਮ, ਪ੍ਰੋ. ਰਾਜ ਕੁਮਾਰ ਸ਼ਰਮਾ, ਪਰਮਿੰਦਰ ਸਿੰਘ ਸੈਣੀ ਜ਼ਿਲ੍ਹਾ ਗਾਈਡੈਂਸ ਕਾਊਂਸਲਰ, ਐੱਮਸੀ ਬਲਵਿੰਦਰ ਸਿੰਘ ਮਿੰਟਾ, ਮਨਜੀਤ ਸਿੰਘ ਬਮਰਾਹ, ਵਿੱਕੀ ਚੌਹਾਨ, ਪ੍ਰਧਾਨ ਵੀਨੂੰ ਕਾਹਲੋਂ, ਅਮਰੀਕ ਸਿੰਘ ਲੰਬੜਦਾਰ, ਭੁਪਿੰਦਰ ਸਿੰਘ, ਗੁਰਪ੍ਰਤਾਪ ਸਿੰਘ, ਜਸਬੀਰ ਸਿੰਘ ਸਮੇਤ ਹੋਰ ਪ੍ਰਸ਼ਾਸਨਿਕ ਅਧਿਕਾਰੀ, ਰਾਜਸੀ ਆਗੂ ਸਮੇਤ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਮੌਜੂਦ ਸਨ।

# ਮਨਿਸਟੀਰੀਅਲ ਕਾਮਿਆਂ 'ਤੇ ਰੋਸ ਮਾਰਚ ਦੌਰਾਨ ਪੁਲਸ ਵੱਲੋਂ ਲਾਠੀਚਾਰਜ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਦੀ ਕਾਲ ਤੇ ਸੂਬਾ ਪ੍ਰਧਾਨ ਗੁਰਨਾਮ ਸਿੰਘ ਵਿਰਕ, ਸੂਬਾ ਜਨਰਲ ਸਕੱਤਰ ਤਰਸੇਮ ਭੱਠਲ ਅਤੇ ਸੂਬਾ ਚੇਅਰਮੈਨ ਰਘਬੀਰ ਸਿੰਘ ਬਡਵਾਲ ਦੀ ਅਗਵਾਈ ਵਿੱਚ ਤਰਨਤਾਰਨ ਵਿਖੇ ਪੰਜਾਬ ਭਰ ਦੇ 45 ਦੇ ਕਰੀਬ ਵਿਭਾਗਾਂ ਦੇ ਮਨਿਸਟੀਰੀਅਲ ਕਾਮਿਆਂ ਨੇ ਹਜ਼ਾਰਾਂ ਦੀ ਗਿਣਤੀ ਵਿੱਚ ਸਮੂਹਿਕ ਛੁੱਟੀ ਲੈ ਕੇ ਸ਼ਮੂਲੀਅਤ ਕੀਤੀ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਸਾਹਮਣੇ ਰੈਲੀ ਕਰਨ ਉਪਰੰਤ ਆਮ ਆਦਮੀ ਪਾਰਟੀ ਦੇ ਚੋਣ ਲੜ ਰਹੇ ਉਮੀਦਵਾਰ ਦੀ ਕੋਠੀ ਵੱਲ ਨੂੰ ਰੋਸ ਮਾਰਚ ਸ਼ੁਰੂ ਕੀਤਾ ਗਿਆ। ਇਸ ਰੋਸ ਵਿੱਚ ਸ਼ਾਮਿਲ ਮੁਲਾਜ਼ਮਾਂ ਦੇ ਪੰਜਾਬ ਸਰਕਾਰ ਦੇ ਮੁਲਾਜ਼ਮ ਵਿਰੋਧੀ ਰਵੱਈਏ ਅਤੇ ਕੋਈ ਵੀ ਮੁਲਾਜ਼ਮ ਮੰਗ ਪੂਰੀ ਨਾ ਕਰਨ ਦੇ ਕਾਰਣ ਇੰਨਾ ਰੋਸ ਤੇ ਗੁੱਸਾ ਸੀ ਕਿ ਮੁਲਾਜ਼ਮਾਂ ਨੇ ਪੁਲਸ ਪ੍ਰਸ਼ਾਸਨ ਵੱਲੋਂ ਰਸਤੇ ਵਿੱਚ ਲਾਈਆਂ ਤਿੰਨ ਰੋਕਾਂ ਨੂੰ ਵੀ ਪਾਰ ਕੀਤਾ। ਇਸ ਰੋਸ ਮਾਰਚ ਨੂੰ ਰੋਕਣ ਲਈ ਸਰਕਾਰ ਵੱਲੋਂ ਬਹੁਤ ਵੱਡੀ ਗਿਣਤੀ ਵਿੱਚ ਪੁਲਸ ਅਤੇ ਸੀਆਰਪੀ ਤਾਇਨਾਤ ਕੀਤੀ ਹੋਈ ਸੀ ਜਿਸ ਨੇ ਸੰਘਰਸ਼ ਕਰ ਰਹੇ ਮੁਲਾਜ਼ਮਾਂ ਤੇ ਲਾਠੀਚਾਰਜ ਕੀਤਾ।

# ਪਬਲਿਕ ਸਕੂਲ ਗੁਰਦਾਸਪੁਰ ਵਿਖੇ ਸਾਲਾਨਾ ਚਿਲਡਰਨ ਡੇ ਅਮਿੱਟ ਯਾਦਾਂ ਛੱਡਦਾ ਸੰਪੰਨ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਗੁਰਦਾਸਪੁਰ ਪਬਲਿਕ ਸਕੂਲ ਵਿਖੇ ਸਾਲਾਨਾ ਚਿਲਡਰਨ ਡੇ ਅਮਿੱਟ ਯਾਦਾਂ ਸਮੇਟਦਾ ਸਮਾਪਤ ਹੋ ਗਿਆ।ਸਮਾਗਮ ਵਿੱਚ ਹੋਈ ਐਲੂਮਨੀ ਮੀਟ ਨੇ ਸਾਰਿਆਂ ਨੂੰ ਭਾਵੁਕ ਕਰ ਦਿੱਤਾ।ਸਕੂਲ ਦੇ ਚੇਅਰਮੈਨ ਰਮਨ ਬਹਿਲ ਮੁੱਖ ਮਹਿਮਾਨ ਦੇ ਤੌਰ 'ਤੇ ਹਾਜ਼ਰ ਹੋਏ ਜਦਕਿ ਡਾਇਰੈਕਟਰ ਅਰਚਨਾ ਬਹਿਲ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਜ਼ਿਕਰਯੋਗ ਹੈ ਕਿ ਇਸ ਸਕੂਲ ਦੇ ਪੁਰਾਣੇ ਵਿਦਿਆਰਥੀ ਡਾਕਟਰ, ਆਈਟੀਆਈ ਇੰਜੀਨੀਅਰ, ਆਈਏਐੱਸ. ਪੀਸੀਐੱਸ, ਰੇਲਵੇ ਵਿਭਾਗ, ਇਨਕਮ ਟੈਕਸ, ਆਬਕਾਰੀ ਵਿਭਾਗ, ਪੁਲਸ ਸਮੇਤ ਹੋਰ ਵਿਭਾਗਾਂ ਵਿਚ ਵੱਡੇ-ਵੱਡੇ ਅਹੁਦਿਆਂ 'ਤੇ ਤੈਨਾਤ ਹਨ।

ਪੁਰਾਣੇ ਵਿਦਿਆਰਥੀਆਂ ਦੀ ਸਕੂਲ ਵਿਚ ਵਾਪਸੀ ਨੂੰ ਇਕ ਵੀਡੀਓ ਅਤੇ ਫੋਟੋਆਂ ਰਾਹੀਂ ਦਿਖਾਇਆ ਗਿਆ। ਮਨੋਰੰਜਨ ਲਈ ਕਈ ਤਰ੍ਹਾਂ ਦੀਆਂ ਖੇਡਾਂ ਦਾ ਆਯੋਜਨ ਵੀ ਕੀਤਾ ਗਿਆ। ਵੱਖ-ਵੱਖ ਸਟਾਲ ਜਿਨ੍ਹਾਂ ਵਿਚ ਆਰਟੀਫਿਸ਼ੀਅਲ ਜਿਊਲਰੀ, ਤੰਬੋਲਾ, ਕੁਲਚਾ ਲੈਂਡ, ਰਿੰਗ ਆਫ ਫਾਇਰ, ਜੇਕਪੋਟ ਜੰਕਸ਼ਨ, ਪਾਨੀਪੂਰੀ ਪੈਲੇਸ, ਕ੍ਰੇਜ਼ੀ ਕੰਟਰੋਲ, ਡੋਮੀਨੋਜ਼, ਫਨੀਲ ਆਫ ਫੰਡਰ ਆਦਿ ਆਕਰਸ਼ਣ ਦਾ ਕੇਂਦਰ ਬਣੇ ਰਹੇ।ਮੰਚ 'ਤੇ ਪੁਰਾਣੇ ਵਿਦਿਆਰਥੀਆਂ ਨੇ ਹਾਜ਼ਰੀ ਨਾਲ ਆਪਣੀਆਂ ਯਾਦਾਂ ਨੂੰ ਸਾਂਝਾ ਕੀਤਾ ਅਤੇ ਕਿਹਾ ਕਿ ਗੁਰਦਾਸਪੁਰ ਪਬਲਿਕ ਸਕੂਲ ਦੀ ਮਿਆਰੀ ਸਿੱਖਿਆ ਦੀ ਬਦੌਲਤ ਅੱਜ ਉਹ ਇਸ ਮੁਕਾਮ 'ਤੇ ਪਹੁੰਚ ਚੁੱਕੇ ਹਨ। ਸਮਾਗਮ ਨੂੰ ਸੰਬੋਧਨ ਕਰਦੇ ਹੋਏ ਚੇਅਰਮੈਨ ਰਮਨ ਬਹਿਲ ਨੇ ਸਕੂਲ ਵਿਚ ਪੜ੍ਹ ਰਹੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਉਜਵਲ ਭਵਿੱਖ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਆਪਣੇ ਪਿਤਾ ਖੁਸ਼ਹਾਲ ਬਹਿਲ ਦੇ ਕੀਤੇ ਵਾਇਦੇ ਨੂੰ ਦੁਹਰਾਉਂਦੇ ਹੋਏ ਕਿਹਾ ਕਿ ਸਕੂਲ ਹਮੇਸ਼ਾ ਹੀ ਬੱਚਿਆਂ ਦੇ ਭਵਿੱਖ ਲਈ ਨਵੀਆਂ ਤਕਨੀਕਾਂ ਦੇ ਨਾਲ ਸਿੱਖਿਆਂ ਮੁਹੱਈਆ ਕਰਵਾਉਂਦਾ ਰਹੇਗਾ ਉਨ੍ਹਾਂ ਵੱਲੋਂ ਸਮਾਗਮ ਵਿਚ ਪਹੁੰਚੇ ਪੁਰਾਣੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਪਰਿਵਾਰਿਕ ਮੈਂਬਰਾਂ ਦਾ ਸਵਾਗਤ ਕੀਤਾ ਅਤੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ।ਸਮਾਗਮ ਦੀ ਸਫਲਤਾ ਵਿਚ ਸਕੂਲ ਦੀ ਡਾਇਰੈਕਟਰ ਅਰਚਨਾ ਬਹਿਲ, ਮੈਨੇਜਮੈਂਟ ਕਮੇਟੀ ਮੈਂਬਰ ਡਾ. ਰਾਜ਼ਿਕਾ ਬਹਿਲ, ਪ੍ਰਥੁ ਬਹਿਲ ਦੀ ਅਗਵਾਈ ਵਿਚ ਸਕੂਲੀ ਸਟਾਫ ਤੇ ਬੱਚਿਆਂ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ। ਸਮਾਗਮ ਦੇ ਆਖਿਰ ਵਿਚ ਸਕੂਲ ਪ੍ਰਿੰਸੀਪਲ ਸੰਦੀਪ ਅਰੋੜਾ ਨੇ ਸਾਰਿਆਂ ਦਾ ਧੰਨਵਾਦ ਕਰਨ ਦੇ ਨਾਲ ਆਰ. ਜੇ. ਮਿਸਟਰ ਸਹਿਗਲ ਦਾ ਵਿਸ਼ੇਸ਼ ਧੰਨਵਾਦ ਕੀਤਾ ਜਿਨ੍ਹਾਂ ਵੱਲੋਂ ਇਸ ਪ੍ਰੋਗਰਾਮ ਨੂੰ ਬਹੁਤ ਹੀ ਉਤਸ਼ਾਹ ਅਤੇ ਦਿਲਚਸਪੀ ਨਾਲ ਸੰਚਾਲਿਤ ਕੀਤਾ ਗਿਆ ਅਤੇ ਇਨਰਵ੍ਹੀਲ ਕਲੱਬ ਗੁਰਦਾਸਪੁਰ ਦੇ ਜੱਜਾਂ ਅਤੇ ਮੈਂਬਰਾਂ ਦਾ ਵੀ ਧੰਨਵਾਦ ਕੀਤਾ।

# ਪ੍ਰਵਾਸੀ ਭਾਰਤੀ ਪਿੰਟੂ ਬਾਠ ਨੇ ਸਰਬੱਤ ਦਾ ਭਲਾ ਟਰੱਸਟ ਦੇ ਸਹਿਯੋਗ ਨਾਲ ਹੜ੍ਹ ਪੀੜਤਾਂ ਨੂੰ ਸਹਾਇਤਾ ਸਮੱਗਰੀ ਵੰਡੀ



ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਜ਼ਿਲ੍ਹਾ ਗੁਰਦਾਸਪੁਰ ਦੇ ਹੜ੍ਹ ਪ੍ਰਭਾਵਿਤ ਇਲਾਕੇ ਡੇਰਾ ਬਾਬਾ ਨਾਨਕ ਦੇ ਹੜ੍ਹ ਪੀੜਤ ਪਰਿਵਾਰਾਂ ਨੂੰ ਰਾਹਤ ਦੇਣ ਦੇ ਮਕਸਦ ਨਾਲ ਪਹੁੰਚੇ ਉੱਘੇ ਪ੍ਰਵਾਸੀ ਭਾਰਤੀ ਅਤੇ ਸਮਾਜ ਸੇਵੀ ਸ਼ਖਸੀਅਤ ਪਿੰਟੂ ਬਾਠ ਪ੍ਰਧਾਨ ਸਰਬੱਤ ਦਾ ਭਲਾ ਚੈਰੀਟੇਬਲ ਟਰਸਟ ਸਿਆਟਲ ਯੂਐੱਸਏ ਵੱਲੋਂ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਬਾਨੀ ਅਤੇ ਦੁਬਈ ਦੇ ਉੱਘੇ ਕਾਰੋਬਾਰੀ ਡਾਕਟਰ ਐੱਸ. ਪੀ. ਸਿੰਘ ਉਬਰਾਏ ਦੀ ਪ੍ਰੇਰਨਾ ਸਦਕਾ ਅਤੇ ਸਹਿਯੋਗ ਦੇ ਸਦਕਾ ਸਿਆਟਲ ਯੂਐੱਸਏ ਦੀ ਸੰਗਤ ਦੇ ਸਹਿਯੋਗ ਨਾਲ ਹੜ੍ਹ ਪੀੜਤ ਪਰਿਵਾਰਾਂ ਨੂੰ ਰਾਹਤ ਸਮੱਗਰੀ ਵੰਡੀ ਗਈ।ਇਸ ਮੌਕੇ ਪ੍ਰਵਾਸੀ ਭਾਰਤੀ ਤੇ ਸਮਾਜ ਸੇਵੀ ਪਿੰਟੂ ਬਾਠ ਦੇ ਨਾਲ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ, ਟਰੱਸਟ ਦੇ ਜ਼ਿਲ੍ਹਾ ਜਨਰਲ ਸੈਕਰਟੀ ਰਜਿੰਦਰ ਸਿੰਘ ਹੈਪੀ ਤੇ ਹੋਰ ਵੀ ਮੈਂਬਰ ਸ਼ਾਮਿਲ ਸਨ।ਪਿੰਟੂ ਬਾਠ ਵੱਲੋਂ ਡੇਰਾ ਬਾਬਾ ਨਾਨਕ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਪਸ਼ੂ ਪਾਲਕਾਂ ਨੂੰ ਵੱਡੇ ਪੱਧਰ ਤੇ ਪਸ਼ੂਆਂ ਦਾ ਸੁੱਕਾ ਚਾਰਾ ਵੀ ਵੰਡਿਆ ਗਿਆ। ਗਰੀਬ ਪਰਿਵਾਰਾਂ ਦੇ 50 ਤੋਂ ਵੀ ਵੱਧ ਘਰ ਬਣਾ ਕੇ ਦੇਣ ਦਾ ਵਾਅਦਾ ਵੀ ਕੀਤਾ ਗਿਆ।ਉਨ੍ਹਾਂ ਹੜ੍ਹ ਪੀੜਤ ਪਰਿਵਾਰਾਂ ਨੂੰ ਪਸ਼ੂਆਂ ਦੇ ਲਈ 10 ਲੱਖ ਰੁਪਏ ਦੀ ਲਾਗਤ ਨਾਲ ਪੌਸ਼ਟਿਕ ਆਹਾਰ ਦੇਣ ਦਾ ਵਾਅਦਾ ਵੀ ਕੀਤਾ।ਜਦ ਕਿ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੁੱਖੀ ਡਾਕਟਰ ਐੱਸ. ਪੀ. ਸਿੰਘ ਉਬਰਾਏ ਵੱਲੋਂ ਲਏ ਗਏ ਫੈਸਲੇ ਅਨੁਸਾਰ ਹੜ੍ਹ ਪ੍ਰਭਾਵਿਤ ਖੇਤਰਾਂ ਦੇ ਪਰਿਵਾਰਾਂ ਦੀਆਂ ਧੀਆਂ ਦੇ ਅਨੰਦ ਕਾਰਜ ਵੀ ਕੀਤੇ ਜਾਣਗੇ।ਨਵ ਵਿਆਹੁਤਾ ਧੀਆਂ ਨੂੰ ਘਰੇਲੂ ਵਰਤੋਂ ਵਾਲਾ ਜ਼ਰੂਰੀ ਸਾਜ਼ੋ ਸਮਾਨ ਵੀ ਦਿੱਤਾ ਜਾਵੇਗਾ।ਇਸ ਦੌਰਾਨ ਐੱਸਡੀਐੱਮ ਅਦਿਤਿਆ ਸ਼ਰਮਾ (ਆਈਏਐੱਸ) ਤਹਿਸੀਲਦਾਰ ਲਛਮਣ ਸਿੰਘ, ਬੀਡੀਪੀਓ ਅਮਨਦੀਪ ਕੌਰ, ਡੀਐੱਸਪੀ ਜੋਗਾ ਸਿੰਘ, ਸੀਨੀਅਰ ਵੈਟਰਨਰੀ ਅਫਸਰ ਡਾ. ਗੁਰਦੇਵ ਸਿੰਘ, ਡਾ. ਜੀਵਨਜੋਤ ਸਿੰਘ, ਡਾ. ਬਲਵਿੰਦਰ ਸਿੰਘ, ਡਾ. ਸੁੱਚਾ ਸਿੰਘ ਤੇ ਹੋਰ ਜ਼ਿਲ੍ਹੇ ਦੇ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੁੱਖੀ ਡਾਕਟਰ ਐੱਸ. ਪੀ. ਸਿੰਘ ਉਬਰਾਏ ਅਤੇ ਵਿਸ਼ੇਸ਼ ਤੌਰ ਤੇ ਸਮਾਜ ਸੇਵੀ ਪਿੰਟੂ ਬਾਠ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਗੁਰਦਾਸਪੁਰ ਦੀ ਸਮੁੱਚੀ ਟੀਮ ਦਾ ਧੰਨਵਾਦ ਕੀਤਾ। ਡਾ. ਅਦਿਤਿਆ ਸ਼ਰਮਾ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਲੋਕ ਭਲਾਈ ਦੇ ਨੇਕ ਕਾਰਜਾਂ ਵਿੱਚ ਵੱਧ ਚੜ੍ਹ ਕੇ ਸਹਿਯੋਗ ਕਰੇਗਾ ਤਾਂ ਜੋ ਹੜ੍ਹ ਪੀੜਤ ਪਰਿਵਾਰਾਂ ਨੂੰ ਹੋਰ ਵੀ ਰਾਹਤ ਦਿੱਤੀ ਜਾ ਸਕੇ।

# ਗੁ. ਬਾਬਾ ਰਾਜਾ ਰਾਮ ਹਰਚੋਵਾਲ ਵਿਖੇ ਨਵੇਂ ਹਸਪਤਾਲ ਦੀ ਬਿਲਡਿੰਗ ਦਾ ਲੈਂਟਰ ਪਿਆ



ਧਾਰੀਵਾਲ/ਹਰਚੋਵਾਲ, (ਮਨਦੀਪ ਸਿੰਘ ਵਿੱਕੀ)-ਗੁਰਦੁਆਰਾ ਰਾਜਾ ਰਾਮ ਹਰਚੋਵਾਲ ਵਿਖੇ ਨਵੇਂ ਬਣ ਰਹੇ ਹਸਪਤਾਲ ਦੀ ਬਿਲਡਿੰਗ ਦਾ ਲੈਂਟਰ ਪਾਇਆ ਗਿਆ। ਮੁੱਖ ਪ੍ਰਬੰਧਕ ਬਾਬਾ ਬਲਵਿੰਦਰ ਸਿੰਘ ਨੇ ਦੱਸਿਆ ਕਿ ਕਸਬਾ ਹਰਚੋਵਾਲ ਦੇ ਇਤਿਹਾਸਕ ਗੁਰਦੁਆਰਾ ਸਾਹਿਬ ਵਿਖੇ ਸੰਗਤਾਂ ਦੇ ਸਹਿਯੋਗ ਨਾਲ ਮਰੀਜ਼ਾਂ ਦੀ ਸਹੂਲਤ ਲਈ ਹਸਪਤਾਲ ਦੀ ਤਿੰਨ ਮੰਜ਼ਿਲਾ ਇਮਾਰਤ ਤਿਆਰ ਕੀਤੀ ਜਾ ਰਹੀ ਹੈ ਜੋ ਪਹਿਲੀ ਮੰਜ਼ਿਲ 'ਤੇ ਸੰਗਤਾਂ ਦੇ ਸਹਿਯੋਗ ਨਾਲ ਲੈਂਟਰ ਪਾ ਦਿੱਤਾ ਗਿਆ ਹੈ।ਮੁੱਖ ਸੇਵਾਦਾਰ ਬਾਬਾ ਬਲਵਿੰਦਰ ਸਿੰਘ, ਦਿਲਬਾਗ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਲਾਕੇ ਵਿੱਚ ਮਰੀਜ਼ਾਂ ਵਾਸਤੇ ਹਸਪਤਾਲ ਦੀ ਮੰਗ ਸੰਗਤਾਂ ਵੱਲੋਂ ਕੀਤੀ ਜਾ ਰਹੀ ਸੀ ਕਿਉਂਕਿ ਪ੍ਰਾਈਵੇਟ ਹਸਪਤਾਲਾਂ ਵਿਚ ਆਮ ਆਦਮੀ ਇਲਾਜ ਕਰਵਾਉਣਾ ਆਮ ਵੱਸ ਦੀ ਗੱਲ ਨਹੀਂ ਰਹੀ।ਪਿਛਲੇ ਸਮੇਂ ਤੋਂ ਹਸਪਤਾਲ ਦੀ ਇਮਾਰਤ ਬਣਾਉਣ ਦੀ ਤਿਆਰੀ ਚੱਲ ਰਹੀ ਸੀ। ਅੱਜ ਪਹਿਲੀ ਮੰਜ਼ਿਲ ਦਾ ਲੈਂਟਰ ਪਾ ਦਿੱਤਾ ਗਿਆ ਹੈ।ਬਹੁਤ ਜਲਦੀ ਹਸਪਤਾਲ ਨੂੰ ਤਿਆਰ ਕਰਕੇ ਸੰਗਤਾਂ ਦੀ ਸਹਾਇਤਾ ਲਈ ਖੋਲ੍ਹ ਦਿੱਤਾ ਜਾਵੇਗਾ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਬਲਵਿੰਦਰ ਸਿੰਘ, ਭਾਈ ਦਿਲਬਾਗ ਸਿੰਘ, ਸੁਖਬੀਰ ਸਿੰਘ ਹਰਚੋਵਾਲ, ਸਰਵਣ ਸਿੰਘ, ਲਖਵਿੰਦਰ ਸਿੰਘ ਲੱਖਾ, ਦਿਲਬਾਗ ਸਿੰਘ ਬੱਗੋ, ਗੱਜਣ ਸਿੰਘ, ਬਾਬਾ ਦਲਬੀਰ ਸਿੰਘ ਹਰਚੋਵਾਲ, ਕੈਪਟਨ ਸਿੰਘ, ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਜਨਰਲ ਸਕੱਤਰ ਤੇ ਸਮਾਜ ਸੇਵੀ ਆਗੂ ਭਾਈ ਗਗਨਦੀਪ ਸਿੰਘ ਰਿਆੜ, ਸਰਪੰਚ ਕੈਪਟਨ ਧਰਮਿੰਦਰ ਸਿੰਘ, ਗੁਰਮੁੱਖ ਸਿੰਘ ਕਾਲ਼ਾ, ਕੁਲਵੰਤ ਸਿੰਘ ਕੰਤੂ, ਸਾਬਕਾ ਮੈਂਬਰ ਕਰਮ ਸਿੰਘ, ਜਥੇਦਾਰ ਸੁੱਚਾ ਸਿੰਘ, ਜਰਮਨ ਸਿੰਘ ਆਦਿ ਸੇਵਾਦਾਰ ਹਾਜ਼ਰ ਸਨ।

# ਅਕਾਲ ਅਕੈਡਮੀ ਰਸੂਲਪੁਰ ਬੇਟ ਵਿਖੇ ਗੁਰਪੁਰਬ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਕਲਗੀਧਰ ਟਰੱਸਟ ਬੜੂ ਸਾਹਿਬ ਅਧੀਨ ਚੱਲ ਰਹੀ ਅਕਾਲ ਅਕੈਡਮੀ ਰਸੂਲਪੁਰ ਬੇਟ ਵਿੱਚ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇੱਕ ਰੂਹਾਨੀ ਸਮਾਗਮ ਬੜੀ ਸ਼ਰਧਾ ਤੇ ਭਾਵਨਾ ਨਾਲ ਆਯੋਜਿਤ ਕੀਤਾ ਗਿਆ। ਇਸ ਸਮਾਗਮ ਦੀ ਸ਼ੁਰੂਆਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ 8 ਸਹਿਜ ਪਾਠ ਦੇ ਭੋਗ ਨਾਲ ਕੀਤੀ ਗਈ ਜਿਸ ਵਿੱਚ ਸੰਗਤ ਨੇ ਬੇਅੰਤ ਸ਼ਰਧਾ ਨਾਲ ਹਾਜ਼ਰੀ ਭਰੀ ਤੇ ਗੁਰਬਾਣੀ ਦਾ ਆਨੰਦ ਮਾਣਿਆ। ਸਮਾਗਮ ਦੌਰਾਨ ਅਕਾਲ ਅਕੈਡਮੀ ਰਸੂਲਪੁਰ ਬੇਟ ਦੇ ਵਿਦਿਆਰਥੀਆਂ ਵੱਲੋਂ ਸ਼ਬਦ ਕੀਰਤਨ, ਕਵਿਤਾਵਾਂ ਅਤੇ ਕਵੀਸ਼ਰੀ ਰਾਹੀਂ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਸ਼ਾਂਤੀ, ਪ੍ਰੇਮ, ਨਿਮਰਤਾ ਅਤੇ ਸੇਵਾ ਦਾ ਸੰਦੇਸ਼ ਪ੍ਰਸਾਰਿਤ ਕੀਤਾ ਗਿਆ। ਸੰਗਤ ਲਈ ਸਭ ਤੋਂ ਖਾਸ ਪੇਸ਼ਕਸ ਵਿਦਿਆਰਥੀਆਂ ਵੱਲੋਂ ਕੀਤਾ ਗਿਆ ਗਤਕਾ ਪ੍ਰਦਰਸ਼ਨ ਰਿਹਾ, ਜਿਸ ਨੇ ਸਿੱਖ ਮਰਿਯਾਦਾ ਅਤੇ ਸਰਬਲੋਹ ਬੀਰਤਾ ਦੀ ਰਵਾਇਤ ਨੂੰ ਜੀਵੰਤ ਕੀਤਾ। ਸੰਗਤ ਨੇ ਜੈਕਾਰਿਆਂ ਨਾਲ ਵਿਦਿਆਰਥੀਆਂ ਦਾ ਹੌਸਲਾ ਵਧਾਇਆ। ਇਸ ਦੌਰਾਨ ਅਕਾਲ ਅਕੈਡਮੀ ਦੇ ਪ੍ਰਿੰਸੀਪਲ ਅਮਨਦੀਪ ਕੌਰ ਨੇ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ 'ਤੇ ਚਾਨਣਾ ਪਾਉਂਦਿਆਂ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੇ ਦੱਸੇ ਰਸਤੇ ਕਿਰਤ ਕਰੋ, ਨਾਮ ਜਪੋ, ਵੰਡ ਛਕੋ 'ਤੇ ਤੁਰਨ ਲਈ ਪ੍ਰੇਰਿਤ ਕੀਤਾ। ਸਮਾਪਤੀ ਉਪਰੰਤ ਸਾਰੀ ਸੰਗਤ ਲਈ ਗੁਰੂ ਦਾ ਅਤੁੱਟ ਲੰਗਰ ਵਰਤਾਇਆ ਗਿਆ।

# ਸਰਕਾਰੀ ਪ੍ਰਾਇਮਰੀ ਸਕੂਲ ਭੈਣੀ ਮੀਆਂ ਖਾਂ ਨੇ ਖੇਡਾਂ 'ਚ ਓਵਰਆਲ ਟਰਾਫੀ ਜਿੱਤੀ



ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਸਰਕਾਰੀ ਪ੍ਰਾਇਮਰੀ ਸਕੂਲ ਭੈਣੀ ਮੀਆਂ ਖਾਂ ਦੇ ਖਿਡਾਰੀਆਂ ਨੇ ਕਲੱਸਟਰ ਪੱਧਰੀ ਖੇਡਾਂ ਵਿੱਚ ਓਵਰਆਲ ਟਰਾਫੀ ਜਿੱਤ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਸਕੂਲ ਦੇ ਮੁੱਖ ਅਧਿਆਪਕ ਗੁਰਮਿੰਦਰ ਸਿੰਘ ਧਾਲੀਵਾਲ ਦੱਸਿਆ ਕਿ ਖੇਡ ਸਟੇਡੀਅਮ ਭੈਣੀ ਮੀਆਂ ਖਾਂ ਵਿਖੇ ਸੀਐੱਚਟੀ ਗੁਰਪ੍ਰਤਾਪ ਸਿੰਘ ਦੀ ਰੇਖ ਦੇਖ ਅਧੀਨ ਹੋਈਆਂ ਸਰਕਾਰੀ ਪ੍ਰਾਇਮਰੀ ਸੈਂਟਰ (ਕਲੱਸਟਰ) ਝੰਡਾ ਲੁਬਾਣਾ ਬਲਾਕ ਕਾਹਨੂੰਵਾਨ-1 (ਜ਼ਿਲ੍ਹਾ ਗੁਰਦਾਸਪੁਰ) ਦੀਆਂ ਖੇਡਾਂ ਵਿੱਚ ਸੈਂਟਰ ਦੇ ਸਾਰੇ ਸਕੂਲਾਂ ਦੇ ਬੱਚਿਆਂ ਨੇ ਬੜੇ ਉਤਸ਼ਾਹ ਨਾਲ ਹਿਸਾ ਲਿਆ। ਇਸ ਦੌਰਾਨ ਓਵਰਆਲ ਟਰਾਫੀ ਸਰਕਾਰੀ ਪ੍ਰਾਇਮਰੀ ਸਕੂਲ ਭੈਣੀ ਮੀਆਂ ਖਾਂ ਦੇ ਵਿਦਿਆਰਥੀਆਂ ਨੇ ਜਿੱਤੀ। ਜੇਤੂ ਖਿਡਾਰੀ ਬੱਚਿਆਂ ਦੀ ਹੌਸਲਾ ਅਫਜ਼ਾਈ ਲਈ ਇਨਾਮ ਵੰਡੇ ਗਏ। ਇਸ ਮੌਕੇ ਸੀਐੱਚਟੀ ਗੁਰਪ੍ਰਤਾਪ ਸਿੰਘ, ਹੈੱਡਮਾਸਟਰ ਗੁਰਮਿੰਦਰ ਸਿੰਘ ਧਾਲੀਵਾਲ, ਅਧਿਆਪਕ ਗੁਰਪ੍ਰੀਤ ਸਿੰਘ, ਵਿਨੇ ਸ਼ਰਮਾ, ਪਰਮਿੰਦਰ ਕੌਰ, ਦਵਿੰਦਰਜੀਤ ਕੌਰ, ਮੋਨਿਕਾ ਕਸ਼ਯਪ, ਅਨਮੋਲ ਸ਼ਰਮਾ ਆਦਿ ਅਧਿਆਪਕ ਹਾਜ਼ਰ ਸਨ।

# ਡੇਰਾ ਬਾਬਾ ਨਾਨਕ ਤੋਂ ਸ਼ਹੀਦੀ ਨਗਰ ਕੀਰਤਨ ਗੁ. ਸ੍ਰੀ ਬੁਰਜ ਸਾਹਿਬ ਲਈ ਰਵਾਨਾ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਦੇ ਸਬੰਧ ਵਿਚ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਤੋਂ ਅਗਲੇ ਪੜਾਅ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ ਲਈ ਰਵਾਨਾ ਹੋਇਆ। ਇਸ ਮੌਕੇ ਸਜੇ ਧਾਰਮਿਕ ਦੀਵਾਨ ਮੌਕੇ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਦੀ ਸਾਂਝ ਪਾਈ। ਉਨ੍ਹਾਂ ਕਿਹਾ ਕਿ ਸ਼ਤਾਬਦੀ ਦਿਹਾੜੇ ਸਿੱਖ ਕੌਮ ਲਈ ਅਹਿਮ ਮਹੱਤਤਾ ਰੱਖਦੇ ਹਨ ਅਤੇ ਇਸ ਸਬੰਧੀ ਕੀਤੇ ਜਾਣ ਵਾਲੇ ਸਮਾਗਮਾਂ ਵਿਚ ਸ਼ਮੂਲੀਅਤ ਕਰਨਾ ਹਰ ਸਿੱਖ ਦਾ ਫਰਜ਼ ਹੈ।ਨਗਰ ਕੀਰਤਨ ਦੀ ਰਵਾਨਗੀ ਮੌਕੇ ਪਾਲਕੀ ਸਾਹਿਬ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸੁਸ਼ੋਭਿਤ ਕਰਨ ਦੀ ਸੇਵਾ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਨਿਭਾਈ। ਇਸ ਮੌਕੇ ਪੰਜਾਬ ਪੁਲਸ ਦੀ ਟੁਕੜੀ ਵੱਲੋਂ ਐੱਸ ਐੱਚ ਓ ਅਸ਼ੋਕ ਕੁਮਾਰ. ਸ਼ਰਮਾ ਦੀ ਅਗਵਾਈ ਹੇਠ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਲਾਮੀ ਦਿੱਤੀ ਗਈ । ਰਸਤੇ ਵਿਚ ਵੱਖ-ਵੱਖ ਪੜਾਵਾਂ ਤੇ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕਰਦਿਆਂ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ ਗਿਆ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਸੁੱਚਾ ਸਿੰਘ ਲੰਗਾਹ, ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਜੋਗਿੰਦਰ ਕੌਰ, ਵਧੀਕ ਸਕੱਤਰ ਪ੍ਰੀਤਪਾਲ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਰਾਜਿੰਦਰ ਸਿੰਘ ਰੂਬੀ, ਇੰਚਾਰਜ ਸੁਖਦੀਪ



ਸਿੰਘ, ਚੀਫ਼ ਜਗਦੀਸ਼ ਸਿੰਘ ਬੁੱਟਰ, ਬਾਬਾ ਗੁਰਪ੍ਰੀਤ ਸਿੰਘ ਕਾਰ ਸੇਵਾ ਖਡੂਰ ਸਾਹਿਬ ਵਾਲੇ, ਮੈਨੇਜਰ ਸਤਨਾਮ ਸਿੰਘ ਗੋਸਲ, ਮੈਨੇਜਰ ਰਣਜੀਤ ਸਿੰਘ, ਮੈਨੇਜਰ ਸਰਬਜੀਤ ਸਿੰਘ, ਸ. ਗੁਰਦੇਵ ਸਿੰਘ ਧਾਰੋਵਾਲੀ, ਹਰਸਿਮਰਨ ਸਿੰਘ, ਰਜਿੰਦਰ ਸਿੰਘ ਵੈਰੋਕੇ, ਧਰਮਪਾਲ ਸਿੰਘ, ਬਲਵਿੰਦਰ ਸਿੰਘ ਢਿੱਲਵਾਂ, ਜੋਗਾ ਸਿੰਘ ਮਾਨ, ਕੁਲਵਿੰਦਰ ਸਿੰਘ ਬੇਦੀ ਵਾਈਸ ਪ੍ਰਧਾਨ ਨਗਰ ਕੌਂਸਲ,ਪ੍ਰਚਾਰਕ ਭਾਈ ਹਰਪਾਲ ਸਿੰਘ, ਭਾਈ ਹਿੰਮਤਬੀਰ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ ।

# ਲਿਬਰੇਸ਼ਨ ਵੱਲੋਂ ਪੀ ਯੂ ਦੇ ਵਿਦਿਆਰਥੀਆਂ ਨੂੰ ਜਿੱਤ ਦੀ ਵਧਾਈ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਸੀਪੀਆਈਐੱਮਐੱਲ ਲਿਬਰੇਸ਼ਨ ਨੇ ਕੇਂਦਰ ਸਰਕਾਰ ਨੂੰ ਪੰਜਾਬ ਯੂਨੀਵਰਸਿਟੀ ਦੇ ਸੁਆਲ ਉਪਰ ਪਿੱਛੇ ਧੱਕਣ ਦੀ, ਪੰਜਾਬ ਦੀਆਂ ਜਨਤਕ ਜਥੇਬੰਦੀਆਂ, ਰਾਜਨੀਤਕ ਪਾਰਟੀਆਂ ਅਤੇ ਖਾਸ ਕਰ ਵਿਦਿਆਰਥੀਆਂ ਨੂੰ ਜੇਤੂ ਵਧਾਈ ਦਿੱਤੀ ਹੈ। ਇਸ ਸਬੰਧੀ ਪ੍ਰੈੱਸ ਬਿਆਨ ਜਾਰੀ ਕਰਦਿਆਂ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰਾ ਨੇ ਕਿਹਾ ਕਿ ਹੁਣ ਕਦੇ ਵੀ ਕੇਂਦਰ ਸਰਕਾਰ ਛੇਤੀ ਕੀਤੇ ਪੰਜਾਬ ਯੂਨੀਵਰਸਿਟੀ ਵੱਲ ਝਾਕਣ ਦੀ ਗਲਤੀ ਨਹੀਂ ਕਰੇਗੀ, ਜਦੋਂ ਕਿ ਪੰਜਾਬ ਦੇ ਨੌਜਵਾਨ ਅਤੇ ਪੰਜਾਬ ਦੀ ਜਨਤਾ ਇਸ ਸੁਆਲ ਦਾ ਪੱਕੇ ਤੌਰ 'ਤੇ ਹੱਲ ਕਰਨ, ਸੈਨੇਟ ਦੀਆਂ ਚੋਣਾਂ ਕਰਾਉਣ ਸਮੇਤ ਆਪਣੀ ਰਾਜਧਾਨੀ ਚੰਡੀਗੜ੍ਹ ਲੈਣ, ਸਮੁੱਚੇ ਹਾਈਡਲ ਪ੍ਰੋਜੈਕਟਾਂ ਸਮੇਤ ਭਾਖੜਾ ਬਿਆਸ ਮੈਨੇਜਮੈਂਟ ਅਤੇ ਦਰਿਆਈ ਪਾਣੀਆਂ ਦੇ ਸੁਆਲ ਨੂੰ ਪੰਜਾਬ ਦੇ ਹਿੱਤ ਵਿੱਚ ਹੱਲ ਕਰਨ ਲਈ ਸੰਘਰਸ਼ ਨੂੰ ਤੇਜ਼ ਕਰੇਗੀ।ਬਖਤਪੁਰ ਨੇ ਕਿਹਾ ਕਿ ਕੇਂਦਰ ਸਰਕਾਰ ਨੂੰ ਪੰਜਾਬੀਆਂ ਦੇ ਹੱਕਾਂ 'ਤੇ ਕਦਾਚਿਤ ਡਾਕੇ ਮਾਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।


# ਵਿਧਾਨ ਸਭਾ ਹਲਕਾ ਭੋਆ ਲਈ 28 ਹੋਰ ਸੜਕਾਂ ਦੇ ਨਿਰਮਾਣ ਦੀ ਮਿਲੀ ਮਨਜ਼ੂਰੀ: ਕਟਾਰੂਚੱਕ

**ਪਠਾਨਕੋਟ (ਦਵਿੰਦਰ ਸਿੰਘ)**-ਵਿਧਾਨ ਸਭਾ ਹਲਕਾ ਭੋਆ ਦੇ ਲੋਕਾਂ ਲਈ ਹੋਰ ਵੀ ਖੁਸ਼ੀ ਦੀ ਗੱਲ ਹੈ ਕਿ ਹੁਣ 28 ਹੋਰ ਨਵੇਂ ਰੋਡ ਵਿਧਾਨ ਸਭਾ ਹਲਕਾ ਭੋਆ ਨੂੰ ਮਿਲੇ ਹਨ ਅਤੇ ਇਸ ਸਮੇਂ ਹਲਕੇ ਅੰਦਰ ਕਰੀਬ 100 ਤੋਂ ਜ਼ਿਆਦਾ ਰੋਡ ਦਾ ਨਿਰਮਾਣ ਕੀਤਾ ਜਾ ਰਿਹਾ ਹੈ।ਇਹ ਪ੍ਰਗਟਾਵਾ ਲਾਲ ਚੰਦ ਕਟਾਰੂ ਚੱਕ ਕੈਬਨਿਟ ਮੰਤਰੀ ਪੰਜਾਬ ਵੱਲੋਂ ਵਿਧਾਨ ਸਭਾ ਹਲਕਾ ਭੋਆ ਦੇ ਅੰਦਰ ਚੱਲ ਰਹੇ ਵੱਖ-ਵੱਖ ਰੋਡ ਦੇ ਨਿਰਮਾਣ ਕਾਰਜਾਂ ਦਾ ਨਿਰੀਖਣ ਕਰਨ ਮਗਰੋਂ ਕੀਤਾ।ਇਸ ਮੌਕੇ ਉਨ੍ਹਾਂ ਦੇ ਨਾਲ ਹੋਰਨਾਂ ਤੋਂ ਇਲਾਵਾ ਨਰੇਸ਼ ਸੈਣੀ ਜ਼ਿਲ੍ਹਾ ਪ੍ਰਧਾਨ ਬੀਸੀ ਵਿੰਗ, ਪਵਨ ਕੁਮਾਰ ਫੌਜੀ ਬਲਾਕ ਪ੍ਰਧਾਨ, ਸੰਦੀਪ ਕੁਮਾਰ ਬਲਾਕ ਪ੍ਰਧਾਨ ਅਤੇ ਹੋਰ ਆਮ ਆਦਮੀ ਪਾਰਟੀ ਦੇ ਕਾਰਜ ਕਰਤਾ ਹਾਜ਼ਰ ਸਨ।




ਇਸ ਮੌਕੇ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ ਕਿ ਇਸ ਸਮੇਂ ਵਿਧਾਨ ਸਭਾ ਹਲਕਾ ਭੋਆ ਦੇ ਅੰਦਰ ਵੱਖ-ਵੱਖ ਰੋਡ ਦੇ ਨਿਰਮਾਣ ਕਾਰਜ ਚੱਲ ਰਹੇ ਹਨ ਅਤੇ ਉਨ੍ਹਾਂ ਵੱਲੋਂ ਵੱਖ-ਵੱਖ ਸਮੇਂ ਉਤੇ ਅਕਸਰ ਇਨ੍ਹਾਂ ਰੋਡਜ਼ ਦਾ ਨਿਰੀਖਣ ਕਰਨ ਲਈ ਵਿਸ਼ੇਸ਼ ਦੌਰੇ ਕੀਤੇ ਜਾਂਦੇ ਹਨ। ਦੌਰੇ ਦੌਰਾਨ ਇਸ ਗੱਲ ਦਾ ਵਿਸ਼ੇਸ਼ ਧਿਆਨ ਰੱਖਿਆ ਜਾਂਦਾ ਹੈ ਕਿ ਕਿਸੇ ਸਥਾਨ 'ਤੇ ਕੋਈ ਗਲਤ ਮਟੀਰੀਅਲ ਤਾਂ ਨਹੀਂ ਪਾਇਆ ਜਾ ਰਿਹਾ ਜਾਂ ਲੋਕਾਂ ਦੀਆਂ ਇਛਾਵਾਂ ਮੁਤਾਬਿਕ ਰੋਡ ਬਣਾਇਆ ਜਾ ਰਿਹਾ ਜਾ ਨਹੀਂ। ਇਸ ਤੋਂ ਇਲਾਵਾ ਇਹ ਵੀ ਧਿਆਨ ਰੱਖਿਆ ਜਾਂਦਾ ਹੈ ਕਿ ਰੋਡ ਦਾ ਨਿਰਮਾਣ ਲੋਕ ਨਿਰਮਾਣ ਵਿਭਾਗ ਜਾਂ ਮੰਡੀ ਬੋਰਡ ਦੇ ਪੈਰਾਮੀਟਰ ਨੂੰ ਧਿਆਨ ਵਿੱਚ ਰੱਖ ਕੇ ਕੀਤਾ ਜਾ ਰਿਹ ਜਾਂ ਨਹੀਂ। ਉਨ੍ਹਾਂ ਕਿਹਾ ਕਿ ਅੱਜ ਉਨ੍ਹਾਂ ਵੱਲੋਂ ਇੱਕ ਵਾਰ ਫਿਰ ਦੀਨਾਨਗਰ ਤੋਂ ਘਰੋਟਾ ਅਤੇ ਤਾਰਾਗੜ੍ਹ ਬੇਗੋਵਾਲ ਜਾਮਣ ਚੌਂਕ ਤੋਂ ਲੈ ਕੇ ਤੇ ਫੂਲਪੁਰ ਤੱਕ ਦਾ ਰੋਡ ਜਿੱਥੇ ਪ੍ਰੀਮਿਕਸ ਪਾਈ ਜਾ ਰਹੀ ਹੈ, ਦੀ ਜਾਂਚ ਕੀਤੀ ਗਈ ਅਤੇ ਰੋਡ ਦੇ ਨਿਰਮਾਣ ਕਾਰਜਾਂ ਨੂੰ ਲੈ ਕੇ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।

# ਚਲਾਨ ਘੱਪਲੇਬਾਜ਼ੀ ਮਾਮਲਾ: ਦੋਸ਼ੀਆਂ ਵਿਰੁੱਧ ਕਾਰਵਾਈ ਲਈ ਮੁੱਖ ਮੰਤਰੀ ਨੂੰ ਲਿਖਿਆ ਪੱਤਰ



ਛੇਹਰਟਾ, (ਮਨੋਜ ਕੁਮਾਰ)-ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਪ੍ਰਧਾਨ ਤੇ ਸਮਾਜ ਸੇਵਕ ਅਨੁਜ ਖੇਮਕਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਪੱਤਰ ਲਿਖ ਕੇ 250 ਚਲਾਨਾਂ ਦੇ ਨਾਂਅ 'ਤੇ ਆਰਟੀਓ ਦਫ਼ਤਰ, ਅੰਮ੍ਰਿਤਸਰ ਵਿਚ ਹੋਈ ਘੱਪਲੇਬਾਜ਼ੀ ਦੇ ਮਾਮਲੇ ਦੇ ਦੋਸ਼ੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ। ਉਨ੍ਹਾਂ ਆਪਣੇ ਪੱਤਰ ਵਿਚ ਲਿਖਿਆ ਹੈ ਕਿ ਮੁੱਖ ਮੰਤਰੀ ਪੰਜਾਬ ਨੇ ਰਿਸ਼ਵਤਖੋਰੀ ਨੂੰ ਖ਼ਤਮ ਕਰਨ ਲਈ ਹੀ ਅਜਿਹੀ ਵਿਵਸਥਾ ਬਣਾਈ ਸੀ ਕਿ ਲੋਕਾਂ ਨੂੰ ਆਪਣੇ ਕੰਮਾਂ ਲਈ ਆਰਟੀਓ ਦਫ਼ਤਰ ਜਾਣ ਦੀ ਜ਼ਰੂਰਤ ਨਾ ਪਵੇ। ਪ੍ਰੰਤੂ ਵਿਭਾਗ ਵਿਚ ਅਜਿਹੀਆਂ ਕਾਲੀਆਂ ਭੇਡਾਂ ਅਜੇ ਵੀ ਮੌਜੂਦ ਹਨ, ਜੋ ਸਰਕਾਰ ਦੇ ਖ਼ਜ਼ਾਨੇ ਨੂੰ ਚੂਨਾ ਲਾਉਣ ਤੋਂ ਬਾਜ਼ ਨਹੀਂ ਆ ਰਹੀਆਂ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਵਿਚ ਮਾਨਯੋਗ ਸੀਜੀਐੱਮ. ਕੋਰਟ ਦੀ ਜਾਅਲ੍ਹੀ ਮੋਹਰ ਲਗਾਉਣ ਤੇ ਨਕਲੀ ਹਸਤਾਖ਼ਰ ਕਰਨ ਦੀ ਧਾਂਦਲੀ ਹੀ ਸਾਹਮਣੇ ਆਈ ਹੈ। ਉਨ੍ਹਾਂ ਮੁੱਖ ਮੰਤਰੀ ਕੋਲੋਂ ਮੰਗ ਕੀਤੀ ਕਿ ਇਸ ਮਾਮਲੇ ਵਿਚ ਦੋਸ਼ੀ ਪਾਏ ਜਾਣ ਵਾਲਿਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ।

# ਡਾ. ਗੁਰਪ੍ਰੀਤ ਕੌਰ ਦੇ ਚੋਣ ਪ੍ਰਚਾਰ ਦੌਰਾਨ ਕਈ ਪਰਿਵਾਰਾਂ ਨੇ ਕੀਤੀ 'ਆਪ' 'ਚ ਸ਼ਮੂਲੀਅਤ



ਤਰਨਤਾਰਨ, (ਪ੍ਰਿਤਪਾਲ ਸਿੰਘ)-ਤਰਨਤਾਰਨ ਵਿਧਾਨ ਸਭਾ ਜ਼ਿਮਨੀ ਚੋਣ ਦੇ ਭਖੇ ਹੋਏ ਮਾਹੌਲ ਵਿਚਕਾਰ ਆਮ ਆਦਮੀ ਪਾਰਟੀ ਦੀ ਚੋਣ ਮੁਹਿੰਮ ਨੂੰ ਉਸ ਸਮੇਂ ਜ਼ਬਰਦਸਤ ਹੁਲਾਰਾ ਮਿਲਿਆ, ਜਦੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪਤਨੀ ਡਾ. ਗੁਰਪ੍ਰੀਤ ਕੌਰ ਅਤੇ ਉਨ੍ਹਾਂ ਦੀ ਮਾਤਾ ਨੇ ਪਿੰਡ ਮੂਸੇ ਕਲਾਂ ਵਿਖੇ ਨਿੱਜੀ ਤੌਰ ਤੇ ਚੋਣ ਮੈਦਾਨ ਵਿੱਚ ਉਤਰ ਕੇ ਪਾਰਟੀ ਉਮੀਦਵਾਰ ਹਰਮੀਤ ਸਿੰਘ ਸੰਧੂ ਦੇ ਹੱਕ ਵਿੱਚ ਜ਼ੋਰਦਾਰ ਪ੍ਰਚਾਰ ਕੀਤਾ। ਉਨ੍ਹਾਂ ਦੀ ਆਮਦ ਨਾਲ ਪਾਰਟੀ ਵਰਕਰਾਂ ਅਤੇ ਆਮ ਲੋਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।ਇਸ ਮੌਕੇ ਡਾ. ਗੁਰਪ੍ਰੀਤ ਕੌਰ ਦੀ ਮੌਜੂਦਗੀ ਵਿੱਚ ਪਿੰਡ ਦੇ ਕਈ ਪ੍ਰਮੁੱਖ ਪਰਿਵਾਰਾਂ ਨੇ ਰਵਾਇਤੀ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਕੀਤੀ।ਡਾ. ਗੁਰਪ੍ਰੀਤ ਕੌਰ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਨਵੇਂ ਮੈਂਬਰਾਂ ਦਾ ਨਿੱਘਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਪਾਰਟੀ ਵਿੱਚ ਉਨ੍ਹਾਂ ਨੂੰ ਪੂਰਾ ਮਾਣ-ਸਨਮਾਨ ਮਿਲੇਗਾ। ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕਾਂ ਨੇ ਵਿਕਾਸ ਦੇ ਨਾਂ ਤੇ ਵੋਟ ਪਾਉਣ ਦਾ ਮਨ ਬਣਾ ਲਿਆ ਹੈ ਅਤੇ ਹਰਮੀਤ ਸਿੰਘ ਸੰਧੂ ਦੀ ਜਿੱਤ ਨਾਲ ਹਲਕੇ ਦੇ ਵਿਕਾਸ ਕਾਰਜਾਂ ਨੂੰ ਹੋਰ ਗਤੀ ਮਿਲੇਗੀ। ਉਨ੍ਹਾਂ ਸਮੂਹ ਹਲਕਾ ਨਿਵਾਸੀਆਂ ਦਾ ਮਾਣ-ਸਨਮਾਨ ਅਤੇ ਪਿਆਰ ਦੇਣ ਲਈ ਦਿਲੋਂ ਸ਼ੁਕਰੀਆ ਅਦਾ ਕੀਤਾ

# ਗੁ. ਮਾਈਆਂ ਵਾਲਾ ਵਿਖੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ

**ਮਜੀਠਾ (ਸੋਇਮ ਆਨੰਦ)**-ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਅਵਤਾਰ ਪੁਰਬ ਦੇ ਸਬੰਧ ਵਿਚ ਗੁਰਦੁਆਰਾ ਮਾਈਆਂ ਵਾਲਾ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ, ਸਿੱਖ ਸੇਵਕ ਜਥਾ, ਧੰਨ ਧੰਨ ਬਾਬਾ ਦੀਪ ਸਿੰਘ ਜੀ ਨਿਸ਼ਕਾਮ ਸੇਵਾ ਸੁਸਾਇਟੀ, ਡੇਰਾ ਬਾਬਾ ਭਾਈ ਸਾਲ੍ਹੋ ਜੀ ਅਤੇ ਸ਼ਹਿਰ ਦੀਆਂ ਹੋਰ ਧਾਰਮਿਕ ਸਭਾ ਸੁਸਾਇਟੀਆਂ ਵੱਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਧਾਰਮਿਕ ਸਮਾਗਮ ਕਰਾਇਆ ਗਿਆ। ਸਵੇਰੇ ਵੇਲੇ ਪਹਿਲਾਂ ਚੱਲ ਰਹੀ ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਦੇ ਭੋਗ ਪਾਏ ਗਏ।ਸ਼ਾਮ ਵਕਤ ਰਹਿਰਾਸ ਸਾਹਿਬ ਦੇ ਪਾਠ ਤੋਂ ਬਾਅਦ ਭਾਈ ਮਨਮੀਤ ਸਿੰਘ ਮਜੀਠਾ ਦੇ ਰਾਗੀ ਜਥੇ ਵੱਲੋ ਮਨੋਹਰ ਗੁਰਬਾਣੀ ਕੀਰਤਨ ਅਤੇ ਗਿਆਨੀ ਕੇਵਲ ਸਿੰਘ ਹੈੱਡ ਗਰੰਥੀ ਸ੍ਰੀ ਦਰਬਾਰ ਸਾਹਿਬ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਬਾਣੀ ਅਧਾਰਿਤ ਜੀਵਨ, ਗੁਰੂ ਜੀ ਦੀਆਂ ਸਿੱਖਿਆਵਾਂ ਅਤੇ ਉਨ੍ਹਾਂ ਦੇ ਜੀਵਨ ਦੀਆਂ ਪ੍ਰਮੁੱਖ ਘਟਨਾਵਾਂ 'ਤੇ ਰੌਸ਼ਨੀ ਪਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ।



ਇਸ ਮੌਕੇ ਗੁਰਦਆਰਾ ਸਾਹਿਬ ਵਿੱਚ ਸੁੰਦਰ ਦੀਪਮਾਲਾ ਕੀਤੀ ਗਈ ਅਤੇ ਆਤਿਸ਼ਬਾਜ਼ੀ ਵੀ ਚਲਾਈ ਗਈ। ਸੰਗਤਾਂ ਵਾਸਤੇ ਗੁਰੂ ਦੇ ਅਤੁੱਟ ਲੰਗਰ ਲਗਾਏ।


# ਯੂ ਕੇ ਜੀ ਦੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਦੀ ਕਵਿਤਾ ਗਾਇਨ ਪ੍ਰਤੀਯੋਗਤਾ ਕਰਵਾਈ




ਬਟਾਲਾ (ਡਾ. ਮਲਵਿੰਦਰ ਸਿੰਘ)-ਬੀਤੇ ਦਿਨੀ ਯੂ .ਕੇ. ਜੀ. ਜਮਾਤ ਦੇ ਵਿਦਿਆਰਥੀਆਂ ਦੀ ਕਵਿਤਾ ਗਾਇਨ ਪ੍ਰਤੀਯੋਗਤਾ ਕਰਵਾਈ ਗਈ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਹਰਪ੍ਰੀਤ ਕੌਰ, ਕੋਆਡੀਨੇਟਰ ਅਕਵਿੰਦਰ ਕੌਰ, ਗੁਨੀਤ ਕੌਰ ਅਤੇ ਯੂਕੇਜੀ ਦੇ ਅਧਿਆਪਕ ਵੀ ਹਾਜ਼ਰ ਹੋਏ।ਕਵਿਤਾ ਦਾ ਵਿਸ਼ੇ ਪਾਣੀ ਬਚਾਓ, ਬੇਟੀ ਬਚਾਓ, ਧਰਤੀ ਬਚਾਓ, ਵਾਤਾਵਰਨ ਨੂੰ ਸਾਫ-ਸੁਥਰਾ ਰੱਖੋ ਅਤੇ ਪੌਸ਼ਟਿਕ ਭੋਜਨ ਖਾਓ, ਸਨ।ਯੂਕੇਜੀ ਦੇ ਵਿਦਿਆਰਥੀਆਂ ਨੇ ਦਿੱਤੇ ਵਿਸ਼ਿਆਂ ਨੂੰ ਚੰਗੇ ਤਰੀਕੇ ਨਾਲ ਕਵਿਤਾ ਗਾਇਨ ਦੇ ਰੂਪ ਵਿੱਚ ਪੇਸ਼ ਕੀਤਾ ।ਸਕੂਲ ਦੇ ਕੋਆਰਡੀਨੇਟਰ ਅਤੇ ਜੱਜਾਂ ਨੇ ਕਵਿਤਾ ਗਾ ਰਹੇ ਵਿਦਿਆਰਥੀ/ਵਿਦਿਆਰਥਣਾਂ ਦੇ ਹਾਵ ਭਾਵ ਅਤੇ ਬੋਲਣ ਦੀ ਕਲਾ ਦੀ ਪ੍ਰਸ਼ੰਸਾ ਕੀਤੀ ।ਇਸ ਪ੍ਰਤੀਯੋਗਤਾ ਵਿੱਚ ਪਹਿਲਾ ਸਥਾਨ ਦੂਜਾ ਸਥਾਨ ਅਤੇ ਤੀਸਰਾ ਸਥਾਨ ਦੀ ਜੱਜਾ ਦੁਆਰਾ ਚੁਣਿਆ ਗਿਆ। ਸਕੂਲ ਦੇ ਪ੍ਰਿੰਸੀਪਲ ਨੇ ਵਿਦਿਆਰਥੀਆਂ ਦੀ ਬਹੁਤ ਪ੍ਰਸ਼ੰਸਾ ਕਰਦਿਆਂ ਇਨਾਮ ਵੀ ਦਿੱਤੇ।

# ਤਰਨ ਤਾਰਨ ਜ਼ਿਮਨੀ ਚੋਣ 'ਚ ਆਮ ਆਦਮੀ ਪਾਰਟੀ ਦੀ ਜਿੱਤ ਪੱਕੀ: ਬਰਸਟ

ਤਰਨਤਾਰਨ, (ਨਜ਼ਸ)-ਵਿਧਾਨ ਸਭਾ ਹਲਕਾ ਤਰਨਤਾਰਨ ਦੀ ਜ਼ਿਮਨੀ ਚੋਣ ਨੂੰ ਲੈ ਕੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਲੋਕਾਂ ਵਿੱਚ ਭਾਰੀ ਉਤਸ਼ਾਹ ਦੀ ਲਹਿਰ ਦਿਖ ਰਹੀ ਹੈ।ਇਸ ਸਬੰਧ ਵਿੱਚ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਆਪ ਉਮੀਦਵਾਰ ਹਰਮੀਤ ਸਿੰਘ ਸੰਧੂ ਦੇ ਹੱਕ ਵਿੱਚ ਟਾਂਗ ਸ਼ਤਰੀ ਮੁਹੱਲਾ ਵਿਖੇ ਜੋਸ਼ ਭਰੀ ਨੁੱਕੜ ਮੀਟਿੰਗ ਕੀਤੀ ਗਈ। ਇਸ ਮੌਕੇ ਸ. ਬਰਸਟ ਨੇ ਲੋਕਾਂ ਨਾਲ ਖਾਸ ਮੁਲਾਕਾਤ ਕੀਤੀ ਅਤੇ ਪੰਜਾਬ ਸਰਕਾਰ ਦੇ ਲੋਕ ਪੱਖੀ ਕਾਰਜਾਂ ਤੇ ਉਪਲੱਬਧੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਪ੍ਰਤੀ ਤਰਨਤਾਰਨ ਦੇ ਲੋਕਾਂ ਦੇ ਪਿਆਰ ਤੇ ਉਤਸ਼ਾਹ ਤੋਂ ਸੱਪਸ਼ਟ ਹੈ ਕਿ ਤਰਨਤਾਰਨ ਜਿਮਨੀ ਚੋਣ ਵਿੱਚ ਆਪ ਦੀ ਜਿੱਤ ਪੱਕੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਪਣੇ ਸਾਢੇ ਤਿੰਨ ਸਾਲਾਂ ਦੇ ਕਾਰਜਕਾਲ ਦੌਰਾਨ ਹਰ ਖੇਤਰ ਵਿੱਚ ਮਿਸਾਲੀ ਕਾਰਜ ਕੀਤੇ ਗਏ ਹਨ। ਸਿਹਤ, ਸਿੱਖਿਆ, ਰੁਜ਼ਗਾਰ, ਖੇਡਾਂ ਸਮੇਤ ਹਰ ਖੇਤਰ ਵਿੱਚ ਲੋਕਾਂ ਨੂੰ ਬਹਿਤਰ ਸੇਵਾਵਾਂ ਪ੍ਰਦਾਨ ਕੀਤੀ ਜਾ ਰਹੀ ਹਨ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਚੰਗੀਆਂ ਸਿਹਤ ਸਹੂਲਤਾਂ ਮੁਹੱਇਆ ਕਰਵਾਉਣ ਦੇ ਉਦੇਸ਼ ਨਾਲ ਆਮ ਆਦਮੀ ਕਲੀਨਿਕ ਸਥਾਪਿਤ ਕੀਤੇ ਗਏ ਹਨ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਮ ਆਦਮੀ ਪਾਰਟੀ ਦੇ ਉਮੀਦਵਾਰ ਸ. ਹਰਮੀਤ ਸਿੰਘ ਸੰਧੂ ਨੂੰ ਭਾਰੀ ਬਹੁਮਤ ਨਾਲ ਜਿਤਾਉਣ।



# ਸਰਹੱਦੀ ਲੋਕ ਸੇਵਾ ਸੰਮਤੀ ਤੇ ਆਰ ਐੱਸ ਐੱਸ ਨੇ ਲੋੜਵੰਦ ਲੋਕਾਂ ਲਈ ਲਾਇਆ ਫਰੀ ਮੈਡੀਕਲ ਕੈਂਪ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਰਹੱਦੀ ਲੋਕ ਸੇਵਾ ਸੰਮਤੀ ਡੇਰਾ ਬਾਬਾ ਨਾਨਕ ਅਤੇ ਆਰਐੱਸਐੱਸ ਵੱਲੋਂ ਸਾਂਝੇ ਤੌਰ 'ਤੇ ਦਰਬਾਰ ਬਾਬਾ ਲਖਮੀ ਚੰਦ ਹਾਲ ਡੇਰਾ ਬਾਬਾ ਨਾਨਕ ਵਿਖੇ ਕਸਬੇ ਨਾਲ ਲੱਗਦੇ ਵੱਖ-ਵੱਖ ਪਿੰਡਾਂ ਦੇ ਲੋੜਵੰਦ ਲੋਕਾਂ ਦੀ ਮਦਦ ਕਰਦੇ ਹੋਏ ਫਰੀ ਮੈਡੀਕਲ ਕੈਂਪ ਲਗਾਇਆ ਗਿਆ।ਕੈਂਪ ਵਿੱਚ ਏਮਜ਼ ਹਸਪਤਾਲ ਬਠਿੰਡਾ ਦੇ ਡਾ. ਅਰਸ਼ਦੀਪ ਸਿੰਘ ਮੱਲ੍ਹੀ ਵੱਲੋਂ ਆਪਣੀ ਟੀਮ ਨਾਲ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਮਰੀਜ਼ਾਂ ਦੀ ਸਿਹਤ ਦੀ ਜਾਂਚ ਕੀਤੀ ਗਈ ਅਤੇ ਉਨ੍ਹਾਂ ਨੂੰ ਫ਼ਰੀ ਦਵਾਈਆਂ ਦਿੱਤੀਆਂ ਗਈਆਂ।ਸ਼ੂਗਰ ਦੇ ਟੈਸਟ, ਬਲੱਡ ਪ੍ਰੈਸ਼ਰ ਅਤੇ ਹੋਰ ਟੈਸਟ ਵੀ ਕੀਤੇ ਗਏ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਅਰਸ਼ਦੀਪ ਸਿੰਘ, ਡਾ. ਕਰਨਪ੍ਰੀਤ ਸਿੰਘ ਤੇ ਡਾ. ਸੁਮਨਦੀਪ ਕੌਰ ਨੇ ਕਿਹਾ ਕਿ ਇਹ ਕੈਂਪ ਭਾਈ ਕਨੱਈਆ ਸਿਹਤ ਸੇਵਾ ਯਾਤਰਾ ਪੰਜਾਬ ਦੇ ਚੱਲਦਿਆਂ ਪੰਜਾਬ ਦੇ ਸਰਹੱਦੀ ਜ਼ਿਲ੍ਹਿਆਂ ਵਿੱਚ ਸਿਹਤ ਜਾਂਚ, ਦਵਾਈ ਵੰਡ ਅਤੇ ਸਿਹਤਮੰਦ ਜੀਵਨ ਸ਼ੈਲੀ ਜਾਗਰੂਕਤਾ ਮੁਹਿੰਮ ਤਹਿਤ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਲੋੜਵੰਦ ਲੋਕਾਂ ਦੀ ਸਿਹਤ ਸਹੂਲਤ ਲਈ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਸਦਕਾ ਲਗਾਏ ਜਾਂਦੇ ਹਨ। ਇਸ ਮੌਕੇ ਸਰਹੱਦੀ ਲੋਕ ਸੇਵਾ ਭਾਰਤੀ ਤੇ ਆਰਐੱਸਐੱਸ ਦੇ ਮੈਂਬਰ ਰਾਜਨ ਡੋਗਰਾ, ਰਮੇਸ਼ ਅਵਸਥੀ ਨੇ ਏਮਜ਼ ਹਸਪਤਾਲ ਬਠਿੰਡਾ ਦੇ ਡਾਕਟਰਾਂ ਦੀ ਟੀਮ ਦਾ ਧੰਨਵਾਦ ਕੀਤਾ।

ਇਸ ਮੌਕੇ 150 ਦੇ ਕਰੀਬ ਲੋੜਵੰਦ ਲੋਕਾਂ ਦੀ ਸਿਹਤ ਦੀ ਜਾਂਚ ਕਰਨ ਉਪਰੰਤ ਉਨ੍ਹਾਂ ਨੂੰ ਦਵਾਈਆਂ ਦਿੱਤੀਆਂ।

ਉਨ੍ਹਾਂ ਦੱਸਿਆ ਕਿ ਪੰਜਾਬ ਵਿੱਚ ਜਿਸ ਦਿਨ ਤੋਂ ਹੜ੍ਹ ਆਏ ਸਨ, ਸਾਡੀ ਸੰਸਥਾ ਵੱਲੋਂ ਉਸ ਦਿਨ ਤੋਂ ਹੀ ਪੰਜਾਬ ਦੇ ਵੱਖ-ਵੱਖ ਇਲਾਕਿਆਂ ਵਿੱਚ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ ਅਤੇ ਹੜ੍ਹ ਪ੍ਰਭਾਵਿਤ ਲੋਕਾਂ ਦੀ ਕਿਸੇ ਨਾ ਕਿਸੇ ਰੂਪ ਵਿੱਚ ਮਦਦ ਕੀਤੀ ਜਾ ਰਹੀ ਹੈ ।

ਸਰਹੱਦੀ ਲੋਕ ਸੇਵਾ ਸੰਮਤੀ ਪੰਜਾਬ ਦੇ ਮੁਖੀ ਕੇਵਲ ਕ੍ਰਿਸ਼ਨ ਸ਼ਰਮਾ ਕਲਾਨੇ, ਕਮਲ ਸ਼ਰਮਾ ਬਟਾਲਾ ਵੱਲੋਂ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ। ਇਸ ਮੌਕੇ ਡਾ. ਜਤਿਨ ਅਗਰਵਾਲ, ਡਾ. ਭਾਵਨਾ, ਸੁਮਿਤ ਅਰੋੜਾ, ਕੌਂਸਲਰ ਰਜਤ ਮਰਵਾਹਾ, ਹੇਮ ਰਾਜ, ਰਿਹਾਨ, ਰਿੰਕੂ ਮਰਵਾਹਾ, ਰਾਜੇਸ਼ ਸ਼ਰਮਾ ਕਲਾਨੌਰ, ਮਾਸਟਰ ਪਲਵਿੰਦਰ ਸਿੰਘ ਰੰਧਾਵਾ, ਸੂਰਜ ਨਈਅਰ, ਦੀਪਕ ਨਈਅਰ, ਮੁਨੀਸ਼ ਅਬਰੋਲ, ਅਕਾਸ਼ ਸ਼ਰਮਾ, ਰਿਸ਼ੂ ਮਹਾਜਨ ਆਦਿ ਹਾਜ਼ਰ ਸਨ।

# 'ਟੀਚਰ ਆਫ਼ ਦਾ ਯੀਅਰ ਆਫ਼ ਪੰਜਾਬ ਐਵਾਰਡ-2024' ਪ੍ਰੋਗਰਾਮ ਆਯੋਜਿਤ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)—ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ ਜੀ. ਟੀ. ਰੋਡ ਵਿਖੇ 'ਟੀਚਰ ਆਫ਼ ਦਾ ਯੀਅਰ ਆਫ਼ ਪੰਜਾਬ ਐਵਾਰਡ-2024' ਪ੍ਰੋਗਰਾਮ ਕਰਵਾਇਆ ਗਿਆ।ਖਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਦੁਆਰਾ ਵਿੱਦਿਅਕ ਅਦਾਰਿਆਂ 'ਚ ਸ਼ਾਨਦਾਰ ਭੂਮਿਕਾਵਾਂ ਨਿਭਾਉਣ ਵਾਲੇ ਅਧਿਆਪਕਾਂ ਦੀ ਹੌਸਲਾ ਅਫਜ਼ਾਈ ਲਈ ਜਾਰੀ ਨਿਰਦੇਸ਼ਾਂ ਤਹਿਤ ਉਲੀਕਿਆ ਉਕਤ ਪ੍ਰੋਗਰਾਮ ਖ਼ਾਲਸਾ ਗਲੋਬਲ ਰੀਚ ਫਾਊਂਡੇਸ਼ਨ (ਯੂ. ਐੱਸ.) ਦੇ ਸਹਿਯੋਗ ਸਦਕਾ ਆਯੋਜਿਤ ਕੀਤਾ ਗਿਆ।ਉਕਤ ਐਵਾਰਡ ਪ੍ਰੋਗਰਾਮ ਲਈ ਪੰਜਾਬ ਭਰ ਤੋਂ 40 ਦੇ ਕਰੀਬ ਅਧਿਆਪਕਾਂ ਨੇ ਬਿਨੈ-ਪੱਤਰ ਭੇਜੇ ਸਨ ਜਿਨ੍ਹਾਂ 'ਚ 10 ਅਧਿਆਪਕਾਂ ਨੂੰ ਚੁਣ ਕੇ ਇਸ ਸਬੰਧੀ ਵਿਸ਼ੇਸ਼ ਸੱਦਾ ਦਿੱਤਾ ਗਿਆ ਸੀ।ਇਸ ਪ੍ਰੋਗਰਾਮ ਦੌਰਾਨ ਸ: ਨਰਿੰਦਰ ਸਿੰਘ ਨੂੰ 'ਉੱਤਮ ਅਧਿਆਪਕ' ਦੇ ਐਵਾਰਡ ਨਾਲ ਨਿਵਾਜ਼ਿਆ ਗਿਆ ਜਿਸ 'ਚ ਉਨ੍ਹਾਂ ਨੂੰ ਸਨਮਾਨ ਪੱਤਰ ਅਤੇ ਇੱਕ ਲੱਖ ਰੁਪਏ ਦੀ ਰਾਸ਼ੀ ਪ੍ਰਦਾਨ ਕੀਤੀ ਗਈ। ਜਦਕਿ ਡਾ. ਹਰਿਭਜਨ ਪ੍ਰਿਯਦਰਸ਼ੀ ਨੂੰ 25000 ਰੁਪਏ ਅਤੇ ਰੁਪਿੰਦਰਜੀਤ ਕੌਰ ਨੂੰ 15000 ਰੁਪਏ ਦੀ ਇਨਾਮ ਰਾਸ਼ੀ ਅਤੇ ਪ੍ਰਸ਼ੰਸਾ ਪੱਤਰ ਨਾਲ ਨਿਵਾਜਿਆ ਗਿਆ। ਇਸ ਪ੍ਰੋਗਰਾਮ ਦੀ ਸ਼ੁਰੂਆਤ ਦੌਰਾਨ 'ਵਰਸਿਟੀ ਦੇ ਰਜਿਸਟਰਾਰ ਡਾ. ਖੁਸ਼ਵਿੰਦਰ ਕੁਮਾਰ ਨੇ ਆਏ ਮੁੱਖ ਮਹਿਮਾਨਾਂ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਦਿਆਂ ਸਵਾਗਤ ਕੀਤਾ।ਉਪਰੰਤ ਡਾ. ਕੁਮਾਰ ਅਜੋਕੇ ਤਕਨੀਕੀ ਯੁੱਗ 'ਚ ਅਧਿਆਪਕਾਂ ਦੀ ਵੱਧ ਰਹੀ ਜ਼ਿੰਮੇਵਾਰੀ ਅਤੇ ਭੂਮਿਕਾ ਬਾਰੇ ਚਰਚਾ ਕਰਦਿਆਂ ਸਮੂਹ ਅਧਿਆਪਕਾਂ ਨੂੰ ਉਕਤ ਐਵਾਰਡ ਲਈ ਨਾਮਜ਼ਦ ਹੋਣ 'ਤੇ ਵਧਾਈ ਦਿੱਤੀ।ਇਸ ਮੌਕੇ ਉਨ੍ਹਾਂ ਰੀਚ ਫਾਊਡੇਸ਼ਨ ਦੇ ਪ੍ਰਧਾਨ ਡਾ. ਬਖਸ਼ੀਸ਼ ਸਿੰਘ ਸੰਧੂ ਦਾ ਇਸ ਉਪਰਾਲੇ ਲਈ ਧੰਨਵਾਦ ਕਰਦਿਆਂ ਕਿਹਾ ਕਿ ਅਧਿਆਪਕ ਦੇਸ਼ ਦੇ ਨਿਰਮਾਤਾ ਹੁੰਦੇ ਹਨ ਅਤੇ ਗੁਰੂ ਦਾ ਦਰਜਾ ਵੱਖ-ਵੱਖ ਯੋਗਾ ਤੋਂ ਹੁਣ



ਤੱਕ ਉਚਤਮ ਰਿਹਾ ਹੈ ਅਤੇ ਅਧਿਆਪਕ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਆਪਣੇ ਦਰਜੇ ਦੀ ਮਰਿਆਦਾ ਨੂੰ ਸਮਝਦੇ ਹੋਏ ਆਪਣੇ ਫ਼ਰਜ਼ ਪੂਰੇ ਕਰੇ।ਇਸ ਮੌਕੇ 'ਵਰਸਿਟੀ ਦੇ ਅਕਾਦਮਿਕ ਡੀਨ ਡਾ. ਸੁਰਿੰਦਰ ਕੌਰ ਨੇ ਕਿਹਾ ਕਿ ਅਧਿਆਪਕ ਹੀ ਵਿਦਿਆਰਥੀਆਂ ਦੀਆਂ ਯੋਗਤਾਵਾਂ ਨੂੰ ਪਛਾਣਦੇ ਹੋਏ ਉਨ੍ਹਾਂ ਨੂੰ ਨਵੀਂ ਰਾਹ ਦਿਖਾਉਂਦੇ ਹਨ ਅਤੇ ਅੱਜ ਇੱਥੇ ਪਹੁੰਚੇ ਹੋਏ ਅਧਿਆਪਕਾਂ ਦੁਆਰਾ ਕੀਤੇ ਜਾ ਰਹੇ ਵਿਲੱਖਣ ਯਤਨ ਸ਼ਲਾਘਾਯੋਗ ਹਨ।ਰੀਚ ਫਾਊਂਡੇਸ਼ਨ ਦੇ ਕੋ-ਆਰਡੀਨੇਟਰ ਸ: ਸਰਬਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਸਰਕਾਰੀ ਪ੍ਰਾਇਮਰੀ ਸਕੂਲ, ਜੰਡਿਆਲੀ, ਲੁਧਿਆਣਾ ਦੇ ਹੈੱਡ ਟੀਚਰ ਨਰਿੰਦਰ ਸਿੰਘ ਨੂੰ ਉਤਮ ਅਧਿਆਪਕ ਐਵਾਰਡ ਨਾਲ ਨਿਵਾਜਿਆ ਗਿਆ ਜਿਸ 'ਚ ਉਨ੍ਹਾਂ ਨੂੰ ਸਨਮਾਨ ਪੱਤਰ ਅਤੇ ਇਕ ਲੱਖ ਰੁਪਏ ਦੀ ਰਾਸ਼ੀ ਪ੍ਰਦਾਨ ਕੀਤੀ ਗਈ।ਜਦਕਿ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ, ਮਲੋਟ ਤੋਂ ਹਿੰਦੀ ਲੈਕਚਰਾਰ ਡਾ. ਹਰਿਭਜਨ ਪ੍ਰਿਯਦਰਸ਼ੀ ਨੂੰ 25000 ਰੁਪਏ ਅਤੇ ਸਰਕਾਰੀ ਹਾਈ ਸਕੂਲ, ਸਾਫੂਵਾਲਾ, ਮੋਗਾ ਤੋਂ ਸਾਇੰਸ ਮਿਸਟੈਰਸ ਰੁਪਿੰਦਰਜੀਤ ਕੌਰ ਨੂੰ 15000 ਰੁਪਏ ਦੀ ਇਨਾਮ ਰਾਸ਼ੀ ਅਤੇ ਪ੍ਰਸ਼ੰਸਾ ਪੱਤਰ ਨਾਲ ਨਿਵਾਜਿਆ ਗਿਆ।ਸਰਕਾਰੀ ਪ੍ਰਾਇਮਰੀ ਸਕੂਲ, ਭੰਡਾਲ ਦੋਨਾ ਤੋਂ ਈ. ਟੀ. ਟੀ. ਟੀਚਰ ਮੁਨੱਜ਼ਾ ਇਰਸ਼ਾਦ ਨੂੰ ਪੰਜਾਬੀ ਭਾਸ਼ਾ ਦੇ ਪਾਸਾਰ ਲਈ ਕੀਤੇ ਜਾ ਰਹੇ ਯਤਨਾਂ ਲਈ ਪੰਜਾਬੀ ਭਾਸ਼ਾ ਰਤਨ ਪੁਰਸਕਾਰ ਨਾਲ ਨਿਵਾਜਿਆ, ਜਿਸ ਤਹਿਤ ਪ੍ਰਸ਼ੰਸਾ ਪੱਤਰ ਅਤੇ 25000 ਨਕਦ ਰਾਸ਼ੀ ਪ੍ਰਦਾਨ ਕੀਤੀ ਗਈ।ਡਾ. ਸਰਬਜੀਤ ਸਿੰਘ ਨੇ ਕਿਹਾ ਡਾ. ਗਗਨਦੀਪ ਕੌਰ, ਪਲਵਿੰਦਰ ਕੌਰ, ਸ: ਅਮਨਪ੍ਰੀਤ ਸਿੰਘ, ਚੀਨੂ ਅਗਰਵਾਲ, ਹਰਪ੍ਰੀਤ ਕੌਰ, ਡਾ. ਪੂਨਮ ਗੁਪਤਾ, ਗੁਤਿੰਦਰ ਕੌਰ, ਸ: ਗੁਰਪ੍ਰੀਤ ਸਿੰਘ ਅਤੇ ਦਲਜੀਤ ਕੌਰ ਅਧਿਆਪਕਾਂ ਨੂੰ ਵਿਸ਼ੇਸ਼ ਸਨਮਾਨ ਦਿੱਤਾ ਗਿਆ।ਇਸ ਮੌਕੇ ਗਵਰਨਿੰਗ ਕੌਂਸਲ ਦੇ ਜੁਆਇੰਟ ਸਕੱਤਰ ਸ: ਗੁਰਪ੍ਰੀਤ ਸਿੰਘ ਗਿੱਲ, 'ਵਰਸਿਟੀ ਦੇ ਐਗਜ਼ਾਮੀਨੇਸ਼ਨ ਕੰਟਰੋਲਰ, ਡੀਨ ਡਾ. ਕੰਵਲਜੀਤ ਸਿੰਘ, ਖ਼ਾਲਸਾ ਕਾਲਜ ਦੇ ਪ੍ਰਿੰ. ਡਾ. ਆਤਮ ਸਿੰਘ ਰੰਧਾਵਾ, ਕਾਲਜ ਦੇ ਸਾਬਕਾ ਪ੍ਰਿੰ. ਡਾ. ਹਰਪ੍ਰੀਤ ਕੌਰ, ਖ਼ਾਲਸਾ ਕਾਲਜ ਇੰਟਰਨੈਸ਼ਨਲ ਪਬਲਿਕ ਸਕੂਲ, ਰਣਜੀਤ ਐਵੀਨਿਊ ਪ੍ਰਿੰ. ਨਿਰਮਲਜੀਤ ਕੌਰ ਗਿੱਲ, ਫਾਊਂਡੇਸ਼ਨ ਦੇ ਮੈਂਬਰ ਨਿਰਲੇਪ ਕੌਰ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਕਾਲਜ ਦੇ ਵਾਈਸ ਪ੍ਰਿੰ. ਅਤੇ ਪ੍ਰੋਗਰਾਮ ਕੋ-ਆਰਡੀਨੇਟਰ ਡਾ. ਨਿਰਮਲਜੀਤ ਕੌਰ, ਕੋ-ਆਰਡੀਨੇਟਰ, ਐਸੋਸੀਏਟ ਪ੍ਰੋਫੈਸਰ ਡਾ. ਗੁਰਜੀਤ ਕੌਰ, ਡਾ. ਰਾਜਵਿੰਦਰ ਕੌਰ, ਡਾ. ਹਰਸਿਮਰਨਜੀਤ ਕੌਰ, ਡਾ. ਅਵਨੀਤ ਕੌਰ ਸਮੇਤ ਹੋਰ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਗੁਰਦਾਸਪੁਰ ਦੀ ਜ਼ਿਲ੍ਹਾ ਪੱਧਰੀ ਵਿਸ਼ੇਸ਼ ਇਕੱਤਰਤਾ



ਗੁਰਦਾਸਪੁਰ (ਜਨਕ ਮਹਾਜਨ-ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਗੁਰਦਾਸਪੁਰ ਦੀ ਜ਼ਿਲ੍ਹਾ ਪੱਧਰੀ ਵਿਸ਼ੇਸ਼ ਇਕੱਤਰਤਾ ਜ਼ਿਲ੍ਹਾ ਪ੍ਰਧਾਨ ਜਵੰਦ ਸਿੰਘ ਦੀ ਪ੍ਰਧਾਨਗੀ ਹੇਠ ਸ਼ਹੀਦ ਬਲਜੀਤ ਸਿੰਘ ਯਾਦਗਾਰੀ ਹਾਲ ਗੁਰਦਾਸਪੁਰ ਵਿਖੇ ਹੋਈ ਜਿਸ ਵਿੱਚ ਸਵਿੰਦਰ ਸਿੰਘ ਔਲਖ, ਸੁਰੇਸ਼ ਸ਼ਰਮਾ, ਅਵਿਨਾਸ਼ ਸਿੰਘ, ਮੰਗਤ ਚੰਚਲ, ਪ੍ਰਕਾਸ਼ ਚੰਦ, ਪਿਆਰਾ ਸਿੰਘ ਡਡਵਾਂ, ਵਿਨੋਦ ਸ਼ਰਮਾ, ਜਗਦੀਪ ਸਿੰਘ, ਅਜੀਤ ਸਿੰਘ, ਰਘਬੀਰ ਸਿੰਘ ਚਾਹਲ, ਪ੍ਰਿੰ. ਕੁਲਵੰਤ ਸਿੰਘ, ਸੇਵਾ ਸਿੰਘ, ਪ੍ਰੇਮ ਨਾਥ, ਮਹਿੰਦਰ ਸਿੰਘ ਅਤੇ ਗੁਰਮੀਤ ਸਿੰਘ ਨੇ ਭਾਗ ਲਿਆ।ਇਕੱਤਰਤਾ ਦੌਰਾਨ ਹੋਰ ਮਸਲਿਆਂ ਤੋਂ ਇਲਾਵਾ ਪੈਨਸ਼ਨਰ ਦਿਹਾੜਾ 19 ਦਸੰਬਰ ਨੂੰ ਚੰਦਨ ਪੈਲੇਸ ਗੁਰਦਾਸਪੁਰ ਵਿਖੇ ਮਨਾਉਣ ਦਾ ਫੈਸਲਾ ਕੀਤਾ ਗਿਆ। ਇਸ ਤੋਂ ਇਲਾਵਾ ਹੋਰ ਵੀ ਕਈ ਮਸਲਿਆਂ 'ਤੇ ਅਹਿਮ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਸੁਰੇਸ਼ ਸ਼ਰਮਾ, ਸਵਿੰਦਰ ਸਿੰਘ ਔਲਖ, ਅਵਿਨਾਸ਼ ਸਿੰਘ, ਮੰਗਤ ਚੰਚਲ, ਪ੍ਰਕਾਸ਼ ਚੰਦ, ਵਿਨੋਦ ਸ਼ਰਮਾ ਅਤੇ ਅਜੀਤ ਸਿੰਘ ਨੇ ਵੀ ਵਿਚਾਰ-ਚਰਚਾ ਵਿੱਚ ਭਾਗ ਲਿਆ।

10 Nov Page 12.qxd 11/9/2025 10:28 PM Page 1



## ਸੀ ਟੀ ਗਰੁੱਪ ਸ਼ਾਹਪੁਰ ਵਿਖੇ ਸੇਫ ਐਂਡ ਲੀਗਲ ਮੋਬਿਲਿਟੀ ਅਵੇਅਰਨੈੱਸ ਆਊਟਰੀਚ ਪ੍ਰੋਗਰਾਮ

**ਜਲੰਧਰ (ਸ਼ੈਲੀ ਐਲਬਰਟ)**- ਸੀ.ਟੀ. ਗਰੁੱਪ ਆਫ ਇੰਸਟੀਟਿਊਸ਼ਨਜ਼ ਸ਼ਾਹਪੁਰ ਕੈਂਪਸ ਨੇ ਵਿਦੇਸ਼ ਮੰਤਰਾਲੇ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ ਸਹਿਯੋਗ ਨਾਲ ਪੰਜਾਬ ਦਾ ਪਹਿਲਾ ਸੇਫ ਐਂਡ ਲੀਗਲ ਮੋਬਿਲਿਟੀ ਅਵੇਅਰਨੈੱਸ ਆਊਟਰੀਚ ਪ੍ਰੋਗਰਾਮ ਸਫਲਤਾਪੂਰਵਕ ਆਯੋਜਿਤ ਕੀਤਾ।ਇਸ ਮੁਹਿੰਮ ਦਾ ਉਦੇਸ਼ ਵਿਦਿਆਰਥੀਆਂ ਅਤੇ ਨੌਜਵਾਨਾਂ ਨੂੰ ਵਿਦੇਸ਼ ਵਿੱਚ ਰੁਜ਼ਗਾਰ ਦੇ ਸੁਰੱਖਿਅਤ ਅਤੇ ਕਾਨੂੰਨੀ ਰਸਤੇ ਬਾਰੇ ਜਾਣਕਾਰੀ ਦੇਣਾ ਅਤੇ ਉਨ੍ਹਾਂ ਨੂੰ ਜ਼ਿੰਮੇਵਾਰ ਤਰੀਕੇ ਨਾਲ ਪਰਵਾਸ ਦੇ ਮੌਕੇ ਚੁਣਨ ਲਈ ਸਸ਼ਕਤ ਕਰਨਾ ਸੀ। ਵਿਸ਼ੇਸ਼ ਮਹਿਮਾਨਾਂ ਸੁਰਿੰਦਰ ਭਗਤ, ਆਈ.ਐਫ.ਐਸ., ਪ੍ਰੋਟੈਕਟਰ ਜਨਰਲ ਆਫ ਇਮੀਗ੍ਰੈਂਟਸ ਅਤੇ ਜੋਇੰਟ ਸੈਕਟਰੀ, ਵਿਦੇਸ਼ ਮੰਤਰਾਲਾ; ਯਸ਼ੁਦੀਪ ਸਿੰਘ, ਆਈ.ਐਫ.ਐਸ., ਪ੍ਰੋਟੈਕਟਰ ਆਫ ਇਮੀਗ੍ਰੈਂਟਸ, ਚੰਡੀਗੜ੍ਹ; ਯਸ਼ਪਾਲ, ਰੀਜਨਲ ਪਾਸਪੋਰਟ ਅਫ਼ਸਰ, ਜਲੰਧਰ; ਅਮਨਿੰਦਰ ਕੌਰ ਬਰਾਰ, ਪੀ.ਸੀ.ਐਸ., ਐਡਿਸ਼ਨਲ ਡਿਪਟੀ ਕਮਿਸ਼ਨਰ, ਜਲੰਧਰ; ਸਰਬਜੀਤ ਰਾਏ, ਪੀ.ਪੀ.ਐਸ., ਐਸ.ਪੀ., ਜਲੰਧਰ; ਅਤੇ ਰਾਜੇਸ਼ ਬਾਲੀ, ਆਈ.ਆਈ.ਐਸ., ਅਸਿਸਟੈਂਟ ਡਾਇਰੈਕਟਰ, ਸੈਂਟਰਲ ਬਿਊਰੋ ਆਫ ਕਮਿਊਨੀਕੇਸ਼ਨ, ਸੂਚਨਾ ਤੇ ਪ੍ਰਸਾਰਣ ਮੰਤਰਾਲਾ, ਜਲੰਧਰ ਮੌਜੂਦ ਰਹੇ।ਸੀ.ਟੀ. ਗਰੁੱਪ ਵੱਲੋਂ ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ ਅਤੇ ਕੈਂਪਸ ਡਾਇਰੈਕਟਰ ਡਾ. ਸ਼ਿਵ ਕੁਮਾਰ ਨੇ ਸਾਰੇ ਮਹਿਮਾਨਾਂ ਦਾ ਤਹਿ ਦਿਲੋਂ ਸਵਾਗਤ ਕੀਤਾ ਅਤੇ ਵਿਦੇਸ਼ ਮੰਤਰਾਲੇ ਦੀ ਇਸ ਮਹੱਤਵਪੂਰਨ ਜਾਗਰੂਕਤਾ ਮੁਹਿੰਮ ਦੀ ਸ਼ਲਾਘਾ ਕੀਤੀ।ਕਾਰਜਕ੍ਰਮ ਦੌਰਾਨ ਮਾਹਰਤ ਹਾਸਲ ਅਧਿਕਾਰੀਆਂ ਨੇ ਵਿਦਿਆਰਥੀਆਂ ਨੂੰ ਨੈਤਿਕ ਪਰਵਾਸ, ਠੱਗੀ ਕਰਨ ਵਾਲੀਆਂ ਏਜੰਸੀਆਂ ਦੀ ਪਹਿਚਾਣ, ਅਤੇ ਵਿਦੇਸ਼ੀ ਰੁਜ਼ਗਾਰ ਨਾਲ ਜੁੜੇ ਕਾਨੂੰਨੀ ਨਿਯਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਨ੍ਹਾਂ ਸੈਸ਼ਨਾਂ ਦਾ ਮਕਸਦ ਨੌਜਵਾਨਾਂ ਨੂੰ ਵਿਦੇਸ਼ੀ ਕਰੀਅਰ ਦੇ ਮੌਕਿਆਂ ਵੱਲ ਸੁਰੱਖਿਅਤ ਅਤੇ ਜ਼ਿੰਮੇਵਾਰੀ ਨਾਲ ਵੱਧਣ ਲਈ ਪ੍ਰੇਰਿਤ ਕਰਨਾ ਸੀ।



## ਕਾਂਗਰਸ ਦੇ ਆਗੂ ਮਾਨਸਿਕ ਸੰਤੁਲਨ ਗੁਆ ਚੁੱਕੇ : ਮਾਨ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਤਰਨ ਤਾਰਨ ਜ਼ਿਮਨੀ ਚੋਣ ਵਿੱਚ ਕਾਂਗਰਸ ਦੇ ਆਗੂ ਹੋਸ਼ ਹਵਾਸ ਗੁਆ ਚੁੱਕੇ ਹਨ ਜਿਸ ਦੀ ਮਿਸਾਲ ਪ੍ਰਤਾਪ ਸਿੰਘ ਬਾਜਵਾ ਪਿਛਲੇ ਦਿਨੀਂ ਇਕ ਮੰਚ 'ਤੇ ਸਨ ਉਹਨਾਂ ਦੇ ਪਿੱਛੇ ਲੱਗੇ ਫੋਟੋ ਵਿਚ ਭਾਈ ਜੀਵਨ ਸਿੰਘ ਅਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਤਸਵੀਰ ਦਾ ਨਿਰਾਦਰ ਕੀਤਾ ਗਿਆ। ਇਹਨਾਂ ਤਸਵੀਰਾਂ ਉਪਰ ਕਾਂਗਰਸੀ ਲੀਡਰਾਂ ਦੀਆਂ ਲਗਾਈਆਂ। ਜਿਸ ਨੂੰ ਸਹਿਣ ਨਹੀ ਕੀਤਾ ਜਾ ਸਕਦਾ। ਵਿਧਾਇਕ ਇੰਦਰਜੀਤ ਕੌਰ ਮਾਨ ਨੇ ਆਖਿਆ ਕਿ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਚੋਣ ਸਮੱਗਰੀ ਵਿੱਚ ਅਜਿਹਾ ਨਹੀ ਹੋਣਾ ਚਾਹੀਦਾ ਸੀ ਪਰ ਚੋਣ ਜਿੱਤਣ ਲਈ ਕਾਂਗਰਸ ਸਭ ਹੱਦਾਂ ਬੰਨੇ ਟੱਪ ਰਹੀ ਹੈ। ਪਹਿਲਾਂ ਕਾਂਗਰਸ ਪ੍ਰਦੇਸ਼ ਪ੍ਰਧਾਨ ਰਾਜਾ ਵੜਿੰਗ ਨੇ ਮਰਹੂਮ ਬੂਟਾ ਸਿੰਘ ਨੂੰ ਲੈ ਕੇ ਗਲਤ ਟਿੱਪਣੀਆਂ ਕੀਤੀਆਂ। ਹੁਣ ਇਹ ਇਤਰਾਜ਼ਯੋਗ ਤਸਵੀਰਾਂ ਦਾ ਮਾਮਲਾ ਸਾਹਮਣੇ ਆ ਗਿਆ ਜਿਸ ਨੂੰ ਲੈ ਕੇ ਇਹੀ ਕਿਹਾ ਸਕਦਾ ਕਿ ਕਾਂਗਰਸੀ ਲੀਡਰ ਮਾਨਸਿਕ ਸੰਤੁਲਨ ਗੁਆ ਚੁੱਕੇ ਹਨ ।



## ਪੰਜਾਬ ਯੂਨੀਵਰਸਿਟੀ ਸੰਬੰਧੀ ਗ਼ੈਰ ਜਮਹੂਰੀ ਫੈਸਲੇ ਵਿਰੁੱਧ ਡੀ ਟੀ ਐੱਫ ਨੇ ਸਾੜੀਆਂ ਨੋਟੀਫਿਕੇਸ਼ਨ ਦੀਆਂ ਕਾਪੀਆਂ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਕੇਂਦਰ ਸਰਕਾਰ ਵੱਲੋਂ ਬੀਤੀ 28 ਅਕਤੂਬਰ ਅਤੇ ਫਿਰ 4 ਨਵੰਬਰ ਨੂੰ ਇੱਕ ਭੁਲੇਖਾ ਪਾਊ ਨੋਟੀਫਿਕੇਸ਼ਨ ਜਾਰੀ ਕਰਦੇ ਹੋਏ ਪੰਜਾਬ ਯੂਨੀਵਰਸਿਟੀ ਦੀ ਉੱਚ ਪ੍ਰਬੰਧਕੀ ਸੰਸਥਾ ਸੈਨੇਟ ਅਤੇ ਕਾਰਜਕਾਰੀ ਸੰਸਥਾ ਸਿੰਡੀਕੇਟ ਦੀ ਬਣਤਰ ਅਤੇ ਰਚਨਾ ਦਾ ਢੰਗ ਬਦਲ ਦਿੱਤਾ ਹੈ। ਪੀ. ਯੂ. ਕੈਂਪਸ ਤੋਂ ਇਲਾਵਾ ਯੂਨੀਵਰਸਿਟੀ ਨਾਲ ਸਬੰਧਤ ਪੰਜਾਬ ਵਿਚਲੇ 124 ਅਤੇ ਚੰਡੀਗੜ੍ਹ ਦੇ 26 ਕਾਲਜਾਂ ਤੋਂ ਪੜ੍ਹੇ ਰਜਿਸਟਰਡ ਗਰੈਜੂਏਟਾਂ ਰਾਹੀਂ ਹੁੰਦੀ ਸੈਨੇਟ ਮੈਂਬਰਾਂ ਦੀ ਜਮਹੂਰੀ ਚੋਣ ਪ੍ਰਕਿਰਿਆ ਨੂੰ ਭੰਗ ਕਰਕੇ ਕੇਂਦਰੀਕ੍ਰਿਤ ਨਿਯੁਕਤੀ/ਨਾਮਜ਼ਦਗੀ ਅਧਾਰਤ ਪ੍ਰਬੰਧ ਖੜ੍ਹਾ ਕਰਨ ਦੇ ਇਸ ਫੈਸਲੇ ਨੂੰ ਡੈਮੋਕ੍ਰੈਟਿਕ ਟੀਚਰਜ਼ ਫਰੰਟ (ਡੀ.ਟੀ.ਐੱਫ.) ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ ਅਤੇ ਵਿੱਤ ਸਕੱਤਰ ਅਸ਼ਵਨੀ ਅਵਸਥੀ ਨੇ ਸਿੱਖਿਆ ਅਤੇ ਪੰਜਾਬ ਵਿਰੋਧੀ ਫ਼ੈਸਲਾ ਕਰਾਰ ਦਿੰਦਿਆਂ ਪੰਜਾਬ ਭਰ ਵਿੱਚ ਸਕੂਲਾਂ ਦੇ ਬਾਹਰ ਸਿੱਖਿਆ ਤੇ ਪੰਜਾਬ ਦੇ ਹਿੱਤਾਂ ਨਾਲ ਸਰੋਕਾਰ ਰੱਖਦੇ ਸਥਾਨਕ ਲੋਕਾਂ ਨੂੰ ਨਾਲ ਲੈ ਕੇ ਕੇਂਦਰ ਸਰਕਾਰ ਵੱਲੋਂ ਜਾਰੀ ਨੋਟੀਫਿਕੇਸ਼ਨ ਦੀਆਂ ਕਾਪੀਆਂ 6 ਅਤੇ 7 ਨਵੰਬਰ ਸਾੜਨ ਦਾ ਸੱਦਾ ਦਿੱਤਾ ਸੀ। ਡੀ ਟੀ ਐੱਫ ਦੇ ਇਸ ਫੈਸਲੇ ਨੂੰ ਲਾਗੂ ਕਰਦਿਆਂ 500 ਦੇ ਕਰੀਬ ਸਕੂਲਾਂ ਦੇ ਅਧਿਆਪਕਾਂ ਵੱਲੋਂ ਕੇਂਦਰ ਸਰਕਾਰ ਦੇ ਨੋਟੀਫਿਕੇਸ਼ਨ ਨੂੰ ਸਾੜਿਆ ਗਿਆ। ਜੱਥੇਬੰਦੀ ਵੱਲੋਂ 10 ਨਵੰਬਰ ਨੂੰ ਪੀ ਯੂ ਬਚਾਓ ਮੋਰਚਾ ਵੱਲੋਂ ਕੀਤੇ ਜਾਣ ਵਾਲੇ ਰੋਸ ਪ੍ਰਦਰਸ਼ਨ ਵਿੱਚ ਸ਼ਮੂਲੀਅਤ ਦਾ ਐਲਾਨ ਕੀਤਾ ਹੋਇਆ ਹੈ।ਡੀ ਟੀ ਐੱਫ ਦੇ ਮੀਤ ਪ੍ਰਧਾਨਾਂ ਰਾਜੀਵ ਬਰਨਾਲਾ, ਜਗਪਾਲ ਬੰਗੀ, ਗੁਰਪਿਆਰ ਕੋਟਲੀ, ਬੇਅੰਤ ਫੂਲੇਵਾਲਾ, ਹਰਜਿੰਦਰ ਵਡਾਲਾ ਬਾਂਗਰ ਅਤੇ ਰਘਵੀਰ ਭਵਾਨੀਗੜ੍ਹ, ਸੰਯੁਕਤ ਸਕੱਤਰਾਂ ਮੁਕੇਸ਼ ਕੁਮਾਰ, ਕੁਲਵਿੰਦਰ ਜੋਸ਼ਨ ਅਤੇ ਜਸਵਿੰਦਰ ਔਜਲਾ, ਪ੍ਰੈੱਸ ਸਕੱਤਰ ਪਵਨ ਕੁਮਾਰ, ਸਹਾਇਕ ਵਿੱਤ ਸਕੱਤਰ ਤਜਿੰਦਰ ਸਿੰਘ ਅਤੇ ਪ੍ਰਚਾਰ ਸਕੱਤਰ ਸੁਖਦੇਵ ਡਾਨਸੀਵਾਲ ਨੇ ਦੱਸਿਆ ਕਿ ਇਸ ਫੈਸਲੇ ਅਧੀਨ ਸੈਨੇਟ ਦੀ ਤਾਕਤ ਮੌਜੂਦਾ 97 ਮੈਂਬਰਾਂ ਤੋਂ ਘਟਾ ਕੇ 31 ਕਰ ਦਿੱਤੀ ਗਈ ਹੈ, ਜਿਸ ਵਿੱਚ ਹੁਣ 16 ਚੁਣੇ ਹੋਏ ਅਤੇ 8 ਨਾਮਜ਼ਦ ਮੈਂਬਰ ਹੀ ਸ਼ਾਮਲ ਹੋਣਗੇ, ਇਸ ਤਰ੍ਹਾਂ ਲੋਕਤੰਤ੍ਰਿਕ ਪ੍ਰਕਿਰਿਆ ਅਧੀਨ ਪੰਜਾਬ ਤੇ ਚੰਡੀਗੜ੍ਹ ਦੇ ਰਜਿਸਟਰਡ ਗਰੈਜੂਏਟਾਂ ਰਾਹੀਂ 15 ਮੈਂਬਰ ਚੁਣਨ ਦਾ ਪੁਰਾਣਾ ਚਲਨ ਮੁੱਢੋਂ ਖ਼ਤਮ ਕਰ ਦਿੱਤਾ ਗਿਆ ਹੈ ਅਤੇ ਪੰਜਾਬ ਦੀ ਨੁਮਾਇੰਦਗੀ ਨੂੰ ਘੱਟ ਗਿਣਤੀ ਕਰ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਸਿੰਡੀਕੇਟ ਦੀ ਤਾਕਤ ਨੂੰ ਵੀ ਸੀਮਤ ਕਰਕੇ, ਸਾਰੀ ਫ਼ੈਸਲਾਕੁੰਨ ਤਾਕਤ ਵਾਈਸ ਚਾਂਸਲਰ ਨੂੰ ਦੇ ਦਿੱਤੀ ਹੈ, ਜੋ ਸਿੱਧਾ ਕੇਂਦਰ ਅਧੀਨ ਕੰਮ ਕਰੇਗਾ। ਨਵੇਂ ਨੋਟੀਫਿਕੇਸ਼ਨ ਅਨੁਸਾਰ ਸਿੰਡੀਕੇਟ ਦੇ 15 ਮੈਂਬਰਾਂ ਵਿੱਚੋਂ 10 ਮੈਂਬਰ ਵੀ ਹੁਣ ਕਿਸੇ ਤਰ੍ਹਾਂ ਦੀ ਚੋਣ ਪ੍ਰਕਿਰਿਆ ਦੀ ਥਾਂ ਵਾਈਸ ਚਾਂਸਲਰ ਵੱਲੋਂ ਸਿੱਧਾ ਨਾਮਜ਼ਦ ਕੀਤੇ ਜਾਣਗੇ। ਇਸ ਪ੍ਰਕਾਰ ਇਹ ਫ਼ੈਸਲਾ ਪੰਜਾਬ ਤੋਂ ਪੰਜਾਬ ਯੂਨੀਵਰਸਿਟੀ ਖੋਹਣ ਵਾਲਾ ਅਤੇ ਸਿੱਖਿਆ ਦੇ ਖੇਤਰ ਵਿੱਚ ਕੇਂਦਰ ਸਰਕਾਰ ਦੀ ਕੇਂਦਰੀਕਰਨ ਦੀ ਨੀਤੀ ਤਹਿਤ ਸੈਨੇਟ ਵਰਗੇ ਮਹੱਤਵਪੂਰਨ ਅਦਾਰੇ ਨੂੰ ਤੱਤ ਰੂਪ ਵਿੱਚ ਖ਼ਤਮ ਕਰਨ ਵਾਲਾ ਫ਼ੈਸਲਾ ਹੈ।



## ਦਿਵਿਆਂਗ ਦੀ ਸਹਾਇਤਾ ਲਈ 287.95 ਕਰੋੜ ਜਾਰੀ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਅਤੇ ਦਿਵਿਆਂਗ ਵਿਅਕਤੀਆਂ ਦੀ ਸਹਾਇਤਾ ਅਤੇ ਉਨ੍ਹਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਵੱਲ ਵਿਸ਼ੇਸ਼ ਧਿਆਨ ਦੇ ਰਹੀ ਹੈ।ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਹੁਣ ਤੱਕ ਦਿਵਿਆਂਗ ਵਿਅਕਤੀਆਂ ਨੂੰ ਵਿੱਤੀ ਸਹਾਇਤਾ ਵਜੋਂ 287.95 ਕਰੋੜ ਰੁਪਏ ਜਾਰੀ ਕੀਤੇ ਗਏ ਹਨ, ਜਿਸ ਦਾ ਲਾਭ 2 ਲੱਖ 76 ਹਜ਼ਾਰ 175 ਯੋਗ ਲਾਭਪਾਤਰੀਆਂ ਨੂੰ ਮਿਲ ਚੁੱਕਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਇਸ ਯੋਜਨਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਚਾਲੂ ਵਿੱਤੀ ਸਾਲ 2025-26 ਦੌਰਾਨ 495 ਕਰੋੜ ਰੁਪਏ ਦਾ ਬਜਟ ਉਪਬੰਧ ਕੀਤਾ ਗਿਆ ਹੈ।

## ਸ੍ਰੀ ਸੁਖਮਨੀ ਕਾਲਜ ਆਫ਼ ਲਾਅ ਵੱਲੋਂ ਦੂਜਾ ਨੈਸ਼ਨਵਾਈਡ ਮੂਟ ਕੋਰਟ ਮੁਕਾਬਲਾ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਸ੍ਰੀ ਸੁਖਮਨੀ ਕਾਲਜ ਆਫ਼ ਲਾਅ, ਡੇਰਾ ਬੱਸੀ ਨੇ ਦੂਜਾ ਨੈਸ਼ਨਵਾਈਡ ਮੂਟ ਕੋਰਟ ਮੁਕਾਬਲਾ 2025 ਸਫਲਤਾਪੂਰਵਕ ਆਯੋਜਿਤ ਕੀਤਾ। ਇਸ ਮੁਕਾਬਲੇ ਨੇ ਭਾਰਤ ਦੇ ਵੱਖ-ਵੱਖ ਰਾਜਾਂ ਤੋਂ ਆਏ ਹੁਸ਼ਿਆਰ ਅਤੇ ਪ੍ਰਤਿਭਾਸ਼ਾਲੀ ਕਾਨੂੰਨ ਵਿਦਿਆਰਥੀਆਂ ਨੂੰ ਇਕੱਠਾ ਕੀਤਾ। ਸਮਾਗਮ ਦਾ ਉਦੇਸ਼ ਚਾਹਵਾਨ ਕਾਨੂੰਨੀ ਪੇਸ਼ੇਵਰਾਂ ਨੂੰ ਆਪਣੇ ਵਕਾਲਤ, ਖੋਜ ਅਤੇ ਵਿਸ਼ਲੇਸ਼ਣਾਤਮਕ ਹੁਨਰਾਂ ਨੂੰ ਨਿਖਾਰਨ ਦਾ ਇੱਕ ਗਤੀਸ਼ੀਲ ਮੰਚ ਪ੍ਰਦਾਨ ਕਰਨਾ ਸੀ।ਮੁਕਾਬਲੇ ਦੇ ਕੁਆਰਟਰ-ਫਾਈਨਲ ਅਤੇ ਸੈਮੀ-ਫਾਈਨਲ ਦੌਰ ਔਨਲਾਈਨ ਕਰਵਾਏ ਗਏ, ਜਦੋਂ ਕਿ ਗ੍ਰੈਂਡ ਫਿਨਾਲੇ ਸ੍ਰੀ ਸੁਖਮਨੀ ਕਾਲਜ ਆਫ਼ ਲਾਅ ਦੇ ਕੈਂਪਸ, ਡੇਰਾ ਬੱਸੀ ਵਿੱਚ ਔਫਲਾਈਨ ਆਯੋਜਿਤ ਕੀਤਾ ਗਿਆ। ਦੇਸ਼ ਭਰ ਦੀਆਂ 20 ਪ੍ਰਮੁੱਖ ਕਾਨੂੰਨੀ ਸੰਸਥਾਵਾਂ ਨੇ ਇਸ ਵਿੱਚ ਭਾਗ ਲਿਆ, ਜਿਨ੍ਹਾਂ ਵਿੱਚ ਇੰਡੀਅਨ ਇੰਸਟੀਚਿਊਟ ਆਫ਼ ਮੈਨੇਜਮੈਂਟ ਰੋਹਤਕ, ਵਿਵੇਕਾਨੰਦ ਐਜੂਕੇਸ਼ਨ ਸੋਸਾਇਟੀ ਕਾਲਜ ਆਫ਼ ਲਾਅ (ਮੁੰਬਈ), ਆਈਸੀਐਫਏਆਈ ਲਾਅ ਸਕੂਲ (ਹੈਦਰਾਬਾਦ), ਯੂਨੀਵਰਸਿਟੀ ਇੰਸਟੀਚਿਊਟ ਆਫ਼ ਲੀਗਲ ਸਟੱਡੀਜ਼ (ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ), ਆਰਮੀ ਇੰਸਟੀਚਿਊਟ ਆਫ਼ ਲਾਅ (ਮੋਹਾਲੀ), ਮਹਾਰਾਸ਼ਟਰ ਨੈਸ਼ਨਲ ਲਾਅ ਯੂਨੀਵਰਸਿਟੀ (ਨਾਗਪੁਰ), ਸਿੰਬਾਇਓਸਿਸ ਲਾਅ ਸਕੂਲ (ਪੁਣੇ) ਅਤੇ ਅਲਾਇੰਸ ਯੂਨੀਵਰਸਿਟੀ (ਕਰਨਾਟਕ) ਸ਼ਾਮਲ ਸਨ।ਭਾਗੀਦਾਰਾਂ ਨੇ ਬਹਿਸਾਂ ਵਿੱਚ ਹਿੱਸਾ ਲੈਂਦੇ ਹੋਏ ਸ਼ਾਨਦਾਰ ਕਾਨੂੰਨੀ ਤਰਕਸ਼ਕਤੀ, ਡਰਾਫਟਿੰਗ ਅਤੇ ਵਕਾਲਤ ਦੇ ਹੁਨਰ ਦਾ ਪ੍ਰਦਰਸ਼ਨ ਕੀਤਾ। ਅੰਤਿਮ ਦੌਰ ਵਿੱਚ ਜਸਟਿਸ ਰਾਜੀਵ ਸ਼ਰਮਾ (ਸੇਵਾਮੁਕਤ) ਸਾਬਕਾ ਕਾਰਜਕਾਰੀ ਮੁੱਖ ਜੱਜ, ਉੱਤਰਾਖੰਡ ਹਾਈ ਕੋਰਟ ਅਤੇ ਸਾਬਕਾ ਜੱਜ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਦੋਂ ਕਿ ਪ੍ਰੋ. (ਡਾ.) ਵੰਦਨਾ ਅਰੋੜਾ, ਚੇਅਰਪਰਸਨ, ਕਾਨੂੰਨ ਵਿਭਾਗ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ, ਵਿਸ਼ੇਸ਼ ਮਹਿਮਾਨ ਵਜੋਂ ਮੌਜੂਦ ਸਨ।ਇਸ ਮੌਕੇ ਪ੍ਰੋ. ਰਸ਼ਪਾਲ ਸਿੰਘ (ਮੁੱਖ ਪ੍ਰਸ਼ਾਸਕ, ਐਸ ਐਸ ਜੀ ਆਈ ), ਡਾ. ਜੀ. ਐਨ. ਵਰਮਾ, ਡਾ. ਪ੍ਰਦੀਪ ਸ਼ਰਮਾ ਅਤੇ ਹੋਰ ਮਾਣਯੋਗ ਮਹਿਮਾਨ ਵੀ ਮੌਜੂਦ ਸਨ।



## ਸ਼ਹੀਦੀ ਦਿਹਾੜੇ ਨੂੰ ਸਮਰਪਿਤ ਆਰਜ਼ੀ ਵਿਧਾਨ ਸਭਾ ਦੀ ਉਸਾਰੀ 20 ਤੱਕ ਮੁਕੰਮਲ ਹੋਵੇਗੀ : ਸਪੀਕਰ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਨੌਵੀਂ ਪਾਤਸ਼ਾਹੀ ਹਿੰਦ ਦੀ ਚਾਦਰ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਆਰਜ਼ੀ ਪੰਜਾਬ ਵਿਧਾਨ ਸਭਾ ਦੀ ਉਸਾਰੀ 20 ਨਵੰਬਰ ਤੱਕ ਮੁਕੰਮਲ ਕੀਤੀ ਜਾਵੇਗੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ ਨੇ ਵਿਰਾਸਤ-ਏ-ਖਾਲਸਾ ਵਿਖੇ ਗਰੁੱਪ ਆਫ਼ ਮਨਿਸਟਰਜ਼ ਅਤੇ ਉੱਚ ਅਧਿਕਾਰੀਆਂ ਦੇ ਨਾਲ ਮੀਟਿੰਗ ਦੀ ਅਗਵਾਈ ਕਰਦਿਆਂ ਕੀਤਾ। ਸਪੀਕਰ ਨੇ ਦੱਸਿਆ ਕਿ ਨੌਵੀਂ ਪਾਤਸ਼ਾਹੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਵਿਧਾਨ ਸਭਾ ਦਾ ਇਹ ਖਾਸ ਸੈਸ਼ਨ ਪੰਜਾਬ ਸਰਕਾਰ ਵੱਲੋਂ ਉਲੀਕਿਆ ਗਿਆ ਹੈ ਜਿਸ ਦਾ ਮੰਤਵ ਗੁਰੂ ਸਾਹਿਬਾਨਾਂ ਦੇ ਫ਼ਲਸਫ਼ੇ ਨੂੰ ਦੁਨੀਆ ਦੇ ਕੋਨੇ-ਕੋਨੇ ਤੱਕ ਪਹੁੰਚਾਉਣਾ ਹੈ। ਇਸ ਮੌਕੇ ਕੈਬਿਨੇਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ 24 ਨਵੰਬਰ ਨੂੰ ਗੁਰਦੁਆਰਾ ਬਿਬਾਨਗੜ੍ਹ ਸਾਹਿਬ (ਕੀਰਤਪੁਰ ਸਾਹਿਬ) ਤੋਂ ਨਗਰ ਕੀਰਤਨ ਦੀ ਸ਼ੁਰੂਆਤ ਕੀਤੀ ਜਾਵੇਗੀ ਜਿਸ ਦਾ ਸਵਾਗਤ ਵੱਖ-ਵੱਖ ਥਾਵਾਂ ਤੇ ਸਮੂਹ ਮੰਤਰੀਆਂ ਸਮੇਤ ਵਿਧਾਇਕਾਂ ਵੱਲੋਂ ਕੀਤਾ ਜਾਵੇਗਾ ਅਤੇ ਨਗਰ ਕੀਰਤਨ ਗੁਰਦੁਆਰਾ ਸੀਸ ਗੰਜ ਵਿਖੇ ਪਹੁੰਚਣ ਉਪਰੰਤ ਵਿਧਾਨ ਸਭਾ ਦੇ ਸੈਸ਼ਨ ਦੇ ਸ਼ੁਰੂਆਤ ਕੀਤੀ ਜਾਵੇਗੀ।

## ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਪ੍ਰਕਾਸ਼ ਦਿਹਾੜੇ ਸੰਬੰਧੀ ਸਮਾਗਮ

**ਕਪੂਰਥਲਾ (ਹਨੀ)**- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 556ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਦੌਰਾਨ ਸਪੈਸ਼ਲ ਅਸੈਂਬਲੀ ਦਾ ਆਯੋਜਨ ਕੀਤਾ ਗਿਆ । ਜਿਸ ਵਿੱਚ ਵਿਦਿਆਰਥੀਆਂ ਪ੍ਰਕਾਸ਼ ਪੁਰਬ ਨੂੰ ਸਮਰਪਤ ਸ਼ਬਦ ਗਾਇਨ ਕੀਤੇ । ਬਾਰ੍ਹਵੀਂ ਜਮਾਤ ਦੀ ਵਿਦਿਆਰਥਣ ਹਰਲੀਨ ਕੌਰ ਨੇ ਸਪੀਚ ਰਾਹੀਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਸੰਬੰਧੀ ਚਾਨਣਾ ਪਾਇਆ । ਬਾਰ੍ਹਵੀਂ ਜਮਾਤ ਦੀ ਵਿਦਿਆਰਥਣ ਪਰਵਿੰਦਪ੍ਰੀਤ ਕੌਰ ਨੇ ਕਵਿਤਾ ਰਾਹੀਂ ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਦਿਖਾਏ ਸੱਚ ਦੇ ਰਸਤੇ 'ਤੇ ਚੱਲਣ ਦਾ ਸੁਨੇਹਾ ਦਿੱਤਾ । ਅਰਦਾਸ ਉਪਰੰਤ ਪ੍ਰਸ਼ਾਦ ਵੰਡਿਆ ਗਿਆ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਨੇ ਵਿਦਿਆਰਥੀਆਂ ਅਤੇ ਸਟਾਫ ਨੂੰ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ।



## ਸਕੂਲ ਦੀ ਨਵੀਂ ਇਮਾਰਤ ਦਾ ਲੈਂਟਰ ਪਾਇਆ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਨਵੀਂ ਬਣ ਰਹੀ ਇਮਾਰਤ ਦਾ ਲੈਂਟਰ ਪਾਇਆ ਗਿਆ। ਇਸ ਸਬੰਧੀ ਗੱਲ ਕਰਦਿਆਂ ਸਕੂਲ ਮੁਖੀ ਪ੍ਰਿੰਸੀਪਲ ਕਰਿੰਦਰ ਕੌਰ ਨੇ ਕਿਹਾ ਕਿ ਚੀਫ ਖਾਲਸਾ ਦੀਵਾਨ ਵੱਲੋਂ ਸਕੂਲ ਵਿੱਚ ਨਵੀਂ ਬਣ ਰਹੀ ਇਮਾਰਤ ਦੀ ਪਹਿਲੀ ਮੰਜ਼ਿਲ ਦਾ ਲੈਂਟਰ ਪਾ ਦਿੱਤਾ ਗਿਆ ਹੈ। ਜਲਦੀ ਹੀ ਦੂਸਰੀ ਮੰਜ਼ਿਲ ਦਾ ਲੈਂਟਰ ਵੀ ਪਾ ਦਿੱਤਾ ਜਾਵੇਗਾ ਅਤੇ ਤਿਆਰੀ ਉਪਰੰਤ ਜਲਦੀ ਹੀ ਇਸ ਇਮਾਰਤ ਵਿੱਚ ਕਲਾਸਾਂ ਸ਼ੁਰੂ ਕਰ ਦਿੱਤੀਆਂ ਜਾਣਗੀਆਂ। ਉਹਨਾਂ ਦੱਸਿਆ ਕਿ ਆਧੁਨਿਕ ਦਿੱਖ ਅਤੇ ਆਧੁਨਿਕ ਸਹੂਲਤਾਂ ਵਾਲੀ ਇਸ ਇਮਾਰਤ ਦੇ ਬਣਨ ਨਾਲ ਸੁਰੱਖਿਆ ਪੱਖੋਂ ਅਤੇ ਮਾਹੌਲ ਪੱਖੋਂ ਪੜ੍ਹਾਈ ਦਾ ਵਧੀਆ ਵਾਤਾਵਰਨ ਸਿਰਜਿਆ ਜਾਵੇਗਾ ਜਿਸ ਵਿੱਚ ਆਧੁਨਿਕ ਤਕਨੀਕ ਨਾਲ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਹਾਸਲ ਕਰਨ ਵਿੱਚ ਸੌਖ ਹੋਵੇਗੀ। ਇਸ ਮੌਕੇ ਠੇਕੇਦਾਰ ਜਗਜੀਤ ਸਿੰਘ ਜੱਗੀ ਤੋਂ ਇਲਾਵਾ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।



## ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਗੁਰਮਤਿ ਸਮਾਗਮ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਫੁਗਲਾਣਾ ਵਿਖੇ ਗੁਰਦੁਆਰਾ ਸਿੰਘ ਸਭਾ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਜਗਤ ਗੁਰੂ, ਪਾਤਸ਼ਾਹ ਪਹਿਲੀ ਸ੍ਰੀ ਗੁਰੂ ਨਾਨਕ ਸਾਹਿਬ ਦਾ ਪ੍ਰਕਾਸ਼ ਪੁਰਬ ਮੌਕੇ ਮਹਾਨ ਗੁਰਮਤਿ ਸਮਾਗਮ ਸ਼ਰਧਾ ਭਾਵਨਾ ਅਤੇ ਸਤਿਕਾਰ ਨਾਲ ਕਰਵਾਏ ਗਏ । ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਰਣਜੀਤ ਸਿੰਘ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਪ੍ਰਕਾਸ਼ ਪੁਰਬ ਸਮਾਗਮ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਭਾਈ ਅਵਤਾਰ ਸਿੰਘ ਭੁੰਗਰਨੀ, ਪ੍ਰਭਾਤ ਫੇਰੀ ਜੱਥਾ ਆਦਿ ਨੇ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਪ੍ਰਬੰਧਕਾਂ ਵੱਲੋਂ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਕਮੇਟੀ ਪ੍ਰਧਾਨ ਰਣਜੀਤ ਸਿੰਘ ਨੇ ਪ੍ਰਕਾਸ਼ ਪੁਰਬ ਦੀਆਂ ਸਮੂਹ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਵਧਾਈਆਂ ਦਿੱਤੀਆਂ ਅਤੇ ਸਮਾਗਮ ਵਿੱਚ ਸਹਿਯੋਗ ਦੇਣ ਤੇ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸਮਾਗਮ ਦੌਰਾਨ ਕਮੇਟੀ ਪ੍ਰਧਾਨ ਰਣਜੀਤ ਸਿੰਘ, ਲਖਵਿੰਦਰ ਸਿੰਘ ਸੈਕਟਰੀ, ਮਨਜਿੰਦਰ ਸਿੰਘ ਸੋਨੂੰ ਖਜਾਨਚੀ, ਹਰਭਜਨ ਸਿੰਘ, ਗੁਰਮੀਤ ਸਿੰਘ ਫੁਗਲਾਣਾ, ਬਲਵੀਰ ਸਿੰਘ ਫੁਗਲਾਣਾ, ਰਣਜੀਤ ਸਿੰਘ ਰਾਜਾ, ਸਰਪੰਚ ਵਿਪਨ ਠਾਕਰ ਫੁਗਲਾਣਾ, ਪਰਮਿੰਦਰ ਸਿੰਘ ਕੂਕੀ, ਜਸਪ੍ਰੀਤ ਸਿੰਘ, ਵਰਿੰਦਰ ਸਿੰਘ ਟੋਨੀ, ਪ੍ਰਵੇਸ਼ ਬਾਂਸਲ, ਰਾਜਦੀਪ ਸਿੰਘ, ਰੋਸ਼ਨ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।ਇਸ ਮੌਕੇ ਲੰਗਰ ਅਤੁੱਟ ਵਰਤਾਏ ਗਏ।



## ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ 'ਚ ਕੈਂਸਰ ਜਾਗਰੂਕਤਾ ਕਾਰਜਕ੍ਰਮ

**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ ਭੋਗਪੁਰ ਨੇ ਕੈਂਸਰ ਬਾਰੇ ਜਾਗਰੂਕਤਾ ਫੈਲਾਉਣ ਲਈ ਵਿਸ਼ਵ ਕੈਂਸਰ ਦਿਵਸ 'ਤੇ ਇੱਕ ਖਾਸ ਕਾਰਜਕ੍ਰਮ ਦਾ ਆਯੋਜਨ ਕੀਤਾ। ਇਸ ਕਾਰਜਕ੍ਰਮ ਦਾ ਮਕਸਦ ਵਿਦਿਆਰਥੀਆਂ ਨੂੰ ਇਸ ਘਾਤਕ ਬਿਮਾਰੀ ਦੇ ਕਾਰਨਾਂ, ਬਚਾਅ ਅਤੇ ਸਮੇਂ ਰਹਿੰਦੇ ਇਸ ਦੀ ਪਛਾਣ ਬਾਰੇ ਜਾਣਕਾਰੀ ਦੇਣਾ ਸੀ। ਇਸ ਦੇ ਨਾਲ ਹੀ ਵਿਦਿਆਰਥੀਆਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਨਾਉਣ ਬਾਰੇ ਵੀ ਸਿੱਖਿਆ ਦਿੱਤੀ ਗਈ, ਜਿਸ ਨਾਲ ਕੈਂਸਰ ਦੇ ਖਤਰੇ ਨੂੰ ਘਟਾਇਆ ਜਾ ਸਕੇ।ਇਸ ਕਾਰਜਕ੍ਰਮ ਦੌਰਾਨ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਵੱਖ-ਵੱਖ ਗਤੀਵਿਧੀਆਂ ਜਿਵੇਂ ਭਾਸ਼ਣ, ਪੋਸਟਰ ਅਤੇ ਚਰਚਾ ਆਦਿ ਵਿੱਚ ਹਿੱਸਾ ਲੈ ਕੇ ਨੁਕਸਾਨਦਾਇਕ ਆਦਤਾਂ ਦੇ ਪੈਦੇ ਪ੍ਰਭਾਵ ਬਾਰੇ ਜਾਗਰੂਕਤਾ ਫੈਲਾਈ। ਇਸ ਮੌਕੇ ਜੰਕ ਫੂਡ, ਸਿਗਰਟ ਪੀਣ ਅਤੇ ਤੰਬਾਕੂ ਦੇ ਇਸਤੇਮਾਲ ਤੋਂ ਪਰਹੇਜ਼ ਕਰਨ 'ਤੇ ਜ਼ੋਰ ਦਿੱਤਾ ਗਿਆ। ਸ਼ਰਾਬ ਪੀਣ ਤੋਂ ਵੀ ਦੂਰ ਰਹਿਣ ਲਈ ਕਿਹਾ ਗਿਆ, ਕਿਉਂਕਿ ਇਹ ਆਦਤਾਂ ਕੈਂਸਰ ਅਤੇ ਹੋਰ ਗੰਭੀਰ ਬੀਮਾਰੀਆਂ ਦੇ ਮੁੱਖ ਕਾਰਨ ਹਨ।ਸਕੂਲ ਦੇ ਮੁਖੀ ਅਮਰੀਕ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹਨਾਂ ਨੂੰ ਸਿਹਤਮੰਦ ਆਦਤਾਂ ਅਪਨਾਉਣੀਆਂ ਚਾਹੀਦੀਆਂ ਹਨ ਅਤੇ ਆਪਣੇ ਪਰਿਵਾਰ ਅਤੇ ਸਮਾਜ ਵਿੱਚ ਜਾਗਰੂਕਤਾ ਫੈਲਾਉਣੀ ਚਾਹੀਦੀ ਹੈ।ਇਸ ਕਾਰਜਕ੍ਰਮ ਦਾ ਅੰਤ ਵਿਦਿਆਰਥੀਆਂ ਦੇ ਇਸ ਸੰਕਲਪ ਨਾਲ ਹੋਇਆ ਕਿ ਉਹ ਇੱਕ ਸਿਹਤਮੰਦ, ਅਨੁਸ਼ਾਸਤ ਅਤੇ ਤੰਬਾਕੂ ਮੁਕਤ ਜੀਵਨ ਬਤੀਤ ਕਰਨਗੇ।




## 16 ਦੀ ਰੈਲੀ ਤੇ ਰੋਸ ਮਾਰਚ ਦੀਆਂ ਤਿਆਰੀਆਂ ਮੁਕੰਮਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਦੇ ਮੁਲਾਜ਼ਮਾਂ, ਪੈਨਸ਼ਨਰਾਂ, ਹਰ ਤਰ੍ਹਾਂ ਦੇ ਕੱਚੇ ਆਊਟਸੋਰਸ ਅਤੇ ਮਾਣਭੱਤਾ/ਇਨਸੈਂਟਿਵ ਵਰਕਰਾਂ ਦੀਆਂ ਮੰਗਾਂ ਨੂੰ ਲਗਾਤਾਰ ਨਜ਼ਰਅੰਦਾਜ਼ ਕੀਤੇ ਜਾਣ ਦੇ ਰੋਸ ਵਜੋਂ 'ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ' ਵੱਲੋਂ 16 ਨਵੰਬਰ ਨੂੰ ਧੂਰੀ ਵਿਖੇ ਕੀਤੀ ਜਾ ਰਹੀ ਸੂਬਾ ਪੱਧਰੀ ਮਹਾਂ ਰੈਲੀ ਅਤੇ ਰੋਸ ਮਾਰਚ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਸਾਂਝੇ ਫਰੰਟ ਦੇ ਕਨਵੀਨਰਜ਼ ਸਤੀਸ਼ ਰਾਣਾ, ਰਣਜੀਤ ਸਿੰਘ ਰਾਣਵਾਂ, ਜਰਮਨਜੀਤ ਸਿੰਘ, ਧਨਵੰਤ ਸਿੰਘ ਭੱਠਲ, ਭਜਨ ਸਿੰਘ ਗਿੱਲ , ਕਰਮ ਸਿੰਘ ਧਨੋਆ, ਗੁਰਪ੍ਰੀਤ ਸਿੰਘ ਗੰਡੀਵਿੰਡ, ਗਗਨਦੀਪ ਸਿੰਘ ਭੁੱਲਰ ,ਅਮਰੀਕ ਸਿੰਘ ਕੰਗ, ਸੁਖਦੇਵ ਸਿੰਘ ਸੈਣੀ, ਰਤਨ ਸਿੰਘ ਮਜਾਰੀ, ਐਨ.ਕੇ.ਕਲਸੀ, ਕੋ-ਕਨਵੀਨਰਜ਼ ਰਾਧੇ ਸ਼ਿਆਮ, ਜਗਦੀਸ਼ ਚਾਹਲ, ਜਸਵੀਰ ਸਿੰਘ ਤਲਵਾੜਾ ਅਤੇ ਮੈਂਬਰ ਬੋਬਿੰਦਰ ਸਿੰਘ, ਦਿਗਵਿਜੇ ਪਾਲ ਸ਼ਰਮਾ ਅਤੇ ਕਰਮਜੀਤ ਸਿੰਘ ਬੀਹਲਾ ਨੇ ਸਾਂਝੇ ਤੌਰ ਤੇ ਪ੍ਰੈਸ ਬਿਆਨ ਜਾਰੀ ਕਰਦਿਆਂ ਆਖਿਆ ਕਿ ਇਹ ਰੈਲੀ ਅਤੇ ਰੋਸ ਮਾਰਚ ਇਸ ਕਰਕੇ ਕੀਤਾ ਜਾ ਰਿਹਾ ਹੈ ਕਿਉਂਕਿ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਕੇਂਦਰ ਅਤੇ ਗਵਾਂਢੀ ਸੂਬਿਆਂ ਦੀਆਂ ਸਰਕਾਰਾਂ ਨਾਲੋਂ 16% ਮਹਿੰਗਾਈ ਭੱਤਾ ਘੱਟ ਦੇ ਰਹੀ ਹੈ।

## ਮੇਹਰਚੰਦ ਪੋਲੀਟੈਕਨਿਕ ਵਿਖੇ ਨਵੇਂ ਦਫ਼ਤਰ ਦਾ ਉਦਘਾਟਨ



**ਜਲੰਧਰ (ਸ਼ੈਲੀ ਐਲਬਰਟ)**- ਮੇਹਰਚੰਦ ਪੋਲੀਟੈਕਨਿਕ ਕਾਲਜ ਜਲੰਧਰ ਵਿਖੇ ਬਣਾਏ ਗਏ ਨਵੇਂ ਦਫ਼ਤਰ ਦਾ ਉਦਘਾਟਨ ਪ੍ਰਿੰਸੀਪਲ ਡਾ. ਜਗਰੂਪ ਸਿੰਘ ਅਤੇ ਸੀਨੀਅਰ ਵਿਭਾਗ ਮੁਖੀਆਂ ਵਲੋਂ ਰਿਬਨ ਕੱਟ ਕੇ ਕੀਤਾ ਗਿਆ। ਇਸ ਦਫ਼ਤਰ ਵਿੱਚ ਨੌਂ ਕੈਬਿਨ ਬਣਾਏ ਗਏ ਹਨ, ਜੋ ਵੱਖ-ਵੱਖ ਵਿਦਿਆਰਥੀ ਵਿਭਾਗਾਂ ਨਾਲ ਜੁੜੀਆਂ ਕਾਰਵਾਈਆਂ ਲਈ ਜ਼ਿੰਮੇਵਾਰ ਹੋਣਗੇ, ਜਿਵੇਂ ਸਟੂਡੈਂਟ ਕਲਰਕ, ਫੀਸ ਕਲਰਕ, ਡਿਸਪੈਚ ਸੈਕਸ਼ਨ, ਸਟੂਡੈਂਟ ਵੈਲਵੇਅਰ, ਪੋਸਟ ਮੈਟ੍ਰਿਕ ਸਕਾਲਰਸ਼ਿਪ, ਡਿਵੈਲਪਮੈਂਟ ਵਿੰਗ, ਸਟੇਨੋ ਵਿੰਗ, ਅਕਾਊਂਟਸ ਵਿੰਗ ਆਦਿ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਦੱਸਿਆ ਕਿ ਪੁਰਾਣੇ ਦਫ਼ਤਰ ਨੂੰ ਰੈਨੋਵੇਟ ਕਰਕੇ ਨਵੇਂ ਕੈਬਿਨ ਵਿਦਿਆਰਥੀ ਅਤੇ ਸਟਾਫ ਸੁਵਿਧਾ ਅਨੁਸਾਰ ਬਣਾਏ ਗਏ ਸਨ।ਪ੍ਰਿੰਸੀਪਲ ਡਾ. ਜਗਰੂਪ ਸਿੰਘ ਅਤੇ ਸੀਨੀਅਰ ਵਿਭਾਗ ਮੁਖੀਆਂ ਨੇ ਦਫ਼ਤਰ ਇੰਚਾਰਜ ਸੁਸ਼ੀਲ ਕੁਮਾਰ, ਸੀਨੀਅਰ ਅਕਾਊਟੈਂਟ ਸ਼ਸ਼ੀ ਭੂਸਣ, ਅਜੇ ਦੱਤਾ (ਡਰਾਫਸਮੈਨ), ਪ੍ਰਦੀਪ ਕੁਮਾਰ, ਮੈਡਮ ਗੁਰਮੀਤ ਸਚਦੇਵਾ, ਮੈਡਮ ਕਿਰਨ, ਮੈਡਮ ਗੁਰਪ੍ਰੀਤ ਕੌਰ, ਮੈਡਮ ਨੇਹਾ, ਨਰੇਸ਼, ਪ੍ਰਤਾਪ ਚੰਦ, ਦੇਵ ਮਨੀ, ਰਸ਼ਪਾਲ ਸਿੰਘ ਅਤੇ ਸੁਨੀਲ ਨੂੰ ਵਧਾਈ ਦਿੱਤੀ ।

## ਪੰਕਜ ਕੁਮਾਰ ਨੇ ਥਾਣਾ ਮਹਿਤਪੁਰ ਵਿਖੇ ਐਸ ਐਚ ਓ ਦਾ ਸੰਭਾਲਿਆ ਚਾਰਜ

**ਮਹਿਤਪੁਰ (ਰਾਜਾ)**- ਥਾਣਾ ਮਹਿਤਪੁਰ ਵਿਖੇ ਨਵੇਂ ਆਏ ਸਬ ਇੰਸਪੈਕਟਰ ਪੰਕਜ ਕੁਮਾਰ ਵੱਲੋਂ ਐਸ. ਐਚ. ਓ ਦਾ ਚਾਰਜ ਸੰਭਾਲਿਆ ਗਿਆ। ਉਹਨਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਉਹ ਪਹਿਲਾਂ ਨੂਰਮਹਿਲ ਵਿਖੇ ਨਸ਼ਾ ਛੁਡਾਊ ਕੇਂਦਰ ਵਿੱਚ ਸੇਵਾਵਾਂ ਨਿਭਾ ਰਹੇ ਸਨ। ਹੁਣ ਉਹ ਥਾਣਾ ਮਹਿਤਪੁਰ ਵਿਖੇ ਸੇਵਾਵਾਂ ਨਿਭਾਉਣਗ। ਉਨਾਂ ਕਿਹਾ ਕਿ ਥਾਣਾ ਮਹਿਤਪੁਰ ਵਿਖੇ ਇਲਾਕਾ ਨਿਵਾਸੀਆਂ ਨੂੰ ਪੂਰਾ ਮਾਣ ਤੇ ਸਤਿਕਾਰ ਮਿਲੇਗਾ। ਇਲਾਕੇ ਵਿੱਚ ਨਸ਼ਾ ਵੇਚਣ ਵਾਲੇ, ਲੁੱਟਾਂ ਖੋਹਾਂ ਕਰਨ ਵਾਲੇ ਤੇ ਸ਼ਰਾਰਤੀ ਅਨਸਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਉਹਨਾਂ ਨਸ਼ਾ ਵੇਚਣ ਵਾਲਿਆਂ ਨੂੰ ਚੇਤਾਵਨੀ ਦਿੰਦੇ ਕਿਹਾ ਕਿ ਜੋ ਵੀ ਨਸ਼ਾ ਵੇਚਦਾ ਹੈ ਉਸ ਨੂੰ ਬੰਦ ਕਰ ਦਿੱਤਾ ਜਾਵੇ। ਉਹਨਾ ਸ਼ਹਿਰ ਦੇ ਦੁਕਾਨਦਾਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਟਰੈਫਿਕ ਦੀ ਸਮੱਸਿਆ ਨੂੰ ਹੱਲ ਕਰਨ ਲਈ ਪੁਲਸ ਦਾ ਸਾਥ ਦਿੱਤਾ ਜਾਵੇ।



## ਸਿਲਵਰ ਓਕ ਸਕੂਲ 'ਚ ਇਨਾਮ ਵੰਡ ਸਮਾਰੋਹ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਹਿਬਾਜ਼ਪੁਰ ਵਿਖੇ ਕੇ.ਜੀ ਅਤੇ ਪ੍ਰਾਇਮਰੀ ਵਿੰਗ ਦੇ ਅਕੈਡਮਿਕ ਪੁਜੀਸ਼ਨਾਂ ਹਾਸਲ ਕਰਨ ਵਾਲੇ ਬੱਚਿਆਂ ਦਾ ਸਨਮਾਨ ਸਮਾਰੋਹ ਕਰਵਾਇਆ ਗਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਇਹ ਸਮਾਰੋਹ ਕਰਵਾਇਆ ਗਿਆ।ਇਸ ਮੌਕੇ ਸੰਸਥਾ ਦੇ ਵਾਈਸ ਚੇਅਰਪਰਸਨ ਕਮਲੇਸ਼ ਕੌਰ ਅਤੇ ਚੇਅਰਮੈਨ ਤਰਲੋਚਨ ਸਿੰਘ ਮੁੱਖ ਮਹਿਮਾਨ ਦੇ ਤੌਰ 'ਤੇ ਹਾਜ਼ਰ ਹੋਏ ਅਤੇ ਬੱਚਿਆਂ ਨੂੰ ਉਹਨਾਂ ਦੀਆਂ ਅਕਾਦਮਿਕ ਪ੍ਰਾਪਤੀਆਂ ਕਰਕੇ ਸਨਮਾਨਤ ਕੀਤਾ। ਇਸ ਮੌਕੇ ਤੇ ਬੱਚਿਆਂ ਦੇ ਮਾਪੇ ਬੱਚਿਆਂ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਹੋਏ। ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਦੱਸਿਆ ਕਿ ਬੱਚਿਆਂ ਦੇ ਸਾਰੇ ਸਾਲ ਦੀ ਕਰੜੀ ਮਿਹਨਤ ਦਾ ਨਤੀਜਾ ਹੈ ਕਿ ਬੱਚਿਆਂ ਨੇ ਆਪਣੀ ਆਪਣੀ ਕਲਾਸ ਵਿੱਚ ਪੁਜੀਸ਼ਨਾਂ ਹਾਸਲ ਕੀਤੀਆਂ ਹਨ ਅਤੇ ਸਾਡੀ ਹਮੇਸ਼ਾ ਇਹ ਕੋਸ਼ਿਸ਼ ਰਹਿੰਦੀ ਹੈ ਕਿ ਅਸੀਂ ਬੱਚਿਆਂ ਦੀ ਹੌਸਲਾ ਅਫਜ਼ਾਈ ਕਰੀਏ ਤਾਂ ਕਿ ਉਹ ਅੱਗੇ ਚੱਲ ਕੇ ਵੀ ਪੜ੍ਹਾਈ ਵਿੱਚ ਵਧੀਆ ਮੁਕਾਮ ਹਾਸਲ ਕਰ ਸਕਣ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਨੇ ਇਸ ਮੌਕੇ ਕਿਹਾ ਕਿ ਕਿ ਅਸੀਂ ਆਪਣੇ ਸਕੂਲ ਦੇ ਬੱਚਿਆਂ ਨੂੰ ਵੱਡੀਆਂ ਵੱਡੀਆਂ ਪੋਸਟਾਂ ਤੇ ਅਫਸਰ ਰੈਂਕ ਹਾਸਲ ਕਰਦੇ ਹੋਏ ਦੇਖਣਾ ਚਾਹੁੰਦੇ ਹਾਂ। ਉਹਨਾਂ ਕਿਹਾ ਕਿ ਸਿਲਵਰ ਓਕ ਸਕੂਲ ਬੱਚਿਆਂ ਨੂੰ ਹਰ ਤਰ੍ਹਾਂ ਦੀ ਆਧੁਨਿਕ ਤਕਨੀਕ ਦੀ ਸੁਵਿਧਾ ਮੁਹਈਆ ਕਰਾਉਣ ਲਈ ਵਚਨਬੱਧ ਹੈ ਤਾਂ ਕਿ ਬੱਚੇ ਅੱਜ ਦੇ ਸਮੇਂ ਦੇ ਨਾਲ ਮਿਲ ਕੇ ਉਚੇਰੀ ਸਿੱਖਿਆ ਪ੍ਰਾਪਤ ਕਰ ਸਕਣ। ਇਸ ਮੌਕੇ ਤੇ ਸੰਸਥਾ ਦੇ ਮੈਨੇਜਰ ਗਜਿੰਦਰ ਪਾਲ ਸਿੰਘ, ਤਰਨ ਸੈਣੀ, ਬਿਕਰਮਜੀਤ ਸਿੰਘ, ਸੰਜੀਵ ਕੁਮਾਰ ਸ਼ਰਮਾ, ਜਗ ਬੰਧਨ ਸਿੰਘ ਅਮਰਜੀਤ ਕੌਰ ਸੈਣੀ, ਪਰਮਜੀਤ ਕੌਰ, ਸੁਮੀਤ ਕੌਰ, ਬਲਜੀਤ ਕੌਰ, ਚੇਤਨਾ ਰਮਨਪ੍ਰੀਤ, ਸੁਮਿੰਦਰ, ਪ੍ਰੀਤੀ, ਈਸ਼ਾ ਅਮਨ, ਅਤੇ ਬਾਕੀ ਸਟਾਫ ਮੌਜੂਦ ਸੀ।



## ਸਿੱਖਿਆ ਤੇ ਸੇਵਾ ਨੂੰ ਜੋੜਦੀ ਡਾ. ਸੋਨੂ ਵਾਲੀਆ ਦੀ ਵਿਸ਼ੇਸ਼ ਦ੍ਰਿਸ਼ਟੀ ਦੀ ਸਰਾਹਨਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ੍ਰੀ ਦਸਮੇਸ਼ ਅਕੈਡਮੀ ਵੱਲੋਂ 4 ਅਤੇ 5 ਨਵੰਬਰ ਨੂੰ ਮਨਾਇਆ ਗਿਆ ਰੂਹਾਨੀ ਸਮਾਗਮ ਨੂਰ-ਏ-ਨਾਨਕ ਪੂਰੇ ਖੇਤਰ ਵਿੱਚ ਚਰਚਾ ਦਾ ਕੇਂਦਰ ਬਣਿਆ। ਇਹ ਸਮਾਗਮ ਸਿਰਫ਼ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਜੋਤਿ ਨੂੰ ਸਮਰਪਤ ਰੂਹਾਨੀ ਪ੍ਰਦਰਸ਼ਨੀ ਨਹੀਂ ਸੀ, ਸਗੋਂ ਇਕ ਅਜਿਹਾ ਪ੍ਰੇਰਕ ਪਲੇਟਫ਼ਾਰਮ ਸੀ ਜਿਸ ਨੇ ਸੁਰੇਵਾਲ, ਧੇਰ, ਮਹਰੌਲੀ, ਮਾਹੀਂ, ਤੜਾਪੁਰ, ਮੱਸੇਵਾਲ ਅਤੇ ਸ਼ਾਹਪੁਰ ਬੇਲਾ ਸਮੇਤ ਨੇੜਲੇ ਪਿੰਡਾਂ ਨੂੰ ਇਕ ਸਾਂਝੀ ਸੱਭਿਆਚਾਰਕ ਧਾਰਾ ਵਿੱਚ ਜੋੜ ਦਿੱਤਾ।ਸਮਾਗਮ ਦਾ ਉਦਘਾਟਨ ਸੁਰਜੀਤ ਸਿੰਘ ਰੱਖੜਾ (ਸਾਬਕਾ ਕੈਬਨਿਟ ਮੰਤਰੀ) ਅਤੇ ਐਡਵੋਕੇਟ ਆਈ.ਪੀ. ਸਿੰਘ (ਮੈਂਬਰ ਸਕੱਤਰ, ਸ੍ਰੀ ਦਸਮੇਸ਼ ਅਕੈਡਮੀ ਟਰਸਟ) ਵੱਲੋਂ ਕੀਤਾ ਗਿਆ। ਵਿਦਿਆਰਥੀਆਂ ਵੱਲੋਂ ਕੀਰਤਨ, ਗਤਕਾ, ਸੰਗੀਤਕ ਵੰਦਨਾ ਅਤੇ ਗੁਰੂ ਨਾਨਕ ਦੇਵ ਜੀ ਦੇ ਜੀਵਨ ਦੇ ਮੁੱਖ ਪੜਾਆਂ ਨੂੰ ਦਰਸਾਉਂਦੀਆਂ ਝਲਕੀਆਂ ਨੇ ਦਰਸ਼ਕਾਂ ਨੂੰ ਗਹਿਰੇ ਰੂਹਾਨੀ ਅਨੁਭਵ ਨਾਲ ਜੋੜਿਆ।ਇਸ ਪ੍ਰਦਰਸ਼ਨੀ ਨੂੰ ਰੂਹਾਨੀ, ਸੱਭਿਆਚਾਰਕ ਅਤੇ ਸਿਖਲਾਈ ਪੱਖੋਂ ਸਫਲਤਾ ਮਿਲਣ ਦਾ ਮੁੱਖ ਸਹਿਰਾ ਪ੍ਰਿੰਸੀਪਲ ਡਾ. ਸੋਨੂ ਵਾਲੀਆ ਦੀ ਰਚਨਾਤਮਕ ਦ੍ਰਿਸ਼ਟੀ ਨੂੰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਨੂਰ-ਏ-ਨਾਨਕ ਸਾਡੇ ਲਈ ਇਕ ਪ੍ਰੋਜੈਕਟ ਨਹੀਂ ਸੀ, ਸਗੋਂ ਗੁਰੂ ਦੇ ਉਪਦੇਸ਼ਾਂ ਨਾਲ ਸਿੱਧੀ ਜੋੜ ਬਣਾਉਣ ਦਾ ਪ੍ਰਯਾਸ ਸੀ। ਐਡਵੋਕੇਟ ਆਈ.ਪੀ. ਸਿੰਘ ਨੇ ਉਨ੍ਹਾਂ ਨੂੰ ਅਕੈਡਮੀ ਦੀ ਰੂਹਾਨੀ ਉਡਾਣ ਦਾ ਚਾਨਣ ਕਰਾਰ ਦਿੰਦਿਆਂ ਕਿਹਾ ਕਿ ਡਾ. ਵਾਲੀਆ ਵਿਦਿਆਰਥੀਆਂ ਵਿੱਚ ਸਿਰਫ਼ ਵਿੱਦਿਆ ਨਹੀਂ, ਸਗੋਂ ਆਦਰਸ਼ ਜੀਵਨ ਜਿਊਣ ਦੀ ਸੋਚ ਰਚ ਰਹੇ ਹਨ।ਸੁਰਜੀਤ ਸਿੰਘ ਰੱਖੜਾ ਨੇ ਉਨ੍ਹਾਂ ਦੀ ਅਗਵਾਈ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਸਿੱਖਿਆ ਜਦੋਂ ਸੇਵਾ ਅਤੇ ਚਰਿੱਤਰ ਨਿਰਮਾਣ ਨਾਲ ਜੁੜੇ, ਤਦੋਂ ਹੀ ਅਸਲੀ ਰੌਣਕ ਪੈਦਾ ਹੁੰਦੀ ਹੈ ਅਤੇ ਡਾ. ਵਾਲੀਆ ਇਸ ਸੰਦੇਸ਼ ਨੂੰ ਸੱਚਾਈ ਨਾਲ ਨਿਭਾ ਰਹੀ ਹਨ।



## ਹਰਮੀਤ ਸੰਧੂ ਨੂੰ ਜਿਤਾਉਣ 'ਚ ਔਰਤਾਂ ਦੀ ਅਹਿਮ ਭੂਮਿਕਾ ਹੋਵੇਗੀ : ਐਡਵੋਕੇਟ ਪ੍ਰੀਤੀ



**ਗੁਰਾਇਆ (ਬਿੰਦਰ ਸੁੰਮਨ)**- ਤਰਨ ਤਾਰਨ ਜ਼ਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸੰਧੂ ਦੇ ਹੱਕ ਵਿੱਚ ਇਸਤਰੀ ਵਿੰਗ ਵਲੋਂ ਚੱਲ ਰਿਹਾ ਚੋਣ ਪ੍ਰਚਾਰ ਜੋਰਾ 'ਤੇ ਹੈ। ਦੋਆਬਾ ਜੋਨ ਦੇ ਇਸਤਰੀ ਵਿੰਗ ਇੰਚਾਰਜ ਕ੍ਰਿਸ਼ਨਾ ਗਰੇਵਾਲ ਤੇ ਜ਼ਿਲ੍ਹਾ ਜਲੰਧਰ ਇਸਤਰੀ ਵਿੰਗ ਦੇ ਪ੍ਰਧਾਨ ਐਡਵੋਕੇਟ ਪ੍ਰੀਤੀ ਸ਼ਰਮਾ ਨੇ ਡੋਰ ਟੂ ਡੋਰ ਜਾ ਕਿ ਲੋਕਾਂ ਨੂੰ ਵੋਟ ਪਾਉਣ ਲਈ ਪ੍ਰੇਰਿਤ ਕੀਤਾ ਅਤੇ ਵੋਟਰਾਂ ਨਾਲ ਸਿੱਧਾ ਸੰਪਰਕ ਕਰਕੇ ਪਾਰਟੀ ਦੇ ਏਜੰਡੇ ਨੂੰ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਸਰਕਾਰ ਦੀਆਂ ਮਹੱਤਵਪੂਰਨ ਯੋਜਨਾਵਾਂ ਜਿਵੇ ਕਿ ਮੁਫ਼ਤ ਬਿਜਲੀ, ਸਿਹਤ ਸੇਵਾਵਾਂ ਤੇ ਸਿੱਖਿਆ ਦੇ ਖੇਤਰ ਵਿੱਚ ਕੀਤੇ ਗਏ ਵਿਸ਼ੇਸ਼ ਸੁਧਾਰਾਂ ਨੂੰ ਘਰ ਘਰ ਤੱਕ ਪਹੁੰਚਾਇਆ ਜਾ ਰਿਹਾ ਹੈ ਤੇ ਲੋਕਾਂ ਨੂੰ ਹਰਮੀਤ ਸੰਧੂ ਨੂੰ ਸਮਰਥਨ ਦੇਣ ਲਈ ਅਪੀਲ ਕੀਤੀ ਜਾ ਰਹੀ।

## ਡੇਰਾਬੱਸੀ ਹਲਕੇ 'ਚ ਵਿਲੇਜ ਤੇ ਵਾਰਡ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨੂੰ ਦਿੱਤੀ ਸਿਖਲਾਈ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਪੰਜਾਬ ਨੂੰ ਰੰਗਲਾ ਅਤੇ ਨਸ਼ਾਮੁਕਤ ਬਣਾਉਣ ਦੇ ਉਦੇਸ਼ ਨਾਲ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਅੱਜ ਡੇਰਾਬੱਸੀ ਦੇ ਸਰਕਾਰੀ ਕਾਲਜ ਦੇ ਵਿਦਿਆਰਥੀ ਭਵਨ ਵਿੱਚ ਆਯੋਜਿਤ ਵਿਲੇਜ ਤੇ ਵਾਰਡ ਡਿਫੈਂਸ ਕਮੇਟੀਆਂ ਦੀ ਵਿਸ਼ੇਸ਼ ਟ੍ਰੇਨਿੰਗ ਪ੍ਰੋਗਰਾਮ ਵਿੱਚ ਸ਼ਿਰਕਤ ਕੀਤੀ ਗਈ। ਇਹ ਟ੍ਰੇਨਿੰਗ ਪ੍ਰੋਗਰਾਮ ਪਿਛਲੇ ਦੋ ਦਿਨਾਂ ਤੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਡੇਰਾਬੱਸੀ ਸਰਕਲ ਦੀਆਂ ਵਿਲੇਜ ਡਿਫੈਂਸ ਕਮੇਟੀਆਂ ਅਤੇ ਵਾਰਡ ਡਿਫੈਂਸ ਕਮੇਟੀਆਂ (ਪਿੰਡਾਂ ਅਤੇ ਸ਼ਹਿਰਾਂ ਦੇ ਪਹਿਰੇਦਾਰ) ਲਈ ਚੱਲ ਰਿਹਾ ਹੈ।ਇਸ ਮੌਕੇ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਨਸ਼ਿਆਂ ਦੇ ਖ਼ਿਲਾਫ਼ ਜੰਗ ਸਿਰਫ਼ ਸਰਕਾਰ ਦੀ ਨਹੀਂ, ਸਗੋਂ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਵਿਲੇਜ ਤੇ ਵਾਰਡ ਡਿਫੈਂਸ ਕਮੇਟੀਆਂ ਦੇ ਮੈਂਬਰ ਆਪਣੇ ਇਲਾਕਿਆਂ ਵਿੱਚ ਜਾਗਰੂਕਤਾ ਫੈਲਾਉਣ, ਸ਼ੱਕੀ ਗਤੀਵਿਧੀਆਂ ਦੀ ਸੂਚਨਾ ਪ੍ਰਸ਼ਾਸਨ ਨੂੰ ਦੇਣ ਅਤੇ ਭਟਕੇ ਯੁਵਕਾਂ ਨੂੰ ਸਹੀ ਰਸਤੇ ਪਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ।ਇਸ ਮੌਕੇ ਪ੍ਰਸ਼ਾਸਨਕ ਅਧਿਕਾਰੀ, ਪੁਲਸ ਵਿਭਾਗ ਦੇ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਪਿੰਡਾਂ ਅਤੇ ਸ਼ਹਿਰੀ ਇਲਾਕਿਆਂ ਲਾਲੜੂ, ਹੰਡੇਸਰਾ, ਡੇਰਾਬੱਸੀ ਅਤੇ ਜ਼ੀਰਕਪੁਰ ਤੋਂ ਆਏ ਕਮੇਟੀ ਮੈਂਬਰ ਮੌਜੂਦ ਸਨ। ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨਸ਼ਾਮੁਕਤ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਪ੍ਰਤੀਬੱਧ ਹੈ। ਉਨ੍ਹਾਂ ਵਿਲੇਜ ਤੇ ਵਾਰਡ ਡਿਫੈਂਸ ਕਮੇਟੀ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਲੋਕਾਂ ਦੇ ਵਿਚਕਾਰ ਜਾ ਕੇ ਜਾਗਰੂਕਤਾ ਪੈਦਾ ਕਰਨ ਅਤੇ ਆਪਣੇ ਖੇਤਰਾਂ ਨੂੰ ਨਸ਼ਿਆਂ ਦੇ ਪ੍ਰਭਾਵ ਤੋਂ ਬਚਾਉਣ ਲਈ ਸੁਰਖਿਅਤ ਵਾਤਾਵਰਣ ਤਿਆਰ ਕਰਨ ਵਿੱਚ ਯੋਗਦਾਨ ਪਾਉਣ।



## ਸਮਾਜ ਵਿੱਚੋਂ ਨਸ਼ੇ ਦਾ ਖਾਤਮਾ ਕਰਨ ਲਈ ਹਰ ਵਰਗ ਦਾ ਸਹਿਯੋਗ ਜ਼ਰੂਰੀ : ਜਸਪ੍ਰੀਤ ਸਿੰਘ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਨਸ਼ਿਆਂ ਵਿਰੁੱਧ ਰਾਜ ਪੱਧਰੀ ਮੁਹਿੰਮ ਦੇ ਹਿੱਸੇ ਵਜੋਂ ਵਿਰਾਸਤ ਏ ਖਾਲਸਾ ਦੇ ਆਡੋਟੋਰੀਅਮ ਸ੍ਰੀ ਅਨੰਦਪੁਰ ਸਾਹਿਬ ਵਿਖੇ ਡਿਫੈਂਸ ਕਮੇਟੀਆਂ ਦੀ ਵਿਸ਼ੇਸ਼ ਸਿਖਲਾਈ ਦਾ ਆਯੋਜਨ ਕੀਤਾ ਗਿਆ। ਸਮੂਹ ਵਾਰਡ ਡਿਫੈਂਸ ਕਮੇਟੀ ਮੈਂਬਰਾਂ ਅਤੇ ਵਿਲੇਜ ਡਿਫੈਂਸ ਕਮੇਟੀ ਮੈਂਬਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸਮੁੱਚੇ ਪੰਜਾਬ ਵਿੱਚੋਂ ਨਸ਼ਾ ਖਤਮ ਕਰਨ ਲਈ ਲਗਾਤਾਰ ਵੱਡੇ ਉਪਰਾਲੇ ਕਰ ਰਹੀ ਹੈ, ਪ੍ਰੰਤੂ ਇਹ ਨਸ਼ੇ ਦਾ ਜੜ੍ਹ ਤੋਂ ਖਾਤਮਾ ਕੇਵਲ ਆਮ ਲੋਕਾਂ ਦੇ ਸਹਿਯੋਗ ਨਾਲ ਹੀ ਸੰਭਵ ਹੈ। ਜਸਪ੍ਰੀਤ ਸਿੰਘ ਉਪ ਮੰਡਲ ਮੈਜਿਸਟ੍ਰੇਟ ਸ੍ਰੀ ਅਨੰਦਪੁਰ ਸਾਹਿਬ ਨੇ ਦੋ ਰੋਜ਼ਾ ਸਿਖਲਾਈ ਪ੍ਰੋਗਰਾਮ ਦੌਰਾਨ ਡਿਫੈਂਸ ਕਮੇਟੀ ਮੈਂਬਰਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਨਸ਼ਾ ਇਕ ਸਮਾਜਿਕ ਬੁਰਾਈ ਹੈ, ਜੋ ਨਾ ਸਿਰਫ਼ ਵਿਅਕਤੀ ਨੂੰ, ਸਗੋਂ ਪੂਰੇ ਪਰਵਾਰ ਅਤੇ ਸਮਾਜ ਨੂੰ ਪ੍ਰਭਾਵਿਤ ਕਰਦਾ ਹੈ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਨੌਜਵਾਨਾਂ ਨੂੰ ਜਾਗਰੂਕ ਕਰਨਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣਾ ਹਰੇਕ ਨਾਗਰਿਕ ਦੀ ਜ਼ਿੰਮੇਵਾਰੀ ਹੈ ਅਤੇ ਇਸ ਲਈ ਪ੍ਰਸ਼ਾਸਨ, ਪੁਲਸ, ਸਮਾਜਿਕ ਸੰਸਥਾਵਾਂ ਅਤੇ ਆਮ ਲੋਕਾਂ ਨੂੰ ਮਿਲ ਕੇ ਕੰਮ ਕਰਨਾ ਪਵੇਗਾ।ਐਸ.ਡੀ.ਐਮ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਾਂ ਹੀ ਸਫਲ ਹੋਵੇਗੀ ਜਦੋਂ ਸਮਾਜ ਦੇ ਸਾਰੇ ਵਰਗ ਇਸ ਵਿਚ ਆਪਣੀ ਸਰਗਰਮ ਭੂਮਿਕਾ ਨਿਭਾਉਣਗੇ। ਉਨ੍ਹਾਂ ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨੂੰ ਜਾਗਰੂਕਤਾ ਫੈਲਾਉਣ, ਨਸ਼ਿਆਂ ਨਾਲ ਸਬੰਧਤ ਗਤੀਵਿਧੀਆਂ 'ਤੇ ਨਜ਼ਰ ਰੱਖਣ ਅਤੇ ਪੁਲਿਸ ਪ੍ਰਸ਼ਾਸਨ ਨੂੰ ਜਾਣਕਾਰੀ ਪ੍ਰਦਾਨ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦਾ ਉਦੇਸ਼ ਸਿਰਫ਼ ਨਸ਼ਿਆਂ ਨੂੰ ਰੋਕਣਾ ਹੀ ਨਹੀਂ ਹੈ, ਸਗੋਂ ਨੌਜਵਾਨਾਂ ਨੂੰ ਸਕਾਰਾਤਮਕ ਦਿਸ਼ਾ ਵੱਲ ਪ੍ਰੇਰਿਤ ਕਰਨਾ ਵੀ ਹੈ, ਤਾਂ ਜੋ ਉਹ ਖੇਡਾਂ, ਸਿੱਖਿਆ ਅਤੇ ਰੁਜ਼ਗਾਰ ਦੇ ਰਾਹ ਤੇ ਅੱਗੇ ਵਧ ਸਕਣ। ਸਚਿਨ ਪਾਠਕ ਐਸ.ਡੀ.ਐਮ ਨੰਗਲ ਨੇ ਵੀ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਨਸ਼ੇ ਨੂੰ ਪੂਰਨ ਤੌਰ 'ਤੇ ਖਤਮ ਕਰਨ ਲਈ ਬਣਾਈਆਂ ਗਈਆਂ ਪਿੰਡ ਤੇ ਵਾਰਡ ਡਿਫੈਂਸ ਕਮੇਟੀਆਂ ਪੂਰੀ ਤਨਦੇਹੀ ਨਾਲ ਕੰਮ ਕਰਨ। ਇਸ ਮੌਕੇ ਸੁਮਨ ਰਾਣੀ ਵੱਲੋਂ ਸਰਕਾਰੀ ਸੀਨੀ.ਸੈਕੰ.ਸਕੂਲ ਝੱਜ ਦੇ ਵਿਦਿਆਰਥੀਆਂ ਨੇ ਨਸ਼ਿਆਂ ਖਿਲਾਫ ਇੱਕ ਜਾਗਰੂਕਤਾ ਨਾਟਕ ਵੀ ਪੇਸ਼ ਕੀਤਾ ਗਿਆ। ਇਸ ਮੌਕੇ ਯੂਨਿਸ ਖਾਨ, ਤੇਜਿੰਦਰ ਸਿੰਘ, ਬਰਿੰਦਰ ਸਿੰਘ, ਰਣਜੀਤ ਸਿੰਘ ਐਨ.ਸੀ.ਸੀ ਅਫਸਰ, ਅਜੇ ਸਿੰਘ, ਸੂਬੇਦਾਰ ਰਾਜਪਾਲ ਮੋਹੀਵਾਲ ਸਰਪੰਚ, ਦਲੇਰ ਸਿੰਘ ਸਰਪੰਚ, ਵਿਜੇ ਕੁਮਾਰ ਪੰਚ, ਬਲਵੀਰ ਸਿੰਘ, ਤੇ ਨਸ਼ਾ ਮੁਕਤੀ ਮੋਰਚਾ ਦੇ ਹੋਰ ਮੈਂਬਰ ਵੀ ਮੌਜੂਦ ਸਨ।



## ਮੈਲੀ 'ਚ 17 ਤੋਂ 23 ਤੱਕ ਚੱਲੇਗਾ ਸ੍ਰੀ ਮੱਧ ਭਾਗਵਤ ਗਿਆਨ ਯੱਗ ਸਪਤਾਹ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਧੰਨ-ਧੰਨ ਬਾਪੂ ਗੰਗਾ ਦਾਸ ਮਹਾਰਾਜ ਨੂੰ ਸਮਰਪਤ ਪਿੰਡ ਮੈਲੀ ਦੀ ਸੁੱਖ ਸ਼ਾਂਤੀ ਅਤੇ ਤਰੱਕੀ ਵਾਸਤੇ 17 ਨਵੰਬਰ ਤੋਂ 23 ਨਵੰਬਰ ਤੱਕ ਸ਼ਾਮੀਂ 5 ਵਜੇ ਤੋਂ 9 ਵਜੇ ਤੱਕ ਸ੍ਰੀ ਮੱਧ ਭਾਗਵਤ ਗਿਆਨ ਯੱਗ ਸਪਤਾਹ ਦਾ ਆਯੋਜਨ ਤਪ ਅਸਥਾਨ ਭੋਰਾ ਸਾਹਿਬ ਪਿੰਡ ਮੈਲੀ ਡੇਰਾ ਬਾਪੂ ਗੰਗਾ ਦਾਸ ਜੀ ਵਿਖੇ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੇਵਾਦਾਰ ਰਵਿੰਦਰ ਕੁਮਾਰ ਰੌਕੀ, ਕ੍ਰਿਸ਼ਨ ਕੁਮਾਰ ਸ਼ਰਮਾ ਅਤੇ ਰਾਜੇਸ਼ ਕੁਮਾਰ ਤਿਵਾੜੀ ਨੇ ਦੱਸਿਆ ਕਿ 17 ਨਵੰਬਰ ਨੂੰ ਸਵੇਰੇ 10 ਵਜੇ ਕਲਸ਼ ਯਾਤਰਾ ਕੱਢੀ ਜਾਵੇਗੀ। ਕਥਾ ਤੋਂ ਬਾਅਦ ਲੰਗਰ ਵੀ ਚੱਲੇਗਾ। ਡਾਕਟਰ ਸੁਨੀਲ ਸ਼ਰਮਾ ਸਰਕਾ ਘਾਟ ਹਿਮਾਚਲ ਪ੍ਰਦੇਸ਼ ਵਾਲੇ ਰੋਜ਼ਾਨਾ 5 ਵਜੇ ਤੋਂ ਸ਼ਾਮੀਂ 9 ਵਜੇ ਤੱਕ ਕਥਾ ਕਰਿਆ ਕਰਨਗੇ।


ਵਰ੍ਹੇਗੰਢ ਮੁਬਾਰਕ



ਸੰਜੀਵ ਕੁਮਾਰ ਅਤੇ ਕਮਲਜੀਤ ਕੌਰ ਵਾਸੀ ਹੁਸ਼ਿਆਰਪੁਰ ਨੂੰ ਵਿਆਹ ਦੀ 12ਵੀਂ ਵਰ੍ਹੇਗੰਢ ਦੀਆਂ ਮੁਬਾਰਕਾਂ।



ਕੁਲਵਿੰਦਰ ਬਾਘਾ ਅਤੇ ਸੰਦੀਪ ਰਾਣੀ ਵਾਸੀ ਪਿੰਡ ਬੋਲੀਨਾ ਨੂੰ ਚੌਥੀ ਵਰ੍ਹੇਗੰਢ ਦੀਆਂ ਮੁਬਾਰਕਾਂ।